ਸ਼ਨੀਵਾਰ, 10 ਅਕਤੂਬਰ, 2026
24 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 130

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • SATURDAY, 10 OCTOBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਐਮਰਜੈਂਸੀ ਤੋਂ 51 ਸਾਲ ਬਾਅਦ...

## ਦੇਸ਼-ਭਰ 'ਚ ਫੜੋਫੜੀ, ਰਾਜਧਾਨੀ ਜਾਣ ਵਾਲੀਆਂ ਕਈ ਰੇਲ ਗੱਡੀਆਂ ਰੱਦ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**
ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਜਵਾਬਦੇਹੀ ਅਤੇ ਚੋਣ ਪ੍ਰਕਿਰਿਆ ਨਾਲ ਜੁੜੇ ਸਵਾਲਾਂ ਨੂੰ ਲੈ ਕੇ ਨੌਜਵਾਨਾਂ ਦੇ ਜੰਤਰ-ਮੰਤਰ 'ਚ 10 ਅਕਤੂਬਰ ਦੇ ਪ੍ਰਦਰਸ਼ਨ ਨੂੰ ਲੈ ਕੇ ਟਕਰਾਅ ਵਾਲੇ ਹਾਲਾਤ ਬਣ ਗਏ, ਜਦੋਂ ਸਰਕਾਰ ਨੇ ਪ੍ਰੋਟੈਸਟਰਾਂ ਦਾ ਕੌਮੀ ਰਾਜਧਾਨੀ ਵਿੱਚ ਦਾਖਲਾ ਰੋਕਣ ਲਈ ਰੇਲ ਗੱਡੀਆਂ ਰੋਕ ਦਿੱਤੀਆਂ। ਦੇਸ਼-ਭਰ ਵਿੱਚ ਕਾਰਕੁੰਨਾਂ ਦੀਆਂ ਗ੍ਰਿਫਤਾਰੀਆਂ ਦੀਆਂ ਰਿਪੋਰਟਾਂ ਹਨ। 1975 ਦੀ ਐਮਰਜੈਂਸੀ ਤੋਂ ਬਾਅਦ ਅਜਿਹੇ ਹਾਲਾਤ ਪਹਿਲੀ ਵਾਰੀ ਬਣੇ ਹਨ। ਨੌਜਵਾਨਾਂ ਨੇ ਪੁਲਸ ਦੀ ਇਜਾਜ਼ਤ ਨਾ ਮਿਲਣ ਦੇ ਬਾਵਜੂਦ ਵਿਰੋਧ ਪ੍ਰਦਰਸ਼ਨ ਕਰਨ ਦੇ ਆਪਣੇ ਇਰਾਦੇ ਨੂੰ ਦੁਹਰਾਇਆ ਹੈ। ਭਾਰਤੀ ਰੇਲਵੇ ਨੇ 10 ਅਕਤੂਬਰ ਨੂੰ ਨਵੀਂ ਦਿੱਲੀ ਅਤੇ ਹਜ਼ਰਤ ਨਿਜ਼ਾਮੂਦੀਨ ਸਟੇਸ਼ਨਾਂ 'ਤੇ ਆਉਣ ਵਾਲੀਆਂ ਸਾਰੀਆਂ ਮੇਲ ਅਤੇ ਐਕਸਪ੍ਰੈਸ ਟ੍ਰੇਨਾਂ ਨੂੰ ਰੱਦ ਕਰ ਦਿੱਤਾ ਹੈ। ਸੀ ਜੇ ਪੀ ਦੇ ਬਾਨੀ ਅਭਿਜੀਤ ਦੀਪਕੇ ਨੇ ਕਿਹਾ, "ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਨੂੰ ਆਪਣਾ ਬਲੱਡ ਪ੍ਰੈਸ਼ਰ ਚੈੱਕ ਕਰਦੇ ਰਹਿਣਾ ਚਾਹੀਦਾ ਹੈ। ਸਰਕਾਰ ਜਿਸ ਤਰ੍ਹਾਂ ਦਾ ਡਰ ਦਿਖਾ ਰਹੀ ਹੈ, ਉਹ ਆਪਣੇ ਆਪ ਵਿੱਚ ਸਵਾਲ ਖੜ੍ਹੇ ਕਰਦਾ ਹੈ।"

ਏ ਆਈ ਐੱਸ ਏ ਦੀ ਪ੍ਰਧਾਨ ਨੇਹਾ ਬੋਰਾ ਨੇ ਸ਼ੁੱਕਰਵਾਰ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅੰਦੋਲਨ ਨੂੰ ਡਿੱਗਣ ਨਾ ਦੇਣ, ਭਾਵੇਂ ਇਸਦੇ ਨੇਤਾਵਾਂ ਨੂੰ ਗ੍ਰਿਫਤਾਰ ਕਰ ਲਿਆ ਜਾਵੇ। ਨੇਹਾ ਨੇ ਦੋਸ਼ ਲਾਇਆ ਕਿ ਅਧਿਕਾਰੀ ਵੱਡੇ ਪੱਧਰ 'ਤੇ ਲੋਕਾਂ ਨੂੰ ਘਰਾਂ ਵਿੱਚ ਨਜ਼ਰਬੰਦ ਕਰ ਰਹੇ ਹਨ ਅਤੇ ਪੁਲਸ ਕਰਮਚਾਰੀ ਪ੍ਰਦਰਸ਼ਨ ਦੇ ਪ੍ਰਬੰਧਕਾਂ ਦੀ ਭਾਲ ਕਰ ਰਹੇ ਹਨ।

ਨੇਹਾ ਨੇ ਕਿਹਾ ਕਿ ਦਿੱਲੀ ਜਾਣ ਵਾਲੀਆਂ ਰੇਲਗੱਡੀਆਂ ਨੂੰ ਰੋਕਿਆ ਜਾ ਰਿਹਾ ਹੈ; ਪ੍ਰਦਰਸ਼ਨ ਤੋਂ ਪਹਿਲਾਂ 57 ਮੈਟਰੋ ਸਟੇਸ਼ਨ ਬੰਦ ਕਰ ਦਿੱਤੇ ਗਏ ਸਨ; ਅਰਧ ਸੈਨਿਕ ਬਲ, ਫੌਜ ਅਤੇ ਸੁਰੱਖਿਆ ਕਰਮਚਾਰੀਆਂ ਦੀ ਵੱਡੀ ਗਿਣਤੀ ਤਾਇਨਾਤ ਕੀਤੀ ਜਾ ਰਹੀ ਹੈ। ਇਹ ਦੇਸ਼ ਵਿੱਚ ਖੁੱਲ੍ਹੀ ਐਮਰਜੈਂਸੀ ਦੀ ਸਥਿਤੀ ਤੋਂ ਇਲਾਵਾ ਕੁਝ ਨਹੀਂ ਹੈ।

ਉਸਨੇ 1942 ਦੇ ਭਾਰਤ ਛੱਡੋ ਅੰਦੋਲਨ ਨਾਲ ਸਮਾਨਤਾ ਖਿੱਚੀ, ਜਦੋਂ 8 ਅਗਸਤ ਨੂੰ ਇੱਕ ਵਿਰੋਧ ਪ੍ਰਦਰਸ਼ਨ ਦੇ ਸੱਦੇ ਤੋਂ ਬਾਅਦ ਕਈ ਆਜ਼ਾਦੀ




ਘੁਲਾਟੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਇਤਿਹਾਸ ਆਪਣੇ ਆਪ ਨੂੰ ਦੁਹਰਾ ਰਿਹਾ ਹੈ। ਜਿਵੇਂ 1942 ਵਿੱਚ, ਨੇਤਾਵਾਂ ਦੀ ਗ੍ਰਿਫਤਾਰੀ ਭਾਰਤ ਛੱਡੋ ਅੰਦੋਲਨ ਨੂੰ ਨਹੀਂ ਰੋਕ ਸਕੀ; ਇਹ ਅੰਦੋਲਨ ਵੀ ਨਹੀਂ ਰੁਕੇਗਾ। ਜਿਵੇਂ ਉਹ ਅੰਗਰੇਜ਼ਾਂ ਦੀ ਪਲੇਬੁੱਕ ਦੀ ਨਕਲ ਕਰਦੇ ਹਨ, ਅਸੀਂ ਆਜ਼ਾਦੀ ਸੰਗਰਾਮ ਦੀ ਨਕਲ ਕਰਦੇ ਹਾਂ!

ਨੇਹਾ ਨੇ ਵਿਰੋਧ ਪ੍ਰਦਰਸ਼ਨ ਲਈ ਦਿੱਲੀ ਜਾ ਰਹੇ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਆਗੂਆਂ ਨੂੰ ਹਿਰਾਸਤ ਵਿੱਚ ਲਿਆ ਜਾਂਦਾ ਹੈ ਤਾਂ ਉਹ ਅਗਵਾਈ ਲੈਣ, ਅਤੇ ਮੈਟਰੋ ਅਤੇ ਰੇਲਵੇ ਸਟੇਸ਼ਨਾਂ ਸਮੇਤ ਜਿੱਥੇ ਵੀ ਉਨ੍ਹਾਂ ਨੂੰ ਰੋਕਿਆ ਜਾਵੇ, ਉੱਥੇ ਧਰਨਾ ਦੇਣ।

ਯੋਗੇਂਦਰ ਯਾਦਵ ਨੇ ਕਿਹਾ ਕਿ ਸਰਕਾਰ ਦੇ ਸੁਰੱਖਿਆ ਪ੍ਰਬੰਧਾਂ ਦਾ ਪੈਮਾਨਾ ਦਰਸਾਉਂਦਾ ਹੈ ਕਿ ਇਹ ਵੱਡੀ ਗਿਣਤੀ ਵਿੱਚ ਲੋਕਾਂ ਦੇ ਅੰਦੋਲਨ ਵਿੱਚ ਸ਼ਾਮਲ ਹੋਣ ਦੀ ਉਮੀਦ ਕਰਦੀ ਹੈ। ਅੰਦੋਲਨ ਨੇ ਆਪਣੀ ਪਹਿਲੀ ਇਖਲਾਕੀ ਅਤੇ ਸਿਆਸੀ ਜਿੱਤ ਪ੍ਰਾਪਤ ਕਰ ਲਈ ਹੈ, ਪਰ ਅਸਲ ਲੜਾਈ ਅਜੇ ਬਾਕੀ ਹੈ। ਸਰਕਾਰ ਦੀਆਂ ਕਾਰਵਾਈਆਂ ਤੋਂ ਇਹ ਸੰਕੇਤ ਮਿਲਦਾ ਹੈ ਕਿ ਉਸਨੇ ਇਸ ਵਿਰੋਧ ਪ੍ਰਦਰਸ਼ਨ ਲਈ ਜਨਤਕ ਸਮਰਥਨ ਦੀ ਗੰਭੀਰਤਾ ਨੂੰ ਵੀ ਸਮਝ ਲਿਆ ਹੈ। ਪੁਲਸ ਯੂਨੀਵਰਸਿਟੀਆਂ, ਕਾਲਜਾਂ ਅਤੇ ਪੇਇੰਗ ਗੈਸਟ ਰਿਹਾਇਸ਼ਾਂ ਵਿੱਚ ਜਾ ਰਹੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਵਿਰੋਧ ਪ੍ਰਦਰਸ਼ਨਾਂ ਵਿੱਚ ਹਿੱਸਾ ਨਾ ਲੈਣ ਲਈ ਮਨਾਇਆ ਜਾ ਸਕੇ। ਸਥਾਨਕ ਪੱਧਰ 'ਤੇ, ਲੋਕਾਂ ਨੂੰ ਮਾਰਚ ਵਿੱਚ ਨਾ ਆਉਣ ਦੀ ਅਪੀਲ ਕੀਤੀ ਜਾ ਰਹੀ ਹੈ। ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ ਅਤੇ ਹੋਰ ਜਨਤਕ ਥਾਵਾਂ 'ਤੇ ਵੀ ਐਲਾਨ ਕੀਤੇ ਜਾ ਰਹੇ ਹਨ। ਇਹ ਫੈਸਲਾ ਕਰਨਾ ਪੁਲਸ ਦਾ ਕੰਮ ਨਹੀਂ ਹੈ ਕਿ ਨਾਗਰਿਕਾਂ ਨੂੰ ਕਿਸੇ ਸਿਆਸੀ ਪ੍ਰਦਰਸ਼ਨ ਵਿੱਚ ਹਿੱਸਾ ਲੈਣਾ ਚਾਹੀਦਾ ਹੈ ਜਾਂ ਨਹੀਂ।

ਉੱਤਰ ਪੱਛਮੀ ਰੇਲਵੇ ਵੱਲੋਂ ਸ਼ਨਿਚਰਵਾਰ ਲਈ ਦਿੱਲੀ ਜਾਣ ਵਾਲੀਆਂ 13 ਰੇਲ ਗੱਡੀਆਂ ਰੱਦ ਕਰ ਦਿੱਤੀਆਂ ਗਈਆਂ ਹਨ। ਇਨ੍ਹਾਂ ਵਿੱਚੋਂ ਜ਼ਿਆਦਾਤਰ ਰੇਲ ਗੱਡੀਆਂ ਹਰਿਆਣਾ ਤੋਂ ਚੱਲਦੀਆਂ ਹਨ। ਉੱਤਰ ਪੱਛਮੀ ਰੇਲਵੇ ਦੇ ਬੀਕਾਨੇਰ ਡਿਵੀਜ਼ਨ ਨੇ ਸ਼ੁੱਕਰਵਾਰ ਨੂੰ ਦਿੱਲੀ ਜਾਣ ਵਾਲੀਆਂ 13 ਰੇਲ ਗੱਡੀਆਂ 10 ਅਕਤੂਬਰ ਲਈ ਰੱਦ ਕਰਨ ਦਾ ਐਲਾਨ ਕੀਤਾ। ਇਨ੍ਹਾਂ ਵਿੱਚ ਹਰਿਆਣਾ ਵਿੱਚੋਂ ਲੰਘਣ ਵਾਲੀਆਂ ਕਈ ਰੇਲ ਗੱਡੀਆਂ ਸ਼ਾਮਲ ਹਨ। ਰੱਦ ਕੀਤੀਆਂ ਗਈਆਂ ਰੇਲ ਗੱਡੀਆਂ ਵਿੱਚ ਸਿਰਸਾ-ਤਿਲਕ ਬ੍ਰਿਜ ਹਰਿਆਣਾ ਐਕਸਪ੍ਰੈੱਸ (ਰੇਲ ਗੱਡੀ ਨੰਬਰ 15308) ਸ਼ਾਮਲ ਹੈ। ਇਸੇ ਤਰ੍ਹਾਂ ਤਿਲਕ ਬ੍ਰਿਜ-ਭਿਵਾਨੀ ਐਕਸਪ੍ਰੈੱਸ (ਰੇਲ ਗੱਡੀ ਨੰਬਰ 14738) ਅਤੇ ਭਿਵਾਨੀ-ਤਿਲਕ ਬ੍ਰਿਜ ਐਕਸਪ੍ਰੈੱਸ (ਰੇਲ ਗੱਡੀ ਨੰਬਰ 14737) ਵੀ ਰੱਦ ਰਹਿਣਗੀਆਂ। ਇਸ ਤੋਂ ਇਲਾਵਾ ਰਿਵਾੜੀ-ਪੁਰਾਣੀ ਦਿੱਲੀ ਪੈਸੰਜਰ (ਰੇਲ ਗੱਡੀ ਨੰਬਰ 54414), ਪੁਰਾਣੀ ਦਿੱਲੀ-ਰਿਵਾੜੀ ਪੈਸੰਜਰ (ਰੇਲ ਗੱਡੀ ਨੰਬਰ 54421), ਹਿਸਾਰ-ਪੁਰਾਣੀ ਦਿੱਲੀ ਪੈਸੰਜਰ (ਰੇਲ ਗੱਡੀ ਨੰਬਰ 54310) ਅਤੇ ਹਿਸਾਰ-ਨਵੀਂ ਦਿੱਲੀ ਪੈਸੰਜਰ (ਰੇਲ ਗੱਡੀ ਨੰਬਰ 54424) ਰੱਦ ਕੀਤੀਆਂ ਗਈਆਂ ਹਨ। ਮੁੰਬਈ ਵਿੱਚ ਸੀ ਜੇ ਪੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਜੇ ਸਰਕਾਰ ਨੌਜਵਾਨਾਂ ਤੋਂ ਡਰਦੀ ਹੈ ਤਾਂ ਉਸ ਨੂੰ ਪੂਰੇ ਦੇਸ਼ ਦੀਆਂ ਸੇਵਾਵਾਂ ਹੀ ਬੰਦ ਕਰ ਦੇਣੀਆਂ ਚਾਹੀਦੀਆਂ ਹਨ।

## ਭਾਰਤੀ ਮੂਲ ਦੀ ਨਵੀ ਪਿੱਲੇ ਬਣੀ ਨੋਬੇਲ ਅਮਨ ਪੁਰਸਕਾਰ ਦੀ ਹੱਕਦਾਰ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**
ਨਾਰਵੇਈ ਨੋਬੇਲ ਕਮੇਟੀ ਨੇ ਦੱਖਣੀ ਅਫਰੀਕੀ ਜੱਜ ਨਵਾਨੇਥੇਮ 'ਨਵੀ' ਪਿੱਲੇ ਨੂੰ ਸ਼ੁੱਕਰਵਾਰ ਨੂੰ ਸ਼ਾਂਤੀ ਅਤੇ ਕੌਮਾਂਤਰੀ ਕਾਨੂੰਨ ਨੂੰ ਉਤਸ਼ਾਹਤ ਕਰਨ ਦੇ ਉਨ੍ਹਾ ਦੇ ਯਤਨਾਂ ਲਈ ਨੋਬੇਲ ਅਮਨ ਪੁਰਸਕਾਰ ਦੇਣ ਦਾ ਐਲਾਨ ਕੀਤਾ।



ਕਮੇਟੀ ਨੇ ਕਿਹਾ ਕਿ 85 ਸਾਲਾ ਪਿੱਲੇ ਨੇ ਦੇਸ਼ਾਂ ਅਤੇ ਰਾਸ਼ਟਰੀ ਨੇਤਾਵਾਂ ਨੂੰ ਜਵਾਬਦੇਹ ਠਹਿਰਾਇਆ ਅਤੇ ਹਿੰਸਾ ਤੇ ਟਕਰਾਅ ਦੇ ਪੀੜਤਾਂ ਲਈ ਉਮੀਦ ਜਗਾਈ, ਅਤੇ ਆਪਣੇ ਲੰਬੇ ਕਰੀਅਰ ਵਿੱਚ ਇੱਕ ਦ੍ਰਿੜ ਨੈਤਿਕ ਦਿਸ਼ਾ-ਨਿਰਦੇਸ਼ ਦਾ ਪ੍ਰਦਰਸ਼ਨ ਕੀਤਾ।

ਕਮੇਟੀ ਨੇ ਕਿਹਾ, "ਨੈਲਸਨ ਮੰਡੇਲਾ ਅਤੇ ਹੋਰਾਂ ਦਾ ਬਚਾਅ ਕਰਨ ਵਾਲੇ ਉਨ੍ਹਾ ਦੇ ਸ਼ੁਰੂਆਤੀ ਕੰਮ ਤੋਂ ਲੈ ਕੇ ਸਾਡੇ ਸਮੇਂ ਦੇ ਕੁਝ ਮੁੱਖ ਕੌਮਾਂਤਰੀ ਅਦਾਲਤੀ ਮਾਮਲਿਆਂ ਵਿੱਚ ਜੱਜ ਵਜੋਂ ਸੇਵਾ ਕਰਨ ਤੱਕ ਇੱਕ ਸਾਂਝਾ ਧਾਗਾ ਚੱਲਦਾ ਹੈ।"

ਨਵੀ ਪਿੱਲੇ ਕਬਜ਼ੇ ਵਾਲੇ ਫਲਸਤੀਨੀ ਖੇਤਰ ਬਾਰੇ ਸੰਯੁਕਤ ਰਾਸ਼ਟਰ ਦੇ ਜਾਂਚ ਕਮਿਸ਼ਨ ਦੀ ਚੇਅਰਪਰਸਨ ਸਨ, ਜਿਸਨੇ ਪਿਛਲੇ ਸਾਲ ਇਹ ਸਿੱਟਾ ਕੱਢਿਆ ਸੀ ਕਿ ਇਜ਼ਰਾਈਲ ਨੇ ਗਾਜ਼ਾ ਵਿੱਚ ਨਸਲਕੁਸ਼ੀ ਕੀਤੀ ਹੈ। ਨਵੀ ਪਿੱਲੇ ਭਾਰਤੀ ਤਾਮਿਲ ਮੂਲ ਦੀ ਹੈ, ਜੋ ਦੱਖਣੀ ਅਫਰੀਕਾ ਦੀ ਹਾਈ ਕੋਰਟ ਦੀ ਜੱਜ ਨਿਯੁਕਤ ਹੋਣ ਵਾਲੀ ਪਹਿਲੀ ਗੈਰ-ਗੋਰੀ ਔਰਤ ਸੀ। 1941 ਵਿੱਚ ਨੇਟਲ ਪ੍ਰਾਂਤ ਵਿੱਚ ਜਨਮੀ, ਪਿੱਲੇ ਨਾਰਾਇਣਸਾਮੀ ਨਾਇਡੂ ਅਤੇ ਸੰਥਾਮਾ ਨਾਇਡੂ ਦੇ ਅੱਠ ਬੱਚਿਆਂ ਵਿੱਚੋਂ ਪੰਜਵੀਂ ਸੀ। ਉਸਦੇ ਦਾਦਾ-ਦਾਦੀ ਭਾਰਤ ਤੋਂ ਨੇਟਲ ਵਿੱਚ ਗੰਨੇ ਦੇ ਖੇਤਾਂ ਵਿੱਚ ਕੰਮ ਕਰਨ ਲਈ ਆਏ ਸਨ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਪਿਛਲੇ ਸਾਲ ਵਾਂਗ ਇਸ ਵਾਰ ਵੀ ਦਾਅਵਾ ਕੀਤਾ ਸੀ ਕਿ ਪੁਰਸਕਾਰ ਦਾ ਅਸਲੀ ਹੱਕਦਾਰ ਉਹੀ ਹੀ। ਨਵੀ ਪਿੱਲੇ ਭਾਰਤੀ ਤਾਮਿਲ ਮੂਲ ਦੀ ਹੈ, ਜੋ ਦੱਖਣੀ ਅਫਰੀਕਾ ਦੀ ਹਾਈ ਕੋਰਟ ਦੀ ਜੱਜ ਨਿਯੁਕਤ ਹੋਣ ਵਾਲੀ ਪਹਿਲੀ ਗੈਰ-ਗੋਰੀ ਔਰਤ ਸੀ। 1941 ਵਿੱਚ ਨੇਟਲ ਪ੍ਰਾਂਤ ਵਿੱਚ ਜਨਮੀ, ਪਿੱਲੇ ਨਾਰਾਇਣਸਾਮੀ ਨਾਇਡੂ ਅਤੇ ਸੰਥਾਮਾ ਨਾਇਡੂ ਦੇ ਅੱਠ ਬੱਚਿਆਂ ਵਿੱਚੋਂ ਪੰਜਵੀਂ ਸੀ। ਉਸਦੇ ਦਾਦਾ-ਦਾਦੀ ਭਾਰਤ ਤੋਂ ਨੇਟਲ ਵਿੱਚ ਗੰਨੇ ਦੇ ਖੇਤਾਂ ਵਿੱਚ ਕੰਮ ਕਰਨ ਲਈ ਆਏ ਸਨ।

## ਨੋਇਡਾ ਹਵਾਈ ਅੱਡੇ ਦਾ ਨਾਂਅ ਮੋਦੀ ਦੇ ਨਾਂਅ 'ਤੇ

**ਨਵੀਂ ਦਿੱਲੀ :** ਉੱਤਰ ਪ੍ਰਦੇਸ਼ ਦੇ ਨੋਇਡਾ ਦੇ ਜੇਵਰ ਕੌਮਾਂਤਰੀ ਹਵਾਈ ਅੱਡੇ ਦਾ ਨਾਂਅ ਹੁਣ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਂਅ 'ਤੇ ਰੱਖਿਆ ਜਾਵੇਗਾ। ਉੱਤਰ ਪ੍ਰਦੇਸ਼ (ਕੈਬਨਿਟ) ਦੀ ਹੋਈ ਬੈਠਕ ਵਿੱਚ ਇਸ ਸੰਬੰਧੀ ਰਸਮੀ ਫੈਸਲਾ ਲਿਆ ਗਿਆ ਹੈ।

## ਸਰਦ ਰੁੱਤ ਇਜਲਾਸ 22 ਤੋਂ

**ਚੰਡੀਗੜ੍ਹ :** ਪੰਜਾਬ ਵਿਧਾਨ ਸਭਾ ਦਾ ਸਰਦ ਰੁੱਤ ਇਜਲਾਸ 22 ਅਕਤੂਬਰ ਤੋਂ ਸ਼ੁਰੂ ਹੋਵੇਗਾ ਜੋ ਕਿ 27 ਅਕਤੂਬਰ ਤੱਕ ਚੱਲੇਗਾ। 'ਆਪ' ਸਰਕਾਰ ਦਾ ਇਹ ਆਖ਼ਰੀ ਇਜਲਾਸ ਹੈ ਅਤੇ ਆਗਾਮੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹੋ ਰਹੇ ਇਸ ਆਖ਼ਰੀ ਸੈਸ਼ਨ 'ਚ ਭਾਰੀ ਸਿਆਸੀ ਹੰਗਾਮਾ ਦੇਖਣ ਨੂੰ ਮਿਲ ਸਕਦਾ ਹੈ।

## ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ 10 ਦੇ ਦਿੱਲੀ ਪ੍ਰਦਰਸ਼ਨ ਦੀ ਪੁਰਜ਼ੋਰ ਹਮਾਇਤ

**ਜਲੰਧਰ (ਕੇਸਰ)**-ਦੇਸ਼ ਭਗਤ ਯਾਦਗਾਰ ਕਮੇਟੀ ਨੇ ਦੇਸ਼ 'ਚ ਤਾਨਾਸ਼ਾਹੀ ਵਿਰੁੱਧ ਜਮਹੂਰੀਅਤ ਬਹਾਲੀ ਲਈ ਦੇਸ਼ ਭਰ 'ਚ ਚੱਲ ਰਹੇ ਅੰਦੋਲਨ ਦੀ ਪੁਰਜ਼ੋਰ ਹਮਾਇਤ ਕਰਦਿਆਂ ਕੇਂਦਰ ਸਰਕਾਰ ਵੱਲੋਂ ਪੁਰਅਮਨ ਪ੍ਰਦਰਸ਼ਨਕਾਰੀਆਂ 'ਤੇ ਕੀਤੇ ਜਾ ਰਹੇ ਪੁਲਸ ਤਸ਼ੱਦਦ ਅਤੇ 10 ਅਕਤੂਬਰ ਦੇ ਪ੍ਰਦਰਸ਼ਨ ਨੂੰ ਰੋਕਣ ਲਈ ਭਾਰੀ ਗਿਣਤੀ 'ਚ ਪੁਲਸ ਤੇ ਨੀਮ ਫੌਜੀ ਦਸਤੇ ਲਾ ਕੇ ਦਹਿਸ਼ਤ ਦਾ ਮਾਹੌਲ ਬਣਾਉਣ ਦੀ ਸਖ਼ਤ ਨਿੰਦਾ ਕੀਤੀ ਹੈ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਨਰਿੰਦਰ ਮੋਦੀ ਤੇ ਅਮਿਤ ਸ਼ਾਹ ਦੇਸ਼ ਨੂੰ ਬਰਬਾਦੀ ਦੇ ਰਾਹ ਲੈ ਕੇ ਜਾ ਰਹੇ ਹਨ ਤੇ ਇਨ੍ਹਾਂ ਵੱਲੋਂ ਦੇਸ਼ ਦੀਆਂ ਸੰਵਿਧਾਨਕ ਸੰਸਥਾਵਾਂ ਜਿਵੇਂ ਸੁਪਰੀਮ ਕੋਰਟ, ਇਲੈਕਸ਼ਨ ਕਮਿਸ਼ਨ ਆਦਿ ਨੂੰ ਬੰਧਕ ਬਣਾ ਕੇ ਮਨਮਰਜ਼ੀ ਦੇ ਫੈਸਲੇ ਕਰਵਾਏ ਜਾ ਰਹੇ ਹਨ ਤੇ ਦੇਸ਼ ਨੂੰ ਤਾਨਾਸ਼ਾਹੀ ਵੱਲ ਧੱਕਿਆ ਜਾ ਰਿਹਾ ਹੈ, ਜਿਸ ਨੂੰ ਦੇਸ਼ ਦੇ ਲੋਕ ਕਦੇ ਪ੍ਰਵਾਨ ਨਹੀਂ ਕਰਨਗੇ।
• ਬਾਕੀ ਸਫਾ 2 'ਤੇ

## ਗੌਰਵ ਯਾਦਵ ਡੀ ਜੀ ਪੀ ਨਿਯੁਕਤ



**ਚੰਡੀਗੜ੍ਹ :** ਪੰਜਾਬ ਸਰਕਾਰ ਨੇ ਆਖ਼ਰ 1992 ਬੈਚ ਦੇ ਆਈ ਪੀ ਐੱਸ ਅਧਿਕਾਰੀ ਗੌਰਵ ਯਾਦਵ ਨੂੰ ਰੈਗੂਲਰ ਡੀ ਜੀ ਪੀ ਵਜੋਂ ਨਿਯੁਕਤ ਕਰ ਦਿੱਤਾ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ 'ਚ ਇਸ ਮਾਮਲੇ 'ਤੇ 13 ਅਕਤੂਬਰ ਨੂੰ ਸੁਣਵਾਈ ਹੋਣੀ ਸੀ ਅਤੇ ਉਸ ਤੋਂ ਪਹਿਲਾਂ ਹੀ ਸ਼ੁੱਕਰਵਾਰ ਨੂੰ ਪੰਜਾਬ ਸਰਕਾਰ ਨੇ ਰੈਗੂਲਰ ਡੀ ਜੀ ਪੀ ਵਜੋਂ ਗੌਰਵ ਯਾਦਵ ਨੂੰ ਨਿਯੁਕਤ ਕਰਨ ਦਾ ਨੋਟੀਫ਼ਿਕੇਸ਼ਨ ਜਾਰੀ ਕਰ ਦਿੱਤਾ ਹੈ। ਇਸ ਉਪਰੰਤ ਗੌਰਵ ਯਾਦਵ ਨੇ ਇੱਕ ਵੀਡੀਓ ਸੁਨੇਹੇ ਰਾਹੀਂ ਗੈਂਗਸਟਰਾਂ ਨੂੰ ਚਿਤਾਵਨੀ ਦਿੱਤੀ ਹੈ ਕਿ ਉਨ੍ਹਾਂ ਲਈ ਪੰਜਾਬ 'ਚ ਕੋਈ ਥਾਂ ਨਹੀਂ ਹੈ।

## ਮੁੱਖ ਸਕੱਤਰ ਬਿਨਾਂ ਸ਼ਰਤ ਮੁਆਫੀ ਮੰਗਣ ਲਈ ਤਿਆਰ

**ਚੰਡੀਗੜ੍ਹ :** ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸ਼ੁੱਕਰਵਾਰ ਨੂੰ ਹੁਕਮ ਦਿੱਤਾ ਕਿ ਮਹਿੰਗਾਈ ਭੱਤੇ ਦੇ ਮਾਮਲੇ ਵਿੱਚ ਅਦਾਲਤੀ ਹੁਕਮਾਂ ਦੀ ਕਥਿਤ ਪਾਲਣਾ ਨਾ ਕਰਨ ਜਿਸ ਵਿੱਚ ਪੰਜਾਬ ਦੇ ਮੁੱਖ ਸਕੱਤਰ ਵੱਲੋਂ ਮੁੱਢਲੀ ਨਜ਼ਰੇ ਅਦਾਲਤ ਦੀ ਮਾਣਹਾਨੀ ਦਾ ਮਾਮਲਾ ਵੀ ਸ਼ਾਮਲ ਹੈ, ਨਾਲ ਸੰਬੰਧਤ ਮਾਮਲਿਆਂ ਨੂੰ ਰੋਸਟਰ (ਡਿਊਟੀ ਸੂਚੀ) ਅਨੁਸਾਰ ਮਾਣਹਾਨੀ ਦੇ ਮਾਮਲਿਆਂ ਦੀ ਸੁਣਵਾਈ ਕਰਨ ਵਾਲੇ ਬੈਂਚ ਦੇ ਸਾਹਮਣੇ ਪੇਸ਼ ਕੀਤਾ ਜਾਵੇ। ਇਹ ਨਿਰਦੇਸ਼ ਉਸ ਸਮੇਂ ਆਇਆ ਜਦੋਂ ਰਾਜ ਵੱਲੋਂ ਪੇਸ਼ ਹੋਏ ਇੱਕ ਸੀਨੀਅਰ ਵਕੀਲ ਨੇ ਦਲੀਲ ਦਿੱਤੀ ਕਿ ਮੁੱਖ ਸਕੱਤਰ ਬਿਨਾਂ ਸ਼ਰਤ ਮੁਆਫੀ ਮੰਗਣ ਲਈ ਤਿਆਰ ਹਨ। ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੀ ਅਗਵਾਈ ਵਾਲੇ ਬੈਂਚ ਨੇ ਟਿੱਪਣੀ ਕੀਤੀ ਕਿ ਅਦਾਲਤ ਇਹ ਯਕੀਨੀ ਬਣਾਉਣ ਲਈ ਪਾਬੰਦ ਹੈ ਕਿ ਇਸ ਦੀ ਮਾਨਤਾ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ। ਕਾਰਵਾਈ ਦੀ ਉਚਿਤਤਾ ਜਾਂ ਆਚਰਣ 'ਤੇ ਸਵਾਲ ਉਠਾਉਣ ਵਾਲੇ ਸੁਝਾਵਾਂ ਨਾਲ ਵੀ ਸਾਵਧਾਨੀ ਨਾਲ ਨਜਿੱਠਿਆ ਜਾਣਾ ਚਾਹੀਦਾ ਹੈ। ਅਜਿਹੇ ਹਾਲਾਤ ਵਿੱਚ ਅਸੀਂ ਇਸ ਮਾਮਲੇ ਨੂੰ ਅਜਿਹੇ ਮਾਮਲਿਆਂ ਨਾਲ ਨਜਿੱਠਣ ਲਈ, ਰੋਸਟਰ ਦੇ ਅਨੁਸਾਰ ਅਧਿਕਾਰ ਖੇਤਰ ਵਾਲੀ ਅਦਾਲਤ ਦੇ ਸਾਹਮਣੇ ਰੱਖਣ ਦਾ ਨਿਰਦੇਸ਼ ਦੇਣਾ ਯੋਗ ਸਮਝਦੇ ਹਾਂ।

## ਪਾਸ਼-ਹੰਸਰਾਜ ਯਾਦਗਾਰੀ ਕੰਪਲੈਕਸ ਨੂੰ ਇਤਿਹਾਸਕ ਵਿਰਾਸਤ ਐਲਾਨਣ ਲਈ ਜ਼ਬਰਦਸਤ ਮੁਜ਼ਾਹਰਾ

### ਤਲਵੰਡੀ ਸਲੇਮ ਦੇ ਸਰਪੰਚ 'ਤੇ ਐੱਸ ਸੀ/ਐੱਸ ਟੀ ਤਹਿਤ ਪਰਚਾ ਦਰਜ ਕਰਨ ਦੀ ਮੰਗ






**ਸ਼ਾਹਕੋਟ (ਗਿਆਨ ਸੈਦਪੁਰੀ)**
ਪੰਜਾਬ ਦੀਆਂ ਦਰਜਨਾਂ ਹੀ ਲੇਖਕ, ਜਮਹੂਰੀ, ਮਜ਼ਦੂਰ-ਕਿਸਾਨ, ਤਰਕਸ਼ੀਲ ਸੰਸਥਾਵਾਂ ਨੇ ਸ਼ੁੱਕਰਵਾਰ ਨਕੋਦਰ ਤਹਿਸੀਲ ਕੰਪਲੈਕਸ ਅੰਦਰ ਡੀ ਐੱਸ ਪੀ ਦਫਤਰ ਦੇ ਬਾਹਰ ਰੋਹ ਭਰੀ ਰੈਲੀ ਕਰਨ ਉਪਰੰਤ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਸੜਕਾਂ ਉੱਪਰ ਆਕਾਸ਼ ਗੁੰਜਾਊ ਨਾਅਰੇ ਮਾਰਦਿਆਂ ਲੰਮਾ ਮਾਰਚ ਕੀਤਾ। ਤਹਿਸੀਲ ਕੰਪਲੈਕਸ ਇਸ ਇਕੱਠ ਅੱਗੇ ਛੋਟਾ ਪੈ ਗਿਆ। ਨਕੋਦਰ ਦੇ ਬਾਜ਼ਾਰ ਅਤੇ ਸੜਕਾਂ ਵਿਖਾਵੇ ਅੱਗੇ ਭੀੜੇ ਜਾਪੇ। ਕਲਮ, ਕਲਾ ਅਤੇ ਕਿਰਤੀ ਲੋਕਾਂ ਦੀ ਗਲਵੱਕੜੀ ਦਾ ਸੰਦੇਸ਼ ਦਿੰਦੇ ਹੋਏ ਪੰਜਾਬ ਦੇ ਨਾਮਵਰ ਲੇਖਕਾਂ, ਕਵੀਆਂ ਤੇ ਜਨਤਕ ਆਗੂਆਂ ਦੇ ਪ੍ਰਧਾਨਗੀ ਮੰਡਲ ਦੀ ਅਗਵਾਈ ਹੇਠ ਇਕੱਠ ਨੇ ਚੇਤਾਵਨੀ ਦਿੱਤੀ ਕਿ ਨਕੋਦਰ ਵਿਖਾਵੇ ਉਪਰੰਤ 14 ਅਕਤੂਬਰ ਨੂੰ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਰਿਹਾਇਸ਼ ਅੱਗੇ ਸੰਧਵਾਂ (ਫਰੀਦਕੋਟ) ਅਤੇ 15 ਅਕਤੂਬਰ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਅੱਗੇ ਸੰਗਰੂਰ ਵਿਖੇ ਰੋਸ ਵਿਖਾਵੇ ਕੀਤੇ ਜਾਣਗੇ। ਵਿਸ਼ਾਲ ਇਕੱਠ ਨੇ ਕਿਹਾ ਕਿ ਅਜੇ ਵੀ ਵੇਲਾ ਹੈ ਕਿ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਕੰਧ 'ਤੇ ਲਿਖਿਆ ਪੜ੍ਹ ਲਵੇ ਅਤੇ ਮਜ਼ਦੂਰ ਆਗੂ, ਕਹਾਣੀਕਾਰ ਅਤੇ ਜਮਹੂਰੀ ਕਾਮੇ ਹਰਮੇਸ਼ ਮਾਲੜੀ ਨੂੰ ਜਾਤੀ ਸੂਚਕ ਸ਼ਬਦ ਬੋਲਣ ਵਾਲੇ ਅਤੇ ਉਹਨਾਂ 'ਤੇ ਹਮਲਾ ਕਰਨ ਵਾਲੇ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ ਦੇ ਖ਼ਿਲਾਫ਼ ਐੱਸ ਸੀ/ਐੱਸ ਟੀ ਐਕਟ ਤਹਿਤ ਕੇਸ ਦਾਇਰ ਕਰਕੇ ਗ੍ਰਿਫ਼ਤਾਰ ਕੀਤਾ ਜਾਏ। ਇਕੱਠ ਨੇ ਇਹ ਵੀ ਮੰਗ ਕੀਤੀ ਕਿ ਪਾਸ਼ ਹੰਸ ਰਾਜ ਯਾਦਗਾਰੀ ਕੰਪਲੈਕਸ ਦਾ ਮੁਹਾਂਦਰਾ ਬਦਲ ਕੇ ਉਸ ਨੂੰ ਆਪਣੇ ਸੌੜੇ ਜਾਤੀ ਅਤੇ ਸਿਆਸੀ ਮੁਫਾਦਾਂ ਦੀ ਪੂਰਤੀ ਲਈ ਵਰਤਣ ਦੇ ਮਨਸੂਬੇ ਬੰਦ ਕੀਤੇ ਜਾਣ। ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਨੂੰ ਇਤਿਹਾਸਿਕ ਸਾਹਿਤਕ ਵਿਰਾਸਤ ਵਜੋਂ ਪੰਜਾਬ ਸਰਕਾਰ ਮਾਨਤਾ ਦੇਵੇ। ਇਕੱਠ ਵਿੱਚ ਪੰਜਾਬ ਦੀਆਂ ਦਰਜਨਾਂ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸੰਬੋਧਨ ਕੀਤਾ। ਸਮੂਹ ਬੁਲਾਰਿਆਂ ਨੇ ਜ਼ੋਰ ਦੇ ਕੇ ਕਿਹਾ ਕਿ ਅੱਜ ਪੰਜਾਬ ਅੰਦਰ ਲੋਕਾਂ ਦੀ ਰਾਖੀ ਅਤੇ ਲੋਕਾਂ ਦੇ ਸੰਵਿਧਾਨਕ ਹੱਕਾਂ ਦੇ ਸਤਿਕਾਰ ਨਾਂਅ ਦੀ ਕੋਈ ਚੀਜ਼ ਨਹੀਂ।

ਇਕੱਤਰਤਾ ਨੇ ਜ਼ੋਰ ਦੇ ਕੇ ਕਿਹਾ ਕਿ ਦਲਿਤਾਂ ਅਤੇ ਹੋਰ ਚੋਣਵੇਂ ਵਰਗਾਂ ਉੱਪਰ ਕੀਤੇ ਜਾ ਰਹੇ ਜਬਰ ਦੀ ਕਹਾਣੀ ਸਾਡੇ ਅਜੋਕੇ ਆਰਥਿਕ, ਰਾਜਨੀਤਿਕ, ਸਮਾਜਿਕ ਪ੍ਰਬੰਧ ਦੀਆਂ ਬੋਅ ਮਾਰਦੀਆਂ ਅਲਾਮਤਾਂ ਦੀ ਪੈਦਾਵਾਰ ਹੈ। ਇਕੱਤਰਤਾ ਨੇ ਮੰਗ ਕੀਤੀ ਕਿ 10 ਅਕਤੂਬਰ ਨੂੰ ਪਾਸ਼ ਦੇ ਪਿੰਡ ਤਲਵੰਡੀ ਸਲੇਮ ਦੇ ਬਿਲਕੁਲ ਲਾਗੇ ਰਹੀਮਪੁਰ ਪਿੰਡ ਵਿੱਚ ਪੁੱਜ ਰਹੇ ਪੰਜਾਬ ਦੇ ਮੁੱਖ ਮੰਤਰੀ ਮਜ਼ਦੂਰ ਆਗੂ ਦੇ ਖਿਲਾਫ ਅਪਮਾਨਤ ਸ਼ਬਦਾਵਲੀ ਵਰਤਣ ਵਾਲੇ ਖਿਲਾਫ ਪਰਚਾ ਦਰਜ ਕਰਨ ਅਤੇ ਪਾਸ਼-ਹੰਸ ਰਾਜ ਦੀ ਯਾਦਗਾਰ ਨੂੰ ਵਿਰਾਸਤੀ ਯਾਦਗਾਰ ਦਾ ਦਰਜਾ ਦੇਣ ਦਾ ਐਲਾਨ ਕਰਨ। ਰੋਸ ਰੈਲੀ ਅਤੇ ਵਿਖਾਵੇ ਨੂੰ ਸੰਧੂ ਵਰਿਆਣਵੀ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ,
• ਬਾਕੀ ਸਫਾ 2 'ਤੇ

## ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫੀ ਲਈ ਵਿਸ਼ਵ ਪੱਧਰ ਦੇ ਪ੍ਰਬੰਧ ਯਕੀਨੀ ਬਣਾਉਣ ਦੇ ਆਦੇਸ਼



**ਚੰਡੀਗੜ੍ਹ (ਗੁਰਜੀਤ ਬਿੱਲਾ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 27 ਅਕਤੂਬਰ ਤੋਂ 5 ਨਵੰਬਰ ਤੱਕ ਹੋਣ ਵਾਲੇ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫੀ ਲਈ ਆਪਸੀ ਤਾਲਮੇਲ, ਅੰਤਰਰਾਸ਼ਟਰੀ ਪੱਧਰ ਦੀਆਂ ਸਹੂਲਤਾਂ, ਸ਼ਹਿਰਾਂ ਦੇ ਸੁੰਦਰੀਕਰਨ ਅਤੇ ਮਹਿਮਾਨਨਵਾਜ਼ੀ 'ਤੇ ਧਿਆਨ ਕੇਂਦਰਿਤ ਕਰਦਿਆਂ ਸਾਰੇ ਵਿਭਾਗਾਂ ਨੂੰ ਆਲਮੀ ਪੱਧਰ ਦੇ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ।ਉਨ੍ਹਾਂ ਨੇ ਲੋਕਾਂ ਦਾ ਉਤਸ਼ਾਹ ਵਧਾਉਣ ਲਈ ਰਾਜ ਪੱਧਰੀ ਟਰਾਫੀ ਟੂਰ ਅਤੇ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਦਾ ਸੱਦਾ ਵੀ ਦਿੱਤਾ।ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਨੂੰ ਅੰਤਰਰਾਸ਼ਟਰੀ ਖੇਡ ਸਮਾਗਮਾਂ ਦੀ ਮੇਜ਼ਬਾਨੀ ਵਿੱਚ ਨਵੇਂ ਕੀਰਤੀਮਾਨ ਸਥਾਪਤ ਕਰਨੇ ਚਾਹੀਦੇ ਹਨ। ਚੈਂਪੀਅਨਜ਼ ਟਰਾਫੀ ਬਾਰੇ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇਗਾ ਕਿ ਇਹ ਵੱਕਾਰੀ ਅੰਤਰਰਾਸ਼ਟਰੀ ਖੇਡ
• ਬਾਕੀ ਸਫਾ 2 'ਤੇ

## ਜਲੰਧਰ ਦੀ ਕੁੜੀ 'ਤੇ ਹਮਲਾ ਕਰਨ ਵਾਲੇ ਦੋ ਮੁਲਜ਼ਮਾਂ ਨੂੰ 10-10 ਸਾਲ ਕੈਦ



**ਜਲੰਧਰ :** ਐਡੀਸ਼ਨਲ ਸੈਸ਼ਨ ਜੱਜ ਪਰਮਿੰਦਰ ਸਿੰਘ ਰਾਏ ਨੇ ਮੋਬਾਈਲ ਖੋਹਣ ਦੌਰਾਨ ਸਕੂਲੀ ਲੜਕੀ ਅਤੇ ਸ਼ਹਿਰ ਦੀ ਬਹਾਦਰ ਧੀ ਕੁਸੁਮ ਕੁਮਾਰੀ (ਉਦੋਂ 15 ਸਾਲ) 'ਤੇ ਜਾਨਲੇਵਾ ਹਮਲਾ ਕਰਨ ਦੇ ਦੋਸ਼ ਹੇਠ ਦੋ ਵਿਅਕਤੀਆਂ ਨੂੰ 10-10 ਸਾਲ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਅਦਾਲਤ ਨੇ ਦੋਵਾਂ ਦੋਸ਼ੀਆਂ ਅਵਿਨਾਸ਼ ਕੁਮਾਰ ਉਰਫ਼ ਆਸ਼ੂ ਅਤੇ ਵਿਨੋਦ ਕੁਮਾਰ ਉਰਫ਼ ਝਿੱਕਾ ਨੂੰ ਦੋਸ਼ੀ ਠਹਿਰਾਇਆ । ਇਸ ਤੋਂ ਇਲਾਵਾ ਵਿਨੋਦ ਨੂੰ ਚੋਰੀ ਦਾ ਸਾਮਾਨ ਰੱਖਣ ਦੇ ਦੋਸ਼ ਹੇਠ ਧਾਰਾ 411 ਤਹਿਤ ਵੀ ਦੋਸ਼ੀ ਪਾਇਆ ਗਿਆ। ਅਦਾਲਤ ਨੇ ਦੋਵਾਂ ਦੋਸ਼ੀਆਂ 'ਤੇ ਧਾਰਾ 307 ਤਹਿਤ 50,000-50,000 ਰੁਪਏ ਅਤੇ ਧਾਰਾ 379-ਬੀ ਤਹਿਤ 20,000-20,000 ਰੁਪਏ ਦਾ ਜੁਰਮਾਨਾ ਲਾਇਆ ਹੈ। ਵਿਨੋਦ ਨੂੰ ਧਾਰਾ 411 ਤਹਿਤ ਵੱਖਰੇ ਤੌਰ 'ਤੇ ਦੋ ਸਾਲ ਦੀ ਕੈਦ ਅਤੇ 5,000 ਰੁਪਏ ਜੁਰਮਾਨੇ ਦੀ ਸਜ਼ਾ ਵੀ ਸੁਣਾਈ ਗਈ ਹੈ। ਇਹ ਵਾਰਦਾਤ 30 ਅਗਸਤ 2020 ਦੀ ਹੈ। ਲਾਲਾ ਜਗਤ
• ਬਾਕੀ ਸਫਾ 2 'ਤੇ

## ਅੱਜ-ਨਾਮਾ

ਰਾਮਦੇਵ ਨੂੰ ਚੱਕਰ ਇੱਕ ਪਿਆ ਮੁੜ ਕੇ,
ਨਾਕਸ ਨਿਕਲੀ ਹੈ ਬਣੀ ਦਵਾਈ ਮੀਆਂ।
ਮੱਧ ਪ੍ਰਦੇਸ਼ ਤੋਂ ਆਈ ਹੈ ਖਬਰ ਕਹਿੰਦੀ,
ਮਾੜੀ ਪਰਖ ਦੇ ਵਿੱਚ ਉਹ ਆਈ ਮੀਆਂ।
ਮਿੱਤਰ ਉਹਦੇ ਸਰਕਾਰ ਚਲਾਉਣ ਵਾਲੇ,
ਦਵਾ ਦੀ ਪਰਖ ਹੈ ਉਨ੍ਹਾਂ ਕਰਾਈ ਮੀਆਂ।
ਫਸ'ਗੇ ਮਿੱਤਰ ਤੇ ਨਾਲ ਆ ਸਾਧ ਬਾਬਾ,
ਲਾਂਭੇ ਹੋਵੇ ਨਹੀਂ ਗੱਲ ਤਿਲਕਾਈ ਮੀਆਂ।
ਚੋਲਾ ਸਾਧ ਦਾ, ਚਰਚੇ ਹਨ ਸਦਾ ਉਲਟੇ,
ਸਿੱਧੀ ਖਬਰ ਨਹੀਂ ਕਦੇ ਵੀ ਆਏ ਮੀਆਂ।
ਫਿਰ ਵੀ ਫਸਦਾ ਈ ਸਾਧ ਤਾਂ ਬਚ ਜਾਂਦਾ,
ਸਦਾ ਸਰਕਾਰ ਪਈ ਸਾਧ ਬਚਾਏ ਮੀਆਂ।

-ਤੀਸ ਮਾਰ ਖਾਂ

## ਭਗਵੰਤ ਮਾਨ ਤੇ ਸੁਖਬੀਰ ਖ਼ਿਲਾਫ਼ ਚੋਣ ਲੜੇਗਾ ਅੰਮ੍ਰਿਤਪਾਲ

**ਚੰਡੀਗੜ੍ਹ :** 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ 'ਚ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਮੁੱਖ ਮੰਤਰੀ ਭਗਵੰਤ ਮਾਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਖ਼ਿਲਾਫ਼ ਚੋਣ ਮੈਦਾਨ 'ਚ ਉਤਾਰੇ ਜਾਣ ਦੀ ਸੰਭਾਵਨਾ ਹੈ। ਅੰਮ੍ਰਿਤਪਾਲ ਸਿੰਘ ਦੋ ਵਿਧਾਨ ਸਭਾ ਸੀਟਾਂ ਤੋਂ ਚੋਣ ਲੜਨਗੇ। ਸ਼ੁੱਕਰਵਾਰ ਨੂੰ ਪਾਰਟੀ ਦੇ ਸੀਨੀਅਰ ਆਗੂਆਂ ਦੀ ਮੁਹਾਲੀ 'ਚ ਹੋਈ ਇੱਕ ਉੱਚ ਪੱਧਰੀ ਮੀਟਿੰਗ 'ਚ ਇਹ ਫ਼ੈਸਲਾ ਲਿਆ ਗਿਆ। ਪਾਰਟੀ ਵੱਲੋਂ ਪਿਛਲੇ ਦਿਨਾਂ 'ਚ ਹਲਕਾ ਲੰਬੀ 'ਚ ਸਰਵੇਖਣ ਵੀ ਕਰਾਇਆ ਗਿਆ ਹੈ। ਇਹ ਤੈਅ ਹੋਇਆ ਹੈ ਕਿ ਸੁਖਬੀਰ ਬਾਦਲ ਜਿਸ ਹਲਕੇ (ਲੰਬੀ ਜਾਂ ਗਿੱਦੜਬਾਹਾ) ਤੋਂ ਚੋਣ ਲੜਨਗੇ, ਉਸ ਹਲਕੇ ਤੋਂ ਹੀ ਅੰਮ੍ਰਿਤਪਾਲ ਸਿੰਘ ਦੇ ਉਮੀਦਵਾਰ ਬਣਨਗੇ। ਜਿਸ ਸੀਟ ਤੋਂ ਭਗਵੰਤ ਮਾਨ ਚੋਣ ਮੈਦਾਨ 'ਚ ਉੱਤਰਦੇ ਹਨ, ਉਸ ਹਲਕੇ ਤੋਂ ਵੀ ਅੰਮ੍ਰਿਤਪਾਲ ਸਿੰਘ ਚੋਣ ਮੈਦਾਨ 'ਚ ਉੱਤਰਨਗੇ।

## ਬਰਨਾਲਾ 'ਚ ਮੋਦੀ ਸਰਕਾਰ ਤੇ ਗਿਆਨੇਸ਼ ਦੇ ਪੁਤਲੇ ਫੂਕੇ

**ਬਰਨਾਲਾ (ਨ ਜ਼ ਸ)**-ਇੰਡੀਆ ਗੱਠਜੋੜ ਦੇ ਸੱਦੇ 'ਤੇ ਬਰਨਾਲਾ ਵਿਖੇ ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਰੋਸ ਧਰਨਾ ਦਿੱਤਾ ਗਿਆ ਅਤੇ ਮੋਦੀ ਸਰਕਾਰ ਅਤੇ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕਿਆ ਗਿਆ।ਗੱਠਜੋੜ ਦੀਆਂ ਪਾਰਟੀਆਂ ਦੇ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ।ਪ੍ਰਦਰਸ਼ਨ ਦੀ ਪ੍ਰਧਾਨਗੀ ਸੀ ਪੀ ਆਈ ਦੇ ਸਾਥੀ ਜੁਗਰਾਜ ਰਾਮਾ, ਲਿਬਰੇਸ਼ਨ ਦੇ ਸ਼ਿੰਦਰ ਕੌਰ ਹਰੀਗੜ੍ਹ, ਕਾਂਗਰਸ ਦੇ ਮਹੇਸ਼ ਕੁਮਾਰ ਲੋਟਾ ਅਤੇ ਸੀ.ਪੀ.ਆਈ. (ਐੱਮ.) ਦੇ ਕਾਮਰੇਡ ਰਾਜਿੰਦਰ ਸਿੰਘ ਕਾਹਨੇਕੇ ਨੇ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਕਾਂਗਰਸ ਦੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ, ਸੀ.ਪੀ.ਆਈ. (ਐੱਮ.) ਦੇ ਮੁਕੰਦ ਸਿੰਘ ਬਰਨਾਲਾ, ਸੀ.ਪੀ.ਆਈ. ਦੇ ਖੁਸ਼ੀਆ ਸਿੰਘ ਬਰਨਾਲਾ ਅਤੇ ਸੀ.ਪੀ.ਆਈ. (ਐੱਮ.ਐੱਲ.) ਲਿਬਰੇਸ਼ਨ ਦੇ ਕਾਮਰੇਡ ਗੁਰਪ੍ਰੀਤ ਰੂੜੇਕੇ ਸਮੇਤ ਹੋਰਨਾਂ ਆਗੂਆਂ ਨੇ ਕਿਹਾ ਕਿ ਚੋਣ ਕਮਿਸ਼ਨ ਦੀ ਸੁਤੰਤਰਤਾ ਅਤੇ ਨਿਰਪੱਖਤਾ ਨੂੰ ਯਕੀਨੀ ਬਣਾਉਣਾ ਜਮਹੂਰੀਅਤ ਦੀ ਰਾਖੀ ਲਈ ਬੇਹੱਦ ਜ਼ਰੂਰੀ ਹੈ।ਆਗੂਆਂ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਤੁਰੰਤ ਅਹੁਦੇ ਤੋਂ ਹਟਾਉਣ ਅਤੇ ਉਨ੍ਹਾਂ ਖ਼ਿਲਾਫ਼ ਪਰਚਾ ਦਰਜ ਕਰਨ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ ਆਈ ਆਰ) ਦੀ ਪ੍ਰਕਿਰਿਆ ਤੁਰੰਤ ਰੋਕੀ ਜਾਵੇ।ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੀਤੀ ਜਾ ਰਹੀ ਇਸ ਪ੍ਰਕਿਰਿਆ ਨੂੰ ਰੱਦ ਕਰਕੇ ਪੁਰਾਣੀਆਂ ਵੋਟਰ ਸੂਚੀਆਂ ਦੇ ਆਧਾਰ 'ਤੇ ਚੋਣਾਂ ਕਰਵਾਈਆਂ ਜਾਣ, ਤਾਂ ਜੋ ਕਿਸੇ ਵੀ ਯੋਗ ਵੋਟਰ ਨੂੰ ਆਪਣੇ ਵੋਟ ਦੇ ਹੱਕ ਤੋਂ ਵਾਂਝਾ ਨਾ ਹੋਣਾ ਪਵੇ।ਆਗੂਆਂ ਨੇ ਕਿਹਾ ਕਿ ਵੋਟਰ ਸੂਚੀਆਂ ਵਿੱਚੋਂ ਯੋਗ ਵੋਟਰਾਂ ਦੇ ਨਾਂਅ ਗ਼ਲਤੀ ਨਾਲ ਕੱਟੇ ਜਾਣ ਦੀ ਸੰਭਾਵਨਾ ਗੰਭੀਰ ਚਿੰਤਾ ਦਾ ਵਿਸ਼ਾ ਹੈ।ਹਰ ਨਾਗਰਿਕ ਦੇ ਵੋਟ ਦੇ ਹੱਕ ਦੀ ਰਾਖੀ ਕਰਨਾ ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਹੈ।ਉਨ੍ਹਾ ਮੰਗ ਕੀਤੀ ਕਿ ਵੋਟਰ ਸੂਚੀਆਂ ਵਿੱਚੋਂ ਕੱਟੇ ਗਏ ਯੋਗ ਵੋਟਰਾਂ ਦੇ ਨਾਂਅ ਮੁੜ ਦਰਜ ਕੀਤੇ ਜਾਣ ਅਤੇ ਚੋਣ ਕਮਿਸ਼ਨ ਦੀ ਸੁਤੰਤਰ ਤੇ ਜਮਹੂਰੀ ਕਾਰਜਪ੍ਰਣਾਲੀ ਬਹਾਲ ਕੀਤੀ ਜਾਵੇ।



ਇਸ ਤੋਂ ਇਲਾਵਾ ਆਗੂਆਂ ਨੇ ਚੋਣ ਕਮਿਸ਼ਨਰ ਦੀ ਨਿਯੁਕਤੀ ਦੀ ਮੌਜੂਦਾ ਪ੍ਰਣਾਲੀ ਵਿੱਚ ਤਬਦੀਲੀ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਨਿਯੁਕਤੀ ਪ੍ਰਕਿਰਿਆ ਅਜਿਹੀ ਹੋਣੀ ਚਾਹੀਦੀ ਹੈ, ਜਿਸ ਨਾਲ ਚੋਣ ਕਮਿਸ਼ਨ ਦੀ ਨਿਰਪੱਖਤਾ ਅਤੇ ਖ਼ੁਦਮੁਖ਼ਤਿਆਰੀ 'ਤੇ ਲੋਕਾਂ ਦਾ ਭਰੋਸਾ ਕਾਇਮ ਰਹੇ।ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਲੋਕਤੰਤਰ ਵਿੱਚ ਵੋਟ ਦਾ ਹੱਕ ਲੋਕਾਂ ਦੀ ਆਵਾਜ਼ ਹੈ ਅਤੇ ਇਸ ਹੱਕ ਦੀ ਰਾਖੀ ਲਈ ਸਾਰੀਆਂ ਜਮਹੂਰੀ ਤਾਕਤਾਂ ਨੂੰ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।ਇਸ ਮੌਕੇ ਸਰਵਨ ਸਿੰਘ ਜੰਗੀਆਣਾ, ਬਿਹਾਰੀ ਲਾਲ, ਪਰਮਜੀਤ ਕੌਰ ਗੁੰਮਟੀ, ਹਾਕਮ ਸਿੰਘ ਭੁੱਲਰ, ਸੁਖਜੰਟ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

## ਸ਼ੋਸ਼ਣ ਦਾ ਸ਼ਿਕਾਰ ਬੀਬੀਆਂ ਦੀ ਗਿਣਤੀ ਦਰਜਨ ਤੋਂ ਵੱਧ : ਰੂਪ ਕੌਰ ਸੰਧੂ

**ਅੰਮ੍ਰਿਤਸਰ (ਨ ਜ਼ ਸ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਬਰਖ਼ਾਸਤ ਕੀਤੀ ਗਈ ਮਹਿਲਾ ਆਗੂ ਬੀਬੀ ਰੂਪ ਕੌਰ ਸੰਧੂ ਵੱਲੋਂ ਲਾਏ ਗਏ ਦੋਸ਼ਾਂ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੜਤਾਲ ਵਾਸਤੇ ਲੋੜੀਂਦੇ ਸਬੂਤ ਦੇਣ ਲਈ ਮੁੜ ਸੱਦਿਆ ਜਾਵੇਗਾ। ਉਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਸੁਰੱਖਿਆ ਮੁਹੱਈਆ ਕੀਤੀ ਗਈ ਹੈ। ਬਾਅਦ ਦੁਪਹਿਰ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਪੁੱਜੇ ਅਤੇ ਉਨ੍ਹਾਂ ਨੇ ਦੋਸ਼ਾਂ ਸਬੰਧੀ ਆਪਣਾ ਪੱਤਰ ਸੌਂਪਿਆ। ਪੱਤਰਕਾਰਾਂ ਨਾਲ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਪੱਤਰ ਵਿੱਚ ਵਿਸਥਾਰ ਨਾਲ ਸਾਰੇ ਮਾਮਲੇ ਦੀ ਜਾਣਕਾਰੀ ਦਿੱਤੀ ਗਈ ਹੈ। ਉਨ੍ਹਾਂ ਨੇ ਜਿਨ੍ਹਾਂ ਦੇ ਖਿਲਾਫ਼ ਦੋਸ਼ ਲਾਏ ਹਨ, ਉਨ੍ਹਾਂ ਦੇ ਨਾਵਾਂ ਦਾ ਖ਼ੁਲਾਸਾ ਕਰਨ ਤੋਂ ਗੁਰੇਜ਼ ਕੀਤਾ ਅਤੇ ਆਖਿਆ ਕਿ ਉਹ ਇਸ ਬਾਰੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਹੀ ਸਾਰੀ ਜਾਣਕਾਰੀ ਦੇਣਗੇ। ਉਨ੍ਹਾਂ ਦਾਅਵਾ ਕੀਤਾ ਕਿ ਸ਼ੋਸ਼ਣ ਕਰਨ ਵਾਲਿਆਂ ਦੀ ਸੂਚੀ ਵਿੱਚ
• ਬਾਕੀ ਸਫਾ 2 'ਤੇ

## ਸੁਖਦਰਸ਼ਨਪਾਲ ਬੀਰ ਨੇ ਆਰਮ ਰੈਸਲਿੰਗ 'ਚ ਗੋਲਡ ਮੈਡਲ ਜਿੱਤਿਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਹਿਲੀ ਆਈ.ਆਰ.ਬੀ. ਬਟਾਲੀਅਨ ਪਟਿਆਲਾ ਦੇ ਜਾਂਬਾਜ਼ ਸਿਪਾਹੀ ਸੁਖਦਰਸ਼ਨਪਾਲ ਬੀਰ ਸਿੰਘ ਨੇ 75ਵੀਆਂ ਆਲ ਇੰਡੀਆ ਪੁਲਸ ਰੈਸਲਿੰਗ ਕਲੱਸਟਰ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਰਮ ਰੈਸਲਿੰਗ ਮੁਕਾਬਲੇ ਵਿੱਚ ਗੋਲਡ ਮੈਡਲ ਜਿੱਤ ਕੇ ਨਾ ਸਿਰਫ ਆਪਣੀ ਬਟਾਲੀਅਨ ਬਲਕਿ ਸਮੁੱਚੀ ਪੰਜਾਬ ਪੁਲਸ ਦਾ ਨਾਂਅ ਪੂਰੇ ਭਾਰਤ ਵਿੱਚ ਰੌਸ਼ਨ ਕੀਤਾ ਹੈ।ਇਹ ਮਾਣਮੱਤੀਆਂ ਖੇਡਾਂ ਹਾਲ ਹੀ ਵਿੱਚ ਮੁਬਨ ਪੁਲਿਸ ਅਕੈਡਮੀ, ਹਰਿਆਣਾ ਵਿਖੇ ਕਰਵਾਈਆਂ ਗਈਆਂ ਸਨ, ਜਿਸ ਵਿੱਚ ਦੇਸ਼ ਭਰ ਦੀਆਂ ਸਾਰੀਆਂ ਰਾਜ ਪੁਲਿਸ ਫੋਰਸਾਂ, ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ ਟੀਮਾਂ ਨੇ ਭਾਗ ਲਿਆ ਸੀ।ਇਸ ਸਖ਼ਤ ਤੇ ਚੁਣੌਤੀਪੂਰਨ ਮੁਕਾਬਲੇ ਵਿੱਚ ਸਿਪਾਹੀ ਸੁਖਦਰਸ਼ਨਪਾਲ ਬੀਰ ਸਿੰਘ ਨੇ ਆਪਣੀ ਤਾਕਤ, ਤਕਨੀਕ ਅਤੇ ਹੌਸਲੇ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵਿਰੋਧੀ ਖਿਡਾਰੀਆਂ ਨੂੰ ਪਛਾੜ ਕੇ ਪਹਿਲਾ ਸਥਾਨ ਹਾਸਲ ਕੀਤਾ ਕਮਾਂਡੈਂਟ ਰਮਿੰਦਰ ਸਿੰਘ ਨੇ ਕਿਹਾ ਕਿ ਸਿਪਾਹੀ ਸੁਖਦਰਸ਼ਨਪਾਲ ਬੀਰ ਸਿੰਘ ਨੇ 75ਵੀਆਂ ਰੈਸਲਿੰਗ ਕਲੱਸਟਰ ਆਲ ਇੰਡੀਆ ਪੁਲਸ ਖੇਡਾਂ 'ਚ ਆਰਮ ਰੈਸਲਿੰਗ ਵਿੱਚ ਗੋਲਡ ਮੈਡਲ ਜਿੱਤ ਕੇ ਪੰਜਾਬ ਪੁਲਸ ਦਾ ਨਾਂਅ ਪੂਰੇ ਭਾਰਤ ਵਿੱਚ ਰੌਸ਼ਨ ਕਰਨਾ ਬਹੁਤ ਹੀ ਸ਼ਲਾਘਾਯੋਗ ਕਾਰਜ ਹੈ।ਇਹ ਸਾਡੀ ਬਟਾਲੀਅਨ ਲਈ ਬਹੁਤ ਮਾਣ ਵਾਲੀ ਗੱਲ ਹੈ।

## ਜੋੜਾਮਾਜਰਾ ਨੇ ਖਾਨਪੁਰ 'ਚ 45 ਪਰਵਾਰਾਂ ਨੂੰ ਵੰਡੇ ਪ੍ਰਾਪਰਟੀ ਕਾਰਡ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਦਿਆਰ ਸਿੰਘ ਬੱਲ)**-ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਵਿੱਚ ਲਾਲ ਲਕੀਰ ਦੇ ਅੰਦਰ ਵਸਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਦੇਣ ਲਈ ਚਲਾਈ ਜਾ ਰਹੀ 'ਮੇਰਾ ਘਰ, ਮੇਰਾ ਨਾਮ' ਸਕੀਮ ਤਹਿਤ ਹਲਕਾ ਸਮਾਣਾ ਦੇ ਪਿੰਡ ਖਾਨਪੁਰ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਹਲਕਾ ਸਮਾਣਾ ਦੇ ਵਿਧਾਇਕ ਸ. ਚੇਤਨ ਸਿੰਘ ਜੋੜਾਮਾਜਰਾ ਤੇ ਮਾਰਕੀਟ ਕਮੇਟੀ ਸਮਾਣਾ ਦੇ ਚੇਅਰਮੈਨ ਸ. ਬਲਕਾਰ ਸਿੰਘ ਗੱਜੂਮਾਜਰਾ ਵੱਲੋਂ ਪਿੰਡ ਦੇ 45 ਯੋਗ ਪਰਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਸਬੰਧੀ ਪ੍ਰਾਪਰਟੀ ਕਾਰਡ ਵੰਡੇ ਗਏ।ਇਸ ਮੌਕੇ ਵਿਧਾਇਕ ਚੇਤਨ ਸਿੰਘ ਜੋੜਾਮਾਜਰਾ ਨੇ ਕਿਹਾ ਕਿ ਲਾਲ ਲਕੀਰ ਦੇ ਅੰਦਰ ਪੀੜ੍ਹੀਆਂ ਤੋਂ ਰਹਿ ਰਹੇ ਲੋਕਾਂ ਕੋਲ ਆਪਣੇ ਘਰਾਂ ਦੀ ਮਾਲਕੀ ਸਾਬਤ ਕਰਨ ਲਈ ਪੱਕੇ ਦਸਤਾਵੇਜ਼ ਨਾ ਹੋਣ ਕਾਰਨ ਉਨ੍ਹਾਂ ਨੂੰ ਲੰਮੇ ਸਮੇਂ ਤੋਂ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। 'ਮੇਰਾ ਘਰ, ਮੇਰਾ ਨਾਮ' ਸਕੀਮ ਰਾਹੀਂ ਅਜਿਹੇ ਪਰਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਸੰਬੰਧੀ ਦਸਤਾਵੇਜ਼ ਮੁਹੱਈਆ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦੇਣ ਲਈ ਵੱਖ-ਵੱਖ ਲੋਕ ਭਲਾਈ ਸਕੀਮਾਂ ਲਾਗੂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪ੍ਰਾਪਰਟੀ ਕਾਰਡ ਮਿਲਣ ਨਾਲ ਲਾਭਪਾਤਰੀ ਪਰਵਾਰਾਂ ਨੂੰ ਆਪਣੇ ਘਰਾਂ ਦੀ ਮਾਲਕੀ ਸਬੰਧੀ ਕਾਨੂੰਨੀ ਦਸਤਾਵੇਜ਼ ਮਿਲਣਗੇ ਤੇ ਉਹ ਸਰਕਾਰ ਵੱਲੋਂ ਨਿਰਧਾਰਤ ਨਿਯਮਾਂ ਅਨੁਸਾਰ ਇਸ ਜਾਇਦਾਦ ਸਬੰਧੀ ਵੱਖ-ਵੱਖ ਸਹੂਲਤਾਂ ਦਾ ਲਾਭ ਲੈ ਸਕਣਗੇ।ਇਸ ਮੌਕੇ ਮਾਰਕੀਟ ਕਮੇਟੀ ਸਮਾਣਾ ਦੇ ਚੇਅਰਮੈਨ ਸ. ਬਲਕਾਰ ਸਿੰਘ ਗੱਜੂਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਯੋਜਨਾਵਾਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਯੋਗ ਪਰਵਾਰਾਂ ਨੂੰ ਇਸ ਸਕੀਮ ਦਾ ਲਾਭ ਦਿਵਾਉਣ ਲਈ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ।ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਮੋਹਤਬਰ ਵਿਅਕਤੀ, ਪੰਚ-ਸਰਪੰਚ, ਪ੍ਰਸ਼ਾਸਨਕ ਅਧਿਕਾਰੀ, ਪਾਰਟੀ ਵਰਕਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# 'ਗੁਰਮਤਿ ਦੀ ਕੀਮਤ-ਮੀਮਾਂਸਾ: ਚਿੰਤਨ ਅਤੇ ਮਹੱਤਵ' ਵਿਸ਼ੇ 'ਤੇ ਕੌਮੀ ਸੈਮੀਨਾਰ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਵਲੋਂ ਬਿਬੇਕਗੜ੍ਹ ਫਾਊਂਡੇਸ਼ਨ ਦੇ ਸਹਿਯੋਗ ਨਾਲ 'ਗੁਰਮਤਿ ਦੀ ਕੀਮਤ-ਮੀਮਾਂਸਾ: ਚਿੰਤਨ ਤੇ ਮਹੱਤਵ' ਵਿਸ਼ੇ ਉਤੇ ਕੌਮੀ ਸੈਮੀਨਾਰ ਕਰਾਇਆ ਗਿਆ। ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋ. ਪ੍ਰਿਤਪਾਲ ਸਿੰਘ ਨੇ ਆਖਿਆ ਕਿ ਸਰਬੱਤ ਦਾ ਭਲਾ ਅਤੇ ਸਰਬਸਾਂਝੀ ਵਾਲਤਾ ਜਿਹੀਆਂ ਗੁਰਮਤਿ ਦੀਆਂ ਵਿਲੱਖਣ ਕੀਮਤਾਂ ਦੀ ਖੋਜ ਸਮੇਂ ਦੀ ਮੁੱਖ ਲੋੜ ਹੈ।ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਨੂੰ ਇਸ ਸ਼ਲਾਘਾਯੋਗ ਕਾਰਜ ਲਈ ਵਧਾਈ ਦਿੰਦਿਆਂ ਕਿਹਾ ਕਿ ਆਪੇ ਦੀ ਪਛਾਣ ਸਿੱਖੀ ਦੀ ਮੂਲ ਕੀਮਤ ਹੈ, ਜਿਸ ਰਾਹੀ 'ਏਕਸ ਕੇ ਹਮ ਬਾਰਿਕ' ਦੇ ਆਦਰਸ਼ ਨੂੰ ਸਕਾਰ ਕੀਤਾ ਜਾ ਸਕਦਾ ਹੈ।

ਵਿਦਵਾਨ ਵਕਤਾ ਪ੍ਰੋ. ਕੇਹਰ ਸਿੰਘ, ਸਾਬਕਾ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਨੇ ਗੁਰਮਤਿ ਦੀਆਂ ਸਮਾਜਿਕ ਰਾਜਨੀਤਿਕ ਕੀਮਤਾਂ ਵਿਸ਼ੇ 'ਤੇ ਵਿਚਾਰ ਕਰਦਿਆਂ ਆਖਿਆ ਕਿ ਗੁਰਬਾਣੀ ਵਿੱਚ ਦਰਸਾਈ ਗਈ ਬਰਾਬਰਤਾ ਤੇ ਆਜ਼ਾਦੀ ਕੀਮਤ ਨੂੰ ਅਜੋਕੇ ਵਿਸ਼ਵ ਅੰਦਰ ਬੇਹਦ ਮਹੱਤਵਪੂਰਨ ਸਥਾਨ ਮਿਲ ਰਿਹਾ ਹੈ।ਉਨ੍ਹਾਂ ਆਖਿਆ ਕਿ ਗੁਰਮਤਿ ਕੀਮਤ ਸਿਧਾਂਤ ਨੂੰ ਬੱਝਵੇਂ ਅਤੇ ਵਿਵੇਕਪੂਰਨ ਢੰਗ ਨਾਲ ਪੇਸ਼ ਕਰਨਾ ਅਜੇ ਬਾਕੀ ਹੈ।ਪ੍ਰੋ. ਬਲਕਾਰ ਸਿੰਘ, ਸਾਬਕਾ ਡਾਇਰੈਕਟਰ ਵਰਲਡ ਪੰਜਾਬੀ ਸੈਂਟਰ, ਪਟਿਆਲਾ ਨੇ ਗੁਰਮਤਿ ਦੀਆਂ ਅਧਿਆਤਮਕ ਕੀਮਤਾਂ ਵਿਸ਼ੇ ਤੇ ਸੰਬੋਧਨ ਦੌਰਾਨ ਕਿਹਾ ਕਿ ਗੁਰਮਤਿ ਦੀਆਂ ਅਧਿਆਤਮਕ ਕਦਰਾਂ-ਕੀਮਤਾਂ ਮਨੁੱਖ ਦੇ ਹਰ ਪੱਖ ਵਿਹਾਰਕ ਪੱਖ ਨਾਲ ਜੁੜੀਆਂ ਹੋਈਆਂ ਹਨ, ਜਿਨ੍ਹਾਂ ਦਾ ਸਰੋਤ ਗੁਰਬਾਣੀ ਅਤੇ ਗੁਰ ਇਤਿਹਾਸ ਹਨ।ਵਿਦਵਾਨ ਵਕਤਾ ਪ੍ਰੋ. ਹਰਭਜਨ ਸਿੰਘ, ਸੇਵਾ ਮੁਕਤ ਪ੍ਰੋਫੈਸਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਗੁਰਮਿਤ ਦੀਆਂ ਸੋਹਜਾਤਮਕ ਕੀਮਤਾਂ ਵਿਸ਼ੇ 'ਤੇ ਭਾਸ਼ਣ ਦੌਰਾਨ ਆਖਿਆ ਕਿ ਗੁਰਮਤਿ ਦੇ ਸੋਹਜਾਤਮਕ ਪੱਖਾਂ ਵਿੱਚ ਵਿਲੱਖਣ ਕੀਰਤਨ ਪਰੰਪਰਾ ਗੁਰਮੁਖੀ ਲਿਪੀ, ਭਾਸ਼ਾ ਸਬੰਧੀ ਖੁੱਲ੍ਹੀ ਪਹੁੰਚ ਅਤੇ ਵਿਲੱਖਣ ਭਵਨ ਕਲਾ ਸ਼ਾਮਿਲ ਹਨ।ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਦੇ ਮੁਖੀ ਤੇ ਡੀਨ ਫੈਕਲਟੀ ਡਾ. ਹਰਦੇਵ ਸਿੰਘ ਨੇ ਆਪਣੇ ਸਵਾਗਤੀ ਸ਼ਬਦਾਂ ਵਿਚ ਗੁਰਮਤਿ ਦਰਸ਼ਨ ਦੀ ਜਾਣ-ਪਛਾਣ ਕਰਾਉਂਦਿਆਂ ਸੈਮੀਨਾਰ ਦੇ ਵਿਸ਼ੇ ਦੀ ਮਹੱਤਤਾ ਉੱਪਰ ਚਾਨਣ ਪਾਇਆ। ਬਿਬੇਕਗੜ੍ਹ ਫਾਊਂਡੇਸ਼ਨ ਦੇ ਡਾਇਰੈਕਟਰ ਹਰਬਖਸ਼ ਸਿੰਘ ਨੇ ਸੈਮੀਨਾਰ ਵਿੱਚ ਸਮੂਹ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਆਖਿਆ ਕਿ ਫਾਊਂਡੇਸ਼ਨ ਦੇ ਮੁੱਖ ਟੀਚਿਆਂ ਵਿੱਚ ਗੁਰਮਿਤ ਦੇ ਸਿਧਾਂਤਕ ਅਤੇ ਵਿਹਾਰਕ ਪਹਿਲੂਆਂ ਦਾ ਅਧਿਐਨ ਕਰਨਾ ਸ਼ਾਮਲ ਹੈ।

## ਨਰੇਸ਼ ਦੁੱਗਲ ਤੇ ਨਿੱਪੀ ਨੇ ਪਰਗਟ ਸਿੰਘ ਨਾਲ ਕੀਤੀ ਮੁਲਾਕਾਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਦੁੱਗਲ ਤੇ ਪਾਰਟੀ ਦੇ ਸਪੋਕਸਪਰਸਨ ਤੇ ਸਾਬਕਾ ਕੌਂਸਲਰ ਹਰਵਿੰਦਰ ਸਿੰਘ ਨਿੱਪੀ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵੇਂ ਬਣੇ ਪ੍ਰਧਾਨ ਪਰਗਟ ਸਿੰਘ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਜ਼ਿਲ੍ਹਾ ਪਟਿਆਲਾ ਸ਼ਹਿਰੀ ਦੇ ਕਾਂਗਰਸੀ ਵਰਕਰਾਂ ਵੱਲੋਂ ਗੁਲਦਸਤਾ ਭੇਟ ਕੀਤਾ।ਇਸ ਮੌਕੇ ਉਨ੍ਹਾਂ ਪੰਜਾਬ ਪ੍ਰਧਾਨ ਨਾਲ ਜ਼ਿਲ੍ਹਾ ਪਟਿਆਲਾ ਸ਼ਹਿਰੀ ਕਾਂਗਰਸ ਦੀਆਂ ਗਤੀਵਿਧੀਆਂ ਤੇ ਜ਼ਿਲ੍ਹੇ ਅਧੀਨ ਆਉਂਦੇ ਵਿਧਾਨ ਸਭਾ ਹਲਕਾ ਪਟਿਆਲਾ ਸ਼ਹਿਰੀ ਤੇ ਵਿਧਾਨ ਸਭਾ ਹਲਕਾ ਪਟਿਆਲਾ ਦਿਹਾਤੀ ਬਾਰੇ ਚਰਚਾ ਕੀਤੀ।ਨਰੇਸ਼ ਦੁੱਗਲ ਤੇ ਨਿੱਪੀ ਨੇ ਪੰਜਾਬ ਪ੍ਰਧਾਨ ਨੂੰ ਵਿਸ਼ਵਾਸ ਦਿਵਾਇਆ ਕਿ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਪਾਰਟੀ ਪਟਿਆਲਾ ਸ਼ਹਿਰੀ ਤੇ ਪਟਿਆਲਾ ਦਿਹਾਤੀ ਦੋਵੇਂ ਸੀਟਾਂ 'ਤੇ ਜਿੱਤ ਪ੍ਰਾਪਤ ਕਰੇਗੀ।



## ਕੋਰਟ ਕੰਪਲੈਕਸ ਧੂਰੀ ਵਿਖੇ ਓ ਐੱਸ ਡੀ ਵੱਲੋਂ ਲਾਇਬ੍ਰੇਰੀ ਦਾ ਉਦਘਾਟਨ

### ਪੰਜਾਬ ਸਰਕਾਰ ਵਕੀਲਾਂ ਦੀ ਹਰ ਸੰਭਵ ਮਦਦ ਲਈ ਵਚਨਬੱਧ : ਸੁਖਵੀਰ ਸਿੰਘ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਬਾਰ ਐਸੋਸੀਏਸ਼ਨ ਧੂਰੀ ਦੇ ਕੋਰਟ ਕੰਪਲੈਕਸ ਵਿਖੇ ਇੱਕ ਸੰਖੇਪ ਸਮਾਗਮ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ ਐੱਸ ਡੀ ਸੁਖਵੀਰ ਸਿੰਘ ਨੇ ਸ਼ਿਰਕਤ ਕਰਦਿਆਂ 4 ਲੱਖ ਰੁਪਏ ਦੀ ਲਾਗਤ ਨਾਲ ਭੇਜੇ ਗਏ ਲਾਇਬ੍ਰੇਰੀ ਦੇ ਸਾਮਾਨ ਨਾਲ ਨਵੀਂ ਤਿਆਰ ਕੀਤੀ ਲਾਇਬ੍ਰੇਰੀ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ।ਇਹ ਸ਼ਲਾਘਾਯੋਗ ਉਪਰਾਲਾ ਆਮ ਆਦਮੀ ਪਾਰਟੀ ਦੇ ਲੀਗਲ ਵਿੰਗ ਦੇ ਹਲਕਾ ਪ੍ਰਧਾਨ ਗੁਰਵਿੰਦਰ ਸਿੰਘ ਸਰਾਓ ਤੇ ਲੀਗਲ ਵਿੰਗ ਦੀ ਸਮੁੱਚੀ ਟੀਮ ਦੇ ਵਿਸ਼ੇਸ਼ ਯਤਨਾਂ ਸਦਕਾ ਸੰਭਵ ਹੋਇਆ ਹੈ।ਸਮਾਗਮ ਦੌਰਾਨ ਓ. ਐੱਸ. ਡੀ. ਸੁਖਵੀਰ ਸਿੰਘ ਨੇ ਬਾਰ ਐਸੋਸੀਏਸ਼ਨ ਦੇ ਵਕੀਲਾਂ ਦੀਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਵਕੀਲਾਂ ਦੇ ਚੈਂਬਰਾਂ ਦੀ ਰੈਨੋਵੇਸ਼ਨ ਤੇ ਆਧੁਨਿਕ ਪਖਾਨਿਆਂ ਦੇ ਨਿਰਮਾਣ ਲਈ ਗ੍ਰਾਂਟ ਦੇਣ ਦਾ ਐਲਾਨ ਕੀਤਾ।ਇਸ ਤੋਂ ਇਲਾਵਾ ਉਨ੍ਹਾਂ ਕੋਰਟ ਕੰਪਲੈਕਸ ਤੋਂ ਤਹਿਸੀਲ ਵੱਲ ਜਾਂਦੀ ਪਹੀ 'ਤੇ ਪੱਕਾ ਰਸਤਾ ਬਣਾਉਣ ਦੀ ਗੱਲ ਕਹਿੰਦਿਆਂ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਜੇਕਰ ਨਵੇਂ ਚੈਂਬਰਾਂ ਦੇ ਨਿਰਮਾਣ ਜਾਂ ਹੋਰ ਵਿਕਾਸ ਕਾਰਜਾਂ ਲਈ ਫੰਡਾਂ ਦੀ ਲੋੜ ਪਈ, ਤਾਂ ਪੰਜਾਬ ਸਰਕਾਰ ਵਕੀਲ ਭਾਈਚਾਰੇ ਦੀ ਹਰ ਸੰਭਵ ਮਦਦ ਕਰੇਗੀ।ਇਸ ਮੌਕੇ ਬਾਰ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਅਸ਼ਵਨੀ ਕੌਸ਼ਲ ਤੇ ਸੈਕਟਰੀ ਕੁਲਦੀਪ ਸਿੰਘ ਸੰਧੂ, ਹਰਬੰਸ ਸਿੰਘ ਧਾਲੀਵਾਲ, ਮਨਜੀਤ ਸਿੰਘ ਖੁਰਮੀ, ਅਮਨਜੀਤ ਸਿੰਘ ਭਸੌੜ, ਸੰਜੀਵ ਚੌਧਰੀ, ਬਲਜੀਤ ਸਿੰਘ ਸਿੱਧੂ, ਹਰਸ਼ ਜਿੰਦਲ, ਰਣਵੀਰ ਸੋਢੀ, ਮਨਦੀਪ ਸ਼ਰਮਾ, ਬਲਵਿੰਦਰ ਸਿੰਘ ਸੋਹੀ, ਐੱਸ ਐੱਸ ਮੀਸਾ, ਰਮਨਦੀਪ ਸਿੰਘ ਰੰਗੀਆਂ, ਐੱਚ ਐੱਸ ਟਿਵਾਣਾ, ਅਮਿਤ ਗਰਗ, ਮਨੂ ਰਤਨ, ਸੀ ਪੀ ਭਾਟੀਆ, ਰਾਜ ਕੁਮਾਰ ਸਿੰਗਲਾ, ਸੁਨੀਲ ਸ਼ਰਮਾ, ਰੋਮਰ ਕਪੂਰ, ਪ੍ਰਵੀਨ ਮਿੱਤਲ, ਕੇ ਐੱਸ ਚਹਿਲ ਤੇ ਜੀ ਐੱਸ ਗਿੱਲ ਮੁੱਖ ਤੌਰ 'ਤੇ ਸ਼ਾਮਲ ਸਨ।ਹਾਜ਼ਰ ਵਕੀਲਾਂ ਨੇ ਸਰਕਾਰ ਤੇ ਆਗੂਆਂ ਦੇ ਇਸ ਉਪਰਾਲੇ ਦਾ ਧੰਨਵਾਦ ਕੀਤਾ।

## ਕਿਸਾਨਾਂ ਨੇ ਨਦਾਮਪੁਰ ਗਰਿੱਡ ਵਿਖੇ ਦਿੱਤਾ ਧਰਨਾ



**ਭਵਾਨੀਗੜ੍ਹ (ਰਾਜ ਖੁਰਮੀ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਕਿਸਾਨਾਂ ਨੂੰ ਬਿਜਲੀ ਬਿੱਲਾਂ, ਟਰਾਂਸਫਾਰਮਰਾਂ ਦੀ ਤਬਦੀਲੀ ਤੇ ਬਿਜਲੀ ਨਾਲ ਸਬੰਧਤ ਹੋਰ ਕੰਮਾਂ ਵਿੱਚ ਆ ਰਹੀਆਂ ਮੁਸ਼ਕਲਾਂ ਦੇ ਰੋਸ ਵਜੋਂ ਨਦਾਮਪੁਰ ਗਰਿੱਡ ਵਿਖੇ ਧਰਨਾ ਦਿੱਤਾ ਗਿਆ।ਧਰਨੇ ਦੀ ਅਗਵਾਈ ਕਿਸਾਨ ਆਗੂ ਚਮਕੌਰ ਸਿੰਘ ਭੱਟੀਵਾਲ ਨੇ ਕੀਤੀ, ਜਦਕਿ ਜਥੇਬੰਦੀ ਦੇ ਬਲਾਕ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਕਿਸਾਨ ਆਗੂਆਂ ਨੇ ਕਿਹਾ ਕਿ ਬਿਜਲੀ ਬਿੱਲਾਂ, ਟਰਾਂਸਫਾਰਮਰਾਂ ਦੀ ਤਬਦੀਲੀ ਤੇ ਹੋਰ ਬਿਜਲੀ ਸਬੰਧੀ ਕੰਮਾਂ ਦੌਰਾਨ ਕਿਸਾਨਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਦੀਆਂ ਇਨ੍ਹਾਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ, ਤਾਂ ਜੁ ਉਨ੍ਹਾਂ ਨੂੰ ਬੇਲੋੜੀ ਖੱਜਲ-ਖੁਆਰੀ ਤੋਂ ਰਾਹਤ ਮਿਲ ਸਕੇ।ਧਰਨੇ 'ਚ ਜ਼ਿਲ੍ਹਾ ਕਿਸਾਨ ਆਗੂ ਬੁੱਧ ਸਿੰਘ ਬਾਲਦ, ਗੁਰਮੇਲ ਸਿੰਘ, ਹਾਕਮ ਸਿੰਘ ਨਦਾਮਪੁਰ, ਬਲਿਹਰ ਸਿੰਘ ਘਰਾਚੋਂ, ਧਿਆਨ ਸਿੰਘ ਭੱਟੀਵਾਲ, ਸੁਖਵੀਰ ਸਿੰਘ ਭੱਟੀਵਾਲ ਤੇ ਕੇਵਲ ਸਿੰਘ ਮਾਝੀ ਸਮੇਤ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕੀਤੀ।

## ਟੀ ਐੱਮ ਈ ਯੂ ਪੂਰੀ ਮੈਂਬਰਸ਼ਿਪਤਾ ਨਾਲ ਸੰਗਰੂਰ ਰੈਲੀ 'ਚ ਸ਼ਾਮਲ ਹੋਵੇਗੀ : ਅਕੋਈ ਸਾਹਿਬ, ਚੱਠਾ

**ਦਿੜ੍ਹਬਾ (ਜਸਵੀਰ ਲਾਡੀ)**-ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਪੰਜਾਬ (ਟੀ.ਐੱਮ.ਈ.ਯੂ.) ਜ਼ਿਲ੍ਹਾ ਸੰਗਰੂਰ ਦੇ ਸੀਨੀਅਰ ਆਗੂਆਂ ਵੱਲੋਂ ਵਿਸ਼ੇਸ਼ ਵਰਚੂਅਲ ਮੀਟਿੰਗ ਕੀਤੀ ਗਈ, ਜਿਸ ਵਿੱਚ ਗੁਰਚਰਨ ਸਿੰਘ ਅਕੋਈ ਸਾਹਿਬ, ਮਹਿਮਾ ਸਿੰਘ ਧਨੌਲਾ, ਰਾਮ ਸਿੰਘ ਟਨਕੋਟੀ, ਉਜਾਗਰ ਜੱਗਾ, ਨਛੱਤਰ ਚੱਠਾ, ਬੱਬਨਪਾਲ ਸੰਗਰੂਰ, ਸਰਬਜੀਤ ਮਲੇਰਕੋਟਲਾ, ਦਰਸ਼ਨ ਝਨੇੜੀ, ਹਰਪਾਲ ਬਰਨਾਲਾ, ਸਮਸ਼ੇਰ ਬਡਰੁੱਖਾਂ, ਦਰਸ਼ਨ ਜਨਾਲ, ਭੂਰਾ ਸਿੰਘ ਕੇਗੂ, ਲਖਵੀਰ ਮਲੇਰਕੋਟਲਾ ਆਦਿ ਨੇ ਹਿੱਸਾ ਲਿਆ।ਇਨ੍ਹਾਂ ਆਗੂਆਂ ਨੇ ਸਾਂਝੇ ਰੂਪ ਵਿੱਚ ਮੀਟਿੰਗ ਦੀ ਕਾਰਵਾਈ ਪ੍ਰੈੱਸ ਨੋਟ ਰਾਹੀਂ ਜਾਰੀ ਕਰਦਿਆਂ ਜਾਣਕਾਰੀ ਸਾਂਝੀ ਕੀਤੀ ਕਿ 10 ਅਕਤੂਬਰ ਨੂੰ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ 'ਤੇ ਅਧਾਰਤ ਤਾਲਮੇਲ ਕਮੇਟੀ ਪੰਜਾਬ ਵੱਲੋਂ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਨੇੜੇ ਹੋਣ ਵਾਲੀ ਸੂਬਾ ਪੱਧਰੀ ਵਿਸ਼ਾਲ ਰੈਲੀ ਇਤਿਹਾਸਕ ਤੇ ਫੈਸਲਾਕੁੰਨ ਸਾਬਿਤ ਹੋਵੇਗੀ। ਆਗੂਆਂ ਨੇ ਪੰਜਾਬ ਸਰਕਾਰ ਦੀ ਕਰੜੀ ਅਲੋਚਨਾ ਕਰਦਿਆਂ ਦੋਸ਼ ਲਾਇਆ ਕਿ ਸਰਕਾਰ ਆਪਣੇ ਪੂਰੇ ਕਾਰਜਕਾਲ ਦੌਰਾਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਬਿਲਕੁੱਲ ਅਣਗੌਲਿਆ ਕਰ ਰਹੀ ਹੈ, ਮੁਲਾਜ਼ਮਾਂ- ਪੈਨਸ਼ਨਰਾਂ ਦੀ ਕੋਈ ਵੀ ਮੰਗ ਪੂਰੀ ਨਹੀਂ ਕੀਤੀ ਗਈ। ਇਸ ਲਈ ਪੰਜਾਬ ਸਰਕਾਰ ਖ਼ਿਲਾਫ਼ ਮੁਲਾਜ਼ਮ ਤੇ ਪੈਨਸ਼ਨਰ ਵਰਗ ਵਿੱਚ ਭਾਰੀ ਗੁੱਸਾ ਦੇਖਣ ਨੂੰ ਮਿਲ ਰਿਹਾ ਹੈ।ਇਸੇ ਕਰਕੇ ਇਸ 10 ਅਕਤੂਬਰ ਨੂੰ ਸੰਗਰੂਰ ਰੈਲੀ ਵਿੱਚ ਸਮੂਹ ਮੁਲਾਜ਼ਮ ਪੈਨਸ਼ਨਰਜ਼ ਆਪ ਮੁਹਾਰੇ ਹੀ ਸ਼ਾਮਲ ਹੋ ਰਹੇ ਹਨ।ਜਥੇਬੰਦੀ ਵੱਲੋਂ ਜਿੱਥੇ ਪੰਜਾਬ ਦੀ ਸਾਰੀ ਦੀ ਸਾਰੀ ਮੈਂਬਰਸ਼ਿਪ ਸ਼ਮੂਲੀਅਤ ਕਰ ਰਹੀ ਹੈ, ਉਥੇ ਜਥੇਬੰਦੀ ਦੇ ਜ਼ਿਲ੍ਹਾ ਸੰਗਰੂਰ ਦਾ ਇਕੱਲਾ-ਇਕੱਲਾ ਸਾਥੀ ਪੂਰੇ ਉਤਸ਼ਾਹ ਤੇ ਜੋਸ਼ੋ-ਖਰੋਸ਼ ਨਾਲ ਪਹੁੰਚ ਰਿਹਾ ਹੈ।

## ਮਨਿਸਟਰੀਅਲ ਕਾਮਿਆਂ ਵੱਲੋਂ ਡੀ ਸੀ ਦਫ਼ਤਰ ਵਿਖੇ ਗੇਟ ਰੈਲੀ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਾਂਝਾ ਮੁਲਾਜ਼ਮ ਮੰਚ ਤੇ ਸਾਂਝੀ ਐਕਸ਼ਨ ਤਾਲਮੇਲ ਕਮੇਟੀ ਵੱਲੋਂ ਉਲੀਕੇ ਗਏ ਸੰਘਰਸ਼ ਤਹਿਤ ਪੰਜਾਬ ਰਾਜ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਤੇ ਡੀ ਸੀ ਦਫ਼ਤਰ ਕਰਮਚਾਰੀ ਯੂਨੀਅਨ ਵੱਲੋਂ ਸਥਾਨਕ ਦਫ਼ਤਰ ਡਿਪਟੀ ਕਮਿਸ਼ਨਰ ਵਿਖੇ ਗੇਟ ਰੈਲੀ ਕਰਦਿਆਂ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਕਰਮਚਾਰੀਆਂ ਤੇ ਪੈਨਸ਼ਨਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਖੁਸ਼ਕਰਨਜੀਤ ਸਿੰਘ, ਜਨਰਲ ਸਕੱਤਰ ਪ੍ਰਸ਼ੋਤਮ ਕੁਮਾਰ ਤੇ ਡੀ ਸੀ ਦਫ਼ਤਰ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ ਤੇ ਪੈਨਸ਼ਨਰ ਐਸੋਸੀਏਸ਼ਨ ਦੇ ਕਰਮਜੀਤ ਸ਼ਰਮਾ ਨੇ ਕਿਹਾ ਕਿ ਸਰਕਾਰ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਕੋਝੀਆਂ ਚਾਲਾਂ ਨਾਲ ਕਰਮਚਾਰੀਆਂ ਦੇ ਹੱਕਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਪ੍ਰੰਤੂ ਹੁਣ ਪੰਜਾਬ ਦਾ ਸਮੁੱਚਾ ਮੁਲਾਜ਼ਮ ਵਰਗ ਇੱਕਜੁਟ ਹੋ ਚੁੱਕਾ ਹੈ ਅਤੇ ਹਰੇਕ ਸੰਘਰਸ਼ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਰਿਹਾ ਹੈ।ਆਗੂਆਂ ਨੇ ਕਿਹਾ ਕਿ ਸਰਕਾਰ ਮਾਨਯੋਗ ਹਾਈਕੋਰਟ ਦੇ ਫੈਸਲੇ ਦੇ ਬਾਵਜੂਦ ਨਾ ਤਾਂ ਮਹਿੰਗਾਈ ਭੱਤਾ ਜਾਰੀ ਕਰ ਰਹੀ ਹੈ ਤੇ ਨਾ ਹੀ ਪੁਰਾਣੀ ਪੈਨਸ਼ਨ ਸਕੀਮ ਨੂੰ ਬਹਾਲ ਕਰ ਰਹੀ ਹੈ।ਇੱਥੋਂ ਤੱਕ ਕਿ ਮੀਟਿੰਗਾਂ ਵਿੱਚ ਮੰਗਾਂ ਮੰਨਣ ਦੇ ਬਾਵਜੂਦ ਬਹੁਤ ਸਾਰੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਨਹੀਂ ਕੀਤੀ ਗਈ, ਜਿਵੇਂ 15-1-15 ਤੇ 17-7-20 ਦੇ ਮੁਲਾਜ਼ਮ ਮਾਰੂ ਪੱਤਰਾਂ ਨੂੰ ਸਰਕਾਰ ਨੇ ਅਜੇ ਤੱਕ ਵਾਪਸ ਨਹੀਂ ਲਿਆ।ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਅੜੀਅਲ ਰਵੱਈਏ ਕਾਰਨ ਆਉਣ ਵਾਲੇ ਸਮੇਂ ਵਿੱਚ ਹੋਰ ਤਿੱਖੇ ਸੰਘਰਸ਼ ਉਲੀਕੇ ਜਾ ਰਹੇ ਹਨ, ਜਿਸਦੇ ਤਹਿਤ 10 ਅਕਤੂਬਰ ਨੂੰ ਸੰਗਰੂਰ ਵਿਖੇ ਮਹਾਂ ਰੈਲੀ ਕੀਤੀ ਜਾ ਰਹੀ ਹੈ, ਇਸ ਰੈਲੀ ਵਿੱਚ ਲੱਖਾਂ ਦੀ ਗਿਣਤੀ ਵਿੱਚ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰਾਂ ਵੱਲੋਂ ਭਾਗ ਲਿਆ ਜਾਵੇਗਾ।ਜੇਕਰ ਸਰਕਾਰ ਵੱਲੋਂ ਫਿਰ ਵੀ ਮੁਲਾਜ਼ਮ ਮੰਗਾਂ ਦੀ ਪੂਰਤੀ ਨਾ ਕੀਤੀ ਗਈ ਤਾਂ 21 ਤੇ 22 ਅਕਤੂਬਰ ਨੂੰ ਪੂਰੇ ਪੰਜਾਬ ਦੇ ਸਰਕਾਰੀ ਕਰਮਚਾਰੀ ਸਮੂਹਕ ਛੁੱਟੀ ਲੈ ਕੇ ਸਰਕਾਰ ਦਾ ਪਿੱਟ ਸਿਆਪਾ ਕਰਨਗੇ।ਇਸ ਮੌਕੇ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਤੋਂ ਵੱਡੀ ਗਿਣਤੀ ਵਿੱਚ ਕਰਮਚਾਰੀ ਮੌਜੂਦ ਸਨ।

## ਸਹੌਰ 'ਚ ਪੰਜ ਕਿਸਾਨਾਂ ਦੀਆਂ ਮੋਟਰਾਂ ਤੋਂ 180 ਫੁੱਟ ਕੇਬਲ ਤਾਰ ਚੋਰੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਸਹੌਰ ਵਿਖੇ ਚੋਰਾਂ ਵੱਲੋਂ ਪੰਜ ਕਿਸਾਨਾਂ ਦੀਆਂ ਮੋਟਰਾਂ ਤੋਂ 180 ਫੁੱਟ ਕੇਬਲ ਤਾਰ ਚੋਰੀ ਕਰ ਲਈ ਗਈ, ਜਿਸ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਕਾਈ ਪ੍ਰਧਾਨ ਗੁਰਜੰਟ ਸਿੰਘ ਸਹੌਰ, ਕਿਸਾਨ ਆਗੂ ਸੁਖਵਿੰਦਰ ਸਿੰਘ ਸਹੌਰ ਤੇ ਗਗਨਦੀਪ ਸਿੰਘ ਸਹੌਰ ਨੇ ਦੱਸਿਆ ਕਿ ਸਹੌਰ ਤੋਂ ਵਜੀਦਕੇ ਖੁਰਦ ਨੂੰ ਜਾਂਦੀ ਲਿੰਕ ਸੜਕ ਨੇੜਲੇ ਖੇਤਾਂ ਵਿੱਚੋਂ ਗੁਰਜੰਟ ਸਿੰਘ ਦੀ 20 ਫੁੱਟ, ਸਰਪੰਚ ਲਖਬੀਰ ਸਿੰਘ ਦੀ 50 ਫੁੱਟ, ਮਹਿੰਦਰ ਸਿੰਘ ਦੀ 20 ਫੁੱਟ, ਸੁਖਵਿੰਦਰ ਸਿੰਘ ਦੀ 50 ਫੁੱਟ ਅਤੇ ਠਾਕੁਰ ਸਿੰਘ ਦੀ ਮੋਟਰ ਤੋਂ 40 ਫੁੱਟ ਕੇਵਲ ਤਾਰ ਚੋਰੀ ਹੋਈ ਹੈ।ਕਿਸਾਨਾਂ ਨੇ ਕਿਹਾ ਕਿ ਲਗਾਤਾਰ ਹੋ ਰਹੀਆਂ ਚੋਰੀਆਂ ਕਾਰਨ ਉਨ੍ਹਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ ਅਤੇ ਖੇਤੀਬਾੜੀ ਦੇ ਸਾਮਾਨ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਵਧ ਗਈ ਹੈ।ਉਨ੍ਹਾਂ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਰਾਤ ਦੀ ਗਸ਼ਤ ਵਧਾਈ ਜਾਵੇ, ਚੋਰਾਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਚੋਰੀ ਹੋਈਆਂ ਤਾਰਾਂ ਬਰਾਮਦ ਕਰਾਈਆਂ ਜਾਣ।

## ਬਾਬਾ ਫਰੀਦ ਲਾਅ ਕਾਲਜ 'ਚ ਇੰਟਰ-ਕਾਲਜ ਮੂਟ ਕੋਰਟ ਕੰਪੀਟੀਸ਼ਨ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਬਾਬਾ ਫਰੀਦ ਲਾਅ ਕਾਲਜ ਫਰੀਦਕੋਟ ਵੱਲੋਂ ਮਾਨਯੋਗ ਚੇਅਰਮੈਨ ਸਵ. ਸ੍ਰ. ਇੰਦਰਜੀਤ ਸਿੰਘ ਖਾਲਸਾ ਜੀ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸ. ਸਿਮਰਜੀਤ ਸਿੰਘ ਸੇਖੋਂ (ਚੇਅਰਮੈਨ) ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਦੀ ਅਗਵਾਈ ਹੇਠ ਬਾਬਾ ਫਰੀਦ ਲਾਅ ਕਾਲਜ ਵਿੱਚ ਇੰਟਰ-ਕਾਲਜ ਮੂਟ ਕੋਰਟ ਕੰਪੀਟੀਸ਼ਨ ਕਰਵਾਇਆ ਗਿਆ, ਜਿਸ ਵਿੱਚ ਕਾਲਜ ਦੇ ਵਿਦਿਆਰਥੀਆਂ ਦੀਆਂ 17 ਟੀਮਾਂ ਨੇ ਭਾਗ ਲਿਆ।ਇਸ ਮੌਕੇ ਸ. ਸੁਰਿੰਦਰ ਸੱਚਦੇਵਾ (ਡਿਪਟੀ ਜ਼ਿਲ੍ਹਾ ਅਟਾਰਨੀ, ਫਰੀਦਕੋਟ) ਤੇ ਐਡਵੋਕੇਟ ਗੁਰਜਗਪਾਲ ਸਿੰਘ, ਸਾਬਕਾ ਪ੍ਰੈਜ਼ੀਡੈਂਟ, ਜ਼ਿਲ੍ਹਾ ਬਾਰ ਐਸੋਸੀਏਸ਼ਨ ਫਰੀਦਕੋਟ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੁਕਾਬਲੇ ਦੌਰਾਨ ਚਾਰ ਸੈਮੀਫਾਇਨਲ ਟੀਮਾਂ ਵਿੱਚੋਂ ਕੁਆਲੀਫਾਈ ਦੋ ਟੀਮਾਂ ਦਾ ਫਾਇਨਲ ਮੁਕਾਬਲਾ ਹੋਇਆ, ਜਿਸ ਵਿੱਚ ਮੁੱਖ ਮਹਿਮਾਨ ਸ. ਸੁਰਿੰਦਰ ਸੱਚਦੇਵਾ ਤੇ ਐਡਵੋਕੇਟ ਗੁਰਜਗਪਾਲ ਸਿੰਘ ਨੇ ਜੱਜ ਸਾਹਿਬਾਨ ਦੀ ਭੂਮਿਕਾ ਨਿਭਾਈ।ਇਸ ਮੁਕਾਬਲੇ ਵਿੱਚ ਅਰਸ਼ਪ੍ਰੀਤ ਸਿੰਘ, ਗੌਤਮ ਵਿੱਜ ਤੇ ਕ੍ਰਿਸ਼ਨ ਗੋਇਲ ਦੀ ਟੀਮ ਜੇਤੂ ਤੇ ਨਵਨੀਤ ਕੌਰ, ਗੁਰਲੀਨ ਕੌਰ, ਰੀਆ ਸਿੰਗਲਾ ਦੀ ਟੀਮ ਰਨਰ-ਅਪ ਰਹੀ।ਇਸੇ ਤਰ੍ਹਾਂ ਨਵਨੀਤ ਕੌਰ, ਰੀਆ ਸਿੰਗਲਾ ਤੇ ਗੁਰਲੀਨ ਕੌਰ ਦੀ ਟੀਮ ਨੂੰ ਬੈਸਟ ਮੈਮੋਰੀਅਲ, ਗੌਤਮ ਵਿੱਜ ਨੂੰ ਬੈਸਟ ਸਪੀਕਰ ਤੇ ਰਾਜਵਿੰਦਰ ਕੌਰ ਨੂੰ ਬੈਸਟ ਰਿਸਰਚਰ ਦਾ ਅਵਾਰਡ ਦਿੱਤਾ ਗਿਆ।ਪ੍ਰੋਗਰਾਮ ਦੇ ਅੰਤ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਤੇ ਮੁੱਖ ਮਹਿਮਾਨਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ਤੇ ਪ੍ਰਤੀਯੋਗੀਆਂ ਨੂੰ ਸਰਟੀਫਿਕੇਟ ਵੀ ਦਿੱਤੇ ਗਏ। ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਨੇ ਆਏ ਹੋਏ ਮੁੱਖ ਮਹਿਮਾਨ ਦਾ ਕਾਲਜ ਵਿਖੇ ਆਉਣ 'ਤੇ ਧੰਨਵਾਦ ਕੀਤਾ। ਉਨ੍ਹਾਂ ਕਾਲਜ ਦੇ ਅਸਿਸਟੈਂਟ ਪ੍ਰੋਫੈਸਰਾਂ ਮਿਸ ਭਾਵਨਾ, ਮਿਸ ਪਵਨਪ੍ਰੀਤ ਕੌਰ ਤੇ ਸ਼੍ਰੀਮਤੀ ਪਰਵਿੰਦਰ ਕੌਰ ਨੂੰ ਵੀ ਵਧਾਈਆਂ ਦਿੱਤੀਆਂ।ਇਸ ਮੌਕੇ ਡਾ. ਮੋਹਣ ਸਿੰਘ ਸੱਗੂ ਵੀ ਮੌਜੂਦ ਰਹੇ।

## ਭਾਰਤੀ ਯੂਨੀਅਨ ਡਕੌਂਦਾ ਬਲਾਕ ਨਾਭ ਦੀ ਮੀਟਿੰਗ ਹੋਈ



**ਨਾਭਾ (ਅਮਨ ਗਰਗ)**-ਭਾਰਤੀ ਯੂਨੀਅਨ ਡਕੌਂਦਾ ਬਲਾਕ ਨਾਭ ਦੀ ਮੀਟਿੰਗ ਵਿੱਚ ਕਿਸਾਨਾਂ ਨੂੰ ਪੇਸ਼ ਆ ਰਹੀਆਂ ਵੱਖ-ਵੱਖ ਮੁਸ਼ਕਿਲਾ ਬਾਰੇ ਵਿਚਾਰ ਚਰਚਾ ਕੀਤੀ ਗਈ। ਇਸ ਵਿੱਚ ਸਭ ਤੋ ਵੱਡਾ ਮੁੱਦਾ ਜੋ ਸਾਹਮਣੇ ਆਇਆ ਕਿ ਪਰਾਲੀ ਨੂੰ ਅੱਗ ਲਾਉਣ ਕਾਰਨ ਕਿਸਾਨਾਂ ਉਪਰ ਪਰਚੇ ਦਰਜ ਕੀਤੇ ਜਾ ਰਹੇ ਹਨ।ਯੂਨੀਅਨ ਵੱਲੋਂ ਸਰਕਾਰ ਦੀ ਇਸ ਕਾਰਵਾਈ ਦੀ ਸਖਤ ਨਿਖੇਧੀ ਕੀਤੀ ਗਈ ਤੇ ਚਿਤਾਵਨੀ ਦਿੱਤੀ ਗਈ ਕਿ ਜੇਕਰ ਪ੍ਰਸ਼ਾਸਨ ਨੇ ਦਰਜ ਪਰਚੇ ਵਾਪਸ ਨਾ ਲਏ ਤਾਂ ਵੱਡਾ ਸੰਘਰਸ਼ ਕੀਤਾ ਜਾਵੇਗਾ।ਦੂਜਾ ਮੁੱਦਾ ਖਾਦ ਸੁਸਾਇਟੀਆਂ ਨੂੰ ਨਾ ਭੇਜ ਕੇ ਦੁਕਾਨਦਾਰਾਂ ਨੂੰ ਭੇਜਣ ਦਾ ਮਾਮਲਾ ਸਾਹਮਣੇ ਆਇਆ।ਤੀਜਾ ਮੁੱਦਾ ਇਹ ਸਾਹਮਣੇ ਆਇਆ ਕਿ ਝੋਨੇ ਦੇ ਸੀਜ਼ਨ ਵਿੱਚ ਮੰਡੀਆਂ ਵਿੱਚ ਆੜ੍ਹਤੀਆਂ ਵੱਲੋਂ ਨਮੀ ਦੇ ਨਾਂਅ ਉਪਰ ਕਿਸਾਨਾਂ ਦੀ ਲੁੱਟ ਕੀਤੀ ਜਾ ਰਹੀ ਹੈ ਅਤੇ ਤੋਲ ਵਿੱਚ ਹੇਰਾਫੇਰੀ ਕੀਤੀ ਜਾ ਰਹੀ ਹੈ।ਕਿਸਾਨ ਯੂਨੀਅਨ ਡਕੌਂਦਾ ਦੇ ਪ੍ਰਧਾਨ ਨਿਰਮਲ ਸਿੰਘ ਨਰਮਾਣਾ ਵੱਲੋਂ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਗਈ ਕਿ ਇਨ੍ਹਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇ ਨਹੀ ਫਿਰ ਜਥੇਬੰਦੀ ਨੂੰ ਸਰਨਾ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਾ ਪਵੇਗਾ।

## ਜੈ ਪਾਲ ਸਿੰਘ ਟੀ ਐੱਸ ਯੂ ਦੇ ਨਵੇ ਸਕੱਤਰ ਬਣੇ




**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਟੈਕਨੀਕਲ ਸਰਵਿਸਜ ਯੂਨੀਅਨ (ਰਜਿ:49) ਗੁਰੂ ਹਰਗੋਬਿੰਦ ਸਾਹਿਬ ਥਰਮਲ ਪਲਾਂਟ ਦੀ ਮੀਟਿੰਗ ਪ੍ਰਧਾਨ ਅਮਰਜੀਤ ਸਿੰਘ ਮੰਗਲੀ ਦੀ ਪ੍ਰਧਾਨਗੀ ਹੇਠ ਹੋਈ। ਜਥੇਬੰਦੀ ਦੇ ਸਕੱਤਰ ਇੰਜੀ. ਅੰਤਰ ਸਿੰਘ ਲਹਿਰਾ ਮੁਹੱਬਤ (ਜਿਨ੍ਹਾਂ ਦੀ ਕੁੱਝ ਮਹੀਨੇ ਪਹਿਲਾਂ ਦਿਲ ਦਾ ਦੌਰਾ ਪੈਣ ਕਾਰਨ ਅਚਾਨਕ ਮੌਤ ਹੋ ਗਈ ਸੀ) ਦੀ ਥਾਂ 'ਤੇ ਜਥੇਬੰਦੀ ਵੱਲੋਂ ਸਾਰਿਆਂ ਦੀ ਸਹਿਮਤੀ ਨਾਲ ਜੈ ਪਾਲ (ਏ.ਪੀ.ਏ) ਨੂੰ ਨਵਾਂ ਸਕੱਤਰ ਚੁਣ ਲਿਆ ਗਿਆ। ਇਸ ਮੌਕੇ ਜਗਦੀਪ ਸਿੰਘ ਹੰਸ, ਪਿਆਰਾ ਸਿੰਘ ਪ੍ਰਚਾਰ ਸਕੱਤਰ, ਕੈਸ਼ੀਅਰ ਵਰਿੰਦਰ ਸਿੰਘ ਪਵਾਰ, ਵਿਜੇ ਕੁਮਾਰ, ਹਰਪ੍ਰੀਤ ਸਿੰਘ, ਗੁਰਜੰਟ ਸਿੰਘ, ਜ਼ੋਰਾਵਰ ਸਿੰਘ, ਕੁਲਵੰਤ ਸਿੰਘ ਤੇ ਸਤਨਾਮ ਸਿੰਘ ਆਦਿ ਹਾਜ਼ਰ ਸਨ। ਨਵੇਂ ਸਕੱਤਰ ਜੈ ਪਾਲ ਨੇ ਕਾਰਜਕਾਰੀ ਕਮੇਟੀ ਸਮੇਤ ਮੁਲਾਜ਼ਮ ਸਾਥੀਆਂ ਦਾ ਧੰਨਵਾਦ ਕੀਤਾ।

## ਮਾਡਰਨ ਕਾਲਜ ਬੀਰ ਕਲਾਂ ਦਾ ਵਿੱਦਿਅਕ ਤੇ ਧਾਰਮਿਕ ਟੂਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਬੀਰ ਕਲਾਂ ਵੱਲੋਂ ਵਿਦਿਆਰਥੀਆਂ ਲਈ ਦਿਲੀ ਵਿਖੇ ਇੱਕ ਵਿੱਦਿਅਕ ਤੇ ਮਨੋਰੰਜਕ ਟੂਰ ਦਾ ਆਯੋਜਨ ਕੀਤਾ ਗਿਆ। ਇਸ ਟੂਰ ਦੌਰਾਨ ਵਿਦਿਆਰਥੀਆਂ ਨੇ ਦਿੱਲੀ ਦੇ ਇਤਿਹਾਸਕ, ਧਾਰਮਿਕ ਤੇ ਪ੍ਰਸਿੱਧ ਸੈਰ-ਸਪਾਟਾ ਸਥਾਨਾਂ ਦਾ ਦੌਰਾ ਕੀਤਾ।ਟੂਰ ਦੌਰਾਨ ਵਿਦਿਆਰਥੀਆਂ ਨੂੰ ਇੰਡੀਆ ਗੇਟ, ਗੁਰਦੁਆਰਾ ਸੀਸ ਗੰਜ ਸਾਹਿਬ, ਗੁਰਦੁਆਰਾ ਬੰਗਲਾ ਸਾਹਿਬ, ਅਕਸ਼ਰਧਾਮ ਮੰਦਰ, ਕੁਤਬ ਮੀਨਾਰ ਅਤੇ ਲਾਲ ਕਿਲ੍ਹਾ ਆਦਿ ਮਹੱਤਵਪੂਰਨ ਸਥਾਨਾਂ ਤੇ ਲਿਜਾਇਆ ਗਿਆ।ਵਿਦਿਆਰਥੀਆਂ ਨੇ ਇਨ੍ਹਾਂ ਸਥਾਨਾਂ ਦੀ ਇਤਿਹਾਸਕ, ਧਾਰਮਿਕ ਤੇ ਸੱਭਿਆਚਾਰਕ ਮਹੱਤਤਾ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਟੂਰ ਦਾ ਭਰਪੂਰ ਆਨੰਦ ਮਾਣਿਆ।ਇਸ ਮੌਕੇ ਵਿਦਿਆਰਥੀਆਂ ਨੇ ਆਪਸੀ ਮਿਲਵਰਤਣ, ਸਾਂਝ ਅਤੇ ਅਨੁਸ਼ਾਸਨ ਦਾ ਪ੍ਰਦਰਸ਼ਨ ਕਰਦੇ ਹੋਏ ਟੂਰ ਨੂੰ ਯਾਦਗਾਰ ਬਣਾਇਆ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਇਤਿਹਾਸਕ ਸਥਾਨਾਂ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਵੀ ਦਿੱਤੀ।ਕਾਲਜ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਵਿੱਦਿਅਕ ਟੂਰ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਦੇਸ਼ ਦੀ ਇਤਿਹਾਸਕ ਤੇ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

## ਭਲਕੇ ਅੰਮ੍ਰਿਤਸਰ ਵਿੱਚ ਹੋ ਰਹੀ 'ਯੂਥ ਰਨ' 'ਚ ਵਧ ਚੜ੍ਹਕੇ ਪਹੁੰਚਿਆ ਜਾਵੇ : ਧਾਲੀਵਾਲ



**ਅੰਮ੍ਰਿਤਸਰ :** ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਅਤੇ ਖੇਡ ਸਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ 'ਯੁੱਧ ਨਸ਼ਿਆਂ ਦੇ ਵਿਰੁੱਧ' ਮੁਹਿੰਮ ਤਹਿਤ 11 ਅਕਤੂਬਰ ਨੂੰ ਅੰਮ੍ਰਿਤਸਰ ਵਿੱਚ ਇੱਕ ਵਿਸ਼ਾਲ ਯੂਥ ਰਨ ਦਾ ਆਯੋਜਨ ਕੀਤਾ ਜਾ ਰਿਹਾ ਹੈ।ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਵਾਸੀਆਂ, ਵਿਸ਼ੇਸ਼ ਕਰਕੇ ਨੌਜਵਾਨਾਂ ਨੂੰ ਇਸ ਦੌੜ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ।ਸ਼ੁਕਰਵਾਰ ਨੂੰ ਪਾਰਟੀ ਆਗੂ ਗੁਰਪ੍ਰਤਾਪ ਸਿੰਘ ਸੰਧੂ ਨਾਲ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਦੱਸਿਆ ਕਿ ਸਾਡੀ ਸਰਕਾਰ ਨੇ ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਬਣਾਉਣ ਲਈ ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਸ਼ੁਰੂ ਕੀਤੀ ਹੈ।ਇਸੇ ਦੇ ਹਿੱਸੇ ਵਜੋਂ ਪਹਿਲਾਂ ਮੋਹਾਲੀ, ਬਠਿੰਡਾ ਅਤੇ ਜਲੰਧਰ ਵਿੱਚ ਹਜ਼ਾਰਾਂ ਨੌਜਵਾਨਾਂ ਦੀ ਮੈਰਾਥਨ ਕਰਵਾਈ ਜਾ ਚੁੱਕੀ ਹੈ।ਧਾਲੀਵਾਲ ਨੇ ਅੰਮ੍ਰਿਤਸਰ ਅਤੇ ਆਸ-ਪਾਸ ਦੇ ਸਾਰੇ ਨਾਗਰਿਕਾਂ ਅਤੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ 11 ਤਾਰੀਕ ਨੂੰ ਸਵੇਰੇ 6 ਵਜੇ ਰਣਜੀਤ ਐਵੇਨਿਊ ਪਹੁੰਚ ਕੇ ਇਸ ਦੌੜ ਦਾ ਹਿੱਸਾ ਬਣਨ ਅਤੇ ਰੰਗਲਾ ਤੇ ਨਸ਼ਾ-ਮੁਕਤ ਪੰਜਾਬ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

## 'ਹੱਲਾ ਬੋਲ' ਰੈਲੀ ਅੱਜ, ਮੁਲਾਜ਼ਮ ਤੇ ਪੈਨਸ਼ਨਰ ਕਰਨਗੇ ਵੱਡੇ ਕਾਫ਼ਲਿਆਂ ਨਾਲ ਸ਼ਮੂਲੀਅਤ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਾਂਝੀ ਤਾਲਮੇਲ ਕਮੇਟੀ ਬਲਾਕ ਮਹਿਲ ਕਲਾਂ ਦੀ ਅਹਿਮ ਮੀਟਿੰਗ ਹੋਈ, ਜਿਸ ਵਿੱਚ 10 ਅਕਤੂਬਰ ਨੂੰ ਸੰਗਰੂਰ ਵਿਖੇ ਪੰਜਾਬ ਸਰਕਾਰ ਖ਼ਿਲਾਫ਼ ਹੋਣ ਵਾਲੀ 'ਹੱਲਾ ਬੋਲ' ਰੈਲੀ ਦੀਆਂ ਤਿਆਰੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਆਗੂਆਂ ਨੇ ਦੱਸਿਆ ਕਿ ਮਹਿਲ ਕਲਾਂ ਬਲਾਕ ਤੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਵੱਡੇ ਕਾਫ਼ਲੇ ਰੈਲੀ ਵਿੱਚ ਸ਼ਮੂਲੀਅਤ ਕਰਨਗੇ ਅਤੇ ਇਸ ਸਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਮੀਟਿੰਗ ਦੌਰਾਨ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਪਿਛਲੀਆਂ ਸਰਕਾਰਾਂ ਵੱਲੋਂ ਮੰਨੀਆਂ ਮੰਗਾਂ ਲਾਗੂ ਕਰਾਉਣ ਅਤੇ ਤਨਖਾਹਾਂ ਤੇ ਭੱਤਿਆਂ ਨਾਲ ਸਬੰਧਤ ਮਸਲੇ ਹੱਲ ਕਰਨ ਦੀ ਮੰਗ ਕੀਤੀ ਗਈ।ਅਧਿਆਪਕ ਫਰੰਟ ਦੇ ਆਗੂ ਦਲਜਿੰਦਰ ਸਿੰਘ ਪੰਡੋਰੀ ਨੇ ਕਿਹਾ ਕਿ ਸਰਕਾਰ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਚਾਹੀਦਾ ਹੈ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਮੰਗਾਂ ਨਾ ਮੰਨਣ ਦੀ ਸੂਰਤ ਵਿੱਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਅਧਿਆਪਕ ਫਰੰਟ ਦੇ ਆਗੂ ਦਲਜਿੰਦਰ ਸਿੰਘ ਪੰਡੋਰੀ, ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਦੇ ਇੰਜਨੀਅਰ ਪ੍ਰਧਾਨ ਕੇਵਲ ਸਿੰਘ ਧਾਲੀਵਾਲ, ਸੁਖਦੇਵ ਸਿੰਘ ਜਲੂਰ, ਡੀ.ਟੀ.ਐੱਫ. ਦੇ ਆਗੂ ਚੌਹਾਨ ਕੇ., ਇੰਜਨੀਅਰ ਕੁਲਵੀਰ ਸਿੰਘ ਠੀਕਰੀਵਾਲ, ਮਾਸਟਰ ਦਰਸ਼ਨ ਸਿੰਘ ਪੰਡੋਰੀ, ਏਟਕ ਆਗੂ ਸੂਰਤ ਰਾਮ ਸਿੰਘ ਗੁਰਮ, ਬਿੱਕਰ ਸਿੰਘ ਪਾਰਸ ਮਹਿਲ ਕਲਾਂ ਤੇ ਮਨਦੀਪ ਸਿੰਘ ਸਮੇਤ ਵੱਖ-ਵੱਖ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

## ਸ਼੍ਰੀ ਸ਼ਿਵ ਰਾਮਲੀਲਾ ਕਲੱਬ ਗੀਤਾ ਭਵਨ ਵੱਲੋਂ ਸ਼੍ਰੀ ਰਾਮਲੀਲਾ ਦੇ ਮੰਚਨ ਦਾ ਆਗਾਜ਼



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਧਾਰਮਿਕ ਆਸਥਾ, ਭਾਰਤੀ ਸੰਸਕ੍ਰਿਤੀ ਤੇ ਸਨਾਤਨ ਪ੍ਰੰਪਰਾਵਾਂ ਨੂੰ ਸਮਰਪਤ ਸ਼੍ਰੀ ਸ਼ਿਵ ਰਾਮਲੀਲਾ ਕਲੱਬ ਗੀਤਾ ਭਵਨ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਭਗਵਾਨ ਸ਼੍ਰੀ ਰਾਮ ਚੰਦਰ ਦੇ ਜੀਵਨ 'ਤੇ ਆਧਾਰਿਤ ਸ਼੍ਰੀ ਰਾਮਲੀਲਾ ਦੇ ਮੰਚਨ ਦੀ ਸ਼ਰਧਾਪੂਰਵਕ ਸ਼ੁਰੂਆਤ ਕੀਤੀ ਗਈ।ਅਗਰਰਤਨ ਵੇਦ ਪ੍ਰਕਾਸ਼ ਹੋਡਲਾ ਨੇ ਰਿਬਨ ਕੱਟ ਕੇ ਰਾਮਲੀਲਾ ਦਾ ਉਦਘਾਟਨ ਕਰਕੇ ਸ਼੍ਰੀ ਰਾਮਲੀਲਾ ਦਾ ਆਗਾਜ਼ ਕੀਤਾ ਗਿਆ।ਕਲੱਬ ਅਹੁਦੇਦਾਰਾਂ ਸੁਰੇਸ਼ ਕੁਮਾਰ ਸ਼ਸ਼ੀ, ਸੁਰੇਸ਼ ਬਾਂਸਲ ਤੇ ਰਾਕੇਸ਼ ਕੁਮਾਰ ਕਾਕਾ ਤੇ ਰਾਮਲੀਲਾ ਵਿੱਚ ਭੂਮਿਕਾਵਾਂ ਨਿਭਾਉਣ ਵਾਲੇ ਕਲਾਕਾਰਾਂ ਨੇ ਕਿਹਾ ਕਿ ਸ਼੍ਰੀ ਸ਼ਿਵ ਰਾਮਲੀਲਾ ਕਲੱਬ ਗੀਤਾ ਭਵਨ ਵੱਲੋਂ ਹਰ ਸਾਲ ਪੂਰੀ ਪਵਿੱਤਰਤਾ, ਸ਼ਰਧਾ ਤੇ ਸਮਰਪਣ ਭਾਵਨਾ ਨਾਲ ਭਗਵਾਨ ਸ਼੍ਰੀ ਰਾਮ ਚੰਦਰ ਜੀ ਦੇ ਜੀਵਨ ਨਾਲ ਸਬੰਧਤ ਪ੍ਰਸੰਗਾਂ ਨੂੰ ਮੰਚਿਤ ਕੀਤਾ ਜਾਂਦਾ ਹੈ।ਇਸ ਪਰੰਪਰਾ ਦਾ ਮਕਸਦ ਲੋਕਾਂ ਨੂੰ ਭਗਵਾਨ ਸ਼੍ਰੀ ਰਾਮ ਜੀ ਦੇ ਜੀਵਨ, ਉਨ੍ਹਾਂ ਦੀ ਮਰਿਆਦਾ, ਸੱਚਾਈ, ਧਰਮ ਪ੍ਰਤੀ ਨਿਸ਼ਠਾ ਤੇ ਫਰਜ਼ਾਂ ਦੀ ਪਾਲਣਾ ਵਰਗੇ ਉੱਚ ਆਦਰਸ਼ਾਂ ਤੋਂ ਜਾਣੂ ਕਰਾਉਣਾ ਹੈ।ਉਨ੍ਹਾਂ ਕਿਹਾ ਕਿ ਭਗਵਾਨ ਸ਼੍ਰੀ ਰਾਮ ਚੰਦਰ ਜੀ ਦਾ ਜੀਵਨ ਮਨੁੱਖਤਾ ਲਈ ਪ੍ਰੇਰਨਾ ਦਾ ਸਰੋਤ ਹੈ।ਉਨ੍ਹਾਂ ਦੇ ਜੀਵਨ ਤੋਂ ਸਾਨੂੰ ਮਾਤਾ-ਪਿਤਾ ਦਾ ਸਤਿਕਾਰ ਕਰਨ, ਪਰਵਾਰਕ ਰਿਸ਼ਤਿਆਂ ਦੀ ਮਰਿਆਦਾ ਕਾਇਮ ਰੱਖਣ, ਸੱਚਾਈ ਦੇ ਰਸਤੇ 'ਤੇ ਚੱਲਣ ਤੇ ਬੁਰਾਈ ਉੱਤੇ ਨੇਕੀ ਦੀ ਜਿੱਤ ਦਾ ਸੰਦੇਸ਼ ਮਿਲਦਾ ਹੈ।

## ਕੇਂਦਰੀ ਜੇਲ੍ਹ 'ਚ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਕੈਦੀਆਂ ਨਾਲ ਕੀਤੀ ਮੁਲਾਕਾਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਤੇ ਸੈਸ਼ਨ ਜੱਜ, ਪਟਿਆਲਾ ਸ਼੍ਰੀ ਅਵਤਾਰ ਸਿੰਘ ਨੇ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅਮਨਦੀਪ ਕੰਬੋਜ ਪਟਿਆਲਾ ਨਾਲ ਸੈਂਟਰਲ ਜੇਲ੍ਹ, ਦਾ ਦੌਰਾ ਕੀਤਾ।ਜ਼ਿਲ੍ਹਾ ਤੇ ਸੈਸ਼ਨ ਜੱਜ, ਪਟਿਆਲਾ, ਸ਼੍ਰੀ ਅਵਤਾਰ ਸਿੰਘ ਨੇ ਨਿੱਜੀ ਤੌਰ ਤੇ ਹਰੇਕ ਬੈਰਕ ਦਾ ਦੌਰਾ ਕੀਤਾ।ਕੈਦੀਆਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਹੱਲ ਕਰਨ ਦੀ ਕੋਸ਼ਿਸ਼ ਵਜੋਂ ਮਾਣਯੋਗ ਜੱਜ ਸਾਹਿਬਾਨ ਨੇ ਉਨ੍ਹਾਂ ਨਾਲ ਖਾਸ ਕਰਕੇ ਉਹਨਾਂ ਦੀ ਪੇਸ਼ਾਵਰ ਟ੍ਰੇਨਿੰਗ ਤੇ ਪੁਨਰਵਾਸ ਬਾਰੇ ਸਾਰਥਕ ਗੱਲਬਾਤ ਕੀਤੀ।ਕੈਦੀਆਂ ਦੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਕੈਦੀਆਂ ਲਈ ਢੁੱਕਵੀਆਂ ਸਿਹਤ ਤੇ ਡਾਕਟਰੀ ਸਹੂਲਤਾਂ ਨੂੰ ਯਕੀਨੀ ਬਣਾਉਣ ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।ਇਸ ਸੰਬੰਧੀ ਜੇਲ੍ਹ ਅਧਿਕਾਰੀਆਂ ਅਤੇ ਸਟਾਫ ਨੂੰ ਜ਼ਰੂਰੀ ਹਦਾਇਤਾਂ ਵੀ ਦਿੱਤੀਆਂ ਗਈਆਂ। ਇਸ ਮੌਕੇ ਚੀਫ ਜੁਡੀਸ਼ੀਅਲ ਮੈਜਿਸਟਰੇਟ ਕਮ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਮੈਡਮ ਅਮਨਦੀਪ ਕੰਬੋਜ ਨੇ ਲੋੜਵੰਦਾਂ ਲਈ ਮੁਫ਼ਤ ਕਾਨੂੰਨੀ ਸਹਾਇਤਾ ਦੀ ਉਪਲਬਧਤਾ ਤੇ ਵੀ ਚਾਨਣਾ ਪਾਇਆ।

## ਬਿਜਲੀ ਸੰਬੰਧੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ : ਕੌਂਸਲਰ



**ਕੋਟ ਈਸੇ ਖਾਂ (ਅਰੋੜਾ)**-ਵਾਰਡ ਵਾਸੀਆਂ ਨੂੰ ਬਿਜਲੀ ਸਪਲਾਈ ਸਬੰਧੀ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਦਿਵਾਉਣ ਲਈ ਵਾਰਡ ਨੰਬਰ ਸੱਤ ਤੋਂ ਕੌਂਸਲਰ ਸੁਖਨਜੀਤ ਕੌਰ ਟੱਕਰ ਦੇ ਯਤਨਾਂ ਸਦਕਾ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਵਾਰਡ ਵਿੱਚ 100 ਕਿਲੋਵਾਟ ਦੀ ਥਾਂ 200 ਕਿਲੋਵਾਟ ਦਾ ਟਰਾਂਸਫਾਰਮਰ ਰਖਾਇਆ ਗਿਆ ਹੈ। ਕੌਂਸਲਰ ਦੇ ਪਤੀ ਅਮਨ ਟੱਕਰ ਨੇ ਦੱਸਿਆ ਕਿ ਵਾਰਡ ਵਿੱਚ ਪਹਿਲਾਂ ਘੱਟ ਸਮਰੱਥਾ ਵਾਲੇ ਟਰਾਂਸਫਾਰਮਰ ਕਾਰਨ ਬਿਜਲੀ ਦੇ ਲੋਡ ਸਬੰਧੀ ਮੁਸ਼ਕਲਾਂ ਆਉਂਦੀਆਂ ਸਨ, ਜਿਸ ਨੂੰ ਧਿਆਨ ਵਿੱਚ ਰੱਖਦਿਆਂ ਵੱਧ ਸਮਰੱਥਾ ਵਾਲਾ ਟਰਾਂਸਫਾਰਮਰ ਲਵਾਇਆ ਗਿਆ ਹੈ, ਜਿਸ ਨਾਲ ਬਿਜਲੀ ਸਪਲਾਈ ਦੀ ਸਮੱਸਿਆ ਨੂੰ ਦੂਰ ਕਰਨ ਵਿੱਚ ਮਦਦ ਮਿਲੇਗੀ ਅਤੇ ਲੋਕਾਂ ਨੂੰ ਕਾਫ਼ੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਦਾ ਹੱਲ ਕਰਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਲਾਡੀ ਡੋਸ ਦੇ ਯਤਨਾ ਸਦਕਾ ਵਾਰਡ ਵਾਸੀਆਂ ਨੂੰ ਕੋਈ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਵਾਰਡ ਵਿੱਚ ਸਾਰੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਾਈਆਂ ਜਾਣਗੀਆਂ।

## ਅਥਲੈਟਿਕਸ ਮੁਕਾਬਲਿਆਂ 'ਚ ਸੰਤ ਕਬੀਰ ਸਕੂਲ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸਪੋਰਟਸ ਸਕੂਲ ਘੁੱਦਾ ਵਿਖੇ ਕਰਾਏ ਗਏ ਜ਼ਿਲ੍ਹਾ ਪੱਧਰੀ ਐਥਲੈਟਿਕਸ ਮੁਕਾਬਲਿਆਂ ਵਿੱਚ ਸੰਤ ਕਬੀਰ ਕਾਨਵੈਂਟ ਸਕੂਲ ਭੁੱਚੋ ਖੁਰਦ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਤਮਗੇ ਹਾਸਲ ਕੀਤੇ। ਅੰਡਰ-14 ਵਰਗ ਵਿੱਚ ਸਕੂਲ ਦੇ ਵਿਦਿਆਰਥੀ ਮਾਧਵ ਨੇ ਲੌਂਗ ਜੰਪ ਤੇ 200 ਮੀਟਰ ਦੌੜ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋਵੇਂ ਮੁਕਾਬਲਿਆਂ ਵਿੱਚ ਸੋਨੇ ਦੇ ਤਮਗੇ ਜਿੱਤੇ। ਅੰਡਰ-17 ਵਰਗ 'ਚ ਸਿਧਾਰਥ ਨੇ ਡਿਸਕਸ ਥਰੋ ਵਿੱਚ ਸੋਨੇ ਦਾ ਤਮਗਾ ਅਤੇ ਸ਼ਾਟਪੁੱਟ 'ਚ ਕਾਂਸੀ ਦਾ ਤਮਗਾ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਸਕੂਲ ਦੇ ਐਮ. ਡੀ. ਪ੍ਰੋਫੈਸਰ ਐਮ. ਐਲ. ਅਰੋੜਾ, ਡਾਇਰੈਕਟਰ ਡਾ. ਨੰਦੀਤਾ ਗਰੋਵਰ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਖੇਡਾਂ ਦਾ ਜੀਵਨ ਵਿੱਚ ਬਹੁਤ ਮਹੱਤਵ ਹੈ। ਖੇਡਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੀ ਕਾਰਜਸ਼ੀਲਤਾ ਨੂੰ ਦੁੱਗਣਾ ਕਰਦੀਆਂ ਹਨ। ਇੱਕ ਮਜ਼ਬੂਤ ??ਰਾਸ਼ਟਰ ਲਈ ਨੌਜਵਾਨਾਂ ਨੂੰ ਮਾਨਸਿਕ, ਸਰੀਰਕ ਤੇ ਅਧਿਆਤਮਿਕ ਤੌਰ 'ਤੇ ਕਾਮਯਾਬ ਬਣਾਉਣ ਵਿੱਚ ਖੇਡਾਂ ਬਹੁਤ ਵੱਡੀ ਭੂਮਿਕਾ ਨਿਭਾਉਂਦੀਆਂ ਹਨ।

## 50 ਅਕਾਲੀ ਪਰਵਾਰ ਭਾਜਪਾ 'ਚ ਸ਼ਾਮਲ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿੰਡ ਮਾਣੂੰਕੇ ਗਿੱਲ ਵਿਖੇ ਸ਼੍ਰੋਮਣੀ ਅਕਾਲੀ ਦਲ ਬਾਦਲ ਨਾਲ ਸਬੰਧਤ ਕਰੀਬ 50 ਪਰਵਾਰਾਂ ਦੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਮੌਜੂਦਾ ਪੰਚਾਇਤ ਮੈਂਬਰ ਹਰਿ ਰਾਮ ਸਿੰਘ ਤੇ ਸਾਬਕਾ ਪੰਚਾਇਤ ਮੈਂਬਰ ਬਲਵਿੰਦਰ ਕੌਰ ਆਪਣੇ ਸਾਥੀਆਂ ਤੇ ਕਰੀਬ 50 ਪਰਵਾਰਾਂ ਸਮੇਤ ਭਾਜਪਾ ਦੇ ਸੀਨੀਅਰ ਆਗੂ ਹਰਿੰਦਰ ਸਿੰਘ ਸੇਖੋਂ ਦੀ ਅਗਵਾਈ ਹੇਠ ਭਾਜਪਾ ਵਿੱਚ ਸ਼ਾਮਲ ਹੋਏ।ਭਾਜਪਾ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਗੁਰਮੀਤ ਕੌਰ, ਸੁਖਚੈਨ ਸਿੰਘ, ਵੀਰਪਾਲ ਕੌਰ, ਕੁਲਵੰਤ ਕੌਰ, ਕਿਰਨਜੀਤ ਕੌਰ, ਜਸਪਾਲ ਸਿੰਘ, ਬਲਜੀਤ ਕੌਰ, ਸਰਬਜੀਤ ਕੌਰ, ਸੰਦੀਪ ਕੌਰ, ਅਮਰਜੀਤ ਕੌਰ, ਕਰਮਜੀਤ ਕੌਰ, ਸੁਖਪ੍ਰੀਤ ਕੌਰ, ਮਨਜੀਤ ਕੌਰ, ਜਸਪ੍ਰੀਤ ਕੌਰ, ਪਰਮਜੀਤ ਕੌਰ, ਅਮਨਦੀਪ ਕੌਰ, ਸੁਰਜੀਤ ਕੌਰ, ਜਸਪਾਲ ਕੌਰ, ਕਮਲਜੀਤ ਕੌਰ, ਬਲਵੀਰ ਕੌਰ, ਸਵਰਨ ਕੌਰ, ਬਲਜਿੰਦਰ ਕੌਰ, ਕੁਲਵੰਤ ਸਿੰਘ, ਮਨਪ੍ਰੀਤ ਕੌਰ, ਜਸਵੀਰ ਕੌਰ, ਜਸਵਿੰਦਰ ਕੌਰ, ਭਜਨ ਕੌਰ, ਸਿਮਰਜੀਤ ਕੌਰ, ਬਲਵਿੰਦਰ ਕੌਰ, ਕੁਲਵਿੰਦਰ ਕੌਰ, ਕੁਲਦੀਪ ਕੌਰ, ਰਣਜੀਤ ਕੌਰ, ਗੁਰਦੀਪ ਕੌਰ, ਗੁਰਦੇਵ ਕੌਰ, ਜੋਤੀ ਕੌਰ ਤੇ ਮਨਦੀਪ ਕੌਰ ਸਮੇਤ ਹੋਰ ਪਰਵਾਰ ਸ਼ਾਮਲ ਸਨ।ਇਸ ਮੌਕੇ ਹਰਿੰਦਰ ਸਿੰਘ ਸੇਖੋਂ ਦੀ ਟੀਮ ਦੇ ਮੈਂਬਰ ਅਤੇ ਭਾਜਪਾ ਆਗੂ ਭੋਲਾ ਸਿੰਘ ਧਾਲੀਵਾਲ ਵੀ ਹਾਜ਼ਰ ਸਨ।ਭਾਜਪਾ ਆਗੂ ਹਰਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਪਿੰਡ ਮਾਣੂੰਕੇ ਗਿੱਲ ਵਿਖੇ ਵੱਡੀ ਗਿਣਤੀ ਵਿੱਚ ਪਰਵਾਰਾਂ ਦਾ ਭਾਜਪਾ 'ਚ ਸ਼ਾਮਲ ਹੋਣਾ ਪਾਰਟੀ ਦੀਆਂ ਨੀਤੀਆਂ ਪ੍ਰਤੀ ਉਨ੍ਹਾਂ ਦੇ ਭਰੋਸੇ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਪੰਜਾਬ ਵਿੱਚ ਆਪਣਾ ਜਥੇਬੰਦਕ ਆਧਾਰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

# ਸਫਾ 1 ਦੇ ਬਾਕੀ...

### ਦੇਸ਼ ਭਗਤ ਯਾਦਗਾਰ ਕਮੇਟੀ...

ਇਸੇ ਕਰਕੇ ਅੱਜ ਕਰੋੜਾਂ ਲੋਕ ਸੜਕਾਂ 'ਤੇ ਆ ਚੁੱਕੇ ਹਨ ਤੇ 10 ਅਕਤੂਬਰ ਨੂੰ ਦੇਸ਼ ਦੇ ਨੌਜਵਾਨਾਂ ਦੀ ਅਗਵਾਈ ਵਿੱਚ ਦਿੱਲੀ ਦੀਆਂ ਸੜਕਾਂ 'ਤੇ ਕ੍ਰਾਂਤੀਕਾਰੀ ਇਤਿਹਾਸ ਸਿਰਜਿਆ ਜਾਵੇਗਾ। ਕਮੇਟੀ ਨੇ ਦੇਸ਼ ਭਰ ਦੇ ਨੌਜਵਾਨਾਂ ਅਤੇ ਸਭ ਦੇਸ਼ ਹਿਤੈਸ਼ੀ ਅਵਾਮ ਨੂੰ ਇਸ ਪ੍ਰਦਰਸ਼ਨ ਵਿੱਚ ਵਧ-ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

### ਪਾਸ਼-ਹੰਸਰਾਜ ਯਾਦਗਾਰੀ ਕੰਪਲੈਕਸ...

ਮੱਖਣ ਕੁਹਾੜ ਕੇਂਦਰੀ ਪੰਜਾਬੀ ਲੇਖਕ ਸਭਾ, ਜੋਗਿੰਦਰ ਸਿੰਘ ਉਗਰਾਹਾਂ ਸੂਬਾ ਪ੍ਰਧਾਨ ਬੀ ਕੇ ਯੂ ਏਕਤਾ ਉਗਰਾਹਾਂ, ਜ਼ੋਰਾ ਸਿੰਘ ਨਸਰਾਲੀ ਪੰਜਾਬ ਖੇਤ ਮਜ਼ਦੂਰ ਯੂਨੀਅਨ, ਪ੍ਰਿਤਪਾਲ ਸਿੰਘ ਜਮਹੂਰੀ ਅਧਿਕਾਰ ਸਭਾ ਪੰਜਾਬ, ਡਾ. ਪਰਮਿੰਦਰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ, ਅਮੋਲਕ ਸਿੰਘ ਅਵਤਾਰ ਪਾਸ਼ ਯਾਦਗਾਰੀ ਟਰੱਸਟ ਅਤੇ ਗੁਰਸ਼ਰਨ ਲੋਕ ਕਲਾ ਸਲਾਮ ਕਾਫ਼ਲਾ, ਕੰਵਲਜੀਤ ਖੰਨਾ ਪਲਸ ਮੰਚ ਦੇ ਜਨਰਲ ਸਕੱਤਰ, ਜਗੀਰ ਜੋਸਣ ਪਾਸ਼ ਯਾਦਗਾਰੀ ਕੌਮਾਂਤਰੀ ਟ੍ਰਸਟ, ਰਾਜਿੰਦਰ ਭਦੌੜ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਆਗੂ, ਦਰਸ਼ਨ ਨਾਹਰ ਦਿਹਾਤੀ ਮਜ਼ਦੂਰ ਸਭਾ, ਰਾਜਿੰਦਰ ਸਿੰਘ ਬੀ ਕੇ ਯੂ ਏਕਤਾ ਡਕੌਂਦਾ ਧਨੇਰ, ਕਸ਼ਮੀਰ ਸਿੰਘ ਘੁੱਗਸ਼ੋਰ ਪੇਂਡੂ ਮਜ਼ਦੂਰ ਯੂਨੀਅਨ, ਦਿਲਬਾਗ ਸਿੰਘ ਜ਼ੀਰਾ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ, ਕਮਲਜੀਤ ਕੌਰ ਬਰਨਾਲਾ ਕਿਸਾਨ ਔਰਤ ਵਿੰਗ ਦੇ ਆਗੂ, ਬੀ ਕੇ ਯੂ ਉਗਰਾਹਾਂ, ਸੰਤੋਖ ਸਿੰਘ ਸੰਧੂ ਕਿਰਤੀ ਕਿਸਾਨ ਯੂਨੀਅਨ, ਮਨੋਹਰ ਸਿੰਘ ਗਿੱਲ ਜਮਹੂਰੀ ਕਿਸਾਨ ਸਭਾ, ਹਰਮੇਸ਼ ਮਾਲੜੀ ਪਾਸ਼-ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ, ਬੂਟਾ ਸਿੰਘ ਮਹਿਮੂਦਪੁਰ ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਤੇ ਸੁਖਦੇਵ ਸਿੰਘ ਭੂੰਦੜੀ ਪੇਂਡੂ ਮਜ਼ਦੂਰ ਯੂਨੀਅਨ ਮਸ਼ਾਲ ਨੇ ਸੰਬੋਧਨ ਕੀਤਾ। ਇਸ ਮੌਕੇ ਗਿਆਨ ਸਿੰਘ ਸੈਦਪੁਰੀ ਪੰਜਾਬ ਖੇਤ ਮਜ਼ਦੂਰ ਸਭਾ, ਐਡਵੋਕੇਟ ਸੁਰਿੰਦਰ ਖੀਵਾ, ਉੱਘੇ ਲੇਖਕ ਸੁਸ਼ੀਲ ਦੁਸਾਂਝ, ਦਰਸ਼ਨ ਸਿੰਘ ਬੁੱਟਰ, ਰਮੇਸ਼ ਬਾਲੀ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ, ਹਰਜਿੰਦਰ ਸਿੰਘ ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ, ਅਵਤਾਰ ਲਾਲ ਡੀ ਟੀ ਐੱਫ, ਸੁਰਿੰਦਰ ਪ੍ਰੀਤ ਘਣੀਆ, ਦੇਸ਼ ਭਗਤ ਯਾਦਗਾਰ ਹਾਲ ਦੀ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ ਸਮੇਤ ਸੈਂਕੜੇ ਲੋਕ ਆਗੂ ਹਾਜ਼ਰ ਸਨ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਲਛਮਣ ਸਿੰਘ ਸੇਵੇਵਾਲਾ ਵੱਲੋਂ ਬਾਖੂਬੀ ਨਿਭਾਈ ਗਈ।ਇਕੱਠ ਵਿੱਚ ਧਰਮਿੰਦਰ ਮਸਾਣੀ, ਸੇਵਾ ਸਿੰਘ, ਗੁਰਦੇਵ ਹਠੂਰ ਦੇ ਗਾਏ ਇਨਕਲਾਬੀ ਗੀਤਾਂ ਤੇ ਹਰਕੇਸ਼ ਚੌਧਰੀ ਵਲੋਂ ਹਰਮੇਸ਼ ਮਾਲੜੀ ਦੀ ਲਿਖੀ ਹੋਈ ਕਵਿਤਾ ਦੀ ਪੇਸ਼ਕਾਰੀ ਨੇ ਜੋਸ਼ ਭਰ ਦਿੱਤਾ।

### ਏਸ਼ੀਅਨ ਹਾਕੀ ਚੈਂਪੀਅਨਜ਼...

ਸਮਾਗਮ ਪੰਜਾਬ ਦੇ ਖੇਡ ਇਤਿਹਾਸ ਵਿੱਚ ਨਵਾਂ ਮੀਲ ਪੱਥਰ ਸਥਾਪਤ ਕਰੇ।ਮੁੱਖ ਮੰਤਰੀ ਨੇ ਦੱਸਿਆ ਕਿ ਟੂਰਨਾਮੈਂਟ ਦਾ ਉਦਘਾਟਨੀ ਸਮਾਰੋਹ 27 ਅਕਤੂਬਰ ਨੂੰ ਜਲੰਧਰ ਵਿਖੇ ਹੋਵੇਗਾ ਜਦੋਂ ਕਿ ਮੈਚ 27 ਅਕਤੂਬਰ ਤੋਂ 5 ਨਵੰਬਰ ਤੱਕ ਖੇਡੇ ਜਾਣਗੇ।ਉਨ੍ਹਾਂ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਤਿਆਰੀਆਂ ਸਮੇਂ ਤੋਂ ਪਹਿਲਾਂ ਮੁਕੰਮਲ ਕਰਨ ਅਤੇ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਚੈਂਪੀਅਨਸ਼ਿਪ ਦਾ ਆਯੋਜਨ ਵੱਡੇ ਅੰਤਰਰਾਸ਼ਟਰੀ ਖੇਡ ਸਮਾਗਮ ਦੇ ਨਿਯਮਾਂ ਅਤੇ ਪੇਸ਼ੇਵਰ ਪਹੁੰਚ ਨਾਲ ਕੀਤਾ ਜਾਵੇ।

### ਜਲੰਧਰ ਦੀ ਕੁੜੀ 'ਤੇ ...

ਨਾਰਾਇਣ ਡੀ.ਏ.ਵੀ. ਮਾਡਲ ਸਕੂਲ ਦੀ ਅੱਠਵੀਂ ਜਮਾਤ ਦੀ ਵਿਦਿਆਰਥਣ ਕੁਸੁਮ ਟਿਊਸ਼ਨ ਪੜ੍ਹ ਕੇ ਘਰ ਪਰਤ ਰਹੀ ਸੀ ਜਦੋਂ ਦੋ ਨੌਜਵਾਨਾਂ ਨੇ ਉਸ ਦਾ ਮੋਬਾਈਲ ਖੋਹਣ ਦੀ ਕੋਸ਼ਿਸ਼ ਕੀਤੀ।

ਕੁਸੁਮ ਨੇ ਬਹਾਦਰੀ ਦਿਖਾਉਂਦਿਆਂ ਲੁਟੇਰੇ ਦਾ ਪਿੱਛਾ ਕੀਤਾ ਅਤੇ ਉਸ ਦੀ ਕਮੀਜ਼ ਫੜ ਲਈ। ਇਸ ਦੌਰਾਨ ਲੁਟੇਰੇ ਨੇ ਉਸ ਦੇ ਸਿਰ 'ਤੇ ਦਾਤ ਨਾਲ ਹਮਲਾ ਕਰ ਦਿੱਤਾ। ਆਪਣੇ ਬਚਾਅ ਲਈ ਜਦੋਂ ਕੁਸੁਮ ਨੇ ਖੱਬੀ ਬਾਂਹ ਅੱਗੇ ਕੀਤੀ ਤਾਂ ਉਸ ਦੇ ਗੁੱਟ 'ਤੇ ਡੂੰਘਾ ਜ਼ਖ਼ਮ ਹੋ ਗਿਆ, ਜਿਸ ਨਾਲ ਉਸ ਦੀਆਂ ਨਸਾਂ ਕੱਟੀਆਂ ਗਈਆਂ ਸਨ ਅਤੇ ਨਿੱਜੀ ਹਸਪਤਾਲ ਵਿੱਚ ਉਸ ਦਾ ਐਮਰਜੈਂਸੀ ਅਪਰੇਸ਼ਨ ਕਰਨਾ ਪਿਆ ਸੀ।

### ਸ਼ੋਸ਼ਣ ਦਾ ਸ਼ਿਕਾਰ ਬੀਬੀਆਂ...

ਸ਼੍ਰੋਮਣੀ ਅਕਾਲੀ ਦਲ, ਸ਼੍ਰੋਮਣੀ ਕਮੇਟੀ ਅਤੇ ਕੁਝ ਬਾਬਿਆਂ ਨਾਲ ਸਬੰਧਿਤ ਵਿਅਕਤੀ ਸ਼ਾਮਿਲ ਹਨ।

ਇਸੇ ਤਰ੍ਹਾਂ ਸ਼ੋਸ਼ਣ ਦਾ ਸ਼ਿਕਾਰ ਔਰਤਾਂ ਦੀ ਗਿਣਤੀ ਦਰਜਨ ਤੋਂ ਵੱਧ ਹੈ ਜੋ ਕਿ ਵੱਖ-ਵੱਖ ਸ਼ਹਿਰਾਂ ਨਾਲ ਸਬੰਧਿਤ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਮੀਡੀਆ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੀਡੀਆ ਸਲਾਹਕਾਰ ਜਸਕਰਨ ਸਿੰਘ ਨੇ ਦੱਸਿਆ ਕਿ ਬੀਬੀ ਰੂਪ ਕੌਰ ਦੀ ਗੱਲ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਕਰਵਾ ਦਿੱਤੀ ਗਈ ਹੈ। ਅੱਜ ਜਥੇਦਾਰ ਗੜਗੱਜ ਬਾਹਰ ਹਨ, ਇਸ ਲਈ ਉਨ੍ਹਾਂ ਨੂੰ ਮੁੜ ਸਮਾਂ ਨਿਰਧਾਰਿਤ ਕਰਨ ਤੋਂ ਬਾਅਦ ਹੀ ਮਿਲਣ ਵਾਸਤੇ ਆਖਿਆ ਗਿਆ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ :** 0181-5097300, **ਸਮਾਚਾਰ ਵਿਭਾਗ :** 0181-5097310, **ਈ-ਮੇਲ :** nawanzamana@gmail.com * **Web :** www.nawanzamana.in

# ਪਰਗਟ ਸਿੰਘ ਦੀ ਪਹਿਲੀ ਸਿਆਸੀ ਫੇਰੀ ਸੱਚਰ ਦੇ ਗ੍ਰਹਿ; ਮਜੀਠਾ 'ਚ ਵੱਡੇ ਉਲਟਫੇਰ ਦੇ ਸੰਕੇਤ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਨੇ ਪ੍ਰਧਾਨ ਬਣਨ ਉਪਰੰਤ ਆਪਣੀ ਪਹਿਲੀ ਸਿਆਸੀ ਫੇਰੀ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਦੇ ਗ੍ਰਹਿ ਵਿਖੇ ਕੀਤੀ।ਸੱਚਰ ਵੱਲੋਂ ਸਾਥੀਆਂ ਸਮੇਤ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਸ ਮੌਕੇ ਪੰਜਾਬ ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਦੀ ਮੌਜੂਦਗੀ ਵਿੱਚ ਦੁਪਹਿਰ ਦੇ ਖਾਣੇ ਦੌਰਾਨ ਪਾਰਟੀ ਦੀ ਮਜ਼ਬੂਤੀ ਅਤੇ ਸੂਬੇ ਦੇ ਸਿਆਸੀ ਹਾਲਾਤ 'ਤੇ ਵਿਚਾਰ-ਵਟਾਂਦਰਾ ਹੋਇਆ।

ਮਜੀਠਾ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਪ੍ਰਗਟ ਸਿੰਘ ਨੇ ਕਿਹਾ, ਹੁਣ ਤੋਂ ਹੀ ਕਮਰਕੱਸੇ ਕਰ ਲਵੋ, ਐਤਕੀਂ ਮਜੀਠਾ ਵਿੱਚ ਵੀ ਵੱਡਾ ਉਲਟਫੇਰ ਕਰਨਾ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਦਾ ਵਰਕਰ ਪਾਰਟੀ ਦੀ ਅਸਲ ਤਾਕਤ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਕੇ ਲੋਕਾਂ ਨਾਲ ਸਿੱਧਾ ਰਾਬਤਾ ਵਧਾਇਆ ਜਾਵੇਗਾ।ਇਸ ਮੌਕੇ ਪ੍ਰਗਟ ਸਿੰਘ ਨੇ ਸੱਚਰ ਦੀ ਪਾਰਟੀ ਪ੍ਰਤੀ ਲੰਮੀ ਸੇਵਾ ਅਤੇ ਇਲਾਕੇ ਦੀ ਬਿਹਤਰੀ ਲਈ ਕੀਤੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਤੁਹਾਡੀ ਪਾਰਟੀ ਲਈ ਲੰਮੀ ਸੇਵਾ ਨੂੰ ਇਸ ਵਾਰ ਫਲ ਮਿਲੇਗਾ।ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਨੂੰ ਮਜ਼ਬੂਤ ਕਰਨ ਲਈ ਹਰ ਆਗੂ ਅਤੇ ਵਰਕਰ ਨੂੰ ਨਾਲ ਲੈ ਕੇ ਚੱਲਿਆ ਜਾਵੇਗਾ ਅਤੇ ਜਥੇਬੰਦੀ ਨੂੰ ਪਿੰਡ ਪੱਧਰ ਤੱਕ ਸਰਗਰਮ



ਕੀਤਾ ਜਾਵੇਗਾ।ਮੁਲਾਕਾਤ ਦੌਰਾਨ ਮਜੀਠਾ ਸਮੇਤ ਪੰਜਾਬ ਦੇ ਸਿਆਸੀ ਹਾਲਾਤ ਅਤੇ ਕਾਂਗਰਸ ਦੀ ਅਗਲੀ ਰਣਨੀਤੀ 'ਤੇ ਵੀ ਗੰਭੀਰ ਵਿਚਾਰ-ਵਟਾਂਦਰਾ ਹੋਇਆ।

ਪਰਗਟ ਸਿੰਘ ਦੀ ਸੱਚਰ ਨਾਲ ਨੇੜਤਾ ਤੇ ਉਨ੍ਹਾਂ ਦੇ ਗ੍ਰਹਿ ਵਿਖੇ ਪਹਿਲੀ ਸਿਆਸੀ ਫੇਰੀ ਅਤੇ ਸੀਨੀਅਰ ਕਾਂਗਰਸੀ ਆਗੂਆਂ ਦੀ ਇਕੱਠੀ ਮੌਜੂਦਗੀ ਨੂੰ ਮਜੀਠਾ ਦੀ ਸਿਆਸਤ ਵਿੱਚ ਅਹਿਮ ਘਟਨਾਕ੍ਰਮ ਵਜੋਂ ਦੇਖਿਆ ਜਾ ਰਿਹਾ ਹੈ।ਇਸ ਮੌਕੇ ਸਾਬਕਾ ਮੰਤਰੀ ਤੇ ਵਿਧਾਇਕ ਸ. ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਵਿਧਾਇਕ ਸੁਖਵਿੰਦਰ ਸਿੰਘ ਸਰਕਾਰੀਆ, ਵਿਧਾਇਕ ਰਾਣਾ ਗੁਰਜੀਤ ਸਿੰਘ, ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਵਿਧਾਇਕ ਕਾਲਾ ਢਿੱਲੋਂ ਬਰਨਾਲਾ, ਵਿਧਾਇਕ ਬਾਵਾ ਹੈਨਰੀ, ਸਾਬਕਾ ਮੰਤਰੀ ਰਜ਼ੀਆ ਸੁਲਤਾਨਾ, ਸ. ਜਸਬੀਰ ਸਿੰਘ ਡਿੰਪਾ, ਡਾ. ਰਾਜ ਕੁਮਾਰ, ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਅਸ਼ਵਨੀ ਪੱਪੂ, ਹਰਮਿੰਦਰ ਸਿੰਘ ਗਿੱਲ, ਗੁਰਪ੍ਰੀਤ ਸਿੰਘ ਕਾਂਗੜ, ਸਾਬਕਾ ਚੇਅਰਮੈਨ ਜਗਦੇਵ ਸਿੰਘ ਬੱਗਾ, ਨਵਦੀਪ ਸਿੰਘ ਸੋਨਾ ਮਜੀਠਾ, ਨਵਤੇਜ ਪਾਲ ਸਿੰਘ ਸੋਹੀਆ, ਬਲਾਕ ਪ੍ਰਧਾਨ ਸੰਨੀ ਕਾਜੀਕੋਟ, ਪਰਮਜੀਤ ਸਿੰਘ ਭੋਏਵਾਲ, ਪਰਗਟ ਸਿੰਘ ਚੰਨਣਕੇ, ਨਿਸ਼ਾਨ ਸਿੰਘ ਭੰਗਾਲੀ, ਸਰਪੰਚ ਸਤਨਾਮ ਸਿੰਘ ਪਾਖਰਪੁਰ, ਦਲਜੀਤ ਸਿੰਘ ਪਾਖਰਪੁਰ, ਸਤਨਾਮ ਸਿੰਘ ਚੱਢੇਵਾਲ, ਸਰਪੰਚ ਸ਼ਮਸ਼ੇਰ ਸਿੰਘ ਬਾਬੋਵਾਲ, ਬਿਕਰਮ ਸਿੰਘ ਬਾਠ, ਤਜਿੰਦਰ ਸਿੰਘ ਤਰਵਾਲ, ਗੁਰਸ਼ੇਰ ਸਿੰਘ ਭੰਗਵਾਂ, ਪਲਵਿੰਦਰ ਸਿੰਘ ਫੌਜੀ ਪੰਧੇਰ, ਦਲਜੀਤ ਸਿੰਘ ਪਾਖਰਪੁਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# ਸੱਤ ਮੈਂਬਰੀ ਕਮੇਟੀ ਬੇਅਦਬੀਆਂ ਦੇ ਮਸਲਿਆਂ ਸਮੇਤ ਜੂਨ '84 ਦੇ ਫੌਜੀ ਹਮਲੇ 'ਤੇ ਵੀ ਵਿਚਾਰ ਹੋਵੇ : ਪ੍ਰਧਾਨ ਬਲਦੇਵ ਸਿੰਘ

**ਧਾਰੀਵਾਲ (ਮਨਦੀਪ ਵਿੱਕੀ)** - ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਬੇਅਦਬੀ ਵਿਰੋਧੀ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ 2026 ਸਬੰਧੀ ਗਠਿਤ ਸੱਤ ਮੈਂਬਰੀ ਕੋਆਰਡੀਨੇਸ਼ਨ ਕਮੇਟੀ ਅਤੇ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਬਣੀ ਚਾਰ ਮੈਂਬਰੀ ਕਮੇਟੀ ਨੂੰ ਕਾਨੂੰਨੀ ਕਾਰਵਾਈ ਦੇ ਦਿੱਤੇ ਭਰੋਸੇ ਦਾ



ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਅਤੇ ਹੋਰ ਸਾਥੀ ਧਰਮੀ ਫੌਜੀਆਂ ਵੱਲੋਂ ਸ਼ਲਾਘਾ ਕੀਤੀ ਗਈ। ਅਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਕਿਹਾ ਕਿ ਜੂਨ 1984 ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਤੇ ਟੈਂਕਾਂ ਤੋਪਾਂ ਨਾਲ ਹੋਏ ਫੌਜੀ ਹਮਲੇ ਦੇ ਰੋਸ ਵੱਜੋਂ ਸਿੱਖ ਫੌਜੀਆਂ ਵੱਲੋਂ ਬੈਰਕਾਂ ਛੱਡ ਸ੍ਰੀ ਅੰਮ੍ਰਿਤਸਰ ਵੱਲ ਕੂਚ ਕੀਤਾ ਅਤੇ ਸਿੱਖ ਨੌਜਵਾਨਾਂ ਵੱਲੋਂ ਫੌਜੀ ਹਮਲੇ ਦਾ ਵਿਰੋਧ ਕਰਦੇ ਹੋਏ ਵੱਖ-ਵੱਖ ਕਿਸਮ ਦਾ ਰੋਸ ਜ਼ਾਹਰ ਕੀਤਾ ਗਿਆ। ਇਸ ਕਰਕੇ ਬੈਰਕਾਂ ਛੱਡਣ ਵਾਲੇ ਧਰਮੀ ਫੌਜੀ ਅਤੇ ਸਿੱਖ ਨੌਜਵਾਨ ਰੋਸ ਕਰਨ ਵਾਲੇ ਬੰਦੀ ਸਿੰਘ ਬਣਾਏ ਗਏ । ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਕਿਹਾ ਕਿ ਜੂਨ 1984 ਦੌਰਾਨ ਹਮਲੇ ਸਮੇਂ ਜੋ ਬੇਅਦਬੀ ਹੋਈ, ਹਜ਼ਾਰਾਂ ਨਿਰਦੋਸ਼ ਸੰਗਤਾਂ ਮਾਰੀਆਂ ਗਈਆਂ ਅਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ 'ਤੇ ਗੋਲੀਆਂ ਲੱਗੀਆਂ, ਤੋਂ ਵੱਡੀ ਹੋਰ ਕੋਈ ਬੇਅਦਬੀ ਕਿਹੜੀ ਹੋ ਸਕਦੀ ਹੈ ਅਤੇ ਜਿਸ ਤੋਂ ਬਾਅਦ ਹੀ ਬੇਅਦਬੀਆਂ ਹੋਣ ਦਾ ਸਿਲਸਲਾ ਆਰੰਭ ਹੋਇਆ। ਧਰਮੀ ਫੌਜੀਆਂ ਨੇ ਕਿਹਾ ਫੌਜੀ ਹਮਲੇ ਦੇ 42 ਸਾਲ ਬੀਤ ਜਾਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਅਕਾਲੀ ਦਲ ਬਾਦਲ ਵੱਲੋਂ ਕਦੇ ਵੀ ਫੌਜੀ ਹਮਲੇ ਦੇ ਇਨਸਾਫ ਦੀ ਗੱਲ ਨਹੀਂ ਕੀਤੀ ਜੋ ਕਿ ਸਿੱਖ ਧਰਮ ਅਤੇ ਪੰਥ ਨਾਲ ਵੱਡੀ ਬੇਇਨਸਾਫੀ ਹੈ। ਪ੍ਰਧਾਨ ਨੇ ਕਿਹਾ ਕਿ ਬੰਦੀ ਸਿੰਘ ਕਿਵੇਂ, ਕਿਓਂ, ਕਿਹੜੇ ਹਲਾਤਾਂ ਵਿੱਚ ਅਤੇ ਕਦੋਂ ਬਣੇ ਸੰਬਧੀ ਵਿਚਾਰ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਅਤੇ ਬੇਅਦਬੀਆਂ ਦੀਆਂ ਘਟਨਾਵਾਂ ਦੇ ਇਨਸਾਫ ਦੇ ਨਾਲ-ਨਾਲ ਜੂਨ 1984 ਦੇ ਫੌਜੀ ਹਮਲੇ ਸਬੰਧੀ ਗੱਲ ਕਰਨੀ ਜ਼ਰੂਰੀ ਹੈ ਕਿ ਫੌਜੀ ਹਮਲਾ ਕਿਸ ਨੇ ਕੀਤਾ, ਕਿਸ ਨੇ ਕਰਵਾਇਆ, ਕਿਨ੍ਹੇ ਹਮਾਇਤ ਕੀਤੀ, ਦੇ ਤੱਥ ਸਿੱਖ ਕੌਮ ਅੱਗੇ ਉਜਾਗਰ ਹੋਣ ਨਾਲ ਸਭ ਕੁਝ ਸਾਹਮਣੇ ਆ ਸਕਦਾ ਹੈ। ਧਰਮੀ ਫੌਜੀਆਂ ਨੇ ਮੁੱਖ ਮੰਤਰੀ ਪੰਜਾਬ ਨੂੰ ਅਪੀਲ ਕੀਤੀ ਕਿ ਸੱਤ ਮੈਂਬਰੀ ਕਮੇਟੀ ਬੇਅਦਬੀਆਂ ਦੇ ਮਸਲਿਆਂ ਸਮੇਤ ਜੂਨ 1984 ਦੇ ਫੌਜੀ ਹਮਲੇ ਤੇ ਵੀ ਵਿਚਾਰ ਕੀਤਾ ਜਾਵੇ।

# ਲੰਮੇ ਸਮੇਂ ਤੋਂ ਕਿਰਾਏ ਦੀਆਂ ਦੁਕਾਨਾਂ 'ਚ ਬੈਠੇ ਦੁਕਾਨਦਾਰਾਂ ਨੂੰ ਮਾਲਕੀ ਦੇ ਹੱਕ ਦੇਣ ਦੀ ਪਹਿਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਥਾਨਕ ਸਰਕਾਰਾਂ ਅਧੀਨ ਆਉਂਦੀਆਂ ਦੁਕਾਨਾਂ 'ਤੇ ਲੰਮੇ ਸਮੇਂ ਤੋਂ ਕਾਬਜ਼ ਕਿਰਾਏਦਾਰਾਂ ਨੂੰ ਮਾਲਕੀ ਹੱਕ ਦੇਣ ਵੱਲ ਪੰਜਾਬ ਸਰਕਾਰ ਵੱਲੋਂ 'ਮੇਰੀ ਦੁਕਾਨ, ਮੇਰਾ ਨਾਮ' ਨਾਂ ਹੇਠ



ਨਵੀਂ ਨੀਤੀ ਦਾ ਐਲਾਨ ਕੀਤਾ ਗਿਆ ਹੈ। ਇਸ ਨੀਤੀ ਤਹਿਤ 12 ਸਾਲ ਤੋਂ ਵੱਧ ਸਮੇਂ ਤੋਂ ਸਥਾਨਕ ਸਰਕਾਰ ਦੀਆਂ ਦੁਕਾਨਾਂ ਕਿਰਾਏ 'ਤੇ ਚਲਾ ਰਹੇ ਯੋਗ ਕਿਰਾਏਦਾਰਾਂ ਨੂੰ ਨਿਰਧਾਰਤ ਸ਼ਰਤਾਂ ਅਤੇ ਦਰਾਂ ਅਨੁਸਾਰ ਮਾਲਕੀ ਹੱਕ ਦਿੱਤੇ ਜਾਣਗੇ। ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਮੈਂਬਰ ਸ਼ੀਤਲ ਜੁਨੇਜਾ ਨੇ ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਹ ਨੀਤੀ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਯਤਨਾਂ ਸਦਕਾ ਸਥਾਨਕ ਸਰਕਾਰਾਂ ਮੰਤਰੀ ਬੈਂਸ ਵੱਲੋਂ ਐਲਾਨੀ ਗਈ ਹੈ। ਇਸ ਪਹਿਲ ਨੂੰ ਕਮਿਸ਼ਨ ਦੇ ਚੇਅਰਮੈਨ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਵਾਈਸ ਚੇਅਰਮੈਨ ਅਨਿਲ ਠਾਕੁਰ, ਪੀ.ਐਸ.ਟੀ.ਸੀ. ਮੈਂਬਰ ਸ਼ੀਤਲ ਜਨੇਜਾ ਅਤੇ ਹਲਕਾ ਚੇਅਰਮੈਨ ਕਪਿਲ ਚੱਢਾ ਦਾ ਸਹਿਯੋਗ ਪ੍ਰਾਪਤ ਹੋਇਆ ਹੈ। ਸ਼੍ਰੀ ਜੁਨੇਜਾ ਨੇ ਕਿਹਾ ਕਿ ਨਵੀਂ ਨੀਤੀ ਅਨੁਸਾਰ ਯੋਗ ਕਿਰਾਏਦਾਰਾਂ ਨੂੰ ਉਨ੍ਹਾਂ ਦੀ ਆਮਦਨ ਕਰ ਰਿਟਰਨ ਵਿੱਚ ਦਰਜ ਆਮਦਨ ਅਤੇ ਸਬੰਧਿਤ ਖੇਤਰ ਦੇ ਸਰਕਲ ਰੇਟ ਦੇ ਆਧਾਰ 'ਤੇ ਚਾਰ ਸਲੈਬਾਂ ਅਨੁਸਾਰ ਮਾਲਕੀ ਹੱਕ ਦਿੱਤੇ ਜਾਣਗੇ। 3 ਲੱਖ ਰੁਪਏ ਤੱਕ ਦੀ ਆਮਦਨ 'ਤੇ ਸਰਕਲ ਰੇਟ ਦਾ 12 ਫ਼ੀਸਦੀ, 3 ਤੋਂ 8 ਲੱਖ ਰੁਪਏ ਤੱਕ 25 ਫ਼ੀਸਦੀ, 8 ਤੋਂ 15 ਲੱਖ ਰੁਪਏ ਤੱਕ 50 ਫ਼ੀਸਦੀ ਅਤੇ 15 ਲੱਖ ਰੁਪਏ ਤੋਂ ਵੱਧ ਦੀ ਆਮਦਨ 'ਤੇ 100 ਫ਼ੀਸਦੀ ਸਰਕਲ ਰੇਟ ਦੇ ਅਨੁਸਾਰ ਰਕਮ ਲਾਗੂ ਹੋਵੇਗੀ। ਇਹ ਨੀਤੀ ਉਨ੍ਹਾਂ ਵਪਾਰੀਆਂ ਲਈ ਮਹੱਤਵਪੂਰਨ ਕਦਮ ਹੈ ਜੋ ਲੰਮੇ ਸਮੇਂ ਤੋਂ ਸਥਾਨਕ ਸਰਕਾਰ ਦੀਆਂ ਦੁਕਾਨਾਂ ਵਿੱਚ ਆਪਣਾ ਕਾਰੋਬਾਰ ਚਲਾ ਰਹੇ ਹਨ। ਮਾਲਕੀ ਹੱਕ ਮਿਲਣ ਨਾਲ ਉਨ੍ਹਾਂ ਨੂੰ ਕਾਰੋਬਾਰ ਸਬੰਧੀ ਵਧੇਰੇ ਸਥਿਰਤਾ ਅਤੇ ਸੁਰੱਖਿਆ ਮਿਲਣ ਦੀ ਉਮੀਦ ਹੈ।

# ਪੰਜਾਬ ਸਰਕਾਰ ਦੀਆਂ ਮਾਰੂ ਨੀਤੀਆਂ ਖ਼ਿਲਾਫ਼ ਪਾਵਰਕਾਮ ਪੈਨਸ਼ਨਰਜ਼ ਨੇ ਕੀਤਾ ਰੋਸ ਪ੍ਰਦਰਸ਼ਨ

## ਸੰਗਰੂਰ ਵਿਖੇ ਹੋ ਰਹੀ ਰੈਲੀ 'ਚ ਸ਼ਮੂਲੀਅਤ ਦਾ ਐਲਾਨ

**ਅਜਨਾਲਾ** - ਇੱਥੇ ਪਾਵਰਕਾਮ ਦੇ ਸੇਵਾ ਮੁਕਤ ਕਰਮਚਾਰੀ ਮੰਡਲ ਅਜਨਾਲਾ ਦੇ ਆਗੂਆਂ ਤੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਸਾਥੀ ਸਰਬਜੀਤ ਸਿੰਘ ਪੰਨੂ ਦੀ ਪ੍ਰਧਾਨਗੀ ਹੇਠ ਕੀਤੀ। ਇਸ ਮੌਕੇ ਮੁਲਾਜ਼ਮ ਤੇ ਪੈਨਸ਼ਨਰਜ਼ ਦੇ ਸਾਂਝੇ ਫਰੰਟ ਦੇ ਵਿੱਢੇ ਅਗਲੇ ਸੰਘਰਸ਼ ਨੂੰ ਸਫਲ ਬਣਾਉਣ ਵਿਚਾਰ-ਵਟਾਂਦਰਾ ਕਰਨ ਉਪਰੰਤ ਮਾਰੂ ਨੀਤੀਆਂ ਨੂੰ ਲੈ ਕੇ ਪੰਜਾਬ ਸਰਕਾਰ ਵਿਰੁੱਧ ਜ਼ਬਰਦਸਤ



ਨਾਅਰੇਬਾਜ਼ੀ ਕਰਦੇ ਹੋਏ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਸੀਨੀਅਰ ਆਗੂ ਸਰਬਜੀਤ ਸਿੰਘ ਪੰਨੂ ਤੇ ਅਮਰਜੀਤ ਸਿੰਘ ਸਰਕਾਰੀਆ ਨੇ ਸੂਬਾ ਸਰਕਾਰ ਵੱਲੋਂ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਲਟਕਦੀਆਂ ਮੰਗਾਂ ਪ੍ਰਤੀ ਅਪਣਾਏ ਜਾ ਰਹੇ ਉਦਾਸੀਨ ਰਵੱਈਏ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ । ਇਸ ਮੌਕੇ ਉਕਤ ਆਗੂਆਂ ਨੇ ਦੋਸ਼ ਲਾਇਆ ਕਿ ਹਾਈਕੋਰਟ ਦੇ ਸਪੱਸ਼ਟ ਨਿਰਦੇਸ਼ਾਂ ਦੇ ਬਾਵਜੂਦ ਸਰਕਾਰ ਵੱਲੋਂ ਸੁਪਰੀਮ ਕੋਰਟ ਦਾ ਰੁੱਖ ਕਰਨਾ ਅਤੇ 18 ਫ਼ੀਸਦੀ ਮਹਿੰਗਾਈ ਭੱਤੇ ਦੇ ਬਕਾਏ ਦੀ ਥਾਂ ਮਹਿਜ਼ 8 ਫ਼ੀਸਦੀ ਡੀ.ਏ. ਜਾਰੀ ਕਰਨਾ ਅਧਿਕਾਰਾਂ 'ਤੇ ਡਾਕਾ ਮਾਰਨ ਦੇ ਸਮਾਨ ਹੈ। ਜਥੇਬੰਦੀ ਨੇ ਮੰਗ ਕੀਤੀ ਕਿ 1 ਜਨਵਰੀ 2016 ਤੋਂ ਪੈਨਸ਼ਨ ਲਈ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਹੋਵੇ, ਮੈਡੀਕਲ ਕੈਸ਼ਲੈੱਸ ਸੁਵਿਧਾ ਲਾਗੂ ਕੀਤੀ ਜਾਵੇ ਅਤੇ ਮੁਲਾਜ਼ਮ ਵਿਰੋਧੀ ਸਰਕਾਰੀ ਪੱਤਰ ਤੁਰੰਤ ਵਾਪਸ ਲਏ ਜਾਣ। ਇਸ ਮੌਕੇ ਸਮੂਹ ਪਾਵਰਕਾਮ ਪੈਨਸ਼ਨਰਜ਼ ਨੇ ਮਤਾ ਪਾਸ ਕਰਕੇ 10 ਅਕਤੂਬਰ ਨੂੰ ਸੰਗਰੂਰ ਵਿਖੇ ਹੋ ਰਹੀ ਰੈਲੀ 'ਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ । ਇਸ ਮੌਕੇ ਰਿਟਾ: ਜੇ.ਈ. ਸਵਿੰਦਰ ਸਿੰਘ ਸਿੱਧੂ, ਅਮਰੀਕ ਸਿੰਘ ਫਤਿਹਗੜ੍ਹ ਚੂੜੀਆਂ, ਖਜ਼ਾਨਚੀ ਗੁਰਮੁੱਖ ਸਿੰਘ ਰੰਧਾਵਾ, ਹਰਦੀਪ ਸਿੰਘ ਛੀਨਾ, ਪਰਮਜੀਤ ਸਿੰਘ ਪੰਡੋਰੀ, ਰਤਨ ਸਿੰਘ , ਬਲਕਾਰ ਸਿੰਘ ਰਮਦਾਸ, ਸੁਖਦੇਵ ਸਿੰਘ ਸੁਧਾਰ, ਬਲਜੀਤ ਸਿੰਘ ਜੇ ਈ, ਜਗਦੀਸ਼ ਕੁਮਾਰ ਦੇਵਗਨ , ਕੰਵਲਜੀਤ ਸਿੰਘ ਜੌਹਲ ਆਦਿ ਹਾਜ਼ਰ ਸਨ ।

# ਰਹਿਮਾ ਇੰਟਰਨੈਸ਼ਨਲ ਸਕੂਲ ਪਠਾਨਕੋਟ ਵਿਖੇ ਰੋਲਰ ਸਕੇਟਿੰਗ ਚੈਂਪੀਅਨਸ਼ਿਪ ਦਾ ਆਯੋਜਨ

**ਪਠਾਨਕੋਟ (ਦਵਿੰਦਰ ਸਿੰਘ)**- ਜ਼ਿਲ੍ਹਾ ਰੋਲਰ ਸਕੇਟਿੰਗ ਐਸੋਸੀਏਸ਼ਨ ਪਠਾਨਕੋਟ ਵੱਲੋਂ ਤੇਰ੍ਹਵੀਂ ਜ਼ਿਲ੍ਹਾ ਰੋਲਰ ਸਕੇਟਿੰਗ ਚੈਂਪੀਅਨਸ਼ਿਪ-2026 ਦਾ ਆਯੋਜਨ ਮਿਸ਼ਨ ਰੋਡ ਸਥਿਤ ਰਹਿਮਾ ਇੰਟਰਨੈਸ਼ਨਲ ਸਕੂਲ, ਪਠਾਨਕੋਟ ਵਿਖੇ ਕਰਵਾਇਆ ਗਿਆ। ਚੈਂਪੀਅਨਸ਼ਿਪ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਅਤੇ ਸਕੇਟਿੰਗ ਕਲੱਬਾਂ ਤੋਂ ਪਹੁੰਚੇ ਖਿਡਾਰੀਆਂ ਨੇ ਉਤਸ਼ਾਹਪੂਰਵਕ ਭਾਗ ਲੈਂਦਿਆਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਮੁਕਾਬਲੇ ਦੌਰਾਨ ਖਿਡਾਰੀਆਂ ਨੇ ਸਪੀਡ ਇਨਲਾਈਨ, ਸਪੀਡ ਕਵਾਡ, ਰੋਲਰ ਹਾਕੀ, ਇਨਲਾਈਨ ਹਾਕੀ ਸਮੇਤ ਵੱਖ-ਵੱਖ ਸਕੇਟਿੰਗ ਮੁਕਾਬਲਿਆਂ ਵਿੱਚ ਹਿੱਸਾ ਲਿਆ।ਖਿਡਾਰੀਆਂ ਨੇ ਆਪਣੀ ਗਤੀ, ਹੁਨਰ ਅਤੇ ਤਕਨੀਕ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦਰਸ਼ਕਾਂ ਦੀਆਂ ਖੂਬ ਤਾੜੀਆਂ ਬਟੋਰੀਆਂ। ਮੁਕਾਬਲੇ ਦੌਰਾਨ ਖਿਡਾਰੀਆਂ ਵਿੱਚ ਜਿੱਤ ਨੂੰ ਲੈ ਕੇ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਦੌਰਾਨ ਅੰਡਰ-8 ਇਨਲਾਈਨ ਗਰੁੱਪ ਵਿੱਚ ਯੁਵਰਾਜ ਸਿੰਘ ਨੇ ਪਹਿਲਾ, ਗੋਸਵਿਕ ਸਲਾਰੀਆ ਨੇ ਦੂਜਾ ਅਤੇ ਆਨਿਆ ਨੇ ਤੀਜਾ ਸਥਾਨ ਹਾਸਲ ਕੀਤਾ।ਕਵਾਡ ਸਕਿਡ ਵਿੱਚ ਜੀਆ ਨੇ ਪਹਿਲਾ, ਸਹਿਜ ਨੇ ਦੂਜਾ ਅਤੇ ਜਸਪ੍ਰੀਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-10 ਕਵਾਡ ਵਿੱਚ ਪ੍ਰਿਆਂਸ਼ੂ ਨੇ ਪਹਿਲਾ, ਭਵਨੀਸ਼ ਨੇ ਦੂਜਾ ਅਤੇ ਭਾਰਗਵ ਨੇ ਤੀਜਾ ਸਥਾਨ ਹਾਸਲ ਕੀਤਾ। ਇਨਲਾਈਨ ਵਿੱਚ ਵਿਰਾਟ ਨੇ ਪਹਿਲਾ, ਹਰਸ਼ ਨੇ ਦੂਜਾ ਅਤੇ ਵਿਹਾਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ-12 ਵਿੱਚ



ਸ਼ਿਨਾਇਆ ਨੇ ਪਹਿਲਾ, ਨਕਸ਼ ਨੇ ਦੂਜਾ ਅਤੇ ਧਾਵਾ ਨੇ ਤੀਜਾ ਸਥਾਨ ਹਾਸਲ ਕੀਤਾ।ਸਬ-ਜੂਨੀਅਰ ਇਨਲਾਈਨ ਵਿੱਚ ਸ਼ਾਖਿਆ ਨੇ ਪਹਿਲਾ, ਰਿਜ਼ਵਾਨ ਨੇ ਦੂਜਾ ਅਤੇ ਆਰਵ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਜੇਤੂ ਖਿਡਾਰੀਆਂ ਨੂੰ ਐਸੋਸੀਏਸ਼ਨ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਪ੍ਰਿੰਸੀਪਲ ਬੇਨੀ ਓਮਨ ਨੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣਾ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹੈ।ਇਸ ਮੌਕੇ ਅਨੂਪ ਮਿਸ਼ਰਾ, ਪਰਮਿੰਦਰ ਸਿੰਘ, ਹਨੀ ਪੁਰੀ, ਰਿੰਪੂ, ਜਰਮਨਪ੍ਰੀਤ ਸਿੰਘ, ਇਕਬਾਲ ਸਿੰਘ ਸਮੇਤ ਐਸੋਸੀਏਸ਼ਨ ਦੇ ਅਹੁਦੇਦਾਰ, ਸਕੂਲ ਸਟਾਫ਼, ਕੋਚ, ਮਾਪੇ ਅਤੇ ਵੱਡੀ ਗਿਣਤੀ ਵਿੱਚ ਖਿਡਾਰੀ ਮੌਜੂਦ ਸਨ।ਆਯੋਜਕਾਂ ਨੇ ਚੈਂਪੀਅਨਸ਼ਿਪ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਵਾਲੇ ਸਾਰੇ ਮੈਂਬਰਾਂ ਅਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ।

# ਅਕਾਲੀ ਦਲ ਵਾਰਸ ਪੰਜਾਬ ਦੇ ਆਗੂਆਂ ਦੀ ਬੰਡਾਲਾ ਵਿਖੇ ਇਕੱਤਰਤਾ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਅਕਾਲੀ ਦਲ ਵਾਰਸ ਪੰਜਾਬ ਦੇ ਆਗੂਆਂ ਦੀ ਅਹਿਮ ਇਕੱਤਰਤਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਬੰਡਾਲਾ ਪੱਤੀ ਬਾਬੇ ਕੀ ਵਿਖੇ ਵਰਿੰਦਰ ਸਿੰਘ ਸ਼ੇਰਾ ਸਹਾਇਕ ਯੂਥ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇੱਕ ਪ੍ਰਭਾਵਸ਼ਾਲੀ ਮੀਟਿੰਗ ਕਰਵਾਈ ਗਈ ਜਿਸ ਵਿੱਚ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਗੂ ਭਾਈ ਬਿਕਰਮਜੀਤ ਸਿੰਘ ਕੋਟਲਾ, ਭਾਈ ਜੁਗਰਾਜ ਸਿੰਘ ਜ਼ਿਲ੍ਹਾ ਪ੍ਰਧਾਨ ਦਿਹਾਤੀ ਅਤੇ ਭਾਈ ਅਮਨਦੀਪ ਸਿੰਘ ਸ਼ਹਿਰੀ ਪ੍ਰਧਾਨ ਯੂਥ ਅਕਾਲੀ ਦਲ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਇਸ ਮੌਕੇ ਤੇ ਸੰਬੋਧਨ ਕਰਦਿਆਂ ਵੱਖ-ਵੱਖ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਰਵਾਇਤੀ ਪਾਰਟੀਆਂ ਤੋਂ ਮੋਹ ਭੰਗ ਹੋ ਚੁੱਕਾ ਹੈ ਅਤੇ ਪੰਜਾਬ ਦੇ ਲੋਕ ਚਾਹੁੰਦੇ ਹਨ ਕਿ ਅਕਾਲੀ ਦਲ ਵਾਰਸ ਪੰਜਾਬ 2027 ਦੀਆਂ ਚੋਣਾਂ ਵਿੱਚ ਜਿੱਤ ਕੇ ਪੰਜਾਬ ਦੀ ਵਾਗਡੋਰ ਸੰਭਾਲੇ ਅਤੇ ਪੰਜਾਬ ਵਿੱਚੋਂ ਨਸ਼ਿਆਂ ਤੇ ਹੋਰ ਬੁਰਾਈਆਂ ਦਾ ਖਾਤਮਾ ਕਰੇ। ਇਸ ਮੌਕੇ ਉਹਨਾਂ ਤੋਂ ਇਲਾਵਾ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਵੇਰਕਾ, ਮਨਿੰਦਰ ਸਿੰਘ ਖਾਲਸਾ ਸੁਪਰ ਸਟੋਰ ਵਾਲੇ, ਰਣਜੀਤ ਸਿੰਘ ਰਾਣਾ ਸੀਨੀਅਰ ਮੀਤ ਪ੍ਰਧਾਨ, ਵਿਕਰਮਜੀਤ ਸਿੰਘ, ਆਗਿਆਪਾਲ ਸਿੰਘ, ਏਕਮਜੋਤ ਸਿੰਘ, ਸੁਖ ਸੁਨਿਆਰਾ, ਸਾਹਿਲਪ੍ਰੀਤ ਸਿੰਘ, ਜਤਿੰਦਰ ਸਿੰਘ, ਦਿਲਬਾਗ ਸਿੰਘ, ਸਤਨਾਮ ਸਿੰਘ, ਬਲਵਿੰਦਰ ਸਿੰਘ, ਟੋਨੀ ਬੰਡਾਲਾ, ਮਿੰਟੂ ਬੰਡਾਲਾ, ਸੁਖਵਿੰਦਰ ਸਿੰਘ ਬੰਡਾਲਾ, ਬਲਬੀਰ ਸਿੰਘ, ਲਖਵਿੰਦਰ ਸਿੰਘ ਜੌਹਲ, ਧਿਆਨ ਸਿੰਘ ਛੀਨਾ ਆਦਿ ਨੇ ਵੀ ਸ਼ਮੂਲੀਅਤ ਕੀਤੀ।

# ਭਲਕੇ ਅੰਮ੍ਰਿਤਸਰ 'ਚ ਹੋਵੇਗੀ 5 ਕਿਲੋਮੀਟਰ ਪੰਜਾਬ ਯੂਥ ਰਨ ਮੈਰਾਥਨ : ਲਾਲਪੁਰਾ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਨੌਜਵਾਨਾਂ ਨੂੰ ਖੇਡਾਂ ਅਤੇ ਸਿਹਤਮੰਦ ਜੀਵਨ ਸ਼ੈਲੀ ਨਾਲ ਜੋੜਨ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ 11 ਅਕਤੂਬਰ ਨੂੰ ਅੰਮ੍ਰਿਤਸਰ ਵਿਖੇ 5 ਕਿਲੋਮੀਟਰ ਦੀ ਪੰਜਾਬ ਯੂਥ ਰਨ ਮੈਰਾਥਨ ਕਰਵਾਈ ਜਾ ਰਹੀ ਹੈ। ਮੈਰਾਥਨ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਅੱਜ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਅਤੇ ਸੂਬਾ ਯੂਥ ਵਿੰਗ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਲਾਲਪੁਰਾ ਨੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੈਰਾਥਨ ਸਬੰਧੀ ਜਾਣਕਾਰੀ ਦਿੰਦਿਆਂ ਸ. ਲਾਲਪੁਰਾ ਨੇ ਦੱਸਿਆ ਕਿ ਮੈਰਾਥਨ 11 ਅਕਤੂਬਰ ਨੂੰ ਸਵੇਰੇ 5:00 ਵਜੇ ਰਣਜੀਤ ਐਵੀਨਿਊ ਸਥਿਤ ਹੋਟਲ ਐੱਚ. ਕੇ. ਕਲਾਰਕ ਨੇੜੇ ਟੀ-ਪੁਆਇੰਟ ਤੋਂ ਸ਼ੁਰੂ ਹੋਵੇਗੀ। ਇਸ ਦਾ ਰੂਟ ਕਚਿਹਰੀ ਚੌਕ, ਕੈਂਟ ਚੌਕ, ਹਰਤੇਜ ਹਸਪਤਾਲ ਅਤੇ ਪੁਰਾਣੀ ਪੁਲਸ ਚੌਕੀ, ਸੀ-ਬਲਾਕ ਤੋਂ ਹੁੰਦਾ ਹੋਇਆ ਮੁੜ ਐੱਚ. ਕੇ. ਕਲਾਰਕ ਨੇੜੇ ਟੀ-ਪੁਆਇੰਟ ਵਿਖੇ ਸਮਾਪਤ ਹੋਵੇਗਾ। ਉਨ੍ਹਾਂ ਦੱਸਿਆ ਕਿ ਮੈਰਾਥਨ ਵਿੱਚ ਬੱਚੇ, ਨੌਜਵਾਨ, ਮਹਿਲਾਵਾਂ ਅਤੇ ਬਜ਼ੁਰਗਾਂ ਸਮੇਤ ਹਰ ਉਮਰ ਵਰਗ ਦੇ ਲੋਕ ਹਿੱਸਾ ਲੈ ਸਕਣਗੇ। ਭਾਗੀਦਾਰਾਂ ਦੀ ਰਜਿਸਟ੍ਰੇਸ਼ਨ ਸਕੈਨਿੰਗ ਰਾਹੀਂ ਕੀਤੀ ਜਾਵੇਗੀ ਅਤੇ ਉਨ੍ਹਾਂ ਨੂੰ ਟੀ-ਸ਼ਰਟਾਂ ਦਿੱਤੀਆਂ ਜਾਣਗੀਆਂ। ਮੈਰਾਥਨ ਪੂਰੀ ਕਰਨ ਵਾਲੇ ਭਾਗੀਦਾਰਾਂ ਨੂੰ ਮੈਡਲ ਵੀ ਦਿੱਤੇ ਜਾਣਗੇ, ਜਦਕਿ ਵੱਖ-ਵੱਖ ਸ਼੍ਰੇਣੀਆਂ ਵਿੱਚ ਜੇਤੂਆਂ ਨੂੰ ਆਕਰਸ਼ਕ ਇਨਾਮ ਪ੍ਰਦਾਨ ਕੀਤੇ ਜਾਣਗੇ। ਵਿਧਾਇਕ ਲਾਲਪੁਰਾ ਨੇ ਕਿਹਾ ਕਿ ਪੰਜਾਬ ਯੂਥ ਰਨ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ ਨਾਲ ਜੁੜਨ ਅਤੇ ਆਪਣੀ ਊਰਜਾ ਨੂੰ ਉਸਾਰੂ ਦਿਸ਼ਾ ਵਿੱਚ ਲਗਾਉਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਯੂਥ ਰਨ ਰਾਹੀਂ ਫਿਟਨੈੱਸ, ਖੇਡਾਂ ਅਤੇ ਨਸ਼ਾ ਵਿਰੋਧੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਸਿਹਤਮੰਦ ਅਤੇ ਨਸ਼ਾ ਮੁਕਤ ਜੀਵਨ ਸ਼ੈਲੀ ਅਪਣਾਉਣ ਦਾ ਸੰਦੇਸ਼ ਦਿੱਤਾ ਜਾਵੇਗਾ।

ਉਨ੍ਹਾਂ ਅੰਮ੍ਰਿਤਸਰ ਦੇ ਨੌਜਵਾਨਾਂ ਅਤੇ ਵੱਖ-ਵੱਖ ਵਰਗਾਂ ਦੇ ਲੋਕਾਂ ਨੂੰ ਵੱਧ-ਚੜ੍ਹ ਕੇ ਇਸ ਮੈਰਾਥਨ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਮੈਰਾਥਨ ਵਿੱਚ ਭਾਗ ਲੈਣ ਦੇ ਇੱਛੁਕ ਪ੍ਰਤੀਯੋਗੀ ਕਿਊ. ਆਰ. ਕੋਡ ਰਾਹੀਂ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਮੀਟਿੰਗ ਵਿੱਚ ਪਨਸਪ ਦੇ ਚੇਅਰਮੈਨ ਪ੍ਰਭਬੀਰ ਸਿੰਘ ਬਰਾੜ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਪ੍ਰਤਾਪ ਸਿੰਘ ਸੰਧੂ, ਐੱਸ. ਡੀ. ਐੱਮ.ਗੁਰਮੰਦਰ ਸਿੰਘ, ਡਿਪਟੀ ਸੀ. ਓ. ਰੋਜ਼ਗਾਰ ਤੀਰਥਪਾਲ ਸਿੰਘ, ਸਿੱਖਿਆ ਵਿਭਾਗ ਤੋਂ ਕੋਆਰਡੀਨੇਟਰ ਖੇਡਾਂ ਆਸ਼ੂ ਵਿਸ਼ਾਲ, ਪਵਨ ਸ਼ਰਮਾ, ਜਸ਼ਨਦੀਪ ਸਿੰਘ ਤੋਂ ਇਲਾਵਾ ਵੱਖ-ਵੱਖ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਨੁਮਾਇੰਦੇ ਹਾਜ਼ਰ ਸਨ।

# ਖ਼ੂਨਦਾਨ ਕੈਂਪ ਲਗਾ ਕੇ ਦਿੱਤਾ ਮਨੁੱਖਤਾ ਦੀ ਸੇਵਾ ਦਾ ਸੰਦੇਸ਼

**ਧਾਰੀਵਾਲ (ਮਨਦੀਪ ਵਿੱਕੀ)**- ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਕੇ. ਵੀ. ਆਈ. ਬਲੱਡ ਸੈਂਟਰ, ਮਜੀਠਾ ਰੋਡ ਅੰਮ੍ਰਿਤਸਰ ਵੱਲੋਂ ਇੰਡੀਅਨ ਰੈੱਡ ਕਰਾਸ



ਸੋਸਾਇਟੀ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਪ੍ਰਿੰਸੀਪਲ, ਅਧਿਆਪਕ ਅਤੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ।

ਮੈਡੀਕਲ ਟੀਮ ਵੱਲੋਂ ਖ਼ੂਨਦਾਨ ਕਰਨ ਦੇ ਚਾਹਵਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਲੋੜੀਂਦੀ ਸਿਹਤ ਜਾਂਚ ਕਰਨ ਉਪਰੰਤ ਖ਼ੂਨ ਇਕੱਠਾ ਕੀਤਾ।ਖ਼ੂਨਦਾਨ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਵੀ ਦਿੱਤੇ ਗਏ।ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਖ਼ੂਨਦਾਨ ਮਹਾਂਦਾਨ ਹੈ ਜਿਸ ਨਾਲ ਅਸੀਂ ਲੋੜਵੰਦ ਮਰੀਜ਼ਾਂ ਦੀ ਜ਼ਿੰਦਗੀ ਬਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਾਂ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵਿੱਚ ਮਨੁੱਖਤਾ ਦੀ ਸੇਵਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਪ੍ਰਫੁੱਲਿਤ ਕਰਨ ਦੇ ਉਦੇਸ਼ ਨਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।ਉਨ੍ਹਾਂ ਨੇ ਨੌਜਵਾਨਾਂ ਨੂੰ ਸਮਾਜ ਸੇਵਾ ਦੇ ਅਜਿਹੇ ਕਾਰਜਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਨੇ ਖ਼ੂਨਦਾਨ ਕੈਂਪ ਲਈ ਕਾਲਜ ਪਹੁੰਚੀ ਮੈਡੀਕਲ ਟੀਮ ਦੇ ਨੁਮਾਇੰਦੇ ਰਵੀ ਕੁਮਾਰ ਮਹਾਜਨ, ਡਾ. ਅਨਿਲ ਮਹਾਜਨ, ਮਿਸਿਜ ਸੁਮਨ, ਮਿਸਿਜ ਪਾਹੁਲਪ੍ਰੀਤ ਕੌਰ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਪੰਚ ਮੁਖਤਿਆਰ ਸਿੰਘ ਬੱਬੂ ਸ਼ਾਹ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਹਲਕਾ ਅਜਨਾਲਾ ਦੇ ਪਿੰਡ ਨੰਗਲ ਵੰਝਾਂਵਾਲਾ ਵਿੱਚ ਆਮ ਆਦਮੀ ਪਾਰਟੀ ਨੂੰ ਝਟਕਾ ਲੱਗਿਆ ਹੈ।ਪਿੰਡ ਦੇ ਮੌਜੂਦਾ ਮੈਂਬਰ ਪੰਚਾਇਤ ਮੁਖਤਿਆਰ ਸਿੰਘ ਬੱਬੂ ਸ਼ਾਹ ਆਪਣੇ ਸਾਥੀਆਂ ਸਮੇਤ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋ ਗਏ।ਕਾਂਗਰਸ ਦੇ ਸੰਸਦ



ਮੈਂਬਰ ਗੁਰਜੀਤ ਸਿੰਘ ਔਜਲਾ ਦੇ ਭਰਾ ਅਤੇ ਸੀਨੀਅਰ ਕਾਂਗਰਸੀ ਆਗੂ ਸੁਖਜਿੰਦਰ ਸਿੰਘ 'ਸੁਖ' ਔਜਲਾ ਨੇ ਉਨ੍ਹਾਂ ਦਾ ਕਾਂਗਰਸ ਵਿੱਚ ਸ਼ਾਮਲ ਹੋਣ 'ਤੇ ਨਿੱਘਾ ਸਵਾਗਤ ਕੀਤਾ।ਇਸ ਮੌਕੇ ਸੁਖ ਔਜਲਾ ਨੇ ਪਿੰਡ ਦੇ ਮੋਹਤਬਰ ਸੱਜਣਾਂ ਅਤੇ ਕਾਂਗਰਸ ਵਿੱਚ ਸ਼ਾਮਲ ਹੋਏ ਸਾਥੀਆਂ ਨਾਲ ਮੁਲਾਕਾਤ ਕੀਤੀ ਅਤੇ ਪਿੰਡ ਵਾਸੀਆਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ। ਇਸ ਤੋਂ ਬਾਅਦ ਉਨ੍ਹਾਂ ਵੱਲੋਂ ਪਿੰਡ ਦਾ ਦੌਰਾ ਕਰਕੇ ਜ਼ਮੀਨੀ ਪੱਧਰ 'ਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਵੀ ਲਿਆ ਗਿਆ।ਸੁਖ ਔਜਲਾ ਨੇ ਕਿਹਾ ਕਿ ਪਿੰਡ ਦੇ ਵਿਕਾਸ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਲੋਕਾਂ ਦੀਆਂ ਸਮੱਸਿਆਵਾਂ ਨੂੰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਕੇ ਉਨ੍ਹਾਂ ਦਾ ਹੱਲ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਪਿੰਡ ਦੀ ਫਿਰਨੀ ਅਤੇ ਮੁੱਖ ਰਸਤਾ ਅਜੇ ਵੀ ਕੱਚਾ ਹੈ, ਜਦਕਿ ਕਈ ਵਿਕਾਸ ਕਾਰਜ ਅਧੂਰੇ ਪਏ ਹਨ।ਸੜਕਾਂ 'ਤੇ ਲੁੱਕ (ਪ੍ਰੀਮਿਕਸ) ਵੀ ਨਹੀਂ ਪਾਈ ਗਈ, ਜਿਸ ਕਾਰਨ ਪਿੰਡ ਵਾਸੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਨੇ ਮੌਕੇ 'ਤੇ ਹੀ ਸਬੰਧਤ ਵਿਭਾਗ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਜਲਦ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਸੁਖ ਔਜਲਾ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਕਾਂਗਰਸ ਦੀ ਪਹਿਲ ਹੈ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਅਣਦੇਖਾ ਨਹੀਂ ਹੋਣ ਦਿੱਤਾ ਜਾਵੇਗਾ।

ਇਸ ਮੌਕੇ ਪ੍ਰਧਾਨ ਗੁਰਨਾਮ ਸਿੰਘ, ਨਰਿੰਦਰ ਸਿੰਘ, ਗੁਲਜ਼ਾਰ ਸਿੰਘ, ਸੁੱਚਾ ਸਿੰਘ, ਮੁਖਤਾਰ ਸਿੰਘ, ਗੁਰਪ੍ਰੀਤ ਸਿੰਘ ਸਾਬਕਾ ਸਰਪੰਚ, ਉਦੈ ਸਿੰਘ, ਰਣਜੀਤ ਸਿੰਘ ਫੌਜੀ, ਗੁਰਬੰਤ ਸਿੰਘ, ਬਲਵੰਤ ਸਿੰਘ, ਹਰਵੰਤ ਸਿੰਘ, ਖੁਸ਼ਿਆਰ ਸਿੰਘ, ਬੱਬੂ, ਹਰਮਨਜੀਤ ਸਿੰਘ, ਕੁਲਦੀਪ ਸਿੰਘ, ਸਰਵਨ ਸਿੰਘ, ਅਮਨਦੀਪ ਸਿੰਘ, ਪ੍ਰਗਟ ਸਿੰਘ ਅਤੇ ਜੱਸਾ ਮਸੀਹ ਸਮੇਤ ਹੋਰ ਸਾਥੀ ਮੌਜੂਦ ਰਹੇ।

# ਸਟਾਈਲ, ਸਾਰਥਕਤਾ ਤੇ ਆਤਮਵਿਸ਼ਵਾਸ ਨਾਲ ਭਰਪੂਰ ਹੈ ਨਵੀਂ ਸਕੋਡਾ ਸਲਾਵੀਆ

**ਅੰਮ੍ਰਿਤਸਰ**- ਸਕੋਡਾ ਆਟੋ ਇੰਡੀਆ ਨੇ ਨਵੀਂ ਸਲਾਵੀਆ ਲਈ ਕੀਮਤਾਂ ਦਾ ਐਲਾਨ ਕੀਤਾ ਹੈ ਅਤੇ ਅਗਲੇ ਹਫ਼ਤੇ ਤੋਂ ਡਲਿਵਰੀ ਸ਼ੁਰੂ ਹੋਵੇਗੀ।ਸਭ ਕੁਝ ਕਹਿਣ ਵਾਲੀ ਸੈਡਾਨ, ਨਵੀਂ ਸਲਾਵੀਆ ਵਧੇਰੇ ਤਿੱਖਾ ਯੂਰਪੀਅਨ ਡਿਜ਼ਾਈਨ, ਆਨੰਦਦਾਇਕ ਪ੍ਰਦਰਸ਼ਨ, ਸਮਾਰਟ ਤਕਨਾਲੋਜੀ, ਸੁਧਰੇ ਆਰਾਮ ਅਤੇ ਸਾਬਤ ਸੁਰੱਖਿਆ ਨੂੰ ਇੱਕ ਆਕਰਸ਼ਕ ਪੈਕੇਜ ਵਿੱਚ ਇਕੱਠਾ ਕਰਦੀ ਹੈ।ਇਹ ਲਾਂਚ ਤੋਂ ਹੀ ਛੇ ਟ੍ਰਿਮਾਂ ਵਿੱਚ ਉਪਲਬਧ ਹੈ-ਕਲਾਸਿਕ, ਕਲਾਸਿਕ+, ਸਿਗਨੇਚਰ, ਸਪੋਰਟਲਾਈਨ, ਪ੍ਰੈਸਟੀਜ ਅਤੇ ਮੋਂਟੇ ਕਾਰਲੋ।ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਆਸ਼ੀਸ਼ ਗੁਪਤਾ ਨੇ ਕਿਹਾ ਕਿ ਸਲਾਵੀਆ ਨੇ ਹਮੇਸ਼ਾ ਸੇਡਾਨ ਵਿੱਚ ਗਾਹਕਾਂ ਦੁਆਰਾ ਪਸੰਦ ਕੀਤੇ ਜਾਂਦੇ ਗੁਣਾਂ ਨੂੰ ਇਕੱਠਾ ਕੀਤਾ ਹੈ-ਕਾਲਜਯੀ ਡਿਜ਼ਾਈਨ, ਡਰਾਈਵਿੰਗ ਦਾ ਆਨੰਦ, ਆਰਾਮ, ਸੁਰੱਖਿਆ ਅਤੇ ਇੰਜੀਨੀਅਰਿੰਗ। ਨਵੀਂ ਸਲਾਵੀਆ ਇਹਨਾਂ ਤਾਕਤਾਂ ਤੇ ਵਧੇਰੇ ਤਿੱਖੀ ਸਟਾਈਲਿੰਗ, ਸਮਾਰਟ ਤਕਨਾਲੋਜੀ ਅਤੇ ਬਿਲਕੁਲ ਨਵੇਂ ਅੱਠ-ਗਤੀ ਆਟੋਮੈਟਿਕ ਨਾਲ ਬਣੀ ਹੈ। ਇਹ ਸੱਚਮੁੱਚ ਸਭ ਕੁਝ ਕਹਿੰਦੀ ਹੈ ਕਿਉਂਕਿ ਇਹ ਬਿਨਾਂ ਕਿਸੇ ਸਮਝੌਤੇ ਦੇ ਪੂਰਨ ਆਰਾਮਦਾਇਕ ਅਨੁਭਵ ਪ੍ਰਦਾਨ ਕਰਦੀ ਹੈ-ਲੋਚਦਾਇਕ ਪਰ ਪਹੁੰਚਯੋਗ, ਚਲਾਉਣ ਵਿੱਚ ਆਨੰਦਦਾਇਕ ਪਰ ਆਰਾਮਦਾਇਕ ਅਤੇ ਨਵੀਂ ਪੀੜ੍ਹੀ ਦੇ ਗਾਹਕਾਂ ਲਈ ਢੁੱਕਵੀਂ ਹੈ।

# ਸਾਲਾਨਾ ਮਸੀਹੀ ਸਮਾਗਮ 'ਚ ਪਹੁੰਚੇ ਸ਼ਮਸ਼ੇਰ ਸਿੰਘ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)** ਵਿਧਾਨ ਸਭਾ ਹਲਕਾ ਦੀਨਾਨਗਰ ਦੇ ਪਿੰਡ ਧਾਰੀਵਾਲ ਖਿੱਚੀਆਂ ਵਿਖੇ ਸਾਲਾਨਾ ਮਸੀਹੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਦੀਨਾਨਗਰ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ।

ਇਸ ਦੌਰਾਨ ਸ਼ਮਸ਼ੇਰ ਸਿੰਘ ਨੇ ਮਸੀਹੀ ਭਾਈਚਾਰੇ ਵੱਲੋਂ ਕਰਵਾਏ ਧਾਰਮਿਕ ਸਮਾਗਮ ਵਿੱਚ ਹਿੱਸਾ ਦੌਰਾਨ ਸੰਗਤ ਨਾਲ ਮੁਲਾਕਾਤ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਨੂੰ ਆਪਸੀ ਭਾਈਚਾਰੇ, ਪਿਆਰ ਅਤੇ ਸਦਭਾਵਨਾ ਦਾ ਸੰਦੇਸ਼ ਦਿੰਦੇ ਹਨ।

ਉਨ੍ਹਾਂ ਨੇ ਸਮਾਗਮ ਦੇ ਪ੍ਰਬੰਧਕਾਂ ਅਤੇ ਮਸੀਹੀ ਭਾਈਚਾਰੇ ਨੂੰ ਇਸ ਧਾਰਮਿਕ ਆਯੋਜਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਵੱਡੀ ਗਿਣਤੀ 'ਚ ਮਸੀਹੀ ਭਾਈਚਾਰੇ ਦੀ ਸੰਗਤ ਅਤੇ ਪਿੰਡ ਵਾਸੀ ਹਾਜ਼ਰ ਸਨ।

# ਖੇਡਾਂ ਵਤਨ ਪੰਜਾਬ ਦੀਆਂ 'ਚ ਅਕਾਲ ਅਕੈਡਮੀ ਮੂਲਿਆਂਵਾਲ ਦੀ ਸ਼ਾਨਦਾਰ ਪ੍ਰਾਪਤੀ

**ਧਾਰੀਵਾਲ, (ਮਨਦੀਪ ਵਿੱਕੀ)**- ਕਲਗੀਧਰ ਟਰੱਸਟ, ਬੜੂ ਸਾਹਿਬ ਦੀ ਦੇਖ-ਰੇਖ ਹੇਠ ਚੱਲ ਰਹੀ ਅਕਾਲ ਅਕੈਡਮੀ ਮੂਲਿਆਂਵਾਲ ਦੇ ਵਿਦਿਆਰਥੀਆਂ ਨੇ 'ਖੇਡਾਂ ਵਤਨ ਪੰਜਾਬ ਦੀਆਂ 2026' ਵਿੱਚ ਗੱਤਕਾ ਮੁਕਾਬਲਿਆਂ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਮਾਣਮੱਤੀਆਂ ਪ੍ਰਾਪਤੀਆਂ ਹਾਸਲ ਕੀਤੀਆਂ। ਬਾਬਾ ਅਜੈ ਸਿੰਘ ਕਾਲਜ, ਗੁਰਦਾਸਨੰਗਲ ਵਿਖੇ ਕਰਵਾਏ ਗਏ ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਆਪਣੀ ਖੇਡ ਪ੍ਰਤਿਭਾ, ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਟੇਟ ਪੱਧਰੀ ਮੁਕਾਬਲਿਆਂ ਲਈ ਵੀ ਚੋਣ ਹਾਸਲ ਕੀਤੀ।ਮੁਕਾਬਲਿਆਂ ਵਿੱਚ ਅਕਾਲ ਅਕੈਡਮੀ ਮੂਲਿਆਂਵਾਲ ਦੇ ਲੜਕਿਆਂ ਅਤੇ ਲੜਕੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਅੰਡਰ-14 ਫਰੀ ਸੋਟੀ ਟੀਮ ਮੁਕਾਬਲੇ ਵਿੱਚ ਅਕੈਡਮੀ ਦੀਆਂ ਲੜਕਿਆਂ ਅਤੇ ਲੜਕੀਆਂ ਦੀਆਂ ਟੀਮਾਂ ਨੇ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਅੰਡਰ-14 ਸਿੰਗਲ ਸੋਟੀ ਮੁਕਾਬਲੇ ਵਿੱਚ ਅਕੈਡਮੀ ਦੇ ਵਿਦਿਆਰਥੀ ਨੇ ਪਹਿਲਾ ਸਥਾਨ ਹਾਸਲ ਕਰਦਿਆਂ ਸਟੇਟ ਪੱਧਰੀ ਮੁਕਾਬਲੇ ਲਈ ਆਪਣੀ ਚੋਣ ਪੱਕੀ ਕੀਤੀ।ਅੰਡਰ-14 ਟੀਮ ਪ੍ਰਦਰਸ਼ਨ ਮੁਕਾਬਲੇ ਵਿੱਚ ਅਕਾਲ ਅਕੈਡਮੀ ਮੂਲਿਆਂਵਾਲ ਦੀ ਟੀਮ ਨੇ ਪਹਿਲਾ ਸਥਾਨ





ਹਾਸਲ ਕਰਕੇ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਤੋਂ ਇਲਾਵਾ ਅੰਡਰ-17 ਟੀਮ ਪ੍ਰਦਰਸ਼ਨ ਮੁਕਾਬਲੇ ਵਿੱਚ ਵੀ ਵਿਦਿਆਰਥੀਆਂ ਨੇ ਪ੍ਰਭਾਵਸ਼ਾਲੀ ਖੇਡ ਦਾ ਪ੍ਰਦਰਸ਼ਨ ਕੀਤਾ।

ਇਸ ਮੁਕਾਬਲੇ ਵਿੱਚ ਅਕੈਡਮੀ ਦੇ ਦੋ ਵਿਦਿਆਰਥੀਆਂ ਨੇ ਗੋਲਡ ਮੈਡਲ ਹਾਸਲ ਕਰਦਿਆਂ ਸਟੇਟ ਪੱਧਰੀ ਮੁਕਾਬਲਿਆਂ ਲਈ ਚੋਣ ਪ੍ਰਾਪਤ ਕੀਤੀ ਅਤੇ ਅਕੈਡਮੀ ਦਾ ਮਾਣ ਵਧਾਇਆ। ਇਸ ਦੇ ਨਾਲ ਹੀ ਅੰਡਰ-17 ਫਰੀ ਸੋਟੀ ਟੀਮ ਮੁਕਾਬਲੇ ਵਿੱਚ ਅਕਾਲ ਅਕੈਡਮੀ ਮੂਲਿਆਂਵਾਲ ਦੀਆਂ ਲੜਕਿਆਂ ਅਤੇ ਲੜਕੀਆਂ ਦੀਆਂ ਟੀਮਾਂ ਨੇ ਦੂਜਾ ਸਥਾਨ ਹਾਸਲ ਕੀਤਾ। ਵਿਦਿਆਰਥੀਆਂ ਦੀਆਂ ਇਹ ਮਾਣਮੱਤੀਆਂ ਪ੍ਰਾਪਤੀਆਂ ਉਨ੍ਹਾਂ ਦੀ ਨਿਰੰਤਰ ਮਿਹਨਤ, ਅਨੁਸ਼ਾਸਨ, ਸਮਰਪਣ ਅਤੇ ਕੋਚ ਦੀ ਸੁਚੱਜੀ ਰਹਿਨੁਮਾਈ ਦਾ ਨਤੀਜਾ ਹਨ। ਅਕਾਲ ਅਕੈਡਮੀ ਮੂਲਿਆਂਵਾਲ ਵਿੱਚ ਖੇਡਾਂ ਨੂੰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਅਹਿਮ ਹਿੱਸਾ ਮੰਨਿਆ ਜਾਂਦਾ ਹੈ। ਅਕਾਲ ਅਕੈਡਮੀ ਮੂਲਿਆਂਵਾਲ ਦੀ ਪ੍ਰਿੰਸੀਪਲ ਰਜਵੰਤ ਕੌਰ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਕੋਚ ਪ੍ਰਦੀਪ ਸਿੰਘ ਸੇਵਕ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਉਣ ਵਾਲੇ ਸਟੇਟ ਪੱਧਰੀ ਮੁਕਾਬਲਿਆਂ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲੈਣ, ਆਪਣੀ ਪ੍ਰਤਿਭਾ ਨੂੰ ਹੋਰ ਨਿਖਾਰਨ ਅਤੇ ਮਿਹਨਤ ਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਹਲਕਾ ਜੰਡਿਆਲਾ ਗੁਰੂ ਤੋਂ 66ਵੀਂ ਤੀਰਥ ਯਾਤਰਾ ਬੱਸ ਸੰਗਤ ਨੂੰ ਲੈ ਕੇ ਰਵਾਨਾ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਮਲਕਪੁਰ ਤੋਂ ਹਲਕੇ ਦੀ 66ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਬੱਸ ਰਾਹੀਂ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਦਰਸ਼ਨ ਕਰਵਾਏ ਜਾਣਗੇ। ਸੰਗਤ ਨੂੰ ਰਵਾਨਾ ਕਰਨ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਜਾ ਰਹੀ ਹੈ, ਜਿਸ ਤਹਿਤ ਸੂਬਾ ਵਾਸੀਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਤੀਰਥ ਯਾਤਰਾ ਸ਼ੁਰੂ ਕਰਕੇ ਬਜ਼ੁਰਗਾਂ ਦੀ ਤੀਰਥ ਯਾਤਰਾ ਕਰਨ ਦੀ ਮਨੋ-ਕਾਮਨਾ ਪੂਰੀ ਕੀਤੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ ਸੂਬੇ ਭਰ ਵਿੱਚ ਪੰਜ ਲੱਖ ਤੋਂ ਵੱਧ ਯਾਤਰੀ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ ਅਤੇ ਰੋਜ਼ਾਨਾ ਵੱਖ-ਵੱਖ ਵਿਧਾਨ ਸਭਾ ਹਲਕਿਆਂ ਤੋਂ ਤੀਰਥ ਯਾਤਰਾ ਦੀਆਂ ਬੱਸਾਂ ਰਵਾਨਾ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਅੱਜ 66ਵੀਂ ਤੀਰਥ ਯਾਤਰਾ ਬੱਸ ਰਵਾਨਾ ਕੀਤੀ ਗਈ ਹੈ।

# ਜਨ-ਕਲਿਆਣਕਾਰੀ ਯੋਜਨਾਵਾਂ ਨੂੰ ਘਰ-ਘਰ ਪਹੁੰਚਾਉਣ ਲਈ ਵਿਸ਼ੇਸ਼ ਮੀਟਿੰਗ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਆਮ ਆਦਮੀ ਪਾਰਟੀ ਵੱਲੋਂ ਇਲਾਕੇ ਵਿੱਚ ਜਨਤਕ ਰਾਬਤਾ ਵਧਾਉਣ ਅਤੇ ਸਰਕਾਰ ਦੀਆਂ ਜਨ-ਕਲਿਆਣਕਾਰੀ ਯੋਜਨਾਵਾਂ ਨੂੰ ਘਰ-ਘਰ ਪਹੁੰਚਾਉਣ ਦੇ ਮਕਸਦ ਨਾਲ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਦੇਰ ਸ਼ਾਮ ਨੂੰ ਕੀਤਾ ਗਿਆ। ਇਹ ਮੀਟਿੰਗ ਆਮ ਆਦਮੀ ਪਾਰਟੀ ਦੀ ਉੱਘੀ ਨੇਤਾ ਬਬੀਤਾ ਖੋਸਲਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਆਮ ਆਦਮੀ ਪਾਰਟੀ ਕਾਦੀਆਂ ਦੇ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਉਚੇਚੇ ਤੌਰ ਤੇ ਸ਼ਾਮਲ ਹੋਏ।ਮੀਟਿੰਗ ਦੌਰਾਨ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਅਤੇ ਆਗੂ ਬਬੀਤਾ ਖੋਸਲਾ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਨੇ ਸਰਕਾਰ ਵੱਲੋਂ ਆਮ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਮੁਫ਼ਤ ਅਤੇ ਬਿਹਤਰ ਸਹੂਲਤਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮਾਨ ਸਰਕਾਰ ਆਪਣੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ।ਮੀਟਿੰਗ ਦੌਰਾਨ ਬੁਲਾਰਿਆਂ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਪ੍ਰਮੁੱਖ ਯੋਜਨਾਵਾਂ ਬਾਰੇ ਸੰਗਤਾਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

# ਕ੍ਰਿਸਚੀਅਨ ਸਮਾਜ ਭਲਾਈ ਦਲ ਨੇ ਕਰਵਾਇਆ ਧਾਰਮਿਕ ਸਮਾਗਮ

**ਵੇਰਕਾ (ਰਾਣਾ)**- ਆਲ ਇੰਡੀਆ ਕ੍ਰਿਸਚੀਅਨ ਸਮਾਜ ਭਲਾਈ ਦਲ ਦੇ ਚੇਅਰਮੈਨ ਪਾਸਟਰ ਪੂਰਨ ਸਫਰੀ, ਪਾਸਟਰ ਸੈਮੂਏਲ ਸੋਨੀ ਦੀ ਅਗਵਾਈ ਵਿੱਚ ਦੋ ਰੋਜ਼ਾ ਮਸੀਹੀ ਧਾਰਮਿਕ ਸੰਮੇਲਨ 6 ਅਤੇ 7 ਅਕਤੂਬਰ ਨੂੰ 88 ਫੁੱਟ ਗਰਾਊਂਡ ਅੰਮ੍ਰਿਤਸਰ ਵਿਖੇ ਕਰਵਾਇਆ ਗਿਆ ਜਿਸ ਵਿੱਚ ਮੁੱਖ ਪ੍ਰਚਾਰਕ ਪਾਸਟਰ ਡਾ. ਸੰਨੀ ਵੱਲੋ ਪਵਿੱਤਰ ਬਾਈਬਲ ਵਿੱਚੋਂ ਪ੍ਰਮੇਸਰ ਦੇ ਵਚਨ ਨੂੰ ਵੰਡਿਆ ਗਿਆ ਅਤੇ ਹਜ਼ਾਰਾਂ ਦੀ ਗਿਣਤੀ





ਵਿੱਚ ਜੁੜੀਆਂ ਸੰਗਤਾਂ ਲਈ ਪ੍ਰਾਰਥਨਾ ਕੀਤੀ।ਸੰਮੇਲਨ ਦੀ ਧਾਰਮਿਕ ਕਮੇਟੀ ਪਾਸਟਰ ਸੈਮੂਏਲ ਸੋਨੀ, ਪਾਸਟਰ ਪੂਰਨ ਸਫਰੀ, ਪਾਸਟਰ ਖਾਦਿਮ ਸਹੋਤਾ, ਪਾਸਟਰ ਵਿਲੀਅਮ ਸੰਧੂ,ਪਾਸਟਰ ਮਕਬੂਲ ਸਾਬੀ, ਪਾਸਟਰ ਗੁਰਵੰਤ ਰਾਜਾ, ਬਿਸ਼ਪ ਇਮਾਨੂਏਲ ਰਹਿਮਤ, ਬਿਸਪ ਅਸ਼ੋਕ ਰਵੀ, ਬਿਸ਼ਪ ਲਾਲ ਮਸੀਹ, ਪਾਸਟਰ ਸੈਮ ਚੀਦਾ, ਪਾਸਟਰ ਸਮਸੇਰ ਸੰਧੂ, ਪਾਸਟਰ ਨਿਊਟਨ ਮਿੰਟੂ ਵੱਲੋ ਆਏ ਹੋਏ ਰਾਜਨੀਤਕ ਆਗੂਆਂ, ਪ੍ਰਿਅੰਕਾ ਸ਼ਰਮਾ ਸੀਨੀਅਰ ਡਿਪਟੀ ਮੇਅਰ, ਸਜਪਾਲ ਮਸੀਹ ਜਨਰਲ ਸਕੱਤਰ ਤੋਂ ਇਲਾਵਾ ਹੋਰ ਪਹੁੰਚੀਆਂ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ। ਹੋਰਨਾ ਤੋ ਹਜ਼ਾਰਾਂ ਦੀ ਤਾਦਾਦ ਵਿੱਚ ਸੰਗਤਾਂ ਨੇ ਪਾਹੁੰਚ ਕੇ ਆਤਮਿਕ ਬਰਕਤਾਂ ਪ੍ਰਾਪਤ ਕੀਤੀਆਂ।

# ਵਿਧਾਇਕਾ ਨੇ ਝੋਨੇ ਦੀ ਸਰਕਾਰੀ ਖਰੀਦ ਕਰਵਾਈ ਸ਼ੁਰੂ

**ਬਲਾਚੌਰ (ਜਸਵਿੰਦਰ ਬੈਂਸ)**- ਅਨਾਜ ਮੰਡੀ ਬਲਾਚੌਰ ਵਿਖੇ ਹਲਕਾ ਬਲਾਚੌਰ ਦੀ ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਝੋਨੇ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਉਚੇਚੇ ਤੌਰ 'ਤੇ ਕਰਵਾਈ ਗਈ। ਇਸ ਮੌਕੇ ਉਨ੍ਹਾਂ ਮੰਡੀ ਵਿੱਚ ਚੱਲ ਰਹੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ ਅਤੇ ਆਏ ਹੋਏ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਮੁਸ਼ਕਿਲਾਂ ਤੇ ਸੁਝਾਅ ਸੁਣੇ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕਾ ਸੰਤੋਸ਼ ਕਟਾਰੀਆ ਨੇ



ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਸਰਕਾਰੀ ਖਰੀਦ ਬੜੇ ਹੀ ਸੁਚਾਰੂ ਤੇ ਪਾਰਦਰਸ਼ੀ ਢੰਗ ਨਾਲ ਚਲਾਈ ਜਾ ਰਹੀ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਰਕਾਰ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਪੀਣ ਵਾਲੇ ਪਾਣੀ, ਛਾਂ, ਬਾਰਦਾਨੇ, ਸਮੇਂ ਸਿਰ ਖਰੀਦ ਅਤੇ ਲਿਫਟਿੰਗ ਸਮੇਤ ਸਾਰੇ ਪ੍ਰਬੰਧਾਂ 'ਤੇ ਪ੍ਰਸ਼ਾਸਨ ਲਗਾਤਾਰ ਨਜ਼ਰ ਰੱਖ ਰਿਹਾ ਹੈ। ਖਰੀਦ ਸ਼ੁਰੂ ਹੋਣ ਦੇ ਮੌਕੇ 'ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਸੇਠੀ ਉਧਨਵਾਲ ਅਤੇ ਨਗਰ ਕੌਂਸਲ ਪ੍ਰਧਾਨ ਸੁਨੀਲ ਕੌਸ਼ਲ (ਲਾਡੀ ਰਾਣਾ) ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੰਡੀ ਵਿੱਚ ਕਿਸਾਨਾਂ ਅਤੇ ਆੜ੍ਹਤੀਆਂ ਦੀਆਂ ਸਹੂਲਤਾਂ ਲਈ ਮਾਰਕੀਟ ਕਮੇਟੀ ਤੇ ਕੌਂਸਲ ਪ੍ਰਸ਼ਾਸਨ ਪੂਰੀ ਤਰ੍ਹਾਂ ਤਤਪਰ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਮੰਡੀ ਵਿੱਚ ਝੋਨੇ ਦੀ ਚੁਕਾਈ (ਲਿਫਟਿੰਗ) ਅਤੇ ਅਦਾਇਗੀ ਵਿੱਚ ਕਿਸੇ ਵੀ ਕਿਸਾਨ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਖਰੀਦ ਪ੍ਰਬੰਧਾਂ ਨੂੰ ਪੂਰੀ ਪਾਰਦਰਸ਼ਤਾ ਨਾਲ ਨੇਪਰੇ ਚਾੜ੍ਹਿਆ ਜਾਵੇਗਾ।

# ਕਟਾਰੂਚੱਕ ਨੇ ਸਰਨਾ ਤੇ ਕਾਨਵਾਂ ਦੀਆਂ ਦਾਣਾ ਮੰਡੀਆਂ 'ਚ ਲਿਆ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ

**ਪਠਾਨਕੋਟ (ਦਵਿੰਦਰ ਸਿੰਘ)** ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਜ਼ਿਲ੍ਹਾ ਪਠਾਨਕੋਟ ਦੀਆਂ ਦਾਣਾ ਮੰਡੀਆਂ ਸਰਨਾ ਅਤੇ ਕਾਨਵਾਂ ਦਾ ਦੌਰਾ ਕਰਕੇ ਝੋਨੇ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਇਸ ਦੌਰਾਨ ਉਨ੍ਹਾਂ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਸਿੱਧੀ ਗੱਲਬਾਤ ਕਰਦਿਆਂ ਮੰਡੀਆਂ ਵਿੱਚ ਜ਼ਮੀਨੀ ਪੱਧਰ 'ਤੇ ਚੱਲ ਰਹੇ ਪ੍ਰਬੰਧਾਂ ਅਤੇ ਉਨ੍ਹਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ, ਗੁਰਲੀਨ (ਆਈ ਏ ਐੱਸ ),ਡਿਪਟੀ ਡਾਇਰੈਕਟਰ ਜਲੰਧਰ ਰਜਨੀਸ਼ ਕੁਮਾਰੀ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਰਾਜ ਰਿਸ਼ੀ ਮਹਿਰਾ, ਜ਼ਿਲ੍ਹਾ ਮੰਡੀ ਅਫਸਰ ਵਿਕਰਮਜੀਤ ਸਿੰਘ ਸਮੇਤ ਹੋਰ ਸਬੰਧਤ ਅਧਿਕਾਰੀ ਵੀ ਹਾਜ਼ਰ ਸਨ।ਮੰਡੀਆਂ ਦੇ ਦੌਰੇ ਦੌਰਾਨ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ ਕਿਹਾ ਕਿ ਪੰਜਾਬ ਵਿੱਚ ਝੋਨੇ ਦੀ ਖਰੀਦ ਦਾ ਕੰਮ ਨਿਰਧਾਰਤ ਟੀਚੇ ਵੱਲ ਲਗਾਤਾਰ ਅੱਗੇ ਵੱਧ ਰਿਹਾ ਹੈ।ਇਸ ਵਾਰ ਪੰਜਾਬ ਵਿੱਚ ਬੰਪਰ ਫਸਲ ਹੋਈ ਹੈ ਅਤੇ ਫਸਲ ਦੀ ਗੁਣਵੱਤਾ ਵੀ ਚੰਗੀ ਹੈ।ਉਨ੍ਹਾਂ ਕਿਹਾ ਕਿ ਚੰਗੀ ਫਸਲ ਦਾ ਲਾਭ ਕਿਸਾਨਾਂ ਦੇ ਨਾਲ-ਨਾਲ ਦੇਸ਼ ਨੂੰ ਵੀ ਮਿਲੇਗਾ।ਕੈਬਨਿਟ ਮੰਤਰੀ ਨੇ



ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਭਰੋਸਾ ਦਿੱਤਾ ਗਿਆ ਹੈ ਕਿ ਮੰਡੀਆਂ ਵਿੱਚ ਕਿਸਾਨਾਂ ਵੱਲੋਂ ਲਿਆਂਦਾ ਝੋਨੇ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਹੁਣ ਤੱਕ ਪੰਜਾਬ ਦੀਆਂ ਮੰਡੀਆਂ ਵਿੱਚ ਕਰੀਬ 12 ਲੱਖ ਮੀਟਰਿਕ ਟਨ ਝੋਨਾ ਪਹੁੰਚ ਚੁੱਕਾ ਹੈ, ਜਿਸ ਵਿੱਚੋਂ ਲਗਭਗ 11 ਲੱਖ ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।ਸਰਕਾਰ ਵੱਲੋਂ ਝੋਨੇ ਲਈ 2461 ਰੁਪਏ ਪ੍ਰਤੀ ਕੁਇੰਟਲ ਐਮ.ਐਸ.ਪੀ. ਨਿਰਧਾਰਤ ਕੀਤੀ ਗਈ ਹੈ ਅਤੇ ਹੁਣ ਤੱਕ ਕਿਸਾਨਾਂ ਦੇ ਖਾਤਿਆਂ ਵਿੱਚ 1421 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਕਿਸਾਨਾਂ ਨੂੰ ਮੰਡੀਆਂ ਵਿੱਚ ਖਰੀਦ ਪ੍ਰਬੰਧਾਂ, ਬਾਰਦਾਨੇ ਅਤੇ ਹੋਰ ਸਮੱਸਿਆਵਾਂ ਕਾਰਨ ਕਈ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਹੁਣ ਸਥਿਤੀ ਵਿੱਚ ਵੱਡਾ ਬਦਲਾਅ ਆਇਆ ਹੈ।ਕਿਸਾਨ ਆਪਣਾ ਝੋਨਾ ਮੰਡੀ ਵਿੱਚ ਲਿਆ ਕੇ ਸਮੇਂ ਸਿਰ ਖਰੀਦ ਕਰਵਾ ਕੇ ਘਰ ਵਾਪਸ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਜੇਕਰ ਕੋਈ ਕਿਸਾਨ ਰਾਤ ਸਮੇਂ ਮੰਡੀ ਵਿੱਚ ਝੋਨਾ ਲੈ ਕੇ ਆਉਂਦਾ ਹੈ ਤਾਂ ਉਸ ਦੀ ਵੀ ਸਵੇਰ ਤੱਕ ਖਰੀਦ ਯਕੀਨੀ ਬਣਾਉਣ ਲਈ ਪ੍ਰਬੰਧ ਕੀਤੇ ਗਏ ਹਨ ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫਸਲ ਨੂੰ ਚੰਗੀ ਤਰ੍ਹਾਂ ਸੁਕਾ ਕੇ ਹੀ ਮੰਡੀ ਵਿੱਚ ਲੈ ਕੇ ਆਉਣ ਤਾਂ ਜੋ ਝੋਨੇ ਦੀ ਖਰੀਦ ਵਿੱਚ ਬੇਲੋੜੀ ਦੇਰੀ ਨਾ ਹੋਵੇ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਮਿਹਨਤ ਦਾ ਇੱਕ-ਇੱਕ ਦਾਣਾ ਖਰੀਦਣਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਵੱਖ-ਵੱਖ ਵਰਗਾਂ ਲਈ ਲੋਕ ਭਲਾਈ ਦੇ ਕਈ ਉਪਰਾਲੇ ਕੀਤੇ ਹਨ।

ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ, ਮਾਵਾਂ-ਧੀਆਂ ਦੇ ਸਨਮਾਨ ਅਤੇ ਮੁੱਖ ਮੰਤਰੀ ਤੀਰਥ ਯਾਤਰਾ ਸਮੇਤ ਕਈ ਯੋਜਨਾਵਾਂ ਦਾ ਲੱਖਾਂ ਪੰਜਾਬੀਆਂ ਨੂੰ ਲਾਭ ਮਿਲਿਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਕਿਸਾਨਾਂ ਦਾ ਭਰੋਸਾ ਜਿੱਤਿਆ ਹੈ ਅਤੇ ਮੌਜੂਦਾ ਝੋਨੇ ਦੇ ਸੀਜ਼ਨ ਦੌਰਾਨ ਵੀ ਖਰੀਦ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾਵੇਗਾ।ਇਸ ਮੌਕੇ ਸਹਾਇਕ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਅਜੇ ਪਰਿੰਜਾ, ਰਾਜੀਵ ਸ਼ਰਮਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਨਿਤਿਨ ਠਾਕੁਰ, ਆੜ੍ਹਤੀ ਸਤਨਾਮ ਸਿੰਘ, ਮੁਲਖਰਾਜ, ਸੰਜੀਵ ਕੁਮਾਰ, ਸ਼ਮਸ਼ੇਰ ਸਿੰਘ, ਸੁਖਦੇਵ ਸਿੰਘ, ਹਰੀਸ਼ ਸ਼ਰਮਾ, ਮਣੀ ਕੁਮਾਰ, ਸੁਖਵਿੰਦਰ ਸਿੰਘ, ਜਗਜੀਤ ਸਿੰਘ, ਰੁਪਿੰਦਰ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਧਾਮੀ ਵੱਲੋਂ ਗੁਰਦੁਆਰਾ 'ਚ ਵਾਪਰੀ ਘਟਨਾ 'ਤੇ ਚਿੰਤਾ ਪ੍ਰਗਟ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਤਿਹਾਸਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਦਸਵੀਂ, ਆਲਮਗੀਰ ਵਿਖੇ ਲੰਗਰ ਹਾਲ 'ਚ ਵਾਪਰੀ ਘਟਨਾ 'ਤੇ ਚਿੰਤਾ ਪ੍ਰਗਟ ਕਰਦਿਆਂ ਇਸ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਵਿਖੇ ਚੱਲ ਰਹੀ ਗੁਰੂ ਕੇ ਲੰਗਰ ਦੀ ਸੇਵਾ ਵਾਲੇ ਸਥਾਨ ਨੂੰ ਨਿਸ਼ਾਨਾ ਬਣਾਉਣਾ ਬੇਹੱਦ ਗੰਭੀਰ ਮਾਮਲਾ ਹੈ ਅਤੇ ਅਜਿਹੀ ਘਟਨਾ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਪੁਲਸ ਪ੍ਰਸ਼ਾਸਨ ਇਸ ਹਰਕਤ ਦੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰੇ। ਉਨ੍ਹਾਂ ਕਿਹਾ ਗੁਰੂ ਕੇ ਲੰਗਰ ਦੀ ਪਰੰਪਰਾ ਸਮੁੱਚੀ ਮਨੁੱਖਤਾ ਨੂੰ ਬਿਨਾਂ ਕਿਸੇ ਭੇਦਭਾਵ ਤੋਂ ਸੇਵਾ ਅਤੇ ਬਰਾਬਰੀ ਦਾ ਸੰਦੇਸ਼ ਦਿੰਦੀ ਹੈ। ਇਸ ਲਈ ਲੰਗਰ ਹਾਲ ਜਾਂ ਗੁਰਦੁਆਰਾ ਸਾਹਿਬ ਦੀ ਕਿਸੇ ਵੀ ਇਮਾਰਤ ਨੂੰ ਨੁਕਸਾਨ ਪਹੁੰਚਾਉਣ ਵਾਲੀ ਕਾਰਵਾਈ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਦੀ ਮਰਯਾਦਾ, ਗੁਰੂ ਕੇ ਲੰਗਰ ਦੀ ਸੇਵਾ ਅਤੇ ਸੰਗਤ ਦੀ ਸੁਰੱਖਿਆ ਸਭ ਤੋਂ ਮਹੱਤਵਪੂਰਨ ਹਨ, ਜਿਸ ਦੀ ਤੌਹੀਨ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਇਸ ਘਟਨਾ ਦੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਵਾਉਣ ਲਈ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਅਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਨੂੰ ਆਦੇਸ਼ ਕੀਤੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪ੍ਰਸ਼ਾਸਨ ਨੂੰ ਵੀ ਮਾਮਲੇ ਦੀ ਨਿਰਪੱਖ ਅਤੇ ਗੰਭੀਰਤਾ ਨਾਲ ਜਾਂਚ ਕਰਕੇ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਲਈ ਆਖਿਆ।

ਨਵਾਂ ਜ਼ਮਾਨਾ
ਸ਼ਨੀਵਾਰ, 10 ਅਕਤੂਬਰ 2026

# ਸਰਕਾਰ ਡਰ ਗਈ

ਪੁਲਸ ਨੇ ਵਿਦਿਆਰਥੀਆਂ ਤੇ ਨੌਜਵਾਨਾਂ ਨੂੰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ 10 ਅਕਤੂਬਰ ਨੂੰ ਜੰਤਰ-ਮੰਤਰ 'ਤੇ ਵਿਰੋਧ ਪ੍ਰਦਰਸ਼ਨ ਕਰਨ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਨਵੀਂ ਦਿੱਲੀ ਰੇਂਜ ਦੇ ਜਾਇੰਟ ਪੁਲਸ ਕਮਿਸ਼ਨਰ ਨੂਪੁਰ ਪ੍ਰਸਾਦ ਮੁਤਾਬਕ ਪ੍ਰਦਰਸ਼ਨ ਦੀ ਮਨਜ਼ੂਰੀ ਲੈਣ ਲਈ ਸਿਰਫ ਤਿੰਨ ਦਿਨ ਪਹਿਲਾਂ (7 ਅਕਤੂਬਰ) ਅਰਜ਼ੀ ਮਿਲੀ, ਜਦਕਿ ਅਜਿਹੀਆਂ ਅਰਜ਼ੀਆਂ ਘੱਟੋ-ਘੱਟ 10 ਦਿਨ ਪਹਿਲਾਂ ਜਮ੍ਹਾਂ ਕਰਾਉਣੀਆਂ ਪੈਂਦੀਆਂ ਹਨ। ਅਰਜ਼ੀ ਲੇਟ ਮਿਲਣੀ ਤਾਂ ਬਹਾਨਾ ਹੀ ਹੈ, ਕਿਉਂਕਿ ਪ੍ਰਦਰਸ਼ਨ ਨੂੰ ਰੋਕਣ ਲਈ ਸਰਕਾਰ ਪਹਿਲਾਂ ਹੀ ਕਾਫੀ ਤਿਆਰੀਆਂ ਕਰੀ ਬੈਠੀ ਸੀ। ਹਜ਼ਾਰਾਂ ਨੀਮ ਫੌਜੀ ਜਵਾਨ ਤਾਂ ਉਸ ਨੇ ਪਹਿਲਾਂ ਹੀ ਦਿੱਲੀ ਸੱਦ ਲਏ ਸਨ। ਤਾਜ਼ਾ ਰਿਪੋਰਟਾਂ ਮੁਤਾਬਕ ਵੋਟ ਚੋਰੀ ਖਿਲਾਫ ਦੇਸ਼-ਭਰ ਤੋਂ ਦਿੱਲੀ ਪਹੁੰਚਣ ਵਾਲੇ ਲੋਕਾਂ ਨੂੰ ਰੋਕਣ ਲਈ ਕਈ ਰੇਲ ਗੱਡੀਆਂ ਵੀ ਰੋਕ ਦਿੱਤੀਆਂ ਗਈਆਂ ਹਨ ਅਤੇ ਕਾਰਕੁੰਨਾਂ ਦੀ ਫੜੋ-ਫੜੀ ਵੀ ਸ਼ੁਰੂ ਕਰ ਦਿੱਤੀ ਗਈ ਹੈ। ਦਿੱਲੀ ਵਿੱਚ ਦਰਜਨਾਂ ਮੈਟਰੋ ਸਟੇਸ਼ਨ ਬੰਦ ਕਰ ਦਿੱਤੇ ਗਏ ਹਨ। ਇਸ ਤੋਂ ਸਾਫ ਹੈ ਕਿ ਆਰ ਐੱਸ ਐੱਸ ਦੇ ਸਿਆਸੀ ਵਿੰਗ ਭਾਜਪਾ ਦੀ ਛਪੰਜਾ ਇੰਚ ਛਾਤੀ ਵਾਲੇ ਪ੍ਰਧਾਨ ਮੰਤਰੀ ਦੀ ਸਰਕਾਰ ਨੌਜਵਾਨਾਂ ਤੋਂ ਡਰ ਗਈ ਹੈ।

ਇਸੇ ਦਰਮਿਆਨ ਨੌਜਵਾਨਾਂ ਨੇ ਦੇਸ਼-ਭਰ ਦੀ ਪੁਲਸ ਨੂੰ ਇੱਕ ਸੁਨੇਹੇ ਵਿੱਚ ਕਿਹਾ ਹੈ ਕਿ ਉਨ੍ਹਾਂ ਨੂੰ ਪਤਾ ਹੈ ਕਿ ਉਸ ਨੂੰ ਹੁਕਮ ਮੰਨਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਬ੍ਰਿਟਿਸ਼ ਰਾਜ ਦੌਰਾਨ ਵੀ ਕੁਝ ਪੁਲਸ ਵਾਲੇ ਸਨ, ਜਿਨ੍ਹਾਂ ਨੇ ਆਪਣੇ ਹੀ ਦੇਸ਼ ਵਾਸੀਆਂ 'ਤੇ ਗੋਲੀਆਂ ਚਲਾਈਆਂ ਸਨ, ਇਹ ਦਾਅਵਾ ਕਰਦੇ ਹੋਏ ਕਿ ਉਹ ਆਪਣੀ ਡਿਊਟੀ ਕਰ ਰਹੇ ਸਨ। ਦੇਸ਼ ਉਨ੍ਹਾਂ ਪੁਲਸ ਵਾਲਿਆਂ ਨੂੰ ਗ਼ੱਦਾਰ ਮੰਨਦਾ ਹੈ। ਪੁਲਸ ਨੂੰ ਇਹ ਧਿਆਨ ਰੱਖਣਾ ਪੈਣਾ ਹੈ ਕਿ ਨੌਜਵਾਨ ਗਾਂਧੀ ਅਤੇ ਅੰਬੇਡਕਰ ਦੇ ਦਿਖਾਏ ਅਹਿੰਸਾ ਅਤੇ ਸੰਵਿਧਾਨ ਦੇ ਮਾਰਗ 'ਤੇ ਚਲਦਿਆਂ ਅੰਦੋਲਨ ਕਰ ਰਹੇ ਹਨ। ਨੌਜਵਾਨ ਦੇਸ਼ ਨੂੰ ਬਚਾਉਣ ਦੀ ਇਤਿਹਾਸਕ ਲੜਾਈ ਲੜਨ ਲਈ ਜੰਤਰ-ਮੰਤਰ ਅਵੱਸ਼ ਪਹੁੰਚਣਗੇ, ਇਹ ਤੁਹਾਡੇ 'ਤੇ ਨਿਰਭਰ ਕਰੇਗਾ ਕਿ ਤੁਸੀਂ ਇਤਿਹਾਸ ਵਿੱਚ ਕਿਵੇਂ ਯਾਦ ਕੀਤੇ ਜਾਣਾ ਪਸੰਦ ਕਰੋਗੇ-ਜਨਰਲ ਡਾਇਰ ਵਜੋਂ ਜਾਂ ਸ਼ਹੀਦ ਮੰਗਲ ਪਾਂਡੇ ਵਜੋਂ?

ਸਰਕਾਰ ਵੱਲੋਂ ਚੁੱਕੇ ਜਾ ਰਹੇ ਕਦਮਾਂ ਤੋਂ ਇਹ ਵੀ ਸਾਫ ਹੈ ਕਿ ਉਸ ਨੂੰ ਭਾਜਪਾ ਦੇ ਮਾਰਗਦਰਸ਼ਕ ਤੇ ਸਾਬਕਾ ਕੇਂਦਰੀ ਮੰਤਰੀ ਮੁਰਲੀ ਮਨੋਹਰ ਜੋਸ਼ੀ ਦੀ ਇਹ ਸਲਾਹ ਵੀ ਨਹੀਂ ਜਚੀ ਕਿ ਵਿਦਿਆਰਥੀਆਂ ਤੇ ਨੌਜਵਾਨਾਂ ਦੀਆਂ ਸ਼ਿਕਾਇਤਾਂ ਅਤੇ ਚਿੰਤਾਵਾਂ ਨੂੰ ਸੰਜਮ ਅਤੇ ਸੰਵੇਦਨਸ਼ੀਲਤਾ ਨਾਲ ਸੁਣਿਆ ਜਾਣਾ ਚਾਹੀਦਾ ਹੈ। ਜਾਇਜ਼ ਮੰਗਾਂ ਉਠਾਉਣ ਵਾਲਿਆਂ ਨੂੰ ਆਪਣੇ ਵਿਚਾਰ ਪੇਸ਼ ਕਰਨ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ। ਨੌਜਵਾਨਾਂ ਵਿਰੁੱਧ ਤਾਕਤ ਦੀ ਵਰਤੋਂ ਕਰਨ ਨਾਲ ਕੋਈ ਹੱਲ ਨਹੀਂ ਨਿਕਲਣਾ। ਮੁਰਲੀ ਨੇ ਇਹ ਵੀ ਕਿਹਾ, "ਲੱਗਭੱਗ 200 ਸਾਲ ਪਹਿਲਾਂ ਲਿੰਕਨ ਨੇ ਕਿਹਾ ਸੀ ਕਿ ਲੋਕਾਂ ਦੀ, ਲੋਕਾਂ ਦੁਆਰਾ ਅਤੇ ਲੋਕਾਂ ਲਈ ਸਰਕਾਰ ਧਰਤੀ 'ਤੇ ਕਦੇ ਖਤਮ ਨਹੀਂ ਹੋਵੇਗੀ। ਮੈਂ ਅੱਜ ਕਹਿੰਦਾ ਹਾਂ ਕਿ ਲੋਕਾਂ ਦੀ, ਲੋਕਾਂ ਦੁਆਰਾ ਅਤੇ ਲੋਕਾਂ ਲਈ ਸਰਕਾਰ ਸਿਰਫ ਉਦੋਂ ਤੱਕ ਹੀ ਕਾਇਮ ਰਹਿ ਸਕਦੀ ਹੈ, ਜਦੋਂ ਤੱਕ ਚੋਣਾਂ ਨਿਰਪੱਖ ਹੋਣ, ਸਰਕਾਰਾਂ ਜਵਾਬਦੇਹ ਹੋਣ ਅਤੇ ਨੌਕਰਸ਼ਾਹੀ ਪਾਰਦਰਸ਼ੀ ਹੋਵੇ।"

## ਪਾਠਕ-ਸੱਥ

### ਦੁੱਧ ਦੀ ਥਾਂ ਪੀ ਰਹੇ ਜ਼ਹਿਰ

ਮਿਲਾਵਟੀ ਦੁੱਧ ਲੋਕਾਂ ਦੀ ਸਿਹਤ ਲਈ ਗੰਭੀਰ ਖਤਰਾ ਬਣਦਾ ਹੈ । ਇਨਸਾਨ ਨੂੰ ਜਿਉਂਦੇ ਰਹਿਣ ਲਈ ਸੰਤੁਲਿਤ ਭੋਜਨ ਦੀ ਲੋੜ ਪੈਂਦੀ ਹੈ। ਅੱਜ ਦੇਖਦੇ ਹੀ ਹਾਂ ਕਿ ਛੋਟੇ ਬੱਚੇ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ । ਹਰ ਚੀਜ਼ ਵਿੱਚ ਮਿਲਾਵਟ ਹੈ । ਚਾਹੇ ਉਹ ਖਾਣ-ਪੀਣ ਵਾਲੀ ਹਰ ਚੀਜ਼ ਹੀ ਕਿਉਂ ਨਾ ਹੋਵੇ ? ਜੇਕਰ ਅੱਜ ਦੇ ਸਮੇਂ ਦੀ ਗੱਲ ਕਰੀਏ ਤਾਂ ਮਿਲਾਵਟੀ ਦੁੱਧ ਮਾਰਕੀਟ ਵਿੱਚ ਧੜਾਧੜ ਵਿਕ ਰਿਹਾ ਹੈ। ਕਈ ਸੂਬਿਆਂ ਵਿੱਚ ਦੁੱਧ ਦੇ ਉਤਪਾਦਨ ਅਤੇ ਖਪਤ ਵਿੱਚ ਵੱਡੇ ਅੰਤਰ ਦੇ ਮੱਦੇ-ਨਜ਼ਰ ਬਾਜ਼ਾਰ ਵਿੱਚ ਕਥਿਤ ਤੌਰ 'ਤੇ ਮਿਲਾਵਟੀ ਦੁੱਧ ਦੀ ਵਿਕਰੀ ਧੜੱਲੇ ਨਾਲ ਹੋ ਰਹੀ ਹੈ । ਤਿਉਹਾਰਾਂ ਦੇ ਨੇੜੇ ਸਿਹਤ ਮੰਤਰਾਲਾ ਵੱਡੀ ਤਦਾਦ ਵਿੱਚ ਨਕਲੀ ਦੁੱਧ, ਖੋਆ, ਪਨੀਰ, ਮਿਠਾਈਆਂ ਦੀ ਚੈਕਿੰਗ ਕਰਦਾ ਹੈ ।ਯੂਪੀ ਦੇ ਕਿਸੇ ਜ਼ਿਲ੍ਹੇ ਵਿੱਚ ਪਿਛਲੇ 15 ਸਾਲਾਂ ਤੋਂ ਨਕਲੀ ਘਿਓ ਤਿਆਰ ਕਰਨ ਵਾਲੀ ਫੈਕਟਰੀ 'ਤੇ ਛਾਪਾ ਮਾਰਿਆ ਗਿਆ ।ਅੱਜ-ਕੱਲ੍ਹ ਪਿੰਡਾਂ ਵਿੱਚ ਵੀ ਦੁਧਾਰੂ ਪਸ਼ੂ ਰੱਖਣੇ ਲੋਕਾਂ ਨੇ ਬੰਦ ਕਰ ਦਿੱਤੇ ਹਨ। ਵਿਸ਼ਵ ਸਿਹਤ ਸੰਗਠਨ ਦੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਜੇਕਰ ਭਾਰਤ ਦੇ ਦੁੱਧ ਉਤਪਾਦਾਂ ਦੀ ਜਾਂਚ ਨਾ ਕੀਤੀ ਗਈ ਤਾਂ 2030 ਤੱਕ 87 ਫੀਸਦੀ ਭਾਰਤੀ ਕੈਂਸਰ, ਨਾਮੁਰਾਦ ਬਿਮਾਰੀਆਂ ਦਾ ਸ਼ਿਕਾਰ ਹੋ ਸਕਦੇ ਹਨ। ਇੱਕ ਹੋਰ ਸਰਵੇ ਵਿੱਚ ਕਿਹਾ ਗਿਆ ਹੈ ਕਿ ਦੇਸ਼ 'ਚ 16 ਕਰੋੜ ਲੀਟਰ ਦੁੱਧ ਦਾ ਉਤਪਾਦਨ ਹੁੰਦਾ ਹੈ, ਜਦਕਿ ਖਪਤ 70 ਕਰੋੜ ਲੀਟਰ ਦੇ ਨੇੜੇ ਹੈ।ਸਿੰਥੈਟਿਕ ਪਾਊਡਰ ਤੋਂ ਤਿਆਰ ਦੁੱਧ ਮਾਰਕੀਟ ਵਿੱਚ ਆਸਾਨੀ ਨਾਲ ਮਿਲ ਰਿਹਾ ਹੈ। ਪਿੱਛੇ ਜਿਹੇ ਇੱਕ ਸਰਵੇ ਮੁਤਾਬਕ ਦੇਸ਼ ਵਿੱਚ ਪਸ਼ੂਆਂ ਤੋਂ ਇੰਨਾ ਦੁੱਧ ਉਤਪਾਦਨ ਨਹੀਂ ਹੁੰਦਾ, ਜਿੰਨੀ ਖਪਤ ਹੋ ਰਹੀ ਹੈ। ਇਸਦਾ ਮਤਲਬ ਕਿ ਆਬਾਦੀ ਨੂੰ ਮਿਲਾਵਟੀ ਦੁੱਧ ਤੇ ਦੁੱਧ ਤੋਂ ਬਣੀਆਂ ਹੋਈਆਂ ਚੀਜ਼ਾਂ ਪ੍ਰਾਪਤ ਹੋ ਰਹੀਆਂ ਹਨ । ਦੁੱਧ ਵਿੱਚ ਘਟੀਆ ਕੁਆਲਿਟੀ ਦਾ ਦੁੱਧ ਪਾਊਡਰ ਅਤੇ ਰਿਫਾਇੰਡ ਤੇਲ ਮਿਲਾ ਕੇ ਪਿੱਛੇ ਜਿਹੇ ਯੂਪੀ ਦੇ ਕਿਸੇ ਪਿੰਡ ਵਿੱਚ ਬੰਦੇ ਫੜੇ ਗਏ ਸਨ। ਮਾਹਿਰ ਦੱਸਦੇ ਹਨ ਕਿ ਦੁੱਧ ਨੂੰ ਗਾੜ੍ਹਾ ਕਰਨ ਲਈ ਕਈ ਲੋਕ ਸੋਇਆਬੀਨ, ਸਰਫ ਨੂੰ ਪੀਸ ਕੇ ਵਿੱਚ ਮਿਲਾ ਦਿੰਦੇ ਹਨ। ਅੱਜ ਮਿਲਾਵਟੀ ਦੁੱਧ ਦਾ ਕਾਰੋਬਾਰ ਸਿਖਰਾਂ 'ਤੇ ਹੈ। ਅੱਜ ਮਿਲਾਵਟੀ ਘਿਓ, ਨਕਲੀ ਦੁੱਧ, ਖੋਆ, ਪਨੀਰ, ਕੈਂਸਰ ਦਾ ਖਤਰਾ ਵਧਾ ਰਹੇ ਹਨ।

-ਸੰਜੀਵ ਸਿੰਘ ਸੈਣੀ, ਮੋਹਾਲੀ, 78889-66168

# ਪ੍ਰਦੂਸ਼ਣ ਦਾ ਕਾਰਨ ਪਰਾਲੀ ਹੀ ਨਹੀਂ, ਫੈਕਟਰੀਆਂ ਵੀ ਹਨ



ਬਲਵਿੰਦਰ ਸਿੰਘ ਭੁੱਲਰ

ਵਾਤਾਵਰਣ ਦਾ ਹਰ ਜਿਉਂਦੇ ਜੀਵ 'ਤੇ ਪ੍ਰਭਾਵ ਪੈਂਦਾ ਹੈ, ਵਾਤਾਵਰਣ ਦੀ ਹਰ ਪ੍ਰਾਣੀ ਮੁਫ਼ਤ ਵਿੱਚ ਵਰਤੋਂ ਕਰਦਾ ਹੈ। ਇਨਸਾਨ, ਜੀਵ-ਜੰਤੂ, ਪਸ਼ੂ ਆਦਿ ਹਰ ਜਾਨਦਾਰ ਜੀਵ ਜਿੱਥੇ ਰਹਿੰਦਾ ਹੈ, ਉਸ ਦੇ ਆਸ-ਪਾਸ ਪਾਣੀ, ਮਿੱਟੀ, ਹਵਾ, ਬਨਸਪਤੀ, ਧੁੱਪ, ਜੰਗਲ ਆਦਿ ਨੂੰ ਹੀ ਵਾਤਾਵਰਣ ਕਿਹਾ ਜਾਂਦਾ ਹੈ। ਜੇਕਰ ਇਹ ਵਾਤਾਵਰਣ ਸ਼ੁੱਧ ਤੇ ਸਾਫ਼-ਸੁਥਰਾ ਹੋਵੇਗਾ ਤਾਂ ਇਸ ਦਾ ਜੀਵਨ 'ਤੇ ਚੰਗਾ ਪ੍ਰਭਾਵ ਪਵੇਗਾ, ਬੀਮਾਰੀਆਂ ਨਹੀਂ ਫੈਲਣਗੀਆਂ, ਪ੍ਰਾਣੀਆਂ ਦੀ ਉਮਰ ਲੰਮੀ ਹੋਵੇਗੀ। ਇਸ ਵਾਤਾਵਰਣ ਦੀ ਉਪਯੋਗਤਾ ਨੂੰ ਘੱਟ ਕਰਨ ਵਾਲੀ ਚੀਜ਼ ਪ੍ਰਦੂਸ਼ਕ ਕਹਾਉਂਦੀ ਹੈ, ਜਿਸ ਦੇ ਅਸਰ ਨਾਲ ਹੀ ਵਾਤਾਵਰਣ ਪ੍ਰਦੂਸ਼ਤ ਹੁੰਦਾ ਹੈ। ਸ਼ੁੱਧ ਵਾਤਾਵਰਣ ਜੀਵਨ ਨੂੰ ਤੰਦਰੁਸਤ ਰੱਖਣ ਲਈ ਸਹਾਈ ਹੁੰਦਾ ਹੈ। ਵਾਤਾਵਰਣ ਨੂੰ ਪ੍ਰਦੂਸ਼ਤ ਕਰਨ ਵਿੱਚ ਉਦਯੋਗਾਂ ਦਾ ਧੂੰਆਂ ਤੇ ਰਹਿੰਦ-ਖੂੰਹਦ, ਗੱਡੀਆਂ ਦਾ ਧੂੰਆਂ, ਫੈਕਟਰੀਆਂ ਦੀਆਂ ਗੈਸਾਂ, ਫ਼ਸਲਾਂ ਦੀ ਪਰਾਲੀ ਨੂੰ ਅੱਗ ਲਾਉਣ, ਕੀਟਨਾਸਕ ਤੇ ਨਦੀਨਨਾਸਕ ਜ਼ਹਿਰਾਂ ਦੇ ਛਿੜਕਾਅ ਦਾ ਯੋਗਦਾਨ ਹੁੰਦਾ ਹੈ।

ਪ੍ਰਦੂਸ਼ਣ ਸਦਕਾ ਅੱਜ ਸਮੁੱਚੀ ਦੁਨੀਆ ਦੇ ਵਾਤਾਵਰਣ 'ਤੇ ਹੀ ਬੁਰਾ ਪ੍ਰਭਾਵ ਪੈ ਰਿਹਾ ਹੈ ਅਤੇ ਸੰਸਾਰ ਪੱਧਰ 'ਤੇ ਹੀ ਇਹ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਪੰਜਾਬ ਦੇ ਵਾਤਾਵਰਣ ਵਿੱਚ ਤਾਂ ਬਹੁਤ ਜ਼ਿਆਦਾ ਵਿਗਾੜ ਆ ਚੁੱਕਾ ਹੈ, ਪਰ ਦੇਸ਼ ਜਾਂ ਰਾਜ ਸਰਕਾਰਾਂ ਇਸ ਅਤੀ ਸੰਵੇਦਨਸ਼ੀਲ ਮੁੱਦੇ ਵੱਲ ਲੋੜੀਂਦਾ ਧਿਆਨ ਨਹੀਂ ਦੇ ਰਹੀਆਂ। ਕਾਰਖਾਨਿਆਂ ਦੀ ਰਹਿੰਦ-ਖੂੰਹਦ ਨੂੰ ਦਰਿਆਵਾਂ ਨਹਿਰਾਂ ਵਿੱਚ ਸੁੱਟ ਕੇ ਪਾਣੀ ਪ੍ਰਦੂਸ਼ਤ ਕੀਤਾ ਜਾ ਰਿਹਾ ਹੈ, ਜੋ ਅੱਗੇ ਲੋਕਾਂ ਨੇ ਪੀਣ ਲਈ ਵਰਤਣਾ ਹੁੰਦਾ ਹੈ। ਉਦਯੋਗਾਂ ਤੇ ਵਹੀਕਲਾਂ ਦੇ ਧੂੰਏ ਤੇ ਗੈਸਾਂ ਨਾਲ ਹਵਾ ਪ੍ਰਦੂਸ਼ਿਤ ਹੋ ਰਹੀ ਹੈ, ਜਿਸ ਚੋਂ ਜਿਉਂਦਾ ਰਹਿਣ ਲਈ ਸਾਹ ਲੈਣਾ ਪੈਂਦਾ ਹੈ। ਕੀਟਨਾਸਕ ਤੇ ਨਦੀਨਨਾਸਕ ਜ਼ਹਿਰਾਂ, ਦਵਾਈਆਂ ਨਾਲ ਧਰਤੀ ਹੇਠਲਾ ਪਾਣੀ ਪ੍ਰਦੂਸ਼ਤ ਹੋ ਰਿਹਾ ਹੈ ਅਤੇ ਅਨਾਜ ਜੋ ਖਾਣ ਲਈ ਵਰਤਿਆ ਜਾਂਦਾ ਹੈ, ਉਹ ਜ਼ਹਿਰੀਲਾ ਤੇ ਨੁਕਸਾਨਦਾਇਕ ਹੁੰਦਾ ਹੈ।

ਸਵਾਲ ਉੱਠਦਾ ਹੈ ਕੀ ਲੋਕ ਪ੍ਰਦੂਸ਼ਣ ਸਦਕਾ ਇਸੇ ਤਰ੍ਹਾਂ ਬਿਮਾਰੀਆਂ ਦਾ ਸ਼ਿਕਾਰ ਹੋ ਕੇ ਮਰਦੇ ਰਹਿਣਗੇ? ਕੀ ਇਸ ਦਾ ਕੋਈ ਹੱਲ ਨਹੀਂ? ਇਹ ਪ੍ਰਦੂਸ਼ਣ ਰੋਕਿਆ ਕਿਉਂ ਨਹੀਂ ਜਾ ਰਿਹਾ? ਇਸ ਦਾ ਉੱਤਰ ਵੀ ਸਪੱਸ਼ਟ ਹੈ ਕਿ ਕਰੀਬ ਇੱਕ ਸਦੀ ਪਹਿਲਾਂ ਤਾਂ ਵਾਤਾਵਰਣ ਸ਼ੁੱਧ ਤੇ ਸਵੱਛ ਸੀ, ਉਦੋਂ ਲੋਕ ਅੱਜ ਨਾਲੋਂ ਕਿਤੇ ਜ਼ਿਆਦਾ ਤੰਦਰੁਸਤ ਰਹਿੰਦੇ ਸਨ, ਬਿਮਾਰੀਆਂ ਘੱਟ ਸਨ। ਲੋੜੀਂਦੇ ਸੁਧਾਰ ਕਰਕੇ ਪ੍ਰਦੂਸ਼ਤਤਾ ਨੂੰ ਰੋਕਿਆ ਜਾ ਸਕਦਾ ਹੈ, ਪਰ ਇਹ ਤਾਂ ਹੀ ਸੰਭਵ ਹੋਵੇਗਾ, ਜੇਕਰ ਸਰਕਾਰਾਂ ਦੀ ਨੀਅਤ ਸਾਫ਼ ਹੋਵੇ ਤੇ ਲੋਕ ਜਾਗਰੂਕ ਹੋਣ।

ਇਹ ਨਹੀਂ ਕਿ ਸਰਕਾਰਾਂ ਇਸ ਮੁੱਦੇ ਤੋਂ ਬੇਖ਼ਬਰ ਹਨ। ਦੇਸ਼ ਦੀ ਪ੍ਰਧਾਨ ਮੰਤਰੀ ਸ੍ਰੀਮਤੀ ਇੰਦਰਾ ਗਾਂਧੀ ਨੇ ਦਹਾਕੇ ਪਹਿਲਾਂ ਪ੍ਰਦੂਸ਼ਣ ਦੇ ਵਧਦੇ ਖਤਰੇ ਨੂੰ ਭਾਂਪ ਲਿਆ ਸੀ ਤੇ ਕੇਂਦਰੀ ਵਾਤਾਵਰਣ ਮੰਤਰਾਲੇ ਦੀ ਸਥਾਪਨਾ ਕਰ ਦਿੱਤੀ ਸੀ। ਇਸ ਮੰਤਰਾਲੇ ਦੀਆਂ ਸਰਕਾਰੀ ਤੇ ਗੈਰ-ਸਰਕਾਰੀ ਮੀਟਿੰਗਾਂ ਵੀ ਹੁੰਦੀਆਂ ਰਹਿੰਦੀਆਂ ਹਨ ਅਤੇ ਬਜਟ ਵਿੱਚੋਂ ਭਾਰੀ ਰਾਸ਼ੀ ਵੀ ਖਰਚੀ ਵੀ ਜਾਂਦੀ ਹੈ, ਪਰ ਇਹ ਸਭ ਕੁਝ ਕਾਗਜ਼ਾਂ ਵਿੱਚ ਹੀ ਚਲਦਾ ਹੈ, ਪ੍ਰਦੂਸ਼ਤ ਰੋਕਣ ਜਾਂ ਵਾਤਾਵਰਣ ਦੀ ਸ਼ੁੱਧਤਾ ਲਈ ਠੋਸ ਕਦਮ ਨਹੀਂ ਚੁੱਕੇ ਜਾਂਦੇ। ਕਾਰਪੋਰੇਟ ਘਰਾਣਿਆਂ ਦੇ ਆਪਣੇ ਉਦਯੋਗ ਤੇ ਕੰਪਨੀਆਂ ਹਨ, ਜਿਹਨਾਂ ਸਮਾਨ ਵੇਚਣਾ ਹੈ, ਇਸ ਲਈ ਉਹਨਾਂ ਦੇ ਪ੍ਰਭਾਵ ਹੇਠ ਸਰਕਾਰਾਂ ਕਿਸਾਨਾਂ ਵੱਲੋਂ ਪਰਾਲੀ ਫੂਕਣ ਵਿਰੁੱਧ ਪ੍ਰਚਾਰ ਕਰਕੇ ਸਾਰਾ ਦੋਸ਼ ਕਿਸਾਨਾਂ ਸਿਰ ਮੜ੍ਹ ਕੇ ਬਹੁਕੌਮੀ ਕੰਪਨੀਆਂ ਤੇ ਕਾਰਪੋਰੇਟਾਂ ਨੂੰ ਦੁੱਧ ਧੋਤੇ ਕਰਾਰ ਦੇ ਦਿੰਦੀਆਂ ਹਨ।

ਝੋਨੇ ਦੀ ਕਟਾਈ ਤੋਂ ਬਾਅਦ ਰਹਿੰਦ-ਖੂੰਹਦ ਦਾ ਨਿਪਟਾਰਾ ਕਰਨ ਲਈ ਪਰਾਲੀ ਨੂੰ ਅੱਗ ਲਾਉਣਾ ਕਿਸਾਨਾਂ ਲਈ ਸੌਖਾ ਵਿਖਾਈ ਦਿੰਦਾ ਸੀ। ਸਰਕਾਰਾਂ ਇਸ ਕੁਝ ਦਿਨਾਂ ਦੇ ਪਰਾਲੀ ਦੇ ਧੂੰਏਂ ਸਬੰਧੀ ਕਿਸਾਨਾਂ ਨੂੰ ਦੋਸ਼ੀ ਗਰਦਾਨ ਕੇ ਇੱਕ ਗਿਣੀ-ਮਿਥੀ ਸਾਜ਼ਿਸ਼ ਤਹਿਤ ਸਾਰੇ ਸਾਲ ਦਾ ਪ੍ਰਦੂਸ਼ਣ ਕਿਸਾਨਾਂ ਸਿਰ ਮੜ੍ਹਦੀ ਹੈ, ਪਰ ਜਦੋਂ ਸਰਕਾਰ ਨੇ ਕਿਸਾਨਾਂ ਨੂੰ ਸਹੂਲਤ ਦਿੱਤੀ ਹੈ ਤਾਂ ਉਹ ਪਰਾਲੀ ਨੂੰ ਸੰਭਾਲਣ ਦੇ ਯਤਨ ਕਰਦੇ ਰਹੇ ਹਨ। ਪੰਜਾਬ ਦਾ ਕਿਸਾਨ ਜਾਗਰੂਕ ਹੈ, ਉਸ ਨੂੰ ਪ੍ਰਦੂਸਣ ਦੇ ਮਾੜੇ ਪ੍ਰਭਾਵ ਬਾਰੇ ਗਿਆਨ ਹੈ, ਪਰ ਮਜਬੂਰੀ ਕਾਰਨ ਅੱਗ ਲਾਉਣ ਵਰਗਾ ਕੰਮ ਕਰਨਾ ਉਸ ਦੀ ਮਜਬੂਰੀ ਬਣ ਜਾਂਦਾ ਹੈ। ਪਿਛਲੇ ਸਾਲਾਂ ਦੌਰਾਨ ਪੰਜਾਬ ਵਿੱਚ ਪਰਾਲੀ ਨੂੰ ਅੱਗ ਲਾਉਣ ਵਿੱਚ ਕਾਫ਼ੀ ਕਮੀ ਆਈ ਹੈ। ਪਰਾਲੀ ਨੂੰ ਸੰਭਾਲਣ ਲਈ ਮਸ਼ੀਨਰੀ ਆ ਰਹੀ ਹੈ, ਜੋ ਬਹੁਤ ਸਹਾਈ ਹੋ ਰਹੀ ਹੈ। ਸੁਪਰ ਸੀਡਰ ਅਤੇ ਹੈਪੀ ਸੀਡਰ ਮਸ਼ੀਨਾਂ ਦੀ ਵਰਤੋਂ ਨਾਲ ਪਰਾਲੀ ਨੂੰ ਬਿਨਾਂ ਸਾੜੇ ਕਣਕ ਦੀ ਸਿੱਧੀ ਬਿਜਾਈ ਕੀਤੀ ਜਾ ਸਕਦੀ ਹੈ। ਮਲਚਰ ਮਸ਼ੀਨ ਨਾਲ ਪਰਾਲੀ ਦੇ ਬਰੀਕ-ਬਰੀਕ ਟੁਕੜੇ ਕਰਕੇ ਖੇਤ ਵਿੱਚ ਵਾਹ ਦਿੱਤਾ ਜਾਂਦਾ ਹੈ, ਜੋ ਗਲ ਕੇ ਖਾਦ ਬਣ ਜਾਂਦੀ ਹੈ। ਬੇਲਰ ਮਸ਼ੀਨ ਨਾਲ ਪਰਾਲੀ ਦੀਆਂ ਗੱਠਾਂ ਬਣਾ ਲਈਆਂ ਜਾਂਦੀਆਂ ਹਨ, ਜਿਹਨਾਂ ਨੂੰ ਫੈਕਟਰੀਆਂ ਵਿੱਚ ਬਾਲਣ ਦੇ ਤੌਰ 'ਤੇ ਵਰਤਿਆ ਜਾਂਦਾ ਹੈ।

ਕਿਸਾਨ ਇਹਨਾਂ ਮਸ਼ੀਨਾਂ ਦੀ ਵਰਤੋਂ ਕਰ ਰਹੇ ਹਨ, ਪਰ ਅਜੇ ਇਸ ਪਾਸੇ ਹੋਰ ਜ਼ਿਆਦਾ ਧਿਆਨ ਦੇਣ ਦੀ ਜ਼ਰੂਰਤ ਹੈ। ਜਿਲ੍ਹਾ ਬਠਿੰਡਾ ਦਾ ਪਿੰਡ ਬੱਲ੍ਹੋ ਸ਼ਾਇਦ ਪਹਿਲਾ ਅਜਿਹਾ ਪਿੰਡ ਹੋਵੇਗਾ, ਜਿਸ ਨੇ ਆਸ-ਪਾਸ ਦੇ ਇਲਾਕੇ ਨੂੰ ਪ੍ਰਦੂਸ਼ਣ ਰਹਿਤ ਕਰਨ, ਜ਼ਮੀਨ ਦੀ ਉਪਜਾਊ ਸ਼ਕਤੀ ਬਚਾਉਣ ਅਤੇ ਮਿੱਤਰ ਕੀੜਿਆਂ ਨੂੰ ਜਿਉਂਦੇ ਰੱਖਣ ਦਾ ਸ਼ਲਾਘਾਯੋਗ ਉੱਦਮ ਕੀਤਾ ਹੈ। ਉਹ ਪੰਜਾਬ ਵਿੱਚ ਮਿਸਾਲ ਅਤੇ ਮਾਰਗ-ਦਰਸ਼ਕ ਬਣ ਰਿਹਾ ਹੈ। ਇਸ ਪਿੰਡ ਦੀ ਕਰੀਬ 3270 ਏਕੜ ਖੇਤੀਯੋਗ ਜ਼ਮੀਨ ਹੈ, ਜਿਸ ਵਿੱਚੋਂ ਤਕਰੀਬਨ 2800 ਏਕੜ ਵਿੱਚ ਝੋਨੇ ਦੀ ਬਿਜਾਈ ਕੀਤੀ ਜਾਂਦੀ ਹੈ। ਚਾਰ ਹਜ਼ਾਰ ਦੀ ਅਬਾਦੀ ਵਾਲੇ ਇਸ ਪਿੰਡ ਦੇ ਲੋਕ ਕਈ ਸਾਲਾਂ ਤੋਂ ਪ੍ਰਦੂਸ਼ਣ ਰਹਿਤ ਇਲਾਕਾ ਬਣਾਉਣ ਲਈ ਯਤਨ ਕਰ ਰਹੇ ਹਨ। ਪਿੰਡ ਦੀ ਤਰਨਜੋਤ ਵੈੱਲਫੇਅਰ ਸੁਸਾਇਟੀ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਉਸ ਦੇ ਸੁਚੱਜੇ ਪ੍ਰਬੰਧਨ ਕਰਦਿਆਂ ਕਿਸਾਨਾਂ ਦੇ ਖੇਤਾਂ ਵਿੱਚੋਂ ਪਰਾਲੀ ਮੁਫ਼ਤ ਚੁੱਕਣ ਦਾ ਫੈਸਲਾ ਕੀਤਾ ਹੈ। ਇਸ ਕੰਮ ਲਈ ਪਿੰਡ ਵਿੱਚ ਚਾਰ ਨਵੇਂ ਬੇਲਰਾਂ ਦਾ ਪ੍ਰਬੰਧ ਕਰ ਲਿਆ ਗਿਆ ਹੈ, ਜਿਹਨਾਂ ਵਿੱਚੋਂ ਤਿੰਨ ਬੇਲਰਾਂ ਦਾ ਪ੍ਰਬੰਧ ਸੁਸਾਇਟੀ ਵੱਲੋਂ ਕੀਤਾ ਗਿਆ ਹੈ , ਜਦ ਕਿ ਇੱਕ ਬੇਲਰ ਪਿੰਡ ਦੀ ਸਰਪੰਚ ਸ੍ਰੀਮਤੀ ਅਮਰਜੀਤ ਕੌਰ ਵੱਲੋਂ ਮੁਹੱਈਆ ਕਰਵਾਇਆ ਗਿਆ ਹੈ।

ਇਸ ਪ੍ਰਬੰਧ ਨਾਲ ਕਿਸਾਨ ਪਰਾਲੀ ਨੂੰ ਅੱਗ ਲਾਉਣ ਦੇ ਝੰਜਟ ਤੋਂ ਬਚਣਗੇ ਅਤੇ ਉਹਨਾਂ ਨੂੰ ਕੋਈ ਵਾਧੂ ਬੋਝ ਵੀ ਨਹੀਂ ਪਵੇਗਾ। ਸੁਸਾਇਟੀ ਵੱਲੋਂ ਇਹ ਯਤਨ ਪੂਰੇ ਇਲਾਕੇ ਨੂੰ ਧੂੰਏਂ ਅਤੇ ਪ੍ਰਦੂਸ਼ਣ ਤੋਂ ਮੁਕਤ ਬਣਾਉਣ ਲਈ ਕੀਤਾ ਗਿਆ ਹੈ। ਸੁਸਾਇਟੀ ਦੇ ਪ੍ਰਧਾਨ ਅਵਤਾਰ ਸਿੰਘ ਦਾ ਕਹਿਣਾ ਹੈ ਕਿ ਪਰਾਲੀ ਨੂੰ ਅੱਗ ਲਾਉਣ ਨਾਲ ਨਾ ਸਿਰਫ ਵਾਤਾਵਰਣ ਜ਼ਹਿਰੀਲਾ ਹੁੰਦਾ ਹੈ, ਬਲਕਿ ਜ਼ਮੀਨ ਦੇ ਮਿੱਤਰ ਕੀੜੇ ਅੱਗ ਵਿੱਚ ਸੜ ਜਾਂਦੇ ਹਨ ਅਤੇ ਜ਼ਮੀਨ ਦੇ ਉਪਜਾਊ ਤੱਤ ਸੜ ਕੇ ਸੁਆਹ ਹੋ ਜਾਂਦੇ ਹਨ।

ਪਿੰਡ ਬੱਲ੍ਹੋ ਵੱਲੋਂ ਕੀਤਾ ਇਹ ਉੱਦਮ ਬਹੁਤ ਵੱਡਾ ਤੇ ਸਲਾਘਾਯੋਗ ਹੈ। ਹੋਰ ਪਿੰਡਾਂ ਵੱਲੋਂ ਵੀ ਇਸ ਫੈਸਲੇ ਦੇ ਚੰਗੇ ਨਤੀਜੇ ਨੂੰ ਮੁੱਖ ਰਖਦਿਆਂ ਅਪਨਾਉਣਾ ਚਾਹੀਦਾ ਹੈ।

**# ਸੰਪਰਕ : 098882-75913**

ਜਨਮ ਦਿਨ 'ਤੇ ਵਿਸ਼ੇਸ਼

# ਕਿਰਤ ਦੀ ਧਿਰ ਦੇ ਆਗੂ ਬਾਈ ਗੁਰਮੇਲ

ਕਰਮਵੀਰ ਬੱਧਨੀ



ਕੁਝ ਮਨੁੱਖ ਅਜਿਹੇ ਹੁੰਦੇ ਹਨ, ਜੋ ਪੂਰੀ ਮਨੁੱਖਤਾ ਦੀ ਭਲਾਈ ਲਈ ਕੰਮ ਕਰਕੇ ਇਸ ਸਮਾਜ ਵਿੱਚ ਆਪਣੀ ਵੱਖਰੀ ਤੇ ਉੱਚੀ ਥਾਂ ਬਣਾ ਲੈਂਦੇ ਹਨ । ਲੋਕਾਈ ਲਈ ਕੰਮ ਕਰਦਿਆਂ ਲੋਕਾਂ ਦਾ ਮਾਣ, ਸਤਿਕਾਰ, ਪਿਆਰ ਉਸ ਨੂੰ ਖੁਸ਼ੀ ਅਤੇ ਉਤਸ਼ਾਹ ਦਿੰਦਾ ਹੈ । ਇਹੀ ਉਤਸ਼ਾਹ ਹੋਰ ਜੋਸ਼ ਨਾਲ ਕੰਮ ਕਰਨ ਲਈ ਪ੍ਰੇਰਦਾ ।ਅਜਿਹੇ ਆਗੂ ਦਾ ਵਿਛੋੜਾ ਅੱਤ ਦੁਖਦਾਈ ਹੁੰਦਾ, ਉਸ ਦੇ ਵਿਛੋੜੇ 'ਤੇ ਹਰ ਕੋਈ ਤੜਪ ਉੱਠਦਾ ਹੈ । ਉਸ ਨੇ ਆਪਣੇ ਜੀਵਨ ਵਿੱਚ ਜਿੰਨਾ ਵੱਧ ਮਨੁੱਖਤਾ ਲਈ ਕੰਮ ਕੀਤਾ, ਉਸ ਦੀ ਮੌਤ 'ਤੇ ਓਨੇ ਹੀ ਵਧੇਰੇ ਮਨੁੱਖ ਉਸ ਦੀ ਘਾਟ ਮਹਿਸੂਸ ਕਰਦੇ ਹੋਏ ਗਮ ਵਿਚ ਡੁੱਬ ਜਾਂਦੇ ਹਨ। ਇਹੀ ਗਮ ਤੇ ਗੰਭੀਰਤਾ ਚੰਗੇ ਵਧੀਆ ਇਨਸਾਨ ਪੈਦਾ ਕਰਨ ਦਾ ਫਿਰ ਕਾਰਨ ਬਣਦੀ ਹੈ। ਅਜਿਹੇ ਹੀ ਆਗੂ ਸਨ ਬਾਈ ਗੁਰਮੇਲ।

ਜਦੋਂ ਤੋਂ ਮੈਂ ਸੁਰਤ ਸੰਭਾਲੀ ਹੈ, ਮੈਨੂੰ ਯਾਦ ਹੈ ਸਾਲ ਵਿੱਚ ਸਿਰਫ ਇੱਕ ਵਾਰ ਮੋਗੇ ਆਉਂਦੀ ਸੀ। ਇਹ ਦਿਨ 21 ਅਕਤੂਬਰ ਬਾਈ ਨਛੱਤਰ ਸਿੰਘ ਧਾਲੀਵਾਲ ਜੀ ਦੀ ਬਰਸੀ ਦਾ ਦਿਨ ਹੁੰਦਾ। ਇਸ ਸਮੇਂ 'ਰੁਜ਼ਗਾਰ ਪ੍ਰਾਪਤੀ ਸੱਭਿਆਚਾਰਕ ਮੰਚ' ਮੋਗਾ ਦੀ ਟੀਮ ਵੱਲੋਂ ਪੇਸ਼ ਕੀਤੇ ਜਾਂਦੇ ਨਾਟਕ, ਕੋਰੀਓਗਰਾਫੀਆਂ ਦੇਖਣੇ ਹਨ।

ਜਿਵੇਂ-ਜਿਵੇਂ ਮੈਂ ਵੱਡੀ ਹੋਈ, ਮੇਰੀ ਪ੍ਰੋਗਰਾਮ ਵਿੱਚ ਦਿਲਚਸਪੀ, ਬਰਸੀ ਸਮਾਗਮ 'ਤੇ ਹੁੰਦੀਆਂ ਵਿਚਾਰਾਂ ਨੇ ਆਪਣੀ ਇੱਕ ਖਾਸ ਜਗ੍ਹਾ ਬਣਾ ਲਈ। ਇਹੀ ਕਾਰਨ ਸੀ ਕਿ ਬਾਅਦ ਵਿੱਚ ਜਦੋਂ ਵੀ ਕਦੀ ਕੁਲਦੀਪ ਭੋਲਾ (ਸਾਡੇ ਚਾਚਾ ਜੀ) ਸਾਨੂੰ ਕਿਸੇ ਪ੍ਰੋਗਰਾਮ ਵਿੱਚ ਜਾਣ ਲਈ ਕਹਿੰਦੇ, ਮੈਂ ਬਿਨਾਂ ਕਿਸੇ ਸਵਾਲ-ਜਵਾਬ ਦੇ ਤੁਰੰਤ ਹਾਂ ਕਰ ਦਿੰਦੀ। ਇਹੀ ਸਮਾਂ ਸੀ ਜਦੋਂ ਭਵਨ ਵਿੱਚ ਬਾਈ ਗੁਰਮੇਲ ਨੂੰ ਮਿਲਣ, ਉਹਨਾਂ ਦੀਆਂ ਗੱਲਾਂ ਸੁਣਨ ਤੇ ਕਲਾਸਾਂ 'ਚ ਬੈਠਣ ਦਾ ਮੌਕਾ ਮਿਲਿਆ।

ਚੰਗੀ ਤਰ੍ਹਾਂ ਯਾਦ ਹੈ ਅਕਤੂਬਰ ਦਾ ਹੀ ਮਹੀਨਾ ਸੀ, ਗਦਰੀ ਬਾਬਿਆਂ ਦਾ ਮੇਲਾ ਨਜ਼ਦੀਕ ਆ ਰਿਹਾ ਸੀ। ਸਾਥੀਆਂ ਨੇ ਫੈਸਲਾ ਕੀਤਾ ਕਿ ਇਸ ਮੇਲੇ ਵਿੱਚ ਹੋਣ ਵਾਲੇ ਭਾਸ਼ਣ ਮੁਕਾਬਲਿਆਂ ਵਿੱਚ ਸਾਡੀਆਂ ਦੋ ਕੁੜੀਆਂ, ਜਿਨ੍ਹਾਂ ਦੀ ਅਸੀਂ ਆਪ ਤਿਆਰੀ ਕਰਾਵਾਂਗੇ, ਭਾਸ਼ਣ ਮੁਕਾਬਲੇ ਵਿੱਚ ਭਾਗ ਲੈਣਗੀਆਂ । ਉਹ ਦੋ ਕੁੜੀਆਂ ਮੰਜੂ ਦੀਦੀ ਤੇ ਮੈਂ ਸੀ। ਭਾਸ਼ਣ ਕੀ ਹੁੰਦਾ? ਸਟੇਜ ਕੀ ਹੁੰਦੀ ਹੈ? ਸਟੇਜ 'ਤੇ ਖੜ੍ਹ ਕੇ ਕਿਵੇਂ ਬੋਲੀਦਾ? ਕੀ ਬੋਲੀਦਾ? ਇਹਦੇ ਬਾਰੇ ਕੋਈ ਜਾਣਕਾਰੀ ਨਹੀਂ ਸੀ, ਪਰ ਫਿਰ ਵੀ ਕੁਲਦੀਪ ਭੋਲਾ (ਚਾਚਾ ਜੀ) ਮੈਨੂੰ ਘਰੋਂ ਭਵਨ ਲੈ ਆਏ। ਇਹ ਉਹ ਪਹਿਲਾ ਦਿਨ ਸੀ, ਜਦੋਂ ਬਾਈ ਗੁਰਮੇਲ ਨੂੰ ਬਹੁਤ ਨੇੜੇ ਤੋਂ ਜਾਨਣ, ਸਮਝਣ, ਉਹਨਾਂ ਦੀ ਅਪਣੱਤ ਨੂੰ ਨਿੱਜੀ ਰੂਪ 'ਚ ਮਾਨਣ ਦਾ ਮੌਕਾ ਮਿਲਿਆ।

ਜਦੋਂ ਏ.ਆਈ.ਐੱਸ. ਐੱਫ ਵਿੱਚ ਇਕ ਲੀਡਰ ਦੇ ਤੌਰ 'ਤੇ ਕੰਮ ਕਰਨਾ ਸ਼ੁਰੂ ਕੀਤਾ, ਦੂਜੇ ਜ਼ਿਲ੍ਹੇ ਵਿੱਚੋਂ ਮੋਗੇ ਆਉਣ ਵਿੱਚ ਹਨੇਰਾ ਹੋ ਜਾਣਾ ਤਾਂ ਮੈਂ ਇੰਦਰਜੀਤ (ਬਾਈ ਗੁਰਮੇਲ ਦਾ ਬੇਟਾ) ਨੂੰ ਫੋਨ ਕਰਨਾ ਕਿ ਅੱਜ ਘਰੇ ਆਵਾਂਗੀ । ਉਹਨੇ ਕਹਿਣਾ ਡੈਡੀ ਭਵਨ ਹੀ ਆ, ਉਹਨਾਂ ਨੂੰ ਦੱਸਦਾ, ਜਦੋਂ ਤੱਕ ਤੂੰ ਭਵਨ ਨਹੀਂ ਪਹੁੰਚਦੀ, ਉਹ ਉਥੇ ਹੀ ਰੁਕਣਗੇ। ਇਹ ਸੱਚ ਹੁੰਦਾ, ਜਦੋਂ ਭਵਨ ਦੀਆਂ ਪੌੜੀਆਂ ਚੜ੍ਹਦਿਆਂ ਦੀ ਨਜ਼ਰ ਬਾਈ ਦੇ ਕਮਰੇ ਦੀ ਬਾਰੀ 'ਤੇ ਪੈਣੀ, ਉਹ ਉਥੇ ਬੈਠੇ ਕੁਝ ਨਾ ਕੁਝ ਪੜ੍ਹ-ਲਿਖ ਰਹੇ ਹੁੰਦੇ ।

ਮੈਂ ਅਕਸਰ ਇਸ ਤਰ੍ਹਾਂ ਤੁਰ ਕੇ ਬਾਈ ਦੇ ਨਾਲ ਘਰ ਆਉਂਦੀ । ਭਵਨ ਤੋਂ ਲੈ ਕੇ ਘਰ ਤੱਕ ਦਾ ਰਸਤਾ ਕਿਸੇ ਨਾ ਕਿਸੇ ਵਿਸ਼ੇ 'ਤੇ ਹੁੰਦੀ ਗੱਲਬਾਤ, ਚਰਚਾ ਨਾਲ ਤੈਅ ਹੁੰਦਾ। ਘਰੇ ਪਹੁੰਚ ਕੇ ਵੀ ਉਹਨਾਂ ਨੇ ਕੋਈ ਨਾ ਕੋਈ ਕਿਤਾਬ, ਕੋਈ ਆਰਟੀਕਲ, ਪੜ੍ਹਨ, ਪੜ੍ਹਾਉਣ, ਸਮਝਾਉਣ ਦਾ ਕੰਮ ਕਰਦੇ ਰਹਿਣਾ । ਮੈਂ ਉਹਨਾਂ ਨੂੰ ਕਦੇ ਥੱਕਿਆ ਨਹੀਂ ਸੀ ਦੇਖਿਆ । ਉਹਨਾਂ ਦਾ ਸਾਰਾ ਦਿਨ ਰੁਝੇਵਿਆਂ ਭਰਿਆ ਰਹਿੰਦਾ।

ਜਥੇਬੰਦੀਆਂ ਵਿੱਚ ਹਮੇਸ਼ਾ ਉਤਰਾਅ-ਚੜ੍ਹਾਅ ਆਉਂਦੇ ਰਹਿੰਦੇ ਹਨ। ਕਦੇ ਇਹ ਲੁਟੇਰਾ ਪ੍ਰਬੰਧ ਕਿਰਤ ਦੀ ਧਿਰ 'ਤੇ ਹਾਵੀ ਹੁੰਦਾ ਤੇ ਕਦੀ ਕਿਰਤ ਦੀ ਧਿਰ ਇਸ ਸਿਸਟਮ 'ਤੇ । ਅਜਿਹੇ ਸਮੇਂ ਬਾਈ ਕਦੇ ਵੀ ਨਿਰਾਸ਼ ਨਹੀਂ ਸਨ ਹੁੰਦੇ, ਸਗੋਂ ਉਹ ਆਈ ਮੁਸੀਬਤ ਨੂੰ ਖਿੜੇ ਮੱਥੇ ਟੱਕਰਦੇ, ਸੋਚ, ਸਮਝ ਤੇ ਚੇਤਨ ਇਰਾਦੇ ਨਾਲ ਉਹਦਾ ਹੱਲ ਲੱਭਦੇ ਤੇ ਆਪਣੇ ਨਾਲਦਿਆਂ ਨੂੰ ਵੀ ਹੌਸਲਾ ਤੇ ਅਗਵਾਈ ਦਿੰਦਿਆਂ, ਔਖੇ ਸਮੇਂ ਨਾਲ ਲੜਨ ਲਈ ਪ੍ਰੇਰਦੇ ।ਬਾਈ ਗੁਰਮੇਲ ਉਹਨਾਂ ਵਿੱਚੋਂ ਸਨ, ਜਿਨ੍ਹਾਂ ਨੇ ਕੱਚੇ ਮੁਲਾਜ਼ਮਾਂ (ਠੇਕੇਦਾਰੀ ਅਧੀਨ ਭਰਤੀ ਹੋਇਆ) ਅਤੇ ਬੇਰੁਜ਼ਗਾਰਾਂ ਨੂੰ ਜਥੇਬੰਦ ਕਰਨ ਦਾ ਕੰਮ ਸਭ ਤੋਂ ਵੱਧ ਕੀਤਾ। ਉਹਨਾਂ ਨੇ ਨਵੀਆਂ ਜਥੇਬੰਦੀਆਂ ਬਣਾਈਆਂ। ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ, ਫੈਕਟਰੀਆਂ ਦੇ ਕਾਮਿਆਂ, ਨੌਜਵਾਨਾਂ, ਵਿਦਿਆਰਥੀਆਂ ਨੂੰ ਲਾਮਬੰਦ ਕਰਨ ਦਾ ਕੰਮ ਕੀਤਾ। ਬਾਈ ਨਵੇਂ ਆਉਣ ਵਾਲੇ ਆਗੂਆਂ ਵੱਲ ਵਿਸ਼ੇਸ਼ ਧਿਆਨ ਦਿੰਦੇ, ਉਹਨਾਂ ਦੀਆਂ ਕਮੀਆਂ ਪੇਸ਼ੀਆਂ, ਊਣਤਾਈਆਂ ਨੂੰ ਭਾਂਪਦੇ, ਚੰਗਿਆਈਆਂ ਨੂੰ ਖੋਜਦੇ ਤੇ ਇੱਕਸਾਰਤਾ ਬਣਾ ਅੱਗੇ ਵਧਣ ਲਈ ਪ੍ਰੇਰਦੇ। ਇਹ ਉਹਨਾਂ ਦੇ ਸੁਭਾਅ ਦਾ ਹਿੱਸਾ ਸੀ।

ਬਾਈ ਨੇ ਸੁਚੇਤ ਰੂਪ ਵਿੱਚ ਇਸ ਗੱਲ ਨੂੰ ਜਾਣ ਲਿਆ ਸੀ ਕਿ ਸਰਮਾਏਦਾਰੀ ਪ੍ਰਬੰਧ ਮੁਲਾਜ਼ਮਾਂ ਦੀ ਛਾਂਟੀ ਕਰਕੇ, ਪੱਕੀ ਭਰਤੀ ਬੰਦ ਕਰਕੇ ਬੇਰੁਜ਼ਗਾਰਾਂ ਦੀ ਇੱਕ ਵੱਡੀ ਫੌਜ ਖੜੀ ਕਰਨਾ ਚਾਹੁੰਦਾ ਹੈ ਤੇ ਇਸ ਫੌਜ ਨੂੰ ਉਹ ਆਪਣੇ ਮੁਨਾਫੇ ਵਿੱਚ ਵਾਧਾ ਕਰਨ ਲਈ ਵਰਤ ਰਿਹਾ ਤੇ ਅੱਗੇ ਵੀ ਵਰਤੇਗਾ । ਉਨ੍ਹਾਂ ਨੇ ਆਪਣੇ ਸਾਥੀਆਂ ਨੂੰ ਸਮਝਾਉਣ ਦੇ ਮਕਸਦ ਨਾਲ ਇੱਕ ਆਰਟੀਕਲ ਵਿੱਚ ਲਿਖਿਆ ਹੈ, 'ਅਸੀਂ ਆਪਣੀ ਟਰਾਂਸਪੋਰਟ ਅਤੇ ਬਾਕੀ ਪਬਲਿਕ ਸੈਕਟਰ ਨੂੰ ਟੁੱਟਣ ਤੋਂ ਬਚਾ ਕੇ, ਅੱਗੇ ਵਧਾ ਸਕਦੇ ਹਾਂ ਜੇਕਰ ਸਰਮਾਏਦਾਰੀ ਦੇ ਵਧਦੇ ਮੁਨਾਫਿਆਂ 'ਤੇ ਸਿੱਧੀ ਸੱਟ ਮਾਰੀਏ। ਸਰਮਾਏਦਾਰੀ ਦੀ ਜਾਨ ਮੁਨਾਫੇ ਵਿਚ ਹੈ। ਸਰਮਾਏਦਾਰੀ ਮੁਨਾਫਾ ਕਿਰਤ ਦੀ ਲੁੱਟ ਕਰਕੇ ਹੀ ਵਧਾਉਂਦੀ ਹੈ। ਅੱਜ ਕਿਰਤੀਆਂ ਦਾ ਡਰ ਕੰਮ ਤੋਂ ਨਿਕਲ ਜਾਣ ਦਾ ਅਤੇ ਉਜਰਤਾਂ ਘੱਟ ਦੀ ਮਜਬੂਰੀ ਸਿਰਫ ਤੇ ਸਿਰਫ ਬੇਰੁਜ਼ਗਾਰੀ ਕਰਕੇ ਹੈ । ਸਰਮਾਏਦਾਰੀ ਹਰ ਕਿਰਤੀ ਤੋਂ ਕੰਮ ਇੱਕ ਮਿੱਥੇ ਸਮੇਂ 8 ਘੰਟੇ ਕੰਮ ਦਿਹਾੜੇ 'ਤੇ ਲੈਂਦੀ ਹੈ । ਉਸ ਨੇ ਪਿਛਲੇ ਸਮੇਂ ਵਿਚ ਮਸ਼ੀਨਰੀ ਇੰਨੀ ਤੇਜ਼ ਕਰ ਲਈ ਹੈ ਅੱਠ ਘੰਟੇ ਦਾ ਕੰਮ ਹੁਣ ਅੱਧੇ ਘੰਟੇ ਵਿੱਚ ਪੂਰਾ ਹੋ ਜਾਂਦਾ ਹੈ ।'

ਇਹ ਗੱਲ ਉਹਨਾਂ ਦੀ ਚੇਤਨ ਸਮਝ ਦਾ ਹਿੱਸਾ ਸੀ ਕਿ ਬੇਰੁਜ਼ਗਾਰੀ ਦੇ ਹੱਲ ਅਤੇ ਚੰਗੇਰੇ ਭਵਿੱਖ ਦੇ ਰਾਹ ਤੁਰਨ ਲਈ ਕੰਮ ਦਿਹਾੜੀ ਦੀ ਕਾਨੂੰਨੀ ਸੀਮਾ ਘੱਟ ਤੋਂ ਘੱਟ ਹੋਵੇ, ਲਈ ਲੜਨਾ ਹੋਵੇਗਾ। ਉਹਨਾਂ ਤਕਰੀਬਨ ਹਰ ਮੰਚ 'ਤੇ ਬੇਰੁਜ਼ਗਾਰੀ ਅਤੇ ਕੰਮ ਦੇ ਬੋਝ ਹੇਠ ਲਿਤਾੜਿਆਂ ਨੂੰ ਆਪਣੀ ਬੰਦ ਖਲਾਸੀ ਲਈ, 'ਕੰਮ ਦਿਹਾੜੀ ਦੀ ਕਾਨੂੰਨੀ ਸੀਮਾ ਘੱਟੋ ਤੋਂ ਘੱਟ ਕਰਨ' ਦੇ ਨਤੀਜਿਆਂ ਤੋਂ ਜਾਣੂੰ ਕਰਵਾਇਆ । ਉਹਨਾਂ ਦੱਸਣਾ ਕਿ ਇੰਜ ਕਰਨ ਨਾਲ ਨਵੇਂ ਰੁਜ਼ਗਾਰ ਪੈਦਾ ਹੋਣਗੇ ।

ਇਹ ਸਿਲਸਿਲਾ ਲਗਾਤਾਰ ਜਾਰੀ ਰਹਿਣਾ ਸੀ ਜੇਕਰ ਕੈਂਸਰ ਵਰਗੀ ਨਾ-ਮੁਰਾਦ ਬਿਮਾਰੀ ਉਹਨਾਂ ਨੂੰ ਨਾ ਘੇਰਦੀ । 28 ਸਤੰਬਰ 2011 ਭਗਤ ਸਿੰਘ ਦਾ ਜਨਮ ਦਿਨ ਮਨਾਉਣ ਦੀਆਂ ਤਿਆਰੀਆਂ ਚੱਲ ਰਹੀਆਂ ਸਨ-ਮੇਰੇ ਡਿਊਟੀ ਰਾਮਪੁਰੇ ਸੀ। ਸਵੇਰੇ ਬੱਸ ਫੜ ਮੋਗੇ ਪਹੁੰਚੀ ਤੇ ਸਿੱਧਾ ਘਰੇ ਚਲੀ ਗਈ।ਉਥੇ ਜਾ ਕੇ ਸਮਝ ਨਾ ਲੱਗੇ ਕਿਸੇ ਨਾਲ ਕੀ ਗੱਲ ਕਰਾਂ, ਕਿਉਂਕਿ ਇੰਦਰਜੀਤ ਨੇ ਕੁਝ ਵੀ ਗੱਲ ਕਰਨ ਤੋਂ ਮਨ੍ਹਾਂ ਕੀਤਾ ਸੀ।

ਆਖਿਰ ਕੁਝ ਦਿਨਾਂ ਬਾਅਦ ਜਦੋਂ ਬਾਈ ਨੂੰ ਮਿਲੀ, ਉਹ ਸਰੀਰਕ ਤੌਰ 'ਤੇ ਹੱਦੋਂ ਵੱਧ ਕਮਜ਼ੋਰ, ਉਹਨਾਂ ਦੀ ਆਵਾਜ਼ ਕੰਬ ਰਹੀ ਸੀ, ਕੀ ਬੋਲ ਰਹੇ ਆ, ਕੁਝ ਸਮਝ ਨਹੀਂ ਸੀ ਆ ਰਿਹਾ । ਬਿਮਾਰੀ ਨੇ ਉਹਨਾਂ ਨੂੰ ਸਰੀਰਕ ਤੌਰ 'ਤੇ ਤਾਂ ਕਮਜ਼ੋਰ ਕਰ ਦਿੱਤਾ, ਪਰ ਮਾਨਸਿਕ ਤੌਰ 'ਤੇ ਉਹ ਅਜੇ ਵੀ ਮਜ਼ਬੂਤ ਸਨ ਅਤੇ ਜ਼ੋਰ ਲਗਾ ਰਹੇ ਸਨ ਕਿ ਇਸ ਬਿਮਾਰੀ ਨੂੰ ਵੀ ਉਸੇ ਤਰੀਕੇ ਨਾਲ ਹਾਰ ਦਿੱਤੀ ਜਾਵੇ, ਜਿਵੇਂ ਹੁਣ ਤੱਕ ਆਪਣੇ ਸਾਹਮਣੇ ਆਈਆਂ ਚੁਣੌਤੀਆਂ ਤੇ ਇਸ ਪ੍ਰਬੰਧ ਨੂੰ ਦਿੰਦੇ ਆਏ ਸਨ, ਪਰ ਅਫਸੋਸ ਅਖੀਰ ਬਿਮਾਰੀ ਜਿੱਤ ਗਈ। ਪੰਜ ਅਕਤੂਬਰ 2011 ਨੂੰ ਉਹ ਸਾਡੇ ਤੋਂ ਸਰੀਰਕ ਤੌਰ 'ਤੇ ਸਦਾ ਲਈ ਵਿੱਛੜ ਗਏ ।

ਬਾਈ ਗੁਰਮੇਲ ਉਨ੍ਹਾਂ ਆਗੂਆਂ ਵਿੱਚੋਂ ਇੱਕ ਹਨ, ਜਿਨ੍ਹਾਂ ਨੇ 'ਰੁਜ਼ਗਾਰ ਪ੍ਰਾਪਤੀ ਮੁਹਿੰਮ' ਨੂੰ ਅੱਗੇ ਵਧਾਉਣ ਵਿੱਚ ਮਹੱਤਵਪੂਰਨ ਰੋਲ ਅਦਾ ਕੀਤਾ।ਅੱਜ ਜਦੋਂ ਬੇਰੁਜ਼ਗਾਰੀ ਦੇ ਪੱਕੇ ਹੱਲ ਵਾਸਤੇ 'ਰੁਜ਼ਗਾਰ ਪ੍ਰਾਪਤੀ ਮੁਹਿੰਮ' ਨੇ BNEGA ਪ੍ਰਾਪਤੀ ਮੁਹਿੰਮ (ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ) ਨੂੰ ਦੇਸ਼ਵਿਆਪੀ ਲਹਿਰ ਬਣਾ ਦਿੱਤਾ ਹੈ, ਅੱਜ ਜਦੋਂ ਜਵਾਨੀ/ਲੋਕਾਈ ਉੱਜਵਲ ਭਵਿੱਖ ਵੱਲ ਵਧ ਰਹੀਂ ਹੈ, ਅੱਜ ਜਦੋਂ ਨੌਜਵਾਨ ਦਿੱਲੀ ਦੀ ਹਿੱਕ 'ਤੇ ਖੜ੍ਹੇ ਹੋ ਕੇ 'ਇਨਕਲਾਬ ਜ਼ਿੰਦਾਬਾਦ' ਦੇ ਨਾਅਰੇ ਲਗਾ ਰਹੇ ਹਨ, ਤਾਂ ਬਾਈ ਗੁਰਮੇਲ ਸਾਡੇ ਤੋਂ ਦੂਰ ਨਹੀਂ, ਉਹ ਆਪਣੇ ਵਿਚਾਰਾਂ ਦੀ ਰੌਸ਼ਨੀ ਤੇ ਆਪਣੇ ਸਾਥੀਆਂ ਵਿੱਚੋਂ ਜੋ ਉਹਨਾਂ ਦੇ ਅਧੂਰੇ ਕਾਜ ਨੂੰ ਪੂਰਾ ਕਰਨ ਲਈ ਕੰਮ ਕਰ ਰਹੇ ਹਨ, ਰਾਹੀਂ ਸਾਡੇ ਅੰਗਸੰਗ ਹਨ ਅਤੇ ਸਦਾ ਹੀ ਰਹਿਣਗੇ।

ਬਾਈ ਗੁਰਮੇਲ ਦੇ ਜਨਮ ਦਿਨ ਦੀਆਂ ਸਭ ਨੂੰ ਅਮੁੱਕ ਮੁਬਾਰਕਾਂ, ਜ਼ਿੰਦਾਬਾਦ ਬਾਈ ਗੁਰਮੇਲ।

**# ਸੰਪਰਕ : 94179-35679**

ਮਾਨਸਿਕ ਸਿਹਤ ਦਿਵਸ 'ਤੇ ਵਿਸ਼ੇਸ਼

# ਆਓ, ਮਾਨਸਿਕ ਸਿਹਤ ਨੂੰ ਹਰ ਘਰ ਤੱਕ ਲੈ ਕੇ ਚੱਲੀਏ



ਡਾ. ਪਰਦੀਪ ਨਾਂਗਲੂ

ਹਰ ਸਾਲ 10 ਅਕਤੂਬਰ ਨੂੰ ਦੁਨੀਆ ਭਰ ਵਿੱਚ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ ਜਾਂਦਾ ਹੈ। ਇਹ ਦਿਨ ਸਾਨੂੰ ਯਾਦ ਕਰਵਾਉਂਦਾ ਹੈ ਕਿ ਮਾਨਸਿਕ ਸਿਹਤ ਮਨੁੱਖੀ ਜੀਵਨ ਦਾ ਕੋਈ ਗੌਣ ਪੱਖ ਨਹੀਂ, ਸਗੋਂ ਸਮੁੱਚੀ ਸਿਹਤ ਦਾ ਇੱਕ ਅਟੁੱਟ ਹਿੱਸਾ ਹੈ। ਇਸ ਮੌਕੇ ਸਰਕਾਰਾਂ, ਸਿਹਤ ਸੰਸਥਾਵਾਂ, ਵਿਸ਼ਵਵਿਦਿਆਲਿਆਂ, ਮਾਨਸਿਕ ਸਿਹਤ ਮਾਹਰਾਂ, ਖੋਜਕਰਤਿਆਂ, ਅਧਿਆਪਕਾਂ, ਲੇਖਕਾਂ, ਸਮਾਜ ਸੇਵਕਾਂ ਅਤੇ ਵੱਖ-ਵੱਖ ਭਾਈਚਾਰਕ ਸੰਸਥਾਵਾਂ ਵੱਲੋਂ ਮਾਨਸਿਕ ਸਿਹਤ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਂਦਾ ਹੈ, ਪਰ 10 ਅਕਤੂਬਰ ਨੂੰ ਸਿਰਫ਼ ਇੱਕ ਹੋਰ ਅੰਤਰਰਾਸ਼ਟਰੀ ਸਿਹਤ ਦਿਵਸ ਵਜੋਂ ਨਹੀਂ ਦੇਖਿਆ ਜਾਣਾ ਚਾਹੀਦਾ। ਇਹ ਦਿਨ ਸਾਨੂੰ ਇੱਕ ਡੂੰਘਾ ਸਵਾਲ ਪੁੱਛਣ ਲਈ ਮਜਬੂਰ ਕਰਦਾ ਹੈ:

ਵਿਗਿਆਨ, ਦਵਾਈ, ਤਕਨਾਲੋਜੀ, ਸਿੱਖਿਆ, ਅਰਥ ਵਿਵਸਥਾ ਅਤੇ ਸੰਚਾਰ ਦੇ ਖੇਤਰਾਂ ਵਿੱਚ ਅਸਾਧਾਰਨ ਤਰੱਕੀ ਕਰਨ ਦੇ ਬਾਵਜੂਦ ਮਨੁੱਖੀ ਮਨ ਅੱਜ ਕਿੱਥੇ ਖੜ੍ਹਾ ਹੈ? ਅਸੀਂ ਤੇਜ਼ੀ ਨਾਲ ਸਫ਼ਰ ਕਰਨਾ ਸਿੱਖ ਲਿਆ ਹੈ। ਅਸੀਂ ਪਲਾਂ ਵਿੱਚ ਦੁਨੀਆ ਦੇ ਇੱਕ ਕੋਨੇ ਤੋਂ ਦੂਜੇ ਕੋਨੇ ਤੱਕ ਸੁਨੇਹਾ ਪਹੁੰਚਾ ਸਕਦੇ ਹਾਂ। ਸਾਡੇ ਕੋਲ ਜਾਣਕਾਰੀ ਦੇ ਅਣਗਿਣਤ ਸਰੋਤ ਹਨ ਅਤੇ ਚਿਕਿਤਸਾ ਵਿਗਿਆਨ ਨੇ ਮਨੁੱਖੀ ਜੀਵਨ ਨੂੰ ਬਚਾਉਣ ਲਈ ਬੇਮਿਸਾਲ ਤਰੱਕੀ ਕੀਤੀ ਹੈ।

ਪਰ ਕੀ ਅਸੀਂ ਆਪਣੇ ਆਪ ਨਾਲ ਰਹਿਣਾ ਵੀ ਓਨੀ ਹੀ ਚੰਗੀ ਤਰ੍ਹਾਂ ਸਿੱਖਿਆ ਹੈ? ਕੀ ਅਸੀਂ ਆਪਣੀਆਂ ਭਾਵਨਾਵਾਂ ਨੂੰ ਸਮਝਣਾ ਸਿੱਖਿਆ ਹੈ? ਕੀ ਅਸੀਂ ਤਣਾਅ, ਡਰ, ਦੁੱਖ, ਇਕੱਲੇਪਣ ਅਤੇ ਅੰਦਰੂਨੀ ਬੇਚੈਨੀ ਨਾਲ ਸਿਹਤਮੰਦ ਢੰਗ ਨਾਲ ਨਜਿੱਠਣਾ ਸਿੱਖਿਆ ਹੈ? ਇਹੀ ਉਹ ਸਵਾਲ ਹਨ, ਜੋ ਵਿਸ਼ਵ ਮਾਨਸਿਕ ਸਿਹਤ ਦਿਵਸ ਨੂੰ ਅਸਲ ਅਰਥ ਦਿੰਦੇ ਹਨ।

### ਵਿਸ਼ਵ ਮਾਨਸਿਕ ਸਿਹਤ ਦਿਵਸ ਦੀ ਸ਼ੁਰੂਆਤ

ਵਿਸ਼ਵ ਮਾਨਸਿਕ ਸਿਹਤ ਦਿਵਸ ਪਹਿਲੀ ਵਾਰ 10 ਅਕਤੂਬਰ 1992 ਨੂੰ ਮਨਾਇਆ ਗਿਆ। ਇਸ ਦੀ ਸ਼ੁਰੂਆਤ ਵਿਸ਼ਵ ਮਾਨਸਿਕ ਸਿਹਤ ਮਹਾਸੰਘ ਦੀ ਪਹਿਲਕਦਮੀ ਨਾਲ ਹੋਈ। ਇਸ ਪਹਿਲਕਦਮੀ ਨਾਲ ਉਸ ਸਮੇਂ ਦੇ ਮਹਾਂਸੰਘ ਦੇ ਉਪ ਮਹਾਂਸਚਿਵ ਰਿਚਰਡ ਹੰਟਰ ਅਤੇ ਪ੍ਰਧਾਨ ਪ੍ਰੋਫੈਸਰ ਮੈਕਸ ਐਬਟ ਦੇ ਨਾਂਅ ਵਿਸ਼ੇਸ਼ ਤੌਰ 'ਤੇ ਜੁੜੇ ਹੋਏ ਹਨ।

ਸ਼ੁਰੂਆਤੀ ਸਾਲਾਂ ਵਿੱਚ ਇਹ ਦਿਵਸ ਅੱਜ ਵਾਂਗ ਵੱਡੇ ਪੱਧਰ ਦੀਆਂ ਮੁਹਿੰਮਾਂ ਨਾਲ ਨਹੀਂ ਮਨਾਇਆ ਜਾਂਦਾ ਸੀ। ਹੌਲੀ-ਹੌਲੀ ਜਨਤਕ ਸਿੱਖਿਆ, ਵਿਚਾਰ-ਵਟਾਂਦਰੇ, ਸੰਮੇਲਨਾਂ, ਭਾਈਚਾਰਕ ਗਤੀਵਿਧੀਆਂ ਅਤੇ ਜਾਗਰੂਕਤਾ ਮੁਹਿੰਮਾਂ ਰਾਹੀਂ ਇਸ ਦੀ ਪਹੁੰਚ ਵਧਦੀ ਗਈ।

1994 ਵਿੱਚ ਪਹਿਲੀ ਵਾਰ ਇਸ ਦਿਵਸ ਲਈ ਇੱਕ ਵਿਸ਼ੇਸ਼ ਸਾਲਾਨਾ ਵਿਸ਼ਾ ਰੱਖਿਆ ਗਿਆ– ਦੁਨੀਆ ਭਰ ਵਿੱਚ ਮਾਨਸਿਕ ਸਿਹਤ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ। ਇਸ ਤੋਂ ਬਾਅਦ ਹਰ ਸਾਲ ਇਹ ਦਿਨ ਮਾਨਸਿਕ ਸਿਹਤ ਦੇ ਕਿਸੇ ਨਾ ਕਿਸੇ ਮਹੱਤਵਪੂਰਨ ਪੱਖ ਨੂੰ ਕੇਂਦਰ ਵਿੱਚ ਲਿਆਉਂਦਾ ਰਿਹਾ ਹੈ।

ਅੱਜ ਵਿਸ਼ਵ ਸਿਹਤ ਸੰਸਥਾ ਅਤੇ ਦੁਨੀਆ ਦੀਆਂ ਅਨੇਕਾਂ ਕੌਮੀ ਅਤੇ ਅੰਤਰਰਾਸ਼ਟਰੀ ਸੰਸਥਾਵਾਂ ਇਸ ਮੌਕੇ ਨੂੰ ਮਾਨਸਿਕ ਸਿਹਤ ਬਾਰੇ ਜਾਗਰੂਕਤਾ, ਰੋਕਥਾਮ, ਸੇਵਾਵਾਂ ਦੀ ਮਜ਼ਬੂਤੀ ਅਤੇ ਮਾਨਸਿਕ ਸਿਹਤ ਨਾਲ ਜੀ ਰਹੇ ਲੋਕਾਂ ਦੇ ਅਨੁਭਵਾਂ ਨੂੰ ਸਾਹਮਣੇ ਲਿਆਉਣ ਲਈ ਵਰਤਦੀਆਂ ਹਨ।

### ਅੱਜ ਦੁਨੀਆ ਦੀ ਮਾਨਸਿਕ ਸਿਹਤ ਕਿੱਥੇ ਖੜ੍ਹੀ ਹੈ?

ਇਹ ਸਵਾਲ ਅੱਜ ਪਹਿਲਾਂ ਨਾਲੋਂ ਵੀ ਵੱਧ ਮਹੱਤਵਪੂਰਨ ਹੈ।ਵਿਸ਼ਵ ਸਿਹਤ ਸੰਸਥਾ ਦੇ ਅਨੁਸਾਰ, 2019 ਵਿੱਚ ਲਗਭਗ 97 ਕਰੋੜ ਲੋਕ ਦੁਨੀਆ ਭਰ ਵਿੱਚ ਕਿਸੇ ਨਾ ਕਿਸੇ ਮਾਨਸਿਕ ਵਿਗਾੜ ਨਾਲ ਜੀ ਰਹੇ ਸਨ। ਚਿੰਤਾ ਅਤੇ ਉਦਾਸੀ ਨਾਲ ਜੁੜੀਆਂ ਸਮੱਸਿਆਵਾਂ ਇਨ੍ਹਾਂ ਵਿੱਚ ਪ੍ਰਮੁੱਖ ਸਨ।

ਇਹ ਸਿਰਫ਼ ਅੰਕੜੇ ਨਹੀਂ ਹਨ।ਹਰ ਅੰਕੜੇ ਦੇ ਪਿੱਛੇ ਇੱਕ ਮਨੁੱਖ ਹੈ। ਕੋਈ ਨੌਜਵਾਨ ਜੋ ਚਿੰਤਾ ਨਾਲ ਜੂਝ ਰਿਹਾ ਹੈ।ਕੋਈ ਮਾਂ ਜਾਂ ਪਿਤਾ, ਜੋ ਲਗਾਤਾਰ ਤਣਾਅ ਵਿੱਚ ਹੈ। ਕੋਈ ਬਜ਼ੁਰਗ ਜੋ ਇਕੱਲੇਪਣ ਨਾਲ ਜੀ ਰਿਹਾ ਹੈ । ਕੋਈ ਕਰਮਚਾਰੀ ਜੋ ਕੰਮ ਦੇ ਦਬਾਅ ਕਾਰਨ ਅੰਦਰੋਂ ਥੱਕ ਚੁੱਕਾਹੈ । ਕੋਈ ਪਰਵਾਰ ਜੋ ਨਸ਼ੇ ਦੀ ਸਮੱਸਿਆ ਨਾਲ ਜੂਝ ਰਿਹਾ ਹੈ।ਕੋਈ ਵਿਦਿਆਰਥੀ ਜੋ ਆਪਣੀ ਉਦਾਸੀ ਕਿਸੇ ਨਾਲ ਸਾਂਝੀ ਨਹੀਂ ਕਰ ਪਾ ਰਿਹਾ ਅਤੇ ਕਈ ਵਾਰ ਕੋਈ ਅਜਿਹਾ ਵਿਅਕਤੀ ਵੀ ਹੁੰਦਾ ਹੈ, ਜੋ ਬਾਹਰੋਂ ਬਿਲਕੁਲ ਸਧਾਰਨ ਦਿਖਾਈ ਦਿੰਦਾ ਹੈ, ਪਰ ਅੰਦਰੋਂ ਡੂੰਘੀ ਮਾਨਸਿਕ ਪੀੜ ਵਿੱਚੋਂ ਲੰਘ ਰਿਹਾ ਹੁੰਦਾ ਹੈ।

ਇਸ ਲਈ ਮਾਨਸਿਕ ਸਿਹਤ ਨੂੰ ਸਿਰਫ਼ ਬਿਮਾਰੀ, ਦਵਾਈ, ਹਸਪਤਾਲ ਜਾਂ ਇਲਾਜ ਦੇ ਨਜ਼ਰੀਏ ਨਾਲ ਨਹੀਂ ਸਮਝਿਆ ਜਾ ਸਕਦਾ। ਇਸ ਨੂੰ ਪਰਿਵਾਰ, ਰਿਸ਼ਤਿਆਂ, ਸਿੱਖਿਆ, ਰੁਜ਼ਗਾਰ, ਸਮਾਜਿਕ ਹਾਲਾਤ, ਇਕੱਲੇਪਣ, ਸਦਮੇ, ਗਰੀਬੀ, ਹਿੰਸਾ, ਵਿਸਥਾਪਨ ਅਤੇ ਮਨੁੱਖੀ ਜੁੜਾਅ ਦੀ ਗੁਣਵੱਤਾ ਨਾਲ ਵੀ ਜੋੜ ਕੇ ਦੇਖਣਾ ਪਵੇਗਾ।ਬੱਚਿਆਂ ਨੂੰ ਸਿਖਾਇਆ ਜਾਣਾ ਚਾਹੀਦਾ ਹੈ ਕਿ ਭਾਵਨਾਵਾਂ ਨਾ ਤਾਂ ਕਮਜ਼ੋਰੀਆਂ ਹਨ ਅਤੇ ਨਾ ਹੀ ਦੁਸ਼ਮਣ। ਉਨ੍ਹਾਂ ਨੂੰ ਉਦਾਸੀ, ਡਰ, ਗੁੱਸੇ, ਨਿਰਾਸ਼ਾ, ਸੋਗ, ਇਕੱਲੇਪਣ ਅਤੇ ਚਿੰਤਾ ਨੂੰ ਪਛਾਣਨਾ ਸਿਖਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਨੂੰ ਇਹ ਵੀ ਸਿਖਾਇਆ ਜਾਣਾ ਚਾਹੀਦਾ ਹੈ ਕਿ ਮਦਦ ਮੰਗਣਾ ਕਮਜ਼ੋਰੀ ਨਹੀਂ, ਸਗੋਂ ਹਿੰਮਤ ਹੈ।

ਮਾਨਸਿਕ ਸਿਹਤ ਦੀ ਮੁੱਢਲੀ ਜਾਣਕਾਰੀ ਵੀ ਉਸੇ ਤਰ੍ਹਾਂ ਆਮ ਹੋਣੀ ਚਾਹੀਦੀ ਹੈ, ਜਿਵੇਂ ਪੋਸ਼ਣ, ਸਫ਼ਾਈ, ਕਸਰਤ ਅਤੇ ਮੁੱਢਲੀ ਸਹਾਇਤਾ ਬਾਰੇ ਜਾਣਕਾਰੀ।ਸਕੂਲਾਂ ਨੂੰ ਮਾਨਸਿਕ ਸਿਹਤ ਦੇ ਸਾਥੀ ਬਣਾਉਣਾ ਪਵੇਗਾ। ਸਕੂਲ ਇਸ ਖੇਤਰ ਵਿੱਚ ਬਹੁਤ ਵੱਡੀ ਭੂਮਿਕਾ ਨਿਭਾ ਸਕਦੇ ਹਨ। ਬੱਚੇ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਸਕੂਲ ਵਿੱਚ ਬਿਤਾਉਂਦੇ ਹਨ। ਅਧਿਆਪਕ ਕਈ ਵਾਰ ਬੱਚੇ ਦੇ ਵਿਹਾਰ ਵਿੱਚ ਆਏ ਬਦਲਾਅ, ਸਮਾਜਿਕ ਦੂਰੀ, ਪੜ੍ਹਾਈ ਵਿੱਚ ਗਿਰਾਵਟ, ਡਰ, ਧੱਕੇਸ਼ਾਹੀ ਜਾਂ ਭਾਵਨਾਤਮਕ ਪਰੇਸ਼ਾਨੀ ਨੂੰ ਹੋਰਨਾਂ ਨਾਲੋਂ ਪਹਿਲਾਂ ਪਛਾਣ ਸਕਦੇ ਹਨ। ਇਸ ਦਾ ਮਤਲਬ ਇਹ ਨਹੀਂ ਕਿ ਅਧਿਆਪਕਾਂ ਨੂੰ ਇਲਾਜਕ ਬਣਾਇਆ ਜਾਵੇ।

2026 ਦੇ ਵਿਸ਼ਵ ਮਾਨਸਿਕ ਸਿਹਤ ਦਿਵਸ ਦਾ ਸੰਦੇਸ਼ ਵੀ ਜੀਵਨ-ਅਨੁਭਵਾਂ ਦੀਆਂ ਆਵਾਜ਼ਾਂ ਨੂੰ ਸੁਣਨ ਅਤੇ ਉਨ੍ਹਾਂ ਰਾਹੀਂ ਅਸਲ ਬਦਲਾਅ ਲਿਆਉਣ 'ਤੇ ਜ਼ੋਰ ਦਿੰਦਾ ਹੈ। ਮਾਨਸਿਕ ਸਿਹਤ ਦੀਆਂ ਨੀਤੀਆਂ ਸਿਰਫ਼ ਦਫ਼ਤਰਾਂ ਅਤੇ ਸੰਮੇਲਨ ਕਮਰਿਆਂ ਵਿੱਚ ਨਹੀਂ ਬਣਨੀਆਂ ਚਾਹੀਦੀਆਂ, ਉਹਨਾਂ ਵਿੱਚ ਉਹਨਾਂ ਲੋਕਾਂ ਅਤੇ ਪਰਵਾਰਾਂ ਦੇ ਅਨੁਭਵ ਵੀ ਸ਼ਾਮਲ ਹੋਣੇ ਚਾਹੀਦੇ ਹਨ, ਜੋ ਇਨ੍ਹਾਂ ਹਕੀਕਤਾਂ ਨਾਲ ਹਰ ਰੋਜ਼ ਜੀ ਰਹੇ ਹਨ।

ਮਾਨਸਿਕ ਸਿਹਤ ਦੀ ਕੋਈ ਸਰਹੱਦ ਨਹੀਂ, ਉਦਾਸੀ ਦੀ ਕੋਈ ਕੌਮੀਅਤ ਨਹੀਂ। ਚਿੰਤਾ ਦਾ ਕੋਈ ਪਾਸਪੋਰਟ ਨਹੀਂ।ਸਦਮਾ ਕਿਸੇ ਇੱਕ ਦੇਸ਼ ਦੀ ਸਰਹੱਦ ਨੂੰ ਨਹੀਂ ਮੰਨਦਾ। ਇਕੱਲਾਪਣ ਕਿਸੇ ਇੱਕ ਸੱਭਿਆਚਾਰ ਦੀ ਸਮੱਸਿਆ ਨਹੀਂ ਅਤੇ ਸੁਣੇ ਜਾਣ ਦੀ ਮਨੁੱਖੀ ਲੋੜ ਸਾਰੀ ਦੁਨੀਆ ਵਿੱਚ ਇੱਕੋ ਜਿਹੀ ਹੈ। ਇਸ ਲਈ ਮਾਨਸਿਕ ਸਿਹਤ ਨੂੰ ਕਿਸੇ ਇੱਕ ਦੇਸ਼ ਜਾਂ ਸੰਸਥਾ ਦੀ ਜ਼ਿੰਮੇਵਾਰੀ ਵਜੋਂ ਨਹੀਂ, ਸਗੋਂ ਵਿਸ਼ਵ ਪੱਧਰੀ ਮਨੁੱਖੀ ਵਿਕਾਸ ਦੀ ਇੱਕ ਮੁੱਢਲੀ ਲੋੜ ਵਜੋਂ ਦੇਖਿਆ ਜਾਣਾ ਚਾਹੀਦਾ ਹੈ।

### 10 ਅਕਤੂਬਰ ਸਾਡੇ ਲਈ ਕੀ ਅਰਥ ਰੱਖਦਾ ਹੈ?

ਸ਼ਾਇਦ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਉਣ ਦਾ ਸਭ ਤੋਂ ਅਰਥਪੂਰਨ ਤਰੀਕਾ ਇਹ ਨਹੀਂ ਕਿ ਅਸੀਂ ਇੱਕ ਹੋਰ ਸੰਮੇਲਨ ਕਰੀਏ ਜਾਂ ਇੱਕ ਹੋਰ ਬਿਆਨ ਜਾਰੀ ਕਰੀਏ।ਸਭ ਤੋਂ ਮਹੱਤਵਪੂਰਨ ਗੱਲ ਹੈ–ਗੱਲਬਾਤ ਸ਼ੁਰੂ ਕਰੀਏ।ਇੱਕ ਪਰਵਾਰ ਇਕੱਠਾ ਬੈਠ ਕੇ ਮਨ ਦੀ ਸਿਹਤ ਬਾਰੇ ਗੱਲ ਕਰੇ।ਇੱਕ ਸਕੂਲ ਬੱਚਿਆਂ ਲਈ ਅਜਿਹਾ ਸੁਰੱਖਿਅਤ ਮਾਹੌਲ ਬਣਾਏ, ਜਿੱਥੇ ਉਹ ਆਪਣੇ ਤਣਾਅ ਅਤੇ ਚਿੰਤਾਵਾਂ ਬਾਰੇ ਗੱਲ ਕਰ ਸਕਣ।ਇੱਕ ਕੰਮਕਾਜੀ ਸੰਸਥਾ ਕਰਮਚਾਰੀਆਂ ਦੇ ਮਾਨਸਿਕ ਦਬਾਅ ਅਤੇ ਕੰਮ-ਜੀਵਨ ਸੰਤੁਲਨ ਬਾਰੇ ਸੋਚੇ। ਇੱਕ ਪਿੰਡ ਵਿੱਚ ਮਾਨਸਿਕ ਸਿਹਤ ਜਾਗਰੂਕਤਾ ਦਾ ਕਾਰਜਕ੍ਰਮ ਹੋਵੇ।

ਇੱਕ ਵਿਸ਼ਵਵਿਦਿਆਲਾ ਉਹਨਾਂ ਲੋਕਾਂ ਨੂੰ ਮੰਚ ਦੇਵੇ ਜਿਨ੍ਹਾਂ ਨੇ ਮਾਨਸਿਕ ਸਿਹਤ ਦੀਆਂ ਮੁਸ਼ਕਲਾਂ ਨੂੰ ਖੁਦ ਜੀਵਿਆ ਹੈ।ਆਓ, ਅਜਿਹੇ ਸਕੂਲ ਬਣਾਈਏ, ਜਿੱਥੇ ਬੱਚੇ ਸਿਰਫ਼ ਗਣਿਤ ਅਤੇ ਵਿਗਿਆਨ ਹੀ ਨਾ ਸਿੱਖਣ, ਸਗੋਂ ਆਪਣੇ ਆਪ ਨੂੰ ਸਮਝਣਾ ਅਤੇ ਦੂਜਿਆਂ ਨਾਲ ਸਿਹਤਮੰਦ ਰਿਸ਼ਤੇ ਬਣਾਉਣਾ ਵੀ ਸਿੱਖਣ। ਆਓ, ਅਜਿਹੀਆਂ ਕੰਮਕਾਜੀ ਥਾਵਾਂ ਬਣਾਈਏ ਜਿੱਥੇ ਉਤਪਾਦਕਤਾ ਮਨੁੱਖੀ ਮਾਨਸਿਕ ਸਿਹਤ ਦੀ ਕੀਮਤ ਉੱਤੇ ਹਾਸਲ ਨਾ ਕੀਤੀ ਜਾਵੇ।ਆਓ, ਅਜਿਹੇ ਭਾਈਚਾਰੇ ਬਣਾਈਏ, ਜਿੱਥੇ ਮਾਨਸਿਕ ਪੀੜ ਵਿੱਚੋਂ ਲੰਘ ਰਹੇ ਵਿਅਕਤੀ ਨੂੰ ਸਭ ਤੋਂ ਪਹਿਲਾਂ ਫ਼ੈਸਲਾ ਨਹੀਂ, ਸਮਝ ਮਿਲੇ।

ਇੱਕ ਮਾਨਸਿਕ ਤੌਰ 'ਤੇ ਸਿਹਤਮੰਦ ਸਮਾਜ ਦੀ ਅਸਲ ਪਛਾਣ ਸਿਰਫ਼ ਇਹ ਨਹੀਂ ਕਿ ਉਸ ਕੋਲ ਕਿੰਨੇ ਹਸਪਤਾਲ ਜਾਂ ਕਿੰਨੇ ਮਾਹਰ ਹਨ।ਅਸਲ ਪਛਾਣ ਇਹ ਵੀ ਹੈ ਕਿ ਕੀ ਕੋਈ ਮਨੁੱਖ ਬਿਨਾਂ ਸ਼ਰਮ ਦੇ ਇਹ ਕਹਿ ਸਕਦਾ ਹੈ– ਮੈਂ ਪਰੇਸ਼ਾਨ ਹਾਂ। ਅਤੇ ਕੀ ਉਸ ਦੇ ਕੋਲ ਕੋਈ ਅਜਿਹਾ ਮਨੁੱਖ ਹੈ ਜੋ ਉਸ ਦੀ ਗੱਲ ਸੁਣਨ ਲਈ ਤਿਆਰ ਹੈ? ਇਸ ਲਈ 10 ਅਕਤੂਬਰ ਸਿਰਫ਼ ਕੈਲੰਡਰ ਦੀ ਇੱਕ ਤਾਰੀਕ ਨਾ ਬਣੇ, ਇਹ ਸਾਨੂੰ ਸਿਹਤ ਦੇ ਅਰਥ ਨੂੰ ਮੁੜ ਸਮਝਣ ਦਾ ਵਿਸ਼ਵਵਿਆਪੀ ਸੱਦਾ ਬਣੇ।ਕਿਉਂਕਿ ਮਾਨਸਿਕ ਸਿਹਤ ਸਿਰਫ਼ ਮਾਨਸਿਕ ਬਿਮਾਰੀ ਦੀ ਗੈਰਹਾਜ਼ਰੀ ਦਾ ਨਾਂਅ ਨਹੀਂ।ਇਹ ਜੀਵਨ ਨੂੰ ਸਮਝਣ, ਰਿਸ਼ਤੇ ਬਣਾਉਣ, ਮੁਸ਼ਕਲਾਂ ਦਾ ਸਾਹਮਣਾ ਕਰਨ, ਅੰਦਰੋਂ ਵਿਕਸਤ ਹੋਣ, ਜੀਵਨ ਵਿੱਚ ਅਰਥ ਲੱਭਣ, ਆਪਣਾਪਣ ਮਹਿਸੂਸ ਕਰਨ ਅਤੇ ਵਧਦੀ ਜਟਿਲ ਦੁਨੀਆ ਵਿੱਚ ਆਪਣੀ ਮਨੁੱਖਤਾ ਨੂੰ ਕਾਇਮ ਰੱਖਣ ਦੀ ਸਮਰੱਥਾ ਦਾ ਨਾਂਅ ਹੈ।

ਸ਼ਾਇਦ ਵਿਸ਼ਵ ਮਾਨਸਿਕ ਸਿਹਤ ਦਿਵਸ ਦੀ ਸਭ ਤੋਂ ਵੱਡੀ ਸਫਲਤਾ ਉਸ ਦਿਨ ਹੋਵੇਗੀ, ਜਦੋਂ ਮਾਨਸਿਕ ਸਿਹਤ ਲਈ ਕਿਸੇ ਵਿਸ਼ੇਸ਼ ਦਿਨ ਦੀ ਲੋੜ ਹੀ ਨਾ ਰਹੇ, ਕਿਉਂਕਿ ਮਾਨਸਿਕ ਸਿਹਤ ਦੀ ਸਿੱਖਿਆ ਅਤੇ ਸੰਭਾਲ ਸਾਡੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣ ਚੁੱਕੀ ਹੋਵੇ।ਉਦੋਂ ਤੱਕ 10 ਅਕਤੂਬਰ ਸਾਨੂੰ ਇੱਕ ਮੌਕਾ ਦਿੰਦਾ ਹੈ ਰੁਕਣ ਦਾ, ਸੁਣਨ ਦਾ, ਸਿੱਖਣ ਦਾ ਅਤੇ ਕੁਝ ਕਰਨ ਦਾ । ਆਓ, ਸਿਰਫ਼ ਵਿਸ਼ਵ ਮਾਨਸਿਕ ਸਿਹਤ ਦਿਵਸ ਨਾ ਮਨਾਈਏ। ਆਓ, ਅਜਿਹੀ ਦੁਨੀਆ ਬਣਾਈਏ ਜਿੱਥੇ ਮਾਨਸਿਕ ਸਿਹਤ ਹਰ ਮਨੁੱਖ ਦਾ ਹੱਕ ਹੋਵੇ–ਹਰ ਘਰ ਵਿੱਚ, ਹਰ ਪਿੰਡ ਵਿੱਚ, ਹਰ ਸ਼ਹਿਰ ਵਿੱਚ ਅਤੇ ਦੁਨੀਆ ਦੇ ਹਰ ਕੋਨੇ ਵਿੱਚ।

# ਪੰਜਾਬ ਦੀ ਸਿਆਸਤ 'ਚ ਆਏ ਨਿਘਾਰ ਨੂੰ ਦਰੁਸਤ ਕਰਾਂਗੇ : ਪਰਗਟ ਸਿੰਘ



**ਸਮਰਾਲਾ (ਸੁਰਜੀਤ ਸਿੰਘ)** ਪੰਜਾਬ ਦੀ ਰਾਜਨੀਤੀ ਵਿਚ ਨਿਘਾਰ ਆ ਗਿਆ ਹੈ।ਇੱਕ ਪਾਸੇ ਧਾੜਵੀ ਆਏ ਦੂਜੇ ਪਾਸੇ ਨਫ਼ਰਤ ਫੈਲਾਉਣ ਵਾਲੇ ਰਾਜਨੀਤੀ ਕਰ ਰਹੇ ਹਨ।ਪੰਜਾਬ ਦੀ ਰਾਜਨੀਤੀ ਨੂੰ ਦਰੁਸਤ ਕਰਨ ਦੀ ਲੋੜ ਹੈ।ਇਹ ਵਿਚਾਰ ਇਥੇ ਮਾਲਵਾ ਕਾਲਜ ਵਿੱਚ ਆਯੋਜਿਤ ਯੂਥ ਫੈਸਟੀਵਲ ਦੇ ਆਖਰੀ ਦਿਨ ਹਾਜ਼ਰ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਾਂਗਰਸ ਪਾਰਟੀ ਦੇ ਨਵ ਨਿਯੁਕਤ ਪ੍ਰਧਾਨ ਪਰਗਟ ਸਿੰਘ ਨੇ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਨੇ ਪੌਣੇ ਪੰਜ ਸਾਲ ਪੰਜਾਬ ਦੇ ਲੋਕਾਂ ਨੂੰ ਚੁਟਕਲੇ ਸੁਣਾ ਕੇ ਕੱਢ ਦਿੱਤੇ।ਉਨ੍ਹਾਂ ਕਿਹਾ ਕਿ ਸਾਰੇ ਪੰਜਾਬ ਵਿੱਚ ਮੁੱਖ ਮੰਤਰੀ ਦੀ ਇਮਾਨਦਾਰੀ ਦੇ ਬੋਰਡ ਲਗਵਾ ਦਿੱਤੇ ਜਦਕਿ ਕਿਸੇ ਫੁੱਲ ਨੂੰ ਆਪਣੀ ਖ਼ੁਸ਼ਬੋ ਦੇ ਪ੍ਰਚਾਰ ਕਰਨ ਦੀ ਲੋੜ ਨਹੀਂ ਪੈਂਦੀ। ਪੰਜਾਬ ਦੇ ਲੋਕ ਆਉਣ ਵਾਲੇ ਸਮੇਂ ਵਿੱਚ ਇਨ੍ਹਾਂ ਨੂੰ ਪਿੰਡਾਂ ਵਿਚ ਨਹੀਂ ਵੜਨ ਦੇਣਗੇ।ਉਨ੍ਹਾਂ ਕਿਹਾ ਕਿ ਸਰਕਾਰ ਨੇ ਪੰਜਾਬ ਨੂੰ ਪੁਲਸ ਸਟੇਟ ਬਣਾ ਕੇ ਰੱਖ ਦਿੱਤਾ ਹੈ।ਉਨ੍ਹਾਂ ਕਿਹਾ ਲੋਕਾਂ ਨੂੰ ਅਪਣਾ ਨੁਮਾਇੰਦਾ ਚੁਣਨ ਵੇਲੇ ਉਸਦਾ ਕਿਰਦਾਰ ਜ਼ਰੂਰ ਪਰਖਣਾ ਚਾਹੀਦਾ ਹੈ।ਇਸ ਤੋਂ ਪਹਿਲਾਂ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਵਿੱਚ ਉਹਨਾਂ ਕਿਹਾ ਕਿ ਆਉਂਦੀਆਂ ਵਿਧਾਨ ਸਭਾ ਚੋਣਾਂ ਲਈ ਟਿਕਟਾਂ ਮੈਰਿਟ ਦੇ ਅਧਾਰ ਤੇ ਛੇਤੀ ਹੀ ਦਿੱਤੀਆਂ ਜਾਣਗੀਆਂ।ਪਾਰਟੀ ਵਿੱਚ ਮੱਤਭੇਦਾਂ ਬਾਰੇ ਗੱਲ ਕਰਦਿਆਂ ਕਿਹਾ ਕਿ ਪਾਰਟੀ ਇੱਕ ਜੁੱਟ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਤੇ ਭਾਜਪਾ ਦੋਵੇਂ ਨੂਰਾ ਕੁਸ਼ਤੀ ਦੀ ਖੇਡ ਖੇਡਦੇ ਹਨ।ਈ ਡੀ ਵੱਲੋਂ ਮਾਰੇ ਛਾਪਿਆਂ ਸਬੰਧੀ ਉਨ੍ਹਾਂ ਕਿਹਾ ਕਿ ਹੁਣ ਜਦੋਂ ਆਪਣੇ ਤੇ ਛਾਪੇ ਪਏ ਤਾਂ ਇਹ ਬਦਲਾਖੋਰੀ ਹੋ ਗਈ।ਉਨ੍ਹਾਂ ਕਿਹਾ ਕਿ ਸਿੱਖਿਆ ਬਾਰੇ ਸਰਕਾਰ ਏ ਆਈ ਦੀਆਂ ਵੀਡਿਓ ਬਣਾ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ, ਜਦਕਿ ਇਸ ਸਰਕਾਰ ਨੇ ਹੁਣ ਤਕ ਕੋਈ ਕਾਲਜ ਤੇ ਯੂਨੀਵਰਸਿਟੀ ਨਹੀਂ ਖੋਲੀ।ਇਸੇ ਦੌਰਾਨ ਪਾਰਲੀਮੈਂਟ ਮੈਂਬਰ ਡਾ ਅਮਰ ਸਿੰਘ ਨੇ ਸੰਬੋਧਨ ਕਰਦੀਆਂ ਕਿਹਾ ਕਿ ਬੀਤੇ 25-30 ਸਾਲਾਂ ਦੌਰਾਨ ਸਿੱਖਿਆ ਦਾ ਢਾਂਚਾ ਪੂਰੀ ਤਰਾਂ ਬਦਲ ਗਿਆ ਹੈ।ਦੁਨੀਆ ਦਾ ਜਿਆਦਾ ਪੈਸਾ ਏ ਆਈ ਉਤੇ ਲਹ ਰਿਹਾ ਹੈ।ਪੰਜਾਬ ਨੇ ਆਈ ਟੀ ਤੇ ਉਦਯੋਗਿਕ ਕ੍ਰਾਂਤੀ ਨੂੰ ਨਜ਼ਰਅੰਦਾਜ਼ ਕੀਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਏ ਆਈ ਨੂੰ ਨਜ਼ਰਅੰਦਾਜ਼ ਨਹੀਂ ਕਰਨ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਸੱਤਾ ਵਿੱਚ ਆਉਣ ਤੇ ਨੌਜਵਾਨਾਂ ਨੂੰ ਏ ਆਈ ਦੇ ਕੋਰਸ ਕਰਵਾ ਕੇ ਉਨ੍ਹਾਂ ਨੂੰ ਪਹਿਲੀ ਕੈਟਾਗਰੀ ਦੇ ਸੋਫਟਵੇਅਰ ਇੰਜੀਨੀਅਰ ਬਣਾਵਾਂਗੇ, ਜਿਸ ਨਾਲ ਪੰਜਾਬੀਆਂ ਦੀ ਦੁਨੀਆਂ ਵਿਚ ਪਛਾਣ ਬਣੇਗੀ।ਇਸ ਦੌਰਾਨ ਉਹਨਾਂ ਆਪਣੇ ਅਖਤਿਆਰੀ ਕੋਟੇ ਵਿਚੋਂ ਕਾਲਜ ਨੂੰ 12 ਲੱਖ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਂਗਰਸ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਗੁਰਕੀਰਤ ਕੋਟਲੀ, ਮਲਕੀਅਤ ਸਿੰਘ ਦਾਖਾ ਕਾਲਜ ਸਰਪ੍ਰਸਤ ਬਲਬੀਰ ਸਿੰਘ ਰਾਜੇਵਾਲ, ਪ੍ਰਧਾਨ ਆਲਮਦੀਪ ਸਿੰਘ ਮੱਲਮਜ਼ਰਾ, ਐਡਵੋਕੇਟ ਜਸਪ੍ਰੀਤ ਸਿੰਘ ਕਲਾਲ ਮਾਜਰਾ, ਸਰਪੰਚ ਜਤਿੰਦਰ ਸਿੰਘ ਜੋਗਾ ਬਲਾਲਾ, ਕਸਤੂਰੀ ਲਾਲ ਮਿੰਟੂ, ਭਾਜਪਾ ਆਗੂ ਨਿਸ਼ੂ ਸ਼ਰਮਾ ਹਾਜ਼ਰ ਸਨ।

# ਨਾਟਿਅਮ ਫੈਸਟੀਵਲ 'ਚ 'ਏ ਫੇਅਰ ਅਫੇਅਰ' ਨਾਟਕ ਦਾ ਮੰਚਨ



**ਬਠਿੰਡਾ (ਬਖਤੌਰ ਢਿੱਲੋਂ)** ਬਲਵੰਤ ਗਾਰਗੀ ਆਡੀਟੋਰੀਅਮ ਵਿੱਚ ਚੱਲ ਰਹੇ ਨਾਟਿਅਮ ਦੇ 15ਵੇਂ ਨੈਸ਼ਨਲ ਥੀਏਟਰ ਫੈਸਟੀਵਲ ਦੀ 11ਵੀਂ ਰਾਤ ਮੁੰਬਈ ਦੇ ਟ੍ਰਾਇਓਲੋਜੀ ਥੀਏਟਰ ਗਰੁੱਪ ਵੱਲੋਂ ਸਮੀਰ ਗਰੁੜ ਵੱਲੋਂ ਲਿਖਿਆ ਤੇ ਪ੍ਰਦੀਪ ਸੋਢਾ ਵੱਲੋਂ ਨਿਰਦੇਸ਼ਿਤ ਨਾਟਕ 'ਏ ਫੇਅਰ ਅਫੇਅਰ' ਦਾ ਪ੍ਰਭਾਵਸ਼ਾਲੀ ਮੰਚਣ ਕੀਤਾ ਗਿਆ।ਨਾਟਕ ਨੇ ਮਨੁੱਖੀ ਰਿਸ਼ਤਿਆਂ, ਖਿੱਚ, ਵਿਸ਼ਵਾਸ ਤੇ ਵਿਆਹੁਤਾ ਜੀਵਨ ਵਿੱਚ ਪੈਦਾ ਹੋਣ ਵਾਲੀਆਂ ਭਾਵਨਾਤਮਕ ਉਲਝਣਾਂ ਨੂੰ ਸਹਿਜ ਪਰ ਪ੍ਰਭਾਵਸ਼ਾਲੀ ਅੰਦਾਜ਼ ਵਿੱਚ ਸਾਹਮਣੇ ਰੱਖਿਆ।

ਨਾਟਕ ਦੀ ਕਹਾਣੀ ਅਜਿਹੇ ਰਿਸ਼ਤਿਆਂ ਦੇ ਆਲੇ-ਦੁਆਲੇ ਘੁੰਮਦੀ ਹੈ, ਜਿੱਥੇ ਬਾਹਰੋਂ ਆਮ ਦਿਖਾਈ ਦੇਣ ਵਾਲਾ ਵਿਆਹੁਤਾ ਜੀਵਨ ਅੰਦਰੋਂ ਭਾਵਨਾਤਮਕ ਖਾਲੀਪਣ ਅਤੇ ਅਸੰਤੁਸ਼ਟੀ ਨਾਲ ਜੂਝ ਰਿਹਾ ਹੁੰਦਾ ਹੈ।ਹਾਲਾਤ ਪਾਤਰਾਂ ਨੂੰ ਅਜਿਹੇ ਮੋੜ 'ਤੇ ਲੈ ਜਾਂਦੇ ਹਨ, ਜਿੱਥੇ ਖਿੱਚ ਤੇ ਜ਼ਿੰਮੇਵਾਰੀ, ਇੱਛਾ ਤੇ ਸਮਾਜਿਕ ਮਰਿਆਦਾ ਤੇ ਸੱਚ ਅਤੇ ਛੁਪਾਅ ਵਿਚਕਾਰ ਟਕਰਾਅ ਸ਼ੁਰੂ ਹੋ ਜਾਂਦਾ ਹੈ।ਨਾਟਕ ਇਹ ਸਵਾਲ ਵੀ ਖੜਾ ਕਰਦਾ ਹੈ ਕਿ ਰਿਸ਼ਤਿਆਂ 'ਚ ਇਮਾਨਦਾਰੀ ਸਿਰਫ਼ ਸੱਚ ਬੋਲਣ ਤੱਕ ਸੀਮਤ ਹੈ ਜਾਂ ਇੱਕ-ਦੂਜੇ ਦੀਆਂ ਭਾਵਨਾਵਾਂ ਨੂੰ ਸਮਝਣਾ ਵੀ ਇਸ ਦਾ ਹਿੱਸਾ ਹੈ।ਨਾਟਕ ਦਾ ਉਦਘਾਟਨ ਮੁੱਖ ਮਹਿਮਾਨ ਗ੍ਰੀਨ ਸਿਟੀ ਗਰੁੱਪ ਦੇ ਐਮ ਡੀ ਡੀਪੀ ਗੋਇਲ, ਉਨ੍ਹਾਂ ਦੇ ਬੇਟੇ ਦੀਪਾਂਸ਼ੂ ਗੋਇਲ ਤੇ ਨੂੰਹ ਰਾਧਿਕਾ ਗੋਇਲ, ਡੀਸੀ ਰਾਜੇਸ਼ ਧੀਮਾਨ, ਐਸਐਸਪੀ ਸੁਹੇਲ ਕਾਸਿਮ ਮੀਰ, ਨਾਟਿਅਮ ਦੇ ਡਾਇਰੈਕਟਰ ਕੀਰਤੀ ਕਿਰਪਾਲ, ਮੁੱਖ ਸਰਪ੍ਰਸਤ ਡਾ. ਕਸ਼ਿਸ਼ ਗੁਪਤਾ, ਫੈਸਟੀਵਲ ਡਾਇਰੈਕਟਰ ਗੁਰਨੂਰ ਸਿੰਘ, ਪ੍ਰਧਾਨ ਸੁਰਿੰਦਰ ਕੌਰ ਤੇ ਸਰਪ੍ਰਸਤ ਸੁਦਰਸ਼ਨ ਗੁਪਤਾ ਨੇ ਸਾਂਝੇ ਤੌਰ 'ਤੇ ਸ਼ਮਾਂ ਰੌਸ਼ਨ ਕਰਕੇ ਕੀਤਾ।ਡੀਪੀ ਗੋਇਲ ਨੇ ਕਿਹਾ ਕਿ ਰੰਗਮੰਚ ਸਿਰਫ਼ ਮਨੋਰੰਜਨ ਨਹੀਂ, ਸਗੋਂ ਸਮਾਜ ਨੂੰ ਸੋਚਣ ਅਤੇ ਸਿੱਖਣ ਦਾ ਮੌਕਾ ਦੇਣ ਵਾਲੀ ਇੱਕ ਪ੍ਰਭਾਵਸ਼ਾਲੀ ਵਿਧਾ ਹੈ।ਲੋਕਾਂ ਨੂੰ ਇਸ ਦਾ ਭਰਪੂਰ ਆਨੰਦ ਲੈਣਾ ਚਾਹੀਦਾ ਹੈ।

ਨਾਟਿਅਮ ਦੇ ਡਾਇਰੈਕਟਰ ਕੀਰਤੀ ਕਿਰਪਾਲ ਨੇ ਕਿਹਾ ਕਿ ਥੀਏਟਰ ਸਨਮਾਨ ਚਾਹੁੰਦਾ ਹੈ ਤੇ ਦਰਸ਼ਕਾਂ ਦਾ ਸਨਮਾਨ ਹੀ ਇਸ ਦੀ ਸਭ ਤੋਂ ਵੱਡੀ ਤਾਕਤ ਹੈ।ਰੰਗਮੰਚ ਹੁਣ ਤਰਸ ਦਾ ਪਾਤਰ ਨਹੀਂ ਰਿਹਾ, ਸਗੋਂ ਸਮੇਂ ਦੇ ਨਾਲ ਇਸ ਦਾ ਸਰੂਪ ਤੇ ਪ੍ਰਭਾਵ ਦੋਵੇਂ ਵਿਆਪਕ ਹੋਏ ਹਨ।ਮੁੱਖ ਸਰਪ੍ਰਸਤ ਡਾ. ਕਸ਼ਿਸ਼ ਗੁਪਤਾ ਨੇ ਮਹਿਮਾਨਾਂ ਦੇ ਨਾਲ ਖਚਾਖਚ ਭਰੇ ਆਡੀਟੋਰੀਅਮ ਵਿੱਚ ਪਹੁੰਚੇ ਦਰਸ਼ਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਫੈਸਟੀਵਲ ਦੀ ਹਰ ਰਾਤ ਦਰਸ਼ਕਾਂ ਵੱਲੋਂ ਮਿਲ ਰਿਹਾ ਪਿਆਰ ਨਾਟਿਅਮ ਦੀ ਟੀਮ ਦੇ ਉਤਸ਼ਾਹ ਨੂੰ ਲਗਾਤਾਰ ਵਧਾ ਰਿਹਾ ਹੈ।

# ਚੇਅਰਮੈਨ ਦੀਪਕ ਸੂਦ ਨੇ ਮੰਡੀ 'ਚ ਸੁਣੀਆਂ ਕਿਸਾਨਾਂ, ਆੜ੍ਹਤੀਆਂ ਦੀਆਂ ਮੁਸ਼ਕਲਾਂ

*ਕਿਸਾਨਾਂ ਦੀ ਫਸਲ ਦਾ ਦਾਣਾ-ਦਾਣਾ ਖ਼ਰੀਦਿਆ ਜਾਵੇਗਾ : ਚੇਅਰਮੈਨ ਸੂਦ*



**ਰਾਜਪੁਰਾ (ਰਮੇਸ਼ ਕਟਾਰੀਆ)**-ਰਾਜਪੁਰਾ ਮਾਰਕੀਟ ਕਮੇਟੀ ਦੇ ਚੇਅਰਮੈਨ ਦੀਪਕ ਸੂਦ ਨੇ ਆਪਣੇ ਅਧਿਕਾਰੀਆਂ ਨਾਲ ਭਾਰਤ ਦੀਆਂ ਵੱਡੀਆਂ ਮੰਡੀਆਂ ਵਿੱਚ ਗਿਣੀ ਜਾਂਦੀ ਅਨਾਜ ਮੰਡੀ, ਰਾਜਪੁਰਾ ਦਾ ਦੌਰਾ ਕਰਕੇ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਤੋਂ ਖਰੀਦ ਪ੍ਰਬੰਧਾਂ ਵਿੱਚ ਆ ਰਹੀ ਮੁਸ਼ਕਲ ਬਾਰੇ ਗੱਲਬਾਤ ਕੀਤੀ।ਮੰਡੀ ਦੇ ਦੌਰੇ ਸਮੇਂ ਕਿਸਾਨਾਂ ਤੇ ਆੜ੍ਹਤੀਆਂ ਵੱਲੋਂ ਚੇਅਰਮੈਨ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ਮੁਸ਼ਕਲਾਂ ਬਾਰੇ ਚੇਅਰਮੈਨ ਮਾਰਕੀਟ ਕਮੇਟੀ ਨੇ ਅਧਿਕਾਰੀਆਂ ਨੂੰ ਤੁਰੰਤ ਮਸਲਾ ਹੱਲ ਕਰਨ ਦੇ ਆਦੇਸ਼ ਜਾਰੀ ਕੀਤੇ।ਸ੍ਰੀ ਸੂਦ ਨੇ ਅਨਾਜ ਮੰਡੀ ਦਾ ਦੌਰਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੰਡੀ ਵਿੱਚ ਫ਼ਸਲ ਲੈ ਕੇ ਆਏ ਕਿਸਾਨ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਗਏ ਖਰੀਦ ਪ੍ਰਬੰਧਾਂ ਤੋਂ ਬਹੁਤ ਖੁਸ਼ ਹਨ ਤੇ ਝੋਨੇ ਦੀ ਫ਼ਸਲ ਦੇ ਪੈਸੇ ਕਿਸਾਨਾਂ ਦੇ ਖਾਤਿਆਂ ਵਿੱਚ ਸਿੱਧੇ ਪਾਏ ਜਾ ਰਹੇ ਹਨ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪਰੇਸ਼ਾਨੀ ਨਾ ਆਵੇ।ਉਨ੍ਹਾਂ ਜਿੱਥੇ ਕਿਸਾਨਾਂ ਨੂੰ ਆਪਣੀ ਸੁੱਕੀ ਫ਼ਸਲ ਹੀ ਮੰਡੀ ਵਿੱਚ ਲੈ ਕੇ ਆਉਣ ਦੀ ਅਪੀਲ ਕੀਤੀ, ਉੱਥੇ ਉਨ੍ਹਾਂ ਨੇ ਕਿਸਾਨਾਂ ਨੂੰ ਯਕੀਨ ਦਿਵਾਇਆ ਕਿ ਉਨ੍ਹਾਂ ਦੀ ਫ਼ਸਲ ਐੱਮ ਐੱਸ ਪੀ ਤੋਂ ਘੱਟ ਕੀਮਤ 'ਤੇ ਨਹੀਂ ਵਿਕਣ ਦਿੱਤੀ ਜਾਵੇਗੀ ਅਤੇ ਸਰਕਾਰ ਵੱਲੋਂ ਅਧਿਕਾਰੀਆਂ ਨੂੰ ਕਿਸਾਨਾਂ ਦੀ ਫ਼ਸਲ ਦੀ ਖਰੀਦ ਸੁਚਾਰੂ ਢੰਗ ਨਾਲ ਚਲਾਉਣ ਦੇ ਸਖ਼ਤ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹੋਏ ਹਨ।ਉਨ੍ਹਾਂ ਕਿਹਾ ਕਿ ਮੰਡੀ ਠੇਕੇਦਾਰ ਨੂੰ ਵੀ ਕਿਸਾਨਾਂ ਤੇ ਆੜ੍ਹਤੀਆਂ ਨੂੰ ਟੈਂਡਰ ਵਿੱਚ ਮੌਜੂਦ ਮੱਦਾਂ ਤਹਿਤ ਹਰ ਸਹੂਲਤ ਮੁਹੱਈਆ ਕਰਵਾਉਣ ਦੇ ਆਦੇਸ਼ ਦਿੱਤੇ ਗਏ ਹਨ।ਇਸ ਮੌਕੇ ਮੰਡੀ ਸਕੱਤਰ ਅਮਿਤ ਕੁਮਾਰ, ਲੇਖਾਕਾਰ ਜੁਝਾਰ ਸਿੰਘ, ਸੁਪਰਵਾਈਜ਼ਰ ਮਨਜੀਤ ਸਿੰਘ, ਸਚਿਨ ਕੁਮਾਰ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

## ਪੰਜਾਬ ਕਿਸਾਨ ਯੂਨੀਅਨ ਤੇ ਜਮਹੂਰੀ ਕਿਸਾਨ ਸਭਾ ਦੇ ਰਲੇਵੇਂ ਉਪਰੰਤ ਨਵੀਂ ਜ਼ਿਲ੍ਹਾ ਐਡਹਾਕ ਕਮੇਟੀ ਗਠਿਤ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਕਿਸਾਨ ਯੂਨੀਅਨ ਤੇ ਜਮਹੂਰੀ ਕਿਸਾਨ ਸਭਾ ਦੀ ਸਾਂਝੀ ਮੀਟਿੰਗ ਗੁਰਦੁਆਰਾ ਸਾਹਿਬ ਫਫੜੇ ਭਾਈ ਕੇ ਵਿਖੇ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੇ ਕੇਂਦਰੀ ਆਗੂ ਰੁਲਦੂ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਹੋਈ। ?ਮੀਟਿੰਗ ਦੌਰਾਨ ਸਰਬਸੰਮਤੀ ਨਾਲ ਦੋਵਾਂ ਜਥੇਬੰਦੀਆਂ ਦਾ ਰਲੇਵਾਂ ਕਰਦਿਆਂ ਪੁਰਾਣੀ ਜ਼ਿਲ੍ਹਾ ਕਮੇਟੀ ਭੰਗ ਕਰਕੇ ਨਵੀਂ ਐਡਹਾਕ ਕਮੇਟੀ ਦੀ ਚੋਣ ਕੀਤੀ ਗਈ।ਨਵੀਂ ਜ਼ਿਲ੍ਹਾ ਕਮੇਟੀ ਦੇ ਪ੍ਰਧਾਨ ਰਾਮਫਲ ਚੱਕ ਅਲੀਸ਼ੇਰ, ਜਨਰਲ ਸਕੱਤਰ ਅਮਰੀਕ ਸਿੰਘ ਫਫੜੇ ਭਾਈ ਕੇ, ਸੀਨੀਅਰ ਮੀਤ ਪ੍ਰਧਾਨ ਪੰਜਾਬ ਸਿੰਘ ਤਲਵੰਡੀ ਅਕਲੀਆ, ਲਾਲ ਚੰਦ ਸਰਦੂਲਗੜ੍ਹ ਮੀਤ ਪ੍ਰਧਾਨ, ਨਰਿੰਦਰ ਕੌਰ ਬੁਰਜ ਹਮੀਰਾ ਪ੍ਰੈੱਸ ਸਕੱਤਰ, ਕਰਨੈਲ ਸਿੰਘ ਮਾਨਸਾ ਖਜ਼ਾਨਚੀ, ਸੁਖਚਰਨ ਦਾਨੇਵਾਲੀਆ ਦਫ਼ਤਰ ਸਕੱਤਰ, ਰਣਜੀਤ ਸਿੰਘ ਤਾਮਕੋਟ ਮੀਤ ਪ੍ਰਧਾਨ ਚੁਣੇ ਗਏ।ਇਸ ਤੋਂ ਇਲਾਵਾ ਬੱਲਮ ਸਿੰਘ ਫਫੜੇ ਭਾਈ ਕੇ, ਧੰਨਾ ਸਿੰਘ ਟਾਹਲੀਆਂ, ਨਾਇਬ ਸਿੰਘ ਫੁਲੇਰੀਆਂ, ਗੁਰਦੇਵ ਸਿੰਘ ਲੋਹਗੜ੍ਹ, ਤਰਸੇਮ ਸਿੰਘ ਤਲਵੰਡੀ ਅਕਲੀਆ, ਰਜਿੰਦਰ ਸਿੰਘ ਹੀਰੋ ਕਲਾਂ, ਅਮਰੀਕ ਸਿੰਘ ਕੋਟ ਧਰਮੂ ਆਦਿ ਜ਼ਿਲ੍ਹਾ ਕਮੇਟੀ ਮੈਂਬਰ ਚੁਣੇ ਗਏ।ਪ੍ਰੈੱਸ ਬਿਆਨ ਜਾਰੀ ਕਰਦਿਆਂ ਆਗੂਆਂ ਨੇ ਕਿਹਾ ਕਿ ਇਸ ਨਵੀਂ ਚੁਣੀ ਗਈ ਕਮੇਟੀ ਨੂੰ ਭਵਿੱਖ 'ਚ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੇ ਨਾਮ ਨਾਲ ਜਾਣਿਆ ਜਾਵੇਗਾ।ਉਨ੍ਹਾਂ ਕਿਹਾ ਕਿ 20-21 ਸਤੰਬਰ ਨੂੰ ਆਲ ਇੰਡੀਆ ਕਿਸਾਨ ਮਹਾਂ ਸਭਾ ਦੀ ਨੈਸ਼ਨਲ ਕਾਨਫਰੰਸ ਦੌਰਾਨ ਜਲੰਧਰ ਵਿਖੇ ਦੋਵਾਂ ਜਨਤਕ ਜਥੇਬੰਦੀਆਂ ਨੇ ਸਾਂਝੇ ਤੌਰ 'ਤੇ ਇਜਲਾਸ 'ਚ ਸ਼ਮੂਲੀਅਤ ਕੀਤੀ ਸੀ ਤੇ ਆਲ ਇੰਡੀਆ ਦੀ ਚੋਣ ਦੌਰਾਨ ਜਥੇਬੰਦੀਆਂ ਦਾ ਆਪਸੀ ਨੈਸ਼ਨਲ ਰਲੇਵਾਂ ਹੋ ਚੁੱਕਿਆ ਹੈ।ਚੁਣੀ ਗਈ ਐਡਹਾਕ ਕਮੇਟੀ ਨੇ ਸਮਰਪਣ ਭਾਵਨਾ ਨਾਲ ਪੰਜਾਬ ਦੇ ਜਨਤਕ ਮਸਲਿਆਂ ਨੂੰ ਸੰਘਰਸ਼ ਰਾਹੀਂ ਹੱਲ ਕਰਵਾਉਣ ਦਾ ਅਹਿਦ ਕੀਤਾ।ਇਸ ਸਮੇਂ ਜ਼ਿਲ੍ਹੇ ਭਰ 'ਚੋਂ ਦੋਵੇਂ ਜਥੇਬੰਦੀਆਂ ਦੇ ਆਗੂ ਵਰਕਰ ਸ਼ਾਮਲ ਸਨ।

## ਕਾਤਰਾਂ

### ਵਿਆਹ ਦਾ ਝਾਂਸਾ ਦੇ ਕੇ ਜਬਰ ਜ਼ਨਾਹ ਕਰਨ ਦੇ ਦੋਸ਼ 'ਚ ਮਾਮਲਾ ਦਰਜ

**ਮਲੋਟ (ਰਜਿੰਦਰ ਜੁਨੇਜਾ)**-ਮਲੋਟ ਤਹਿਸੀਲ ਦੇ ਥਾਣਾ ਲੰਬੀ ਦੀ ਪੁਲਸ ਨੇ ਇੱਕ ਔਰਤ ਨੂੰ ਵਿਆਹ ਦਾ ਝਾਂਸਾ ਦੇ ਕੇ ਉਸ ਨਾਲ ਸਰੀਰਕ ਸਬੰਧ ਬਣਾਉਣ ਦੇ ਦੋਸ਼ ਹੇਠ ਇੱਕ ਵਿਅਕਤੀ ਖ਼ਿਲਾਫ ਮਾਮਲਾ ਦਰਜ ਕੀਤਾ ਹੈ।ਪੁਲਸ ਅਨੁਸਾਰ ਮੁਲਜ਼ਮ ਦੀ ਪਛਾਣ ਦਲਵਿੰਦਰ ਸਿੰਘ ਵਾਸੀ ਪਿੰਡ ਕੱਖਾਂਵਾਲਾ ਵਜੋਂ ਹੋਈ ਹੈ।ਪੀੜਤਾ ਨੇ ਦੱਸਿਆ ਕਿ ਮੁਲਜ਼ਮ ਨੇ ਉਸ ਨੂੰ ਕਾਫ਼ੀ ਸਮੇਂ ਤੱਕ ਵਿਆਹ ਦਾ ਝਾਂਸਾ ਦੇ ਕੇ ਉਸ ਨਾਲ ਸਰੀਰਕ ਸਬੰਧ ਬਣਾਏ।ਪੀੜਤਾ ਵੱਲੋਂ ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਸ਼ਿਕਾਇਤ ਦਿੱਤੀ ਗਈ ਸੀ।ਸ਼ਿਕਾਇਤ ਦੀ ਪੜਤਾਲ ਤੋਂ ਬਾਅਦ ਪੁਲਸ ਨੇ ਮੁਲਜ਼ਮ ਖ਼ਿਲਾਫ ਕੇਸ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ।

### ਐਡੀਸ਼ਨਲ ਸੈਸ਼ਨ ਜੱਜ ਸੋਲੰਕੀ ਨੂੰ ਸਦਮਾ, ਮਾਤਾ ਦਾ ਦੇਹਾਂਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਸਥਾਨਕ ਸ਼ਹਿਰ ਦੇ ਜੰਮਪਲ ਬਿਸ਼ਨ ਸਰੂਪ ਸੋਲੰਕੀ ਐਡੀਸ਼ਨਲ ਸੈਸ਼ਨ ਜੱਜ ਦੇ ਮਾਤਾ ਪ੍ਰਮੇਸ਼ਵਰੀ ਦੇਵੀ (88) ਧਰਮ ਪਤਨੀ ਸਵ: ਜਾਨੀ ਰਾਮ ਸੋਲੰਕੀ, ਬੀਤੀ ਦੋ ਅਕਤੂਬਰ ਨੂੰ ਅਕਾਲ ਚਲਾਣਾ ਕਰ ਗਏ ਸਨ।ਸ਼ਹਿਰ ਦੀਆਂ ਵੱਖ-ਵੱਖ ਸਮਾਜਿਕ, ਰਾਜਨੀਤਕ ਤੇ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਸੋਲੰਕੀ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਉਕਤ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਸਵ: ਮਾਤਾ ਪ੍ਰਮੇਸ਼ਵਰੀ ਦੇਵੀ ਨਮਿਤ ਸ੍ਰੀ ਅੰਮ੍ਰਿਤ ਵਾਣੀ ਦਾ ਪਾਠ ਤੇ ਅੰਤਿਮ ਅਰਦਾਸ 11 ਅਕਤੂਬਰ ਐਤਵਾਰ ਨੂੰ ਬਾਅਦ ਦੁਪਹਿਰ 1:00 ਤੋਂ 2:00 ਵਜੇ ਤੱਕ ਸਥਾਨਕ ਮਲੋਟ ਰੋਡ ਸਥਿਤ ਚਹਿਲ ਪੈਲੇਸ ਵਿਖੇ ਹੋਵੇਗੀ।

### ਮਹਾਰਾਜਾ ਅਗਰਸੈਨ ਜਯੰਤੀ ਭਲਕੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਹਾਰਾਜਾ ਅਗਰਸੈਨ ਸੇਵਾ ਸੰਮਤੀ ਫ਼ਿਰੋਜ਼ਪੁਰ ਸ਼ਹਿਰ ਵੱਲੋਂ 11 ਅਕਤੂਬਰ ਐਤਵਾਰ ਨੂੰ ਮਹਾਰਾਜਾ ਅਗਰਸੈਨ ਜਯੰਤੀ ਬੜੀ ਸ਼ਰਧਾ, ਉਤਸ਼ਾਹ ਤੇ ਧੂਮਧਾਮ ਨਾਲ ਮਨਾਈ ਜਾਵੇਗੀ। ਇਸ ਸਬੰਧੀ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਅਗਰਵਾਲ ਸਮਾਜ ਦੇ ਪਤਵੰਤੇ ਸੱਜਣਾਂ ਤੇ ਸੰਮਤੀ ਦੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ ਤੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਵਿਚਾਰ-ਵਟਾਂਦਰਾ ਕੀਤਾ। ਸਮਾਗਮ ਦੀ ਸ਼ੁਰੂਆਤ ਦੌਰਾਨ ਸਵੇਰੇ 8 ਵਜੇ ਮਹਾਰਾਜਾ ਅਗਰਸੈਨ ਚੌਕ, ਫ਼ਿਰੋਜ਼ਪੁਰ ਸ਼ਹਿਰ ਵਿਖੇ ਮਹਾਰਾਜਾ ਅਗਰਸੈਨ ਜੀ ਦੇ ਬੁੱਤ 'ਤੇ ਫੁੱਲ ਮਾਲਾਵਾਂ ਅਰਪਿਤ ਕੀਤੀਆਂ ਜਾਣਗੀਆਂ। ਇਸ ਤੋਂ ਬਾਅਦ ਸ਼ਾਮ 7.30 ਵਜੇ ਪਰਮਾਰਥ ਭਵਨ ਫ਼ਿਰੋਜ਼ਪੁਰ ਸ਼ਹਿਰ ਵਿਖੇ 'ਪਰਿਵਾਰ ਮਿਲਣ ਸਮਾਗਮ' ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਅਗਰਵਾਲ ਸਮਾਜ ਦੇ ਸਮੂਹ ਪਰਿਵਾਰ ਹਿੱਸਾ ਲੈਣਗੇ। ਇਸ ਮੌਕੇ ਬੱਚਿਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਜਾਣਗੇ ਤੇ ਸਾਰਿਆਂ ਲਈ ਖਾਣੇ ਦਾ ਵਿਸ਼ੇਸ਼ ਪ੍ਰਬੰਧ ਵੀ ਕੀਤਾ ਗਿਆ ਹੈ। ਮੀਟਿੰਗ ਵਿੱਚ ਅਗਰਵਾਲ ਸਮਾਜ ਅਸ਼ੋਕ ਗੁਪਤਾ, ਵਰਿੰਦਰ ਸਿੰਗਲ, ਬ੍ਰਿਜਭੂਸ਼ਨ ਮਿੱਤਲ, ਰਮੇਸ਼ ਅਗਰਵਾਲ ਤੇ ਧਰਮਪਾਲ ਬਾਂਸਲ ਮੌਜੂਦ ਸਨ।

## ਇਕੱਠੇ ਹੋਣ ਤੇ ਰੋਸ ਪ੍ਰਦਰਸ਼ਨ ਕਰਨ ਦਾ ਅਧਿਕਾਰ ਬੁਨਿਆਦੀ ਹੱਕ ਹੈ : ਖੱਬੀਆਂ ਪਾਰਟੀਆਂ

**ਲੁਧਿਆਣਾ (ਐਮ ਐਸ ਭਾਟੀਆ)**-ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ), ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ), ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਲਿਬਰੇਸ਼ਨ, ਆਲ ਇੰਡੀਆ ਫਾਰਵਰਡ ਬਲਾਕ ਅਤੇ ਰੈਵੋਲਿਊਸ਼ਨਰੀ ਸੋਸ਼ਲਿਸਟ ਪਾਰਟੀ ਨੇ 10 ਅਕਤੂਬਰ ਨੂੰ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸਆਈਆਰ) ਤੇ ਭਾਰਤੀ ਚੋਣ ਕਮਿਸ਼ਨ ਦੇ ਕੰਮਕਾਜ ਵਿਰੁੱਧ ਹੋਣ ਵਾਲੇ ਰੋਸ ਪ੍ਰਦਰਸ਼ਨ ਨੂੰ ਰੋਕਣ ਲਈ ਦਿੱਲੀ ਪੁਲਿਸ ਵੱਲੋਂ ਲਾਈਆਂ ਗਈਆਂ ਸਖ਼ਤ ਪਾਬੰਦੀਆਂ ਦੀ ਜ਼ੋਰਦਾਰ ਨਿੰਦਾ ਕੀਤੀ ਹੈ।

ਪਾਰਟੀਆਂ ਨੇ ਕਿਹਾ ਕਿ ਵੱਖ-ਵੱਖ ਥਾਵਾਂ ਤੋਂ ਵਿਦਿਆਰਥੀਆਂ ਨੂੰ ਹਿਰਾਸਤ ਵਿੱਚ ਲਏ ਜਾਣ ਦੀਆਂ ਖ਼ਬਰਾਂ ਮਿਲ ਰਹੀਆਂ ਹਨ ਤੇ ਵਿਦਿਆਰਥੀ ਜਥੇਬੰਦੀਆਂ ਦੇ ਦਫ਼ਤਰਾਂ ਦੀ ਨਿਗਰਾਨੀ ਕੀਤੀ ਜਾ ਰਹੀ ਹੈ।ਅਜਿਹੀਆਂ ਕਾਰਵਾਈਆਂ ਜਮਹੂਰੀ ਹੱਕਾਂ ਨੂੰ ਕੁਚਲਣ ਦੀ ਕੋਸ਼ਿਸ਼ ਹਨ।ਸਾਂਝੇ ਬਿਆਨ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਇਨ੍ਹਾਂ ਪਾਬੰਦੀਆਂ ਕਾਰਨ ਆਮ ਲੋਕਾਂ ਨੂੰ ਵੀ ਪ੍ਰੇਸ਼ਾਨੀਆਂ ਤੇ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਪੰਜ ਖੱਬੀਆਂ ਪਾਰਟੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਸ਼ਾਂਤਮਈ ਢੰਗ ਨਾਲ ਇਕੱਠੇ ਹੋਣ ਤੇ ਰੋਸ ਪ੍ਰਦਰਸ਼ਨ ਕਰਨ ਦਾ ਅਧਿਕਾਰ ਬੁਨਿਆਦੀ ਹੱਕ ਹੈ।ਉਨ੍ਹਾਂ ਦਿੱਲੀ ਪੁਲਸ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਪ੍ਰਸਤਾਵਿਤ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਨੂੰ ਡਰਾਉਣ-ਧਮਕਾਉਣ ਤੇ ਤੰਗ-ਪ੍ਰੇਸ਼ਾਨ ਕਰਨ ਦੀਆਂ ਕਾਰਵਾਈਆਂ ਬੰਦ ਕੀਤੀਆਂ ਜਾਣ ਅਤੇ ਲੋਕਾਂ ਨੂੰ ਆਪਹੁਦਰੇ ਢੰਗ ਨਾਲ ਹਿਰਾਸਤ ਵਿੱਚ ਨਾ ਲਿਆ ਜਾਵੇ।

ਪਾਰਟੀਆਂ ਨੇ ਮੰਗ ਕੀਤੀ ਕਿ ਸਰਕਾਰ ਅਤੇ ਪੁਲਿਸ ਲੋਕਾਂ ਦੇ ਰਾਹ ਵਿੱਚ ਰੁਕਾਵਟਾਂ ਖੜੀਆਂ ਕਰਨ ਦੀ ਬਜਾਏ ਉਨ੍ਹਾਂ ਨੂੰ ਦਿੱਲੀ ਦੇ ਜੰਤਰ-ਮੰਤਰ ਵਿਖੇ ਪਹੁੰਚ ਕੇ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨ ਦੀ ਇਜਾਜ਼ਤ ਦੇਣ।ਇਸ ਸਾਂਝੇ ਬਿਆਨ 'ਤੇ ਸੀਪੀਆਈ ਦੇ ਜਨਰਲ ਸਕੱਤਰ ਡੀ. ਰਾਜਾ, ਸੀਪੀਆਈ (ਐੱਮ) ਦੇ ਜਨਰਲ ਸਕੱਤਰ ਐੱਮ. ਏ. ਬੇਬੀ, ਸੀਪੀਆਈ (ਐੱਮਐੱਲ)-ਲਿਬਰੇਸ਼ਨ ਦੇ ਜਨਰਲ ਸਕੱਤਰ ਦੀਪੰਕਰ ਭੱਟਾਚਾਰੀਆ, ਆਲ ਇੰਡੀਆ ਫਾਰਵਰਡ ਬਲਾਕ ਦੇ ਜਨਰਲ ਸਕੱਤਰ ਜੀ. ਦੇਵਰਾਜਨ ਅਤੇ ਰੈਵੋਲਿਊਸ਼ਨਰੀ ਸੋਸ਼ਲਿਸਟ ਪਾਰਟੀ ਦੇ ਜਨਰਲ ਸਕੱਤਰ ਮਨੋਜ ਭੱਟਾਚਾਰੀਆ ਦੇ ਦਸਤਖ਼ਤ ਹਨ।

# ਗੋਬਿੰਦਪੁਰਾ ਸਕੂਲ ਦੇ ਵਿਦਿਆਰਥੀਆਂ ਦਾ ਛੇ ਰੋਜ਼ਾ ਅੰਤਰਰਾਜੀ ਟੂਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਗਿਆਨ, ਤਜਰਬੇ ਅਤੇ ਅਮਿੱਟ ਯਾਦਾਂ ਦੀ ਸੁਨਹਿਰੀ ਛਾਪ ਛੱਡਦਾ ਹੋਇਆ ਪੀ.ਐੱਮ. ਸ੍ਰੀ ਸਕੂਲ ਗੋਬਿੰਦਪੁਰਾ (ਜ਼ਿਲ੍ਹਾ ਬਠਿੰਡਾ) ਦੇ 50 ਵਿਦਿਆਰਥੀਆਂ ਦਾ ਛੇ ਰੋਜ਼ਾ ਅੰਤਰਰਾਜੀ ਵਿੱਦਿਅਕ ਟੂਰ ਸਿੱਖਿਆ ਵਿਭਾਗ ਪੰਜਾਬ ਦੀ ਪ੍ਰੋਜੈਕਟ ਨਿਰੰਕਾਰ ਸਕੀਮ ਅਧੀਨ ਸਕੂਲ ਦੀ ਪ੍ਰਿੰਸੀਪਲ ਡਾ. ਮੀਨਾ ਭਾਰਤੀ ਦੀ ਯੋਗ ਅਗਵਾਈ ਵਿੱਚ ਸਫਲਤਾਪੂਰਵਕ ਸੰਪੰਨ ਹੋਇਆ। ਟੂਰ ਦੀ ਅਗਵਾਈ ਟੀਮ 'ਚ ਡਾ. ਰਣਜੋਧ ਸਿੰਘ (ਲੈਕ. ਅਰਥਸ਼ਾਸਤਰ), ਚਮਕੌਰ ਸਿੰਘ (ਲੈਕ. ਰਾਜਨੀਤੀ ਸ਼ਾਸਤਰ) ਅਤੇ ਸਮਾਜਿਕ ਸਿੱਖਿਆ ਅਧਿਆਪਕਾ ਗੁਰਜੋਤ ਕੌਰ ਸ਼ਾਮਲ ਸਨ। ਟੂਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਤੋਂ ਬਾਹਰ ਲਿਜਾ ਕੇ ਇਤਿਹਾਸਕ, ਧਾਰਮਿਕ, ਸੱਭਿਆਚਾਰਕ, ਕੁਦਰਤੀ ਅਤੇ ਵਾਤਾਵਰਣਕ ਵਿਰਾਸਤ ਨਾਲ ਸਿੱਧਾ ਜੋੜਨਾ ਸੀ। ਸ਼ੁਰੂਆਤ ਦੌਰਾਨ ਵਿਦਿਆਰਥੀਆਂ ਨੇ ਹਰਿਆਣਾ ਦੇ ਪ੍ਰਸਿੱਧ ਅਗਰੋਹਾ ਧਾਮ ਦੇ ਦਰਸ਼ਨ ਮਹਾਂਲਕਸ਼ਮੀ ਜੀ ਤੇ ਮਹਾਰਾਜਾ ਅਗਰਸੈਨ ਨੂੰ ਸਮਰਪਤ ਮੰਦਰ ਵਿਖੇ ਅਗਰੋਹਾ ਦੇ ਇਤਿਹਾਸ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਦਿੱਲੀ ਵਿਖੇ ਵਿਸ਼ਵ ਪ੍ਰਸਿੱਧ ਅਕਸ਼ਰਧਾਮ ਮੰਦਰ ਦੀ ਯਾਤਰਾ ਦੌਰਾਨ ਸ਼ਾਨਦਾਰ ਵਾਸਤੂਕਲਾ, ਸਜਾਵਟੀ ਦਰਸ਼ਨ, ਪ੍ਰਦਰਸ਼ਨੀਆਂ, ਸੰਸਕ੍ਰਿਤੀ ਵਿਹਾਰ ਬੋਟ ਰਾਈਡ ਤੇ ਮਿਊਜ਼ੀਕਲ ਫਾਊਂਟੇਨ ਦਾ ਆਨੰਦ ਮਾਣਿਆ। ਉਪਰੰਤ ਇੰਡੀਆ ਗੇਟ ਦੇਖਿਆ। ਦਿੱਲੀ ਤੋਂ ਦੇਹਰਾਦੂਨ ਤੱਕ ਦੀ ਹਵਾਈ ਯਾਤਰਾ ਵਿਦਿਆਰਥੀਆਂ ਲਈ ਪਹਿਲਾ ਹਵਾਈ ਸਫ਼ਰ ਸੀ, ਜਿਸ ਨੇ ਨਵਾਂ ਤਜਰਬਾ ਤੇ ਵਿਸ਼ਾਲ ਦੁਨੀਆਂ ਨੂੰ ਸਮਝਣ ਦਾ ਵਿਲੱਖਣ ਮੌਕਾ ਪ੍ਰਦਾਨ ਕੀਤਾ। ਦੇਹਰਾਦੂਨ ਲੱਛੀਵਾਲਾ ਵਿਖੇ ਕੁਦਰਤੀ ਸੁੰਦਰਤਾ ਦਾ ਆਨੰਦ, ਰੌਬਰਜ਼ ਕੇਵ ਵਿੱਚ ਪਹਾੜੀ ਚਟਾਨਾਂ ਵਿਚਕਾਰ ਵਗਦੇ ਪਾਣੀ ਤੇ ਕੁਦਰਤੀ ਬਣਤਰ ਦਾ ਰੋਮਾਂਚਕ ਅਨੁਭਵ, ਦੇਹਰਾਦੂਨ ਵਿਖੇ ਫਾਰੈਸਟ ਰਿਸਰਚ ਇੰਸਟੀਚਿਊਟ ਵਿਖੇ ਵਣ-ਵਿਗਿਆਨ, ਜੈਵ-ਵਿਭਿੰਨਤਾ, ਕੁਦਰਤੀ ਸਰੋਤਾਂ ਤੇ ਵਾਤਾਵਰਣ ਸੰਭਾਲ ਬਾਰੇ ਜਾਣਕਾਰੀ ਤੋਂ ਇਲਾਵਾ ਬੁੱਧਿਸਟ ਮੋਨੈਸਟਰੀ, ਸਹਸ੍ਰਧਾਰਾ ਵਿਖੇ ਪਹਾੜੀ ਧਾਰਾਵਾਂ, ਕੁਦਰਤੀ ਵਾਤਾਵਰਣ ਤੇ ਗੰਧਕ-ਯੁਕਤ ਪਾਣੀ ਨਾਲ ਜੁੜੀਆਂ ਵਿਸ਼ੇਸ਼ਤਾਵਾਂ ਨੂੰ ਸਮਝਿਆ। ਮਾਲਸੀ ਡੀਅਰ ਪਾਰਕ ਵਿਖੇ ਜੰਗਲੀ ਜੀਵਨ ਵਿੱਚ ਸ਼ੇਰ, ਚੀਤਾ, ਹਿਰਨ, ਪੰਛੀਆਂ ਤੇ ਜਲ-ਜੀਵਾਂ ਨੂੰ ਦੇਖਿਆ। ਮਸੂਰੀ ਦੇ ਪਹਾੜੀ ਦ੍ਰਿਸ਼, ਰੋਪਵੇਅ ਰਾਈਡ ਦਾ ਰੋਮਾਂਚਕ ਸਫ਼ਰ ਤੇ ਭੱਟਾ ਫਾਲ ਦੀ ਕੁਦਰਤੀ ਸੁੰਦਰਤਾ ਨੂੰ ਨੇੜਿਓਂ ਦੇਖਿਆ। ਅੰਤਲੇ ਪੜਾਅ ਵਿੱਚ ਰਿਸ਼ੀਕੇਸ਼ ਵਿਖੇ ਜਾਨਕੀ ਝੂਲਾ, ਪਰਮਾਰਥ ਨਿਕੇਤਨ ਤੇ ਗੰਗਾ ਤੱਟ ਉਪਰੰਤ ਵਿਦਿਆਰਥੀਆਂ ਨੇ 'ਮਿਨੀ ਗੋਆ ਬੀਚ' ਤੇ ਸ਼ਾਮ ਸਮੇਂ ਗੰਗਾ ਆਰਤੀ ਵਿੱਚ ਸ਼ਰਧਾ ਨਾਲ ਭਾਗ ਲਿਆ।

## ਡਾ. ਅਭਿਸ਼ੇਕ ਅਰੋੜਾ ਵੱਲੋਂ ਗੁਰਦੁਆਰਾ ਸਾਹਿਬ ਨੂੰ ਬੈਰੀਕੇਡ ਭੇਟ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅਮਨਦੀਪ ਹਸਪਤਾਲ ਫਿਰੋਜ਼ਪੁਰ ਦੇ ਐਗਜ਼ਿਕਟਿਵ ਡਾਇਰੈਕਟਰ ਡਾ. ਅਭਿਸ਼ੇਕ ਅਰੋੜਾ ਨੇ ਪਿੰਡ ਦੁਲਚੀਕੇ ਸਥਿਤ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਅਮਨਦੀਪ ਹਸਪਤਾਲ ਵੱਲੋਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੂੰ ਸੜਕ 'ਤੇ ਆਵਾਜਾਈ ਨੂੰ ਸੁਚਾਰੂ ਤੇ ਸੁਰੱਖਿਅਤ ਬਣਾਈ ਰੱਖਣ ਲਈ ਬੈਰੀਕੇਡ ਭੇਟ ਕੀਤੇ ਗਏ। ਇਨ੍ਹਾਂ ਬੈਰੀਕੇਡਾਂ ਨਾਲ ਗੁਰਦੁਆਰਾ ਸਾਹਿਬ ਵਿਖੇ ਆਉਣ ਵਾਲੀ ਸੰਗਤ ਦੀ ਆਵਾਜਾਈ ਨੂੰ ਵਿਵਸਥਿਤ ਕਰਨ ਤੇ ਆਵਾਜਾਈ ਦੌਰਾਨ ਹੋਣ ਵਾਲੀ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਤੋਂ ਬਚਾਅ ਕਰਨ ਵਿੱਚ ਮਦਦ ਮਿਲੇਗੀ। ਡਾ. ਅਭਿਸ਼ੇਕ ਅਰੋੜਾ ਨੇ ਗੁਰਦੁਆਰਾ ਸਾਹਿਬ ਵਿਖੇ ਸਰਬੱਤ ਦੇ ਭਲੇ ਤੇ ਸਭ ਦੀ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ ਅਤੇ ਸਮੂਹ ਸੰਗਤ ਦੀ ਚੜ੍ਹਦੀ ਕਲਾ ਦੀ ਕਾਮਨਾ ਕੀਤੀ।

# ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਸੰਗਰੂਰ ਮਹਾਂ ਰੈਲੀ ਅੱਜ

## ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ ਭਰਵੀਂ ਸ਼ਮੂਲੀਅਤ ਦਾ ਫੈਸਲਾ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੀ ਜ਼ਿਲ੍ਹਾ ਇਕਾਈ ਫਰੀਦਕੋਟ ਦੀ ਮੀਟਿੰਗ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿੱਚ ਪੈਨਸ਼ਨਰ ਭਵਨ ਵਿਖੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਚਾਨੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੇ ਸ਼ੁਰੂ ਵਿੱਚ ਕੱਲ੍ਹ ਸਦੀਵੀ ਵਿਛੋੜਾ ਦੇ ਗਏ ਨਾਮਵਰ ਫਿਲਮੀ ਅਦਾਕਾਰ ਨਾਨਾ ਪਾਟੇਕਰ ਤੇ ਹੋਰ ਵੱਖ ਵੱਖ ਵਿਅਕਤੀਆਂ ਦੀ ਯਾਦ ਵਿੱਚ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਜ਼ਿਲ੍ਹਾ ਜਨਰਲ ਸਕੱਤਰ ਇਕਬਾਲ ਸਿੰਘ ਮੰਘੇੜਾ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਤਰਸੇਮ ਨਰੂਲਾ, ਮੰਦਰ ਸਿੰਘ ਲੈਕਚਰਾਰ, ਇਕਬਾਲ ਸਿੰਘ ਰਣ ਸਿੰਘ ਵਾਲਾ ਤੇ ਮਦਨ ਲਾਲ ਸ਼ਰਮਾ ਸੰਧਵਾਂ ਨੇ ਪਿਛਲੇ ਸਮੇਂ ਦੌਰਾਨ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ ਭਗਵੰਤ ਮਾਨ ਸਰਕਾਰ ਖਿਲਾਫ ਹੋਏ ਵੱਖ ਵੱਖ ਐਕਸ਼ਨਾਂ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਕੀਤੀ ਗਈ ਸ਼ਮੂਲੀਅਤ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ।ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਆਪਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਸਿਰਫ 8 ਫੀਸਦੀ ਡੀ ਏ ਦੇਣ ਸਮੇਂ ਜਾਰੀ ਕੀਤੇ ਗਏ ਪੱਤਰ ਨੂੰ ਭਗਵੰਤ ਮਾਨ ਸਰਕਾਰ ਵੱਲੋਂ ਡੀ ਏ ਨੂੰ ਕੇਂਦਰੀ ਪੈਟਰਨ ਨਾਲੋਂ ਡੀਲਿੰਕ ਕਰਨ ਦੀ ਕੋਝੀ ਕਾਰਵਾਈ ਕਰਾਰ ਦਿੱਤਾ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 10 ਅਕਤੂਬਰ ਨੂੰ ਮੁੱਖ ਮੰਤਰੀ ਪੰਜਾਬ ਦੇ ਸ਼ਹਿਰ ਸੰਗਰੂਰ ਵਿਖੇ ਕੀਤੀ ਜਾ ਰਹੀ ਸੂਬਾਈ ਮਹਾਂ ਰੈਲੀ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਸਬੰਧਤ ਏਟਕ ਨਾਲ ਸਬੰਧਤ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਗੁਰਚਰਨ ਸਿੰਘ ਮਾਨ, ਜਸਵਿੰਦਰ ਸਿੰਘ ਬਰਾੜ ਸੇਵਾ ਮੁਕਤ ਪੇਂਡੂ ਵਿਕਾਸ ਅਧਿਕਾਰੀ, ਰਮੇਸ਼ ਢੈਪਈ, ਗੇਜ਼ ਰਾਮ ਭੌਰਾ, ਸੁਖਮੰਦਰ ਸਿੰਘ ਰਾਮਸਰ, ਪ੍ਰਿੰਸੀਪਲ ਹਰੀ ਚੰਦ ਧਿੰਗੜਾ, ਤਾਰਾ ਸਿੰਘ ਲੈਕਚਰਾਰ, ਕਸ਼ਮੀਰਾ ਸਿੰਘ, ਹਰਦੀਪ ਸਿੰਘ ਲੈਕਚਰਾਰ, ਹਾਕਮ ਸਿੰਘ ਡੀ ਪੀ ਈ, ਰੰਜੀਵ ਕੌਸ਼ਲ ਸਿਹਤ ਵਿਭਾਗ, ਅਸ਼ੋਕ ਚਾਵਲਾ ਸੁਪਰਡੈਂਟ, ਜਸਪਾਲ ਸਿੰਘ, ਪਰਮਜੀਤ ਕੌਰ ਔਲਖ ਸੇਵਾ ਮੁਕਤ ਹੈੱਡ ਟੀਚਰ ਤੇ ਵਿਨੋਦ ਕੁਮਾਰ ਧਵਨ ਲੈਕਚਰਾਰ ਆਦਿ ਹਾਜ਼ਰ ਸਨ।

## ਬੀਬੀ ਰਾਜਵੰਤ ਕੌਰ ਘੜਾਮ ਹਲਕਾ ਇੰਚਾਰਜ ਨਿਯੁਕਤ

**ਸਨੌਰ/ਪਟਿਆਲਾ, (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਸਨੌਰ ਤੋਂ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਸੀਨੀਅਰ ਆਗੂ ਅਤੇ ਪਾਰਟੀ ਦੇ ਮਹਿਲਾ ਵਿੰਗ ਦੇ ਸੂਬਾ ਮੀਤ ਪ੍ਰਧਾਨ ਬੀਬੀ ਰਾਜਵੰਤ ਕੌਰ ਘੜਾਮ ਨੂੰ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਦੇਖਦੇ ਹੋਏ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਬੀਬੀ ਰਾਜਵੰਤ ਕੌਰ ਦੀ ਬਤੌਰ ਹਲਕਾ ਇੰਚਾਰਜ ਵੱਲੋਂ ਹੋਈ ਨਿਯੁਕਤੀ ਤੇ ਹਲਕਾ ਵਾਸੀਆਂ ਵੱਲੋਂ ਭਰਵਾਂ ਸਵਾਗਤ ਕਰਦੇ ਹੋਏ ਖੁਸ਼ੀ ਦਾ ਇਜਹਾਰ ਕੀਤਾ ਹੈ। ਬੀਬੀ ਰਾਜਵੰਤ ਕੌਰ ਵੱਲੋਂ ਬਤੌਰ ਹਲਕਾ ਸਨੌਰ ਦੇ ਇੰਚਾਰਜ ਲਾਉਣ ਲਈ ਬਾਪੂ ਤਰਸੇਮ ਸਿੰਘ, ਮਨਪ੍ਰੀਤ ਸਿੰਘ ਇਆਲੀ ਅਤੇ ਸਮੂਹ ਪਾਰਟੀ ਆਗੂਆਂ ਅਤੇ ਵਰਕਾਰਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਹੈ ਕਿ ਉਹ ਪਾਰਟੀ ਵੱਲੋਂ ਕੀਤੇ ਵਿਸ਼ਵਾਸ 'ਤੇ ਖ਼ਰਾ ਉਤਰਾਂਗੀ ਤੇ ਪੂਰੀ ਇਮਾਨਦਾਰੀ ਨਾਲ ਹਲਕੇ ਦੇ ਲੋਕਾਂ ਦੀ ਸੇਵਾ ਕਰਾਂਗੀ!

ਬੀਬੀ ਰਾਜਵੰਤ ਕੌਰ ਅਤੇ ਉਹਨਾਂ ਦੇ ਪਤੀ ਤੇ ਪਾਰਟੀ ਦੇ ਸੀਨੀਅਰ ਆਗੂ ਸਰਬਜੀਤ ਸਿੰਘ ਘੜਾਮ ਵੱਲੋਂ ਹਲਕੇ ਦੀ ਅਗਵਾਈ ਕਰਦੇ ਹੋਏ ਪਿਛਲੇ ਲੰਮੇ ਸਮੇਂ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੀਆਂ ਨੀਤੀਆਂ ਨੂੰ ਘਰ-ਘਰ ਪੁਚਾਇਆ ਜਾ ਰਿਹਾ ਹੈ।

# ਵੱਖ-ਵੱਖ ਪਾਰਟੀਆਂ ਦੇ ਕਈ ਆਗੂ 'ਆਪ' 'ਚ ਸ਼ਾਮਲ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਆਮ ਆਦਮੀ ਪਾਰਟੀ ਦੇ ਪਰਿਵਾਰ ਵਿੱਚ ਉਸ ਸਮੇਂ ਵੱਡਾ ਵਾਧਾ ਹੋਇਆ, ਜਦੋਂ ਕਾਂਗਰਸ, ਭਾਰਤੀ ਜਨਤਾ ਪਾਰਟੀ ਤੇ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਕਈ ਆਗੂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਇਨ੍ਹਾਂ ਆਗੂਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ 'ਆਪ' ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਜਤਾਈ ਜਾ ਰਹੀ ਹੈ।ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਸ਼ਮਸ਼ੇਰ ਸਿੰਘ ਬਿੱਲੂ, ਪ੍ਰਿਤਪਾਲ ਸਿੰਘ ਪ੍ਰਿਥੀ ਘੁਮਾਣ, ਡਾ. ਗੁਰਮੀਤ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਕਾਲਾ ਨੱਤ, ਬਲਵੀਰ ਸਿੰਘ ਵੀਰਾ ਸਿੱਧੂ ਤੇ ਦਰਸ਼ਨ ਸਿੰਘ ਦਰਸੀ ਦੇ ਨਾਮ ਸ਼ਾਮਲ ਹਨ।ਇਸ ਤੋਂ ਇਲਾਵਾ ਮੌਕੇ 'ਤੇ ਹਾਜ਼ਰ ਰਮਨਪ੍ਰੀਤ ਸਿੰਘ ਰਮਨੀ, ਰੁਪਿੰਦਰ ਸਿੰਘ, ਜੀਤਪਾਲ ਸਿੰਘ ਗੁਗ, ਬਿੰਦਰ ਪੰਡਿਤ, ਜਸਵੰਤ ਸਿੰਘ ਡੀਸੀ, ਗੁਰਚਰਨ ਸਿੰਘ ਪ੍ਰਧਾਨ ਆਜ਼ਾਦ ਯੂਨੀਅਨ, ਸੱਤੂ ਨੰਬਰਦਾਰ, ਸੰਦੀਪ ਸਿੰਘ, ਜਸਵਿੰਦਰ ਸਿੰਘ ਗਾਲਾ ਤੇ ਗੁਰਪ੍ਰੀਤ ਸਿੰਘ ਮਾਨ ਨੇ ਵੀ ਆਮ ਆਦਮੀ ਪਾਰਟੀ ਦਾ ਸਾਥ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਪਾਰਟੀ ਨਾਲ ਜੁੜੇ ਆਗੂਆਂ ਤੇ ਹਾਜ਼ਰ ਵਿਅਕਤੀਆਂ ਨੇ ਪਾਰਟੀ ਦੀਆਂ ਨੀਤੀਆਂ ਨਾਲ ਮਿਲ ਕੇ ਕੰਮ ਕਰਨ ਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟਾਈ।ਇਨ੍ਹਾਂ ਆਗੂਆਂ ਦੇ ਆਮ ਆਦਮੀ ਪਾਰਟੀ ਨਾਲ ਜੁੜਨ ਨੂੰ ਪਾਰਟੀ ਲਈ ਇੱਕ ਅਹਿਮ ਕਦਮ ਮੰਨਿਆ ਜਾ ਰਿਹਾ ਹੈ।ਇਸ ਨਾਲ ਇਲਾਕੇ ਵਿੱਚ ਪਾਰਟੀ ਦੀ ਸਰਗਰਮੀ ਤੇ ਜਥੇਬੰਦਕ ਮਜ਼ਬੂਤੀ ਨੂੰ ਹੋਰ ਹੁਲਾਰਾ ਮਿਲਣ ਦੀ ਉਮੀਦ ਹੈ।

## ਪੈਰਾਡਾਈਜ਼ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਘੱਗਾ ਦੇ ਵਿਦਿਆਰਥੀਆਂ ਨੇ ਪਟਿਆਲਾ ਸਹੋਦਿਆ ਸਕੂਲਜ਼ ਕੰਪਲੈਕਸ ਦੀ ਅਗਵਾਈ ਹੇਠ ਬੁੱਢਾ ਦਲ ਪਬਲਿਕ ਸਕੂਲ ਪਟਿਆਲਾ ਵਿਖੇ ਕਰਵਾਏ ਗਏ 'ਹਿੰਦੀ ਮਹੋਤਸਵ-2026' ਵਿੱਚ ਆਪਣੀ ਭਾਸ਼ਾ ਦੀ ਪ੍ਰਤਿਭਾ, ਰਚਨਾਤਮਕਤਾ ਤੇ ਸਮਾਜਿਕ ਜਾਗਰੂਕਤਾ ਦਾ ਪ੍ਰਦਰਸ਼ਨ ਕੀਤਾ।ਸਕੂਲ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਸਥਾਨ ਹਾਸਲ ਕੀਤੇ।ਇਸ ਦੌਰਾਨ ਦਸਵੀਂ ਜਮਾਤ ਦੇ ਸੋਹਿਤ ਸ਼ਰਮਾ ਤੇ ਏਕਮਨੂਰ ਕੌਰ ਨੇ ਆਪਣੇ ਨਵੀਨਤਾਕਾਰੀ ਮਾਡਲ 'ਭਾਸ਼ਾ ਤੇ ਵਿਆਕਰਣ ਮਾਲਾ' ਦੀ ਪੇਸ਼ਕਾਰੀ ਲਈ ਦੂਜਾ ਸਥਾਨ ਪ੍ਰਾਪਤ ਕੀਤਾ।ਸੱਤਵੀਂ ਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨਵਦੀਪ ਸਿੰਘ, ਅਵਿਕਮ, ਸੱਤਿਅਮ ਸ਼ਰਧਾ, ਜੈਸਮੀਨ ਜੱਜ, ਨਵਰੀਤ ਕੌਰ, ਲੋਵਨੀਸ਼ ਸ਼ਰਮਾ ਤੇ ਮਨਰੀਤ ਕੌਰ ਨੇ 'ਸੋਚ ਬਦਲਾਂਗੇ, ਦੇਸ਼ ਬਦਲਾਂਗੇ' ਸਿਰਲੇਖ ਹੇਠ ਇੱਕ ਵਿਚਾਰ-ਉਕਸਾਊ ਨੁੱਕੜ ਨਾਟਕ ਪੇਸ਼ ਕੀਤਾ।ਛੇਵੀਂ ਜਮਾਤ ਦੀ ਲੀਲਮ ਕੁਮਾਰੀ ਨੇ ਹਿੰਦੀ ਵਰਣਮਾਲਾ (ਅੱਖਰਾਂ) ਦੀ ਵਰਤੋਂ ਕਰਦਿਆਂ ਹਾਸ-ਰਸ ਹਿੰਦੀ ਕਵਿਤਾ ਪੇਸ਼ ਕੀਤੀ।ਚੇਅਰਮੈਨ ਡਾ ਅੰਮ੍ਰਿਤਪਾਲ ਸਿੰਘ ਕਾਲੇਕਾ ਨੇ ਵਿਦਿਆਰਥੀਆਂ ਦੀ ਸ਼ਲਾਘਾਯੋਗ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਜੇਤੂਆਂ ਤੇ 'ਹਿੰਦੀ ਮਹੋਤਸਵ' ਵਿੱਚ ਸ਼ਾਨਦਾਰ ਢੰਗ ਨਾਲ ਸਕੂਲ ਦੀ ਨੁਮਾਇੰਦਗੀ ਕਰਨ ਲਈ ਵਧਾਈ ਦਿੱਤੀ।



# ਕਲਾ ਸੰਗਮ ਨੀਲੋਂ ਪੁਲ ਵੱਲੋਂ ਬਲਦੇਵ ਝੱਜ ਦੀ ਪੁਸਤਕ 'ਸਾਬਤਾ ਚੰਦ' ਲੋਕ-ਅਰਪਣ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਕਲਾ ਸੰਗਮ ਨੀਲੋਂ ਪੁਲ ਦੀ ਮਹੀਨਾਵਾਰ ਇਕੱਤਰਤਾ ਸੰਤ ਕਿਰਪਾਲ ਸਿੰਘ ਸੇਵਾ ਪੰਥੀ ਪਬਲਿਕ ਹਾਇਰ ਸੈਕੰਡਰੀ ਸਕੂਲ ਨੀਲੋਂ (ਲੁਧਿਆਣਾ) ਵਿਖੇ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਕਰਨੈਲ ਸਿਵੀਆ ਦੀ ਪ੍ਰਧਾਨਗੀ ਹੇਠ ਹੋਈ।ਇਸ ਇਕੱਤਰਤਾ ਦੌਰਾਨ ਪ੍ਰਸਿੱਧ ਲੇਖਕ ਬਲਦੇਵ ਸਿੰਘ ਝੱਜ ਦੀ ਨਵ-ਪ੍ਰਕਾਸ਼ਿਤ ਪੁਸਤਕ 'ਸਾਬਤਾ ਚੰਦ' ਨੂੰ ਲੋਕ-ਅਰਪਣ ਕੀਤਾ ਗਿਆ।ਸਮਾਗਮ ਦੇ ਆਗਾਜ਼ ਵਿੱਚ ਸਭਾ ਦੇ ਜਨਰਲ ਸਕੱਤਰ ਬੁੱਧ ਸਿੰਘ ਨੀਲੋਂ ਨੇ ਆਏ ਹੋਏ ਸਮੂਹ ਸਾਹਿਤ ਪ੍ਰੇਮੀਆਂ ਦਾ ਨਿੱਘਾ ਸਵਾਗਤ ਕੀਤਾ ਤੇ ਪੁਸਤਕ ਬਾਰੇ ਸੰਖੇਪ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਬਲਦੇਵ ਸਿੰਘ ਝੱਜ ਇੱਕ ਸੁਹਿਰਦ ਇਨਸਾਨ ਹਨ, ਜਿਨ੍ਹਾਂ ਨੇ ਸਮਾਜਿਕ, ਰਾਜਨੀਤਕ ਤੇ ਸਾਹਿਤਕ ਖੇਤਰਾਂ ਵਿੱਚ ਹਮੇਸ਼ਾ ਹਾਂ-ਪੱਖੀ ਯੋਗਦਾਨ ਪਾਇਆ ਹੈ।'ਸਾਬਤਾ ਚੰਦ' ਚੌਗਿਰਦੇ ਪ੍ਰਤੀ ਉਨ੍ਹਾਂ ਦੀ ਸੰਵੇਦਨਸ਼ੀਲਤਾ ਤੇ ਗੰਭੀਰ ਚਿੰਤਨ ਵਿੱਚੋਂ ਨਿਕਲਿਆ ਇੱਕ ਤਿੱਖਾ ਵਿਅੰਗ ਹੈ, ਜਿਸ ਦਾ ਆਕਾਰ ਭਾਵੇਂ ਛੋਟਾ ਹੈ, ਪਰ ਵਿਸ਼ਾ ਬੇਹੱਦ ਵਿਸ਼ਾਲ ਹੈ।

ਬਲਵੰਤ ਮਾਂਗਟ ਨੇ ਪੁਸਤਕ 'ਤੇ ਚਰਚਾ ਕਰਦਿਆਂ ਕਿਹਾ ਕਿ ਲੇਖਕ ਨੇ ਬਿੰਬਾਂ ਤੇ ਪ੍ਰਤੀਕਾਂ ਰਾਹੀਂ ਵੱਡੀਆਂ ਗੱਲਾਂ ਕਹੀਆਂ ਹਨ।ਉਨ੍ਹਾਂ ਦੱਸਿਆ ਕਿ ਪੁਸਤਕ ਵਿੱਚ ਹਾਂ-ਪੱਖੀ ਤੇ ਨਾ-ਪੱਖੀ ਸ਼ਕਤੀਆਂ, ਯਾਨੀ ਉਸਾਰੂ ਤੇ ਵਿਨਾਸ਼ਕਾਰੀ ਰੁਚੀਆਂ ਦੇ ਟਕਰਾਅ ਨੂੰ ਇੱਕ ਰੌਚਕ ਕਹਾਣੀ ਦੇ ਰੂਪ ਵਿੱਚ ਪ੍ਰੋਇਆ ਗਿਆ ਹੈ।ਇੱਥੇ ਧਰਤੀ 'ਤੇ ਲਾਹਿਆ ਗਿਆ ਚੰਦ ਅਸਲ ਚੰਦਰਮਾ ਨਹੀਂ, ਸਗੋਂ ਸਾਡੇ ਸਮਾਜਿਕ ਆਲੇ-ਦੁਆਲੇ ਦਾ ਇੱਕ ਗਹਿਰਾ ਪ੍ਰਤੀਕ ਹੈ।ਇਸ ਮੌਕੇ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਤੇ ਨੇਤਰ ਮੁਤਿਓਂ ਨੇ ਲੇਖਕ ਨੂੰ ਵਧਾਈ ਦਿੱਤੀ।ਗੁਰਸੇਵਕ ਸਿੰਘ ਢਿੱਲੋਂ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਪੁਸਤਕ ਵਿੱਚ ਪੰਜਾਬੀ ਮਿੱਟੀ ਤੇ ਧਰਾਤਲ ਨਾਲ ਜੁੜੀ ਠੇਠ ਸ਼ਬਦਾਵਲੀ ਨੂੰ ਖ਼ੂਬਸੂਰਤੀ ਨਾਲ ਸਾਂਭਿਆ ਗਿਆ ਹੈ।ਪ੍ਰਧਾਨਗੀ ਭਾਸ਼ਣ ਵਿੱਚ ਕਰਨੈਲ ਸਿਵੀਆ ਨੇ ਕਿਹਾ ਕਿ ਬਲਦੇਵ ਸਿੰਘ ਝੱਜ ਹਰ ਹਾਲਾਤ ਵਿੱਚ ਸਹਿਜ ਰਹਿਣ ਵਾਲੀ ਸ਼ਖ਼ਸੀਅਤ ਹਨ ਤੇ ਇਹ ਪੁਸਤਕ ਵਾਤਾਵਰਨ ਪ੍ਰੇਮੀਆਂ ਤੇ ਵਿਰੋਧੀਆਂ ਦੇ ਦਵੰਦ ਨੂੰ ਪੇਸ਼ ਕਰਦੀ ਹੋਈ ਸਾਹਿਤ ਜਗਤ 'ਤੇ ਸਾਰਥਕ ਪ੍ਰਭਾਵ ਛੱਡੇਗੀ।

ਲੇਖਕ ਬਲਦੇਵ ਸਿੰਘ ਝੱਜ ਨੇ ਸਭਾ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਉਹ ਹੁਣ ਤੱਕ ਪੰਜ ਪੁਸਤਕਾਂ ਲਿਖ ਚੁੱਕੇ ਹਨ, ਜਿਨ੍ਹਾਂ ਵਿੱਚ ਦੋ ਕਾਵਿ-ਸੰਗ੍ਰਹਿ, ਦੋ ਬਾਲ ਸਾਹਿਤ ਤੇ ਇੱਕ ਵਾਰਤਕ ਪੁਸਤਕ 'ਅੱਖਰ ਅੱਖਰ ਬੋਲਦਾ' ਸ਼ਾਮਲ ਹਨ। ਉਹ ਪਿੰਡ ਦੇ ਸਰਪੰਚ ਤੇ ਕੋ-ਆਪ੍ਰੇਟਿਵ ਬੈਂਕ ਦੇ ਪ੍ਰਧਾਨ ਵਜੋਂ ਵੀ ਸੇਵਾਵਾਂ ਨਿਭਾਅ ਚੁੱਕੇ ਹਨ।ਪੁਸਤਕ ਲੋਕ-ਅਰਪਣ ਉਪਰੰਤ ਇੱਕ ਭਾਵਪੂਰਤ ਰਚਨਾ-ਦੌਰ ਚੱਲਿਆ।

ਇਸ ਦੌਰਾਨ ਗੁਰਸੇਵਕ ਸਿੰਘ ਢਿੱਲੋਂ, ਇੰਦਰਜੀਤ ਕੌਰ ਲੋਟੇ, ਮੀਤ ਪਾਨੀਪਤ, ਨੇਤਰ ਮੁਤਿਓਂ, ਕਿਰਨਜੀਤ ਸਿੰਘ ਕੁਲਾਰ, ਸੁਖਵਿੰਦਰ ਭਾਦਲਾ, ਬਲਵੰਤ ਮਾਂਗਟ, ਬੁੱਧ ਸਿੰਘ ਨੀਲੋਂ, ਜ਼ੋਰਾਵਰ ਪੰਛੀ ਤੇ ਕਰਨੈਲ ਸਿਵੀਆ ਨੇ ਰਚਨਾਵਾਂ ਪੇਸ਼ ਕੀਤੀਆਂ।ਇਕੱਤਰਤਾ ਦੌਰਾਨ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਾਹਿਤਕ ਸਾਥੀਆਂ ਟੀ. ਲੋਚਨ, ਅਵਤਾਰ ਉਟਾਲਾਂ, ਕੇ. ਐੱਲ. ਗਰਗ ਤੇ ਅਨੂਪ ਸਿੰਘ ਖ਼ਾਨਪੁਰੀ ਦੇ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ।ਅਖ਼ੀਰ ਵਿੱਚ ਸਭਾ ਦੇ ਮੀਤ ਪ੍ਰਧਾਨ ਕਰਨੈਲ ਸਿਵੀਆ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਬੁੱਧ ਸਿੰਘ ਨੀਲੋਂ ਨੇ ਬਾਖ਼ੂਬੀ ਨਿਭਾਈ।

## ਸ਼੍ਰੀਮਦ ਭਾਗਵਤ ਕਥਾ ਦੇ ਪੰਜਵੇਂ ਦਿਨ ਗੋਵਰਧਨ ਉਤਸਵ, ਉਮੜੇ ਸ਼ਰਧਾਲੂ, ਲਗਾਏ ਛੱਪਨ ਭੋਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ੍ਰੀਮੱਦ ਭਾਗਵਤ ਕਥਾ ਸੋਸਾਇਟੀ ਵੱਲੋਂ ਅਜਮੇਰ ਪੈਲੇਸ ਵਿੱਚ ਆਯੋਜਿਤ ਕਥਾ ਦੇ ਪੰਜਵੇਂ ਦਿਨ ਵੀ ਵੱਡੀ ਗਿਣਤੀ ਵਿੱਚ ਸ਼ਰਧਾਲੂ ਉਮੜਦੇ ਨਜ਼ਰ ਆਏ।ਇਸ ਦੌਰਾਨ ਗੋਵਰਧਨ ਮਹਾਰਾਜ ਤੇ ਕ੍ਰਿਸ਼ਨ ਕਨ੍ਹੱਈਆ ਦੀ ਝਾਕੀ ਨੇ ਸ਼ਰਧਾਲੂਆਂ ਦਾ ਧਿਆਨ ਆਪਣੇ ਵੱਲ ਖਿੱਚਿਆ।ਗੋਵਰਧਨ ਮਹਾਰਾਜ ਦੀ ਝਾਕੀ ਸ਼ਰਧਾਲੂਆਂ ਦੀ ਖਾਸ ਖਿੱਚ ਦਾ ਕੇਂਦਰ ਬਣੀ ਰਹੀ।ਕ੍ਰਿਸ਼ਨ ਕਨ੍ਹੱਈਆ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਦੀ ਭੀੜ ਦਾ ਉਤਸ਼ਾਹ ਦੇਖਣਯੋਗ ਸੀ।ਇਸ ਦੌਰਾਨ ਸ਼ਰਧਾਲੂਆਂ ਨੇ ਕਨ੍ਹੱਈਆ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਕਥਾ ਵਿਆਸ ਸ਼੍ਰੀ ਅਨਿਲ ਦਾਸ ਨੇ ਪ੍ਰਵਚਨਾਂ ਦੀ ਅੰਮ੍ਰਿਤਵਰਖਾ ਦੌਰਾਨ ਗੋਵਰਧਨ ਮਹਾਰਾਜ ਦੀ ਕਥਾ ਸੁਣਾਈ।ਇਸ ਦੌਰਾਨ ਗੋਵਰਧਨ ਮਹਾਰਾਜ ਨੂੰ ਛੱਪਨ ਭੋਗ ਵੀ ਲਗਾਏ ਗਏ।ਬਾਅਦ ਵਿੱਚ ਇਹ ਭੋਗ ਲੱਗਿਆ ਪ੍ਰਸਾਦ ਸ਼ਰਧਾਲੂਆਂ ਵਿੱਚ ਵੰਡਿਆ ਗਿਆ।ਕਥਾ ਦੇ ਪੰਜਵੇਂ ਦਿਨ ਜੋਤੀ ਪ੍ਰਜਵਲਿਤ ਕਰਨ ਦੀ ਰਸਮ ਮੁੱਖ ਮਹਿਮਾਨ ਐੱਸ.ਡੀ.ਐੱਮ. ਵਿਕਰਮਜੀਤ ਬਾਂਸਲ, ਐੱਸ.ਡੀ.ਐੱਮ. ਗੁਰਕਿਰਨ ਦੀਪ ਸਿੰਘ, ਏ.ਡੀ.ਸੀ. ਸੁਰਿੰਦਰ ਸਿੰਘ ਢਿੱਲੋਂ, ਤਹਿਸੀਲਦਾਰ ਵਿਭੂ ਜੈਨ, ਡਿਪਟੀ ਡੀ.ਈ.ਓ. ਰਾਜਿੰਦਰ ਸੋਨੀ, ਸੇਵਾਮੁਕਤ ਡੀ.ਟੀ.ਓ. ਗੁਰਚਰਨ ਸਿੰਘ ਸੰਧੂ, ਅਗਰਵਾਲ ਸਭਾ ਦੇ ਚੇਅਰਮੈਨ ਬਲਦੇਵ ਸਹਾਏ ਗਰਗ, ਅਗਰਵਾਲ ਸਭਾ ਗਿੱਦੜਬਾਹਾ ਦੇ ਪ੍ਰਧਾਨ ਤੇ ਜ਼ਿਲ੍ਹਾ ਟਰੇਡ ਕਮਿਸ਼ਨ ਦੇ ਚੇਅਰਮੈਨ ਵਿਨੀਤ ਜਿੰਦਲ ਮੌਂਟੀ, ਅਗਰਵਾਲ ਸਭਾ ਗਿੱਦੜਬਾਹਾ ਦੇ ਸਕੱਤਰ ਸੰਜੀਵ ਬਾਂਸਲ, ਸੋਸਾਇਟੀ ਦੇ ਪ੍ਰਧਾਨ ਤਰਸੇਮ ਗੋਇਲ ਤੇ ਹੋਰਨਾਂ ਨੇ ਸਾਂਝੇ ਤੌਰ 'ਤੇ ਨਿਭਾਈ।ਮੰਚ ਸੰਚਾਲਨ ਜੀਵਨ ਸ਼ਰਮਾ ਨੇ ਕੀਤਾ।ਪ੍ਰਧਾਨ ਤਰਸੇਮ ਗੋਇਲ ਤੇ ਹੋਰ ਅਹੁਦੇਦਾਰਾਂ ਨੇ ਆਏ ਹੋਏ ਮਹਿਮਾਨਾਂ ਦਾ ਸਨਮਾਨ ਕੀਤਾ।ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

## ਛਾਂਗਾ ਰਾਏ ਉਤਾੜ ਰਾਸ਼ਨ ਡਿਪੂ ਨਾਲ ਸੰਬੰਧਤ ਮਾਮਲਾ ਗਰਮਾਇਆ

# ਘਪਲੇ ਸੰਬੰਧੀ ਵਫਦ ਅਧਿਕਾਰੀਆਂ ਨੂੰ ਮਿਲਿਆ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਇਲਾਕਾ ਜਥੇਬੰਦਕ ਕਮੇਟੀ ਗੁਰੂ ਹਰਸਹਾਏ ਦੇ ਕਨਵੀਨਰ ਕੁਲਦੀਪ ਸਿੰਘ ਮੋਠਾਂਵਾਲਾ ਦੀ ਅਗਵਾਈ ਹੇਠ ਡਿੱਪੂ ਹੋਲਡਰ ਬਚਨ ਸਿੰਘ ਛਾਂਗਾ ਰਾਏ ਉਤਾੜ ਦੀਆਂ ਮਨਮਾਨੀਆਂ ਤੇ ਰਾਸ਼ਨ ਵਿੱਚ ਕੀਤੀ ਜਾ ਰਹੀ ਕਾਣੀ ਵੰਡ ਖਿਲਾਫ ਫੂਡ ਸਪਲਾਈ ਵਿਭਾਗ ਗੁਰੂ ਹਰਸਹਾਏ ਦੇ ਐੱਫ਼ ਏ ਐੱਸ ਓ ਸੋਨਾ ਸਿੰਘ ਨੂੰ ਮਿਲਿਆ। ਇੱਕ ਭਰਵਾਂ ਡੈਪੂਟੇਸ਼ਨ ਤੇ ਡਿੱਪੂ ਹੋਲਡਰ ਦੀ ਕੀਤੀ ਗਈ ਲਿਖ਼ਤੀ ਸ਼ਿਕਾਇਤ ਸੰਬੰਧਤ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਮਜ਼ਦੂਰ ਯੂਨੀਅਨ ਦੇ ਕਨਵੀਨਰ ਕੁਲਦੀਪ ਸਿੰਘ ਮੋਠਾਂਵਾਲਾ ਤੇ ਇੰਦਰਜੀਤ ਸਿੰਘ ਕ੍ਰਾਂਤੀ ਛਾਂਗਾ ਰਾਏ ਉਤਾੜ ਨੇ ਇਲਜ਼ਾਮ ਲਾਉਂਦਿਆ ਕਿਹਾ ਕਿ ਪਿੰਡ ਛਾਂਗਾ ਰਾਏ ਉਤਾੜ ਦੇ ਡਿੱਪੂ ਹੋਲਡਰ ਬਚਨ ਸਿੰਘ ਪਿਛਲੇ ਲੰਮੇ ਸਮੇਂ ਤੋਂ ਹੀ ਪਿੰਡ ਦੇ ਰਾਸ਼ਨ ਕਾਰਡ ਧਾਰਕਾਂ ਨਾਲ ਲਗਾਤਾਰ ਧੱਕਾ ਕਰ ਰਿਹਾ ਹੈ, ਜਿਵੇਂ ਕਿ ਰਾਸ਼ਨ ਵਿੱਚ ਕਟੌਤੀ ਕਰਕੇ ਰਾਸ਼ਨ ਘੱਟ ਦੇਣਾ ਕਾਰਡ ਧਾਰਕਾਂ ਦਾ ਅੰਗੂਠਾ ਲਗਵਾ ਕੇ ਮਸ਼ੀਨ ਰਾਹੀਂ ਪਰਚੀ ਦੇਣ ਦੀ ਬਜਾਏ ਆਰਜ਼ੀ ਕਾਗਜ਼ 'ਤੇ ਲਿਖ ਕੇ ਪਰਚੀ ਦੇਣੀ, ਖਾਲੀ ਬੋਰੀ ਵਾਪਸ ਕਰਵਾਉਣੀ, ਮਜ਼ਦੂਰਾਂ ਵੱਲੋਂ ਬੋਲਣ ਤੇ ਧਮਕੀਆਂ ਦੇਣਾ ਆਦਿ ਨੂੰ ਗੰਭੀਰਤਾ ਨਾਲ ਲੈਂਦਿਆਂ ਪਿੰਡ ਦੇ ਮਜ਼ਦੂਰ ਆਗੂਆਂ ਤੇ ਲੋਕਾਂ ਵੱਲੋਂ ਪਿਛਲੇ ਕੁੱਝ ਦਿਨ ਪਹਿਲਾਂ ਹੀ ਸੋਸ਼ਲ ਮੀਡੀਆ ਰਾਹੀਂ ਤਿੱਖਾ ਵਿਰੋਧ ਕੀਤਾ ਗਿਆ ਸੀ, ਇਸ ਸਬੰਧੀ ਸਬੰਧਤ ਅਧਿਕਾਰੀਆਂ ਨੂੰ ਵੀ ਸ਼ਿਕਾਇਤਾਂ ਕੀਤੀਆਂ ਗਈਆਂ ਸਨ, ਜਿਸ ਦੇ ਚੱਲਦਿਆਂ ਫੂਡ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੇ ਅਗਲੇ ਹੀ ਦਿਨ ਪਿੰਡ ਛਾਂਗਾ ਰਾਏ ਉਤਾੜ ਵਿਖੇ ਪਹੁੰਚ ਕੇ ਸ਼ਿਕਾਇਤਕਰਤਾ ਮਜ਼ਦੂਰ ਯੂਨੀਅਨ ਦੇ ਆਗੂਆਂ ਤੇ ਪਿੰਡ ਦੇ ਲੋਕਾਂ ਦੇ ਬਿਆਨ ਦਰਜ ਕੀਤੇ ਤੇ ਡਿੱਪੂ ਹੋਲਡਰ ਬਚਨ ਸਿੰਘ ਖਿਲਾਫ ਕਾਰਵਾਈ ਕਰਨ ਦਾ ਵਿਸ਼ਵਾਸ ਦਿਵਾਇਆ ਸੀ।ਉਸੇ ਹੀ ਸੂਰਤ ਵਿੱਚ ਫੂਡ ਸਪਲਾਈ ਵਿਭਾਗ ਗੁਰੂ ਹਰਸਹਾਏ ਦੇ ਦਫ਼ਤਰ ਵਿਖੇ ਮੁੱਖ ਅਫ਼ਸਰ ਨੂੰ ਮਿਲਿਆ ਗਿਆ, ਜੋ ਕਿ ਉਪਰੋਕਤ ਮਸਲੇ 'ਤੇ ਅਧਿਕਾਰੀਆਂ ਨੇ ਵਫ਼ਦ ਨੂੰ ਭਰੋਸਾ ਦਿਵਾਉਂਦੇ ਹੋਏ ਕਿਹਾ ਕਿ ਪਿੰਡ ਦੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਅਧਾਰਤ ਡਿੱਪੂ ਹੋਲਡਰ ਬਚਨ ਸਿੰਘ ਖਿਲਾਫ ਰਿਪੋਰਟ ਤਿਆਰ ਕਰਕੇ ਉਸ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਨ ਲਈ ਜ਼ਿਲ੍ਹਾ ਅਫਸਰਾਂ ਤੱਕ ਰਿਪੋਰਟ ਭੇਜ ਦਿੱਤੀ ਗਈ ਹੈ ਤੇ ਡਿੱਪੂ ਹੋਲਡਰ ਦੇ ਰਾਸ਼ਨ ਦੀ ਸਪਲਾਈ ਕੱਟ ਦਿੱਤੀ ਗਈ ਹੈ ਅਤੇ ਅੱਗੇ ਤੋਂ ਵੰਡੀ ਜਾਣ ਵਾਲੀ ਕਣਕ ਪਿੰਡ ਛਾਂਗਾ ਰਾਏ ਉਤਾੜ ਦੇ ਮਜ਼ਦੂਰ ਆਗੂਆਂ ਤੇ ਲੋਕਾਂ ਵੱਲੋਂ ਚੁਣੀ ਗਈ ਛੇ ਮੈਂਬਰੀ ਕਮੇਟੀ ਦੀ ਹਾਜ਼ਰੀ ਵਿੱਚ ਕਾਰਡ ਧਾਰਕਾਂ ਦੀਆਂ ਪਰਚੀਆਂ ਕੱਟ ਕੇ ਵੰਡੀ ਜਾਇਆ ਕਰੇਗੀ। ਇਸ ਮੌਕੇ ਮਜ਼ਦੂਰ ਆਗੂ ਬੋਹੜ ਸਿੰਘ ਬੀੜ ਹਰਬੰਸਪੁਰਾ, ਦਲੀਪ ਸਿੰਘ, ਸਤਪਾਲ ਸਿੰਘ, ਲੱਡੂ ਸਿੰਘ, ਗੁਰਮੀਤ ਸਿੰਘ ਛਾਂਗਾ ਰਾਏ ਉਤਾੜ ਹਾਜ਼ਰ ਸਨ।

# ਧਾਰਮਿਕ ਸਿੱਖਿਆ ਪ੍ਰੀਖਿਆ 'ਚ ਐਕਮੇ ਪਬਲਿਕ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਜਲਾਲਾਬਾਦ (ਬਲਵਿੰਦਰ ਸਿੰਘ)**-ਐਕਮੇ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਈ ਇਹ ਬੜੇ ਮਾਣ ਤੇ ਖੁਸ਼ੀ ਦੀ ਗੱਲ ਹੈ ਕਿ ਪਿਛਲੇ ਸਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਵੱਲੋਂ ਕਰਵਾਈ ਗਈ ਧਾਰਮਿਕ ਸਿੱਖਿਆ ਪ੍ਰੀਖਿਆ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਉਤਸ਼ਾਹ ਨਾਲ ਭਾਗ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ।ਪ੍ਰੀਖਿਆ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਐਸ.ਜੀ.ਪੀ.ਸੀ. ਵੱਲੋਂ ਸਰਟੀਫਿਕੇਟ ਪ੍ਰਦਾਨ ਕਰਕੇ ਸਕੂਲ ਵਿੱਚ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਪਹਿਲੇ ਦਰਜੇ ਵਿੱਚ ਅਮਾਨਤ ਕੌਰ, ਰਸ਼ਨਦੀਪ ਕੌਰ, ਲਵਪ੍ਰੀਤ ਕੌਰ ਤੇ ਪਲਕ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵਿਸ਼ੇਸ਼ ਮਾਣ ਹਾਸਲ ਕੀਤਾ।ਇਸੇ ਤਰ੍ਹਾਂ ਦੂਜੇ ਦਰਜੇ ਵਿੱਚ ਸਮਰਿਤੀ ਨੇ ਬਿਹਤਰੀਨ ਅੰਕ ਪ੍ਰਾਪਤ ਕਰਕੇ ਵਿਸ਼ੇਸ਼ ਪ੍ਰਸ਼ੰਸਾ ਹਾਸਲ ਕੀਤੀ।ਇਸ ਤੋਂ ਇਲਾਵਾ ਕਿਰਨਪ੍ਰੀਤ ਕੌਰ, ਰਮਨਦੀਪ ਕੌਰ, ਅਮ੍ਰਿਤਪਾਲ ਕੌਰ, ਖੁਸ਼ਦੀਪ ਕੌਰ, ਮਹਿਕਪ੍ਰੀਤ ਕੌਰ, ਅੰਜਲੀ, ਜੈਸਮੀਨ ਕੌਰ ਤੇ ਏਕਮਦੀਪ ਕੌਰ ਨੇ ਵੀ ਦੂਜੇ ਦਰਜੇ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਵਿਦਿਆਰਥੀਆਂ ਦੀ ਇਸ ਸ਼ਾਨਦਾਰ ਉਪਲਬਧੀ 'ਤੇ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ।ਉਨ੍ਹਾਂ ਦੀ ਸਫਲਤਾ ਨਾਲ ਸਕੂਲ, ਮਾਪਿਆਂ ਤੇ ਅਧਿਆਪਕਾਂ ਦਾ ਮਾਣ ਵਧਿਆ ਹੈ।ਸਕੂਲ ਦੇ ਪ੍ਰਿੰਸੀਪਲ ਡਾ. ਅਰੁਣਾ ਮਿੱਡਾ, ਸਮੁੱਚੀ ਮੈਨੇਜਮੈਂਟ ਤੇ ਸਮੂਹ ਸਟਾਫ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ, ਲਗਨ ਤੇ ਸਫਲਤਾ ਲਈ ਦਿਲੋਂ ਵਧਾਈ ਦਿੱਤੀ ਗਈ।

# ਲਾਲ ਲਕੀਰ ਅੰਦਰ ਵਸਦੇ ਲੋਕਾਂ ਨੂੰ ਅਸਲ ਮਾਲਕ ਬਣਾ ਕੇ ਮਾਨ ਸਰਕਾਰ ਨੇ ਨਿਭਾਇਆ ਵਾਅਦਾ : ਹਡਾਣਾ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੇ ਵਸਨੀਕਾਂ ਨੂੰ ਜਾਇਦਾਦਾਂ ਦੇ ਕਾਨੂੰਨੀ ਹੱਕ ਦੇਣ ਦੇ ਮੰਤਵ ਨਾਲ ਵਿੱਢੀ ਮੁਹਿੰਮ 'ਮੇਰਾ ਘਰ ਮੇਰੇ ਨਾਮ' ਤਹਿਤ ਹਲਕਾ ਸਨੌਰ ਦੇ ਪਿੰਡ ਬੋਸਰ ਖੁਰਦ ਤੇ ਸਲੇਮਪੁਰ ਜੱਟਾਂ ਵਿਖੇ ਕਰਵਾਏ ਸਾਦੇ ਪ੍ਰੋਗਰਾਮ ਦੌਰਾਨ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਸੌਂਪੇ।ਇਸ ਦੌਰਾਨ ਪਿੰਡ ਬੋਸਰ ਖੁਰਦ ਵਿਖੇ 95 ਪਰਿਵਾਰਾਂ ਤੇ ਸਲੇਮਪੁਰ ਜੱਟਾਂ ਵਿਖੇ 108 ਯੋਗ ਲਾਭਪਾਤਰੀਆਂ ਨੂੰ ਮਾਲਕੀ ਅਧਿਕਾਰ ਵਾਲੇ ਕਾਰਡ ਤਕਸੀਮ ਕੀਤੇ ਗਏ।ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਹੈਪੀ ਪਹਾੜੀਪੁਰ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਲਾਲ ਲਕੀਰ ਅੰਦਰ ਪੀੜ੍ਹੀਆਂ ਤੋਂ ਵੱਸ ਰਹੇ ਪਰਿਵਾਰ ਆਪਣੇ ਹੀ ਘਰਾਂ ਦੇ ਕਾਨੂੰਨੀ ਦਸਤਾਵੇਜ਼ਾਂ ਤੋਂ ਵਾਂਝੇ ਸਨ, ਜਿਸ ਕਾਰਨ ਉਨ੍ਹਾਂ ਨੂੰ ਜਾਇਦਾਦ ਦੇ ਵਿਵਾਦਾਂ ਤੇ ਬੈਂਕ ਕਰਜ਼ਿਆਂ ਸਬੰਧੀ ਵੱਡੀਆਂ ਦਿੱਕਤਾਂ ਝੱਲਣੀਆਂ ਪੈਂਦੀਆਂ ਸਨ।ਮਾਨ ਸਰਕਾਰ ਨੇ ਜ਼ਮੀਨੀ ਪੱਧਰ 'ਤੇ ਪ੍ਰਾਪਰਟੀ ਕਾਰਡ ਦੇ ਕੇ ਲੋਕਾਂ ਨੂੰ ਅਸਲ ਮਾਲਕੀ ਹੱਕ ਦਿਵਾਏ ਹਨ, ਜਿਸ ਨਾਲ ਹੁਣ ਲੋਕ ਬਿਨਾਂ ਕਿਸੇ ਅੜਚਨ ਦੇ ਬੈਂਕ ਸਹੂਲਤਾਂ ਹਾਸਲ ਕਰ ਸਕਣਗੇ ਤੇ ਜਾਇਦਾਦ ਸਬੰਧੀ ਝਗੜਿਆਂ ਦਾ ਵੀ ਸਥਾਈ ਹੱਲ ਹੋਵੇਗਾ।ਇਸ ਦੌਰਾਨ ਪਿੰਡ ਵਾਸੀਆਂ ਤੇ ਪੰਚਾਇਤਾਂ ਨੇ ਇਸ ਲੋਕ-ਪੱਖੀ ਉਪਰਾਲੇ ਲਈ ਪੰਜਾਬ ਸਰਕਾਰ ਤੇ ਹਲਕਾ ਇੰਚਾਰਜ ਦਾ ਵਿਸ਼ੇਸ਼ ਧੰਨਵਾਦ ਪ੍ਰਗਟਾਇਆ।

# ਪਰਗਟ ਸਿੰਘ ਦੇ ਸੂਬਾ ਪ੍ਰਧਾਨ ਬਣਨ ਨਾਲ ਨੌਜਵਾਨ ਆਗੂਆਂ ਦੇ ਚਿਹਰਿਆਂ 'ਤੇ ਰੌਣਕਾਂ : ਸੰਜੀਵ ਕਾਲੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵ-ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਨਾਲ ਸੰਜੀਵ ਸ਼ਰਮਾ ਕਾਲੂ ਨੇ ਮੁਲਾਕਾਤ ਕਰ ਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਦਿਲੋਂ ਵਧਾਈ ਤੇ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਪੰਜਾਬ ਕਾਂਗਰਸ ਦੀ ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ, ਪਾਰਟੀ ਵਰਕਰਾਂ ਨੂੰ ਨਾਲ ਲੈ ਕੇ ਚੱਲਣ ਤੇ ਸੰਗਠਨ ਨੂੰ ਸਰਗਰਮ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਸੰਜੀਵ ਸ਼ਰਮਾ ਕਾਲੂ ਨੇ ਕਿਹਾ ਕਿ ਪ੍ਰਗਟ ਸਿੰਘ ਇਕ ਤਜਰਬੇਕਾਰ ਸਿਆਸੀ ਆਗੂ ਹੋਣ ਦੇ ਨਾਲ-ਨਾਲ ਭਾਰਤੀ ਹਾਕੀ ਦੇ ਨਾਮਵਰ ਖਿਡਾਰੀ ਤੇ ਸਾਬਕਾ ਕਪਤਾਨ ਰਹੇ ਹਨ।ਉਨ੍ਹਾਂ ਦੀ ਅਗਵਾਈ ਹੇਠ ਭਾਰਤੀ ਹਾਕੀ ਟੀਮ ਨੇ ਅੰਤਰਰਾਸ਼ਟਰੀ ਪੱਧਰ 'ਤੇ ਦੇਸ਼ ਦੀ ਨੁਮਾਇੰਦਗੀ ਕੀਤੀ।ਹਾਕੀ ਦੇ ਮੈਦਾਨ 'ਚ ਟੀਮ ਨੂੰ ਨਾਲ ਲੈ ਕੇ ਚੱਲਣ ਤੇ ਮੁਸ਼ਕਿਲ ਹਾਲਤਾਂ 'ਚ ਅਗਵਾਈ ਕਰਨ ਦਾ ਉਨ੍ਹਾਂ ਦਾ ਤਜਰਬਾ ਅੱਜ ਸਿਆਸੀ ਜਥੇਬੰਦੀ ਲਈ ਵੀ ਮਹੱਤਵਪੂਰਨ ਸਾਬਿਤ ਹੋ ਸਕਦਾ ਹੈ।ਸੰਜੀਵ ਸ਼ਰਮਾ ਨੇ ਕਿਹਾ ਕਿ ਉਹ ਹਲਕਾ ਪਟਿਆਲਾ ਦਿਹਾਤੀ 'ਚ ਕਾਂਗਰਸ ਦੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਦੇ ਰਹਿਣਗੇ ਅਤੇ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੂੰ ਨਾਲ ਲੈ ਕੇ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਇਆ ਜਾਵੇਗਾ।ਉਨ੍ਹਾਂ ਪ੍ਰਗਟ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਲਈ ਮੁੜ ਸ਼ੁੱਭ-ਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਕਾਂਗਰਸ ਦੀ ਨਵੀਂ ਟੀਮ ਵਰਕਰਾਂ ਦੀ ਮਿਹਨਤ, ਆਗੂਆਂ ਦੀ ਇਕਜੁੱਟਤਾ ਤੇ ਪ੍ਰਗਟ ਸਿੰਘ ਦੀ ਅਗਵਾਈ ਨਾਲ ਸੰਗਠਨ ਨੂੰ ਮਜ਼ਬੂਤ ਕਰਨ ਵੱਲ ਅੱਗੇ ਵਧੇਗੀ।

# ਆੜ੍ਹਤੀਆਂ ਦਾ ਵਫ਼ਦ ਡੀ ਸੀ ਨੂੰ ਮਿਲਿਆ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆੜ੍ਹਤੀ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦਾ ਇਕ ਵਫ਼ਦ ਰਵਿੰਦਰ ਸਿੰਘ ਚੀਮਾ ਚੇਅਰਮੈਨ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਤੇ ਬਲਵਿੰਦਰ ਕੁਮਾਰ ਬਬਲੂ ਜ਼ਿਲ੍ਹਾ ਪ੍ਰਧਾਨ ਸੰਗਰੂਰ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਸੰਗਰੂਰ ਪੂਨਮਦੀਪ ਕੌਰ ਤੇ ਉਨ੍ਹਾ ਨਾਲ ਜ਼ਿਲ੍ਹਾ ਖੁਰਾਕ ਸਪਲਾਈਜ਼ ਕੰਟਰੋਲਰ ਗੁਰਪ੍ਰੀਤ ਸਿੰਘ ਕੰਗ ਜ਼ਿਲ੍ਹਾ ਸੰਗਰੂਰ ਨੂੰ ਮਿਲਿਆ, ਜਿਸ ਵਿੱਚ ਆੜ੍ਹਤੀਆਂ ਨੂੰ ਝੋਨੇ ਦੇ ਸੀਜ਼ਨ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਸਬੰਧੀ ਵਿਚਾਰ ਕੀਤਾ ਗਿਆ। ਐਸੋਸੀਏਸ਼ਨ ਵੱਲੋਂ ਡੀ ਸੀ ਸਾਹਿਬ ਤੋਂ ਮੰਗ ਕੀਤੀ ਗਈ ਕਿ ਮੰਡੀਆਂ ਵਿੱਚ ਕੁਝ ਆੜ੍ਹਤੀ ਸਿੱਧੀਆਂ ਟਰਾਲੀਆਂ ਗਿਰਵਾਉਂਦੇ ਹਨ, ਜੋ ਕਿ ਮੰਡੀ ਬੋਰਡ ਦੇ ਨਿਯਮਾਂ ਖਿਲਾਫ ਹੈ।ਇਹ ਵੀ ਮੰਗ ਕੀਤੀ ਕਿ ਸ਼ੁਰੂ ਸੀਜ਼ਨ ਵਿੱਚ ਸਾਰੇ ਆੜ੍ਹਤੀਆਂ ਨੂੰ ਸਰਕਾਰੀ ਬਾਰਦਾਨਾਂ ਰੇਸ਼ੋ ਮੁਤਾਬਕ ਵੰਡ ਦਿੱਤਾ ਜਾਵੇ ਤਾਂ ਕਿ ਸੀਜ਼ਨ ਵਿੱਚ ਆੜ੍ਹਤੀਆਂ ਨੂੰ ਰੇੜ੍ਹੀਆਂ ਤੇ ਖਾਲੀ ਬੋਰੀਆਂ ਨਾ ਲਿਆਉਣੀਆਂ ਪੈਣ।ਇਹ ਵੀ ਮੰਗ ਕੀਤੀ ਕਿ ਫੜ੍ਹਾ ਦੀ ਘਾਟ ਕਰਕੇ ਕਿਸਾਨਾਂ ਦੀ ਮੁਸ਼ਕਲ ਨੂੰ ਦੇਖਦੇ ਹੋਏ ਅਰਜ਼ੀ ਫੜ੍ਹ 'ਤੇ ਵੀ ਖਰੀਦ ਕੀਤੀ ਜਾਵੇ।ਇਹ ਵੀ ਮੰਗ ਕੀਤੀ ਗਈ ਕਿ ਲੇਬਰ ਨੂੰ ਅਨਲੋਡਿੰਗ ਨਾਲੋ ਨਾਲ ਕਰਨ ਦੀ ਹਦਾਇਤ ਕੀਤੀ ਜਾਵੇ ਤਾਂ ਜੋ ਮੰਡੀਆਂ ਵਿੱਚ ਕੋਈ ਦਿੱਕਤ ਨਾ ਆਵੇ।ਉਪਰੋਕਤ ਦਿੱਤੀਆਂ ਮੰਗਾਂ ਉੱਪਰ ਡਿਪਟੀ ਕਮਿਸ਼ਨਰ ਸਾਹਿਬ ਵੱਲੋਂ ਹਮਦਰਦੀ ਨਾਲ ਇੰਨ ਬਿੰਨ ਲਾਗੂ ਕਰਨ ਦਾ ਭਰੋਸਾ ਦਿੱਤਾ।ਇਸ ਮੀਟਿੰਗ ਵਿੱਚ ਵੱਖ ਵੱਖ ਮੰਡੀਆਂ ਦੇ ਪ੍ਰਧਾਨ ਧੂਰੀ ਮੰਡੀ ਤੋਂ ਜਤਿੰਦਰ ਸਿੰਘ ਮੰਡੇਰ, ਸੰਗਰੂਰ ਮੰਡੀ ਤੋਂ ਸੁਖਵਿੰਦਰ ਸਿੰਘ ਮਾਨ, ਸੁਨਾਮ ਮੰਡੀ ਤੋਂ ਕਿਸ਼ੋਰ ਚੰਦ, ਚੀਮਾ ਮੰਡੀ ਤੋਂ ਹਕੂਮਤ ਰਾਏ, ਜ਼ਿਲ੍ਹਾ ਸਕੱਤਰ ਨਰਿੰਦਰ ਪਾਲ ਸ਼ਰਮਾ, ਸਕੱਤਰ ਰਜਨੀਸ਼ ਕੁਮਾਰ ਵਿੱਕੀ, ਆੜ੍ਹਤੀਆ ਦਲਜਿੰਦਰ ਸਿੰਘ ਮਾਨ ਧੂਰੀ ਤੇ ਬਾਕੀ ਮੰਡੀਆਂ ਦੇ ਜ਼ਿਲ੍ਹਾ ਪ੍ਰਧਾਨ ਸਾਹਿਬਾਨ ਮੌਜੂਦ ਰਹੇ।

## ਸੰਧਵਾਂ ਨੇ ਠਾੜ੍ਹਾ 'ਚ ਮਾਲਕੀ ਹੱਕਾਂ ਸੰਬੰਧੀ ਦਸਤਾਵੇਜ਼ ਦਿੱਤੇ

**ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜ਼ਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਠਾੜ੍ਹਾ, ਬਲਾਕ ਕੋਟਕਪੂਰਾ ਵਿਖੇ ਲਾਲ ਲਕੀਰ ਅੰਦਰ ਵਸਦੇ ਲੋਕਾਂ ਨੂੰ 'ਮੇਰਾ ਘਰ, ਮੇਰਾ ਨਾਮ' ਸਕੀਮ ਤਹਿਤ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕਾਂ ਸਬੰਧੀ ਦਸਤਾਵੇਜ਼ ਤਕਸੀਮ ਕੀਤੇ।ਇਸ ਮੌਕੇ ਉਨ੍ਹਾਂ 121 ਲਾਭਪਾਤਰੀਆਂ ਨੂੰ ਮਾਲਕੀ ਹੱਕਾਂ ਦੇ ਦਸਤਾਵੇਜ਼ ਮਿਲਣ 'ਤੇ ਵਧਾਈ ਦਿੱਤੀ।ਸਪਕੀਰ ਸ੍ਰ. ਸੰਧਵਾਂ ਨੇ ਕਿਹਾ ਕਿ ਲਾਲ ਲਕੀਰ ਅੰਦਰ ਵਸਦੇ ਪਰਵਾਰ ਲੰਮੇ ਸਮੇਂ ਤੋਂ ਆਪਣੇ ਘਰਾਂ ਦੇ ਮਾਲਕੀ ਹੱਕਾਂ ਸਬੰਧੀ ਦਸਤਾਵੇਜ਼ਾਂ ਦੀ ਉਡੀਕ ਕਰ ਰਹੇ ਸਨ, ਹੁਣ ਇਨ੍ਹਾਂ ਪਰਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਮਿਲਣ ਨਾਲ ਉਨ੍ਹਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਦਾ ਹੱਲ ਹੋਇਆ ਹੈ।ਉਨ੍ਹਾਂ ਕਿਹਾ ਕਿ ਮਾਲਕੀ ਹੱਕਾਂ ਸਬੰਧੀ ਦਸਤਾਵੇਜ਼ ਮਿਲਣ ਨਾਲ ਲੋਕਾਂ ਨੂੰ ਆਪਣੀ ਜਾਇਦਾਦ 'ਤੇ ਕਾਨੂੰਨੀ ਹੱਕ ਪ੍ਰਾਪਤ ਹੋਣ ਦੇ ਨਾਲ-ਨਾਲ ਭਵਿੱਖ ਵਿੱਚ ਜਾਇਦਾਦ ਨਾਲ ਸਬੰਧਤ ਕੰਮਾਂ ਲਈ ਵੀ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਮਾਲਕੀ ਹੱਕ ਮਿਲਣ ਨਾਲ ਲੋਕਾਂ ਵਿੱਚ ਆਪਣੇ ਘਰ ਤੇ ਜਾਇਦਾਦ ਪ੍ਰਤੀ ਸੁਰੱਖਿਆ ਦੀ ਭਾਵਨਾ ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਮਾਲਕੀ ਹੱਕਾਂ ਨਾਲ ਸਬੰਧਤ ਕੰਮਾਂ ਵਿੱਚ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ ਤੇ ਯੋਗ ਲਾਭਪਾਤਰੀਆਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਸਮੇਂ ਸਿਰ ਪਹੁੰਚਾਇਆ ਜਾਵੇ।ਇਸ ਮੌਕੇ ਸਰਪੰਚ ਗੁਰਪ੍ਰੀਤ ਸਿੰਘ, ਗੁਰਸੇਵਕ ਸਿੰਘ, ਜਸਵਿੰਦਰ ਸਿੰਘ, ਬਲਰਾਜ ਸਿੰਘ, ਗੁਰਲਾਲ ਸਿੰਘ, ਸੁਖਮੰਦਰ ਸਿੰਘ, ਸਿਮਰਨਜੀਤ ਸਿੰਘ, ਗੁਰਤੇਜ ਸਿੰਘ, ਅਮਨਦੀਪ ਸਿੰਘ ਹਾਜ਼ਰ ਸਨ।

# ਲੋਕ ਮਿਲਣੀ ਰਾਹੀਂ ਲੋਕਾਂ ਦੇ ਰੂਬਰੂ ਹੋਏ ਬਰਸਟ

## 'ਆਪ' ਦੀਆਂ ਲੋਕ-ਪੱਖੀ ਨੀਤੀਆਂ ਤੋਂ ਕਰਾਇਆ ਜਾਣੂ



**ਸਮਾਣਾ (ਗੁਰਦਿਆਰ ਸਿੰਘ ਬੱਲ)** ਹਲਕਾ ਸਮਾਣਾ ਦੇ ਬੈਮਣਾ ਪੱਤੀ ਮਹੱਲਾ ਵਿਖੇ ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅੰਗ੍ਰੇਜ਼ ਸਿੰਘ ਭੁੱਲਰ ਦੇ ਗ੍ਰਹਿ ਵਿਖੇ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ।

ਇਸ ਪ੍ਰੋਗਰਾਮ ਵਿੱਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਦੌਰਾਨ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ, ਪਾਰਟੀ ਵਰਕਰ ਤੇ ਸਥਾਨਕ ਆਗੂ ਹਾਜ਼ਰ ਹੋਏ, ਜਿਨ੍ਹਾਂ ਨੇ ਸ੍ਰ. ਬਰਸਟ ਦਾ ਨਿੱਘਾ ਸਵਾਗਤ ਕੀਤਾ।ਇਸ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰ. ਹਰਚੰਦ ਸਿੰਘ ਬਰਸਟ ਨੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਇਤਿਹਾਸਕ ਫੈਸਲਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦੀ ਨੁਹਾਰ ਬਦਲਣ, ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨਾ ਤੇ ਹਰ ਲੋੜਵੰਦ ਤੱਕ ਸਰਕਾਰੀ ਯੋਜਨਾਵਾਂ ਤੇ ਲੋਕ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣਾ ਹੈ।ਮਾਨ ਸਰਕਾਰ ਵੱਲੋਂ ਸੂਬੇ ਵਿੱਚ ਵਿਕਾਸ ਤੇ ਲੋਕ ਭਲਾਈ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਪੰਜਾਬ ਸਰਕਾਰ ਪੂਰੀ ਇਮਾਨਦਾਰੀ, ਪਾਰਦਰਸ਼ਤਾ ਤੇ ਦ੍ਰਿੜ੍ਹਤਾ ਨਾਲ ਨਿਰੰਤਰ ਕਾਰਜ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਆਪਣੇ ਸਾਢੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਮਿਸਾਲੀ ਕਾਰਜ ਕਰਦਿਆਂ ਆਪਣੇ ਸਾਰੇ ਵਾਅਦੇ ਪੂਰੇ ਕਰਕੇ ਦਿਖਾਏ ਹਨ।ਸੂਬਾ ਜਨਰਲ ਸਕੱਤਰ ਨੇ ਹਾਜ਼ਰ ਵਰਕਰਾਂ ਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੇ ਲੋਕ ਭਲਾਈ ਕਾਰਜਾਂ ਨੂੰ ਘਰ-ਘਰ ਪਹੁੰਚਾਉਣ ਤਾਂ ਜੋ ਪੰਜਾਬ ਵਿੱਚ ਮੁੜ ਤੋਂ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਦੀ ਇਮਾਨਦਾਰ ਸਰਕਾਰ ਬਣਾਈ ਜਾ ਸਕੇ ਤੇ ਵਿਕਾਸ ਦੀ ਇਸ ਗਤੀ ਨੂੰ ਨਿਰੰਤਰ ਜਾਰੀ ਰੱਖਿਆ ਜਾ ਸਕੇ।ਇਸ ਮੌਕੇ ਬੂਟਾ ਸਿੰਘ, ਗੁਰਵਿੰਦਰ ਸਿੰਘ, ਅਮਰੀਕ ਸਿੰਘ, ਗੁਲਾਬ ਸਿੰਘ, ਪ੍ਰਗਟ ਸਿੰਘ, ਅਵਤਾਰ ਸਿੰਘ, ਦਲੇਰ ਸਿੰਘ, ਗੁਰਦੀਪ ਸਿੰਘ, ਬਲਵਿੰਦਰ ਵੜੈਚ, ਰਵਿੰਦਰ ਸਿੰਘ, ਐਡਵੋਕੇਟ ਹਰਤੇਜ ਸੰਧੂ, ਸ਼ਾਮ ਲਾਲ ਦੱਤ, ਬਿੰਦਰ ਨਾਗਰ, ਜੈਂਕੀ ਮਹਿਰਾ, ਡਾ. ਹਰਮੇਸ਼, ਜੱਗਾ ਸਿੰਘ, ਗੁਰਮੇਜ ਸਿੰਘ, ਅੰਗ੍ਰੇਜ ਸਿੰਘ ਕਾਲਾ, ਗੁਰਮੁੱਖ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਰਹੇ।

# ਅੱਜ ਮੁੱਖ ਮੰਤਰੀ ਦੇ ਹਲਕੇ 'ਚ ਗਰਜਣਗੇ ਪੰਜਾਬ ਦੇ ਸਮੁੱਚੇ ਮੁਲਾਜ਼ਮ



**ਮੋਗਾ (ਇਕਬਾਲ ਸਿੰਘ ਖਹਿਰਾ)** ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਬਲਜਿੰਦਰ ਸਿੰਘ ਧਾਲੀਵਾਲ, ਜ਼ਿਲ੍ਹਾ ਪ੍ਰਧਾਨ ਸ਼ਮਸ਼ੇਰ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਜਸਵੰਤ ਸਿੰਘ ਕੜਿਆਲ, ਇੰਦਰਪਾਲ ਸਿੰਘ, ਅਮਨਦੀਪ ਸਿੰਘ ਮੀਡੀਆ ਕੋਆਰਡੀਨੇਟਰ, ਗੁਰਪ੍ਰੀਤ ਸਿੰਘ ਜ਼ਿਲ੍ਹਾ ਪ੍ਰੈੱਸ ਸਕੱਤਰ, ਜਸਵਿੰਦਰ ਸਿੰਘ ਜ਼ਿਲ੍ਹਾ ਵਿੱਤ ਸਕੱਤਰ, ਸੀਨੀਅਰ ਮੀਤ ਪ੍ਰਧਾਨ ਹਰਪ੍ਰੀਤ ਸਿੰਘ ਸਹਿਗਲ, ਸਟੇਟ ਕਮੇਟੀ ਮੈਂਬਰ ਨਿਰਵੈਰ ਸਿੰਘ, ਗਗਨਦੀਪ ਸਿੰਘ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਸਿਰੇ ਤੋਂ ਨਕਾਰਦੇ ਹੋਏ ਮੁਲਾਜ਼ਮਾਂ ਨੂੰ ਸੜਕਾਂ 'ਤੇ ਸੰਘਰਸ਼ ਕਰਨ ਵਾਸਤੇ ਮਜਬੂਰ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਦੇ ਮੁਲਾਜ਼ਮ ਲਗਾਤਾਰ ਪਿਛਲੇ ਛੇ ਮਹੀਨਿਆਂ ਤੋਂ ਆਪਣੀਆਂ ਮੰਗਾਂ ਦੀ ਪੂਰਤੀ ਲਈ ਸੜਕਾਂ 'ਤੇ ਸੰਘਰਸ਼ ਕਰ ਰਹੇ ਹਨ।ਪਿਛਲੇ ਦਿਨੀਂ ਮੁੱਖ ਮੰਤਰੀ ਵੱਲੋਂ ਮੁਲਾਜ਼ਮ ਆਗੂਆਂ ਨਾਲ ਇੱਕ ਮੀਟਿੰਗ ਵੀ ਕੀਤੀ ਗਈ ਸੀ, ਜਿਸ ਵਿੱਚ ਇਹ ਵਾਅਦਾ ਕੀਤਾ ਗਿਆ ਸੀ ਕਿ ਅਕਤੂਬਰ ਦੇ ਪਹਿਲੇ ਹਫ਼ਤੇ ਮੁਲਾਜ਼ਮਾਂ ਦੀਆਂ ਮੰਗਾਂ ਦੇ ਹੱਲ ਲਈ ਇੱਕ ਮੀਟਿੰਗ ਕੀਤੀ ਜਾਵੇਗੀ, ਜਿਸ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ, ਪਰ ਪਹਿਲਾ ਹਫ਼ਤਾ ਬੀਤ ਜਾਣ 'ਤੇ ਵੀ ਮੁੱਖ ਮੰਤਰੀ ਵੱਲੋਂ ਮੁਲਾਜ਼ਮਾਂ ਨੂੰ ਮੀਟਿੰਗ ਦਾ ਸੱਦਾ ਨਹੀਂ ਦਿੱਤਾ ਗਿਆ, ਜਿਸ ਕਾਰਨ ਮੁਲਾਜ਼ਮਾਂ ਵਿੱਚ ਰੋਸ ਦੀ ਲਹਿਰ ਪਾਈ ਜਾ ਰਹੀ ਹੈ।ਸਾਂਝਾ ਮੁਲਾਜ਼ਮ ਮੰਚ ਅਤੇ ਸਾਂਝਾ ਮੁਲਾਜ਼ਮ ਤੇ ਪੈਨਸ਼ਨਰ ਫਰੰਟ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਫੈਸਲਾ ਲਿਆ ਗਿਆ ਹੈ ਕਿ 10 ਅਕਤੂਬਰ ਨੂੰ ਮੁੱਖ ਮੰਤਰੀ ਦੇ ਹਲਕੇ ਸੰਗਰੂਰ ਵਿਖੇ ਇੱਕ ਵਿਸ਼ਾਲ ਮਹਾਂ ਰੋਸ ਰੈਲੀ ਕੀਤੀ ਜਾਏਗੀ। ਇਸ ਰੈਲੀ ਵਿੱਚ ਮੁਲਾਜ਼ਮਾਂ ਵੱਲੋਂ ਵੱਡਾ ਇਕੱਠ ਕਰਕੇ ਪਿਛਲੇ ਸਾਰੇ ਰਿਕਾਰਡ ਤੋੜੇ ਜਾਣਗੇ, ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕੀਤਾ ਜਾਵੇਗਾ ਤੇ ਪੰਜਾਬ ਸਰਕਾਰ ਦਾ ਮੁਲਾਜ਼ਮ ਵਿਰੋਧੀ ਚਿਹਰਾ ਨੰਗਾ ਕੀਤਾ ਜਾਵੇਗਾ।ਮਾਸਟਰ ਕੇਡਰ ਯੂਨੀਅਨ ਵੱਲੋਂ ਵੱਡੀ ਗਿਣਤੀ ਵਿੱਚ 10 ਅਕਤੂਬਰ ਦੀ ਰੈਲੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਇਸ ਸਮੇਂ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ ਲੋਹਗੜ੍ਹ ਬਲਾਕ ਪ੍ਰਧਾਨ, ਨਿਰਮਲਜੀਤ ਸਿੰਘ ਬਲਾਕ ਪ੍ਰਧਾਨ, ਸੰਦੀਪ ਬਲਾਕ ਪ੍ਰਧਾਨ, ਅਰੁਣ ਕੁਮਾਰ ਬਲਾਕ ਪ੍ਰਧਾਨ, ਗੁਰਦੀਪ ਸਿੰਘ ਪੀਟਰ, ਲਖਵੀਰ ਸਿੰਘ ਕਰਨੈਲ ਸਿੰਘ, ਛਿੰਦਰਪਾਲ ਸਿੰਘ, ਰਾਜੇਸ਼ ਕੁਮਾਰ ਆਦਿ ਹਾਜ਼ਰ ਸਨ।

# ਵਰਲਡ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਚਾਰ ਤਮਗੇ ਜਿੱਤੇ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਗੱਤਕਾ ਖਿਡਾਰੀਆਂ ਨੇ ਸ੍ਰੀਨਗਰ, ਜੰਮੂ-ਕਸ਼ਮੀਰ ਵਿਖੇ ਕਰਵਾਈ ਗਈ 10ਵੀਂ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਯੂਨੀਵਰਸਿਟੀ ਦਾ ਨਾਂਅ ਰੌਸ਼ਨ ਕੀਤਾ।ਗੱਤਕਾ ਫੈਡਰੇਸ਼ਨ ਆਫ ਇੰਡੀਆ ਵੱਲੋਂ 29 ਸਤੰਬਰ ਤੋਂ 1 ਅਕਤੂਬਰ ਤੱਕ ਸ਼ੇਰ-ਏ-ਕਸ਼ਮੀਰ ਇੰਡੋਰ ਸਟੇਡੀਅਮ, ਸ੍ਰੀਨਗਰ ਵਿਖੇ ਕਰਾਈ ਗਈ ਇਸ ਚੈਂਪੀਅਨਸ਼ਿਪ ਵਿੱਚ ਦੇਸ਼ ਭਰ ਤੋਂ 500 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ।ਚੈਂਪੀਅਨਸ਼ਿਪ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਚਾਰ ਖਿਡਾਰੀਆਂ ਨੇ ਆਪੋ-ਆਪਣੀਆਂ ਸੂਬਾਈ ਟੀਮਾਂ ਦੀ ਨੁਮਾਇੰਦਗੀ ਕਰਦਿਆਂ ਇੱਕ ਸੋਨੇ, ਦੋ ਚਾਂਦੀ ਤੇ ਇੱਕ ਕਾਂਸੀ ਦਾ ਤਮਗਾ ਜਿੱਤਿਆ।

ਅਗਮਜੋਤ ਸਿੰਘ, ਬੀਪੀਈਐੱਸ ਪਹਿਲਾ ਸਾਲ ਨੇ ਸੋਨੇ ਦਾ ਤਮਗਾ, ਜੀਵਨਜੋਤ ਸਿੰਘ, ਡਿਪਲੋਮਾ ਇਨ ਗੱਤਕਾ ਤੇ ਜੁਗਜੀਤ ਸਿੰਘ, ਬੀਸੀਏ ਪਹਿਲਾ ਸਾਲ ਨੇ ਚਾਂਦੀ ਦੇ ਤਮਗੇ, ਜਦਕਿ ਹਰਲੀਨ ਸਿੰਘ, ਐੱਮਪੀਐੱਡ ਫਾਈਨਲ ਸਾਲ ਨੇ ਕਾਂਸੀ ਦਾ ਤਮਗਾ ਜਿੱਤਿਆ।ਇਸ ਸ਼ਾਨਦਾਰ ਪ੍ਰਾਪਤੀ 'ਤੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਗੱਤਕਾ ਖਿਡਾਰੀਆਂ ਦਾ ਸਨਮਾਨ ਕਰਦਿਆਂ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਤੇ ਵਿਸ਼ੇਸ਼ ਤੌਰ 'ਤੇ ਸਿੱਖ ਮਾਰਸ਼ਲ ਆਰਟ ਗੱਤਕਾ ਨੂੰ ਉਤਸ਼ਾਹਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਵਿੱਚ ਖੇਡ ਭਾਵਨਾ, ਅਨੁਸ਼ਾਸਨ ਤੇ ਆਤਮ-ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦੀਆਂ ਹਨ।ਉਨ੍ਹਾਂ ਦੱਸਿਆ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਤੇ ਡਾ. ਐੱਸ ਪੀ ਸਿੰਘ ਓਬਰਾਏ ਦੇ ਸਹਿਯੋਗ ਨਾਲ ਯੂਨੀਵਰਸਿਟੀ ਵਿੱਚ ਇੱਕ ਸਾਲਾ ਡਿਪਲੋਮਾ ਇਨ ਗੱਤਕਾ ਕੋਰਸ ਵੀ ਚਲਾਇਆ ਜਾ ਰਿਹਾ ਹੈ।ਇਸ ਕੋਰਸ ਰਾਹੀਂ ਨੌਜਵਾਨਾਂ ਨੂੰ ਗੱਤਕਾ ਦੀ ਵਿਧੀਵਤ ਸਿਖਲਾਈ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਸਿੱਖ ਮਾਰਸ਼ਲ ਆਰਟ ਦੀ ਵਿਰਾਸਤ ਨਾਲ ਜੋੜਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ।ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਵਿਭਾਗ ਮੁਖੀ ਡਾ. ਵਰਿੰਦਰ ਸਿੰਘ ਭੁੱਲਰ, ਗੱਤਕਾ ਖਿਡਾਰੀਆਂ ਤੇ ਕੋਚ ਤਲਵਿੰਦਰ ਸਿੰਘ ਨੂੰ ਵੀ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ।

# 52 ਕਿੱਲੋ ਭੁੱਕੀ ਸਮੇਤ ਔਰਤ ਕਾਬੂ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਥਾਣਾ ਸਰਹਿੰਦ ਦੀ ਪੁਲਿਸ ਵੱਲੋਂ ਇੱਕ ਔਰਤ ਨੂੰ 52 ਕਿੱਲੋ ਭੁੱਕੀ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਦੀ ਸੂਚਨਾ ਹੈ।ਐਸ.ਐਚ.ਓ. ਇੰਸਪੈਕਟਰ ਅਸ਼ੋਕ ਕੁਮਾਰ ਨੇ ਦੱਸਿਆ ਕਿ ਇੱਕ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਸਰਵਿਸ ਰੋਡ ਤੋਂ ਲੰਘ ਰਹੀ ਸੀ ਤਾਂ ਤਰਖਾਨ ਮਾਜਰਾ ਨੇੜੇ ਕੱਚੇ ਥਾਂ ਤੇ ਇੱਕ ਮਹਿਲਾ ਦੋ ਵੱਡੇ ਥੈਲੇ ਲੈ ਕੇ ਸ਼ੱਕੀ ਹਾਲਤ ਵਿੱਚ ਬੈਠੀ ਦਿਖਾਈ ਦਿੱਤੀ, ਜਿਸ ਨੇ ਪੁਲਸ ਕ੍ਰਮਚਾਰੀਆਂ ਨੂੰ ਨੇੜੇ ਆਉਂਦਾ ਦੇਖ ਕੇ ਜਦੋਂ ਉੱਥੋਂ ਖਿਸਕਣ ਦੀ ਕੋਸ਼ਿਸ਼ ਕੀਤੀ ਤਾਂ ਸ਼ੱਕ ਦੇ ਅਧਾਰ 'ਤੇ ਉਕਤ ਔਰਤ ਨੂੰ ਕਾਬੂ ਕਰਕੇ ਉਸਦਾ ਨਾਮ ਪਤਾ ਪੁੱਛਿਆ ਗਿਆ, ਜਿਸ ਨੇ ਆਪਣੀ ਪਛਾਣ ਪਿੰਕੀ ਪਤਨੀ ਕੁਲਦੀਪ ਸਿੰਘ ਵਾਸੀ ਖਮਾਣੋਂ ਹਾਲ ਕਿਰਾਏਦਾਰ ਨੇੜੇ ਖੱਟੜਾ ਸਕੂਲ ਸਰਹਿੰਦ ਵਜੋਂ ਦੱਸੀ।ਉਸਦੇ ਕਬਜ਼ੇ ਵਾਲੇ ਪਲਾਸਟਿਕ ਦੇ ਥੈਲਿਆਂ ਦੀ ਤਲਾਸ਼ੀ ਦੌਰਾਨ ਦੋਵਾਂ ਥੈਲਿਆਂ ਵਿੱਚੋਂ 26-26 ਕਿੱਲੋ (ਕੁੱਲ 52 ਕਿੱਲੋ) ਭੁੱਕੀ ਬਰਾਮਦ ਹੋਈ।ਐਸ.ਐਚ.ਓ. ਅਸ਼ੋਕ ਕੁਮਾਰ ਨੇ ਦੱਸਿਆ ਕਿ ਇਸ ਸਬੰਧੀ ਥਾਣਾ ਸਰਹਿੰਦ ਵਿਖੇ ਅ/ਧ 15(ਸੀ)/61/85 ਐਨ ਡੀ ਪੀ ਐਸ ਐਕਟ ਤਹਿਤ ਦਰਜ ਕਰਾਏ ਗਏ ਮੁਕੱਦਮੇ ਵਿੱਚ ਪਿੰਕੀ ਨੂੰ ਗ੍ਰਿਫਤਾਰ ਕਰਕੇ ਕੀਤੀ ਗਈ ਮੁੱਢਲੀ ਪੁੱਛਗਿੱਛ ਦੌਰਾਨ ਖੁਲਾਸਾ ਹੋਇਆ ਕਿ ਉਸਦਾ ਪਤੀ ਕੁਲਦੀਪ ਸਿੰਘ ਭੁੱਕੀ ਖਰੀਦ ਕੇ ਲਿਆਉਂਦਾ ਹੈ ਤੇ ਇਹ ਦੋਵੇਂ ਪਤੀ ਪਤਨੀ ਅੱਗੇ ਲੋਕਾਂ ਨੂੰ ਭੁੱਕੀ ਸਪਲਾਈ ਕਰਦੇ ਸਨ, ਜਿਸ 'ਤੇ ਕੁਲਦੀਪ ਸਿੰਘ ਨੂੰ ਵੀ ਇਸ ਮੁਕੱਦਮੇ ਵਿੱਚ ਨਾਮਜ਼ਦ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ।ਥਾਣਾ ਸਰਹਿੰਦ ਦੇ ਸਬ-ਇੰਸਪੈਕਟਰ ਜਸਪਾਲ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਜਾਰੀ ਹੈ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

**ਨਿਵਿਦਾ ਸੂਚਨਾ ਨੰ. 433-ਸਿਗ- ਟੀ-54-26-27 ਮਿਤੀ: 09.10.2026**
**ਬੰਦ ਹੋਣ ਦੀ ਮਿਤੀ/ਸਮਾਂ: 30.10.2026 15:00 ਵਜੇ**

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-54/26-27 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 30.10.2026 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।

ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।
ਐਨ.ਆਈ.ਟੀ

ਕੰਮ ਦਾ ਨਾਮ : ਫਿਰੋਜਪੁਰ ਡਵੀਜਨ ਦੇ ਲੁਧਿਆਣਾ ਅਤੇ ਅੰਮ੍ਰਿਤਸਰ ਸਟੇਸ਼ਨਾਂ ਉਤੇ ਦਿਵਯਾਂਗਜਨਾ ਦੇ ਲਈ ਡਿਜਿਟਲ ਸਾਈਨ ਲੈਂਗਵੇਜ ਸੂਚਨਾ ਪ੍ਰਣਾਲੀ ਦਾ ਪ੍ਰਬੰਧ ਕਰਨ ਦਾ ਕੰਮ।

| | | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 30/10/2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 08/10/2026 18:50 |
| ਅੰਦਾਜਨ ਕੀਮਤ | 3550491.79 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | 16/10/2026 |
| ਬਿਆਨਾ ਰਾਸ਼ੀ (ਰੁ.) | 71000.00 | ਕੰਮ ਪੂਰਾ ਕਰਨ ਦਾ ਸਮਾਂ | 6 ਮਹੀਨੇ |

ਨੋਟ: ਨਿਵਿਦਾਕਰਤਾ ਰੈਗੁਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸੋਧ ਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ। 3522/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

**ਨਿਵਿਦਾ ਸੂਚਨਾ ਨੰ. : 180,181-2026-27-ADEN-JRC & 182-2026-27-ADEN-LDH & 183, 184-2026-27-SrDEN-I-FZR ਤਾਰੀਕ :** ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 02.11.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 08.10.2026 | 19.10.2026 | 02.11.2026 / 15:00 ਵਜੇ |

| ਲ.ਨੰ. | ਨਿਵਿਦਾ ਨੰ. | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 180-2026-27-ADEN-JRC | ਫਿਰੋਜਪੁਰ ਡਵੀਜਨ ਦੇ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਨਕੋਦਰ ਸੇਕਸ਼ਨ ਵਿਚ ਨਾਨ-ਇੰਟਰਲਾਕ ਲੇਵਲ ਕ੍ਰਾਸਿੰਗ ਗੇਟਸ (TVU 10,000 ਤੋਂ 20,000 ਦੇ ਵਿਚਕਾਰ) ਤੇ ਗੇਟ ਸਿਗਨਲਿੰਗ ਦੇ ਲਈ 7 ਲੇਵਲ ਕ੍ਰਾਸਿੰਗ ਤੇ ਰਿਲੇ ਹਟ ਦਾ ਪ੍ਰਬੰਧ, ਟਾਈਪ ਪਲਾਨ ਨੰਬਰ NRHQ ਪਲਾਨ ਨੰਬਰ 0-97/2017/R1 ਦੇ ਅਨੁਸਾਰ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 8984455.14 | 179700.00 | 60 ਦਿਨ | 08 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਪ੍ਰੀ-ਕਾਸਟ PSC/RCC ਪੈਨਲ ਨਾਲ ਬਣਿਆ ਕੋਈ ਵੀ ਸਟ੍ਰਕਚਰਲ ਕੰਮ।" | | | |
| 2 | 181-2026-27-ADEN-JRC | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਅਤੇ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਨਕੋਦਰ ਦੇ ਤਹਿਤ, ਫਿਰੋਜਪੁਰ ਡਵੀਜਨ ਵਿਚ ਨਾਨ-ਇੰਟਰਲਾਕ ਲੇਵਲ ਕ੍ਰਾਸਿੰਗ ਗੇਟਸ (TVU 10,000 ਤੋਂ 20,000 ਦੇ ਵਿਚਕਾਰ) ਤੇ ਗੇਟ ਸਿਗਨਲਿੰਗ ਦੇ ਲਈ 6 ਲੇਵਲ ਕ੍ਰਾਸਿੰਗ ਤੇ ਰਿਲੇ ਹਟ ਦਾ ਪ੍ਰਬੰਧ (ਟਾਈਪ ਪਲਾਨ ਨੰਬਰ HQ/01/02-2017/R-1 ਦੇ ਅਨੁਸਾਰ)। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 10895441.97 | 217900.00 | 60 ਦਿਨ | 08 ਮਹੀਨੇ |
| | | ਸਮਾਨ ਨੇਚਰ ਦਾ ਕੰਮ: 'ਇਮਾਰਤ/ਆਵਾਸ ਦੀ ਉਸਾਰੀ।' | | | |
| 3 | 182-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਪੀ-ਵੇ/ਲੁਧਿਆਣਾ ਸੈਕਸ਼ਨ ਵਿਚ ਯਾਰਡ ਅਤੇ ਬਲਾਕ ਸੇਕਸ਼ਨ ਵਿਚ ਪੀ-ਵੇ ਨਾਲ ਜੁੜੇ ਵਖ-ਵਖ ਕੰਮ ਅਤੇ ਕਚਰਾ ਬੀਨਣ ਦਾ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 16597935.52 | 332000.00 | 60 ਦਿਨ | 10 ਮਹੀਨੇ |
| | | ਸਮਾਨ ਨੇਚਰ ਦਾ ਕੰਮ:- CTR/TRR/TFR/TTR, ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, ਸਕ੍ਰੀਨਿੰਗ, ਟ੍ਰੈਕ ਦਾ ਸਟ੍ਰੇਸ ਹਟਾਉਣਾ (destressing) ਅਤੇ ਟ੍ਰੈਕ ਮੇਂਟਨੇਂਸ ਮਸ਼ੀਨਾਂ (ਜਿਵੇਂ ਟੈਂਪਿੰਗ ਮਸ਼ੀਨ, ਬੈਲਾਸਟ ਸਕ੍ਰੀਨਿੰਗ/ਰੇਗੂਲੇਅਿੰਗ ਮਸ਼ੀਨ) ਦੇ ਲਈ ਪ੍ਰੀ-ਅਤੇ ਪੋਸਟ-ਵਰਕ ਸ਼ਾਮਲ ਹਨ, ਨਾਲ ਹੀ ਟੀ28 ਤੋਂ ਟੀਟੀਆਰ ਕੰਮ ਵੀ ਸ਼ਾਮਲ ਹੈ। | | | |
| 4 | 183-2026-27-SrDEN-I-FZR | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ 37 ਲੇਵਲ ਕ੍ਰਾਸਿੰਗ ਤੇ ਰਬਰਾਈਜਡ ਸਤਹਾ ਦਾ ਪ੍ਰਬੰਧ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 44181068.41 | 883600.00 | 60 ਦਿਨ | 10 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਸੜਕ ਦਾ ਕੰਮ ਜਾਂ LC ਗੇਟ ਰੋਡ ਜਾਂ ਵੇਵਿੰਗ ਦਾ ਕੰਮ।" | | | |
| 5 | 184-2026-27-SrDEN-I-FZR | ਸੀਨੀਅਰ ਮੰਡਲ ਇੰਜੀਨੀਅਰ-ਤੀਜਾ/ਫਿਰੋਜਪੁਰ ਸੈਕਸ਼ਨ ਵਿਚ 76 ਲੇਵਲ ਕ੍ਰਾਸਿੰਗ ਤੇ ਰਬਰ ਲਗਾਉਣ ਦਾ ਕੰਮ ਦੇ ਸਿਲਸਿਲੇ ਵਿਚ ਸਹਾਇਕ ਮੰਡਲ ਇੰਜੀਨੀਅਰ/ਜਾਲੰਧਰ ਕੈਂਟ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਪੀ-ਵੇ/ਨਕੋਦਰ ਸੈਕਸ਼ਨ ਵਿਚ 21 ਲੇਵਲ ਕ੍ਰਾਸਿੰਗ ਤੇ ਰਬਰ ਲਗਾਉਣ ਦਾ ਕੰਮ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 19941315.23 | 398800.00 | 60 ਦਿਨ | 08 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਸੜਕ ਦਾ ਕੰਮ ਜਾਂ LC ਗੇਟ ਰੋਡ ਜਾਂ ਵੇਵਿੰਗ ਦਾ ਕੰਮ।" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨਹੀ ਮਾਨਯ ਹੋਣਗੇ। ਨਿਵਿਦਾ ਸੂਚਨਾ ਪੱਤਰ ਨੰ.: 3523/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ☛ ਰੇਲਯਾਤਰੀ ਕਿਰਪਾ ਧਿਆਨ ਦੇਣ! ☚

### ਮਹੱਤਵਪੂਰਨ ਜਾਣਕਾਰੀ

### ਤਿਉਹਾਰ ਵਿਸ਼ੇਸ਼ ਰੇਲਗੱਡੀਆਂ-2026 ਵਿਚ ਵਾਧਾ

ਰੇਲਯਾਤਰੀਆਂ ਦੇ ਸੁਵਿਧਾਜਨਕ ਆਉਣ ਜਾਣ ਲਈ ਪਹਿਲਾਂ ਐਲਾਨ ਤਿਉਹਾਰ ਵਿਸ਼ੇਸ਼ ਰੇਲਗੱਡੀਆਂ ਦੇ ਨਾਲ-ਨਾਲ ਰੇਲਵੇ ਦੁਆਰਾ ਹੇਠਾਂ ਲਿਖਤ ਤਿਉਹਾਰ ਵਿਸ਼ੇਸ਼ ਰੇਲਗੱਡੀਆਂ ਵੀ ਹੇਠਾਂ ਦਿਤੇ ਗਏ ਟਾਈਮ-ਟੇਬਲ ਦੇ ਅਨੁਸਾਰ ਸੰਚਾਲਿਤ ਕੀਤੀਆਂ ਜਾਣਗੀਆਂ:-

**04064/04063 ਦਿੱਲੀ ਜੰ.-ਗਯਾ ਜੰ.-ਦਿੱਲੀ ਜੰ. ਰੀਜ਼ਰਵ ਤਿਉਹਾਰ ਵਿਸ਼ੇਸ਼ ਐਕਸਪ੍ਰੈਸ (ਹਫਤੇ ਵਿਚ 6 ਦਿਨ) — 88 ਫੇਰੇ**

| ਰੇਲਗੱਡੀ ਨੰ.04064 ਪਹੁੰਚ | ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ.04063 ਪਹੁੰਚ | ਰਵਾਨਗੀ |
|---|---|---|---|---|
| --- | 11:00 | ਦਿੱਲੀ ਜੰ. | 08:00 | --- |
| 07:15 | --- | ਗਯਾ ਜੰ. | --- | 09:15 |

**ਚੱਲਣ ਦੇ ਦਿਨ: 04064 ਦਿੱਲੀ ਜੰ. ਤੋਂ 11.10.2026 ਤੋਂ 30.11.2026 ਤਕ** (ਸ਼ਨੀਵਾਰ ਛੱਡ ਕੇ) ਨੂੰ ਅਤੇ **04063 ਗਯਾ ਜੰ.** ਤੋਂ ਮਿਤੀ 12.10.2026 ਅਤੇ 01.12.2026 ਤਕ (ਐਤਵਾਰ ਛੱਡ ਕੇ)।
**ਸਥਾਨ:** 2 ਟੀਯਰ ਏਸੀ., 3 ਟੀਯਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ :** ਨਵੀਂ ਦਿੱਲੀ, ਟੂੰਡਲਾ ਜੰ., ਗੋਵਿੰਦਪੁਰੀ, ਸੂਬੇਦਾਰਗੰਜ, ਪੰ. ਦੀਨ ਦਿਆਲ ਉਪਾਧਿਆਏ ਜੰ., ਭਭੂਆ ਰੋਡ, ਸਾਸਾਰਾਮ, ਡੇਹਰੀ-ਆਨ-ਸੋਨ ਅਤੇ ਅਨੁਗ੍ਰਹ ਨਾਰਾਯਨ ਰੋਡ ਸਟੇਸ਼ਨ।

**04088/04087 ਨਵੀਂ ਦਿੱਲੀ-ਪਟਨਾ ਜੰ.-ਨਵੀਂ ਦਿੱਲੀ ਰੀਜ਼ਰਵ ਤਿਉਹਾਰ ਵਿਸ਼ੇਸ਼ ਐਕਸਪ੍ਰੈਸ (ਰੋਜਾਨਾ) — 104 ਫੇਰੇ**

| ਰੇਲਗੱਡੀ ਨੰ. 04088 ਪਹੁੰਚ | ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ. 04087 ਪਹੁੰਚ | ਰਵਾਨਗੀ |
|---|---|---|---|---|
| --- | 15:50 | ਨਵੀਂ ਦਿੱਲੀ | 13:30 | --- |
| 12:45 | --- | ਪਟਨਾ ਜੰ. ਜੰ. | --- | 15:10 |

**ਚੱਲਣ ਦੇ ਦਿਨ: 04088 ਨਵੀਂ ਦਿੱਲੀ ਤੋਂ 10.10.2026 ਤੋਂ 30.11.2026 ਤਕ** (ਰੋਜਾਨਾ) ਨੂੰ ਅਤੇ 04087 ਪਟਨਾ ਜੰ. ਤੋਂ ਮਿਤੀ 11.10.2026 ਅਤੇ 01.12.2026 ਤਕ (ਰੋਜਾਨਾ)
**ਸਥਾਨ:** 2 ਟੀਯਰ ਏਸੀ., 3 ਟੀਯਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ :** ਟੂੰਡਲਾ ਜੰ., ਗੋਵਿੰਦਪੁਰੀ, ਪ੍ਰਯਾਗਰਾਜ ਜੰ., ਪੰ. ਦੀਨ ਦਿਆਲ ਉਪਾਧਿਆਏ ਜੰ., ਦਿਲਦਾਰ ਨਗਰ ਜੰ., ਬਕਸਰ, ਰਘੁਨਾਥਪੁਰ ਅਤੇ ਆਰਾ ਜੰ. ਸਟੇਸ਼ਨ।

**01483/01484 ਖੜਕੀ-ਹਜ਼ਰਤ ਨਿਜਾਮੁਦੀਨ-ਖੜਕੀ ਸੁਪਰਫਾਸਟ ਵਿਸ਼ੇਸ਼ (ਹਫਤੇ ਵਿਚ 2 ਦਿਨ) — 26 ਫੇਰੇ**

| ਰੇਲਗੱਡੀ ਨੰ. 01483 ਪਹੁੰਚ | ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ. 01484 ਪਹੁੰਚ | ਰਵਾਨਗੀ |
|---|---|---|---|---|
| --- | 17:30 | ਖੜਕੀ | 22:15 | --- |
| 18:10 | --- | ਹਜ਼ਰਤ ਨਿਜਾਮੁਦੀਨ | --- | 22:10 |

**ਚੱਲਣ ਦੇ ਦਿਨ: 01483 ਖੜਕੀ ਤੋਂ 09.10.2026 ਤੋਂ 20.11.2026 ਤਕ** (ਹਰੇਕ ਮੰਗਲਵਾਰ, ਸ਼ੁਕਰਵਾਰ) ਨੂੰ ਅਤੇ **01484 ਹਜ਼ਰਤ ਨਿਜਾਮੁਦੀਨ ਤੋਂ ਮਿਤੀ 10.10.2026 ਅਤੇ 21.11.2026** ਤਕ (ਹਰੇਕ ਬੁਧਵਾਰ, ਸ਼ਨੀਵਾਰ) ਨੂੰ।
**ਸਥਾਨ:** 2 ਟੀਯਰ ਏਸੀ. ਅਤੇ 3 ਟੀਯਰ ਏਸੀ.
**ਠਹਿਰਾਓ :** ਲੋਨਾਵਲਾ, ਕਲਯਾਨ ਜੰ., ਭਿਵੰਡੀ ਰੋਡ, ਵਸਈ ਰੋਡ, ਪਾਲਘਰ, ਵਾਪੀ, ਵਲਸਾਡ, ਸੂਰਤ, ਵਡੋਦਰਾ ਜੰ., ਰਤਲਾਮ ਜੰ., ਭਵਾਨੀ ਮੰਡੀ, ਕੋਟਾ ਜੰ., ਸਵਾਈ ਮਾਧੋਪੁਰ ਅਤੇ ਮਥੁਰਾ ਜੰ. ਸਟੇਸ਼ਨ।

**04221/04222 ਵਾਰਾਨਸੀ ਜੰ.-ਬਠਿੰਡਾ ਜੰ.-ਵਾਰਾਨਸੀ ਜੰ. ਰੀਜ਼ਰਵ ਵਿਸ਼ੇਸ਼ ਐਕਸਪ੍ਰੈਸ (ਹਫਤਾਵਾਰੀ) — 14 ਫੇਰੇ**

| ਰੇਲਗੱਡੀ ਨੰ. 04221 ਪਹੁੰਚ | ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ. 04222 ਪਹੁੰਚ | ਰਵਾਨਗੀ |
|---|---|---|---|---|
| --- | 20:40 | ਵਾਰਾਨਸੀ ਜੰ. | 17:30 | --- |
| 17:00 | --- | ਬਠਿੰਡਾ ਜੰ. | --- | 20:50 |

**ਚੱਲਣ ਦੇ ਦਿਨ: 04221 ਵਾਰਾਨਸੀ ਜੰ. ਤੋਂ** 11.10.2026 ਤੋਂ 22.11.2026 ਤਕ (ਹਰੇਕ ਸ਼ਨੀਵਾਰ) ਨੂੰ ਅਤੇ 04222 ਬਠਿੰਡਾ ਜੰ. ਤੋਂ ਮਿਤੀ 12.10.2026 ਅਤੇ 23.11.2026 ਤਕ (ਹਰੇਕ ਸੋਮਵਾਰ) ਨੂੰ।
**ਸਥਾਨ:** 3 ਟੀਯਰ ਏਸੀ., ਇਕੋਨਾਮੀ ਅਤੇ ਜਨਰਲ
**ਠਹਿਰਾਓ :** ਮਾਂ ਬੇਲਹਾ ਦੇਵੀ ਧਾਮ ਪ੍ਰਤਾਪਗੜ੍ਹ ਜੰ., ਰਾਯਬਰੇਲੀ ਜੰ., ਓਤਰੇਟਿਯਾ ਜੰ., ਆਲਮ ਨਗਰ, ਬਰੇਲੀ ਜੰ., ਮੁਰਾਦਾਬਾਦ ਜੰ., ਨਜੀਬਾਬਾਦ ਜੰ., ਸਹਾਰਨਪੁਰ ਜੰ., ਯਮੁਨਾਨਗਰ ਜਗਾਧਰੀ, ਅੰਬਾਲਾ ਕੈਂਟ, ਰਾਜਪੁਰਾ ਜੰ., ਪਟਿਆਲਾ, ਧੂਰੀ ਜੰ., ਬਰਨਾਲਾ ਅਤੇ ਰਾਮਪੁਰਾ ਫੂਲ ਸਟੇਸ਼ਨ।

**04634/04633 ਫਿਰੋਜਪੁਰ ਕੈਂਟ-ਪੂਰਨੀਆਂ ਜੰ. ਫਿਰੋਜਪੁਰ ਕੈਂਟ ਰੀਜ਼ਰਵ ਵਿਸ਼ੇਸ਼ ਐਕਸਪ੍ਰੈਸ (ਹਫਤਾਵਾਰੀ) — 15 ਫੇਰੇ**

| ਰੇਲਗੱਡੀ ਨੰ. 04634 ਪਹੁੰਚ | ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ. 04633 ਪਹੁੰਚ | ਰਵਾਨਗੀ |
|---|---|---|---|---|
| --- | 17:30 | ਫਿਰੋਜਪੁਰ ਕੈਂਟ | 16:35 | --- |
| 03:00 | --- | ਪੂਰਨੀਆਂ ਜੰ. | --- | 06:00 |

**ਚੱਲਣ ਦੇ ਦਿਨ: 04634 ਫਿਰੋਜਪੁਰ ਕੈਂਟ ਤੋਂ** 15.10.2026 ਤੋਂ 26.11.2026 ਤਕ (ਹਰੇਕ ਵੀਰਵਾਰ) ਨੂੰ ਅਤੇ **04633 ਪੂਰਨੀਆਂ ਜੰ.** ਤੋਂ ਮਿਤੀ 10.10.2026 ਅਤੇ 28.11.2026 ਤਕ (ਹਰੇਕ ਸ਼ਨੀਵਾਰ) ਨੂੰ।
**ਸਥਾਨ:** 3 ਟੀਯਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ :** ਮੱਖੂ, ਲੋਹਿਯਾਂ ਖਾਸ ਜੰ., ਨਕੋਦਰ ਜੰ., ਫਿਲੌਰ ਜੰ., ਢੰਡਾਰੀ ਕਲਾਂ, ਚੰਡੀਗੜ, ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ ਜੰ., ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਸੀਤਾਪੁਰ ਜੰ., ਗੋਂਡਾ ਜੰ. ਗੋਰਖਪੁਰ, ਛਪਰਾ, ਸੋਨਪੁਰ, ਹਾਜੀਪੁਰ ਜੰ., ਸ਼ਾਹਪੁਰ ਪਟੋਰੀ, ਬਰੌਨੀ ਜੰ., ਬੇਗੂਸਰਾਯ, ਖਗੜਿਯਾ ਜੰ., ਮਾਨਸੀ ਜੰ., ਨਵਗਛਿਯਾ ਅਤੇ ਕਟਿਹਾਰ ਜੰ. ਸਟੇਸ਼ਨ।

**07651/07652 ਜਾਲਨਾ-ਛਪਰਾ ਜੰ.-ਜਾਲਨਾ ਵਿਸ਼ੇਸ਼ ਐਕਸਪ੍ਰੈਸ (ਹਫਤਾਵਾਰੀ) — 07 ਫੇਰੇ**

| ਰੇਲਗੱਡੀ ਨੰ. 07651 ਪਹੁੰਚ | ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ. 07652 ਪਹੁੰਚ | ਰਵਾਨਗੀ |
|---|---|---|---|---|
| --- | 23:35 | ਜਾਲਨਾ | 09:50 | --- |
| 03:15 | 03:25 | ਵਾਰਾਨਸੀ ਜੰ. | 03:10 | 03:15 |
| 09:35 | --- | ਛਪਰਾ ਜੰ. | --- | 21:00 |

**ਚੱਲਣ ਦੇ ਦਿਨ: 07651 ਜਾਲਨਾ ਤੋਂ 14.10.2026 ਤੋਂ 28.10.2026** ਤਕ (ਹਰੇਕ ਬੁਧਵਾਰ) ਨੂੰ ਅਤੇ **07652 ਛਪਰਾ ਜੰ.** ਤੋਂ ਮਿਤੀ 09.10.2026 ਅਤੇ 30.10.2026 ਤਕ (ਹਰੇਕ ਸ਼ੁਕਰਵਾਰ) ਨੂੰ।
**ਸਥਾਨ:** 2 ਟੀਯਰ ਏਸੀ., 3 ਟੀਯਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ :** ਛਤਰਪਤੀ ਸੰਭਾਜੀਨਗਰ, ਨਾਗਰਸੋਲ, ਮਨਮਾਡ ਜੰ., ਭੁਸਾਵਲ ਜੰ., ਖੰਡਵਾ ਜੰ., ਹਰਦਾ, ਇਟਾਰਸੀ ਜੰ., ਪਿਪਰਿਯਾ, ਗਾਡਰਵਾਰਾ, ਨਰਸਿੰਘਪੁਰ, ਜਬਲਪੁਰ, ਕਟਨੀ ਜੰ., ਮੈਹਰ ਸਤਨਾ ਜੰ., ਮਾਨਿਕਪੁਰ ਜੰ., ਪ੍ਰਯਾਗਰਾਜ ਛਿਵਕੀ, ਜੌਨਪੁਰ ਜੰ., ਔੜਿਹਾਰ ਜੰ., ਗਾਜੀਪੁਰ ਸਿਟੀ ਅਤੇ ਬਲਿਯਾ ਸਟੇਸ਼ਨ।।

**07621/07622 ਨਾਂਦੇੜ-ਹਜ਼ਰਤ ਨਿਜਾਮੁਦੀਨ-ਨਾਂਦੇੜ ਵਿਸ਼ੇਸ਼ ਐਕਸਪ੍ਰੈਸ (ਹਫਤਾਵਾਰੀ) — 14 ਫੇਰੇ**

| ਰੇਲਗੱਡੀ ਨੰ.07621 ਪਹੁੰਚ | ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ.07622 ਪਹੁੰਚ | ਰਵਾਨਗੀ |
|---|---|---|---|---|
| --- | 08:45 | ਨਾਂਦੇੜ | 00:35 | --- |
| 14:00 | --- | ਹਜ਼ਰਤ ਨਿਜਾਮੁਦੀਨ | --- | 21:40 |

**ਚੱਲਣ ਦੇ ਦਿਨ: 07621 ਨਾਂਦੇੜ ਤੋਂ 17.10.2026 ਤੋਂ 28.11.2026** ਤਕ (ਹਰੇਕ ਸ਼ਨੀਵਾਰ) ਨੂੰ ਅਤੇ **07622 ਹਜ਼ਰਤ ਨਿਜਾਮੁਦੀਨ** ਤੋਂ ਮਿਤੀ 18.10.2026 ਅਤੇ 29.11.2026 ਤਕ (ਹਰੇਕ ਐਤਵਾਰ) ਨੂੰ
**ਸਥਾਨ:** ਫਸਟ ਏਸੀ., 2 ਟੀਯਰ ਏਸੀ., 3 ਟੀਯਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ :** ਪੂਰਨਾ ਜੰ., ਪਰਭਨੀ, ਜੰ., ਸੇਲੂ, ਪਰਤੂਰ, ਜਾਲਨਾ, ਛਤਰਪਤੀ ਸੰਭਾਜੀਨਗਰ, ਮਨਮਾਡ ਜੰ., ਜਲਗਾਂਵ ਜੰ., ਭੁਸਾਵਲ ਜੰ. ਖੰਡਵਾ ਜੰ., ਇਟਾਰਸੀ ਜੰ., ਭੋਪਾਲ ਜੰ., ਬੀਨਾ ਜੰ., ਵੀਰਾਂਗਨਾ ਲਕਸ਼ਮੀਬਾਈ ਝਾਂਸੀ ਜੰ., ਗਵਾਲੀਅਰ ਜੰ., ਆਗਰਾ ਕੈਂਟ ਅਤੇ ਮਥੁਰਾ ਜੰ. ਸਟੇਸ਼ਨ।

**07021/07022 ਚਰਲਪੱਲੀ-ਹਜ਼ਰਤ ਨਿਜਾਮੁਦੀਨ-ਚਰਲਪੱਲੀ ਵਿਸ਼ੇਸ਼ ਐਕਸਪ੍ਰੈਸ (ਹਫਤਾਵਾਰੀ) — 14 ਫੇਰੇ**

| ਰੇਲਗੱਡੀ ਨੰ. 07021 ਪਹੁੰਚ | ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ. 07022 ਪਹੁੰਚ | ਰਵਾਨਗੀ |
|---|---|---|---|---|
| --- | 19:20 | ਚਰਲਪੱਲੀ | 13:50 | --- |
| 02:00 | --- | ਹਜ਼ਰਤ ਨਿਜਾਮੁਦੀਨ | --- | 04:00 |

**ਚੱਲਣ ਦੇ ਦਿਨ: 07021 ਚਰਲਪੱਲੀ ਤੋਂ 19.10.2026 ਅਤੇ 30.11.2026** ਤਕ (ਹਰੇਕ ਸੋਮਵਾਰ) ਨੂੰ ਅਤੇ **07022 ਹਜ਼ਰਤ ਨਿਜਾਮੁਦੀਨ** ਤੋਂ ਮਿਤੀ 21.10.2026 ਅਤੇ 02.11.2026 (ਹਰੇਕ ਬੁਧਵਾਰ) ਨੂੰ
**ਸਥਾਨ:** 2 ਟੀਯਰ ਏਸੀ., 3 ਟੀਯਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ :** ਕਾਜੀਪੇਟ ਜੰ., ਰਾਮਗੁੰਡਮ, ਮੰਚਿਯ੍ਰਾਲ, ਬੇਲਮਪੱਲੀ, ਸਿਰਪੁਰ ਕਾਗਜਨਗਰ, ਬਲਹਾਰਸ਼ਾਹ, ਨਾਗਪੁਰ ਜੰ., ਇਟਾਰਸੀ ਜੰ., ਭੋਪਾਲ ਜੰ., ਬੀਨਾ ਜੰ., ਵੀਰਾਂਗਨਾ ਲਕਸ਼ਮੀਬਾਈ ਝਾਂਸੀ ਜੰ., ਗਵਾਲੀਅਰ ਜੰ. ਧੌਲਪੁਰ, ਆਗਰਾ ਕੈਂਟ, ਮਥੁਰਾ ਜੰ. ਅਤੇ ਕੋਸੀ ਕਲਾਂ ਸਟੇਸ਼ਨ।।

**07023/07024 ਚਰਲਪੱਲੀ-ਹਜ਼ਰਤ ਨਿਜਾਮੁਦੀਨ-ਚਰਲਪੱਲੀ ਵਿਸ਼ੇਸ਼ ਐਕਸਪ੍ਰੈਸ (ਹਫਤਾਵਾਰੀ) — 12 ਫੇਰੇ**

| ਰੇਲਗੱਡੀ ਨੰ.07023 ਪਹੁੰਚ | ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ.07024 ਪਹੁੰਚ | ਰਵਾਨਗੀ |
|---|---|---|---|---|
| --- | 19:45 | ਚਰਲਪੱਲੀ | 17:45 | --- |
| 05:00 | --- | ਹਜ਼ਰਤ ਨਿਜਾਮੁਦੀਨ | --- | 07:15 |

**ਚੱਲਣ ਦੇ ਦਿਨ: 07023 ਚਰਲਪੱਲੀ ਤੋਂ 20.10.2026 ਅਤੇ 24.11.2026** ਤਕ (ਹਰੇਕ ਮੰਗਲਵਾਰ) ਨੂੰ ਅਤੇ **07024 ਹਜ਼ਰਤ ਨਿਜਾਮੁਦੀਨ ਤੋਂ ਮਿਤੀ 22.10.2026 ਅਤੇ 26.11.2026** (ਹਰੇਕ ਵੀਰਵਾਰ) ਨੂੰ
**ਸਥਾਨ:** 2 ਟੀਯਰ ਏਸੀ., 3 ਟੀਯਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ :** ਕਾਜੀਪੇਟ ਜੰ., ਰਾਮਗੁੰਡਮ, ਮੰਚਿਯ੍ਰਾਲ, ਬੇਲਮਪੱਲੀ, ਸਿਰਪੁਰ ਕਾਗਜਨਗਰ, ਬਲਹਾਰਸ਼ਾਹ, ਨਾਗਪੁਰ ਜੰ., ਇਟਾਰਸੀ ਜੰ., ਭੋਪਾਲ ਜੰ., ਬੀਨਾ ਜੰ., ਵੀਰਾਂਗਨਾ ਲਕਸ਼ਮੀਬਾਈ ਝਾਂਸੀ ਜੰ., ਗਵਾਲੀਅਰ ਜੰ. ਅਤੇ ਆਗਰਾ ਕੈਂਟ ਸਟੇਸ਼ਨ।।

**04083/04084 ਨਵੀਂ ਦਿੱਲੀ-ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਨਵੀਂ ਦਿੱਲੀ ਰੀਜ਼ਰਵ ਵਿਸ਼ੇਸ਼ (ਹਫਤਾਵਾਰੀ) — 04 ਫੇਰੇ**

| ਰੇਲਗੱਡੀ ਨੰ. 04083 ਪਹੁੰਚ | ਰਵਾਨਗੀ | ↓ ਸਟੇਸ਼ਨ ↑ | ਰੇਲਗੱਡੀ ਨੰ. 04084 ਪਹੁੰਚ | ਰਵਾਨਗੀ |
|---|---|---|---|---|
| --- | 14:00 | ਨਵੀਂ ਦਿੱਲੀ | 23:30 | --- |
| 03:00 | --- | ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ | --- | 10:00 |

**ਚੱਲਣ ਦੇ ਦਿਨ: 04083 ਨਵੀਂ ਦਿੱਲੀ ਤੋਂ 09.10.2026 ਅਤੇ 16.10.2026** (ਸ਼ੁਕਰਵਾਰ) ਨੂੰ ਅਤੇ **04084 ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਤੋਂ ਮਿਤੀ 10.10.2026 ਅਤੇ 17.10.2026** (ਸ਼ਨੀਵਾਰ) ਨੂੰ
**ਸਥਾਨ:** ਫਸਟ ਏਸੀ., 2 ਟੀਯਰ ਏਸੀ., 3 ਟੀਯਰ ਏਸੀ., ਸਲੀਪਰ ਅਤੇ ਜਨਰਲ
**ਠਹਿਰਾਓ :** ਸੋਨੀਪਤ, ਪਾਨੀਪਤ ਜੰ., ਕੁਰੁਕਸ਼ੇਤਰ ਜੰ., ਅੰਬਾਲਾ ਕੈਂਟ, ਢੰਡਾਰੀ ਕਲਾਂ, ਜਲੰਧਰ ਕੈਂਟ, ਪਠਾਨਕੋਟ ਕੈਂਟ, ਸ਼ਹੀਦ ਕੈਪਟਨ ਸੁਨੀਲ ਕੁਮਾਰ ਚੌਧਰੀ ਕਠੂਆ, ਜੰਮੂ ਤਵੀ ਅਤੇ ਸ਼ਹੀਦ ਕੈਪਟਨ ਤੁਸ਼ਾਰ ਮਹਾਜਨ ਸਟੇਸ਼ਨ।

**ਰੇਲਗੱਡੀ ਨੰਬਰ 04090/04092 ਨਵੀਂ ਦਿੱਲੀ-ਦਾਨਾਪੁਰ-ਨਵੀਂ ਦਿੱਲੀ ਵਾਯਾ ਦਿੱਲੀ ਜੰ. ਰੀਜ਼ਰਵ ਤਿਉਹਾਰ ਵਿਸ਼ੇਸ਼ ਸੁਪਰਫਾਸਟ ਦੀ ਬਦਲੀ ਫ੍ਰੀਕਵੇਂਸੀ ਅਤੇ ਚੱਲਣ ਦੀ ਮਿਆਦ ਵਿਚ ਵਿਸਥਾਰ**

| ਰੇਲਗੱਡੀ ਨੰਬਰ ਅਤੇ ਨਾਮ | ਵਰਤਮਾਨ ਫ੍ਰੀਕਵੇਂਸੀ ਅਤੇ ਚੱਲਣ ਦੇ ਦਿਨ | ਬਦਲੀ ਫ੍ਰੀਕਵੇਂਸੀ ਅਤੇ ਚੱਲਣ ਦੇ ਦਿਨ | ਪ੍ਰਭਾਵੀ ਮਿਤੀ |
|---|---|---|---|
| 04090 ਨਵੀਂ ਦਿੱਲੀ - ਦਾਨਾਪੁਰ ਵਿਸ਼ੇਸ਼ | ਸ਼ੁਕਰਵਾਰ (ਹਫਤਾਵਾਰੀ) | ਸ਼ੁਕਰਵਾਰ, ਬੁਧਵਾਰ (ਹਫਤੇ ਵਿਚ 2 ਦਿਨ) | 07.10.2026 |
| 04089 ਦਾਨਾਪੁਰ-ਨਵੀਂ ਦਿੱਲੀ ਵਿਸ਼ੇਸ਼ | ਸ਼ਨੀਵਾਰ (ਹਫਤਾਵਾਰੀ) | ਸ਼ਨੀਵਾਰ, ਵੀਰਵਾਰ (ਹਫਤੇ ਵਿਚ 2 ਦਿਨ) | 07.10.2026 |

| | ਵਰਤਮਾਨ ਮਿਤੀ | ਵਿਸਤਾਰਿਤ ਮਿਤੀ | ਵਾਧੂ ਫੇਰੇ | ਵਾਧੂ ਫੇਰਿਆਂ ਦਾ ਨੰ. |
|---|---|---|---|---|
| ਨਵੀਂ ਦਿੱਲੀ ਤੋਂ | 20.11.2026 | 27.11.2026 | 14, 21, 28.10.2026 ਅਤੇ 04, 11, 18, 25, 27.11.2026 | 08 ਫੇਰੇ |
| ਦਾਨਾਪੁਰ ਤੋਂ | 21.11.2026 | 28.11.2026 | 15, 22, 29.10.2026 ਅਤੇ 05, 12, 19, 26, 28.11.2026 | 08 ਫੇਰੇ |

ਨੋਟ: ਬਾਕੀ ਜਾਣਕਾਰੀ ਉਹੀ ਰਹੇਗੀ।

ਉਪਰੋਕਤ ਰੇਲਗੱਡੀਆਂ ਦੇ ਰਸਤੇ ਵਿਚ ਆਉਣ ਵਾਲੇ ਸਟਾਪੇਜਾਂ ਅਤੇ ਟਾਈਮ-ਟੇਬਲ ਦੇ ਲਈ ਕਿਰਪਾ ਰੇਲਮਦਦ ਹੈਲਪਲਾਈਨ ਨੰ. 139 ਡਾਯਲ ਕਰੋ ਜਾਂ ਰੇਲਗੱਡੀ ਪੁਛਗਿਛ ਵੈਬਸਾਈਟ www.enquiry.indianrail.gov.in ਵੇਖੋ।

ਰੇਲਮਦਦ ਹੈਲਪਲਾਈਨ ਨੰ. 139

ਰੇਲਮਦਦ ਵੈਬਸਾਈਟ ਵੇਖੋ:- www.railmadad.indianrailways.gov.in

ਰੇਲਮਦਦ ਐਪ ਡਾਉਨਲੋਡ ਕਰੋ

'ਤੇ ਸਾਨੂੰ ਫਾਲੋ ਕਰੋ

ਉੱਤਰ ਰੇਲਵੇ

ਸਦਾ ਤੁਹਾਡੀ ਸੇਵਾ ਵਿਚ

ਸਾਨੂੰ www.nr.indianrailways.gov.in 'ਤੇ ਮਿਲੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਪ੍ਰਮੁੱਖ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦਾ ਦੌਰਾ



ਤਲਵੰਡੀ ਸਾਬੋ, (ਜਗਦੀਪ ਗਿੱਲ) ਬਠਿੰਡਾ ਖੇਤਰ ਦੀਆਂ ਤਿੰਨ ਪ੍ਰਮੁੱਖ ਧਾਰਮਿਕ ਸ਼ਖ਼ਸੀਅਤਾਂ ਨੇ ਅੱਜ ਐੱਚ.ਐੱਮ.ਈ.ਐੱਲ. ਦੀ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦਾ ਦੌਰਾ ਕੀਤਾ।ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਜੀ ਧਨੌਲਾ, ਬੁੰਗਾ ਮਸਤੂਆਣਾ ਸਾਹਿਬ ਗੁਰਦੁਆਰਾ, ਤਲਵੰਡੀ ਸਾਬੋ ਦੇ ਮੁਖੀ ਸੰਤ ਬਾਬਾ ਕਾਕਾ ਸਿੰਘ ਤੇ ਬੁੱਢਾ ਦਲ ਜਥਾ, ਤਲਵੰਡੀ ਸਾਬੋ ਦੇ ਮੁਖੀ ਬਾਬਾ ਦਲੇਰ ਸਿੰਘ ਹਾਜ਼ਰ ਰਹੇ।ਐੱਚ.ਐੱਮ.ਈ.ਐੱਲ. ਦੇ ਪ੍ਰਬੰਧ ਨਿਰਦੇਸ਼ਕ ਅਤੇ ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਪ੍ਰਭ ਦਾਸ, ਮੁੱਖ ਸੰਚਾਲਨ ਅਧਿਕਾਰੀ ਸ੍ਰੀ ਐੱਮ. ਬੀ. ਗੋਹਿਲ ਤੇ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦੇ ਸੀਨੀਅਰ ਅਧਿਕਾਰੀਆਂ ਨੇ ਧਾਰਮਿਕ ਸ਼ਖ਼ਸੀਅਤਾਂ ਦਾ ਨਿੱਘਾ ਸਵਾਗਤ ਕੀਤਾ।ਇਸ ਦੌਰਾਨ ਸੁਖਾਵੇਂ ਮਾਹੌਲ ਵਿੱਚ ਵਿਚਾਰ-ਵਟਾਂਦਰਾ ਹੋਇਆ ਤੇ ਖੇਤਰ ਵਿੱਚ ਭਾਈਚਾਰਕ ਸਦਭਾਵਨਾ ਤੇ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਚਰਚਾ ਕੀਤੀ ਗਈ।ਦੌਰੇ ਦੌਰਾਨ ਧਾਰਮਿਕ ਸ਼ਖ਼ਸੀਅਤਾਂ ਨੇ ਰਿਫਾਇਨਰੀ ਦੇ ਸੰਚਾਲਨ ਦਾ ਜਾਇਜ਼ਾ ਲਿਆ ਤੇ ਇਸ ਦੇ ਸ਼ਾਂਤੀਪੂਰਨ ਤੇ ਸੁਚਾਰੂ ਸੰਚਾਲਨ 'ਤੇ ਭਰੋਸਾ ਪ੍ਰਗਟਾਇਆ।

ਇਸ ਦੌਰਾਨ ਧਾਰਮਿਕ ਸ਼ਖ਼ਸੀਅਤਾਂ ਰਿਫਾਇਨਰੀ ਦੀ ਸਾਫ਼-ਸੁਥਰੀ ਅਤੇ ਹਰਿਆਲੀ ਭਰਪੂਰ ਵਾਤਾਵਰਨਕ ਦਿੱਖ ਅਤੇ ਉੱਥੇ ਕੀਤੇ ਗਏ ਸੁਰੱਖਿਆ ਪ੍ਰਬੰਧਾਂ ਨੂੰ ਦੇਖ ਕੇ ਬੇਹੱਦ ਪ੍ਰਭਾਵਿਤ ਹੋਈਆਂ।ਰਿਫਾਇਨਰੀ ਦੇ ਅਧਿਕਾਰੀਆਂ ਨੇ ਉਨ੍ਹਾਂ ਨੂੰ ਆਸ-ਪਾਸ ਦੇ ਪਿੰਡਾਂ ਅਤੇ ਭਾਈਚਾਰਿਆਂ ਦੀ ਭਲਾਈ ਲਈ ਐੱਚ.ਐੱਮ.ਈ.ਐੱਲ. ਵੱਲੋਂ ਕੀਤੇ ਜਾ ਰਹੇ ਵੱਖ-ਵੱਖ ਭਾਈਚਾਰਕ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਅਧਿਕਾਰੀਆਂ ਨੇ ਸਿਹਤ ਸੇਵਾਵਾਂ, ਸਿੱਖਿਆ, ਮਹਿਲਾ ਸਸ਼ਕਤੀਕਰਨ, ਹੁਨਰ ਵਿਕਾਸ, ਨੌਜਵਾਨਾਂ ਦੀ ਤਰੱਕੀ ਤੇ ਹੋਰ ਸਮਾਜਿਕ ਪਹਿਲਕਦਮੀਆਂ ਰਾਹੀਂ ਸਥਾਨਕ ਭਾਈਚਾਰੇ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਦੱਸਿਆ।ਧਾਰਮਿਕ ਸ਼ਖ਼ਸੀਅਤਾਂ ਨੇ ਐੱਚ.ਐੱਮ.ਈ.ਐੱਲ. ਵੱਲੋਂ ਖੇਤਰ ਦੇ ਵਿਕਾਸ ਤੇ ਭਾਈਚਾਰੇ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ 'ਤੇ ਤਸੱਲੀ ਪ੍ਰਗਟਾਈ। ਵਾਤਾਵਰਣ ਦੀ ਸੰਭਾਲ ਦਾ ਸੰਦੇਸ਼ ਦਿੰਦਿਆਂ ਬੂਟੇ ਲਾਉਣ ਦੀ ਗਤੀਵਿਧੀ ਵੀ ਕਰਾਈ ਗਈ। ਧਾਰਮਿਕ ਸ਼ਖ਼ਸੀਅਤਾਂ ਨੇ ਰਿਫਾਇਨਰੀ 'ਚ ਬੂਟੇ ਲਾ ਕੇ ਵਾਤਾਵਰਣ ਦੀ ਸੁਰੱਖਿਆ ਪ੍ਰਤੀ ਸਾਂਝੀ ਜ਼ਿੰਮੇਵਾਰੀ ਨਿਭਾਉਣ ਦਾ ਸੰਦੇਸ਼ ਦਿੱਤਾ।ਇਸ ਪਹਿਲਕਦਮੀ ਰਾਹੀਂ ਹਰਿਆਵਲ ਨੂੰ ਉਤਸ਼ਾਹਿਤ ਕਰਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਤੇ ਸਿਹਤਮੰਦ ਵਾਤਾਵਰਨ ਯਕੀਨੀ ਬਣਾਉਣ ਦੀ ਮਹੱਤਤਾ ਨੂੰ ਉਜਾਗਰ ਕੀਤਾ ਗਿਆ।

# ਆਕਸਫੋਰਡ ਦੇ ਵਿਦਿਆਰਥੀਆਂ ਨੇ ਗੁਰਮਤਿ ਸਮਾਗਮ 'ਚ ਪ੍ਰਾਪਤ ਕੀਤੀਆਂ ਪੁਜ਼ੀਸ਼ਨਾਂ



ਬਠਿੰਡਾ (ਰਾਜੀਵ ਗੋਇਲ) 'ਦ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਇੱਕ ਅਜਿਹੀ ਮਾਣਮੱਤੀ ਅਤੇ ਅਗਾਂਹਵਧੂ ਸੰਸਥਾ ਹੈ ਜਿਸ ਦੇ ਵਿਦਿਆਰਥੀ ਸਿਰਫ਼ ਅਕਾਦਮਿਕ ਵਿੱਚ ਹੀ ਨਹੀਂ ਬਲਕਿ ਹਰ ਖੇਤਰ ਦੇ ਚਮਕਦੇ ਸਿਤਾਰੇ ਹਨ। ਇਸ ਸੰਸਥਾ ਵਿੱਚ ਵਿਦਿਆਰਥੀਆਂ ਨੂੰ ਅਕਾਦਮਿਕ ਵਿੱਦਿਆ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ ਨਾਲ ਜੁੜੀ ਧਾਰਮਿਕ ਵਿੱਦਿਆ ਵੀ ਗ੍ਰਹਿਣ ਕਰਵਾਈ ਜਾਂਦੀ ਹੈ ਤਾਂ ਜੋ ਵਿਦਿਆਰਥੀ ਇੱਕ ਹੁਸ਼ਿਆਰ ਵਿਦਿਆਰਥੀ ਹੋਣ ਦਾ ਨਾਲ-ਨਾਲ ਇੱਕ ਵਧੀਆ ਇਨਸਾਨ ਵੀ ਬਣ ਸਕਣ। ਇਸ ਕਰਕੇ ਇਸ ਸੰਸਥਾ ਦੇ ਵਿਦਿਆਰਥੀ ਗੁਰਬਾਣੀ ਮੁਕਾਬਲੇ ਜਾਂ ਗੁਰਮਤਿ ਮੁਕਾਬਲਿਆਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ। ਬੀਤੇ ਦਿਨੀਂ ਗੁਰਦੁਆਰਾ ਦੋਦਾ ਤਾਲ, ਗੁਰੂ ਕੀ ਢਾਬ, ਜੈਤੋ ਵਿਖੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਆਗਮਨ ਪੁਰਬ ਨੂੰ ਮੁੱਖ ਰੱਖਦਿਆਂ ਦਸਤਾਰ ਸਜਾਉਣ ਦੇ ਮੁਕਾਬਲੇ, ਗੁਰਬਾਣੀ ਕੰਠ ਦੇ ਮੁਕਾਬਲੇ, ਸੁੰਦਰ ਲਿਖਾਈ ਦੇ ਗੁਰਮਤਿ ਮੁਕਾਬਲੇ ਕਰਵਾਏ ਗਏ। ਜਿਸ ਵਿੱਚ 20 ਸਕੂਲਾਂ ਦੇ 500 ਬੱਚਿਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲਿਆ। ਆਕਸਫੋਰਡ ਦੇ ਵਿਦਿਆਰਥੀ ਵੀ ਇਸ ਮੁਕਾਬਲੇ ਦਾ ਹਿੱਸਾ ਬਣੇ। ਇਸ ਸੰਸਥਾ ਦੇ ਸੱਤਵੀਂ ਜਮਾਤ ਦੇ ਵਿਦਿਆਰਥੀ ਜਸਰਾਜ ਸਿੰਘ ਨੇ ਦਸਤਾਰ ਸਜਾਉਣ ਦੇ ਮੁਕਾਬਲੇ ਵਿੱਚ, 250 ਬੱਚਿਆਂ ਵਿੱਚੋਂ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਸੱਤਵੀਂ ਜਮਾਤ ਦੀ ਵਿਦਿਆਰਥਣ ਗੁਰਨੀਤ ਕੌਰ ਨੇ ਗੁਰਬਾਣੀ ਕੰਠ ਦੇ ਮੁਕਾਬਲੇ ਵਿੱਚ 60 ਬੱਚਿਆਂ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕਰਕੇ ਆਪਣੀ ਸੰਸਥਾ ਦਾ ਮਾਣ ਵਧਾਇਆ ਹੈ। ਜ਼ਿਕਰਯੋਗ ਹੈ ਕਿ ਗੁਰਦੁਆਰਾ ਪਾਤਸ਼ਾਹੀ ਛੇਵੀਂ ਅਤੇ ਦੱਸਵੀਂ (ਭੂਤਾਂ ਵਾਲਾ ਖੂਹ) ਭਗਤਾ ਵਿਖੇ ਸਹਿਜ ਪਾਠ ਸੇਵਾ ਸੁਸਾਇਟੀ ਵੱਲੋਂ ਕਰਵਾਏ ਗਏ ਅੰਮ੍ਰਿਤਪਾਨ ਸਮਾਗਮ ਵਿੱਚ ਕਰਨਵੀਰ ਸਿੰਘ, ਜਮਾਤ ਚੌਥੀ ਅਤੇ ਧੰਨਾ ਸਿੰਘ, ਜਮਾਤ ਸੱਤਵੀਂ ਦੇ ਵਿਦਿਆਰਥੀ ਅੰਮ੍ਰਿਤ ਪਾਨ ਕਰਕੇ ਸਿੰਘ ਸਜੇ ਹਨ। ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਜੀ ਨੇ ਪੁਜੀਸ਼ਨਾਂ ਪ੍ਰਾਪਤ ਕਰਨ ਅਤੇ ਅੰਮ੍ਰਿਤਪਾਨ ਕਰਨ ਵਾਲੇ ਵਿਦਿਆਰਥੀਆਂ ਅਤੇ ਗੁਰਬਾਣੀ ਦੀ ਅਧਿਆਪਿਕਾ ਸ੍ਰੀਮਤੀ ਕੁਲਵਿੰਦਰ ਕੌਰ ਨੂੰ ਵਧਾਈ ਦਿੱਤੀ। ਅਤੇ ਕਿਹਾ ਕਿ ਵਿਦਿਆਰਥੀਆਂ ਨੂੰ ਗੁਰਬਾਣੀ ਵੱਲ ਮੋੜਨਾ ਇੱਕ ਖਾਸ ਅਤੇ ਵਿਸ਼ੇਸ਼ ਉਪਰਾਲਾ ਹੈ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੇ ਗੁਰਮਤਿ ਮੁਕਾਬਲੇ ਵਿੱਚ ਪੁਜ਼ੀਸ਼ਨਾਂ ਪ੍ਰਾਪਤ ਕਰਕੇ ਸਿੱਧ ਕੀਤਾ ਹੈ ਕਿ ਅੱਜ ਦਾ ਵਿਦਿਆਰਥੀ ਸਿਰਫ਼ ਕਿਤਾਬੀ ਕੀੜਾ ਬਣ ਕੇ ਹੀ ਨਹੀਂ ਰਹਿ ਗਿਆ ਜਾਂ ਉਹ ਕਿਤਾਬੀ ਗਿਆਨ ਤੱਕ ਹੀ ਸੀਮਤ ਨਹੀਂ ਹੈ ਸਗੋਂ ਉਹ ਗੁਰਮਤਿ ਅਨੁਸਾਰ ਆਪਣੇ ਆਪ ਨੂੰ ਢਾਲ ਕੇ ਇੱਕ ਸੁਚੱਜੇ ਜੀਵਨ ਦਾ ਧਾਰਨੀ ਵੀ ਬਣ ਸਕਦਾ ਹੈ। ਸਵੇਰ ਦੀ ਸਭਾ ਵਿੱਚ ਇਨ੍ਹਾਂ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

# ਮੈਗਾ ਇਮੀਗ੍ਰੇਸ਼ਨ ਸੈਮੀਨਾਰ ਅੱਜ

ਜਲੰਧਰ-ਡਬਲਯੂ ਡਬਲਯੂ ਆਈ ਸੀ ਐੱਸ ਗਰੁੱਪ ਦੇ ਚੇਅਰਮੈਨ ਤੇ ਮੈਨੇਜਿੰਗ ਡਾਇਰੈਕਟਰ ਲੈਫਟੀਨੈਂਟ ਕਰਨਲ ਬੀ ਐੱਸ ਸੰਧੂ (ਰਿਟਾ.) ਨੇ ਕਿਹਾ ਕਿ ਕੈਨੇਡਾ ਦੇ ਵੱਡੇ ਸ਼ਹਿਰਾਂ ਤੋਂ ਬਾਹਰ ਵੀ ਰੁਜ਼ਗਾਰ ਤੇ ਵਸਣ ਦੇ ਮੌਕੇ ਵਧ ਰਹੇ ਹਨ। ਉਨ੍ਹਾਂ ਦੱਸਿਆ ਕਿ ਬਦਲਦੀਆਂ ਇਮੀਗ੍ਰੇਸ਼ਨ ਨੀਤੀਆਂ ਅਤੇ ਵਿਦੇਸ਼ੀ ਮੌਕਿਆਂ ਬਾਰੇ ਜਾਣਕਾਰੀ ਦੇਣ ਲਈ 10 ਅਕਤੂਬਰ ਨੂੰ ਹੋਟਲ ਪਾਰਕ ਪਲਾਜ਼ਾ, ਲੁਧਿਆਣਾ ਵਿਖੇ ਸ਼ਾਮ 5 ਤੋਂ 8 ਵਜੇ ਤੱਕ ਮੇਗਾ ਇਮੀਗ੍ਰੇਸ਼ਨ ਸੈਮੀਨਾਰ ਕਰਵਾਇਆ ਜਾਵੇਗਾ। ਉਨ੍ਹਾਂ ਮੁਤਾਬਕ ਸਸਕੈਚਵਨ ਵਰਗੇ ਸੂਬਿਆਂ ਵਿੱਚ ਹੁਨਰਮੰਦ ਕਾਮਿਆਂ ਲਈ ਸੰਭਾਵਨਾਵਾਂ ਹਨ। ਸੈਮੀਨਾਰ ਵਿੱਚ ਕੈਨੇਡਾ ਤੋਂ ਇਲਾਵਾ ਆਸਟ੍ਰੇਲੀਆ, ਅਮਰੀਕਾ, ਯੂ ਕੇ, ਯੂਰਪ ਅਤੇ ਨਿਊਜ਼ੀਲੈਂਡ ਦੇ ਵਿਕਲਪਾਂ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ। ਮਾਹਿਰ ਯੋਗਤਾ, ਦਸਤਾਵੇਜ਼, ਅਰਜ਼ੀ ਪ੍ਰਕਿਰਿਆ ਅਤੇ ਸਮਾਂ-ਸੀਮਾ ਬਾਰੇ ਜਾਣਕਾਰੀ ਦੇਣਗੇ।

# ਵਿਕਾਸ ਮਿੱਤਲ ਨੇ 69ਵੀਂ ਵਾਰ ਖ਼ੂਨਦਾਨ ਕਰਕੇ ਨੌਜਵਾਨ ਪੀੜ੍ਹੀ ਨੂੰ ਕੀਤਾ ਪ੍ਰੇਰਤ



ਨਾਭਾ, (ਅਮਨ ਗਰਗ) ਮਾਨਵ ਸੇਵਾ ਉੱਤਮ ਸੇਵਾ ਸਟੇਟ ਐਵਾਰਡੀ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਨੇ ਲਾਏ ਗਏ ਖ਼ੂਨਦਾਨ ਕੈਂਪ ਵਿੱਚ ਸਮਾਜ ਪ੍ਰਤੀ ਵਧੀਆ ਸੇਵਾਵਾਂ ਨਿਭਾਉਂਦੇ ਹੋਏ 69ਵੀਂ ਵਾਰ ਖ਼ੂਨਦਾਨ ਕਰਕੇ ਨੌਜਵਾਨ ਪੀੜ੍ਹੀ ਨੂੰ ਖ਼ੂਨਦਾਨ ਕਰਨ ਲਈ ਪ੍ਰੇਰਿਤ ਕੀਤਾ।ਇਸ ਦੇ ਨਾਲ ਹੀ ਉਹਨਾਂ ਦੇ ਸਪੁੱਤਰ ਸਨਤ ਮਿੱਤਲ ਨੇ ਵੀ ਤੀਜੀ ਵਾਰ ਖ਼ੂਨਦਾਨ ਕੀਤਾ।ਖ਼ੂਨਦਾਨ ਕਰਨ ਉਪਰੰਤ ਵਿਕਾਸ ਮਿੱਤਲ ਨੇ ਕਿਹਾ ਕਿ ਖ਼ੂਨਦਾਨ ਖ਼ੂਨਦਾਨ ਮਹਾਂਦਾਨ ਹੈ, ਜਿਸ ਨਾਲ ਕਈ ਕੀਮਤੀ ਜ਼ਿੰਦਗੀਆਂ ਨੂੰ ਬਚਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਖ਼ੂਨ ਦੀ ਇਕ-ਇਕ ਬੂੰਦ ਬਹੁਤ ਹੀ ਕੀਮਤੀ ਹੈ, ਜੋ ਕਿਸੇ ਵੀ ਮਰਦੇ ਹੋਏ ਵਿਅਕਤੀ ਨੂੰ ਜੀਵਨ ਦਾਨ ਦੇ ਸਕਦੀ ਹੈ। ਉਨ੍ਹਾਂ ਕਿਹਾ ਕਿ ਖ਼ੂਨਦਾਨ ਕਰਨ ਨਾਲ ਕਿਸੇ ਵੀ ਤਰ੍ਹਾਂ ਦੀ ਕਮਜ਼ੋਰੀ ਨਹੀਂ ਆਉਂਦੀ, ਬਲਕਿ ਮਨ ਨੂੰ ਇਕ ਸੰਤੁਸ਼ਟੀ ਮਿਲਦੀ ਹੈ ਕਿ ਅਸੀਂ ਇਹ ਦਾਨ ਕਰਕੇ ਇਕ ਲੋੜਵੰਦ ਵਿਅਕਤੀ ਨੂੰ ਜੀਵਨ ਪ੍ਰਦਾਨ ਕੀਤਾ ਹੈ।ਵਿਕਾਸ ਮਿੱਤਲ ਨੇ ਕਿਹਾ ਕਿ 18 ਤੋਂ 65 ਸਾਲ ਤੱਕ ਦੇ ਹਰ ਸਿਹਤਮੰਦ ਵਿਅਕਤੀ ਨੂੰ ਖ਼ੂਨਦਾਨ ਨੂੰ ਆਪਣੇ ਜੀਵਨ ਦਾ ਅਨਿੱਖੜਵਾਂ ਹਿੱਸਾ ਬਣਾਉਣਾ ਚਾਹੀਦਾ ਹੈ ਤਾਂ ਜੁ ਖ਼ੂਨ ਦੀ ਘਾਟ ਸਦਕਾ ਹਸਪਤਾਲਾਂ ਵਿਚ ਦਾਖਲ ਮਰੀਜ਼ਾਂ ਦੀ ਬੁਝ ਰਹੀ ਜੀਵਨ ਜੋਤ ਨੂੰ ਜਗਮਗਾਏ ਰੱਖਣ ਵਿਚ ਮਦਦ ਮਿਲ ਸਕੇ। ਇਸ ਮੌਕੇ ਪ੍ਰਧਾਨ ਅਮਰੀਕ ਸਿੰਘ ਗਿੱਲ, ਸੁਨੀਲ ਗੁਪਤਾ, ਨਰਿੰਦਰ ਮੋਹਨ ਸ਼ਰਮਾ, ਵਰੁਣ ਸਿੰਗਲਾ, ਦੀਪਕ ਕੁਮਾਰ, ਮਨਿੰਦਰ ਸਿੰਘ ਅਤੇ ਰਮਨਪ੍ਰੀਤ ਸਿੰਘ ਨੇ ਕਿਹਾ ਕਿ ਵਿਕਾਸ ਮਿੱਤਲ ਵੱਲੋਂ ਜਿੱਥੇ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਉਥੇ ਹੀ ਖ਼ੂਨਦਾਨ ਕੈਂਪ ਉਨ੍ਹਾਂ ਵੱਲੋਂ ਲਗਾਏ ਜਾਂਦੇ ਹਨ, ਜੋ ਉਨ੍ਹਾਂ ਵੱਲੋਂ 69ਵੀਂ ਵਾਰ ਖ਼ੂਨ ਦਾਨ ਕੀਤਾ ਗਿਆ ਹੈ।

# ਕਬੱਡੀ ਸਰਕਲ ਸਟਾਈਲ ਅੰਡਰ-14 ਮੁਕਾਬਲਿਆਂ 'ਚ ਮਾਨਸਾ ਨੇ ਮਾਰੀ ਬਾਜ਼ੀ, ਸੰਗਰੂਰ ਦੀ ਟੀਮ ਤੀਜੇ ਸਥਾਨ 'ਤੇ



ਭਵਾਨੀਗੜ੍ਹ, (ਰਾਜ ਖੁਰਮੀ) 70ਵੀਆਂ ਪੰਜਾਬ ਰਾਜ ਅੰਤਰ-ਜ਼ਿਲ੍ਹਾ ਸਕੂਲ ਖੇਡਾਂ 2026-27 ਤਹਿਤ ਬਾਬਾ ਬੰਦਾ ਸਿੰਘ ਬਹਾਦਰ ਸਟੇਡੀਅਮ, ਪੰਨਵਾਂ ਵਿਖੇ ਕਰਾਏ ਗਏ ਕਬੱਡੀ ਸਰਕਲ ਸਟਾਈਲ ਅੰਡਰ-14 ਲੜਕਿਆਂ ਦੇ ਰਾਜ ਪੱਧਰੀ ਮੁਕਾਬਲੇ ਉਤਸ਼ਾਹ ਤੇ ਖੇਡ ਭਾਵਨਾ ਨਾਲ ਸਫ਼ਲਤਾਪੂਰਵਕ ਸੰਪੰਨ ਹੋ ਗਏ।ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੀਆਂ 22 ਟੀਮਾਂ ਦੇ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦਰਸ਼ਕਾਂ ਦਾ ਮਨ ਮੋਹ ਲਿਆ।ਮੁਕਾਬਲਿਆਂ ਵਿੱਚ ਮਾਨਸਾ ਜ਼ਿਲ੍ਹੇ ਦੀ ਟੀਮ ਨੇ ਪਹਿਲਾ, ਕਪੂਰਥਲਾ ਨੇ ਦੂਜਾ ਤੇ ਮੇਜ਼ਬਾਨ ਸੰਗਰੂਰ ਜ਼ਿਲ੍ਹੇ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ।

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਤਰਵਿੰਦਰ ਕੌਰ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਮਨਜੀਤ ਕੌਰ ਦੀ ਅਗਵਾਈ ਹੇਠ ਕਰਾਏ ਗਏ ਇਨ੍ਹਾਂ ਮੁਕਾਬਲਿਆਂ ਦੇ ਇਨਾਮ ਵੰਡ ਸਮਾਰੋਹ ਦੌਰਾਨ ਸੰਗਰੂਰ ਦੀ ਵਿਧਾਇਕਾ ਨਰਿੰਦਰ ਕੌਰ ਭਰਾਜ ਦੇ ਪਿਤਾ ਗੁਰਨਾਮ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਬੱਚਿਆਂ ਵਿੱਚ ਅਨੁਸ਼ਾਸਨ, ਆਪਸੀ ਸਾਂਝ, ਸਹਿਣਸ਼ੀਲਤਾ ਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਤ ਕਰਦੀਆਂ ਹਨ।ਉਨ੍ਹਾਂ ਖਿਡਾਰੀਆਂ ਨੂੰ ਖੇਡ ਭਾਵਨਾ ਤੇ ਇਮਾਨਦਾਰੀ ਨਾਲ ਖੇਡਣ ਦੇ ਨਾਲ-ਨਾਲ ਪੜ੍ਹਾਈ ਵਿੱਚ ਵੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਟੂਰਨਾਮੈਂਟ ਦੇ ਕਨਵੀਨਰ ਜਸਵੀਰ ਸਿੰਘ, ਡੀ.ਪੀ.ਈ. ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਸ਼੍ਰੀਮਤੀ ਨਰੇਸ਼ ਸੈਣੀ ਨੇ ਦੱਸਿਆ ਕਿ ਇਨ੍ਹਾਂ ਰਾਜ ਪੱਧਰੀ ਮੁਕਾਬਲਿਆਂ ਵਿੱਚ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਦੀਆਂ 22 ਟੀਮਾਂ ਨੇ ਭਾਗ ਲਿਆ। ਖਿਡਾਰੀਆਂ ਨੇ ਪੂਰੇ ਜੋਸ਼, ਤਾਲਮੇਲ ਅਤੇ ਮਿਹਨਤ ਨਾਲ ਆਪਣੇ ਜੌਹਰ ਦਿਖਾਏ।ਮੁਕਾਬਲਿਆਂ ਦੌਰਾਨ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਵੀ ਕੀਤੀ ਗਈ।

## NOTICE

That as per jamabandi year 1993-94 Swaran Singh S/o Pritam Singh recorded as Bhumidhar (Owner) of measuring 10 marla property situated vakia chugitti , Tehsil and distt Jalandhar at khasra no. 1935/1825-1826/485/16 after his death his property was inherited by Parminder Singh, Balvir Singh, Gurdev Singh, Bachittar Singh, Keemat Singh, Sukhvir Singh, Sarabjit kaur, Sukhwinder Kaur vide mutation no. 8111. Parminder Singh also expired leaving behind Jagir Kaur as his legal heir vide mutation no. 10791. Now Gurdev Singh and Jagir kaur sold their share to Resham Kaur and Sunny Singh 3.5 marla vide sale deed no. 2026-27/186/1/3305 dated 14.5.2026 mutation no. 10846 is sanctioned . Above said property is now being mortgaged with Axis Finance Ltd. against loan . If any person or financial institute has any right, title , interest or objection for the said property. They may approach to the undersigned contact to advocate mentioned below within 7 days from the publication of this notice. If no objection will received within notice period it will be presumed that the property is free from all encumbrances and claim.

Advocate Vikas Sood & Co.
Contact- 9814094356

## COURT NOTICE

(U/o 5 Rule 20 CPC)
In the Court of
Ms. Amanpreet Kaur
Civil Judge (Junior Division), Sunam
CNR No. PBSGA0-000351-2025
Next Date:- 26-11-2026
Darwara Singh
Vs.
Sukhdev Kaur

Publication Issued To:
(3) Surinder Kaur D/o Dan Singh S/o Sarwan Singh, (4) Karamjeet Kaur D/o Dan Singh S/o Sarwan Singh R/o Village Kishangarh Wale Rah De Uppar Village Daska Kothe, Teh. Lehra, (9) Kuldeep Kaur D/o Bhan Singh (16) Sandeep Kaur D/o Sukhwinder Singh S/o Jawala Singh, (20) Hardam Singh S/o Jawala Singh all R/o Chhahar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 26-11-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division), Sunam
Dated, this day of 08-10-2026

## COURT NOTICE

(U/o 5 Rule 20 CPC)
(SUCCESSION CASE)
In the Court of Sh. Balkar Singh
Additional Civil Judge (Senior Division), Budhlada
CNR No. PBMNA0-000412-2026
Next Date:-22-10-2026
Manpreet Kaur
Vs.
General Public

Application U/S 372 Indian Succession Act Regarding Issuing Succession Certificate of Amandeep Singh JE Deceased Son of Leela Singh.

Notice To:
General Public
General Public

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 22-10-2026 at 10 a.m.

For details logon to https://highcourtchd.gov.in/?mod=district_notice&district=mogacourt.

Additional Civil Judge (Senior Division) Budhlada
Dated, this day of 08-10-2026

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : ਜਸਮੀਤ ਕੌਰ ਪਿਤਾ/ਪਤੀ ਦਾ ਨਾਮ : ਗੁਰਮੀਤ ਸਿੰਘ
ਪਤਾ: House No 175 Harnam dass Pura Banda Bahadur Nagar Jalandhar , Tehsil - Jalandhar-1 / District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਬਿਨੈ ਪੱਤਰ ਦਿੱਤਾ ਹੈ । ਜਿਸ ਦੇ ਵੇਰਵੇ ਹੇਠ ਲਿਖੇ ਦਿੱਤ ਗਏ ਹਨ:-

ਨਾਮ: ਜਸਮੀਤ ਕੌਰ
ਪੱਕਾ ਪਤਾ: House No 175 Harnam dass Pura Banda Bahadur Nagar Jalandhar , Jalandhar-1, Jalandhar, Punjab
ਉਮਰ/ਜਨਮ ਮਿਤੀ: 24-(24/06/2002)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 24-09-2026 ਨੂੰ ਜਾਰੀ ਹੋਇਆ।

ਨੰਬਰ 70 /ਨੰਬਰ//MC-2/MA ਮਿਤੀ 24.09.2026 ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## COURT NOTICE

(U/o 5 Rule 20 CPC)
In the Court of
Ms. Geeta Rani
Additional Civil Judge (Senior Division), Phul
CNR No. PBBTB0-000357-2026
Next Date:- 13-11-2026
Amarjit Kaur Alias Murti Kaur And Shinder Kaur
Vs.
General Public

Publication Issued To:
General Public
: Na

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 13-11-2026 at 10:00 a.m.

For details logon to https://highcourtchd.gov.in/?mod=district_notice&district=Bathinda

Additional Civil Judge (Senior Division) Phul
Dated, this day of 08-10-2026

## COURT NOTICE

(U/o 5 Rule 20 CPC)
In the Court of
Ms. Amanpreet Kaur-I
Civil Judge Junior Division - 11, Patiala
CNR No. PBPT02-004608-2024
Next Date:- 02-11-2026
State Bank Of India
Vs.
Sukhwinder Kaur

Publication Issued To :
Sukhwinder Kaur wife of Jarnail Singh resident of Village Dharamgarh alias Kathgarh, P.O. Bhunerheri, Tehsil and Disrict Patiala.

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 02-11-2026 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division 11, Patiala
Dated, this day of 07-10-2026




## Change of Name

I,Monica Sharma W/O Gautam Kumar R/O E-7/4555-56, Majid Building, Near Kids World School, Bhalla Colony, Chheharta, Amritsar, Punjab have changed my name from Monica Sharma to Monica . Concerned note.

I, Gautam Sharma S/O Ashok Kumar R/O 29/1-H 3, Majid Building, Chheharta, Amritsar,Punjab have changed my name from Gautam Sharma to Gautam Kumar. Concerned note.

I, Ranjit Pal S/o Gurmail Ram R/o Vill. Jasso Mazara Teh. Banga, Distt. S.B.S Nagar. I have Changed my name from Ranjit Pal To Pal Ranjit Surname .

I, Shivani Mahajan W/o Ashish Mahajan, R/o H. No. 63 A, Keshav Nagar Mithapur Road, Jalandhar have changed my name from Shivani Malhotra to Shivani Mahajan after marriage. Please note.

I, Avtar Singh S/o Bhajan Singh R/o Vill. Massanian, PO. Manko Via Adda Kathar, District Jalandhar Pb., India-144106 have changed my name from Avtar Singh to Avtar Singh Nijjar for all Future Purposes.

I, Karan Kalyan S/o Rajesh Kumar R/o 1945, Gali Nawaba Ram, Bazar Bakarwana, Amritsar, Punjab- 143001 have changed my name from Karan Kalyan to Kalyan is my surname and Karan is my given name.

I, Sandeep Singh Aitan S/o Bachan Singh R/o Village Saidpur, PO Bhattike, Tehsil Baba Bakala, Distt. Amritsar, Punjab have changed my name from Sandeep Singh Aitan to Sandeep Singh.

I, Sandip S/O Santokh R/O Vill. Kasupur, Tehsil Shahkot, Distt. Jalandhar, Punjab, 144701, India do hereby declare that I have changed my name spelling Sandip to Sandeep. Note Please.

I Muskan D/o Vijai Kumar R/o H.No 656/04 Camp area Air Force Station , Adampur Distt Jalandhar 144103 Punjab have changed my name from Muskan to Muskan Maurya . Vide affidavit dated 09/10/2026 before Jalandhar Court.

I, Hariom Singh S/o Sohan Lal, R/o H.NO 10, Green Valley Colony, Basti Danishmandan Road, Near By Karan Enclave, PO Basti Guzan, Jalandhar have changed my name from Hariom Singh Jatar to Hariom Singh. All concerned may note.

I Badal S/O Manoj Rajbhar R/O Vill Beili , P.O Rampur Katharawan, Azamgarh,Uttar Pradesh 276201 Have Changed my Name From Badal To Badal Rajbhar. All Concerned Please Note.

I, Balvir Singh Shahi son of Gulzari Lal resident of Kharal Khurd, Tanda, PO: Urmar, Distt. Hoshiarpur, Punjab-144204 have changed my name from Balvir Singh Shahi to Balvir Singh. All concerned please note.

I, Vijay Kumar s/o Sukha Singh r/o VPO. Budha Theh, Kapurthala have changed my name to Given name as Vijay & Surname as Kumar. All Please Note.

I, Dalvir Kaur w/o Sukhwinder Singh r/o VPO. Budha Theh, Kapurthala have changed my name to Given name as Dalvir & Surname as Kaur. All Please Note.

I, Puran Singh Ghuman s/o Karam Singh r/o VPO. Dhogri, Distt. Jalandhar have changed my name from Puran Singh Ghuman to Puran Singh. All Please Note.

I, Sonia w/o Gandharav Sawhney r/o H.No.374, New Jawahar Nagar, Jalandhar Punjab-144001 have changed my name to Sonia Sawhney (Surname as Sawhney) All Please Note.

I, Robandeep Singh S/o Gurjit Singh R/o Vill. Mahaddipur, Distt. Jalandhar, Punjab have changed my name from Robandeep Singh to Singh Robandeep. All Please Note.

## Change of Name

I, Amanjyoti D/o Raghvir Singh R/o VPO. Khera Dona, Distt.Kapurthala, Punjab have changed my name from Amanjyoti to Amanjyoti Rajput. All Please Note.

I, Captain Singh S/o Ranjit Singh R/o Village Bachan Singh Wala, Bashambar Pura, PO Jhita Kalan, Amritsar have declare that Captain is my Given name and Singh is my Surname

I, Captain Singh S/o Ranjit Singh R/o Village Bachan Singh Wala, Bashambar Pura, PO Jhita Kalan, Amritsar changed my minor daughter's name from Rippanjot Kaur to Ripanjot Kaur.

## ਨਾਂਅ ਦੀ ਬਦਲੀ

ਮੈਂ, ਸੰਦੀਪ ਪੁੱਤਰ ਮਿੱਠੂ ਲਾਲ, ਵਾਸੀ ਮਕਾਨ ਨੰਬਰ 3, ਖੁਰਲਾ ਕਿੰਗਰਾ, ਨੇੜੇ ਬੇਲਸਟਾਰ, ਖਾਂਬਰਾ, ਜਲੰਧਰ-144026 ਨੇ ਆਪਣਾ ਨਾਮ ਸੰਦੀਪ ਤੋਂ ਬਦਲ ਕੇ ਸੰਦੀਪ ਸ਼ਰਮਾ ਰੱਖ ਲਿਆ ਹੈ। ਸਾਰੇ ਸੰਬੰਧਤ ਨੋਟ ਕਰਨ ।

ਮੈਂ, ਦੀਕਸ਼ਕ ਪੁੱਤਰ ਓਮ ਪ੍ਰਕਾਸ਼ ਵਾਸੀ ਮੁੱਹਲਾ ਸ਼ਾਦੀ ਖਾਂ, ਪਿੰਡ ਮਹਿਤਪੁਰ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਦੀਕਸ਼ਕ ਤੋਂ ਬਦਲ ਕੇ ਦੀਕਸ਼ਕ ਚੋਹਾਨ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਰਾਕੇਸ਼ ਕੁਮਾਰ ਪੁੱਤਰ ਪ੍ਰੇਮ ਪ੍ਰਕਾਸ਼ ਵਾਸੀ ਮਕਾਨ ਨੰ: 40, ਸੁਭਾਸ਼ ਨਗਰ, ਡਾਕ: ਗਰੇਨ ਮਾਰਕਿਟ, ਜਲੰਧਰ-144008, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਸ਼ਵਨੀ ਆਰਯਾ ਅਤੇ ਉਸਦੀ ਪਤਨੀ ਅਨੂ ਕਪਿਲ ਅਤੇ ਇਨ੍ਹਾਂ ਦਾ ਲੜਕਾ ਪਵਿਥ ਆਰਯਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕਿਸੇ ਵੀ ਤਰ੍ਹਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਹਰਮੇਸ਼ ਲਾਲ ਪੁੱਤਰ ਸਰਨਾ ਰਾਮ ਪੁੱਤਰ ਜੈਮਲ ਰਾਮ ਵਾਸੀ ਪਿੰਡ ਤੇ ਡਾਕਖਾਨਾ ਬਡੇਸਰੋ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰੋਮਾ ਦੇਵੀ ਜੋ ਕਿ ਸ਼ਾਦੀਸ਼ੁਦਾ ਹੈ ਅਤੇ ਵਿਦੇਸ਼ ਇਟਲੀ ਰਹਿੰਦੀ ਹੈ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਸੀਮਾ ਪਤਨੀ ਲੇਟ ਸ੍ਰੀ ਸੁਨੀਲ ਕੁਮਾਰ ਵਾਸੀ ਮਕਾਨ ਨੰਬਰ 51, ਗਲੀ ਨੰਬਰ 7, ਸ਼ੀਵਾਜੀ ਨਗਰ, ਬਸਤੀ ਦਾਨਿਸ਼ਮੰਦਾ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਮੀਤ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਰਾਜ ਸਿੰਘ ਪੁੱਤਰ ਜੁਮਾ ਸਿੰਘ ਵਾਸੀ ਪਿੰਡ ਬਾਜਾ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਵਿਜੈ ਕੁਮਾਰ ਪੁੱਤਰ ਸ੍ਰੀ ਸਰਦਾਰੀ ਲਾਲ ਵਾਸੀ ਅੱਲਾਦੀਨਪੁਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਹੀਨਾ (ਤਲਾਕਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਅਨਿਲ ਕੁਮਾਰ ਪੁੱਤਰ ਮਦਨ ਲਾਲ ਵਾ ਮਧੂ ਬਾਲਾ ਪਤਨੀ ਅਨਿਲ ਕੁਮਾਰ ਵਾਸੀਆਨ ਮਕਾਨ ਨੰਬਰ 24, ਗਲੀ ਨੰਬਰ 7, ਬੈਕ ਸਾਈਡ ਢਿਲੋ ਪੈਲਸ, ਸੈਨਿਕ ਵਿਹਾਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਮਨ ਅਤੇ ਉਸਦੀ ਪਤਨੀ ਖੁਸ਼ਬੂ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਬੀਨਾ ਰਾਣੀ ਪਤਨੀ ਸਿਕੰਦਰ ਸਿੰਘ ਵਾਸੀ ਬਰੇਟਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਿਆਨ ਕਰਦੀ ਹਾਂ ਕਿ ਮੇਰਾ ਭਤੀਜਾ ਅਰਜੁਨ ਕੁਮਾਰ ਪੁੱਤਰ ਲਾਲ ਰਾਮ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

## ਬੇਦਖਲੀ ਨੋਟਿਸ

[illegible]

## ਬੇਦਖਲੀ ਨੋਟਿਸ

[illegible]

## ਆਮ ਸੂਚਨਾ

[illegible]

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਫਾਰਮ ਨੰ. 3

[ਵੇਖੋ ਨਿਯਮ-13 (1) (ਏ)]

### ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 1)

ਦੂਜੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ

ਕੇਸ ਨੰ. ਓ ਏ/550/2025 ਈ ਐੱਕਸ ਐੱਚ ਨੰ. 35675

[illegible]

## ਫਾਰਮ ਨੰ. 3

[ਵੇਖੋ ਨਿਯਮ-13 (1) (ਏ)]

### ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)

ਧਰਾਤਲ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਕੇਸ ਨੰ. ਓ ਏ/269/2026 ਈ ਐੱਕਸ ਐੱਚ ਨੰ. 34172

[illegible]

ਜਰਨੈਲ ਸਿੰਘ ਅਤੇ ਹੋਰ

ਸੇਵਾ 'ਚ
(1) ਜਰਨੈਲ ਸਿੰਘ ਪੁੱਤਰ ਸ੍ਰੀ ਚੈਨ ਸਿੰਘ ਵਾਸੀ ਮਕਾਨ ਨੰ. 51, ਪਿੰਡ ਜੋਧਪੁਰ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ, ਪੰਜਾਬ-147001
(2) ਨਿਰਮਲ ਕੌਰ ਪਤਨੀ ਸ੍ਰੀ ਜਰਨੈਲ ਸਿੰਘ ਵਾਸੀ ਮਕਾਨ ਨੰ. 51, ਪਿੰਡ ਜੋਧਪੁਰ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ, ਪੰਜਾਬ-147001
(3) ਭੁਪਿੰਦਰ ਸਿੰਘ ਪੁੱਤਰ ਸ੍ਰੀ ਈਸ਼ਰ ਸਿੰਘ ਵਾਸੀ ਮਕਾਨ ਨੰ. 4-ਏ, ਪਿੰਡ ਸੰਤ ਹਜ਼ਾਰਾ ਸਿੰਘ ਨਗਰ, ਨੇੜੇ ਨਰੈਣ ਪਬਲਿਕ ਸਕੂਲ, ਸਨੌਰ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ, ਪੰਜਾਬ-147001

ਸੰਮਨ

ਜਦੋਂ ਕਿ ਓ ਏ/269/2026 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 25.09.2026 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁ. 50,34,141/- ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ।
ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-
(i) ਸੰਮਨਾਂ ਦੀ ਤਾਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।
(ii) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੇ ਨਾਲ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐਸੇਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐਸੇਟਸ ਦੇ ਵੇਰਵੇ ਦਾ ਖੁਲਾਸਾ ਕਰਨਾ।
(iii) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐਸੇਟਸ ਜਾਂ ਸਕਿਉਰਡ ਐਸੇਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।
(iv) ਕਿਸੇ ਵੀ ਐਸੇਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐਸੇਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।
(v) ਸਕਿਉਰਡ ਐਸੇਟਸ ਜਾਂ ਹੋਰ ਐਸੇਟਸ ਅਤੇ ਜਾਇਦਾਦਾਂ ਦੀ ਬਿਜ਼ਨੈੱਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐਸੇਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।
ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 29.10.2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਅਰਜ਼ੀ ਦੀ ਸੁਣਵਾਈ ਹੋਵੇਗੀ ਅਤੇ ਤੁਹਾਡੀ ਗੈਰ-ਹਾਜ਼ਰੀ 'ਚ ਕਾਰਵਾਈ ਕਰ ਦਿੱਤੀ ਜਾਵੇਗੀ।
ਮੇਰੇ ਦਸਤਖ਼ਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 28.09.2026 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਵਾਲੇ
ਅਧਿਕਾਰਤ ਅਫਸਰ ਦੇ ਦਸਤਖ਼ਤ

## COURT NOTICE

(U/O 5 Rule 20 Cpc)
In The Court of Ms. Neetika Verma
Additional District and Sessions Judge-2, Mohali
CNR No. PBSA01-009726-2026
Next Date: 07-12-2026

Priya Sharma Vs. General Public Petition Under Right Of Persons With Disabilities Act 2016 (R/W General Principles of Independent Guardianship and sale of Property of an adult Persons of unsound Mind) Seeking appointement of Guardian and Permission to sell the undivided 1/3rd Share of Anu Sharma who is of unsound Mind Since Birth, In The House No. 5-B, 1st Floor, Decent Homes, Sec 115, Santemajra, Teh. Kharar, Distt. SAS Nagar, Mohali Comprised In Khewat/Khatauni No. 291/224, Khasra No. 38//11/2(4-18/), Situated at Sante Majra, Had Bast No. 186, Kharar, Distt. SAS Nagar as Per Jamabandi Year 2018-2019.

Publication Issued To:
General Public
SAS Nagar, Punjab, India

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-12-2026 at 10:00.

For details logon to https://highcourtchd.gov.in/?mod=district_notice&district=mohali

Additional District and Sessions Judge-2 Mohali
Dated, this day of 09-10-2026

## AXIS BANK LTD.

ਐਕਸਿਸ ਬੈਂਕ ਲਿਮਟਿਡ ਰਿਟੇਲ ਐੱਸਟ ਸੈਂਟਰ : ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006
ਟੈਲੀਫੋਨ ਨੰ. 079-26409322 ਫੈਕਸ ਨੰ. 079-26409321
ਸੀ ਆਈ ਐੱਨ : ਐੱਲ 65110 ਜੀ ਜੇ 1993 ਪੀ ਐੱਲ ਸੀ 020769 ਵੈੱਬਸਾਈਟ - www.axisbank.com

### ਕਬਜ਼ਾ ਨੋਟਿਸ [ਰੂਲ 8(1)] (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 1. ਸ੍ਰੀ ਸੁਖਵਿੰਦਰ ਸਿੰਘ ਪੁੱਤਰ ਗੁਰਬਚਨ ਸਿੰਘ (ਕਰਜ਼ਦਾਰ) 2. ਸ੍ਰੀਮਤੀ ਬਲਜੀਤ ਕੌਰ ਪਤਨੀ ਸੁਖਵਿੰਦਰ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) ਅਤੇ 3. ਸ੍ਰੀ ਪ੍ਰਮਿੰਦਰ ਸਿੰਘ ਪੁੱਤਰ ਸੁਖਵਿੰਦਰ ਸਿੰਘ (ਸਹਿ-ਕਰਜ਼ਦਾਰ) ਨੂੰ ਰਕਮ ਰੁਪਏ 23,96,298/- (ਤੇਈ ਲੱਖ ਛਿਆਨਵੇਂ ਹਜ਼ਾਰ ਦੋ ਸੌ ਅੱਠਾਨਵੇਂ ਰੁਪਏ ਕੇਵਲ) ਉਕਤ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾਇਗੀ ਕਰਨ ਲਈ 10 ਜੂਨ 2026 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 07 ਅਕਤੂਬਰ 2026 ਨੂੰ ਕਬਜ਼ਾ ਲੈ ਲਿਆ ਹੈ। ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਲੈਣ-ਦੇਣ ਐਕਸਿਸ ਬੈਂਕ ਲਿਮਟਿਡ ਨੂੰ 23,96,298/- (ਤੇਈ ਲੱਖ ਛਿਆਨਵੇਂ ਹਜ਼ਾਰ ਦੋ ਸੌ ਅਠਾਨਵੇਂ ਰੁਪਏ ਕੇਵਲ) 10.06.2026 ਤੋਂ ਅਦਾਇਗੀ ਦੀ ਮਿਤੀ ਤੱਕ ਹੋਰ ਵਿਆਜ, ਵਿਆਜ ਦੀ ਠੇਕਾ ਦਰ ਅਤੇ ਇਸ 'ਤੇ ਖਰਚੇ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰ ਦਾ ਧਿਆਨ ਸਕਿਉਰਡ ਐੱਸਟ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਦੇ ਸੰਬੰਧ 'ਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਦਿਵਾਇਆ ਜਾਂਦਾ ਹੈ।

ਅਚੱਲ ਜਾਇਦਾਦ ਦਾ ਵੇਰਵਾ

ਰਿਹਾਇਸ਼ੀ ਜਾਇਦਾਦ/ਮਕਾਨ ਨਾਲ ਸੰਬੰਧਤ ਸਭ ਕੁਝ, ਕਾਰਪੋਰੇਸ਼ਨ ਨੰ. ਬੀ-37-1731/ਬੀ, ਰਕਬਾ 80 ਵਰਗ ਗਜ਼, ਖਸਰਾ ਨੰ. 141, ਖੱਤਾ ਨੰ. 2214/2897, ਸਫਾ ਨੰ. 2862, ਜਮ੍ਹਾਂਬੰਦੀ ਸਾਲ 2010-11, ਵਾਕਿਆ ਪਿੰਡ ਗਿੱਲ-2 ਵਿਖੇ ਸਥਿਤ, ਅਬਾਦੀ ਗੁਰੂ ਨਾਨਕ ਕਲੋਨੀ, ਗਲੀ ਨੰ. 2, ਤਹਿ. ਤੇ ਜ਼ਿਲ੍ਹਾ ਲੁਧਿਆਣਾ, ਸ੍ਰੀਮਤੀ ਬਲਜੀਤ ਕੌਰ ਪਤਨੀ ਸੁਖਵਿੰਦਰ ਕੌਰ ਦੇ ਨਾਂਅ ਰਜਿਸਟਰਡ ਬੈਨਾਮਾ ਨੰ. 2018-19/103/1/3232 ਮਿਤੀ 30 ਅਕਤੂਬਰ 2018 ਅਨੁਸਾਰ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਤਾਰਾ ਸਿੰਘ, ਪੱਛਮ : ਗਲੀ 20' ਚੌੜੀ, ਉੱਤਰ : ਗੁਰਦੁਆਰਾ ਸਾਹਿਬ, ਦੱਖਣ : ਹਰਵਿੰਦਰ ਸਿੰਘ।

ਮਿਤੀ : 07.10.2026, ਸਥਾਨ : ਲੁਧਿਆਣਾ ਸਹੀ/- ਅਧਿਕਾਰਤ ਅਫਸਰ ਐਕਸਿਸ ਬੈਂਕ ਲਿਮਟਿਡ

## ਉੱਤਰ ਰੇਲਵੇ

### ਸੂਚਨਾ

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉੱਤਰ ਰੇਲਵੇ, ਜੰਮੂ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ, ਹੇਠਾਂ ਲਿਖਤ ਐਸਟੀਬੀਏ (ਸਟੇਸ਼ਨ ਟਿਕਟ ਬੁਕਿੰਗ ਏਜੰਟ) ਕੰਮ ਦੇ ਲਈ ਤੈਅ ਸਿੰਗਲ ਪੈਕੇਟ ਮੁਹਰਬੰਦ ਦਰਖਾਸਤਾਂ ਦੀ ਮੰਗ ਕਰਦੇ ਹਨ:-

| ਲ. ਨੰ. | ਸਟੇਸ਼ਨ ਦਾ ਨਾਮ | ਸਟੇਸ਼ਨ ਕੋਡ | ਸਟੇਸ਼ਨ ਸ਼੍ਰੇਣੀ | ਈਐਮਡੀ (ਰੁ.) | ਦਰਖਾਸਤ ਫਾਰਮ ਫੀਸ (ਰੁ.) | ਕਾਂਟਰੈਕਟ ਮਿਆਦ |
|---|---|---|---|---|---|---|
| 1 | ਪਾਲਮਪੁਰ ਹਿਮਾਚਲ | PLMX | NSG-4 | 10,000/- | 1,180/- | ਇਕ ਸਾਲ |
| 2 | ਕੋਪਰ ਲਾਹਰ | KPLR | NSG-6 | 2,000/- | 1,180/- | ਤਿੰਨ ਸਾਲ |
| 3 | ਛੀਨਾ | CHN | NSG-6 | 2,000/- | 1,180/- | ਤਿੰਨ ਸਾਲ |
| 4 | ਛਨਨ ਅਰੋਰਿਯਾਂ | CHNR | NSG-6 | 2,000/- | 1,180/- | ਤਿੰਨ ਸਾਲ |
| 5 | ਬੁਧੀ | BDHY | NSG-6 | 2,000/- | 1,180/- | ਤਿੰਨ ਸਾਲ |
| 6 | ਕਾਂਗੜਾ | KGRA | NSG-6 | 2,000/- | 1,180/- | ਤਿੰਨ ਸਾਲ |
| 7 | ਕੰਦਰੋਰੀ | KNDI | NSG-6 | 2,000/- | 1,180/- | ਤਿੰਨ ਸਾਲ |
| 8 | ਖੁਦਾ ਕੁਰਾਲਾ | KZA | NSG-6 | 2,000/- | 1,180/- | ਤਿੰਨ ਸਾਲ |
| 9 | ਨਗਰੋਟਾ ਸੂਰਿਯਾਂ | NGRS | NSG-6 | 2,000/- | 1,180/- | ਤਿੰਨ ਸਾਲ |
| 10 | ਭਰੋਲੀ | BHRL | NSG-6 | 2,000/- | 1,180/- | ਤਿੰਨ ਸਾਲ |
| 11 | ਜਖੋਲਾਹੜੀ | JK | NSG-6 | 2,000/- | 1,180/- | ਤਿੰਨ ਸਾਲ |
| 12 | ਮਿਰਥਲ | MRTL | NSG-6 | 2,000/- | 1,180/- | ਤਿੰਨ ਸਾਲ |
| 13 | ਭੰਗਾਲਾ | BNGL | NSG-6 | 2,000/- | 1,180/- | ਤਿੰਨ ਸਾਲ |

ਦਰਖਾਸਤ ਪੱਤਰ ਕੇਵਲ ਮੁਹਰਬੰਦ ਪੈਕੇਟ ਵਿਚ ਵਾਣਿਜਕ ਬ੍ਰਾਂਚ, ਡੀਆਰਐਮ ਦਫਤਰ, ਜੰਮੂ ਵਿਚ ਮਿਤੀ 28.10.2026 ਨੂੰ 10:00 ਤੋਂ 15:00 ਵਜੇ ਦੇ ਵਿਚ ਪ੍ਰਾਪਤ ਕੀਤੇ ਜਾਣਗੇ। ਵਧੇਰੇ ਜਾਣਕਾਰੀ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ ਤੇ ਜਾਓ।

nr.indianrailways.gov.in No. 01/STBA/Policy/Comml/JAT Dated: 09.10.2026 3521/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਸਾਂਝੇ ਮੋਰਚੇ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਸਾੜਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਜਮਹੂਰੀ ਧਰਮ ਨਿਰਪੱਖ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਹੁਸ਼ਿਆਰਪੁਰ ਵਿਖੇ ਪਾਰਕ ਸ਼ਹੀਦ ਊਧਮ ਸਿੰਘ ਪਾਰਕ ਵਿੱਚ ਆਰ ਐਮ ਪੀ ਆਈ ਸੀ ਪੀ ਆਈ ਐਮ ਐਲ, ਸੀ ਪੀ ਆਈ ਸੋਸ਼ਲਿਸਟ ਪਾਰਟੀ ਆਫ ਇੰਡੀਆ ਬੀ ਐੱਸਪੀ ਜਮਹੂਰੀ ਕਿਸਾਨ ਸਭਾ ਪੰਜਾਬ (ਏ ਆਈ ਕੇ ਐਮ) ਅਤੇ ਪੈਨਸ਼ਨਰਾਂ ਦੇ ਨੁਮਾਇਦਿਆਂ ਨੇ ਇਕੱਠੇ ਹੋ ਕੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵੱਲੋਂ ਐਸ ਆਈ ਆਰ ਕਰਨ ਦੇ ਬਹਾਨੇ ਦਲਿਤਾਂ ਤੇ ਘੱਟ ਗਿਣਤੀਆਂ ਦੇ ਵੋਟਰਾਂ ਦੀਆਂ ਵੋਟਾਂ ਕੱਟਣ ਵਾਸਤੇ ਆਪਣੇ ਦੂਸਰੇ ਕੋ-ਮੈਂਬਰਾਂ ਦੇ ਵਿਰੋਧ ਦੇ ਬਾਵਜੂਦ ਵੀ ਸੰਵਿਧਾਨ ਨੂੰ ਛਿੱਕੇ ਟੰਗਦੇ ਹੋਏ ਕਰੋੜਾਂ ਲੋਕਾਂ ਦੀਆਂ ਵੋਟਾਂ ਕੱਟਣ ਦਾ ਕੰਮ ਜਾਰੀ ਰੱਖਿਆ ਜਿਸ ਦਾ ਸਿੱਧਾ ਲਾਭ ਭਾਰਤੀ ਜਨਤਾ ਪਾਰਟੀ ਨੂੰ ਹੋਇਆ ਤੇ ਉਹਨਾਂ ਸੂਬਿਆਂ ਵਿੱਚ ਬੀ ਜੇ ਪੀ ਨੇ ਆਪਣੀਆਂ ਸਰਕਾਰਾਂ ਸਥਾਪਿਤ ਕੀਤੀਆਂ। ਮੁੱਖ ਚੋਣ ਕਮਿਸ਼ਨਰ ਨੇ ਬੀ ਜੇ ਪੀ ਦੇ ਮੈਂਬਰ ਧਿਰ ਵਜੋਂ ਆਪਣੀ ਭੂਮਿਕਾ ਨਿਭਾਈ।ਇਸ ਇਸ ਇਕੱਠ ਨੂੰ ਆਰ ਐਮਪੀਆਈ ਵੱਲੋਂ ਕਾਮਰੇਡ ਹਰਕਮਲ ਸਿੰਘ, ਸੋਸ਼ਲਿਸਟ ਪਾਰਟੀ ਆਫ ਇੰਡੀਆ ਵੱਲੋਂ ਓਮ ਸਿੰਘ ਸਟਿਆਣਾ, ਸੀ ਪੀ ਆਈ ਵੱਲੋਂ ਓਂਕਾਰ ਸਿੰਘ, ਸੀ ਪੀ ਆਈ ਐਮਐਲ ਲਿਬਰੇਸ਼ਨ ਵੱਲੋਂ ਚਰਨਜੀਤ ਸਿੰਘ ਭਿੰਡਰ ਚਰਨਜੀਤ ਸਿੰਘ ਭਿੰਡਰ ਬੀ ਐਸ ਪੀ ਵੱਲੋਂ ਜਗਮੋਹਨ ਸਿੰਘ ਸੱਜਣਾਂ, ਜਮਹੂਰੀ ਕਿਸਾਨ ਸਭਾ ਵੱਲੋਂ (ਏ ਆਈ ਕੇ ਐੱਮ) ਵੱਲੋਂ ਦਵਿੰਦਰ ਸਿੰਘ ਕੱਕੋਂ ਅਤੇ ਡਾਕਟਰ ਸੁਖਦੇਵ ਸਿੰਘ ਢਿੱਲੋਂ ਨੇ ਸੰਬੋਧਨ ਤੋਂ ਬਾਅਦ ਇਕੱਠੇ ਹੋਏ ਸਾਥੀਆਂ ਨੇ ਬਸ ਸਟੈਂਡ ਚੌਂਕ ਤੱਕ ਮਾਰਚ ਕਰਕੇ ਗਿਆਨੇਸ਼ ਕੁਮਾਰ ਦਾ ਪੁੱਤਲਾ ਸਾੜਿਆ ਅਤੇ ਸਰਕਾਰ ਤੋਂ ਮੰਗ ਕੀਤੀ ਗਨੇਸ਼ ਕੁਮਾਰ ਨੂੰ ਬਰਖਾਸਤ ਕਰਕੇ ਇਸ ਤੇ ਪਰਚਾ ਦਰਜ ਕਰਕੇ ਸਖਤ ਤੋਂ ਸਖਤ ਸਜ਼ਾ ਦਿੱਤੀ। ਅੰਤ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਦੇ ਕਨਵੀਨਰ ਸਾਥੀ ਸਤੀਸ਼ ਰਾਣਾ ਨੇ ਆਏ ਹੋਏ ਸਾਥੀਆਂ ਦਾ ਧੰਨਵਾਦ ਕੀਤਾ।



# ਪਰਗਟ ਸਿੰਘ ਡੇਰਾ ਸੱਚਖੰਡ ਬੱਲਾਂ ਵਿਖੇ ਹੋਏ ਨਤਮਸਤਕ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)-** ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵ-ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਵੀਰਵਾਰ ਸ਼ਾਮ ਨੂੰ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਏ। ਇਸ ਮੌਕੇ ਤੇ ਉਹਨਾਂ ਦੇ ਨਾਲ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਸਮੂਹ ਲੀਡਰਸ਼ਿਪ ਵੀ ਹਾਜ਼ਰ ਸੀ। ਇਸ ਮੌਕੇ ਤੇ ਸਭ ਤੋਂ ਪਹਿਲਾਂ ਉਹ ਬ੍ਰਹਮਲੀਨ ਸੰਤ ਸਰਵਣ ਦਾਸ ਮਹਾਰਾਜ ਜੀ ਦੀ ਪ੍ਰਤਿਮਾ ਅੱਗੇ ਨਤਮਸਤਕ ਹੋਏ ਅਤੇ ਫੁੱਲ ਮਾਲਾ ਭੇਟ ਕੀਤੀ। ਇਸ ਉਪਰੰਤ ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਅਤੇ ਉਨ੍ਹਾਂ ਦੇ ਨਾਲ ਵਿਧਾਇਕ ਰਾਣਾ ਗੁਰਜੀਤ ਸਿੰਘ , ਵਿਧਾਇਕ ਲਾਡੀ ਸ਼ੇਰੋਵਾਲੀਆ, ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਸਾਬਕਾ ਵਿਧਾਇਕ ਰਾਜਿੰਦਰ ਬੇਰੀ , ਸਾਬਕਾ ਵਿਧਾਇਕ ਚੌਧਰੀ ਸੁਰਿੰਦਰ ਸਿੰਘ, ਹਲਕਾ ਇੰਚਾਰਜ ਕਰਤਾਰਪੁਰ ਰਾਜਿੰਦਰ ਸਿੰਘ ਕਾਂਗਰਸ, ਕਾਂਗਰਸ ਮਹਿਲਾ ਆਗੂ ਜਸਲੀਨ ਸੇਠੀ, ਸਾਬਕਾ ਸਰਪੰਚ ਪ੍ਰਦੀਪ ਕੁਮਾਰ ਬੱਲਾਂ ਦੀਪਾ ਆਦਿ ਵੱਲੋਂ ਪਦਮ ਸ੍ਰੀ ਸੰਤ ਨਿਰੰਜਨ ਦਾਸ ਮਹਾਰਾਜ ਜੀ ਨੂੰ ਮੱਥਾ ਟੇਕਿਆ ਅਤੇ ਉਹਨਾਂ ਪਾਸੋਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਤੇ ਪਦਮ ਸ੍ਰੀ ਸੰਤ ਨਿਰੰਜਨ ਦਾਸ ਮਹਾਰਾਜ ਜੀ ਵਲੋਂ ਕਾਂਗਰਸ ਪੰਜਾਬ ਦੇ ਨਵ ਨਿਯੁਕਤ ਪ੍ਰਧਾਨ ਸਰਦਾਰ ਪ੍ਰਗਟ ਸਿੰਘ ਅਤੇ ਸਮੁੱਚੀ ਕਾਂਗਰਸ ਲੀਡਰਸ਼ਿਪ ਨੂੰ ਸਿਰੋਪੇ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਡੇਰਾ ਟਰੱਸਟੀ ਮੈਨੇਜਰ ਧਰਮਪਾਲ ਸਿੰਮਕ, ਡੇਰਾ ਟਰਸਟੀ ਨਿਰੰਜਨ ਦਾਸ ਚੀਮਾ, ਸੇਵਾਦਾਰ ਹਰਦੇਵ ਦਾਸ, ਸੇਵਾਦਾਰ ਬਰਿੰਦਰ ਦਾਸ ਬੱਬੂ, ਸੇਵਾਦਾਰ ਸ਼ਾਮ ਲਾਲ, ਬੀ ਈ ਈ ਓ ਮਾਸਟਰ ਬੀ ਕੇ ਮੇਹਿਮੀ, ਸਾਬਕਾ ਸਰਪੰਚ ਬਾਬਾ ਸੁਖਦੇਵ ਸਿੰਘ ਸੁੱਖੀ, ਸੰਸਾਰ ਚੰਦ ਬਿਆਸ ਪਿੰਡ, ਰੇਸ਼ਮ ਸਿੰਘ ਸਾਬਕਾ ਸਰਪੰਚ ਰਾਓਵਾਲੀ, ਸਾਬਕਾ ਸਰਪੰਚ ਓਂਕਾਰ ਸਿੰਘ ਮੰਨਣ, ਪੰਚ ਹੁਸਨ ਲਾਲ, ਬਲਵੰਤ ਸਿੰਘ ਕਾਲਾ ਬਾਹੀਆਂ, ਕੁਲਦੀਪ ਕੁਮਾਰ ਦੀਪਾ ਸਰਪੰਚ ਨੂਰਪੁਰ , ਸਰਪੰਚ ਗੁਰਬਖਸ਼ ਸਿੰਘ ਸਵਾਮੀ ਕਿਸ਼ਨਗੜ੍ਹ ,ਜਥੇਦਾਰ ਗੁਰਬਖਸ਼ ਸਿੰਘ ਨੌ ਗੱਜਾ, ਪ੍ਰਗਟ ਸਿੰਘ ਸੰਘਵਾਲ, ਮੁੱਕਦਰ ਲਾਲ ਵਾਈਸ ਪ੍ਰਧਾਨ ਨਗਰ ਕੌਂਸਲ ਅਲਾਵਲਪੁਰ, ਸੰਦੀਪ ਸਿੰਘ ਹੋਠੀ, ਮਾ: ਲੈਂਹਿਬਰ ਰਾਮ, ਅਮਰਜੀਤ ਸ਼ੇਰਾ ਆਦਿ ਤੋਂ ਇਲਾਵਾ ਹੋਰ ਕਾਂਗਰਸੀ ਆਗੂ ਅਤੇ ਵਰਕਰ ਵੀ ਮੌਜੂਦ ਸਨ।



# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ੇਸ਼ ਡਾਕੂਮੈਂਟਰੀ ਫਿਲਮ ਦਿਖਾਈ

**ਖਰੜ (ਹਰਨਾਮ ਸਿੰਘ ਡੱਲਾ)-** ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ੇਸ਼ ਉਪਰਾਲੇ ਤਹਿਤ ਖਰੜ ਬਲਾਕ ਦੇ ਪਿੰਡ ਘੋਗਾ, ਘੋਗਾ ਖੇੜੀ ਅਤੇ ਮਾਛੀਪੁਰ ਵਿਖੇ ਐੱਲ ਈ ਡੀ ਸਕਰੀਨ ਰਾਹੀਂ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਫਿਲਮ ਦਿਖਾਈ ਗਈ।ਇਸ ਦਾ ਉਦੇਸ਼ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀ ਵਿਚਾਰਧਾਰਾ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣਾ ਹੈ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਨੇ ਹਮੇਸ਼ਾ ਸਮਾਨਤਾ, ਆਪਸੀ ਸਤਿਕਾਰ, ਮਿਹਨਤ, ਪ੍ਰੇਮ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਹੱਤਵ ਦਿੱਤਾ। ਉਨ੍ਹਾਂ ਦੀ ਵਿਚਾਰਧਾਰਾ ਸਾਨੂੰ ਜਾਤ-ਪਾਤ ਅਤੇ ਸਮਾਜਿਕ ਵਖਰੇਵਿਆਂ ਤੋਂ ਉੱਪਰ ਉੱਠ ਕੇ ਸਾਰੇ ਮਨੁੱਖਾਂ ਨਾਲ ਬਰਾਬਰੀ ਅਤੇ ਸਤਿਕਾਰ ਵਾਲਾ ਵਿਹਾਰ ਕਰਨ ਦੀ ਪ੍ਰੇਰਨਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਡਾਕੂਮੈਂਟਰੀ ਪਿੰਡਾਂ ਵਿੱਚ ਦਿਖਾਉਣ ਦਾ ਉਪਰਾਲਾ ਸ਼ਲਾਘਾਯੋਗ ਹੈ। ਇਸ ਰਾਹੀਂ ਪਿੰਡਾਂ ਦੇ ਲੋਕਾਂ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਉਨ੍ਹਾਂ ਵੱਲੋਂ ਦਿੱਤੇ ਗਏ ਅਧਿਆਤਮਕ ਤੇ ਸਮਾਜਿਕ ਸੰਦੇਸ਼ ਬਾਰੇ ਜਾਨਣ ਦਾ ਮੌਕਾ ਮਿਲ ਰਿਹਾ ਹੈ।



# ਮੀਂਹ, ਗੜੇਮਾਰੀ ਨੇ ਕਿਸਾਨਾਂ ਦੇ ਸਾਹ ਸੂਤੇ

**ਅੱਡਾ ਸਰਾਂ (ਜਸਵੀਰ ਕਾਜਲ)-** ਜਸਵਿੰਦਰ ਸਿੰਘ ਚੋਹਾਨ ਜਥੇਬੰਦੀ ਵਾਰਸ ਪੰਜਾਬ ਦੇ ਸਰਕਲ ਪ੍ਰਧਾਨ ਅੱਡਾ ਸਰਾ (ਕੰਧਾਲਾ ਜੱਟਾ) ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਭਾਰੀ ਮੀਹ, ਗੜੇਮਾਰੀ ਅਤੇ ਤੇਜ ਹਨੇਰੀ ਕਾਰਨ ਕਿਸਾਨਾਂ ਦੀ ਫਸਲ ਦਾ ਹੋਇਆ ਭਾਰੀ ਨੁਕਸਾਨ ਅਤੇ ਕਿਸਾਨਾਂ ਦੇ ਸਾਹ ਸੂਤੇ ਚੋਹਾਨ ਨੇ ਕਿਹਾ ਕਿ ਝੋਨੇ ਦੀ ਤਿਆਰ ਫਸਲ ਦਾ ਲਗਭਗ 70 ਤੋ 80ਪ੍ਰਤੀਸਤ ਨੁਕਸਾਨ ਹੋ ਗਿਆ ਹੈ ਗੰਨੇ ਦੀ ਫਸਲ ਦਾ ਹਨੇਰੀ ਕਾਰਨ ਵੀ ਭਾਰੀ ਨੁਕਸਾਨ ਹੋ ਗਿਆ ਹੈ। ਕਿਸਾਨਾ ਦੀ ਮੰਡੀ ਵਿੱਚ ਤਿਆਰ ਲਿਜਾਣ ਵਾਲੀ ਮੂਲੀ ਅਤੇ ਸਾਗ ਲਗਭਗ ਖਤਮ ਹੋ ਚੁੱਕਾ ਹੈ। ਚੌਹਾਨ ਨੇ ਸਰਕਾਰ ਤੋਂ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ ਕਿਸਾਨਾ ਦੀ ਹਾਲਤ ਨੂੰ ਸਮਝਦੇ ਹੋਏ ਤੰਰੁਤ ਫਸਲ ਦਾ ਮੁਆਵਜ਼ਾ ਕਿਸਾਨਾ ਨੂੰ ਦਿਤਾ ਜਾਵੇ।



# 'ਆਪ' ਦੇ ਮਹਿਲਾ ਵਿੰਗ ਦੀ ਮੀਟਿੰਗ



**ਬਲਾਚੌਰ (ਜਸਵਿੰਦਰ ਬੈਂਸ)-** ਬਲਾਚੌਰ ਵਿਖੇ ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਦੀ ਇੱਕ ਬਹੁਤ ਹੀ ਅਹਿਮ ਅਤੇ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਹ ਮੀਟਿੰਗ ਸੰਜੀਵ ਚੌਧਰੀ (ਚੇਚੀ) ਜ਼ਿਲ੍ਹਾ ਪ੍ਰਧਾਨ ਐਸ ਬੀ ਐਸ ਨਗਰ, ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਅਤੇ ਸਟੇਟ ਜਨਰਲ ਸਕੱਤਰ ਯੂਥ ਵਿੰਗ ਅਤੇ ਸੰਤੋਸ਼ ਉਹਨਾਂ ਦੀ ਅਗਵਾਈ ਹੇਠ [illegible] ਅਤੇ ਸਾਂਝੀ ਅਗਵਾਈ ਹੇਠ ਸਫਲਤਾਪੂਰਵਕ ਸੰਪੰਨ ਹੋਈ।

ਇਸ ਮੀਟਿੰਗ ਦਾ ਮੁੱਖ ਉਦੇਸ਼ ਪਾਰਟੀ ਸੰਗਠਨ ਵਿੱਚ ਔਰਤਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਸੁਨਿਸ਼ਚਿਤ ਕਰਨਾ, ਹੇਠਲੇ ਪੱਧਰ (ਗ੍ਰਾਸ ਰੂਟ ਲੈਵਲ) 'ਤੇ ਪਾਰਟੀ ਦੇ ਆਧਾਰ ਨੂੰ ਮਜ਼ਬੂਤ ਕਰਨਾ ਅਤੇ ਹਰ ਘਰ ਤੱਕ ਸਿੱਧੀ ਪਹੁੰਚ ਬਣਾਉਣਾ ਸੀ। ?ਇਸ ਵਿਸ਼ੇਸ਼ ਮੀਟਿੰਗ ਵਿੱਚ ਜ਼ਿਲ੍ਹਾ ਇੰਚਾਰਜ ਕੁਲਵੀਰ ਕੌਰ, ਵਾਈਸ ਜ਼ਿਲ੍ਹਾ ਇੰਚਾਰਜ ਅਮਨਦੀਪ, ਬਲਾਚੌਰ ਹਲਕਾ ਕੋਆਰਡੀਨੇਟਰ ਗੋਤੂ ਅਤੇ ਸੰਗਠਨ ਇੰਚਾਰਜ ਸੋਨੀ ਉਹਨਾਂ ਸਮੇਤ ਬਲਾਚੌਰ ਦੇ ਸਮੂੰਹ ਬਲਾਕ ਇੰਚਾਰਜਾਂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਸਾਰੇ ਹਾਜ਼ਰ ਅਹੁਦੇਦਾਰਾਂ ਨੇ ਮਹਿਲਾ ਵਿੰਗ ਨੂੰ ਹੋਰ ਵੱਧ ਸਰਗਰਮ ਅਤੇ ਮਜ਼ਬੂਤ ਬਣਾਉਣ ਲਈ ਆਪਣੇ-ਆਪਣੇ ਮਹੱਤਵਪੂਰਨ ਸੁਝਾਅ ਦਿੱਤੇ ਅਤੇ ਆਉਣ ਵਾਲੀਆਂ ਪਾਰਟੀ ਗਤੀਵਿਧੀਆਂ ਦੀ ਰੂਪ-ਰੇਖਾ 'ਤੇ ਵਿਸਥਾਰਪੂਰਵਕ ਚਰਚਾ ਕੀਤੀ।

ਮੀਟਿੰਗ ਵਿੱਚ ਹਾਜ਼ਰ ਮਹਿਲਾ ਵਿੰਗ ਦੀਆਂ ਆਗੂਆਂ, ਵਰਕਰਾਂ ਅਤੇ ਪਾਰਟੀ ਸਮਰਥਕਾਂ ਨੂੰ ਪ੍ਰੇਰਿਤ ਕਰਦਿਆਂ ਸੀਨੀਅਰ ਨੇਤਾਵਾਂ ਨੇ ਕਿਹਾ ਕਿ ਉਹ ਸਰਕਾਰ ਦੀਆਂ ਇਨ੍ਹਾਂ ਜਨ-ਕਲਿਆਣਕਾਰੀ ਯੋਜਨਾਵਾਂ ਦਾ ਲਾਭ ਹਰ ਜ਼ਰੂਰਤਮੰਦ ਔਰਤ ਤੱਕ ਪਹੁੰਚਾਉਣ ਵਿੱਚ ਅਹਿਮ ਅਤੇ ਸਰਗਰਮ ਭੂਮਿਕਾ ਨਿਭਾਉਣ।

# ਚੀਮਾ ਵੱਲੋਂ ਪ੍ਰਕਾਸ਼ ਪੁਰਬ ਤੋਂ ਪਹਿਲਾਂ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਸਮੀਖਿਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)-** ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਵਿੱਚ ਸਫ਼ਾਈ ਪ੍ਰਬੰਧਾਂ ਅਤੇ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਨ ਲਈ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ (ਈ ਓ), ਸੀਵਰੇਜ ਬੋਰਡ ਦੇ ਐਸ ਡੀ ਓ, ਜੇ ਈ ਅਤੇ ਹੋਰ ਸਬੰਧਤ ਅਧਿਕਾਰੀਆਂ ਤੋਂ ਪ੍ਰਬੰਧਾਂ ਨਾਲ ਸ਼ਹਿਰ ਦੀ ਸਫ਼ਾਈ, ਸੀਵਰੇਜ ਪ੍ਰਬੰਧਾਂ ਅਤੇ ਹੋਰ ਜ਼ਰੂਰੀ ਕੰਮਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਸਾਰੇ ਕੰਮ ਪਹਿਲ ਦੇ ਆਧਾਰ 'ਤੇ ਕਰਵਾਏ ਜਾਣ ਅਤੇ ਸ਼ਹਿਰ ਵਿੱਚ ਸਫ਼ਾਈ ਤੇ ਹੋਰ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਜਾਵੇ।

ਸੱਜਣ ਸਿੰਘ ਚੀਮਾ ਨੇ ਕਿਹਾ ਕਿ ਸੁਲਤਾਨਪੁਰ ਲੋਧੀ ਸਿੱਖ ਧਰਮ ਦੀ ਇਤਿਹਾਸਕ ਅਤੇ ਪਵਿੱਤਰ ਨਗਰੀ ਹੈ, ਜਿੱਥੇ ਪ੍ਰਕਾਸ਼ ਪੁਰਬ ਮੌਕੇ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਣ ਲਈ ਪਹੁੰਚਦੀਆਂ ਹਨ। ਇਸ ਲਈ ਸ਼ਹਿਰ ਵਿੱਚ ਸਫ਼ਾਈ, ਸੀਵਰੇਜ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਪ੍ਰਬੰਧਾਂ ਵਿੱਚ ਕੋਈ ਢਿੱਲ ਨਹੀਂ ਰਹਿਣੀ ਚਾਹੀਦੀ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸਾਰੇ ਵਿਕਾਸ ਕਾਰਜ ਪੂਰੀ ਗੰਭੀਰਤਾ, ਜ਼ਿੰਮੇਵਾਰੀ ਅਤੇ ਪਵਿੱਤਰ ਨਗਰੀ ਦੀ ਮਰਿਆਦਾ ਨੂੰ ਧਿਆਨ ਵਿੱਚ ਰੱਖਦਿਆਂ ਨੇਪਰੇ ਚਾੜ੍ਹੇ ਜਾਣ। ਉਨ੍ਹਾਂ ਜ਼ੋਰ ਦਿੱਤਾ ਕਿ ਪ੍ਰਕਾਸ਼ ਪੁਰਬ ਤੋਂ ਪਹਿਲਾਂ ਸ਼ਹਿਰ ਦੇ ਜ਼ਰੂਰੀ ਕੰਮ ਮੁਕੰਮਲ ਕੀਤੇ ਜਾਣ ਤਾਂ ਜੋ ਸੰਗਤਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਈ ਓ ਕਮਲਜੀਤ ਸਿੰਘ ਅਤੇ ਕੌਂਸਲਰ ਰਜੀਵਤ ਧੀਰ, ਕੌਂਸਲਰ ਦਿਨੇਸ਼ ਧੀਰ, ਕੌਂਸਲਰ ਜਤਿੰਦਰ ਸੇਠੀ, ਕੌਂਸਲਰ ਗੁਰਵਿੰਦਰ ਕੌਰ, ਸਾਬਕਾ ਕੌਂਸਲਰ ਰਜਿੰਦਰ ਸਿੰਘ ਲਵਪ੍ਰੀਤ ਸਿੰਘ ਤੇ ਹੋਰ ਬਹੁਤ ਸਾਰੀਆਂ ਸ਼ਖ਼ਸੀਅਤਾਂ ਹਾਜ਼ਰ ਸਨ।



# ਦੋ ਕਾਵਿ-ਪੁਸਤਕਾਂ ਰੂਪ ਰੰਗ ਤੇ ਔਰਤ ਦਾ ਲੋਕ ਅਰਪਣ ਭਲਕੇ

**ਚੰਡੀਗੜ੍ਹ (ਸੁਰਜੀਤ ਸੁਮਨ)-** ਸਿਰੀ ਰਾਮ ਅਰਸ਼ ਮੈਮੋਰੀਅਲ ਕਮੇਟੀ ਮੁਹਾਲੀ ਅਤੇ ਕਵੀ ਮੰਚ (ਰਜਿ.) ਮੁਹਾਲੀ ਵੱਲੋਂ ਸਮਰਾਟ ਗ਼ਜ਼ਲਗੋ ਸਿਰੀ ਰਾਮ ਅਰਸ਼ ਯਾਦਗਾਰੀ ਐਵਾਰਡ ਜਨਾਬ ਗੁਰਦਿਆਲ ਰੌਸ਼ਨ, ਡਾ. ਅੰਜੂ [illegible] ਸਮਾਗਮ ਦੌਰਾਨ ਭਗਤ ਰਾਮ ਰੰਗਾੜਾ ਦੀਆਂ ਦੋ ਕਾਵਿ-ਪੁਸਤਕਾਂ ਰੂਪ ਰੰਗ ਅਤੇ ਔਰਤ ਦਾ ਲੋਕ ਅਰਪਣ ਕੀਤਾ ਜਾਵੇਗਾ। [illegible] ਲੇਖਕ ਭਗਤ ਰਾਮ ਰੰਗਾੜਾ, ਜਨਰਲ ਸਕੱਤਰ ਰਾਜ ਕੁਮਾਰ ਸਾਹੋਵਾਲੀਆ, ਸਿਰੀ ਰਾਮ ਅਰਸ਼ ਮੈਮੋਰੀਅਲ ਕਮੇਟੀ ਮੁਹਾਲੀ ਦੇ ਕਨਵੀਨਰ ਅਨਿਲ ਕੁਮਾਰ ਅਰਸ਼ ਤੇ ਕੋ-ਕਨਵੀਨਰ ਡਾ. ਰਜੇਸ਼ ਕੁਮਾਰ ਨੇ ਦੱਸਿਆ ਕਿ ਇਹ ਸਮਾਗਮ ਮਿਤੀ 11 ਅਕਤੂਬਰ ਨੂੰ ਬਾਅਦ ਦੁਪਹਿਰ 2.30 ਵਜੇ ਸੈਣੀ ਭਵਨ, ਸੈਕਟਰ 24 (ਸਾਹਮਣੇ ਬੱਤਰਾ ਥੀਏਟਰ), ਚੰਡੀਗੜ੍ਹ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ ਦੇ ਮੁੱਖ ਮਹਿਮਾਨ ਗ਼ਜ਼ਲ ਉਸਤਾਦ ਬਲਬੀਰ ਸਿੰਘ ਸੈਣੀ, ਵਿਸ਼ੇਸ਼ ਮਹਿਮਾਨ ਗੁਰਦੀਪ ਕੌਰ ਗੁਲ ਹੋਣਗੇ, ਜਦਕਿ ਪ੍ਰਧਾਨਗੀ ਸ਼ਿੰਦਰਪਾਲ ਸਿੰਘ, ਕਾਰਜਕਾਰੀ ਪ੍ਰਧਾਨ ਵਿਸ਼ਵ ਪੰਜਾਬੀ ਸਾਹਿਤਕ ਵਿਚਾਰ ਮੰਚ ਵੱਲੋਂ ਕੀਤੀ ਜਾਵੇਗੀ। ਭਗਤ ਰਾਮ ਰੰਗਾੜਾ ਦੀਆਂ ਪੁਸਤਕਾਂ ਬਾਰੇ ਰਾਜ ਕੁਮਾਰ ਸਾਹੋਵਾਲੀਆ ਅਤੇ ਬਾਬੂ ਰਾਮ ਦੀਵਾਨਾ ਪੇਪਰ ਪੇਸ਼ ਕਰਨਗੇ।



# ਬੀ ਪੀ ਸ਼ੂਗਰ ਟੈਸਟ ਤੇ ਜਨਰਲ ਮੈਡੀਸਿਨ ਕੈਂਪ ਲਗਾਇਆ



**ਆਦਮਪੁਰ (ਪਰਮਜੀਤ ਸਿੰਘ)-** [illegible]

# ਕਵਿਤਾ, ਸ਼ਬਦ ਗਾਇਨ ਮੁਕਾਬਲੇ ਭਲਕੇ

**ਚੰਡੀਗੜ੍ਹ (ਸੁਰਜੀਤ ਸੁਮਨ)-** ਮੰਡੇਰ ਨਗਰ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ (ਰਜਿ:) ਖਰੜ ਅਤੇ ਸਮੂਹ ਨਿਵਾਸੀਆਂ ਦੇ ਸਹਿਯੋਗ ਨਾਲ 11 ਅਕਤੂਬਰ ਨੂੰ ਬਾਅਦ ਦੁਪਹਿਰ 3.30 ਵਜੇ ਉਥੇ ਕਹਾਣੀਕਾਰ ਤੇ ਪੰਜਾਬੀ ਸਾਹਿਤ ਸਭਾ ਖਰੜ ਦੇ ਪ੍ਰਧਾਨ ਗੁਰਮੀਤ ਸਿੰਘ ਸਿੰਗਲ ਦੀ ਦੇਖ-ਰੇਖ ਵਿੱਚ ਮੰਡੇਰ ਨਗਰ ਦੇ ਬੱਚਿਆਂ ਦੀ ਪ੍ਰਤਿਭਾ ਨਿਖਾਰਨ ਲਈ ਕਵਿਤਾ, ਗੀਤ, ਕਹਾਣੀ ਅਤੇ ਸ਼ਬਦ ਗਾਇਨ ਆਦਿ ਦੇ ਮੁਕਾਬਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਬੱਚਿਆਂ ਵੱਲੋਂ ਪੇਸ਼ ਕੀਤੀਆਂ ਜਾਣ ਵਾਲੀਆਂ ਰਚਨਾਵਾਂ ਦੀ ਜੱਜਮੈਂਟ ਪ੍ਰਸਿੱਧ ਗਾਇਕ ਡਾ. ਜਸਪਾਲ ਜੱਸੀ, ਮੁਖੀ, ਸੋਸ਼ਲ ਸਾਇੰਸ ਤੇ ਐਜੂਕੇਸ਼ਨ, ਰਿਆਤ ਤੇ ਬਾਹਰਾ ਯੂਨੀਵਰਸਿਟੀ ਕਰਨਗੇ। ਇਹ ਜਾਣਕਾਰੀ ਮੰਡੇਰ ਨਗਰ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਲਜੀਤ ਸਿੰਘ ਤੇ ਹੋਰ ਪਤਵੰਤੇ ਸੱਜਣਾਂ ਬਹਾਦਰ ਸਿੰਘ, ਚਰਨ ਸਿੰਘ, ਜਗਜੀਤ ਸਿੰਘ ਸੰਧੂ, ਸਵਰਨ ਸਿੰਘ, ਜਗੀਰ ਸਿੰਘ, ਸਤੀਸ਼ ਕੁਮਾਰ, ਜੋਗਿੰਦਰਪਾਲ, ਸੁਖਦੇਵ ਸਿੰਘ ਰੰਧਾਵਾ ਅਤੇ ਭਾਗ ਸਿੰਘ ਨਾਫਰੀ ਆਦਿ ਨੇ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਦੇ ਵਾਈ-ਫਾਈ ਯੁੱਗ ਵਿੱਚ ਬੱਚਿਆਂ ਨੂੰ ਕਲਾਵਾਂ ਵੱਲ ਪ੍ਰੇਰਿਤ ਕਰਨਾ ਬਹੁਤ ਜ਼ਰੂਰੀ ਹੈ।



# ਪੁਰਤਗਾਲ ਭੇਜਣ ਦਾ ਝਾਂਸਾ ਦੇ ਕੇ ਧੋਖਾਧੜੀ ਕਰਨ ਵਾਲੇ ਖਿਲਾਫ ਮਾਮਲਾ ਦਰਜ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)-** ਦਸ਼ਮੇਸ਼ ਨਗਰ ਟਾਂਡਾ ਨਾਲ ਸੰਬੰਧਿਤ ਇੱਕ ਨੌਜਵਾਨ ਨੂੰ ਵਿਦੇਸ਼ ਪੁਰਤਗਾਲ ਭੇਜਣ ਦਾ ਝਾਂਸਾ ਦੇ ਕੇ ਠੱਗੀ ਮਾਰਨ ਵਾਲੇ ਇੱਕ ਵਿਅਕਤੀ ਖਿਲਾਫ ਟਾਂਡਾ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਕਮਲਦੀਪ ਕੌਰ ਪਤਨੀ ਹਰਭਜਨ ਸਿੰਘ ਵਾਸੀ ਵਾਰਡ ਨੰਬਰ 10 ਦਸ਼ਮੇਸ਼ ਨਗਰ ਟਾਂਡਾ ਵੱਲੋਂ ਐਸ ਐਸ ਪੀ ਹੁਸ਼ਿਆਰਪੁਰ ਨੂੰ ਦਿੱਤੀ ਗਈ ਦਰਖਾਸਤ ਉਪਰੰਤ ਡੀ.ਐਸ.ਪੀ ਟਾਂਡਾ ਵੱਲੋਂ ਕੀਤੀ ਗਈ ਜਾਂਚ ਪੜਤਾਲ ਦੌਰਾਨ ਪਰਮਿੰਦਰ ਸਿੰਘ ਪੁੱਤਰ ਮੁਲਖ ਰਾਜ ਵਾਸੀ ਥੇਹ ਬਰਨਾਲਾ ਹਾਲ ਵਾਸੀ ਬਸਤੀ ਬਾਵਾ ਖੇਲ ਜਲੰਧਰ ਦੇ ਖਿਲਾਫ ਦਰਜ ਕੀਤਾ ਹੈ।

ਪੁਲਸ ਨੂੰ ਦਿੱਤੀ ਗਈ ਦਰਖਾਸਤ ਵਿੱਚ ਕਮਲਦੀਪ ਕੌਰ ਨੇ ਦੱਸਿਆ ਕਿ ਉਕਤ ਦੋਸ਼ੀ ਨੇ ਉਸਦੇ ਪੁੱਤਰ ਪਰਮਵੀਰ ਸਿੰਘ ਨੂੰ ਵਿਦੇਸ਼ ਪੁਰਤਗਾਲ ਭੇਜਣ ਦਾ ਝਾਂਸਾ ਦੇ ਕੇ 1 ਲੱਖ 20 ਹਜਾਰ ਰੁਪਏ ਦੀ ਠੱਗੀ ਕੀਤੀ ਹੈ। ਟਾਂਡਾ ਪੁਲਿਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸੱਭਿਆਚਾਰਕ ਰੰਗਾਂ ਨਾਲ ਮਨਾਇਆ 'ਜਸ਼ਨ-ਏ-ਹੁਨਰ'

**ਫਿਲੌਰ (ਨਿਰਮਲ)-** ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਵਿਖੇ ਓ.ਐਸ.ਡੀ ਮੈਡਮ ਰਾਜਵਿੰਦਰ ਕੌਰ ਹੁੰਦਲ ਜੀ ਦੀ ਯੋਗ ਅਗਵਾਈ ਅਧੀਨ ਸਮੂਹ ਸਟਾਫ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਵਿਦਿਆਰਥੀਆਂ ਅੰਦਰ ਛੁਪੀ ਕਲਾ ਅਤੇ ਵੱਖ-ਵੱਖ ਹੁਨਰਾਂ ਨੂੰ ਉਜਾਗਰ ਕਰਨ ਦੇ ਉਦੇਸ਼ ਨਾਲ 'ਜਸ਼ਨ-ਏ-ਹੁਨਰ' ਪ੍ਰੋਗਰਾਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਹਰਜੋਤ ਕੌਰ ਲੋਹਟੀਆ, ਵਿਧਾਨ ਸਭਾ ਹਲਕਾ ਇੰਚਾਰਜ ਫਿਲੌਰ ਨੇ ਸ਼ਿਰਕਤ ਕੀਤੀ। ਡਾ. ਰਾਜਵਿੰਦਰ ਕੌਰ ਹੁੰਦਲ ਨੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰਦਿਆਂ ਨਿੱਘਾ ਜੀ ਆਇਆਂ ਆਖਿਆ ਅਤੇ ਨਾਲ ਹੀ ਉਚੇਚੇ ਤੌਰ ਤੇ ਵਿਸ਼ੇਸ਼ ਮਹਿਮਾਨ ਵਜੋਂ ਤੀਰਥ ਸਿੰਘ ਜੌਹਲ ਸਮਾਜ ਸੇਵਕ ਪਿੰਡ ਤੇਹਿੰਗ ਤੇ ਸਰਪੰਚ ਸ. ਨਿਰਮਲ ਸਿੰਘ ਜੱਜ ਨੂੰ ਵੀ ਗੁਲਦਸਤਾ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਇਸਤਕਬਾਲ ਕੀਤਾ। ਮੁੱਖ ਮਹਿਮਾਨ ਵੱਲੋਂ ਕਾਲਜ ਵਿੱਚ ਬੂਟੇ ਲਾਉਣ ਦੀ ਰਸਮ ਅਦਾ ਕੀਤੀ ਗਈ। ਇਸ ਉਪਰੰਤ 'ਜਸ਼ਨ ਨੇ ਹੁਨਰ' ਦੇ ਰੰਗਾ ਰੰਗ ਪ੍ਰੋਗਰਾਮ ਦੀ ਸ਼ੁਰੂਆਤ ਸ਼ਮਾਦਾਨ ਰੌਸ਼ਨ ਕਰਕੇ ਕੀਤੀ ਗਈ। ਸ਼ਬਦ ਗਾਇਨ ਨਾਲ ਮੰਗਲਾਚਰਨ ਦੀ ਰਸਮ ਕਰਨ ਤੋਂ ਬਾਅਦ ਵਿਸ਼ੇਸ਼ ਤੌਰ ਤੇ ਓਐਸ ਡੀ ਡਾ. ਰਾਜਵਿੰਦਰ ਕੌਰ ਹੁੰਦਲ ਜੀ ਨੇ ਮੁੱਖ ਮਹਿਮਾਨ , ਵਿਸ਼ੇਸ਼ ਮਹਿਮਾਨ ਅਤੇ ਹੋਰ ਪਤਵੰਤੇ ਸੱਜਣਾਂ ਨੂੰ ਨਿੱਘਾ ਜੀ ਆਇਆ ਆਖਿਆ। ਉਨ੍ਹਾਂ ਨੇ ਬਹੁਤ ਹੀ ਸਹਿਜਤਾ ਨਾਲ ਹਰਜੋਤ ਕੌਰ ਲੋਹਟੀਆ ਦੇ ਜੀਵਨ, ਸਿੱਖਿਆ, ਸ਼ਖ਼ਸ਼ੀਅਤ, ਸੰਘਰਸ਼ ਅਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਭਵਿੱਖ ਵਿੱਚ ਕਾਮਯਾਬੀ ਲਈ ਸ਼ੁਭਕਾਮਨਾਵਾ ਦਿੱਤੀਆਂ। ਸਟੇਜ ਸੰਚਾਲਕ ਦੀ ਭੂਮਿਕਾ ਨਿਭਾਉਂਦੇ ਹੋਏ ਡਾ. ਪਰਮਜੀਤ ਕੌਰ ਨੇ ਰੰਗਾਰੰਗ ਪ੍ਰੋਗਰਾਮ ਦੀ ਸ਼ੁਰੂਆਤ ਕਰਨ ਦੀ ਇਜਾਜ਼ਤ ਮੁੱਖ ਮਹਿਮਾਨ ਤੋਂ ਲੈਂਦਿਆਂ ਹੋਏ ਪ੍ਰੋਗਰਾਮ ਦਾ ਆਗਾਜ਼ ਲੋਕ ਗੀਤ ਨਾਲ ਕਰਵਾਇਆ ਗਿਆ। ਇਸ ਉਪਰੰਤ ਕਾਲਜ ਦੇ ਵਿਦਿਆਰਥੀਆਂ ਵੱਲੋਂ ਲੋਕ ਗੀਤ, ਲੋਕ ਨਾਚ, ਕਵਿਤਾ ਉਚਾਰਨ, ਗਿੱਧਾ ਤੇ ਭੰਗੜੇ ਦੀ ਖ਼ੂਬਸੂਰਤ ਪੇਸ਼ਕਾਰੀ ਕੀਤੀ ਗਈ। ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦੇ ਹੁਨਰ ਦੀ ਪੇਸ਼ਕਾਰੀ ਉਪਰੰਤ ਉਨ੍ਹਾਂ ਦੀ ਹੌਂਸਲਾ ਅਫਜਾਈ ਕਰਨ ਲਈ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਕਾਲਜ ਦੇ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ।



# ਐਲਗਰਾਂ ਪੁਲ ਦੀ ਮੁਰੰਮਤ ਤੇ ਸੁਰੱਖਿਆ ਕਾਰਜ ਜੰਗੀ ਪੱਧਰ 'ਤੇ ਜਾਰੀ : ਹਰਜੋਤ ਬੈਂਸ

**ਭਲਾਣ ਨੰਗਲ (ਹਰਭਜਨ ਸਿੰਘ ਢਿੱਲੋਂ)** ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਅਧੀਨ ਪੈਂਦੇ ਨੰਗਲ-ਐਲਗਰਾਂ-ਕਲਮਾ ਮੋੜ ਸੜਕ 'ਤੇ ਸਵਾਂ ਨਦੀ ਉੱਪਰ ਸਥਿਤ ਐਲਗਰਾਂ ਪੁਲ ਦੀ ਮੁਰੰਮਤ ਅਤੇ ਸੁਰੱਖਿਆ ਕਾਰਜਾਂ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਇਸ ਪੁਲ ਦੇ ਦੂਜੀ ਸਲੈਬ ਦਾ ਕੰਮ ਪੂਰਾ ਹੋ ਗਿਆ ਹੈ, ਜਿਸ ਦਾ ਜਾਇਜ਼ਾ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਪੁਲ ਦੀ ਮੁਰੰਮਤ ਅਤੇ ਪ੍ਰੋਟੈਕਸ਼ਨ ਵਰਕ 'ਤੇ 15.87 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਕਰਵਾਇਆ ਜਾ ਰਿਹਾ ਹੈ। ਇਸ ਪੁਲ ਦੀ ਮੁਰੰਮਤ ਮੁਕੰਮਲ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲਣ ਦੀ ਉਮੀਦ ਹੈ। ਪੁਲ ਦੀ ਮਹੱਤਤਾ ਨੂੰ ਦੇਖਦਿਆਂ ਇਸ ਦੇ ਨਿਰਮਾਣ ਅਤੇ ਮੁਰੰਮਤ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਲਈ ਯਤਨ ਕੀਤੇ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਦੂਜੀ ਸਲੈਬ ਪਾਉਣ ਦਾ ਕੰਮ ਮੁਕੰਮਲ ਕਰ ਲਿਆ ਗਿਆ ਹੈ। ਇਸ ਤੋਂ ਬਾਅਦ ਤੀਜੀ ਸਲੈਬ ਦਾ ਕੰਮ ਵੀ ਜਲਦੀ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ ਹੈ।

ਸਲੈਬਾਂ ਦਾ ਕੰਮ ਮੁਕੰਮਲ ਹੋਣ ਉਪਰੰਤ ਪੁੱਲ 'ਤੇ ਐਕਸਪੈਂਸ਼ਨ ਜੁਆਇੰਟ ਲਗਾਉਣ ਅਤੇ ਲੁੱਕ ਦੀ ਪਰਤ ਵਿਛਾਉਣ ਸਮੇਤ ਬਾਕੀ ਰਹਿੰਦੇ ਕੰਮ ਕੀਤੇ ਜਾਣਗੇ। ਇਨ੍ਹਾਂ ਸਾਰੇ ਕਾਰਜਾਂ ਨੂੰ ਤੈਅ ਸਮੇਂ ਅੰਦਰ ਮੁਕੰਮਲ ਕਰਨ ਲਈ ਕੰਮ ਵਿੱਚ ਤੇਜ਼ੀ ਲਿਆਂਦੀ ਜਾ ਰਹੀ ਹੈ, ਤਾਂ ਜੋ ਪੁੱਲ ਨੂੰ ਜਲਦੀ ਆਵਾਜਾਈ ਲਈ ਤਿਆਰ ਕੀਤਾ ਜਾ ਸਕੇ। ਬੈਂਸ ਨੇ ਦੱਸਿਆ ਕਿ ਜਲਦੀ ਹੀ ਪੁਲ ਨੂੰ ਹਲਕੇ ਵਾਹਨਾਂ ਦੀ ਆਵਾਜਾਈ ਲਈ ਖੋਲ੍ਹਣ ਦਾ ਟੀਚਾ ਰੱਖਿਆ ਗਿਆ ਹੈ। ਪੁਲ ਦੀਆਂ ਸਲੈਬਾਂ, ਐਕਸਪੈਂਸ਼ਨ ਜੁਆਇੰਟਾਂ ਅਤੇ ਲੁੱਕ ਦੀ ਪਰਤ ਦਾ ਕੰਮ ਪੂਰਾ ਹੋਣ ਤੋਂ ਬਾਅਦ ਲੋੜੀਂਦੀ ਜਾਂਚ ਅਤੇ ਸੁਰੱਖਿਆ ਸਬੰਧੀ ਕਾਰਵਾਈ ਉਪਰੰਤ ਆਵਾਜਾਈ ਬਹਾਲ ਕਰਨ ਦੀ ਯੋਜਨਾ ਹੈ।



# ਸਿਵਲ ਸਰਜਨ ਵੱਲੋਂ ਪੁਲਸ ਚੌਕੀ ਦੀ ਚੈਕਿੰਗ

**ਮੁਹਾਲੀ (ਗੁਰਜੀਤ ਬਿੱਲਾ)-** ਸਿਹਤ ਵਿਭਾਗ ਵੱਲੋਂ ਡੇਂਗੂ ਦੀ ਰੋਕਥਾਮ ਲਈ ਵਿੱਢੀ ਗਈ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਵਿੱਚ ਸਿਹਤ ਵਿਭਾਗ ਦੀ ਟੀਮ ਵੱਲੋਂ ਫੇਜ਼ 6 ਸਿਵਲ ਹਸਪਤਾਲ ਵਿਚ ਪੈਂਦੀ ਪੁਲਿਸ ਚੌਕੀ ਦੀ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਸਟਾਫ਼ ਨੂੰ ਡੇਂਗੂ ਪ੍ਰਤੀ ਜਾਗਰੂਕ ਕੀਤਾ ਗਿਆ। ਇਸ ਚੈਕਿੰਗ ਦੌਰਾਨ ਸਿਹਤ ਵਿਭਾਗ ਦੀ ਵਿਸ਼ੇਸ਼ ਟੀਮ, ਜਿਸ ਵਿੱਚ ਡਾ ਪ੍ਰਮਿੰਦਰਜੀਤ ਸਿੰਘ ਐਸ ਐਮ ਓ ,ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਅਨਾਮਿਕਾ ਸੋਨੀ ਵੀ ਹਾਜ਼ਰ ਸਨ, ਵੱਲੋਂ ਥਾਣੇ ਦੇ ਵੱਖ-ਵੱਖ ਹਿੱਸਿਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਟੀਮ ਨੇ ਥਾਣਾ ਕੰਪਲੈਕਸ ਅੰਦਰ ਪਾਣੀ ਦੇ ਜਮ੍ਹਾਂ ਹੋਣ ਵਾਲੀਆਂ ਸੰਭਾਵੀ ਥਾਵਾਂ, ਜਿਵੇਂ ਕੂਲਰਾਂ, ਗਮਲਿਆਂ, ਕਬਾੜ ਅਤੇ ਖੁੱਲ੍ਹੇ ਟੈਂਕਾਂ ਦਾ ਨਿਰੀਖਣ ਕੀਤਾ। ਡਾ. ਸੰਗੀਤਾ ਜੈਨ ਨੇ ਉਨ੍ਹਾਂ ਪੁਲਸ ਮੁਲਾਜ਼ਮਾਂ ਅਤੇ ਹਾਜ਼ਰ ਸਟਾਫ਼ ਨੂੰ ਅਪੀਲ ਕੀਤੀ ਕਿ ਹਰ ਸ਼ੁੱਕਰਵਾਰ ਨੂੰ 'ਡਰਾਈ ਡੇ' ਵਜੋਂ ਮਨਾਇਆ ਜਾਵੇ ਅਤੇ ਸਾਰੀਆਂ ਅਜਿਹੀਆਂ ਥਾਵਾਂ ਨੂੰ ਸਾਫ਼ ਤੇ ਸੁੱਕਾ ਰੱਖਿਆ ਜਾਵੇ ਜਿੱਥੇ ਮੱਛਰਾਂ ਦੇ ਪਲਣ ਦਾ ਖ਼ਤਰਾ ਹੋਵੇ।



# ਨਰਿੰਦਰ ਸਿੰਘ ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਤੇ ਜਸਬੀਰ ਸਕੱਤਰ ਬਣੇ



**ਬੰਗਾ (ਅਵਤਾਰ ਕਲੇਰ)** ਜਮਹੂਰੀ ਅਧਿਕਾਰ ਸਭਾ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਇਜਲਾਸ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਭਵਨ ਬੰਗਾ ਰੋਡ ਨਵਾਂਸ਼ਹਿਰ ਵਿਖੇ ਹੋਇਆ ਜਿਸ ਵਿਚ ਸਭਾ ਦੀ ਜ਼ਿਲ੍ਹਾ ਕਮੇਟੀ ਦੀ ਚੋਣ ਤੋਂ ਇਲਾਵਾ ਸਭਾ ਦੇ ਸੂਬਾ ਇਜਲਾਸ ਲਈ ਡੈਲੀਗੇਟਾਂ ਦੀ ਚੋਣ ਵੀ ਕੀਤੀ ਗਈ। ਇਜਲਾਸ ਵਿੱਚ ਨਰਿੰਦਰ ਸਿੰਘ ਉੜਾਪੜ ਜ਼ਿਲ੍ਹਾ ਪ੍ਰਧਾਨ, ਬਲਜਿੰਦਰ ਸਿੰਘ ਮੀਤ ਪ੍ਰਧਾਨ, ਜਸਬੀਰ ਦੀਪ ਜਿਲ੍ਹਾ ਸਕੱਤਰ, ਰੁਪਿੰਦਰ ਸਿੰਘ ਮਾਹਲ ਸਹਾਇਕ ਸਕੱਤਰ, ਐਡਵੋਕੇਟ ਪਰਮਜੀਤ ਸਿੰਘ ਖਟੜਾ ਖਜਾਨਚੀ ਅਤੇ ਐਡਵੋਕੇਟ ਦਲਜੀਤ ਸਿੰਘ, ਬੂਟਾ ਸਿੰਘ ਮਹਿਮੂਦਪੁਰ, ਖੁਸ਼ੀ ਰਾਮ, ਗੁਰਦਿਆਲ ਸਿੰਘ, ਰਘਵਿੰਦਰਪਾਲ ਸਿੰਘ, ਅਤੇ ਜਸਪਾਲ ਹਿਊਂ ਜਿਲਾ ਕਮੇਟੀ ਮੈਂਬਰ ਚੁਣੇ ਗਏ।ਐਡਵੋਕੇਟ ਦਲਜੀਤ ਸਿੰਘ ਅਤੇ ਰਘਵਿੰਦਰਪਾਲ ਸਿੰਘ ਸੂਬਾ ਇਜਲਾਸ ਲਈ ਡੈਲੀਗੇਟ ਚੁਣੇ ਗਏ।ਇਸ ਮੌਕੇ ਜ਼ਿਲ੍ਹਾ ਕਮੇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਕਿਹਾ ਕਿ ਉਹ ਆਪਣੀਆਂ ਜਿੰਮੇਵਾਰੀਆਂ ਤਨਦੇਹੀ ਨਾਲ ਨਿਭਾਉਣਗੇ।

# ਗੁੜ ਦੀ ਗੁਣਵੱਤਾ ਯਕੀਨੀ ਬਣਾਉਣ ਲਈ ਬੇਲਣਿਆਂ ਦੀ ਅਚਨਚੇਤ ਚੈਕਿੰਗ

**ਬੰਗਾ (ਅਵਤਾਰ ਕਲੇਰ)-** ਬੰਗਾ - ਫਗਵਾੜਾ ਮਾਰਗ 'ਤੇ ਪ੍ਰਵਾਸੀ ਕਾਮਿਆਂ ਵੱਲੋਂ ਲਗਾਈਆਂ ਗੁੜ ਦੀਆਂ ਘੁਲਾੜੀਆਂ ਵਿੱਚ ਤਿਆਰ ਕੀਤੇ ਜਾ ਰਹੇ ਗੁੜ ਅਤੇ ਵਰਤੇ ਜਾ ਰਹੇ ਗੰਨੇ ਦੀ ਗੁਣਵੱਤਾ ਦੀ ਜਾਂਚ ਲਈ ਗੰਨਾ ਕਮਿਸ਼ਨਰ ਪੰਜਾਬ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ, ਡਾ ਅਮਰੀਕ ਸਿੰਘ ਗੰਨਾ ਕਮਿਸ਼ਨਰ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਹਾਇਕ ਗੰਨਾ ਵਿਕਾਸ ਅਫਸਰ ਅਤੇ ਬਲਾਕ ਖੇਤੀਬਾੜੀ ਅਫਸਰ ਬੰਗਾ ਦੀ ਸਾਂਝੀ ਟੀਮ ਵੱਲੋਂ ਅਚਨਚੇਤ ਜਾਂਚ ਕੀਤੀ ਗਈ। ਇਸ ਸਾਂਝੀ ਟੀਮ ਵਿੱਚ ਡਾ. ਲਛਮਣ ਦਾਸ ਖੇਤੀਬਾੜੀ ਅਫਸਰ ਬਲਾਕ ਬੰਗਾ, ਡਾ. ਅਸ਼ਵਿੰਦਰ ਕੁਮਾਰ ਸਹਾਇਕ ਗੰਨਾ ਵਿਕਾਸ ਅਫਸਰ ਸ਼ਹੀਦ ਭਗਤ ਸਿੰਘ ਨਗਰ, ਲਖਵਿੰਦਰ ਸਿੰਘ,ਜਸਵਿੰਦਰ ਸਿੰਘ ਅਤੇ ਸੰਦੀਪ ਕੁਮਾਰ ਸਹਾਇਕ ਟੈਕਨੋਲਜੀ ਮੈਨੇਜਰ ਸ਼ਾਮਲ ਸਨ। ਮਿਆਰੀ ਗੁੜ ਤਿਆਰ ਕਰਨ ਲਈ ਗੰਨੇ ਦੀ ਗੁਣਵੱਤਾ ਬਾਰੇ ਜਾਣਕਾਰੀ ਦਿੰਦਿਆਂ ਡਾ. ਅਸ਼ਵਿੰਦਰ ਕੁਮਾਰ ਨੇ ਦੱਸਿਆ ਕਿ ਅਗੇਤੀ ਜਾਂ ਅਣਪੱਕੇ ਗੰਨੇ ਨੂੰ ਗੁੜ ਬਣਾਉਣ ਲਈ ਸਮੇਂ ਤੋਂ ਪਹਿਲਾਂ ਪੀੜਨ ਨਾਲ ਗੰਨੇ ਵਿੱਚ ਬਣਨ ਵਾਲੀ ਸ਼ੱਕਰ ਦੀ ਪੂਰੀ ਮਾਤਰਾ ਪ੍ਰਾਪਤ ਨਹੀਂ ਹੁੰਦੀ। ਉਨ੍ਹਾਂ ਦੱਸਿਆ ਕਿ ਇਸ ਸਮੇਂ ਕੁਝ ਪ੍ਰਵਾਸੀ ਕਾਮਿਆਂ ਵੱਲੋਂ ਗੁੜ ਤਿਆਰ ਕੀਤਾ ਜਾ ਰਿਹਾ ਹੈ, ਜਿਸ ਲਈ ਅਣਪੱਕਾ ਗੰਨਾ ਵਰਤਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਗੁਣਵੱਤਾ ਭਰਪੂਰ ਗੁੜ ਬਣਾਉਣ ਲਈ ਗੰਨੇ ਦੇ ਰਸ ਵਿੱਚ ਕੁੱਲ ਘੁਲਣਸ਼ੀਲ ਠੋਸ ਪਦਾਰਥਾਂ ਦੀ ਮਾਤਰਾ 20-22 ਫ਼ੀਸਦੀ ਦੇ ਕਰੀਬ ਹੋਣੀ ਚਾਹੀਦੀ ਹੈ। ਜਦਕਿ ਰੀਫਰੈਕਟੋਮੀਟਰ ਨਾਲ ਜਾਂਚ ਕਰਨ 'ਤੇ ਇਸ ਸਮੇਂ ਗੰਨੇ ਦੇ ਰਸ ਵਿੱਚ ਕੁੱਲ ਘੁਲਣਸ਼ੀਲ ਠੋਸ ਪਦਾਰਥਾਂ ਦੀ ਮਾਤਰਾ 10-12 ਫ਼ੀਸਦੀ ਹੀ ਪਾਈ ਜਾ ਰਹੀ ਹੈ। ਇਸ ਕਾਰਨ ਉੱਚ ਗੁਣਵੱਤਾ ਵਾਲਾ ਗੁੜ ਤਿਆਰ ਕਰਨਾ ਸੰਭਵ ਨਹੀਂ ਹੁੰਦਾ। ਉਨ੍ਹਾਂ ਦੱਸਿਆ ਕਿ ਗੁੜ ਵਿੱਚ ਮਿਠਾਸ ਵਧਾਉਣ ਲਈ ਖ਼ਰਾਬ ਅਤੇ ਸਸਤੀ ਖੰਡ ਦੀ ਵਰਤੋਂ ਕੀਤੀ ਜਾਂਦੀ ਹੈ, ਜੋ ਖਪਤਕਾਰਾਂ ਦੀ ਸਿਹਤ ਲਈ ਹਾਨੀਕਾਰਕ ਹੋ ਸਕਦੀ ਹੈ।ਉਨ੍ਹਾਂ ਦੱਸਿਆ ਕਿ ਖੰਡ ਦੇ ਮੁਕਾਬਲੇ ਗੁੜ ਵਿੱਚ ਸੁਕਰੋਜ਼ ਤੋਂ ਇਲਾਵਾ ਪ੍ਰੋਟੀਨ, ਆਇਰਨ, ਕੈਲਸ਼ੀਅਮ, ਫਾਸਫੋਰਸ ਅਤੇ ਹੋਰ ਖਣਿਜ ਪਦਾਰਥ ਵੀ ਹੁੰਦੇ ਹਨ, ਜੋ ਮਨੁੱਖੀ ਸਿਹਤ ਲਈ ਲਾਭਦਾਇਕ ਮੰਨੇ ਜਾਂਦੇ ਹਨ।ਖਪਤਕਾਰਾਂ ਅਪੀਲ ਕੀਤੀ ਕਿ ਚੰਗੀ ਸਿਹਤ ਲਈ ਮਿਆਰੀ ਗੁੜ ਕਿਸੇ ਭਰੋਸੇਮੰਦ ਸਰੋਤ ਤੋਂ ਹੀ ਖਰੀਦਿਆ ਜਾਵੇ। ਉਨਾਂ ਨੇ ਸਮੂਹ ਬੇਲਣਾ ਮਾਲਕਾਂ ਸਖ਼ਤ ਹਦਾਇਤ ਕੀਤੀ ਕਿ 15 ਅਕਤੂਬਰ ਤੋਂ ਪਹਿਲਾਂ ਕੋਈ ਵੀ ਘੁਲਹਾੜੀ ਨਾ ਚਲਾਈ ਜਾਵੇ।



# ਪ੍ਰੋਫੈਸ਼ਨਲ ਰਿਜ਼ਿਊਮ ਬਿਲਡਿੰਗ ਤੇ ਕਰੀਅਰ ਬ੍ਰਾਂਡਿੰਗ ਸੈਮੀਨਾਰ ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)-** ਮੇਹਰ ਚੰਦ ਪੌਲੀਟੈਕਨਿਕ ਕਾਲਜ ਦੇ ਇਲੈਕਟ੍ਰਾਨਿਕਸ ਐਂਡ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਵੱਲੋਂ ਪ੍ਰੋਫੈਸ਼ਨਲ ਰਿਜ਼ਿਊਮ ਬਿਲਡਿੰਗ ਅਤੇ ਕਰੀਅਰ ਬ੍ਰਾਂਡਿੰਗ ਸੈਮੀਨਾਰ ਪ੍ਰੋਗਰਾਮ ਦਾ ਆਯੋਜਨ ਡਾ. ਜਗਰੂਪ ਸਿੰਘ, ਪ੍ਰਿੰਸੀਪਲ, ਮੇਹਰ ਚੰਦ ਪੌਲੀਟੈਕਨਿਕ ਕਾਲਜ ਦੀ ਗਤੀਸ਼ੀਲ ਅਗਵਾਈ ਅਤੇ ਯੋਗ ਰਹਿਨੁਮਾਈ ਹੇਠ ਅਤੇ ਇਲੈਕਟ੍ਰਾਨਿਕਸ ਐਂਡ ਕਮਿਊਨੀਕੇਸ਼ਨ ਇੰਜੀਨੀਅਰਿੰਗ (ਈ ਸੀ ਈ) ਵਿਭਾਗ ਦੇ ਇੰਚਾਰਜ ਸ਼੍ਰੀ ਮਨੀਸ਼ ਸਚਦੇਵਾ ਦੀ ਪਹਿਲਕਦਮੀ ਤਹਿਤ, ਫਿਨਿਸ਼ਿੰਗ ਸਕੂਲ ਗਤੀਵਿਧੀ ਅਧੀਨ ਵਿਦਿਆਰਥੀਆਂ ਲਈ ਪ੍ਰੋਫੈਸ਼ਨਲ ਰਿਜ਼ਿਊਮ ਬਿਲਡਿੰਗ ਅਤੇ ਕਰੀਅਰ ਬ੍ਰਾਂਡਿੰਗ ਸੈਮੀਨਾਰ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗ-ਅਨੁਕੂਲ ਰਿਜ਼ਿਊਮ ਤਿਆਰ ਕਰਨ ਅਤੇ ਸੰਭਾਵੀ ਨਿਯੋਜਕਾਂ (ਐਂਪਲਾਇਰ) ਦੇ ਸਾਹਮਣੇ ਆਪਣੇ ਆਪ ਨੂੰ ਆਤਮ-ਵਿਸ਼ਵਾਸ ਨਾਲ ਪੇਸ਼ ਕਰਨ ਲਈ ਲੋੜੀਂਦੇ ਵਿਹਾਰਕ ਹੁਨਰ ਪ੍ਰਦਾਨ ਕਰਨਾ ਸੀ। ਸੈਮੀਨਾਰ ਦੀ ਮੇਜ਼ਬਾਨੀ ਈ.ਸੀ.ਈ. ਵਿਭਾਗ ਦੀ ਲੈਕਚਰਾਰ ਮਿਸ ਪ੍ਰੀਤ ਕੰਵਲ ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਨਿੱਘੇ ਸਵਾਗਤੀ ਸੰਬੋਧਨ ਰਾਹੀਂ ਰਿਸੋਰਸ ਪਰਸਨ ਮਿਸ ਕਨਿਕਾ ਗਰੋਵਰ ਅਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ। ਸੈਮੀਨਾਰ ਮਿਸ ਕਨਿਕਾ ਗਰੋਵਰ, ਗਲੋਬਲ ਸਰਟੀਫਾਈਡ ਟ੍ਰੇਨਰ ਅਤੇ ਕਮਿਊਨੀਕੇਸ਼ਨ ਸਕਿਲਜ਼ ਕੋਚ, ਵੱਲੋਂ ਕਰਵਾਇਆ ਗਿਆ। ਉਨ੍ਹਾਂ ਨੂੰ ਕਰੀਅਰ ਬ੍ਰਾਂਡਿੰਗ ਅਤੇ ਪੇਸ਼ੇਵਰ ਵਿਕਾਸ ਦੇ ਖੇਤਰ ਵਿੱਚ ਵਿਸ਼ਾਲ ਤਜਰਬਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨਾਲ ਉਤਸ਼ਾਹਪੂਰਵਕ ਗੱਲਬਾਤ ਕੀਤੀ ਅਤੇ ਵਿਸ਼ੇ ਸਬੰਧੀ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਇੱਕ ਪ੍ਰੋਫੈਸ਼ਨਲ ਰਿਜ਼ਿਊਮ ਦੇ ਮੁੱਖ ਅੰਗਾਂ ਬਾਰੇ ਵਿਸਥਾਰ ਨਾਲ ਦੱਸਿਆ, ਜਿਸ ਵਿੱਚ ਕੰਟੈਂਟ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਵਿਵਸਥਿਤ ਕਰਨਾ, ਹੁਨਰਾਂ ਅਤੇ ਪ੍ਰਾਪਤੀਆਂ ਨੂੰ ਉਜਾਗਰ ਕਰਨਾ, ਪ੍ਰਭਾਵਸ਼ਾਲੀ ਐਕਸ਼ਨ ਵਰਡਜ਼ ਦੀ ਵਰਤੋਂ ਕਰਨਾ ਅਤੇ ਖਾਸ ਨੌਕਰੀ ਦੀਆਂ ਭੂਮਿਕਾਵਾਂ ਅਨੁਸਾਰ ਰਿਜ਼ਿਊਮ ਨੂੰ ਤਿਆਰ ਕਰਨਾ ਸ਼ਾਮਲ ਸੀ। ਉਨ੍ਹਾਂ ਨੇ ਕਰੀਅਰ ਬ੍ਰਾਂਡਿੰਗ, ਮਜ਼ਬੂਤ ਲਿੰਕਡਇਨ ਪ੍ਰੋਫਾਈਲ ਬਣਾਉਣ ਅਤੇ ਇੰਟਰਵਿਊਜ਼ ਅਤੇ ਵਰਕਪਲੇਸ 'ਤੇ ਪ੍ਰਭਾਵਸ਼ਾਲੀ ਇੰਟਰਐਕਸ਼ਨ ਵਿਕਸਿਤ ਕਰਨ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ। ਸੈਸ਼ਨ ਦੇ ਅੰਤ ਵਿੱਚ ਈ.ਸੀ.ਈ. ਵਿਭਾਗ ਵੱਲੋਂ ਮਿਸ ਕਨਿਕਾ ਗਰੋਵਰ ਨੂੰ ਪ੍ਰਸ਼ੰਸਾ-ਚਿੰਨ੍ਹ (ਟੋਕਨ ਆਫ਼ ਐਪ੍ਰੀਸੀਏਸ਼ਨ ) ਭੇਟ ਕਰਕੇ ਸਨਮਾਨਤ ਕੀਤਾ ਗਿਆ।



# ਸੁਰਜੀਤ ਸਿੰਘ ਕੈਂਰੇ ਕੌਮੀ ਵਾਈਸ ਪ੍ਰਧਾਨ ਨਿਯੁਕਤ



**ਦਸੂਹਾ (ਕਰਨੈਲ ਮਾਂਗਟ)-** ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੁਆਰਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਬੀਸੀ ਵਿੰਗ ਦੇ ਜਿਲਾ ਪ੍ਰਧਾਨ ਸੁਰਜੀਤ ਸਿੰਘ ਕੈਂਰੇ ਨੂੰ ਪਾਰਟੀ ਦਾ ਕੌਮੀ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ । ਇਸ ਸੰਬੰਧੀ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਰਾਸ਼ਟਰੀ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ ਵੱਲੋਂ ਪੱਤਰ ਜਾਰੀ ਕੀਤਾ ਗਿਆ ਹੈ ਜਿਸ ਵਿੱਚ ਲਿਖਿਆ ਗਿਆ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋ ਤੁਹਾਡੀਆਂ ਸ਼ਲਾਘਯੋਗ ਸੇਵਾਵਾਂ ਦੇ ਮੱਦੇ ਨਜ਼ਰ ਇਹ ਨਿਯੁਕਤੀ ਪਾਰਟੀ ਦੇ ਕੌਮੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੀ ਗਈ ਹੈ। ਇਸ ਸਬੰਧ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਵਿਧਾਨ ਸਭਾ ਹਲਕਾ ਦਸੂਹਾ ਦੇ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਬਿੱਕਾ ਚੀਮਾ ਸਰਕਲ ਪ੍ਰਧਾਨ ਭੁਪਿੰਦਰ ਸਿੰਘ ਨੀਲੂ ਚੀਮਾਂ ਸ਼ਹਿਰੀ ਪ੍ਰਧਾਨ ਜਸਵਿੰਦਰ ਸਿੰਘ ਕਾਲੜਾ ਸੁਖਵਿੰਦਰ ਸਿੰਘ ਪੰਡੋਰੀ ਪੱਪੂਸਰਪੰਚ ਲਾਲ ਸਿੰਘ ਬਲਕਾਰ ਸਿੰਘ ਮਹਿੰਦਰ ਸਿੰਘ ਡਾ.ਸੱਜਣ ਸਿੰਘ ਘੋਗਰਾ ਸੰਤ ਸਿੰਘ ਜੰਡੌਰ ਆਦਿ ਵਰਕਰਾਂ ਨੇ ਸਵਾਗਤ ਕੀਤਾ ਹੈ।

# ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਡਿਪਟੀ ਕਮਿਸ਼ਨਰ ਦੀ ਕੋਠੀ ਦਾ ਘਿਰਾਓ ਕਰਾਂਗੇ



**ਹੁਸ਼ਿਆਰਪੁਰ, ਮੇਹਟੀਆਣਾ (ਓ ਪੀ ਰਾਣਾ, ਜਗਤਾਰ ਸਿੰਘ ਭੁੰਗਰਨੀ)-** ਬਸਪਾ ਹਲਕਾ ਚੱਬੇਵਾਲ ਦੇ ਪਿੰਡ ਫ਼ਗਲਾਣਾ ਤੋਂ ਸਾਥੀ ਬਾੜੀਆਂ ਕਲਾਂ ਵਿਖੇ ਪੁਹੰਚੇ, ਜੋ ਕਿ ਬਾੜੀਆਂ ਕਲਾਂ ਵਿੱਚ ਚੱਲ ਰਹੇ ਧਰਨੇ ਨੂੰ ਮਜ਼ਬੂਤ ਕਰਨ ਦੇ ਲਈ ਇਹ ਸਾਥੀ ਪਾਰਟੀ ਹਾਈ ਕਮਾਂਡ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਜੋਗਿੰਦਰ ਪਾਲ ਰਿਟਾ. ਈ ਟੀ ਓ, ਹਰਮੇਸ਼ ਫਗਲਾਣਾ ਸਮਿਤੀ ਮੈਂਬਰ ਆਪਣੇ ਸਾਥੀਆ ਸਮੇਤ ਆਪਣੀ ਡਿਊਟੀ ਦੇਣ ਪੁਹੰਚੇ ਅਤੇ ਇਸੀ ਦੌਰਾਨ ਹਲਕੇ ਦੀਆ ਉਂਘੀਆਂ ਸਖਸ਼ੀਅਤਾਂ ਅਤੇ ਬਸਪਾ ਦੇ ਸੀਨੀਅਰ ਆਗੂ ਕੇਵਲ ਸਿੰਘ ਕਾਨੂੰਗੋ, ਰਸ਼ਪਾਲ ਸਿੰਘ ਕਲੇਰ ਸਾਬਕਾ ਸਰਪੰਚ ਮੰਨਣਹਾਣਾ, ਸਤਿਕਾਰ ਯੋਗ ਰਾਜਿੰਦਰ ਭਾਟੀਆ ਰਿਟਾਇਰ ਡਾਇਰੈਕਟਰ ਬਾੜੀਆਂ ਕਲਾਂ ਵਿਖੇ ਵਿਸ਼ੇਸ਼ ਤੌਰ ਤੇ ਪੁਹੰਚੇ ਅਤੇ ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਬਸਪਾ ਹਲਕਾ ਚੱਬੇਵਾਲ ਨੇ ਆਏ ਹੋਏ ਸਾਥੀਆ ਦਾ ਧੰਨਵਾਦ ਕੀਤਾ। ਇਨ੍ਹਾਂ ਸਾਥੀਆ ਨੇ ਰੋਸ ਧਰਨੇ ਨੂੰ ਸਫਲ ਕਰਨ ਦੇ ਲਈ ਆਰਥਿਕ ਸਹਿਯੋਗ ਦੀ ਵੀ ਮਦਦ ਕੀਤੀ। ਪਿੰਡ ਬਾੜੀਆਂ ਕਲਾਂ ਵਿਖੇ ਪੁਹੰਚੇ ਬਸਪਾ ਦੇ ਸਾਥੀਆ ਅਤੇ ਪਿੰਡ ਵਾਸੀਆਂ ਨੇ ਸਰਕਾਰ ਦੇ ਖਿਲਾਫ ਨਾਅਰੇਬਾਜੀ ਕੀਤੀ। ਇਸ ਦੌਰਾਨ ਆਗੂ ਸਹਿਬਾਨ ਅਤੇ ਵਰਕਰਾਂ ਨੇ ਕਿਹਾ ਕਿ ਜੇਕਰ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਸਨਮਾਨ ਹਿਤ ਸਾਡੀਆਂ ਮੰਗਾ ਨਾ ਮੰਨੀਆਂ ਤਾਂ ਪਾਰਟੀ ਹਾਈ ਕਮਾਂਡ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਡਿਪਟੀ ਕਮਿਸ਼ਨਰ ਦੀ ਕੋਠੀ ਦਾ ਘਿਰਾਓ ਕਰਾਂਗੇ। ਇਸ ਮੌਕੇ ਦਵਿੰਦਰ ਸਿੰਘ ਬਾਹੋਵਾਲ ਇੰਚਾਰਜ ਬਾਮਸੇਫ, ਵਿਕੀ ਬੰਗਾ, ਸੁਦੇਸ਼ ਭੱਟੀ ਉਪ ਪ੍ਰਧਾਨ, ਸਤਪਾਲ ਬਡਲਾ ਜਨ ਸਕੱਤਰ, ਰਾਜੇਸ਼ ਭੁੰਨੋ ਹਲਕਾ ਖਜਾਨਚੀ, ਅਮਨਦੀਪ ਸਿੰਘ ਸਿੱਧੂ ਬਸਪਾ ਆਗੂ, ਕੁਲਦੀਪ ਸਿੰਘ, ਰਾਮ ਸਰੂਪ, ਮੱਖਣ ਸਿੰਘ ਖਾਲਸਾ, ਸੂਬੇ ਹਰਕਮਲ ਸਿੰਘ ਅਤੇ ਵੱਡੀ ਗਿਣਤੀ ਵਿੱਚ ਬੀਬੀਆਂ ਅਤੇ ਸਾਥੀ ਹਾਜ਼ਰ ਸਨ।

# ਐੱਸ ਡੀ ਐੱਮ ਨੇ ਝੋਨੇ ਦੀ ਖਰੀਦ ਦਾ ਲਿਆ ਜਾਇਜ਼ਾ

**ਅਲਾਵਲਪੁਰ (ਮਦਨ ਬੰਗੜ)-** ਐੱਸ ਡੀ ਐੱਮ ਆਦਮਪੁਰ ਜਲੰਧਰ, ਲਾਲ ਬਿਸ਼ਵਾਸ ਸਿੰਘ ਨੇ ਅਲਾਵਲਪੁਰ ਅਤੇ ਸਿਕੰਦਰਪੁਰ ਦਾਣਾ ਮੰਡੀਆਂ ਦਾ ਦੌਰਾ ਕਰਕੇ ਝੋਨੇ ਦੀ ਖਰੀਦ, ਲਿਫਟਿੰਗ ਅਤੇ ਹੋਰ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਮਾਰਕੀਟ ਕਮੇਟੀ ਆਦਮਪੁਰ ਦੇ ਸਕੱਤਰ ਅੰਮ੍ਰਿਤਪਾਲ ਸਿੰਘ, ਮਾਰਕੀਟ ਕਮੇਟੀ ਇੰਸਪੈਕਟਰ ਸੁਰਿੰਦਰ ਕੁਮਾਰ ਅਤੇ ਕਲਰਕ ਜਗਦੀਸ਼ ਕੁਮਾਰ ਵੀ ਹਾਜ਼ਰ ਸਨ। ਦੌਰੇ ਦੌਰਾਨ ਐੱਸ ਡੀ ਐੱਮ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਆਪਣੀ ਫ਼ਸਲ ਵੇਚਣ ਸਮੇਂ ਕਿਸਾਨਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਝੋਨੇ ਦੀ ਸੁਚਾਰੂ ਖਰੀਦ ਅਤੇ ਸਮੇਂ ਸਿਰ ਲਿਫਟਿੰਗ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਪ੍ਰਾਪਤ ਜਾਣਕਾਰੀ ਅਨੁਸਾਰ ਅਲਾਵਲਪੁਰ ਦਾਣਾ ਮੰਡੀ ਵਿੱਚ ਪਹਿਲੇ ਦਿਨ 1500 ਕੁਇੰਟਲ ਝੋਨੇ ਦੀ ਲਿਫਟਿੰਗ ਹੋਈ। ਮੰਡੀ ਵਿੱਚ ਹੁਣ ਤੱਕ ਹੋਈ 58,238 ਕੁਇੰਟਲ ਆਮਦ ਵਿੱਚੋਂ 37,258 ਕੁਇੰਟਲ ਝੋਨੇ ਦੀ ਖਰੀਦ ਹੋ ਚੁੱਕੀ ਹੈ। ਇਸ ਵਿੱਚੋਂ ਮਾਰਕੀਟ ਕਮੇਟੀ ਵੱਲੋਂ 29,157 ਕੁਇੰਟਲ ਅਤੇ ਵੇਅਰਹਾਊਸ ਵੱਲੋਂ 8,101 ਕੁਇੰਟਲ ਝੋਨਾ ਖਰੀਦਿਆ ਗਿਆ ਹੈ। ਇਸੇ ਤਰ੍ਹਾਂ ਸਿਕੰਦਰਪੁਰ ਦਾਣਾ ਮੰਡੀ ਵਿੱਚ ਹੁਣ ਤੱਕ ਆਏ 10,396 ਕੁਇੰਟਲ ਝੋਨੇ ਦੀ ਪੂਰੀ ਖਰੀਦ ਕੀਤੀ ਜਾ ਚੁੱਕੀ ਹੈ।



# ਮੁਫਤ ਕਾਨੂੰਨੀ ਸੇਵਾਵਾਂ ਆਰਥਿਕ ਪੱਖੋਂ ਕਮਜ਼ੋਰ ਲੋਕਾਂ ਲਈ ਲਾਭਕਾਰੀ

**ਰੂਪਨਗਰ (ਰਜਿੰਦਰ ਸੈਣੀ)-** ਸੀਨੀਅਰ ਸਿਟੀਜ਼ਨਜ਼ ਰੋਮ ਬਜ਼ੁਰਗਾ ਦੇ 'ਆਪਣਾ ਘਰ' ਹਵੇਲੀ ਕਲਾਂ ਵਿਖੇ ਮੁਫਤ ਕਾਨੂੰਨੀ ਸੇਵਾਵਾਂ ਬਾਰੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਸੈਮੀਨਾਰ ਦੌਰਾਨ ਮੁਫਤ ਕਾਨੂੰਨੀ ਸੇਵਾਵਾਂ ਨੂੰ ਆਰਥਿਕ ਪਖੋ ਲੋਕਾਂ ਲਈ ਲਾਭਕਾਰੀ ਕਰਾਰ ਦਿੰਦੇ ਹੋਏ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰੂਪਨਗਰ ਵਲੋਂ ਪੈਨਲ ਵਕੀਲ ਅਰਵਿੰਦ ਸਿੰਘ ਨੇ ਮੁਫਤ ਕਾਨੂੰਨੀ ਸੇਵਾਵਾਂ ਦੇ ਮੁੱਖ ਉਦੇਸ਼ ਬਾਰੇ ਵਿਸਥਾਰਪੂਰਬਕ ਜਾਣਕਾਰੀ ਸੀਨੀਅਰ ਸਿਟੀਜ਼ਨ ਨਾਲ ਸਾਂਝੀ ਕੀਤੀ ਤੇ ਦਸਿਆ ਕਿ ਸਕੀਮ ਅਧੀਨ ਕਿਹੜੇ ਲੋਕ ਕਵਰ ਹੁੰਦੇ ਹਨ ਤੇ ਲੋੜਵੰਦ ਕਿਸ ਢੰਗ ਨਾਲ ਇਸ ਦਾ ਲਾਭ ਲੈ ਸਕਦੇ ਹਨ। ਸਕੀਮ ਦਾ ਲਾਭ ਲੈਣ ਵਾਲਿਆਂ ਦਾ ਕੋਈ ਖਰਚ ਨਹੀਂ ਹੁੰਦਾ ਤੇ ਇਸ ਅਧੀਨ ਦਾ ਲਾਭ ਲੈਣ ਲਈ ਉਹ ਜ਼ਿਲ੍ਹਾ ਸਦਰਮੁਕਾਮ ਜਾ ਤਹਿਸੀਲ ਪੱਧਰ ਤੇ ਕਾਨੂੰਨੀ ਸੇਵਾਵਾਂ ਨਾਲ ਸਬੰਧ ਅਧਿਕਾਰੀ ਨਾਲ ਸੰਪਰਕ ਕਰ ਲੈ ਸਕਦੇ ਹਨ। ਇਥੋ ਤੱਕ ਕਿ ਜੇਲਾਂ ਵਿੱਚ ਬੰਦ ਕੈਦੀ ਵੀ ਜੇਕਰ ਉਹ ਸਮਝਦੇ ਹਨ ਉਨ੍ਹਾਂ ਨੂੰ ਗਲਤ ਸਜ਼ਾ ਹੋਈ ਹੈ ਤਾ ਉਹ ਦੁਬਾਰਾ ਇਸ ਸਕੀਮ ਤਹਿਤ ਕੇਸ ਲੜ੍ਹ ਸਕਦੇ ਹਨ। ਇਸ ਸਕੀਮ ਦੀ ਜਾਣਕਾਰੀ ਜੇਲਾਂ ਵਿੱਚ ਬੰਦ ਕੈਦੀਆਂ ਨੂੰ ਅਥਾਰਟੀ ਵਲੋਂ ਦਿੱਤੀ ਜਾਂਦੀ ਹੈ।ਉਨ੍ਹਾਂ ਇਸ ਮੌਕੇ ਹਾਜ਼ਰ ਸੀਨੀਅਰ ਸਿਟੀਜ਼ਨਜ਼ ਦੇ ਸਵਾਲਾ ਦੇ ਉਤਰ ਵੀ ਦਿੱਤੇ। ਇਸ ਮੌਕੇ ਤੇ ਸੰਸਥਾ ਦੇ ਮੁੱਖ ਸੇਵਾਦਾਰ ਰਾਜਿੰਦਰ ਸੈਣੀ ਨੇ ਆਈ ਟੀਮ ਤੇ ਵਕੀਲ ਅਰਵਿੰਦ ਸਿੰਘ ਵਲੋਂ ਦਿੱਤੀ ਵਿਸਥਾਰਪੂਰਬਕ ਜਾਣਕਾਰੀ ਲਈ ਧੰਨਵਾਦ ਕੀਤਾ ਤੇ ਕਿਹਾ ਕਿ ਇਸ ਸਕੀਮ ਨੂੰ ਹੋਰ ਵਧੇਰੇ ਪ੍ਰਸਿੱਧ ਬਣਾਉਣ ਲਈ ਲਾਭ ਲੈ ਚੁਕੇ ਕੁਝ ਲਾਭਪਾਤਰੀਆਂ ਦੀ ਇੰਟਰਵਿਓ ਆਦਿ ਸੋਸਲ ਮੀਡੀਆ ਰਾਹੀ ਵੀ ਸਾਂਝੀ ਹੋਣੀ ਚਾਹੀਦੀ ਹੈ। ਇਸ ਮੌਕੇ ਸੰਸਥਾ ਦੇ ਟਰੱਸਟੀ ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ ਨੇ ਲੋੜਵੰਦਾ ਨੂੰ ਇਸ ਸਕੀਮ ਦਾ ਵੱਧ ਤੋਂ ਵੱਧ ਲੇਣ ਲਈ ਕਿਹਾ। ਇਸ ਮੌਕੇ ਸੰਸਥਾ ਦੇ ਟਰੱਸਟੀ ਅਮਰਜੀਤ ਸਿੰਘ, ਜਗਦੇਵ ਸਿੰਘ, ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ ਹਰਚਰਨ ਦਾਸ ਸੇਰ, ਸੀਨੀਅਰ ਸਿਟੀਜ਼ਨਜ਼ ਤਰਸੇਮ ਸਿੰਘ, ਤਾਰਾ ਸਿੰਘ, ਹਰਮੇਸ ਲਾਲ, ਸੁਰਮੁੱਖ ਸਿੰਘ, ਅਸ਼ਵਨੀ ਸਹਿਗਲ, ਭੁਪਿੰਦਰ ਸਿੰਘ, ਐਸ. ਐਮ. ਸਿੰਘ ਮੁੰਡਰਾ, ਡਾ. ਜਸਵੰਤ ਸਿੰਘ ਬੇਲਾ, ਵਰਿੰਦਰਪਾਲ ਸਿੰਘ, ਸੁਰਿੰਦਰ ਸਿੰਘ, ਭਗਤ ਰਾਮ, ਮਨਜੀਤ ਸਿੰਘ ਪੈਰਾ ਲੀਗਲ ਵਲਾਂਟੀਅਰ, ਜਿੰਦਰ ਸਿੰਘ, ਕੁਸ਼ਲ ਕੁਮਾਰ ਆਦਿ ਹਾਜ਼ਰ ਸਨ।



# ਅਧਿਆਪਕ-ਮਾਪੇ ਮੈਗਾ ਮਿਲਣੀ ਕਰਵਾਈ



**ਕਿਸ਼ਨਗੜ੍ਹ (ਸੁਖਜੀਤ ਕੁਮਾਰ )-** ਸਰਕਾਰੀ ਮਿਡਲ ਅਤੇ ਪ੍ਰਾਇਮਰੀ ਸਕੂਲ ਸੰਘਵਾਲ ਵਿਖੇ ਪੰਜਾਬ ਸਰਕਾਰ ਦੀਆਂ ਹਦਾਇਤਾਂਅਨੁਸਾਰ ਮੈਗਾ ਅਧਿਆਪਕ ਮਾਪੇ ਮਿਲਣੀ ਕਰਵਾਈ ਗਈ ਜਿਸ ਵਿੱਚ ਚੇਅਰਮੈਨ ਰਵੀ ਕੁਮਾਰ, ਮਿਡਲ ਸਕੂਲ ਇੰਚਾਰਜ ਨੀਲਮ ਕੁਮਾਰੀ, ਪ੍ਰਾਇਮਰੀ ਸਕੂਲ ਇੰਚਾਰਜ ਸੰਜੀਵ ਸ਼ਰਮਾ, ਸਕੂਲ ਸਟਾਫ ਦੇ ਮੈਂਬਰ ਕਰਨ ਦਹੂਜਾ, ਸੁਨੀਤਾ ਕੁਮਾਰੀ,ਮਨਦੀਪ ਕੁਮਾਰ, ਕਰਮਜੀਤ ਸਿੰਘ, ਸੈਮੀ, ਸੋਨੀਆ, ਸਾਬਕਾ ਸਰਪੰਚ ਭਾਗ ਰਾਮ,ਪੰਚ ਬਲਵੀਰ ਸਿੰਘ ਅਤੇ ਸਮੂਹ ਐਸ,ਐਮ,ਸੀ ਮੈਂਬਰਾਂ ਅਤੇ ਬੱਚਿਆਂ ਦੇ ਮਾਪਿਆਂ ਨੇ ਹਿੱਸਾ ਲਿਆ।

# ਅੱਖਾਂ ਦੀ ਮੁਫਤ ਜਾਂਚ ਤੇ ਆਪਰੇਸ਼ਨ ਕੈਂਪ ਕੱਲ੍ਹ ਤੋਂ ਸ਼ੁਰੂ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਆਪਣੀ ਮੋਰਿੰਡਾ ਰਿਹਾਇਸ਼ ਤੇ ਤਿੰਨ ਰੋਜ਼ਾ ਮੁਫਤ ਅੱਖਾਂ ਦੀ ਜਾਂਚ ਤੇ ਆਪਰੇਸ਼ਨ ਕੈਂਪ 11, 12 ਤੇ 13 ਅਕਤੂਬਰ ਨੂੰ ਲਗਾਇਆ ਜਾਵੇਗਾ। ਇਸ ਸਬੰਧੀ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਦੱਸਿਆ ਕਿ ਇਸ ਮੌਕੇ 11 ਅਕਤੂਬਰ ਨੂੰ ਹਲਕਾ ਸ਼੍ਰੀ ਚਮਕੌਰ ਸਾਹਿਬ ਦੇ ਬਲਾਕ ਸ੍ਰੀ ਚਮਕੌਰ ਸਾਹਿਬ, 12 ਅਕਤੂਬਰ ਨੂੰ ਬਲਾਕ ਸਿੰਘ ਅਤੇ ਘੜੂੰਆਂ ਅਤੇ 13 ਅਕਤੂਬਰ ਨੂੰ ਬਲਾਕ ਮੋਰਿੰਡਾ ਦੇ ਲੋਕਾਂ ਦੇ ਅੱਖਾਂ ਦੀ ਜਾਂਚ ਕੀਤੀ ਜਾਵੇਗੀ। ਇਸ ਦੌਰਾਨ ਦਵਾਈਆਂ ਤੇ ਐਨਕਾਂ ਮੁਫਤ ਦਿੱਤੀਆਂ ਜਾਣਗੀਆਂ, ਜਦਕਿ ਆਪਰੇਸ਼ਨ ਲਈ ਚੁਣੇ ਗਏ ਮਰੀਜ਼ਾਂ ਦੇ ਅਪਰੇਸ਼ਨ (ਲੈਂਜ਼ ਪਾਏ) ਮੁਫਤ ਹੋਣਗੇ। ਇਸ ਮੌਕੇ ਕੈਂਪ ਲਈ ਆਉਣ ਜਾਣ ਲਈ ਬੱਸਾਂ ਦਾ ਵਿਸ਼ੇਸ਼ ਤੌਰ ਤੇ ਪ੍ਰਬੰਧ ਕੀਤਾ ਗਿਆ ਹੈ।

## ਤਿਉਹਾਰਾਂ ਨੂੰ ਮੁੱਖ ਰੱਖਦਿਆਂ ਮੋਹਾਲੀ ਪੁਲਸ ਵੱਲੋਂ ਨਿਵੇਕਲੀ ਪਹਿਲ



**ਮੁਹਾਲੀ (ਗੁਰਜੀਤ ਬਿੱਲਾ)**- ਡੀ ਜੀ ਪੀ ਪੰਜਾਬ ਅਤੇ ਡੀ ਆਈ ਜੀ ਰੋਪੜ ਰੇਂਜ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਐਸ ਐਸ ਪੀ ਐਸ ਏ ਐਸ ਨਗਰ ਸ੍ਰੀ ਵਰੁਣ ਸ਼ਰਮਾ, ਆਈ ਪੀ ਐਸ ਡੀ ਅਗਵਾਈ ਵਿੱਚ ਮੋਹਾਲੀ ਪੁਲਸ ਵੱਲੋਂ ਤਿਉਹਾਰਾਂ ਦੇ ਮੱਦੇਨਜ਼ਰ ਲੋਕਾਂ ਦੀ ਸੁਰੱਖਿਆ, ਸੁਚਾਰੂ ਟ੍ਰੈਫਿਕ ਪ੍ਰਬੰਧ ਅਤੇ ਬਾਜ਼ਾਰਾਂ ਵਿੱਚ ਸੁਖਾਵੇਂ ਮਾਹੌਲ ਨੂੰ ਯਕੀਨੀ ਬਣਾਉਣ ਲਈ ਨਿਵੇਕਲੀ ਪਹਿਲ ਕੀਤੀ ਗਈ। ਇਸ ਤਹਿਤ ਐਸ ਪੀ ਸਿਟੀ ਮੋਹਾਲੀ ਦਿਲਪ੍ਰੀਤ ਸਿੰਘ ਵੱਲੋਂ ਦੁਕਾਨਦਾਰਾਂ ਅਤੇ ਮਾਰਕੀਟ ਐਸੋਸੀਏਸ਼ਨ ਦੇ ਆਗੂਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਸੁਣੇ ਗਏ। ਇਸ ਮੌਕੇ ਬਾਜ਼ਾਰਾਂ ਵਿੱਚ ਸੁਰੱਖਿਆ ਪ੍ਰਬੰਧਾਂ, ਪਾਰਕਿੰਗ, ਟ੍ਰੈਫਿਕ, ਭੀੜ-ਭਾੜ ਅਤੇ ਹੋਰ ਜਨਤਕ ਸੁਵਿਧਾਵਾਂ ਨਾਲ ਸਬੰਧਤ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਐਸ ਪੀ ਸਿਟੀ ਮੋਹਾਲੀ ਵੱਲੋਂ ਦੁਕਾਨਦਾਰਾਂ ਨੂੰ ਭਰੋਸਾ ਦਿਵਾਇਆ ਗਿਆ ਕਿ ਤਿਉਹਾਰਾਂ ਦੌਰਾਨ ਆਮ ਲੋਕਾਂ ਅਤੇ ਵਪਾਰੀਆਂ ਦੀ ਸੁਰੱਖਿਆ ਲਈ ਮੋਹਾਲੀ ਪੁਲਿਸ ਵੱਲੋਂ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ। ਨਾਲ ਹੀ ਦੁਕਾਨਦਾਰਾਂ ਵੱਲੋਂ ਸਾਹਮਣੇ ਲਿਆਂਦੀਆਂ ਜਾਇਜ਼ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਜਾਣਗੇ।

## ਪ੍ਰਮੋਟਰ ਖ਼ਿਲਾਫ਼ ਕੇਸ ਦਾਇਰ ਕਰਕੇ ਪੈਰਵੀ ਭੁੱਲੀ ਨਗਰ ਕੌਂਸਲ, ਅਦਾਲਤ 'ਚ ਲਟਕਿਆ ਮਾਮਲਾ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਪੀਆਰ-7 ਰੋਡ 'ਤੇ ਸਥਿਤ ਰੋਜ਼ਲਿਨ ਸਕੁਏਅਰ ਪ੍ਰੋਜੈਕਟ ਦੇ ਮਨਜ਼ੂਰਸ਼ੁਦਾ ਸਾਈਟ ਪਲਾਨ ਦੀ ਕਥਿਤ ਉਲੰਘਣਾ ਨੂੰ ਲੈ ਕੇ ਨਗਰ ਕੌਂਸਲ ਜ਼ੀਰਕਪੁਰ ਵੱਲੋਂ ਅਦਾਲਤ ਵਿੱਚ ਦਾਇਰ ਕੀਤਾ ਗਿਆ ਕੇਸ ਹੁਣ ਕੌਂਸਲ ਵੱਲੋਂ ਇਸ ਦੀ ਪੈਰਵੀ ਨਾ ਕੀਤੇ ਜਾਣ ਕਾਰਨ ਲਟਕਿਆ ਹੋਇਆ ਹੈ। ਇਸ ਦਾ ਖਮਿਆਜ਼ਾ ਪ੍ਰੋਜੈਕਟ ਵਿੱਚ ਆਪਣੀ ਮਿਹਨਤ ਦੀ ਕਮਾਈ ਲਗਾ ਕੇ ਜਾਇਦਾਦ ਖਰੀਦਣ ਵਾਲੇ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ। ਅਦਾਲਤ ਵਿੱਚ ਮਾਮਲਾ ਅੱਗੇ ਨਾ ਵਧਣ ਕਾਰਨ ਖਰੀਦਦਾਰਾਂ ਦੀਆਂ ਜਾਇਦਾਦਾਂ ਨਾਲ ਸਬੰਧਤ ਅਗਲੀ ਕਾਰਵਾਈ ਵੀ ਪ੍ਰਭਾਵਿਤ ਹੋ ਰਹੀ ਹੈ। ਨਗਰ ਕੌਂਸਲ ਨੇ ਰੋਜ਼ਲਿਨ ਸਕੁਏਅਰ ਪ੍ਰੋਜੈਕਟ ਦੇ ਪ੍ਰਮੋਟਰ ਖ਼ਿਲਾਫ਼ ਜੁਡੀਸ਼ੀਅਲ ਮੈਜਿਸਟ੍ਰੇਟ ਫਸਟ ਕਲਾਸ, ਡੇਰਾਬੱਸੀ ਦੀ ਅਦਾਲਤ ਵਿੱਚ ਪੰਜਾਬ ਮਿਉਂਸਿਪਲ ਐਕਟ, 1911 ਦੀ ਧਾਰਾ 195/195-4 ਤਹਿਤ ਸ਼ਿਕਾਇਤ ਦਾਇਰ ਕੀਤੀ ਸੀ। ਅਦਾਲਤੀ ਰਿਕਾਰਡ ਵਿੱਚ ਰੋਜ਼ੀ ਸਿੰਗਲਾ ਨੂੰ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਹੈ। ਨਗਰ ਕੌਂਸਲ ਵੱਲੋਂ ਹਰਪ੍ਰੀਤ ਸਿੰਘ ਨੂੰ ਅਧਿਕਾਰਤ ਨੁਮਾਇੰਦਾ ਬਣਾਇਆ ਗਿਆ ਸੀ। ਕਾਰਜਸਾਧਕ ਅਫਸਰ ਨੇ 17 ਜੁਲਾਈ 2025 ਨੂੰ ਜਾਰੀ ਅਥਾਰਟੀ ਪੱਤਰ ਰਾਹੀਂ ਉਸ ਨੂੰ ਕੌਂਸਲ ਵੱਲੋਂ ਸ਼ਿਕਾਇਤ ਦਾਇਰ ਕਰਨ ਦਾ ਅਧਿਕਾਰ ਦਿੱਤਾ ਸੀ। ਅਦਾਲਤ ਵਿੱਚ ਪੇਸ਼ ਸ਼ਿਕਾਇਤ ਮੁਤਾਬਕ ਪ੍ਰੋਜੈਕਟ ਦਾ ਸਾਈਟ ਪਲਾਨ ਨਗਰ ਕੌਂਸਲ ਤੋਂ ਮਨਜ਼ੂਰ ਕਰਵਾਇਆ ਗਿਆ ਸੀ। ਕੌਂਸਲ ਨੇ ਦੋਸ਼ ਲਾਇਆ ਕਿ ਪੀ ਆਰ-7 ਰੋਡ ਵੱਲ ਰੇਲਿੰਗ ਲਗਾ ਕੇ ਫਰੰਟ ਪਾਰਕਿੰਗ ਦਾ ਖੇਤਰ ਵਧਾਇਆ ਗਿਆ, ਜਿਸ ਨਾਲ ਸੜਕ ਦੀ ਉਪਲਬਧ ਚੌੜਾਈ ਪ੍ਰਭਾਵਿਤ ਹੋਈ। ਇਸ ਤੋਂ ਇਲਾਵਾ ਪਾਰਕਿੰਗ ਵਾਲੀ ਜਗ੍ਹਾ ਨੂੰ ਗ੍ਰੀਨ ਏਰੀਆ ਵਿੱਚ ਤਬਦੀਲ ਕਰਨ ਨੂੰ ਵੀ ਮਨਜ਼ੂਰਸ਼ੁਦਾ ਸਾਈਟ ਪਲਾਨ ਅਤੇ ਇਮਾਰਤੀ ਨਿਯਮਾਂ ਦੀ ਉਲੰਘਣਾ ਦੱਸਿਆ ਗਿਆ। ਰਿਕਾਰਡ ਅਨੁਸਾਰ ਨਗਰ ਕੌਂਸਲ ਨੇ 13 ਮਾਰਚ 2025 ਨੂੰ ਨੋਟਿਸ ਨੰਬਰ 1847 ਅਤੇ 26 ਮਾਰਚ 2025 ਨੂੰ ਨੋਟਿਸ ਨੰਬਰ 2092 ਜਾਰੀ ਕੀਤੇ ਸਨ। ਇਨ੍ਹਾਂ ਰਾਹੀਂ ਸੋਧਿਆ ਹੋਇਆ ਸਾਈਟ ਪਲਾਨ ਮਨਜ਼ੂਰ ਕਰਵਾਉਣ ਅਤੇ ਉਸਾਰੀ ਰੋਕਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਸਨ। ਕੌਂਸਲ ਨੇ ਅਦਾਲਤ ਵਿੱਚ ਦਾਅਵਾ ਕੀਤਾ ਕਿ ਨੋਟਿਸਾਂ ਦੀ ਪਾਲਣਾ ਨਾ ਹੋਣ ਕਾਰਨ ਕਾਨੂੰਨੀ ਕਾਰਵਾਈ ਸ਼ੁਰੂ ਕਰਨੀ ਪਈ। ਇਸ ਮਾਮਲੇ ਵਿੱਚ ਹੁਣ ਨਗਰ ਕੌਂਸਲ ਦੀ ਆਪਣੀ ਕਾਰਜਪ੍ਰਣਾਲੀ ਸਵਾਲਾਂ ਦੇ ਘੇਰੇ ਵਿੱਚ ਆ ਗਈ ਹੈ। ਸਵਾਲ ਇਹ ਹੈ ਕਿ ਜਦੋਂ ਕੌਂਸਲ ਨੇ ਨੋਟਿਸ ਜਾਰੀ ਕਰਨ ਤੋਂ ਬਾਅਦ ਅਧਿਕਾਰਤ ਨੁਮਾਇੰਦੇ ਰਾਹੀਂ ਅਦਾਲਤ ਵਿੱਚ ਕੇਸ ਦਾਇਰ ਕਰ ਦਿੱਤਾ ਸੀ ਤਾਂ ਉਸ ਦੀ ਨਿਰੰਤਰ ਪੈਰਵੀ ਕਿਉਂ ਨਹੀਂ ਕੀਤੀ ਗਈ। ਮਾਮਲਾ ਲਟਕਣ ਕਾਰਨ ਉਨ੍ਹਾਂ ਖਰੀਦਦਾਰਾਂ ਦੀਆਂ ਮੁਸ਼ਕਲਾਂ ਵਧ ਰਹੀਆਂ ਹਨ, ਜਿਨ੍ਹਾਂ ਨੇ ਪ੍ਰੋਜੈਕਟ ਵਿੱਚ ਜਾਇਦਾਦਾਂ ਖਰੀਦੀਆਂ ਹੋਈਆਂ ਹਨ।

## 28 ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )** ਅੱਜ ਨਕੋਦਰ ਵਿੱਚ 28 ਆਂਗਣਵਾੜੀ ਹੈਲਪਰਾਂ ਨੂੰ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਨਿਯੁਕਤੀ ਪੱਤਰ ਸੌਂਪਣ ਸਮੇਂ ਆਖਿਆ ਕਿ ਸਰਕਾਰ ਨੇ ਬਿਨਾ ਕਿਸੇ ਸਿਫਾਰਸ਼ ਤੋਂ ਇਹ ਨੌਕਰੀਆਂ ਦਿੱਤੀਆਂ ਹਨ। ਇਹਨਾਂ ਲਾਭਪਾਤਰੀਆਂ ਵਿੱਚ ਬਲਾਕ ਨੂਰਮਹਿਲ ਨੂੰ 16 ਨੌਕਰੀਆਂ ਅਤੇ ਬਲਾਕ ਨਕੋਦਰ ਵਿੱਚ 12 ਨੌਕਰੀਆਂ ਮਿਲੀਆਂ ਜਿਹਨਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ ਜਿਹਨਾਂ ਵਿੱਚ ਬਲਾਕ ਨੂਰਮਹਿਲ ਤੋਂ ਨਵਪ੍ਰੀਤ ਕੌਰ, ਹਰਪ੍ਰੀਤ ਕੌਰ, ਕਰਮਜੀਤ ਕੌਰ, ਗੀਨਾ, ਗੁਰਲੀਨ ਕੌਰ, ਸੰਦੀਪ ਕੌਰ, ਕੋਮਲ, ਕਿਰਨ ਰਾਣੀ, ਬੇਬੀ ਰਾਣੀ, ਪੂਜਾ ਰਾਣੀ, ਨਵਜੋਤ, ਤਾਨੀਆ ਕੌਲਧਰ, ਸਿਮਰਨ, ਰਿੰਪੀ, ਹਰਮਿੰਦਰ, ਸ਼ਰਨਪ੍ਰੀਤ ਰਵਿੰਦਰ ਕੌਰ ਜਦੋਂਕਿ ਬਲਾਕ ਨਕੋਦਰ ਤੋਂ ਨੇਹਾ, ਨਜਮਾ ਬੇਗਮ, ਗੁਰਜੀਤ ਕੌਰ, ਪੂਜਾ ਦੇਵੀ, ਬਲਵਿੰਦਰ ਕੌਰ, ਮਨਿੰਦਰ ਕੌਰ, ਸਮਰਿਤੀ, ਸਰਬਜੀਤ ਕੌਰ, ਕੀਰਤੀ ਕੁਮਾਰੀ, ਰੁਪਿੰਦਰਜੀਤ ਕੌਰ, ਸੁਖਵਿੰਦਰ ਕੌਰ, ਜਸਪ੍ਰੀਤ ਕੌਰ ਸ਼ਾਮਲ ਸਨ। ਇਸ ਮੌਕੇ ਤੇ ਸੀ ਡੀ ਪੀ ਓ ਨਕੋਦਰ ਜੋਗਿੰਦਰ ਕੌਰ, ਸੀ ਡੀ ਪੀ ਓ ਨੂਰਮਹਿਲ ਰਾਜਵਿੰਦਰ ਕੌਰ ਅਤੇ ਨਗਰ ਕੌਂਸਲ ਨਕੋਦਰ ਦੇ ਪ੍ਰਧਾਨ ਪ੍ਰਦੀਪ ਸ਼ੇਰਪੁਰੀ, ਬਲਾਕ ਸੰਮਤੀ ਚੇਅਰਮੈਨ ਚਰਨਜੀਤ ਸਿੰਘ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਹਾਜ਼ਰ ਸੀ।

## ਸੰਗਰੂਰ ਮਹਾਂ ਰੈਲੀ 'ਚ ਵੱਡੀ ਗਿਣਤੀ 'ਚ ਐੱਨ ਪੀ ਐੱਸ ਕਰਮਚਾਰੀ ਸ਼ਮੂਲੀਅਤ ਕਰਨਗੇ

**ਜਲੰਧਰ, ਹੁਸ਼ਿਆਰਪੁਰ (ਰਾਜੇਸ਼ ਥਾਪਾ, ਬਲਵੀਰ ਸਿੰਘ ਸੈਣੀ)**- ਮੁਲਾਜ਼ਮ ਮੰਚ ਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ ਅਨੁਸਾਰ 10 ਅਕਤੂਬਰ ਦੀ ਸੰਗਰੂਰ ਰੈਲੀ ਦੀ ਤਿਆਰੀ ਸੰਬੰਧੀ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ,ਜਿਲ੍ਹਾ ਹੁਸ਼ਿਆਰਪੁਰ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਕਨਵੀਨਰ ਸੰਜੀਵ ਧੂਤ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਜ਼ਿਲ੍ਹਾ ਸਕੱਤਰ ਤਿਲਕ ਰਾਜ ਨੇ ਦੱਸਿਆ ਕਿ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੀ ਸੂਬਾ ਮੀਟਿੰਗ ਵਿੱਚ ਲਏ ਫੈਸਲੇ ਅਨੁਸਾਰ 10 ਅਕਤੂਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਮਹਾਂਰੈਲੀ ਵਿੱਚ ਵੱਡੀ ਗਿਣਤੀ ਵਿੱਚ ਪੰਜਾਬ ਦੇ ਐਨ.ਪੀ.ਐਸ. ਤੋਂ ਪੀੜਿਤ ਮੁਲਾਜ਼ਮਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਕਮੇਟੀ ਨੇ ਸਰਕਾਰ ਦੀ ਮੁਲਾਜ਼ਮ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਅਪਣਾਈ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰ ਰਹੀ ਹੈ। ਇਸ ਮੌਕੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ,ਵਰਿੰਦਰ ਵਿੱਕੀ, ਪ੍ਰਿੰਸ ਪਲਿਆਲ ਗੜ੍ਹਦੀਵਾਲਾ, ਲੈਕਚਰਾਰ ਅਮਰ ਸਿੰਘ, ਵਿਕਾਸ



ਸ਼ਰਮਾ, ਸੁਨੀਲ ਸ਼ਰਮਾ, ਰਜਤ ਮਹਾਜਨ, ਚਮਨ ਲਾਲ, ਮਨਜੀਤ ਸਿੰਘ, ਅਸ਼ਵਨੀ ਰਾਣਾ, ਜਸਵੰਤ ਸਿੰਘ, ਪਰਸ ਰਾਮ, ਰਾਜ ਕੁਮਾਰ, ਬਲਵਿੰਦਰ ਟਾਕ, ਸਤੀਸ਼ ਕੁਮਾਰ, ਨਰੇਸ਼ ਮਿੱਡਾ, ਜਸਵਿੰਦਰ ਬੁੱਲ੍ਹੋਵਾਲ, ਰਣਵੀਰ ਸਿੰਘ,ਉਮੇਸ਼ ਕੁਮਾਰ, ਜਸਵੀਰ ਬੋਦਲ,ਵਿਪਨ ਕੁਮਾਰ, ਮਨਮੋਹਨ ਤਲਵਾੜਾ, ਦਵਿੰਦਰ ਹੁਸ਼ਿਆਰਪੁਰ, ਪਰਮਜੀਤ ਕਾਤਿਬ, ਨਰਿੰਦਰ ਅਜਨੋਹਾ,ਸੁਭਾਸ਼ ਠਾਕੁਰ, ਓਂਕਾਰ ਸਿੰਘ ਅਤੇ ਰਾਜੇਸ਼ ਕੁਮਾਰ ਆਦਿ ਹਾਜ਼ਰ ਸਨ।

## ਤਰਕਸ਼ੀਲ ਸੁਸਾਇਟੀ ਦੇ ਆਗੂ ਕੁਲਦੀਪ ਚੰਦ ਦੇ ਭਤੀਜੇ ਦਾ ਅੰਤਿਮ ਸੰਸਕਾਰ

### ਸੇਜਲ ਅੱਖਾਂ ਨਾਲ ਦਿਖਾਈ ਚਿਤਾ ਨੂੰ ਅੱਗ

**ਨੰਗਲ (ਸੁਰਜੀਤ ਸਿੰਘ ਢੇਰ)**- ਬੀ ਬੀ ਐਮ ਬੀ ਦੇ ਕਰਮਚਾਰੀ, ਤਰਕਸ਼ੀਲ ਸੁਸਾਇਟੀ ਦੇ ਮੈਂਬਰ, ਸਮਾਜ ਸੇਵੀ ਕੁਲਦੀਪ ਚੰਦ ਵਾਸੀ ਨੰਗਲ ਟਾਊਨਸ਼ਿਪ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਨ੍ਹਾਂ ਦੇ ਭਤੀਜੇ ਸਮੀਰ ਸਹੋਤਾ 20 ਪੁੱਤਰ ਸੁਰਜੀਤ ਚੰਦ ਦੀ ਇੱਕ ਪਟਿਆਲਾ ਨੇੜੇ ਵਾਪਰੇ ਇਕ ਸੜਕ ਹਾਦਸੇ ਦੌਰਾਨ ਸਦੀਵੀ ਵਿਛੋੜਾ ਦੇ ਗਿਆ ਸੀ।ਉਸ ਅੰਤਿਮ ਦਾਹ ਸੰਸਕਾਰ ਅੱਜ ਨੰਗਲ ਦੇ ਸ਼ਮਸ਼ਾਨਘਾਟ ਵਿਚ ਕਰ ਦਿੱਤਾ ਗਿਆ।ਉਹ ਬੀ ਫਾਰਮੇਸੀ, ਸ਼ਹੀਦ ਅਜੀਤ ਸਿੰਘ ਜੁਝਾਰ ਫਾਰਮੇਸੀ ਕਾਲਜ ਬੇਲਾ ਰੂਪਨਗਰ ਤੋਂ ਪੜਾਈ ਕਰ ਰਿਹਾ ਸੀ।ਉਹ ਆਪਣੇ ਦੋਸਤ ਨਾਲ ਪਟਿਆਲਾ ਵਿਖੇ ਨਿਜੀ ਕੰਮ ਲਈ ਮੋਟਰ ਸਾਈਕਲ ਤੇ ਗਿਆ ਹੋਇਆ ਸੀ। ਦੇਰ ਰਾਤ ਜਦੋਂ ਵਾਪਸ ਆ ਰਹੇ ਸਨ ਤਾਂ ਇੱਕ ਕਾਰ ਨੇ ਪਿਛੋਂ ਟੱਕਰ ਮਾਰ ਦਿੱਤੀ। ਜਿਸ ਕਾਰਨ ਸਮੀਰ ਸਹੋਤਾ ਦੀ ਘਟਨਾ ਸਥਾਨ ਤੇ ਹੀ ਮੌਤ ਹੋ ਗਈ ਤੇ ਦੋਸਤ ਦਾ ਬਚਾਅ ਹੋ ਗਿਆ।ਅੰਤਿਮ ਦਾਹ ਸੰਸਕਾਰ ਵਿੱਚ ਕਾਲਜ ਦੇ ਪ੍ਰਬੰਧਕਾਂ ਸਮੇਤ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ। ਇਸ ਮੌਕੇ ਤੇ ਪ੍ਰਿੰਸੀਪਲ ਰਾਜ ਕੁਮਾਰ ਖੋਸਲਾ, ਸੀ ਪੀ ਆਈ ਐਮ ਦੇ ਆਗੂ ਕਾਮਰੇਡ



ਸੁਰਜੀਤ ਸਿੰਘ ਢੇਰ, ਤਹਿਸੀਲ ਸਕੱਤਰ ਸਤਨਾਮ ਸਿੰਘ, ਪ੍ਰਿੰਸੀਪਲ ਰਾਜੀਵ ਮੇਜਰ, ਪ੍ਰਿੰਸੀਪਲ ਕੁਲਵੰਤ ਪਾਠਕ, ਹਿਮਾਚਲ ਪ੍ਰਦੇਸ਼ ਸੀ ਪੀ ਆਈ ਐਮ ਦੇ ਆਗੂ ਵਿਜੇ ਸ਼ਰਮਾ, ਅਸ਼ਵਨੀ ਸੈਣੀ, ਸੁਖਦੇਵ ਸਿੰਘ ਡਿਗਵਾ, ਹਰਨੇਕ ਸਿੰਘ ਨੇਕ, ਜਸਮੇਰ ਸਿੰਘ ਪੱਪ, ਨਗਰ ਕੌਂਸਲ ਨੰਗਲ ਦੇ ਸਾਬਕਾ ਪ੍ਰਧਾਨ ਸੰਜੇ ਸਾਹਨੀ, ਬੀ ਬੀ ਐਮ ਬੀ ਦੇ ਸੂਚਨਾ ਅਧਿਕਾਰੀ ਸਤਨਾਮ ਸਿੰਘ ਲਾਦੀ, ਰਾਜ ਕੁਮਾਰ ਘਈ, ਨਗਰ ਕੌਂਸਲ ਯੂਨੀਅਨ ਦੇ ਆਗੂ ਕੁਸ਼ਲ ਕੁਮਾਰ ਸਮੇਤ ਹੋਰ ਸਾਥੀ ਅੰਤਿਮ ਦਾਹ ਸੰਸਕਾਰ ਵਿੱਚ ਸ਼ਾਮਲ ਹੋਏ।ਸਮੀਰ ਸਹੋਤਾ ਦੀ ਚਿਖ਼ਾ ਨੂੰ ਅੱਗ ਬਹੁਤ ਹੀ ਗ਼ਮਗੀਨ ਮਹੌਲ ਦਿਖਾਈ। ਇਸ ਮੌਕੇ ਤੇ ਹਾਜ਼ਰ ਲੋਕਾਂ ਦੀਆਂ ਅੱਖਾਂ ਨਮ ਹੋ ਗਈਆਂ। ਇਸ ਦੁੱਖ ਦੀ ਘੜੀ ਵਿੱਚ ਬੀ ਬੀ ਐਮ ਬੀ ਦੇ ਉੱਚ ਅਧਿਕਾਰੀਆਂ ਨੇ ਕੁਲਦੀਪ ਚੰਦ ਦੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।ਸਮੀਰ ਦੋਵਾਂ ਪਰਵਾਰਾਂ ਦਾ ਹੋਣਹਾਰ ਪੁੱਤਰ ਸੀ।

## ਡਾ. ਇਸ਼ਾਂਕ ਕੁਮਾਰ ਨੇ ਲਾਭਪਾਤਰੀ ਪਰਵਾਰਾਂ ਨੂੰ ਵੰਡੇ ਪ੍ਰਾਪਰਟੀ ਕਾਰਡ

**ਹੁਸ਼ਿਆਰਪੁਰ (ਓ ਪੀ ਰਾਣਾ)**- ਪਿੰਡਾਂ ਦੀ ਲਾਲ ਲਕੀਰ ਅੰਦਰ ਰਹਿ ਰਹੇ ਪਰਵਾਰਾਂ ਨੂੰ ਮਾਲਕੀ ਹੱਕਾਂ ਦਾ ਦਸਤਾਵੇਜ਼ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ 'ਮੇਰਾ ਘਰ-ਮੇਰਾ ਨਾਮ' ਯੋਜਨਾ ਤਹਿਤ ਸੂਬੇ ਭਰ ਵਿੱਚ ਪ੍ਰਾਪਰਟੀ ਕਾਰਡ ਜਾਰੀ ਕਰਨ ਦੀ ਪ੍ਰਕਿਰਿਆ ਚਲਾਈ ਜਾ ਰਹੀ ਹੈ।



ਇਸ ਯੋਜਨਾ ਰਾਹੀਂ ਲਾਲ ਲਕੀਰ ਵਿੱਚ ਰਹਿ ਰਹੇ ਲੋਕਾਂ ਦੀਆਂ ਰਿਹਾਇਸ਼ੀ ਜਾਇਦਾਦਾਂ ਦਾ ਰਿਕਾਰਡ ਤਿਆਰ ਕਰਕੇ ਉਨ੍ਹਾਂ ਨੂੰ ਮਾਲਕੀ ਦਾ ਅਧਿਕਾਰਤ ਦਸਤਾਵੇਜ਼ ਮੁਹੱਈਆ ਕਰਵਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸੇ ਤਹਿਤ ਚੱਬੇਵਾਲ ਵਿਧਾਨ ਸਭਾ ਹਲਕੇ ਦੇ ਪਿੰਡ ਬਠੁੱਲਾ ਵਿਖੇ ਵਿਧਾਇਕ ਡਾ.ਇਸ਼ਾਂਕ ਕੁਮਾਰ ਦੁਆਰਾ 88 ਪਰਵਾਰਾਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ। ਵਿਧਾਇਕ ਨੇ ਲਾਭਪਾਤਰੀ ਪਰਵਾਰਾਂ ਨੂੰ ਇਹ ਕਾਰਡ ਸੌਂਪੇ ਅਤੇ ਉਨ੍ਹਾਂ ਨਾਲ ਗੱਲਬਾਤ ਕਰਦਿਆਂ ਯੋਜਨਾ ਤਹਿਤ ਮਿਲੇ ਮਾਲਕੀ ਹੱਕਾਂ ਲਈ ਵਧਾਈ ਦਿੱਤੀ । ਇਸ ਮੌਕੇ ਡਾ. ਇਸ਼ਾਂਕ ਨੇ ਕਿਹਾ ਕਿ ਪਿੰਡਾਂ ਵਿੱਚ ਕਈ ਪਰਿਵਾਰ ਲੰਮੇ ਸਮੇਂ ਤੋਂ ਆਪਣੀਆਂ ਰਿਹਾਇਸ਼ੀ ਜਾਇਦਾਦਾਂ ਵਿੱਚ ਰਹਿ ਰਹੇ ਹਨ, ਪਰ ਉਨ੍ਹਾਂ ਦੀ ਜਾਇਦਾਦ ਦਾ ਪੂਰਾ ਮਾਲਕੀ ਰਿਕਾਰਡ ਸਰਕਾਰੀ ਦਸਤਾਵੇਜ਼ਾਂ ਵਿੱਚ ਦਰਜ ਨਾ ਹੋਣ ਕਾਰਨ ਕਈ ਵਾਰ ਉਨ੍ਹਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਾਪਰਟੀ ਕਾਰਡ ਮਿਲਣ ਨਾਲ ਅਜਿਹੇ ਪਰਿਵਾਰਾਂ ਨੂੰ ਆਪਣੀ ਜਾਇਦਾਦ ਸਬੰਧੀ ਅਧਿਕਾਰਤ ਰਿਕਾਰਡ ਮਿਲੇਗਾ ਅਤੇ ਭਵਿੱਖ ਵਿੱਚ ਜਾਇਦਾਦ ਨਾਲ ਸਬੰਧਤ ਕੰਮਾਂ ਵਿੱਚ ਵੀ ਸਹੂਲਤ ਹੋਵੇਗੀ। ਡਾ. ਇਸ਼ਾਂਕ ਕੁਮਾਰ ਨੇ ਕਿਹਾ, ਆਪਣੇ ਘਰ ਅਤੇ ਜਾਇਦਾਦ ਨਾਲ ਸਬੰਧਤ ਮਾਲਕੀ ਦਾ ਸਪੱਸ਼ਟ ਦਸਤਾਵੇਜ਼ ਹਰ ਪਰਿਵਾਰ ਲਈ ਮਹੱਤਵ ਰੱਖਦਾ ਹੈ। ਜਿਨ੍ਹਾਂ ਪਰਿਵਾਰਾਂ ਨੂੰ ਪ੍ਰਾਪਰਟੀ ਕਾਰਡ ਮਿਲੇ ਹਨ, ਉਨ੍ਹਾਂ ਲਈ ਇਹ ਸਿਰਫ਼ ਇੱਕ ਕਾਗਜ਼ ਨਹੀਂ, ਸਗੋਂ ਉਨ੍ਹਾਂ ਦੀ ਜਾਇਦਾਦ ਨਾਲ ਜੁੜੇ ਹੱਕਾਂ ਦਾ ਅਧਿਕਾਰਤ ਰਿਕਾਰਡ ਹੈ, ਜੋ ਕਿ ਸਦੀਆਂ ਤੋਂ ਆਪਣੇ ਘਰਾਂ ਵਿਚ ਰਹਿਣ ਦੇ ਬਾਵਜੂਦ ਉਹਨਾਂ ਕੋਲ ਨਹੀਂ ਸੀ। ਉਹਨਾਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਹੈ ਜਿਸਨੇ ਮੁਖ ਮੰਤਰੀ ਭਗਵੰਤ ਮਾਨ ਦੀ ਅਗੁਵਾਈ ਵਿਚ ਅਜਿਹਾ ਲੋਕ ਹਿਤਕਾਰੀ ਕਦਮ ਚੁੱਕਿਆ ਹੈ।

## ਠੀਂਡਾ 'ਚ ਅੱਖਾਂ ਦਾ ਫ੍ਰੀ ਚੈਕਅੱਪ ਤੇ ਖ਼ੂਨਦਾਨ ਕੈਂਪ 16 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਸਵਰਗਵਾਸੀ ਗਿਆਨੀ ਗੁਰਦਿਆਲ ਸਿੰਘ ਦੇ ਜੱਦੀ ਪਿੰਡ ਅਜਨੋਹਾ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵੱਲੋਂ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੜ੍ਹਡ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸਿੱਖ ਕੌਮ ਦੇ ਸੂਰਵੀਰ ਯੋਧੇ ਹਰੀ ਸਿੰਘ ਨਲੂਆ ਅਤੇ ਜੱਸਾ ਸਿੰਘ ਰਾਮਗੜ੍ਹੀਆ ਦੀ ਨਿੱਘੀ ਯਾਦ 'ਚ 7ਵਾਂ ਅੱਖਾਂ ਦਾ ਫ੍ਰੀ ਚੈਕਅੱਪ ਅਤੇ 47ਵਾਂ ਸਵੈ ਇੱਛੁਕ ਖ਼ੂਨਦਾਨ ਕੈਂਪ ਲਾਇਨਜ਼ ਕਲੱਬ ਆਦਮਪੁਰ ਤੇ ਲਾਇਨਜ਼ ਆਈ ਹਸਪਤਾਲ ਸੋਸਾਇਟੀ ਆਦਮਪੁਰ ਵੱਲੋਂ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸੰਸਥਾ ਰਜਿ.ਅਜਨੋਹਾ ਅਤੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਤੇ ਲੈਬੋਰਟਰੀ ਪਿੰਡ ਨੜ੍ਹਡ ਦੇ ਸਹਿਯੋਗ ਨਾਲ 16 ਅਕਤੂਬਰ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਸਿੰਘ ਸਭਾ ਗੁਰਦੁਆਰਾ ਸਾਹਿਬ ਪਿੰਡ ਠੀਂਡਾ ਵਿਖੇ ਲਗਾਇਆ ਜਾ ਰਿਹਾ ਹੈ । ਅੱਖਾਂ ਦੇ ਕੈਂਪ ਵਿੱਚ ਲਾਇਨਜ਼ ਆਈ ਹਸਪਤਾਲ ਆਦਮਪੁਰ ਦੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੈਕਅੱਪ ਕਰਕੇ ਫ੍ਰੀ ਵਿੱਚ ਦਵਾਈਆਂ ਦਿੱਤੀਆਂ ਜਾਣਗੀਆਂ ਅਤੇ ਲੋੜ ਅਨੁਸਾਰ ਮਰੀਜ਼ਾਂ ਦੇ ਫ੍ਰੀ ਵਿੱਚ ਆਪਰੇਸ਼ਨ ਵੀ ਕੀਤੇ ਜਾਣਗੇ।ਇਸ ਮੌਕੇ ਹਾਜ਼ਰ ਗੁਰੂ ਘਰ ਵਜ਼ੀਰ ਮਾਸਟਰ ਗੁਰਪਾਲ ਸਿੰਘ , ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਤਰਸੇਮ ਸਿੰਘ ਖਾਲਸਾ ਠੀਂਡਾ, ਬਲਜੀਤ ਸਿੰਘ ਬਿੱਲਾ ਅਜਨੋਹਾ, ਤਰਨਜੀਤ ਸਿੰਘ ਖਾਲਸਾ, ਕੁਲਵੀਰ ਸਿੰਘ ਖਾਲਸਾ, ਸ਼ਹਿਬਾਜ਼ ਸਿੰਘ ਆਦਿ ਹਾਜ਼ਰ ਸਨ।

## ਹੈਰੋਇਨ, ਇਲੈਕਟਰੋਨਿਕ ਕੰਪਿਊਟਰ ਕੰਡਾ ਸਮੇਤ ਦੋ ਨੌਜਵਾਨ ਕਾਬੂ



**ਢਿਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**- ਢਲਵਾਂ ਪੁਲਿਸ ਨੇ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਢਿੱਲਵਾਂ ਪੁਲਸ ਨੇ ਦੋ ਨੌਜਵਾਨਾਂ ਨੂੰ 9 ਗ੍ਰਾਮ ਹੈਰੋਇਨ, ਇਲੈਕਟਰੋਨਿਕ ਕੰਪਿਊਟਰ ਕੰਡਾ ਸਮੇਤ ਕਾਬੂ ਕੀਤਾ ਹੈ। ਥਾਣਾ ਮੁਖੀ ਢਿਲਵਾਂ ਜਸਦੀਪ ਸਿੰਘ, ਰਵਿੰਦਰ ਸਿੰਘ ਏ ਐਸ ਆਈ ਨੇ ਦੱਸਿਆ ਕਿ ਆਪਣੇ ਸਾਥੀਆਂ ਨਾਲ ਗਸ਼ਤ ਦੌਰਾਨ ਅਨਾਜ ਮੰਡੀ ਢਿਲਵਾਂ ਵਿਖੇ ਮੌਜੂਦ ਸਨ, ਇਕ ਮੁਖਬਰ ਤੋਂ ਮਿਲੀ ਸੂਚਨਾ ਦੇ ਆਧਾਰ ਤੇ, ਉਹ ਰੇਲਵੇ ਸਟੇਸ਼ਨ ਤੋਂ ਥੋੜ੍ਹਾ ਪਿੱਛੇ ਸੜਕ ਕਿਨਾਰੇ ਪਹੁੰਚੇ ਅਤੇ ਦੋ ਨੌਜਵਾਨਾਂ ਸਵਰਨਜੀਤ ਸਿੰਘ ਪੁੱਤਰ ਸਰਬਜੀਤ ਵਾਸੀ ਪੱਤੀ ਜੱਲ੍ਹੂ ਕੀ ਢਿਲਵਾਂ ਅਤੇ ਸੰਦੀਪ ਸਿੰਘ ਪੁੱਤਰ ਕਰਮਜੀਤ ਸਿੰਘ ਵਾਸੀ ਮੰਡ ਢਿਲਵਾਂ ਨੂੰ ਗ੍ਰਿਫਤਾਰ ਕੀਤਾ ਅਤੇ ਤਲਾਸ਼ੀ ਦੌਰਾਨ ਉਨ੍ਹਾਂ ਤੋਂ 9 ਗ੍ਰਾਮ ਹੈਰੋਇਨ ਅਤੇ ਕੰਪਿਊਟਰ ਇਲੈਕਟਰੋਨਿਕ ਕੰਡਾ ਬਰਾਮਦ ਕੀਤਾ ਗਿਆ। ਉਕਤ ਕਥਿਤ ਦੋਸ਼ੀਆਂ ਵਿਰੁੱਧ ਐਨ ਡੀ ਪੀ ਐਸ ਐਕਟ ਤਹਿਤ ਥਾਣਾ ਢਿੱਲਵਾਂ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਹਵਾਈ ਸੈਨਾ ਦਿਵਸ ਮੌਕੇ ਸਮਾਗਮ

**ਅੱਡਾ ਸਰਾਂ (ਜਸਵੀਰ ਕਾਜਲ)**- ਬੀ ਐੱਨ ਡੀ ਸੀਨੀਅਰ ਸੈਕੰਡਰੀ ਸਕੂਲ ਕੰਧਾਲਾ ਜੱਟਾਂ ਵਿਖੇ ਭਾਰਤੀ ਹਵਾਈ ਸੈਨਾ ਦਿਵਸ ਬੜੇ ਮਾਣ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਭਾਰਤੀ ਹਵਾਈ ਸੈਨਾ ਦੇ ਇਤਿਹਾਸ, ਭੂਮਿਕਾ, ਉਪਲਬਧੀਆਂ ਅਤੇ ਦੇਸ਼ ਦੀ ਸੁਰੱਖਿਆ ਵਿੱਚ ਇਸ ਦੇ ਮਹੱਤਵ ਬਾਰੇ ਜਾਗਰੂਕਤਾ ਗਤੀਵਿਧੀਆਂ, ਵਿਚਾਰ-ਵਟਾਂਦਰੇ ਅਤੇ



ਰਚਨਾਤਮਕ ਪੇਸ਼ਕਾਰੀਆਂ ਕੀਤੀਆਂ ਗਈਆਂ। ਵਿਦਿਆਰਥੀਆਂ ਨੇ ਹਵਾਈ ਸੈਨਾ ਦੇ ਬਹਾਦਰ ਜਵਾਨਾਂ ਦੀ ਦੇਸ਼ ਪ੍ਰਤੀ ਸੇਵਾ ਅਤੇ ਸਮਰਪਣ ਨੂੰ ਸਲਾਮ ਕੀਤਾ। ਇਸ ਮੌਕੇ ਭਾਰਤੀ ਹਵਾਈ ਸੈਨਾ ਦੀ ਸ਼ਾਨ, ਅਨੁਸ਼ਾਸਨ, ਸਾਹਸ ਅਤੇ ਦੇਸ਼ ਸੇਵਾ ਦੀ ਭਾਵਨਾ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ। ਨਾਲ ਹੀ, ਦੇਸ਼ ਦੀ ਰੱਖਿਆ ਦੇ ਨਾਲ-ਨਾਲ ਆਫ਼ਤਾਂ ਅਤੇ ਮਨੁੱਖੀ ਸਹਾਇਤਾ ਦੇ ਮੌਕਿਆਂ 'ਤੇ ਹਵਾਈ ਸੈਨਾ ਵੱਲੋਂ ਨਿਭਾਈ ਜਾਂਦੀ ਮਹੱਤਵਪੂਰਨ ਭੂਮਿਕਾ ਬਾਰੇ ਵੀ ਚਾਨਣਾ ਪਾਇਆ ਗਿਆ। ਇਸ ਮੌਕੇ 'ਤੇ ਪ੍ਰਿੰਸੀਪਲ ਜੈਕ੍ਰਿਸ਼ਨ ਮੇਹਤਾ, ਇੰਜੀਨੀਅਰ ਅਨਿਲ ਮੇਹਤਾ, ਅਮਿਤ ਕੁਮਾਰ, ਗੁਰਮੈਲ ਸਿੰਘ, ਫਰਸਟ ਅਫ਼ਸਰ ਜਤਿੰਦਰ ਸਿੰਘ, ਮੰਦੀਪ ਕੌਰ, ਗੁਰਬਖਸ਼ ਕੌਰ, ਰਾਜਵੀਰ ਕੌਰ, ਰੁਖਸਾਨਾ, ਗੁਰਪ੍ਰੀਤ, ਗੁਰਪ੍ਰੀਤ ਸਿੰਘ, ਰਿਟਾਇਰਡ ਹਵਲਦਾਰ ਜੈ ਸਿੰਘ ਤੇ ਸਮੂਹ ਐੱਨ ਸੀ ਸੀ ਕੈਡਿਟ ਹਾਜ਼ਰ ਸਨ।

## ਕਿਸਾਨ ਸੁੱਕਾ ਝੋਨਾ ਹੀ ਮੰਡੀਆਂ 'ਚ ਲੈ ਕੇ ਆਉਣ : ਡਿਪਟੀ ਕਮਿਸ਼ਨਰ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ ਤੇਜ਼ੀ ਨਾਲ ਜਾਰੀ ਹੈ ਅਤੇ ਇਸੇ ਦੌਰਾਨ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਫਸਲ ਨੂੰ ਪੂਰੀ ਤਰ੍ਹਾਂ ਸੁਕਾ ਕੇ ਹੀ ਮੰਡੀਆਂ ਵਿੱਚ ਲੈ ਕੇ ਆਉਣ, ਤਾਂ ਜੋ ਉਨ੍ਹਾਂ ਨੂੰ ਝੋਨੇ ਦੀ ਵਿਕਰੀ ਦੌਰਾਨ ਕਿਸੇ ਕਿਸਮ ਦੀ ਦਿੱਕਤ ਜਾਂ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਸਰਕਾਰ ਵੱਲੋਂ ਨਿਰਧਾਰਤ ਮਾਪਦੰਡਾਂ ਅਨੁਸਾਰ 17 ਫੀਸਦੀ ਤੱਕ ਨਮੀ ਵਾਲੇ ਝੋਨੇ ਦੀ ਹੀ ਖਰੀਦ ਕੀਤੀ ਜਾਂਦੀ ਹੈ। ਇਸ ਲਈ ਕਿਸਾਨ ਵੱਧ ਨਮੀ ਵਾਲਾ ਝੋਨਾ ਮੰਡੀਆਂ ਵਿੱਚ ਲਿਆਉਣ ਤੋਂ ਗੁਰੇਜ਼ ਕਰਨ ਅਤੇ ਸੁੱਕੀ ਫਸਲ ਹੀ ਮੰਡੀ ਵਿੱਚ ਲੈ ਕੇ ਆਉਣ। ਉਨ੍ਹਾਂ ਕਿਹਾ ਕਿ ਇਸ ਨਾਲ ਮੰਡੀਆਂ ਵਿੱਚ ਬੇਲੋੜੀ ਭੀੜ ਤੋਂ ਵੀ ਬਚਿਆ ਜਾ ਸਕੇਗਾ ਅਤੇ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਅਤੇ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗਾਂ ਅਤੇ ਖਰੀਦ ਏਜੰਸੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਝੋਨੇ ਦੀ ਕਟਾਈ ਸਬੰਧੀ ਨਿਰਧਾਰਤ ਸਮੇਂ ਦੀ ਪਾਲਣਾ ਕਰਨੀ ਲਾਜ਼ਮੀ ਹੈ। ਸ਼ਾਮ 6:00 ਵਜੇ ਤੋਂ ਸਵੇਰੇ 10:00 ਵਜੇ ਤੱਕ ਕੰਬਾਈਨਾਂ ਨਾਲ ਝੋਨੇ ਦੀ ਕਟਾਈ ਕਰਨ 'ਤੇ ਪਾਬੰਦੀ ਲਗਾਈ ਗਈ ਹੈ। ਉਨ੍ਹਾਂ ਕਿਸਾਨਾਂ ਅਤੇ ਕੰਬਾਈਨ ਆਪਰੇਟਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਮੇਂ-ਸਾਰਣੀ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਪ੍ਰਸ਼ਾਸਨ ਨੂੰ ਸਹਿਯੋਗ ਦੇਣ।

## ਵਿਧਾਇਕ ਨੇ 39 ਪਰਵਾਰਾਂ ਨੂੰ ਵੰਡੇ ਜਾਇਦਾਦ ਦੀ ਮਾਲਕੀ ਵਾਲੇ ਪ੍ਰਾਪਰਟੀ ਕਾਰਡ

**ਦਸੂਹਾ (ਕਰਨੈਲ ਮਾਂਗਟ)**- ਪੰਜਾਬ ਸਰਕਾਰ ਵਲੋਂ ਲਾਲ ਲਕੀਰ ਦੇ ਵਸਨੀਕਾਂ ਨੂੰ ਉਨ੍ਹਾਂ ਦੀ ਜਾਇਦਾਦ ਦੇ ਹੱਕ ਦੇਣ ਲਈ ਸ਼ੁਰੂ ਕੀਤੀ 'ਮੇਰਾ ਘਰ-ਮੇਰੇ ਨਾਮ' ਸਕੀਮ ਤਹਿਤ ਵਿਧਾਇਕ ਐਡਵੋਕੇਟ ਕਰਮਬੀਰ ਸਿੰਘ ਘੁੰਮਣ ਨੇ ਨੇੜਲੇ ਪਿੰਡ ਗੰਗਾ ਚੱਕ ਵਿਖੇ ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ



ਸੌਂਪਦਿਆਂ ਕਿਹਾ ਕਿ ਇਸ ਲੋਕ ਪੱਖੀ ਪਹਿਲਕਦਮੀ ਨੇ ਲਾਲ ਲਕੀਰ ਦੇ ਵਸਨੀਕਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਹੋਰ ਮਜ਼ਬੂਤ ਕੀਤਾ। ਵਿਧਾਇਕ ਐਡਵੋਕੇਟ ਕਰਮਬੀਰ ਸਿੰਘ ਘੁੰਮਣ ਨੇ 39 ਪਰਿਵਾਰਾਂ ਨੂੰ ਮਾਲਕੀ ਦੇ ਹੱਕ ਵਾਲੇ ਪ੍ਰਾਪਰਟੀ ਕਾਰਡ ਸੌਂਪਣ ਵੇਲੇ ਕਿਹਾ ਕਿ ਮਾਲਕੀ ਮਿਲਣ ਨਾਲ ਲੋਕਾਂ ਅੰਦਰ ਆਪਣੇ ਘਰਾਂ ਦੀ ਸੰਭਾਲ, ਸੁਧਾਰ ਅਤੇ ਭਵਿੱਖ ਦੇ ਯੋਜਨਾਬੰਦੀ ਦਾ ਭਰੋਸਾ ਹੋਰ ਵਧੇਗਾ ਅਤੇ ਉਹ ਆਪਣੀਆਂ ਪ੍ਰਾਪਰਟੀਆਂ ਖਰੀਦ-ਵੇਚ ਸਕਣਗੇ ਜਿਨ੍ਹਾਂ ਦੀਆਂ ਪ੍ਰਾਪਰਟੀਆਂ ਦਾ ਮੁਕੰਮਲ ਵੇਰਵਾ ਹੁਣ ਮਾਲ ਵਿਭਾਗ ਦੇ ਰਿਕਾਰਡ ਵਿਚ ਦਰਜ ਹੋਵੇਗਾ। ਵਿਧਾਇਕ ਨੇ ਲਾਭਪਾਤਰੀਆਂ ਵਧਾਈ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ 'ਮੇਰਾ ਘਰ-ਮੇਰੇ ਨਾਮ' ਸਕੀਮ ਦਾ ਮੁੱਖ ਮੰਤਵ ਲਾਲ ਲਕੀਰ ਅੰਦਰ ਰਹਿੰਦੇ ਪੰਜਾਬ ਦੇ ਹਰੇਕ ਯੋਗ ਪਰਵਾਰ ਨੂੰ ਆਪਣੇ ਘਰ ਦੀ ਮਾਲਕੀ ਦੇ ਹੱਕ ਦਿਵਾਉਣਾ ਹੈ ਤੇ ਇਸ ਦਿਸ਼ਾ ਵਿਚ ਇਹ ਸਕੀਮ ਮੀਲ ਪੱਥਰ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਿੰਡਾਂ ਵਿਚ ਬਹੁਤ ਸਾਰੇ ਪਰਵਾਰ ਦਹਾਕਿਆਂ ਤੋਂ ਲਾਲ ਲਕੀਰ ਅੰਦਰ ਰਹਿ ਰਹੇ ਹਨ ਜਿਨ੍ਹਾਂ ਕੋਲ ਮਾਲਕੀ ਦਾ ਰਸਮੀ ਰਿਕਾਰਡ ਨਾ ਹੋਣ ਕਰਕੇ ਆਪਣੀ ਜ਼ਿੰਦਗੀ ਵਿਚ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਇਸ ਸਕੀਮ ਨੇ ਅਜਿਹੀਆਂ ਸਾਰੀਆਂ ਸਮੱਸਿਆਵਾਂ ਦਾ ਜੜ੍ਹੋਂ ਹੱਲ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਸੂਬੇ ਵਿਚ ਪੜਾਅਵਾਰ ਪ੍ਰਾਪਰਟੀ ਕਾਰਡਾਂ ਦੀ ਵੰਡ ਕੀਤੀ ਜਾਵੇਗੀ ਅਤੇ ਅੱਜ ਸ਼ੁਰੂ ਹੋਇਆ ਪਹਿਲਾ ਗੇੜ 30 ਅਕਤੂਬਰ ਤੱਕ ਚੱਲੇਗਾ ਜਿਸ ਤਹਿਤ 2295 ਪਿੰਡਾਂ ਵਿਚ ਕਾਰਡ ਵੰਡੇ ਜਾਣਗੇ।

ਉਨ੍ਹਾਂ ਦੱਸਿਆ ਕਿ ਦੂਜਾ ਗੇੜ 1 ਨਵੰਬਰ ਤੋਂ 15 ਨਵੰਬਰ ਤੱਕ ਹੋਵੇਗਾ ਜਿਸ ਵਿਚ 1700 ਦੇ ਕਰੀਬ ਪਿੰਡ ਕਵਰ ਕੀਤੇ ਜਾਣਗੇ। ਤੀਜਾ ਗੇੜ 30 ਨਵੰਬਰ ਤੱਕ ਅਤੇ ਚੌਥਾ ਗੇਟ 25 ਦਸੰਬਰ ਤੱਕ ਚੱਲੇਗਾ ਜਿਸ ਵਿਚ 4 ਹਜ਼ਾਰ ਤੋਂ ਵੱਧ ਪਿੰਡਾਂ ਵਿਚ ਪ੍ਰਾਪਰਟੀ ਕਾਰਡ ਦਿੱਤੇ ਜਾਣਗੇ।

## ਸਰਾਧਾ ਦਾ ਸਲਾਨਾ ਜੋੜ ਮੇਲਾ ਕਰਵਾਇਆ



**ਆਦਮਪੁਰ, (ਪਰਮਜੀਤ ਸਿੰਘ)**- ਪਿੰਡ ਵੱਡਾ ਸਰਹਾਲਾ ਜਿਲ੍ਹਾ ਹੁਸ਼ਿਆਰਪੁਰ ਵਿਖੇ ਬਾਘਾ ਗੋਤ ਜਠੇਰਿਆਂ ਦਾ ਸਲਾਨਾ ਸ਼ਰਾਧਾ ਦਾ ਜੋੜ ਮੇਲਾ ਦੇਸ਼ਾਂ ਵਿਦੇਸ਼ਾਂ ਦੀਆਂ ਸਮੂਹ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਸਮੂਹ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਦੀ ਵਿਸ਼ੇਸ਼ ਦੇਖਰੇਖ ਹੇਠ ਸ਼ਰਧਾਭਾਵ ਨਾਲ ਮਨਾਇਆ ਗਿਆ। ਜਿਸ ਦੇ ਸਬੰਧ ਵਿੱਚ ਪਹਿਲਾ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕਰਵਾਏ ਗਏ ਉਪਰੰਤ ਰਾਗੀ ਭਾਈ ਕੁਲਦੀਪ ਸਿੰਘ ਲਲਵਾਨ, ਬਲਵੰਤ ਸਿੰਘ ਲਲਵਾਨ ਤੇ ਬਾਬਾ ਬਖਸ਼ੀਸ਼ ਸਿੰਘ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਦੀ ਪਵਿੱਤਰ ਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਦਿਲਬਰ ਸਿੰਘ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਸੈਨਾਂ, ਉੱਘੇ ਵਿਦਵਾਨ ਤੇ ਸਮਾਜ ਸੇਵਕ ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾ, ਕੁਲਵਿੰਦਰ ਬਾਘਾ ਸਾਬਕਾ ਸਰਪੰਚ ਪਿੰਡ ਬੋਲੀਨਾ ਨੇ ਇਸ ਜੋੜ ਮੇਲੇ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਤੇ ਸੰਤ ਰਾਮ ਸਰੂਪ ਗਿਆਨੀ ਜੀ ਨੇ ਸਮੂਹ ਸੰਗਤਾਂ ਨੂੰ ਆਪਣੇ ਮਾਤਾ ਪਿਤਾ ਦਾ ਸਤਿਕਾਰ ਤੇ ਸੇਵਾ ਕਰਨ ਲਈ ਪ੍ਰੇਰਿਆ। ਸਮਾਗਮ ਦੌਰਾਨ ਸਮੂਹ ਸੰਗਤਾਂ ਨੂੰ ਚਾਹ ਮਠਿਆਈਆਂ ਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।ਇਸ ਮੌਕੇ ਤੇ ਸੰਤ ਰਾਮ ਸਰੂਪ ਗਿਆਨੀ ਲੰਗਰ ਇੰਚਾਰਜ਼, ਕੈਸ਼ੀਅਰ ਹੁਸਨ ਲਾਲ ਬੋਲੀਨਾ, ਸਾਬਕਾ ਕੈਸ਼ੀਅਰ ਗੁਲਜਾਰੀ ਲਾਲ ਬਾਘਾ, ਸੈਕਟਰੀ ਸਤਪਾਲ ਬਾਘਾ, ਚੇਅਰਮੈਨ ਗੁਰਦਿਆਲ ਚੰਦ ਬਾਘਾ ਯੂ ਕੇ ਉਪ ਚੇਅਰਮੈਨ ਰਾਮ ਲਾਲ ਬਾਘਾ, ਚੈਨ ਰਾਮ ਸੁੰਨੜ ਕਲਾਂ, ਸੰਨੀ ਬਾਘਾ, ਮੁਕੇਸ਼ ਬਾਘਾ, ਬਿੱਟੂ ਬਾਘਾ, ਹੈਪੀ ਬਾਘਾ, ਗੋਗੀ ਬਾਘਾ, ਅਗਮਲ ਰਾਏ ਬਾਘਾ, ਕੁਲਦੀਪ ਚੰਦ ਬਾਘਾ, ਬਲਵੀਰ ਬਾਘਾ, ਜੀਵਨ ਬਾਘਾ, ਜੈ ਪਾਲ ਬਾਘਾ, ਹਰਮੇਸ਼ ਲਾਲ, ਸੁਖਜਿੰਦਰ ਬਾਘਾ, ਸੁਰਿੰਦਰ ਬਾਘਾ, ਦਲਜੀਤ ਕੁਮਾਰ (ਦੀਪਾ ਨਗਰ), ਯੁਵਰਾਜ ਬਾਘਾ, ਮੁਨੀਸ਼ ਬਾਘਾ ਇਟਲੀ, ਜੁਗੇਸ਼ ਬਾਘਾ, ਰਾਕੇਸ਼ ਕੁਮਾਰ ਰਿੱਕੀ ਬਾਘਾ, ਰਜਿੰਦਰ ਬਾਘਾ, ਪੰਮਾਂ ਖੰਨੀ, ਕੁਲਦੀਪ ਜੌਹਲ, ਬੀਬੀ ਕਮਲਾ ਫਗਵਾੜਾ, ਪਰਮਜੀਤ ਸਰਹਾਲਾ, ਪ੍ਰੀਤ ਸਰਹਾਲਾ, ਰਾਜੂ ਇਟਲੀ, ਸੁਨੀਲ ਇਟਲੀ ਤੇ ਹੋਰ ਸੇਵਾਦਾਰ ਸੰਗਤਾਂ ਹਾਜ਼ਰ ਸਨ।

## ਵਿਧਾਇਕ ਨੇ ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ

**ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)**- ਨਕੋਦਰ ਵਿੱਚ 28 ਆਂਗਣਵਾੜੀ ਹੈਲਪਰਾਂ ਨੂੰ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋ ਨਿਯੁਕਤੀ ਪੱਤਰ ਸੌਂਪਣ ਸਮੇਂ ਆਖਿਆ ਕਿ ਇਹ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਹੈ ਜਿਸ ਨੇ ਬਿਨਾ ਕਿਸੇ ਸਿਫਾਰਸ਼ ਤੋਂ ਇਹ ਨੌਕਰੀਆਂ ਦਿੱਤੀਆਂ ਹਨ। ਬੀਬੀ ਮਾਨ ਨੇ ਨਵ-ਨਿਯੁਕਤ ਹੈਲਪਰਾਂ ਨੂੰ ਉਹਨਾਂ ਦੇ ਨਾਲ ਆਏ ਵਾਰਿਸ ਨੂੰ ਵਧਾਈ ਦਿੰਦਿਆ। ਇਹਨਾਂ ਲਾਭਪਾਤਰੀਆਂ ਵਿੱਚ ਬਲਾਕ ਨੂਰਮਹਿਲ ਨੂੰ 16 ਨੌਕਰੀਆਂ ਅਤੇ ਬਲਾਕ ਨਕੋਦਰ ਵਿੱਚ 12 ਨੌਕਰੀਆਂ ਮਿਲੀਆਂ ਜਿਹਨਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। ਜਿਹਨਾਂ ਵਿੱਚ ਬਲਾਕ ਨੂਰਮਹਿਲ ਤੋਂ ਨਵਪ੍ਰੀਤ



ਕੌਰ, ਹਰਪ੍ਰੀਤ ਕੌਰ, ਕਰਮਜੀਤ ਕੌਰ, ਗੀਨਾ, ਗੁਰਲੀਨ ਕੌਰ, ਸੰਦੀਪ ਕੌਰ, ਕੋਮਲ, ਕਿਰਨ ਰਾਣੀ, ਬੇਬੀ ਰਾਣੀ, ਪੂਜਾ ਰਾਣੀ, ਨਵਜੋਤ, ਤਾਨੀਆ ਕੌਲਧਰ, ਸਿਮਰਨ, ਰਿੰਪੀ, ਹਰਮਿੰਦਰ, ਸ਼ਰਨਪ੍ਰੀਤ ਰਵਿੰਦਰ ਕੌਰ ਜਦੋਂਕਿ ਬਲਾਕ ਨਕੋਦਰ ਤੋਂ ਨੇਹਾ, ਨਜਮਾ ਬੇਗਮ, ਗੁਰਜੀਤ ਕੌਰ, ਪੂਜਾ ਦੇਵੀ, ਬਲਵਿੰਦਰ ਕੌਰ, ਮਨਿੰਦਰ ਕੌਰ, ਸਮਰਿਤੀ, ਸਰਬਜੀਤ ਕੌਰ, ਕੀਰਤੀ ਕੁਮਾਰੀ, ਰੁਪਿੰਦਰਜੀਤ ਕੌਰ, ਸੁਖਵਿੰਦਰ ਕੌਰ, ਜਸਪ੍ਰੀਤ ਕੌਰ ਸ਼ਾਮਲ ਸਨ। ਇਸ ਮੌਕੇ ਤੇ ਸੀ ਡੀ ਪੀ ਓ ਨਕੋਦਰ ਜੋਗਿੰਦਰ ਕੌਰ, ਸੀ ਡੀ ਪੀ ਓ ਨੂਰਮਹਿਲ ਰਾਜਵਿੰਦਰ ਕੌਰ ਅਤੇ ਨਗਰ ਕੌਂਸਲ ਨਕੋਦਰ ਦੇ ਪ੍ਰਧਾਨ ਪ੍ਰਦੀਪ ਸ਼ੇਰਪੁਰੀ, ਬਲਾਕ ਸੰਮਤੀ ਚੇਅਰਮੈਨ ਚਰਨਜੀਤ ਸਿੰਘ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਹਾਜ਼ਰ ਸੀ।

## ਅੱਜ ਦੀ ਰੈਲੀ 'ਚ ਹਜ਼ਾਰਾਂ ਦੀ ਗਿਣਤੀ 'ਚ ਮੁਲਾਜ਼ਮ ਹੋਣਗੇ ਸ਼ਾਮਲ : ਮੱਖਣ, ਕਾਠਗੜ੍ਹ, ਕੌਂਡਲ

**ਕਪੂਰਥਲਾ (ਮਨਜੀਤ ਮਾਨ)**- ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਵੱਲੋਂ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ, ਸੂਬਾ ਜਰਨਲ ਸਕੱਤਰ ਫੁੰਮਣ ਸਿੰਘ ਕਾਠਗੜ੍ਹ ਤੇ ਸੂਬਾ ਪ੍ਰੈਸ ਸਕੱਤਰ ਸੰਜੀਵ ਕੌਂਡਲ ਨੇ ਪ੍ਰੈਸ ਨੋਟ ਰਾਹੀਂ ਦੱਸਿਆ ਕਿ 10 ਅਕਤੂਬਰ ਨੂੰ ਮੁਲਾਜ਼ਮ ਪੈਨਸ਼ਨਰ ਸਾਂਝਾ ਮੰਚ ਦੇ ਝੰਡੇ ਹੇਠ ਸੰਗਰੂਰ ਰੈਲੀ ਵਿੱਚ ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਵੱਲੋਂ ਪੂਰੇ ਪੰਜਾਬ ਵਿਚ ਹਜ਼ਾਰਾਂ ਦੀ ਗਿਣਤੀ ਵਿੱਚ ਮੁਲਾਜ਼ਮ ਹਿੱਸਾ ਲੈਣਗੇ। ਵਰਕਰਾਂ ਵਿੱਚ ਸਰਕਾਰ



ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ ਰੈਲੀ ਵਿਚ ਜਾਣ ਲਈ ਪੂਰਾ ਜੋਸ਼ ਪਾਇਆ ਜਾ ਰਿਹਾ ਹੈ। ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰਨਾ, ਕੱਚੇ ਕਾਮਿਆਂ ਨੂੰ ਪੱਕਾ ਕਰਨਾ, 17/7/20 ਦਾ ਪੱਤਰ ਵਾਪਸ ਕਰਨਾ, 15/1/15 ਦਾ ਪੱਤਰ ਵਾਪਸ ਕਰਨਾ, ਪੈਨਸ਼ਨਰ ਨੂੰ 2.59 ਗੁਣਾਂਕ ਨਾਲ ਪੈਨਸ਼ਨ ਦੇਣਾ ਆਦਿ ਮੰਗਾਂ ਹਨ। ਸੂਬਾ ਪ੍ਰਧਾਨ ਮੱਖਣ ਸਿੰਘ ਨੇ ਦੱਸਿਆ ਕਿ ਸਾਡੀ ਜੱਥੇਬੰਦੀ ਵੱਲੋਂ ਜਿਹੜਾ ਵੀ ਪ੍ਰੋਗਰਾਮ ਸਾਂਝਾ ਮੰਚ ਮੁਲਾਜ਼ਮ ਤੇ ਪੈਨਸ਼ਨਰ ਵਲੋਂ ਦਿੱਤਾ ਜਾਵੇਗਾ, ਸਾਰੀ ਜੱਥੇਬੰਦੀ ਵੱਲੋਂ ਸਾਂਝੇ ਮੰਚ ਨੂੰ ਪੂਰਾ ਸਾਥ ਦਿੱਤਾ ਜਾਵੇਗਾ। ਸਾਡੀ ਯੂਨੀਅਨ ਵੱਲੋਂ ਸਾਰੇ ਜ਼ਿਲ੍ਹਿਆਂ ਵਿੱਚ ਮੀਟਿੰਗਾਂ ਕਰਕੇ 10 ਅਕਤੂਬਰ ਦੀ ਮਹਾਂ ਰੈਲੀ ਲਈ ਤਿਆਰੀ ਪੂਰੀ ਕਰ ਲਈ ਹੈ ਅਤੇ ਜਦੋਂ ਤੱਕ ਮੁਲਾਜ਼ਮਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਇਹ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਯੂਨੀਅਨ ਦੇ ਮੁੱਖ ਸਲਾਹਕਾਰ ਰਾਜਪਾਲ ਲਸੋਈ ਵੀ ਮੌਜੂਦ ਸਨ।

## ਜਥੇਦਾਰ ਗੁਰਿੰਦਰ ਸਿੰਘ ਗੋਗੀ ਨੇ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼੍ਰੋਮਣੀ ਕਮੇਟੀ ਚੋਣ ਲੜਨ ਲਈ ਕੀਤਾ ਐਲਾਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਸਿਆਸੀ ਅਤੇ ਧਾਰਮਿਕ ਹਲਕਿਆਂ ਵਿੱਚ ਸਰਗਰਮੀਆਂ ਤੇਜ਼ ਹੋਣ ਲੱਗੀਆਂ ਹਨ। ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼੍ਰੋਮਣੀ ਕਮੇਟੀ ਦੀ ਮੈਂਬਰੀ ਲਈ ਕਈ ਸੰਭਾਵੀ ਉਮੀਦਵਾਰਾਂ ਵੱਲੋਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।ਇਸ ਦੌਰਾਨ ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰ ਸਿੰਘ ਗੋਗੀ ਦਾ ਨਾਂਅ ਚਰਚਾ ਵਿੱਚ ਸਭ ਤੋਂ ਅੱਗੇ ਆ ਗਿਆ ਹੈ। ਜਥੇਦਾਰ ਗੁਰਿੰਦਰ ਸਿੰਘ ਗੋਗੀ ਸਾਲ 2004 ਤੋਂ 2011 ਤੱਕ ਲਗਾਤਾਰ ਸੱਤ ਸਾਲ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਰਹਿ ਚੁੱਕੇ ਹਨ।ਇਸ ਤੋਂ ਇਲਾਵਾ ਉਹ ਅਕਾਲੀ ਦਲ ਬਾਦਲ ਵਿੱਚ ਯੂਥ ਅਕਾਲੀ ਦਲ ਦੇ ਪ੍ਰਧਾਨ ਦੀ ਜ਼ਿੰਮੇਵਾਰੀ ਵੀ ਨਿਭਾ ਚੁੱਕੇ ਹਨ ਅਤੇ ਤਿੰਨ ਵਾਰ ਜ਼ਿਲ੍ਹਾ ਪ੍ਰਧਾਨ ਰਹੇ ਹਨ।ਇਸ ਕਾਰਨ ਹਲਕੇ ਦੀ ਰਾਜਨੀਤੀ ਅਤੇ ਸਿੱਖ ਸੰਸਥਾਵਾਂ ਵਿੱਚ ਉਨ੍ਹਾਂ ਦਾ ਲੰਮਾ ਤਜਰਬਾ ਮੰਨਿਆ ਜਾਂਦਾ ਹੈ। ਦੂਜੇ ਪਾਸੇ ਅਮਰਜੀਤ ਸਿੰਘ ਚਾਵਲਾ ਨਾਲ ਸਬੰਧਤ ਮਾਮਲੇ ਤੋਂ ਬਾਅਦ ਉਨ੍ਹਾਂ ਵੱਲੋਂ ਅਸਤੀਫ਼ਾ ਦਿੱਤੇ ਜਾਣ ਕਾਰਨ ਹਲਕਾ ਸ੍ਰੀ ਅਨੰਦਪੁਰ ਸਾਹਿਬ ਵਿੱਚ ਇਸ ਸਮੇਂ ਸ਼੍ਰੋਮਣੀ ਕਮੇਟੀ ਦਾ ਕੋਈ ਮੈਂਬਰ ਨਾ ਰਹਿਣ ਦੀ ਸਥਿਤੀ ਬਣ ਗਈ ਹੈ। ਇਸ ਪਿਛੋਕੜ ਵਿੱਚ ਜਥੇਦਾਰ ਗੋਗੀ ਲਈ ਮੁੜ ਸ਼੍ਰੋਮਣੀ ਕਮੇਟੀ ਚੋਣ ਲੜਨ ਦਾ ਰਸਤਾ ਕਾਫ਼ੀ ਸਾਫ਼ ਨਜ਼ਰ ਆ ਰਿਹਾ ਹੈ। ਸੂਤਰਾਂ ਅਨੁਸਾਰ ਜਥੇਦਾਰ ਗੋਗੀ ਇਸ ਚੋਣ ਨੂੰ ਲੈ ਕੇ ਆਪਣੀਆਂ ਸਰਗਰਮੀਆਂ ਤੇਜ਼ ਕਰ ਰਹੇ ਹਨ। ਜ਼ਿਕਰਯੋਗ ਹੈ ਕਿ ਜਥੇਦਾਰ ਗੁਰਿੰਦਰ ਸਿੰਘ ਗੋਗੀ ਅਕਾਲੀ ਦਲ ਬਾਦਲ ਤੋਂ ਵੱਖ ਹੋ ਕੇ ਵੱਖ-ਵੱਖ ਸਮੇਂ ਦੌਰਾਨ ਹੋਰ ਸਿਆਸੀ ਪਾਰਟੀਆਂ ਨਾਲ ਵੀ ਜੁੜੇ ਰਹੇ ਹਨ। ਹੁਣ ਉਨ੍ਹਾਂ ਦੇ ਮੁੜ ਅਕਾਲੀ ਦਲ ਨਾਲ



ਜੁੜਨ ਜਾਂ 'ਘਰ ਵਾਪਸੀ' ਕਰਨ ਦੀਆਂ ਚਰਚਾਵਾਂ ਵੀ ਸਿਆਸੀ ਹਲਕਿਆਂ ਵਿੱਚ ਚੱਲ ਰਹੀਆਂ ਹਨ। ਹਾਲਾਂਕਿ ਇਸ ਬਾਰੇ ਉਨ੍ਹਾਂ ਵੱਲੋਂ ਕੋਈ ਸਪੱਸ਼ਟ ਐਲਾਨ ਨਹੀਂ ਕੀਤਾ ਗਿਆ। ਜਦੋਂ ਇਸ ਸਬੰਧੀ ਜਥੇਦਾਰ ਗੁਰਿੰਦਰ ਸਿੰਘ ਗੋਗੀ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਉਹ ਸ਼੍ਰੋਮਣੀ ਕਮੇਟੀ ਦੀ ਚੋਣ ਜ਼ਰੂਰ ਲੜਨਗੇ। ਜਦੋਂ ਉਨ੍ਹਾਂ ਤੋਂ ਪੁੱਛਿਆ ਗਿਆ ਕਿ ਕੀ ਉਹ ਅਕਾਲੀ ਦਲ ਬਾਦਲ ਦੀ ਟਿਕਟ 'ਤੇ ਚੋਣ ਲੜਨਗੇ ਤਾਂ ਉਨ੍ਹਾਂ ਕਿਹਾ ਕਿ ਭਾਵੇਂ ਉਨ੍ਹਾਂ ਨੂੰ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨੀ ਪਵੇ, ਪਰ ਉਹ ਸ਼੍ਰੋਮਣੀ ਕਮੇਟੀ ਦੀ ਚੋਣ ਜ਼ਰੂਰ ਲੜਨਗੇ। ਸਿਆਸੀ ਚੋਣ ਲੜਨ ਸਬੰਧੀ ਪੁੱਛੇ ਸਵਾਲ 'ਤੇ ਗੋਗੀ ਨੇ ਸਪੱਸ਼ਟ ਕੀਤਾ ਕਿ ਉਹ ਕਿਸੇ ਵੀ ਤਰ੍ਹਾਂ ਦੀ ਸਿਆਸੀ ਚੋਣ ਨਹੀਂ ਲੜਨਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮਕਸਦ ਕੇਵਲ ਤੇ ਕੇਵਲ ਧਾਰਮਿਕ ਚੋਣ, ਅਰਥਾਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲੜਨਾ ਹੈ ਅਤੇ ਉਹ ਵੀ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ। ਆਉਣ ਵਾਲੇ ਸਮੇਂ ਵਿੱਚ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼੍ਰੋਮਣੀ ਕਮੇਟੀ ਦੀ ਚੋਣ ਲਈ ਤਸਵੀਰ ਕੀ ਰੂਪ ਧਾਰਨ ਕਰਦੀ ਹੈ, ਇਹ ਤਾਂ ਸਮਾਂ ਹੀ ਦੱਸੇਗਾ, ਪਰ ਮੌਜੂਦਾ ਹਾਲਾਤਾਂ ਵਿੱਚ ਜਥੇਦਾਰ ਗੁਰਿੰਦਰ ਸਿੰਘ ਗੋਗੀ ਵੱਲੋਂ ਚੋਣ ਲੜਨ ਦੇ ਸਪੱਸ਼ਟ ਐਲਾਨ ਨਾਲ ਹਲਕੇ ਦੀਆਂ ਧਾਰਮਿਕ ਸਰਗਰਮੀਆਂ ਵਿੱਚ ਨਵੀਂ ਚਰਚਾ ਛਿੜ ਗਈ ਹੈ।

## ਸ਼੍ਰੋਮਣੀ ਅਕਾਲੀ ਦਲ (ਬ) ਵੱਲੋਂ ਹਰਮਿੰਦਰ ਸੰਧੂ ਦੀ ਅਗਵਾਈ ਹੇਠ ਡੋਰ ਟੂ ਡੋਰ ਮੁਹਿੰਮ ਸ਼ੁਰੂ

**ਹੁਸ਼ਿਆਰਪੁਰ (ਓ ਪੀ ਰਾਣਾ)** ਸ਼੍ਰੋਮਣੀ ਅਕਾਲੀ ਦਲ (ਬ) ਵਲੋਂ ਹਲਕਾ ਚੱਬੇਵਾਲ 'ਚ ਹਲਕਾ ਇੰਚਾਰਜ ਹਰਮਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਪਿੰਡ ਭੀਲੋਵਾਲ ਕਾਲੀਆਂ,ਜੱਲੋਵਾਲ, ਸੀਣਾ, ਸ਼ਸ਼ੋਲੀ ਵਿਖੇ ਡੋਰ-ਟੂ-ਡੋਰ ਮੁਹਿੰਮ ਸ਼ੁਰੂ ਕੀਤੀ ਗਈ। ਇਸ ਮੌਕੇ ਹਲਕਾ ਇੰਚਾਰਜ



ਸੰਧੂ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਹ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਤਹਿਤ ਉਨ੍ਹਾਂ ਨੇ ਪਿੰਡ ਦੇ ਬਜ਼ੁਰਗਾਂ ਨਾਲ ਵਿਸ਼ੇਸ਼ ਮੁਲਕਾਰ ਕਰਕੇ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੰਧੂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਆਪਣੀ ਖ਼ੇਤਰੀ ਪਾਰਟੀ ਹੈ, ਜਿਸਦਾ ਮਕਸਦ ਸਿਰਫ਼ ਤੇ ਸਿਰਫ਼ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਹੈ। ਅਸੀਂ ਮਿਲ ਕੇ ਪੰਜਾਬ ਨੂੰ ਮੁੜ ਤੋਂ ਖੁਸ਼ਹਾਲ ਬਣਾਵਾਂਗੇ। ਓਨਾਂ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਪੰਜਾਬ ਨੂੰ ਵਿਕਾਸ ਪੱਖੋਂ ਵਿਕਸਤ ਅਤੇ ਖੁਸ਼ਹਾਲ ਬਣਾਇਆ ਜਾਵੇਗਾ। ਸੰਧੂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਬ) ਵੱਲੋਂ ਪਾਰਟੀ ਦੀਆਂ ਪਿਛਲੀਆਂ ਸਰਕਾਰਾਂ ਦੌਰਾਨ ਕਰਵਾਏ ਗਏ ਵਿਕਾਸ ਕਾਰਜਾਂ ਅਤੇ ਸਰਕਾਰ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ 'ਪੰਜਾਬ ਬਚਾਓ' ਮੁਹਿੰਮ ਤਹਿਤ ਚੱਬੇਵਾਲ ਵਿਧਾਨ ਸਭਾ ਹਲਕੇ ਵਿਚ ਡੋਰ ਟੂ ਡੋਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੌਰਾਨ ਅਕਾਲੀ ਦਲ ਦੀ ਸਰਕਾਰ ਸਮੇਂ ਕਰਵਾਏ ਗਏ ਵਿਕਾਸ ਕਾਰਜਾਂ, ਲਾਗੂ ਕੀਤੀਆਂ ਗਈਆਂ ਨੀਤੀਆਂ ਤੇ ਲੋਕ-ਹਿੱਤ ਨਾਲ ਸਬੰਧਤ ਕੰਮਾਂ ਬਾਰੇ ਲੋਕਾਂ ਨਾਲ ਜਾਣਕਾਰੀ ਸਾਂਝੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵੱਲੋਂ ਘਰ-ਘਰ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਵਿਚਾਰ ਵੀ ਸੁਣੇ ਜਾਣਗੇ ਅਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਅਤੇ ਪੰਜਾਬ ਨਾਲ ਸਬੰਧਤ ਮੁੱਦਿਆਂ ਬਾਰੇ ਲੋਕਾਂ ਤੱਕ ਜਾਣਕਾਰੀ ਸਾਂਝੀ ਕੀਤੀ ਜਾਵੇਗੀ।ਇਸ ਮੌਕੇ ਸਤਨਾਮ ਸਿੰਘ ਬੰਟੀ ਪ੍ਰਧਾਨ ਦੋਆਬਾ ਜੋਨ ਬੀ ਸੀ ਵਿੰਗ,ਬੂਟਾ ਸਿੰਘ ਮੁਗੋ ਪੱਟੀ ਮੈਂਬਰ ਪੀ ਏ ਸੀ, ਸੁਖਦੇਵ ਸਿੰਘ ਬੰਬੇਲੀ, ਰਣਵੀਰ ਸਿੰਘ ਹਲਕਾ ਪ੍ਰਧਾਨ ਯੂਥ ਵਿੰਗ, ਕੁਲਦੀਪ ਸਿੰਘ ਜੱਲੋਵਾਲ, ਪਰਮਜੀਤ ਸਿੰਘ, ਜਸਵੀਰ ਸਿੰਘ ਜੱਲੋਵਾਲ, ਹਰੀਸ਼ ਚੰਦ, ਨਵਜੋਤ ਸਿੰਘ ਸੰਧੂ, ਪ੍ਰਗਟ ਸਿੰਘ , ਬਲਦੇਵ ਸਿੰਘ, ਸਰਬਜੀਤ ਸਿੰਘ, ਪਰਮਿੰਦਰ ਸਿੰਘ, ਸੁਰਿੰਦਰ ਸਿੰਘ, ਹਰਪਾਲ ਸਿੰਘ, ਹਰਬੰਸ ਸਿੰਘ, ਸੰਤੋਖ ਸਿੰਘ, ਇੰਦਰਜੀਤ ਸਿੰਘ ਆਦਿ ਸਮੇਤ ਪਾਰਟੀ ਦੇ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ।

## ਸਾਡੇ ਬਜ਼ੁਰਗ-ਸਾਡਾ ਮਾਣ ਕੈਂਪ 13 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਤਿਆਰ ਕੀਤੇ ਗਏ ਸਟੇਟ ਐਕਸ਼ਨ ਪਲਾਨ ਫਾਰ ਸੀਨੀਅਰ ਸਿਟੀਜ਼ਨ:-2026-27 ਤਹਿਤ ਜਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਦੇ ਸਹਿਯੋਗ ਨਾਲ 13 ਅਕਤੂਬਰ ਨੂੰ ਸਿਟੀ ਸੈਂਟਰ, ਊਨਾ ਰੋਡ ਵਿਖੇ ਜਿਲ੍ਹਾ ਪੱਧਰੀ ਸਮਾਰੋਹ ਸਾਡੇ ਬਜੁਰਗ-ਸਾਡਾ ਮਾਣ ਕਰਵਾਇਆ ਜਾ ਰਿਹਾ ਹੈ। ਸਮਾਰੋਹ ਦੌਰਾਨ ਬਜੁਰਗ ਨਾਗਰਿਕਾਂ ਦੀ ਭਲਾਈ ਲਈ ਮੁਫ਼ਤ ਹੈਲਥ ਅਤੇ ਮੈਡੀਕਲ ਕੈਂਪ, ਮੁਫ਼ਤ ਦਵਾਈਆਂ, ਬੁਜਰਗਾਂ ਦੀ ਸੁਰੱਖਿਆ ਲਈ ਜਾਗਰੂਕਤਾ ਕੈਂਪ ਵੀ ਲਾਇਆ ਜਾਵੇਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਰੋਹ ਦੌਰਾਨ ਬੁਢਾਪਾ ਪੈਨਸ਼ਨ ਲਈ ਯੋਗ ਬਜੁਰਗ ਨਾਗਰਿਕਾਂ ਦੇ ਬੁਢਾਪਾ ਪੈਨਸ਼ਨ ਅਤੇ ਸੀਨੀਅਰ ਸਿਟੀਜਨ ਪਹਿਚਾਣ ਪੱਤਰਾਂ ਦੇ ਫਾਰਮ ਵੀ ਆੱਨਲਾਈਨ ਅਪਲਾਈ ਕੀਤੇ ਜਾਣਗੇ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ ਵੱਲੋਂ ਬਜੁਰਗ ਨਾਗਰਿਕਾਂ ਨੂੰ ਵੱਧ ਤੋਂ ਵੱਧ ਬਜੁਰਗਾਂ ਨੂੰ ਇਸ ਜਿਲ੍ਹਾ ਪੱਧਰੀ ਸਮਾਰੋਹ ਵਿੱਚ ਪਹੁੰਚ ਕੇ ਇਨ੍ਹਾਂ ਕੈਂਪਾਂ ਦਾ ਲਾਭ ਲੈਣ ਦੀ ਅਪੀਲ ਕੀਤੀ।

## ਵਾਟਰ ਸਪਲਾਈ ਸਕੀਮ ਦਫਤਰ 'ਤੇ ਚੋਰਾਂ ਵੱਲੋਂ ਹੱਥ ਸਾਫ਼, ਕੀਮਤੀ ਸਮਾਨ ਚੋਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜਲ ਸਪਲਾਈ ਸਕੀਮ ਧਰਮਪੁਰ ਅਲੇਰਾ ਵਿਖੇ ਚੋਰਾਂ ਨੇ ਹੱਥ ਸਾਫ਼ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਇਆਂ ਮੁਲਾਜ਼ਮ ਨਰੇਸ਼ ਕੁਮਾਰ ਨੇ ਦੱਸਿਆ ਕਿ ਉਕਤ ਜਲ ਸਪਲਾਈ ਸਕੀਮ ਬਟਵਾੜਾ ਦੀ ਖੱਡ ਦੇ ਨਜ਼ਦੀਕ ਲੱਗੀ ਹੋਈ ਹੈ। ਚੋਰਾਂ ਨੇ ਸਕੀਮ ਦਾ ਮੇਨ ਦਰਵਾਜੇ ਦਾ ਤਾਲਾ ਤੋੜ ਕੇ ਅੰਦਰ ਪੰਪ ਚੈਂਬਰ 'ਚੋਂ ਕੀਮਤੀ ਸਮਾਨ, ਜਿਸ ਵਿੱਚ 100 ਫੁੱਟ ਦੇ ਕਰੀਬ ਥ੍ਰੀ ਫੇਜ਼ ਤਾਰ ਅਤੇ ਪੈਨਲ ਬੋਰਡ ਦੇ ਕੀਮਤੀ ਪੁਰਜ਼ੇ ਚੋਰੀ ਕਰ ਲਏ ਹਨ। ਉਨ੍ਹਾਂ ਦਸਿਆ ਮੁਲਾਜ਼ਮਾਂ



ਦੀ ਘਾਟ ਕਾਰਨ ਰਾਤ ਨੂੰ ਸਕੀਮ 'ਤੇ ਕੋਈ ਨਹੀਂ ਹੁੰਦਾ। ਉਸ ਦੀ ਡਿਊਟੀ ਸਵੇਰੇ ਚਾਰ ਵਜੇ ਤੋਂ ਸ਼ੁਰੂ ਹੁੰਦੀ ਹੈ। ਜਦੋਂ ਸਵੇਰੇ ਚਾਰ ਵਜੇ ਉਹ ਸਕੀਮ 'ਤੇ ਪਹੁੰਚਿਆ ਤਾਂ ਮੇਨ ਦਰਵਾਜੇ ਦਾ ਤਾਲਾ ਟੁੱਟਿਆ ਹੋਇਆ ਸੀ, ਅਤੇ ਅੰਦਰੋਂ ਸਮਾਨ ਗਾਇਬ ਸੀ। ਜਿਸਦੀ ਇਤਲਾਹ ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਨੂੰ ਦਿੱਤੀ। ਉਪ ਮੰਡਲ ਇੰਜਨੀਅਰ ਸੰਦੀਪ ਚੌਧਰੀ ਅਤੇ ਜੇਈ ਸੁਨੀਲ ਕੁਮਾਰ ਨੇ ਮੌਕਾ ਦੇਖਿਆ ਅਤੇ ਇਸ ਦੀ ਲਿਖਤੀ ਸ਼ਿਕਾਇਤ ਥਾਣਾ ਤਲਵਾੜਾ ਵਿਖੇ ਕੀਤੀ। ਇੱਕ ਅੰਦਾਜ਼ੇ ਮੁਤਾਬਕ ਕਰੀਬ 35 ਤੋਂ 40 ਹਜ਼ਾਰ ਰੁਪਏ ਦਾ ਨੁਕਸਾਨ ਹੋਇਆ ਹੈ। ਸਕੀਮ ਨਾ ਚੱਲਣ ਕਾਰਨ ਪਿੰਡ ਧਰਮਪੁਰ ਅਤੇ ਅਲੇਰਾ ਵਾਸੀਆਂ ਨੂੰ ਪਾਣੀ ਦੀ ਸਪਲਾਈ ਨਹੀਂ ਦਿੱਤੀ ਜਾ ਸਕੀ।

## ਕਿਸਾਨ ਸਿਖਲਾਈ ਕੈਂਪ 13 ਨੂੰ



**ਕਪੂਰਥਲਾ (ਮਨਜੀਤ ਮਾਨ)**- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ 13 ਅਕਤੂਬਰ ਨੂੰ ਸਵੇਰੇ 10:00 ਵਜੇ ਵਿਰਸਾ ਵਿਹਾਰ ਕਪੂਰਥਲਾ ਵਿਖੇ 'ਆਤਮਾ' ਦੇ ਸਹਿਯੋਗ ਨਾਲ ਹਾੜੀ ਦੀਆਂ ਫ਼ਸਲਾਂ ਸੰਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਪ੍ਰਦਰਸ਼ਨੀ ਲਗਾਈ ਜਾ ਰਹੀ ਹੈ। ਇਸ ਮੌਕੇ ਕਿਸਾਨਾਂ ਨੂੰ ਹਾੜੀ ਦੀਆਂ ਫ਼ਸਲਾਂ ਬਾਰੇ ਆਧੁਨਿਕ ਤਕਨੀਕਾਂ, ਖਾਦਾਂ ਦੀ ਸੁਚੱਜੀ ਵਰਤੋਂ, ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ, ਸਾਇਲ ਹੈਲਥ ਕਾਰਡ, ਮਿਸ਼ਨ ਤੰਦਰੁਸਤ ਪੰਜਾਬ, ਜਲ ਸ਼ਕਤੀ ਅਭਿਆਨ ਤਹਿਤ ਪਾਣੀ ਦੀ ਬਚਤ, ਵਾਤਾਵਰਨ ਦੀ ਸੰਭਾਲ,ਪੋਸ਼ਣ ਅਭਿਆਨ ਅਤੇ ਹੋਰ ਖੇਤੀ ਮਸਲਿਆਂ ਬਾਰੇ ਡੂੰਘੀ ਜਾਣਕਾਰੀ ਦਿੱਤੀ ਜਾਵੇਗੀ। ਇਸ ਕੈਂਪ ਵਿੱਚ ਜ਼ਿਲ੍ਹੇ ਭਰ 'ਚੋਂ ਲਗਭਗ ਹਜ਼ਾਰ ਦੇ ਕਰੀਬ ਕਿਸਾਨ ਭਾਗ ਲੈਣਗੇ।

## ਏਸ਼ੀਆਈ ਖੇਡਾਂ ਦੇ ਚੈਂਪੀਅਨਾਂ ਨੂੰ ਕੀਤਾ ਸਨਮਾਨਤ

**ਜਲੰਧਰ (ਸ਼ੈਲੀ ਐਲਬਰਟ)**- ਨਵੀਂ ਦਿੱਲੀ ਦੇ ਇੰਡੀਆ ਗੇਟ ਐਂਫੀਥੀਏਟਰ ਵਿਖੇ ਬੁੱਧਵਾਰ ਨੂੰ ਆਯੋਜਿਤ ਰਾਸ਼ਟਰੀ ਸਮਾਗਮ 'ਸੇਵਾ ਸੰਕਲਪ-ਰਾਸ਼ਟਰ ਨਿਰਮਾਣ ਦੇ 25 ਸਾਲ' ਵਿੱਚ ਵਿਸ਼ਵਾਸ, ਜਨਤਕ ਸੇਵਾ, ਰਾਸ਼ਟਰੀ ਜ਼ਿੰਮੇਵਾਰੀ ਅਤੇ ਖੇਡ ਉੱਤਮਤਾ ਦਾ ਪ੍ਰਭਾਵਸ਼ਾਲੀ ਸੰਗਮ ਦੇਖਣ ਨੂੰ ਮਿਲਿਆ।ਰਾਜ ਸਭਾ ਦੇ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ



ਦੁਆਰਾ ਆਯੋਜਿਤ ਇਸ ਸਮਾਗਮ ਵਿੱਚ ਉੱਘੇ ਜਨਤਕ ਪ੍ਰਤੀਨਿਧੀਆਂ, ਧਾਰਮਿਕ ਆਗੂਆਂ, ਨੌਜਵਾਨਾਂ, ਸੱਭਿਆਚਾਰਕ ਸ਼ਖਸੀਅਤਾਂ ਅਤੇ ਖੇਡ ਚੈਂਪੀਅਨਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਨੇ ਸੇਵਾ, ਸਦਭਾਵਨਾ, ਸੁਸ਼ਾਸਨ ਅਤੇ ਰਾਸ਼ਟਰ ਨਿਰਮਾਣ ਵਰਗੇ ਵਿਸ਼ਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ।

ਇਸ ਸਮਾਗਮ ਵਿੱਚ ਕਈ ਪ੍ਰਸਿੱਧ ਰਾਜਨੀਤਿਕ ਮਹਿਮਾਨਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਰਾਜ ਸਭਾ ਦੇ ਮੈਂਬਰ ਸੰਦੀਪ ਪਾਠਕ; ਲੋਕ ਸਭਾ ਮੈਂਬਰ ਜਗਦੰਬਿਕਾ ਪਾਲ, ਦਿੱਲੀ ਵਿਧਾਨ ਸਭਾ (ਐੱਮ ਐੱਲ ਏ) ਸ਼ਾਹਦਰਾ ਦੇ ਮੈਂਬਰ ਸੰਜੇ ਗੋਇਲ, ਦੀਪਕ ਮਹਾਸਕੇ, ਰਾਸ਼ਟਰੀ ਸੋਸ਼ਲ ਮੀਡੀਆ ਕੋਆਰਡੀਨੇਟਰ, ਭਾਜਪਾ ਅਤੇ ਡਾ. ਅਸ਼ਵਿਨ ਫਰਨਾਂਡਿਸ, ਚੇਅਰ, ਕਿਊਐਸ ਇੰਡੀਆ ਅਤੇ ਵਾਈਸ ਪ੍ਰੈਜ਼ੀਡੈਂਟ, ਰਣਨੀਤਕ ਅਤੇ ਅੰਤਰਰਾਸ਼ਟਰੀ ਸ਼ਮੂਲੀਅਤ, ਕਿਊਐਸ, ਕਈ ਹੋਰ ਵਿਸ਼ੇਸ਼ ਮਹਿਮਾਨਾਂ ਵਿੱਚ ਸ਼ਾਮਲ ਸਨ। ਸ਼ਾਮ ਦਾ ਇੱਕ ਮੁੱਖ ਆਕਰਸ਼ਣ 2026 ਏਸ਼ੀਆਈ ਖੇਡਾਂ ਵਿੱਚ ਦੇਸ਼ ਨੂੰ ਮਾਣ ਦਿਵਾਉਣ ਵਾਲੇ ਭਾਰਤੀ ਐਥਲੀਟਾਂ ਦਾ ਸਨਮਾਨ ਸੀ। ਐਥਲੀਟਾਂ ਨੂੰ ਇੱਕ-ਇੱਕ ਕਰਕੇ ਸਟੇਜ 'ਤੇ ਬੁਲਾਇਆ ਗਿਆ ਅਤੇ ਡਾ. ਅਸ਼ੋਕ ਕੁਮਾਰ ਮਿੱਤਲ ਸਮੇਤ ਸੀਨੀਅਰ ਪਤਵੰਤਿਆਂ ਦੁਆਰਾ ਸਨਮਾਨਤ ਕੀਤਾ ਗਿਆ। ਸਨਮਾਨਿਤ ਐਥਲੀਟਾਂ ਵਿੱਚ ਨੀਰੂ ਢਾਂਡਾ, ਅਮਨ ਸਹਿਰਾਵਤ, ਅੰਤਿਮ ਪੰਘਾਲ, ਸੁਜੀਤ ਕਾਲਕਲ, ਕਮਲਜੀਤ, ਨਿਤੇਸ਼ ਸਿਵਾਚ, ਪੂਜਾ ਸਿੰਘ, ਕਿਰਨ ਪਹਿਲ, ਸਤਨਾਮ ਸਿੰਘ, ਮਨੀਸ਼ਾ ਕੀਰ, ਹਿਮਾਂਸ਼ੂ ਢਿੱਲੋਂ, ਸਾਕਸ਼ੀ ਰਾਣਾ ਅਤੇ ਸਲਮਾਨ ਖਾਨ ਸ਼ਾਮਲ ਸਨ। ਇਨ੍ਹਾਂ ਐਥਲੀਟਾਂ ਨੇ ਸ਼ੂਟਿੰਗ, ਕੁਸ਼ਤੀ, ਐਥਲੈਟਿਕਸ, ਰੋਇੰਗ ਅਤੇ ਹਾਕੀ ਸਮੇਤ ਵੱਖ-ਵੱਖ ਖੇਡ ਵਿਸ਼ਿਆਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ।

## ਕੱਚੇ ਘਰਾਂ ਨੂੰ ਪੱਕੇ ਕਰਨ ਲਈ ਵਿਧਾਇਕ ਨੇ 5 ਲਾਭਪਾਤਰੀਆਂ ਨੂੰ ਦਿੱਤੇ ਚੈੱਕ

**ਮੁਹਾਲੀ (ਗੁਰਜੀਤ ਬਿੱਲਾ)**- ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਨੇ ਕੱਚੇ ਘਰਾਂ ਨੂੰ ਪੱਕਾ ਕਰਨ ਲਈ 5 ਲਾਭਪਾਤਰੀਆਂ ਨੂੰ 2-2 ਲੱਖ ਰੁਪਏ ਦੇ ਚੈੱਕ ਤਕਸੀਮ ਕੀਤੇ। ਇਸ ਮੌਕੇ ਉਨ੍ਹਾਂ ਦੱਸਿਆ ਕਿ ਹੁਣ



ਤੱਕ ਕਰੀਬ 150 ਕੱਚੇ ਘਰਾਂ ਨੂੰ ਪੱਕਾ ਕਰਨ ਲਈ ਲਾਭਪਾਤਰੀਆਂ ਨੂੰ 2-2 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਚੈੱਕ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਵਿੱਚ ਪਿੰਡ ਰੁੜਕਾ ਦੀਆਂ ਪਰਮਜੀਤ ਕੌਰ ਅਤੇ ਮਲਕੀਤ ਕੌਰ, ਪਿੰਡ ਲਖਨੌਰ ਦੇ ਅਸ਼ੋਕ ਕੁਮਾਰ ਪੁੱਤਰ ਦਿਲਬਾਰਾ ਸਿੰਘ, ਪਿੰਡ ਕੁੰਭੜਾ ਦੇ ਮਿਹਰ ਸਿੰਘ ਪੁੱਤਰ ਹਰੀਸ਼ ਸਿੰਘ ਤੇ ਬਲੌਂਗੀ ਦੇ ਮੰਗਤ ਸਿੰਘ ਪੁੱਤਰ ਸ੍ਰੀ ਹਰੀ ਸਿੰਘ ਸ਼ਾਮਲ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਕੱਚੇ ਘਰਾਂ ਨੂੰ ਪੱਕਾ ਕਰਨ ਲਈ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਦੇਣ ਦੀ ਇਹ ਪਹਿਲ ਲੋਕਾਂ ਨੂੰ ਬਿਹਤਰ ਰਿਹਾਇਸ਼ੀ ਸਹੂਲਤਾਂ ਪ੍ਰਦਾਨ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਇਹ ਸਿਲਸਿਲਾ ਅੱਗੇ ਵੀ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਨਿੱਜੀ ਤੌਰ 'ਤੇ ਵੀ ਉਨ੍ਹਾਂ ਵੱਲੋਂ 100 ਤੋਂ ਵੱਧ ਕੱਚੇ ਘਰਾਂ ਦੀ ਮੁਰੰਮਤ ਅਤੇ ਸੁਧਾਰ ਕਰਵਾਇਆ ਗਿਆ ਹੈ, ਜਿਸ ਵਿੱਚ ਕਈ ਘਰਾਂ ਦੀਆਂ ਛੱਤਾਂ ਵੀ ਬਦਲੀਆਂ ਗਈਆਂ ਹਨ। ਵਿਧਾਇਕ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਨ ਦੇ ਨਾਲ-ਨਾਲ ਅਜਿਹੇ ਕਈ ਕੰਮ ਵੀ ਕੀਤੇ ਜਾ ਰਹੇ ਹਨ, ਜਿਨ੍ਹਾਂ ਦਾ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਸ ਕਾਰਨ ਵਿਰੋਧੀ ਪਾਰਟੀਆਂ ਕੋਲ ਚੋਣਾਂ ਲੜਨ ਲਈ ਕੋਈ ਸਪੱਸ਼ਟ ਏਜੰਡਾ ਨਹੀਂ ਰਹਿ ਗਿਆ ਹੈ। ਇਸ ਮੌਕੇ ਮੋਹਾਲੀ ਨਗਰ ਨਿਗਮ ਦੇ ਮੇਅਰ ਸਰਬਜੀਤ ਸਿੰਘ ਸਮਾਣਾ, ਸੀਨੀਅਰ ਡਿਪਟੀ ਮੇਅਰ ਰਜਿੰਦਰ ਪ੍ਰਸਾਦ ਸ਼ਰਮਾ, ਸਾਬਕਾ ਸਰਪੰਚ ਅਵਤਾਰ ਸਿੰਘ ਮੌਲੀ, ਹਰਮੇਸ਼ ਸਿੰਘ ਕੁੰਭੜਾ, ਸਾਬਕਾ ਸਰਪੰਚ ਰੁੜਕਾ ਕਿਰਨਦੀਪ ਕੌਰ, ਹਰਜੀਤ ਸਿੰਘ ਰੁੜਕਾ, ਅਮਨਦੀਪ ਸਿੰਘ ਲਖਨੌਰ, ਮੁਖਤਿਆਰ ਸਿੰਘ ਲਖਨੌਰ ਤੇ ਭੁਪਿੰਦਰ ਸਿੰਘ ਪੰਚ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਕੁਲਵਿੰਦਰ ਸਿੰਘ ਦੀ ਮਾਤਾ ਦੇ ਅੰਤਿਮ ਸੰਸਕਾਰ ਮੌਕੇ ਵੱਖ-ਵੱਖ ਆਗੂਆਂ ਨੇ ਕੀਤੀ ਸ਼ਮੂਲੀਅਤ

**ਆਦਮਪੁਰ (ਪਰਮਜੀਤ ਸਿੰਘ)**- ਸ਼੍ਰੋਮਣੀ ਅਕਾਲੀ ਦਲ ਆਦਮਪੁਰ ਦੇ ਸੀਨੀਅਰ ਆਗੂ ਸ. ਕੁਲਵਿੰਦਰ ਸਿੰਘ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੀ ਮਾਤਾ ਰਵਿੰਦਰ ਕੌਰ ਪਤਨੀ



ਬਲਵੀਰ ਸਿੰਘ ਦਾ ਦੇਹਾਂਤ ਹੋ ਗਿਆ। ਉਨ੍ਹਾਂ ਦੀ ਮਾਤਾ ਦਾ ਅੰਤਿਮ ਸੰਸਕਾਰ ਅੱਜ ਸ਼ਿਵਪੁਰੀ ਵਿਖੇ ਸ਼ਮਸ਼ਾਨਘਾਟ ਵਿਖੇ ਗਮਗੀਨ ਮਾਹੌਲ ਵਿੱਚ ਕੀਤਾ ਗਿਆ। ਅੰਤਿਮ ਸੰਸਕਾਰ ਮੌਕੇ ਸ਼੍ਰੋਮਣੀ ਅਕਾਲੀ ਦਲ ਸਮੇਤ ਵੱਖ-ਵੱਖ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਆਗੂਆਂ ਨੇ ਸ਼ਮੂਲੀਅਤ ਕਰਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਆਗੂਆਂ ਨੇ ਕੁਲਵਿੰਦਰ ਸਿੰਘ ਅਤੇ ਉਨ੍ਹਾਂ ਦੇ ਸਮੂਹ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਮਾਤਾ-ਪਿਤਾ ਦਾ ਵਿਛੋੜਾ ਜੀਵਨ ਦਾ ਬਹੁਤ ਵੱਡਾ ਦੁੱਖ ਹੁੰਦਾ ਹੈ। ਉਨ੍ਹਾਂ ਪਰਵਾਰ ਨੂੰ ਇਸ ਦੁੱਖ ਦੀ ਘੜੀ ਵਿੱਚ ਹੌਸਲਾ ਰੱਖਣ ਅਤੇ ਪਰਮਾਤਮਾ ਦੇ ਭਾਣੇ ਨੂੰ ਮੰਨਣ ਦੀ ਅਰਦਾਸ ਕੀਤੀ। ਇਸ ਮੌਕੇ ਇਲਾਕੇ ਦੇ ਪਤਵੰਤੇ, ਪਾਰਟੀ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਰਿਸ਼ਤੇਦਾਰ ਤੇ ਸਾਕ-ਸਬੰਧੀ ਹਾਜ਼ਰ ਸਨ।

## ਕਹਾਣੀ ਲੇਖਣ ਮੁਕਾਬਲਾ ਕਰਾਇਆ



ਸਮਾਣਾ (ਗੁਰਪਿਆਰ ਸਿੰਘ ਬੱਲ)-ਪਬਲਿਕ ਕਾਲਜ ਦੇ ਅੰਗਰੇਜ਼ੀ ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਵਿਦਿਆਰਥੀਆਂ ਲਈ ਕਹਾਣੀ ਲੇਖਣ ਮੁਕਾਬਲਾ ਕਰਾਇਆ ਗਿਆ।ਮੁਕਾਬਲੇ ਵਿੱਚ ਵੱਖ-ਵੱਖ ਕਲਾਸਾਂ ਦੇ ਲਗਭਗ 50 ਵਿਦਿਆਰਥੀਆਂ ਨੇ ਭਾਗ ਲਿਆ।ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਮੋਨੀਟਾ ਸਲੂਜਾ ਨੇ ਦੱਸਿਆ ਕਿ ਵਿਦਿਆਰਥੀਆਂ ਲਈ ਇਸ ਤਰ੍ਹਾਂ ਦੇ ਮੁਕਾਬਲੇ ਉਨ੍ਹਾਂ ਦੀ ਲੇਖਣ ਪ੍ਰਤਿਭਾ ਨੂੰ ਨਿਖਾਰਦੇ ਹਨ ਤੇ ਉਨ੍ਹਾਂ ਸਿਰਜਾਣਾਤਮਕ ਯੋਗਤਾ ਵਿੱਚ ਸੁਧਾਰ ਕਰਦੇ ਹਨ।ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਭਾਗ ਦੁਆਰਾ ਨਿਯਮਤ ਤੌਰ 'ਤੇ ਕਰਾਈਆ ਜਾਂਦੀਆਂ ਹਨ ਤੇ ਵਿਦਿਆਰਥੀ ਵੀ ਇਨ੍ਹਾਂ ਗਤੀਵਿਧੀਆਂ ਦਾ ਪੂਰਾ ਲਾਭ ਉਠਾਉਂਦੇ ਹਨ।

## ਟੈਕਨੀਕਲ ਸਰਵਿਸਿਜ਼ ਯੂਨੀਅਨ ਦੀ ਨਵੀਂ ਕਮੇਟੀ ਦੀ ਚੋਣ



ਦੋਰਾਹਾ (ਹਰਮਿੰਦਰ ਸੇਠ)-ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਸਰਕਲ ਖੰਨਾ ਦੇ ਸਕੱਤਰ ਬਲਵੀਰ ਸਿੰਘ ਤੇ ਮੀਤ ਪ੍ਰਧਾਨ ਬੁੱਧ ਸਿੰਘ ਨੇ ਦੱਸਿਆ ਕਿ ਡਵੀਜ਼ਨ ਦੇ ਮੈਂਬਰਾਂ ਤੇ ਡਵੀਜ਼ਨ ਕਮੇਟੀ ਆਗੂਆਂ ਵੱਲੋਂ ਰਿਟਾਇਰੀ ਸਾਥੀਆਂ ਤੇ ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਆਗੂਆਂ ਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ ਗਈ।ਡਵੀਜ਼ਨ ਸਕੱਤਰ ਬਲਵੀਰ ਸਿੰਘ ਵੱਲੋਂ ਜਥੇਬੰਦੀ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ ਗਈ।ਡਵੀਜ਼ਨ ਕੈਸ਼ੀਅਰ ਬੁੱਧ ਸਿੰਘ ਵੱਲੋਂ ਵਿੱਤ ਰਿਪੋਰਟ ਪੇਸ਼ ਕੀਤੀ ਗਈ।ਹਾਜ਼ਰ ਮੈਂਬਰਾਂ ਨੇ ਦੋਵੇਂ ਰਿਪੋਰਟਾਂ ਤੇ ਅਪਣੇ ਅਪਣੇ ਵਿਚਾਰ ਪੇਸ਼ ਕੀਤੇ।ਦੋਵੇਂ ਰਿਪੋਰਟਾਂ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ।ਡਵੀਜ਼ਨ ਮੀਤ ਪ੍ਰਧਾਨ ਸਾਥੀ ਜਸਵਿੰਦਰ ਸਿੰਘ ਵੱਲੋਂ ਪਹਿਲੀ ਕਮੇਟੀ ਨੂੰ ਭੰਗ ਕਰਕੇ ਅਗਲੀ ਕਾਰਵਾਈ ਚੋਣ ਨਿਗਰਾਨ ਕਮੇਟੀ ਕੋਲ ਸੰਭਾਲੀ ਗਈ।ਚੋਣ ਇਜਲਾਸ ਵਿੱਚ ਸ਼ਾਮਲ ਡੈਲੀਗੇਟਾ ਤੇ ਮੈਂਬਰਾਂ ਨੂੰ ਸੂਬਾ ਕਮੇਟੀ ਤੇ ਸਰਕਲ ਕਮੇਟੀ ਵੱਲੋਂ ਪਾਸ ਕੀਤੀ ਮੈਂਬਰਸ਼ਿਪ ਦੀ ਜਾਣਕਾਰੀ ਦਿੱਤੀ ਗਈ।ਡੈਲੀਗੇਟ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਪੰਜ ਮੈਂਬਰੀ ਕਮੇਟੀ ਦਾ ਪੈਨਲ ਪੇਸ਼ ਕੀਤਾ ਗਿਆ, ਜਿਸ ਵਿੱਚ ਟੈਕਨੀਕਲ ਸਰਵਿਸਜ਼ ਯੂਨੀਅਨ ਦੀ ਡਵੀਜ਼ਨ ਦੋਰਾਹਾ ਦੀ ਕਮੇਟੀ ਵਿੱਚ ਪ੍ਰਧਾਨ ਰਾਮਪਾਲ ਸਿਹੋੜਾ ਏ. ਐਸ. ਏ., ਮੀਤ ਪ੍ਰਧਾਨ ਜਸਵਿੰਦਰ ਸਿੰਘ ਸਿੰਘ ਜੇ.ਈ, ਸਕੱਤਰ ਅਵਤਾਰ ਸਿੰਘ ਸਹਾਇਕ ਲਾਈਨਮੈਨ, ਸਹਾਇਕ ਸਕੱਤਰ ਹਰਪ੍ਰੀਤ ਸਿੰਘ ਸਹਾਇਕ ਲਾਈਨਮੈਨ, ਕੈਸ਼ੀਅਰ ਰਜ਼ੀਵ ਕੁਮਾਰ ਜੇ.ਈ ਦੀ ਇਸ ਦੀ ਨਵੀਂ ਚੋਣ ਕੀਤੀ ਗਈ।ਚੋਣ ਨਿਗਰਾਨ ਕਮੇਟੀ ਆਗੂਆਂ ਬਲਵੀਰ ਸਿੰਘ, ਬੁੱਧ ਸਿੰਘ ਵੱਲੋਂ ਪੇਸ਼ ਕੀਤੇ ਪੈਨਲ ਨੂੰ ਮਾਨਤਾ ਦਿੰਦੇ ਹੋਏ ਨਵੀਂ ਚੁਣੀ ਕਮੇਟੀ ਨੂੰ ਜਥੇਬੰਦੀ ਦਾ ਕਾਰਵਾਈ ਰਜਿਸਟਰ ਸੰਭਾਲਿਆ ਗਿਆ।

## ਆਸਰਾ ਕਾਲਜ 'ਚ 'ਕੰਟੀਨੀ ਮੰਡੀਰ' ਨੇ ਬੰਨ੍ਹਿਆ ਰੰਗ



ਭਵਾਨੀਗੜ੍ਹ (ਰਾਜ ਖੁਰਮੀ)-ਪਟਿਆਲਾ-ਸੰਗਰੂਰ ਨੈਸ਼ਨਲ ਹਾਈਵੇਅ 'ਤੇ ਸਥਿਤ ਆਸਰਾ ਕਾਲਜ ਵਿਖੇ ਐਂਕਰ ਰਵਨੀਤ ਸਿੰਘ ਤੇ ਐੱਮ.ਐੱਚ.-1 ਟੀਮ ਦੇ ਸਹਿਯੋਗ ਨਾਲ ਵਿਸ਼ੇਸ਼ ਪ੍ਰੋਗਰਾਮ 'ਕੰਟੀਨੀ ਮੰਡੀਰ' ਕਰਾਇਆ ਗਿਆ।ਕਾਲਜ ਦੇ ਵਿਦਿਆਰਥੀਆਂ ਅਤੇ ਸਟਾਫ਼ ਨੇ ਵੱਡੇ ਉਤਸ਼ਾਹ ਨਾਲ ਭਾਗ ਲੈਂਦਿਆਂ ਪ੍ਰੋਗਰਾਮ ਦਾ ਖੂਬ ਆਨੰਦ ਮਾਣਿਆ ਅਤੇ ਕਾਲਜ ਕੈਂਪਸ ਵਿੱਚ ਲੰਮੇ ਸਮੇਂ ਤੱਕ ਖੁਸ਼ੀ ਤੇ ਉਤਸ਼ਾਹ ਦਾ ਮਾਹੌਲ ਬਣਿਆ ਰਿਹਾ।ਪ੍ਰੋਗਰਾਮ ਦੌਰਾਨ ਐਂਕਰ ਰਵਨੀਤ ਸਿੰਘ ਨੇ ਵਿਦਿਆਰਥੀਆਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ ਤੇ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਨੌਜਵਾਨਾਂ ਲਈ ਆਪਣੀ ਪ੍ਰਤਿਭਾ ਨੂੰ ਪਛਾਣ ਕੇ ਉਸ ਨੂੰ ਸਹੀ ਦਿਸ਼ਾ ਵਿੱਚ ਵਿਕਸਿਤ ਕਰਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ।ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।ਕਾਲਜ ਦੇ ਚੇਅਰਮੈਨ ਡਾ. ਆਰ.ਕੇ. ਗੋਇਲ ਦੀ ਪੁਤਰੀ ਵਿਸ਼ਾਖਾ ਰਾਣੀ, ਜਿਨ੍ਹਾਂ ਵੱਲੋਂ ਹਾਲ ਹੀ ਵਿੱਚ ਆਪਣਾ ਨਵਾਂ ਗੀਤ ਲਾਂਚ ਕੀਤਾ ਗਿਆ ਹੈ, ਨੇ ਆਪਣੇ ਵੱਲੋਂ ਲਿਖਿਆ ਗੀਤ ਖੂਬਸੂਰਤ ਅੰਦਾਜ਼ ਵਿੱਚ ਪੇਸ਼ ਕੀਤਾ, ਜਿਸ ਨੂੰ ਹਾਜ਼ਰ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਭਰਵਾਂ ਹੁੰਗਾਰਾ ਮਿਲਿਆ।ਚੇਅਰਮੈਨ ਡਾ. ਆਰ.ਕੇ. ਗੋਇਲ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਨੂੰ ਵਧਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਵਧੀਆ ਮੰਚ ਪ੍ਰਦਾਨ ਕਰਦੇ ਹਨ।ਉਨ੍ਹਾਂ ਕਿਹਾ ਕਿ ਸੰਸਥਾ ਦਾ ਮਕਸਦ ਵਿਦਿਆਰਥੀਆਂ ਨੂੰ ਸਿਰਫ਼ ਕਿਤਾਬੀ ਗਿਆਨ ਤੱਕ ਸੀਮਤ ਰੱਖਣਾ ਨਹੀਂ, ਸਗੋਂ ਉਨ੍ਹਾਂ ਨੂੰ ਅਸਲ ਜ਼ਿੰਦਗੀ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਲੋੜੀਂਦੇ ਮੌਕੇ ਪ੍ਰਦਾਨ ਕਰਨਾ ਵੀ ਹੈ।ਡਾ. ਕੇਸ਼ਵ ਗੋਇਲ (ਐੱਮ.ਡੀ.) ਨੇ ਕਿਹਾ ਕਿ ਰਵਨੀਤ ਸਿੰਘ ਵਰਗੇ ਐਂਕਰ ਦਾ ਵਿਦਿਆਰਥੀਆਂ ਵਿਚਕਾਰ ਪਹੁੰਚਣਾ ਉਨ੍ਹਾਂ ਲਈ ਪ੍ਰੇਰਨਾਦਾਇਕ ਹੈ।

## ਸਿਹਤ ਮੰਤਰੀ ਨੇ ਖ਼ੁਦ ਸਫ਼ਾਈ ਕਰਕੇ ਲੋਕਾਂ ਨੂੰ ਕੀਤਾ ਜਾਗਰੂਕ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਸ਼ਹਿਰ ਨੂੰ ਸਾਫ਼-ਸੁਥਰਾ, ਹਰਾ-ਭਰਾ ਅਤੇ ਵਾਤਾਵਰਨ ਪੱਖੋਂ ਬਿਹਤਰ ਬਣਾਉਣ ਦੇ ਉਦੇਸ਼ ਨਾਲ 'ਕਲੀਨ ਐਂਡ ਗ੍ਰੀਨ ਪਟਿਆਲਾ' ਦੇ ਬੈਨਰ ਹੇਠ 'ਮਿਸ਼ਨ ਕਲੀਨ ਐਂਡ ਗ੍ਰੀਨ ਪਟਿਆਲਾ' ਦੀ ਸ਼ੁਰੂਆਤ ਕੀਤੀ ਗਈ।ਮੁਹਿੰਮ ਦੀ ਸ਼ੁਰੂਆਤ ਬਿਸ਼ਨ ਨਗਰ ਵਿਖੇ ਕੀਤੀ ਗਈ, ਜਿੱਥੇ ਡਾ. ਬਲਬੀਰ ਸਿੰਘ ਨੇ ਖ਼ੁਦ ਸਫ਼ਾਈ ਮੁਹਿੰਮ ਵਿੱਚ ਹਿੱਸਾ ਲੈਂਦਿਆਂ ਲੋਕਾਂ ਨੂੰ ਸਫ਼ਾਈ ਤੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ।ਡਾ. ਬਲਬੀਰ ਸਿੰਘ ਨੇ ਸਫ਼ਾਈ ਮੁਹਿੰਮ ਦੌਰਾਨ ਖ਼ੁਦ ਸਫ਼ਾਈ ਕਰਕੇ ਲੋਕਾਂ ਨੂੰ ਇਹ ਸੰਦੇਸ਼ ਦਿੱਤਾ ਕਿ ਸਫ਼ਾਈ ਸਿਰਫ਼ ਸਰਕਾਰੀ ਵਿਭਾਗਾਂ ਜਾਂ ਸਫ਼ਾਈ ਕ੍ਰਮਚਾਰੀਆਂ ਦੀ ਜ਼ਿੰਮੇਵਾਰੀ ਨਹੀਂ ਹੈ, ਬਲਕਿ ਹਰੇਕ ਨਾਗਰਿਕ ਨੂੰ ਇਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜਦੋਂ ਲੋਕ ਆਪਣੇ ਘਰਾਂ ਦੇ ਨਾਲ-ਨਾਲ ਗਲੀਆਂ, ਸੜਕਾਂ, ਜਨਤਕ ਥਾਂਵਾਂ ਤੇ ਆਲੇ-ਦੁਆਲੇ ਦੀ ਸਫ਼ਾਈ ਨੂੰ ਆਪਣੀ ਜ਼ਿੰਮੇਵਾਰੀ ਸਮਝਣਗੇ ਤਾਂ ਹੀ ਸ਼ਹਿਰ ਨੂੰ ਅਸਲ ਮਾਇਨਿਆਂ ਵਿੱਚ ਸਾਫ਼-ਸੁਥਰਾ ਬਣਾਇਆ ਜਾ ਸਕੇਗਾ।ਡਾ. ਬਲਬੀਰ ਸਿੰਘ ਨੇ ਇਸ ਮੁਹਿੰਮ ਵਿੱਚ ਪਹੁੰਚੇ ਸਕੂਲੀ ਬੱਚਿਆਂ ਨੂੰ ਕੱਪੜੇ ਦੇ ਬੈਗ ਵੀ ਵੰਡੇ।ਇਸ ਦੌਰਾਨ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਵਰਤੋਂ ਨੂੰ ਘਟਾਉਣ ਅਤੇ ਵਾਤਾਵਰਨ-ਪੱਖੀ ਕੱਪੜੇ ਦੇ ਬੈਗਾਂ ਦੀ ਵਰਤੋਂ ਨੂੰ ਉਤਸ਼ਾਹਤ ਕਰਨ ਦਾ ਸੰਦੇਸ਼ ਦਿੱਤਾ ਗਿਆ। ਸਕੂਲੀ ਬੱਚਿਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆਪਣੇ ਘਰ, ਸਕੂਲ ਤੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਅੱਜ ਦੇ ਬੱਚੇ ਹੀ ਕੱਲ੍ਹ ਦੇ ਪੰਜਾਬ ਦੇ ਨਿਰਮਾਤਾ ਹਨ ਤੇ ਉਨ੍ਹਾਂ ਵਿੱਚ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਸਮੇਂ ਦੀ ਮੁੱਖ ਲੋੜ ਹੈ।

## ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਵੱਲੋਂ ਚਾਰ ਅਧਿਆਪਕਾਂ ਦਾ ਸਨਮਾਨ



ਕੋਟਕਪੂਰਾ (ਰਛਪਾਲ ਭੁੱਲਰ)-ਬੀਤੀ ਸ਼ਾਮ ਸਥਾਨਕ ਹੋਟਲ ਸਾਗਰ ਵਿੱਚ ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਵੱਲੋਂ ਅੰਤਰ-ਰਾਸ਼ਟਰੀ ਅਧਿਆਪਕ ਦਿਵਸ ਮਨਾਇਆ ਗਿਆ, ਜਿਸ ਵਿੱਚ ਚਾਰ ਹੋਣਹਾਰ ਅਧਿਆਪਕਾਂ ਨੂੰ ਸਨਮਾਨਤ ਕੀਤਾ ਗਿਆ।ਸਨਮਾਨਤ ਅਧਿਆਪਕਾਂ ਵਿੱਚ ਸ੍ਰ. ਗੁਰਦੇਵ ਸਿੰਘ ਪੰਜਾਬੀ ਅਧਿਆਪਕ ਮੜਾਕ, ਸ੍ਰੀ ਕਮਲ ਕੁਮਾਰ ਮੈਥ ਅਧਿਆਪਕ ਮੜਾਕ, ਸਿਰੀ ਰਾਮ ਕਿਸ਼ਨ ਸਾਇੰਸ ਅਧਿਆਪਕ ਰੋਮਾਨਾ ਅਲਬੇਲ ਸਿੰਘ, ਸ੍ਰੀਮਤੀ ਸ਼ਵੇਤਾ ਹਿੰਦੀ ਅਧਿਆਪਕ ਰੋਮਾਨਾ ਅਲਬੇਲ ਸਿੰਘ ਸ਼ਾਮਲ ਸਨ।ਸਟੇਜ ਸਕੱਤਰ ਦੀ ਭੂਮਿਕਾ ਲਾਇਨ ਵਿਕਰਾਂਤ ਧੀਂਗੜਾ ਨੇ ਬਾਖੂਬੀ ਨਿਭਾਈ।ਲਾਇਨ ਕੁਲਵੰਤ ਸਿੰਘ ਸਰਾਂ ਪ੍ਰਧਾਨ ਨੇ ਸਨਮਾਨਤ ਅਧਿਆਪਕਾਂ ਨਾਲ ਜਾਣ ਪਛਾਣ ਕਰਵਾਈ ਤੇ ਉਨ੍ਹਾਂ ਦੇ ਅਧਿਆਪਨ ਕਿੱਤੇ ਤੇ ਸਕੂਲ 'ਚ ਹੋਰ ਗਤੀਵਿਧੀਆ ਦਾ ਬਾਖੂਬੀ ਚਾਨਣਾ ਪਾਇਆ।ਸਨਮਾਨਤ ਅਧਿਆਪਕਾਂ ਵੱਲੋਂ ਸ੍ਰ. ਗੁਰਦੇਵ ਸਿੰਘ ਪੰਜਾਬੀ ਅਧਿਆਪਕ ਨੇ ਕਲੱਬ ਦਾ ਵਿਸ਼ੇਸ਼ ਧੰਨਵਾਦ ਕੀਤਾ।ਆਪਣੇ ਧੰਨਵਾਦੀ ਭਾਸ਼ਣ ਵਿਚ ਲਾਇਨ ਰਾਜਿੰਦਰ ਸਿੰਘ ਸਰਾਂ ਨੇ ਅਧਿਆਪਨ ਕਿੱਤੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਅਧਿਆਪਕ ਸਾਥੀਆਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਐੱਮ ਜੇ ਐੱਫ ਲਾਇਨ ਗੁਰਦੀਪ ਸਿੰਘ, ਲਾਇਨ ਜਗਸੀਰ ਸਿੰਘ ਸਰਪੰਚ, ਲਾਇਨ ਸੰਦੀਪ ਕੌੜਾ, ਲਾਇਨ ਚਰਨਜੀਤ ਸਿਡਾਨਾ, ਲਾਇਨ ਗੁਰਦੀਪ ਸਿੰਘ ਸੈਕਟਰੀ, ਲਾਇਨ ਸ਼ਸ਼ੀ ਚੋਪੜਾ, ਲਾਇਨ ਗੁਰਿੰਦਰ ਸਿੰਘ ਜੋਜੋ, ਲਾਇਨ ਸੁਖਵਿੰਦਰ ਸਿੰਘ ਹੈਲੀ, ਲਾਇਨ ਲੇਡੀਜ਼ ਜਸਵੀਰ ਕੌਰ, ਪ੍ਰਵੀਨ ਕੌਰ, ਨੇਹਾ ਧੀਗੜਾਂ, ਹਰਪ੍ਰੀਤ ਕੰਵਰ ਤੇ ਬੱਚੇ ਸ਼ਾਮਲ ਸਨ।

## ਅਕਾਲੀ ਦਲ ਦੀ ਡੋਰ-ਟੂ-ਡੋਰ ਮੁਹਿੰਮ ਨੂੰ ਭਰਵਾਂ ਹੁੰਗਾਰਾ



ਜਗਰਾਉਂ (ਨਛੱਤਰ ਸੰਧੂ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਹਲਕਾ ਜਗਰਾਉਂ ਦੇ ਇੰਚਾਰਜ ਤੇ ਸਾਬਕਾ ਵਿਧਾਇਕ ਸ. ਐੱਸ. ਆਰ. ਕਲੇਰ ਦੀ ਅਗਵਾਈ ਹੇਠ ਜਗਰਾਉਂ ਸ਼ਹਿਰ ਦੇ ਵਾਰਡ ਨੰਬਰ 9 ਵਿੱਚ ਡੋਰ-ਟੂ-ਡੋਰ ਮੁਹਿੰਮ ਚਲਾਈ ਗਈ।ਇਸ ਦੌਰਾਨ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਨੇ ਘਰ-ਘਰ ਜਾ ਕੇ ਇਲਾਕਾ ਨਿਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਵਿਚਾਰ ਸੁਣੇ।ਇਸ ਮੌਕੇ ਲੋਕਾਂ ਵੱਲੋਂ ਮਿਲੇ ਪਿਆਰ, ਸਹਿਯੋਗ ਤੇ ਭਰਵੇਂ ਹੁੰਗਾਰੇ ਲਈ ਅਕਾਲੀ ਆਗੂਆਂ ਨੇ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ ਹਾਜ਼ਰ ਪ੍ਰਧਾਨ ਸਤਨਾਮ ਸਿੰਘ ਜਗਰਾਓਂ, ਆਈ ਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਸੀਨੀਅਰ ਅਕਾਲੀ ਆਗੂ ਸਤਨਾਮ ਸਿੰਘ ਬੱਸੂਵਾਲ, ਯੂਥ ਹਲਕਾ ਪ੍ਰਧਾਨ ਜਸਪ੍ਰੀਤ ਸਿੰਘ ਚਕਰ, ਬੀ ਸੀ ਹਲਕਾ ਪ੍ਰਧਾਨ ਪਰਮਿੰਦਰ ਸਿੰਘ ਕੰਬੋ ਹਠੂਰ, ਇਸਤਰੀ ਅਕਾਲੀ ਹਲਕਾ ਪ੍ਰਧਾਨ ਬੀਬੀ ਸਤਪਾਲ ਕੌਰ ਲੀਲਾਂ, ਪ੍ਰਧਾਨ ਬੀਬੀ ਪਰਮਿੰਦਰ ਕੌਰ ਕੋਠੇ ਜੀਵੇ, ਸੁਲਤਾਨ ਜਗਰਾਓਂ, ਪ੍ਰਧਾਨ ਸੁੱਖੂ ਜਗਰਾਓਂ ਤੋਂ ਇਲਾਵਾ ਹੋਰ ਆਗੂ ਹਾਜ਼ਰ।

## ਘਰ ਆ ਕੇ ਕੁੱਟਮਾਰ ਕਰਨ ਦੇ ਦੋਸ਼ 'ਚ 5 ਵਿਰੁੱਧ ਕੇਸ ਦਰਜ

ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਨੇ ਪਿੰਡ ਲਮੋਚੜ ਖੁਰਦ ਉਰਫ ਟਰਿਆ ਵਿਖੇ ਇਕ ਘਰ ਵਿੱਚ ਦਾਖਲ ਹੋ ਕੇ ਕੁੱਟਮਾਰ ਕਰਨ ਦੇ ਦੋਸ਼ ਵਿੱਚ 5 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੰਤੋਸ਼ ਕੁਮਾਰੀ ਪਤਨੀ ਰਣਜੀਤ ਸਿੰਘ ਵਾਸੀ ਲਮੋਚੜ ਖੁਰਦ ਉਰਫ ਟਰਿਆ ਵੱਲੋਂ ਦਲੇਰ ਸਿੰਘ ਵਗੈਰਾ ਖਿਲਾਫ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ 2 ਅਕਤੂਬਰ 2026 ਨੂੰ ਦੁਪਹਿਰ ਕਰੀਬ 1 ਵਜੇ ਦਲੇਰ ਸਿੰਘ ਵਗੈਰਾ ਨੇ ਉਸ ਦੇ ਘਰ ਵਿੱਚ ਦਾਖਲ ਹੋ ਕੇ ਉਸ ਦੀ ਕੁੱਟਮਾਰ ਕੀਤੀ ਤੇ ਗੁਝੀਆਂ ਸੱਟਾਂ ਮਾਰੀਆਂ ਹਨ, ਜਿਸ 'ਤੇ ਪੁਲਸ ਵੱਲੋਂ ਮੁਦੱਈ ਸੰਤੋਸ਼ ਕੁਮਾਰੀ ਦੇ ਬਿਆਨਾਂ ਦੇ ਅਧਾਰ 'ਤੇ ਦਲੇਰ ਸਿੰਘ, ਹਰਪਾਲ ਸਿੰਘ ਵਾਸੀਆਨ ਲਮੋਚੜ ਖੁਰਦ ਉਰਫ ਟਰਿਆ ਤੇ 2-3 ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ।

## ਅਧਿਆਪਕ ਜਥੇਬੰਦੀਆਂ ਵੱਲੋਂ ਗੈਰ-ਵਿੱਦਿਅਕ ਕੰਮਾਂ ਦਾ ਬਾਈਕਾਟ ਜਾਰੀ ਰੱਖਣ ਦਾ ਫੈਸਲਾ

### 14 ਨੂੰ ਵਫਦ ਸਿੱਖਿਆ ਅਧਿਕਾਰੀਆਂ ਨੂੰ ਮਿਲੇਗਾ



ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)-ਪਿਛਲੇ ਦਿਨਾਂ ਤੋਂ ਸਮੂਹ ਅਧਿਆਪਕ ਜਥੇਬੰਦੀਆਂ ਦੇ ਸੱਦੇ 'ਤੇ ਪੰਜਾਬ ਦੇ ਅਧਿਆਪਕਾਂ ਨੇ ਗੈਰ-ਵਿੱਦਿਅਕ ਕੰਮ ਬਿਨਾਂ ਖੇਡ ਫੰਡ ਜਾਰੀ ਕਰਨ ਤੋਂ ਖੇਡਾਂ, ਪੰਜ ਮਹੀਨੇ ਦੇ ਮਿਡ ਡੇ ਮੀਲ ਦੇ ਖਰਚ ਦੇ ਬਕਾਏ ਜਾਰੀ ਕਰਨ ਤੋਂ ਬਿਨਾਂ ਮਿਡ ਡੇ ਮੀਲ, ਸਫਾਈ ਸੇਵਕ ਭਰਤੀ ਕਰਨ ਤੋਂ ਬਿਨਾਂ ਸਕੂਲਾਂ ਦੀ ਸਫਾਈ ਆਦਿ ਦਾ ਬਾਈਕਾਟ ਦੀ ਕਾਲ ਦੀ ਸਮੀਖਿਆ ਕਰਨ ਲਈ ਸਮੂਹ ਅਧਿਆਪਕ ਜਥੇਬੰਦੀਆਂ ਦੀ ਵਰਚੁਅਲ ਮੀਟਿੰਗ ਕੀਤੀ ਗਈ, ਜਿਸ ਵਿੱਚ ਸੁਖਵਿੰਦਰ ਸਿੰਘ ਚਾਹਲ, ਹਰਜਿੰਦਰ ਪਾਲ ਸਿੰਘ ਪੰਨੂ, ਵਿਕਰਮਦੇਵ ਸਿੰਘ, ਸੁਰਿੰਦਰ ਕੰਬੋਜ, ਸੁਖਚੈਨ ਸਿੰਘ, ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਲਛਮਣ ਸਿੰਘ ਨਬੀਪੁਰ, ਦਿਗਵਿਜੇ ਪਾਲ ਸ਼ਰਮਾ, ਸਤਨਾਮ ਸਿੰਘ ਰੰਧਾਵਾ, ਹਰਿੰਦਰਜੀਤ ਸਿੰਘ, ਗੁਰਮੀਤ ਸਿੰਘ, ਨਵਪ੍ਰੀਤ ਸਿੰਘ ਬੱਲੀ, ਜਗਪਾਲ ਸਿੰਘ ਬੰਗੀ, ਗੁਰਿੰਦਰ ਸਿੰਘ ਘੁੱਕੇਵਾਲੀ, ਹਰੀਕ੍ਰਿਸ਼ਨ ਆਦਿ ਅਧਿਆਪਕ ਆਗੂ ਸ਼ਾਮਲ ਸਨ। ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਨੂੰ ਉਪਰੋਕਤ ਕੰਮਾਂ ਦੇ ਫੰਡ ਜਾਰੀ ਨਾ ਕਰਨ 'ਤੇ ਬਾਈਕਾਟ ਕਰਨ ਦਾ ਨੋਟਿਸ ਦਿੱਤਾ ਗਿਆ ਸੀ, ਜੋ ਹੁਣ ਤੱਕ ਵੀ ਫੰਡ ਜਾਰੀ ਨਹੀਂ ਕੀਤੇ ਗਏ, ਜਿਸ ਕਾਰਨ ਮੀਟਿੰਗ ਵਿੱਚ ਸਰਬਸੰਮਤੀ ਨਾਲ ਉਪਰੋਕਤ ਕੰਮਾਂ ਦਾ ਬਾਈਕਾਟ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ।ਆਗੂਆਂ ਨੇ ਕਿਹਾ ਕਿ ਬਿਨਾਂ ਖੇਡ ਫੰਡ ਜਾਰੀ ਕਰਨ ਤੋਂ ਪ੍ਰਾਇਮਰੀ ਖੇਡਾਂ ਨਾ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਪੰਜਾਬ ਸਰਕਾਰ ਨੇ ਵਤਨ ਪੰਜਾਬ ਦੀਆਂ ਖੇਡਾਂ ਉੱਤੇ 1700 ਕਰੋੜ ਰੁਪਏ ਖਰਚ ਕੀਤਾ ਹੈ। ਪ੍ਰਾਇਮਰੀ ਪੱਧਰ ਤੇ ਸਰਕਾਰੀ ਵਿਭਾਗ ਵੱਲੋਂ ਕੋਈ ਖੇਡ ਫੰਡ ਜਾਰੀ ਨਹੀਂ ਕੀਤਾ ਗਿਆ, ਜਦ ਕਿ ਬਲਾਕ ਪੱਧਰ 'ਤੇ ਇੱਕ ਲੱਖ ਰੁਪਏ ਤੇ ਜ਼ਿਲ੍ਹਾ ਪੱਧਰ 'ਤੇ 2 ਲੱਖ ਰੁਪਏ ਖਰਚ ਕੇ ਪੰਜਾਬ ਦੇ ਬੱਚਿਆਂ ਦੀਆਂ ਖੇਡਾਂ 2.74 ਕਰੋੜ ਨਾਲ ਕਰਵਾਈਆਂ ਜਾ ਸਕਦੀਆਂ ਹਨ। ਮਿਡ ਡੇ ਮੀਲ ਚਾਲੂ ਰੱਖਦਿਆਂ ਅਧਿਆਪਕਾਂ ਵੱਲੋਂ ਪੰਜ ਮਹੀਨਿਆਂ ਵਿੱਚ ਕਰੋੜਾਂ ਰੁਪਏ ਆਪਣੀਆਂ ਜੇਬਾਂ ਵਿੱਚੋਂ ਖਰਚ ਕੀਤੇ ਹੋਏ ਹਨ। ਇਹ ਬਕਾਇਆ ਫੰਡ ਜਾਰੀ ਕੀਤੇ ਬਿਨਾਂ ਮਿਡ ਡੇ ਮੀਲ ਨਹੀਂ ਚਲਾਇਆ ਜਾਵੇਗਾ। ਆਗੂਆਂ ਨੇ ਕਿਹਾ ਕਿ ਸਮੂਹ ਅਧਿਆਪਕ ਜਥੇਬੰਦੀਆਂ ਦਾ ਵਫਦ 14 ਅਕਤੂਬਰ ਨੂੰ ਉੱਚ ਸਿੱਖਿਆ ਅਧਿਕਾਰੀਆਂ ਨੂੰ ਮਿਲੇਗਾ। ਆਗੂਆਂ ਵੱਲੋਂ 10 ਅਕਤੂਬਰ ਨੂੰ ਸੰਗਰੂਰ ਵਿਖੇ ਹੋ ਰਹੀ ਮੁਲਾਜ਼ਮਾਂ ਪੈਨਸ਼ਨਰਾਂ ਦੀ ਸਾਂਝੀ ਰੈਲੀ ਵਿੱਚ ਅਧਿਆਪਕ ਵਰਗ ਨੂੰ ਭਰਵੀਂ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਰੇਸ਼ਮ ਸਿੰਘ, ਕਪਿਲ ਕਪੂਰ, ਪਰਮਜੀਤ ਸੋਰੇਵਾਲਾ, ਭਗਵੰਤ ਭਠੇਜਾ ਆਦਿ ਆਗੂ ਹਾਜ਼ਰ ਸਨ।

## ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦਾ ਨਤੀਜਾ ਸ਼ਾਨਦਾਰ



ਰਾਮਪੁਰਾਫੂਲ (ਦਰਸ਼ਨ ਜਿੰਦਲ) ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀ ਇਕਾਈ ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦੇ ਬੀ.ਏ ਭਾਗ ਪਹਿਲਾ ਸਮੈਸਟਰ ਪਹਿਲਾ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ।ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਮੈਨੇਜਿੰਗ ਡਾਇਰੈਕਟਰ ਗੁਰਵਿੰਦਰ ਸਿੰਘ ਤੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਇਸ ਸ਼ਾਨਦਾਰ ਨਤੀਜੇ ਉੱਪਰ ਖੁਸ਼ੀ ਪ੍ਰਗਟ ਕਰਦੇ ਹੋਏ ਸਾਰੇ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਨਾਲ ਹੀ ਸ਼ਾਨਦਾਰ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਹਮੇਸ਼ਾ ਤੋਂ ਧੀਆਂ ਦੇ ਉੱਜਵਲ ਭਵਿੱਖ ਲਈ ਵਚਨਬੱਧ ਰਹੇਗੀ।ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਨੇ ਕਿਹਾ ਕਿ ਜਿੱਥੇ ਸੰਸਥਾ ਸਹਿ-ਵਿਦਿਅਕ ਗਤੀਵਿਧੀਆਂ ਨੂੰ ਤਰਜੀਹ ਦਿੰਦੀ ਹੈ, ਉੱਥੇ ਹੀ ਇਸ ਸ਼ਾਨਦਾਰ ਨਤੀਜੇ ਨੇ, ਇਸ ਗੱਲ ਉੱਪਰ ਮੋਹਰ ਲਗਾ ਦਿੱਤੀ ਹੈ ਕਿ ਅਕਾਦਮਿਕ ਪੱਖੋਂ ਵੀ ਇਹ ਸੰਸਥਾ ਬੁਲੰਦੀਆਂ ਛੋਹ ਰਹੀ ਹੈ। ਪ੍ਰੋ. ਰਾਜਬਿੰਦਰ ਕੌਰ ਨੇ ਦੱਸਿਆ ਕਿ ਖੁਸ਼ਪ੍ਰੀਤ ਕੌਰ ਪੁੱਤਰੀ ਜਸਵੀਰ ਸਿੰਘ ਨੇ 93 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸੰਸਥਾ ਵਿੱਚੋਂ ਪਹਿਲਾ, ਗੁਰਵੀਰ ਕੌਰ ਪੁੱਤਰੀ ਜਸਨੈਲ ਸਿੰਘ ਨੇ 92 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਤੇ ਕ੍ਰਮਵਾਰ ਗਗਨਦੀਪ ਕੌਰ ਪੁੱਤਰੀ ਬੰਤ ਸਿੰਘ ਤੇ ਰਮਨਦੀਪ ਕੌਰ ਪੁੱਤਰੀ ਗੁਰਮੇਲ ਸਿੰਘ ਨੇ 90 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ 8 ਵਿਦਿਆਰਥਣਾਂ ਦੇ 89.03 ਪ੍ਰਤੀਸ਼ਤ ਤੋਂ ਉੱਪਰ,13 ਵਿਦਿਆਰਥਣਾਂ ਦੇ 88 ਪ੍ਰਤੀਸ਼ਤ ਤੋਂ ਉੱਪਰ, 13 ਵਿਦਿਆਰਥਣਾਂ ਦੇ 86 ਪ੍ਰਤੀਸ਼ਤ ਤੋਂ ਉੱਪਰ, 13 ਵਿਦਿਆਰਥਣਾਂ ਦੇ 85 ਪ੍ਰਤੀਸ਼ਤ ਤੋਂ ਉੱਪਰ, 16 ਵਿਦਿਆਰਥਣਾਂ ਦੇ 84 ਪ੍ਰਤੀਸਤ ਤੋਂ ਉੱਪਰ, 09 ਵਿਦਿਆਰਥਣਾਂ ਦੇ 82 ਪ੍ਰਤੀਸਤ ਤੋਂ ਉੱਪਰ, 05 ਵਿਦਿਆਰਥਣਾਂ ਦੇ 81 ਪ੍ਰਤੀਸ਼ਤ ਤੋਂ ਉੱਪਰ ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਡਾਇਰੈਕਟਰ ਮੈਡਮ ਸਿਬਲਜੀਤ ਕੌਰ, ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਤੇ ਦ ਪੋਲਰ ਸਟਾਰ ਸਕੂਲ ਦੇ ਪ੍ਰਿੰਸੀਪਲ ਕੰਵਰਦੀਪ ਸਿੰਘ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਕਾਰਗੁਜ਼ਾਰੀ 'ਤੇ ਮੁਬਾਰਕਬਾਦ ਦਿੱਤੀ।

## ਸਰਵਣ ਸਿੰਘ ਨਮਿੱਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ



ਦੋਰਾਹਾ (ਹਰਮਿੰਦਰ ਸੇਠ)-ਉੱਘੇ ਸਮਾਜ ਸੇਵਕ ਸ੍ਰ. ਚਰਨਜੀਤ ਸਿੰਘ ਤੇ ਸ੍ਰ. ਸਰਬਜੀਤ ਸਿੰਘ ਦੇ ਸਤਿਕਾਰਯੋਗ ਪਿਤਾ ਸ੍ਰ. ਸਰਵਣ ਸਿੰਘ (88) ਦੇ 28 ਸਤੰਬਰ ਨੂੰ ਅਕਾਲ ਚਲਾਣਾ ਕਰ ਜਾਣ ਉਪਰੰਤ ਗੁਰਦੁਆਰਾ ਸ੍ਰੀ ਰੇਰੂ ਸਾਹਿਬ ਸਾਹਨੇਵਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ ਕਰਵਾਈ ਗਈ।ਇਸ ਮੌਕੇ ਸਾਬਕਾ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ, ਜ਼ੋਰਾਵਰ ਸਿੰਘ ਮੁੰਡੀਆਂ, ਸੰਤਾ ਸਿੰਘ ਉਮੈਦਪੁਰੀ ਸਮੇਤ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸਮਾਗਮ 'ਚ ਸ਼ਾਮੂਲੀਅਤ ਕੀਤੀ ਤੇ ਸਵ. ਸਰਵਣ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਦੋਸਤਾਂ ਤੇ ਇਲਾਕਾ ਨਿਵਾਸੀ ਵੀ ਹਾਜ਼ਰ ਸਨ।

## ਸਾਬਕਾ ਵਿਧਾਇਕ ਚੰਦੂਮਾਜਰਾ ਨੇ ਬਲਬੇੜਾ ਮੰਡੀ ਦਾ ਲਿਆ ਜਾਇਜ਼ਾ



ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਵਿਧਾਨ ਸਭਾ ਹਲਕਾ ਸਨੌਰ ਦੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਬਲਬੇੜਾ ਦੀ ਅਨਾਜ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਚੱਲ ਰਹੀ ਖਰੀਦ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਕਿਸਾਨਾਂ ਤੇ ਆੜ੍ਹਤੀਆਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਫ਼ਸਲ ਦੀ ਆਮਦ, ਖ਼ਰੀਦ, ਲਿਫ਼ਟਿੰਗ ਤੇ ਹੋਰ ਪ੍ਰਬੰਧਾਂ ਸੰਬੰਧੀ ਜਾਣਕਾਰੀ ਹਾਸਲ ਕੀਤੀ।ਇਸ ਦੌਰਾਨ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਝੋਨੇ ਦੀ ਖਰੀਦ ਦੇ ਸੀਜ਼ਨ ਦੌਰਾਨ ਸਰਕਾਰ ਨੂੰ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਪਹਿਲਾਂ ਤੋਂ ਹੀ ਯਕੀਨੀ ਬਣਾਉਣੇ ਚਾਹੀਦੇ ਹਨ, ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਕਿਸਾਨਾਂ ਤੇ ਆੜ੍ਹਤੀਆਂ ਨੇ ਵੀ ਮੰਡੀ ਨਾਲ ਸੰਬੰਧਤ ਆਪਣੀਆਂ ਸਮੱਸਿਆਵਾਂ ਸਾਬਕਾ ਵਿਧਾਇਕ ਦੇ ਧਿਆਨ ਵਿੱਚ ਲਿਆਂਦੀਆਂ।ਇਸ ਮੌਕੇ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਹਰਕੇਸ਼ ਕੁਮਾਰ ਮਿੱਤਲ, ਕਰਮ ਸਿੰਘ, ਰਾਜੀਵ ਗਰਗ, ਚਮਨ ਲਾਲ, ਨਰੇਸ਼ ਕੁਮਾਰ, ਪ੍ਰੀਤਪਾਲ ਸ਼ਰਮਾ, ਅਮਰਜੀਤ ਗਿੱਲ, ਸੁਰਿੰਦਰ ਪਹਾੜੀਪੁਰ, ਜਥੇਦਾਰ ਨਰਿੰਦਰ ਸਿੰਘ ਅਲੀਪੁਰ ਜੱਟਾਂ, ਦਲਬੀਰ ਸਿੰਘ, ਸੰਦੀਪ ਸਿੰਘ ਚਰਾਸੋਂ, ਸੁਰਜੀਤ ਸਿੰਘ, ਰਣਜੀਤ ਸਿੰਘ, ਬੱਬੀ ਰਾਮ ਆਦਿ ਹਾਜ਼ਰ ਸਨ।

## ਝੋਨੇ ਦੀ ਸਰਕਾਰੀ ਖਰੀਦ ਸ਼ੁਰੂ, ਕਿਸਾਨਾਂ ਨੂੰ ਸਹੂਲਤਾਂ ਦੇਣ ਦਾ ਭਰੋਸਾ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਅਨਾਜ ਮੰਡੀ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਗਈ ਹੈ।ਹਲਕਾ ਵਿਧਾਇਕ ਤੇ ਪੰਜਾਬ ਵਿਧਾਨ ਸਭਾ ਦੀ ਵਿਸ਼ੇਸ਼ ਅਧਿਕਾਰ ਕਮੇਟੀ ਦੇ ਚੇਅਰਮੈਨ ਕੁਲਵੰਤ ਸਿੰਘ ਪੰਡੋਰੀ ਨੇ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਝੋਨੇ ਦੀ ਬੋਲੀ ਲਵਾ ਕੇ ਖਰੀਦ ਦੀ ਸ਼ੁਰੂਆਤ ਕਰਾਈ।ਉਨ੍ਹਾਂ ਕਿਸਾਨਾਂ ਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਲਈ।ਵਿਧਾਇਕ ਪੰਡੋਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਨਿਰਵਿਘਨ ਖਰੀਦ ਲਈ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।ਕਿਸਾਨਾਂ ਨੂੰ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਖੱਜਲ-ਖੁਆਰੀ ਨਹੀਂ ਹੋਣ ਦਿੱਤੀ ਜਾਵੇਗੀ ਤੇ ਉਨ੍ਹਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾਵੇ।ਉਨ੍ਹਾਂ ਕਿਸਾਨਾਂ ਨੂੰ ਸੁੱਕਾ ਅਤੇ ਸਾਫ਼ ਝੋਨਾ ਮੰਡੀ 'ਚ ਲਿਆਉਣ ਦੀ ਅਪੀਲ ਵੀ ਕੀਤੀ।ਉਨ੍ਹਾਂ ਕਿਹਾ ਕਿ ਖਰੀਦ, ਲਿਫਟਿੰਗ ਤੇ ਮੰਡੀ ਦੇ ਹੋਰ ਪ੍ਰਬੰਧਾਂ ਉੱਪਰ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ।ਮੰਡੀਆਂ 'ਚ ਬੁਨਿਆਦੀ ਸਹੂਲਤਾਂ ਵਧਾਉਣ ਲਈ ਸ਼ੈਡਾਂ ਦੀ ਉਸਾਰੀ, ਸੜਕਾਂ ਤੇ ਹੋਰ ਵਿਕਾਸ ਕਾਰਜਾਂ ਵੱਲ ਵੀ ਧਿਆਨ ਦਿੱਤਾ ਜਾ ਰਿਹਾ ਹੈ, ਤਾਂ ਜੁ ਕਿਸਾਨਾਂ ਤੇ ਮਜ਼ਦੂਰਾਂ ਨੂੰ ਫ਼ਸਲ ਦੀ ਖਰੀਦ ਦੌਰਾਨ ਸਹੂਲਤ ਮਿਲ ਸਕੇ।

## ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਵੱਲੋਂ ਖ਼ਬਰ ਵਿਸ਼ਲੇਸ਼ਣ ਮੁਕਾਬਲੇ ਦਾ ਆਯੋਜਨ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਵੱਲੋਂ ਖ਼ਬਰ ਵਿਸ਼ਲੇਸ਼ਣ ਮੁਕਾਬਲਾ ਕਰਾਇਆ ਗਿਆ, ਜਿਸ ਵਿੱਚ ਵਿਭਾਗ ਦੇ ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਭਾਗ ਲਿਆ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਅਜਿਹੇ ਉਸਾਰੂ ਮੁਕਾਬਲੇ ਵਿਦਿਆਰਥੀਆਂ ਦੇ ਵਿੱਦਿਅਕ ਤੇ ਵਿਹਾਰਕ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਦੇਸ਼-ਦੁਨੀਆ ਵਿੱਚ ਵਾਪਰ ਰਹੀਆਂ ਮਹੱਤਵਪੂਰਨ ਘਟਨਾਵਾਂ ਨੂੰ ਪੜ੍ਹਨ, ਸਮਝਣ ਤੇ ਵਿਸ਼ਲੇਸ਼ਣ ਕਰਨ ਦੀ ਰੁਚੀ ਵੀ ਪੈਦਾ ਕਰਦੇ ਹਨ।ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਸੰਚਾਰ ਪ੍ਰਤਿਭਾ ਨੂੰ ਨਿਖਾਰਨਾ, ਆਮ ਜਾਣਕਾਰੀ ਵਿੱਚ ਵਾਧਾ ਕਰਨਾ, ਆਲੋਚਨਾਤਮਕ ਚਿੰਤਨ ਨੂੰ ਉਤਸ਼ਾਹਿਤ ਕਰਨਾ ਤੇ ਖ਼ਬਰਾਂ ਦੇ ਤੱਥਾਂ ਤੇ ਵਿਸ਼ਲੇਸ਼ਣਾਤਮਕ ਪੱਖਾਂ ਨੂੰ ਸਮਝਣ ਦੀ ਸਮਰੱਥਾ ਵਿਕਸਿਤ ਕਰਨਾ ਸੀ।ਮੁਕਾਬਲੇ ਦੀ ਕੋਆਰਡੀਨੇਟਰ ਪ੍ਰੋ. ਲਵਨੀਤ ਵਸ਼ਿਸ਼ਠ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਵਿਹਾਰਕ ਹੁਨਰਾਂ ਨੂੰ ਨਿਖਾਰਨ ਤੇ ਉਨ੍ਹਾਂ ਨੂੰ ਪੇਸ਼ੇਵਰ ਪੱਤਰਕਾਰੀ ਲਈ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਮੁਕਾਬਲੇ ਵਿੱਚ ਬੀ.ਏ.ਜੇ.ਐਮ.ਸੀ. ਭਾਗ ਪਹਿਲਾ ਦੀ ਜਸਪਾਲ ਕੌਰ ਨੇ ਪਹਿਲਾ ਸਥਾਨ, ਬੀ.ਏ.ਜੇ.ਐਮ.ਸੀ. ਭਾਗ ਦੂਜਾ ਦੀ ਵੈਦੇਹੀ ਨੇ ਦੂਜਾ ਸਥਾਨ ਤੇ ਬੀ.ਏ.ਜੇ.ਐਮ.ਸੀ. ਭਾਗ ਪਹਿਲਾ ਦੀ ਤਰਨਜੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਬੀ.ਏ.ਜੇ.ਐਮ.ਸੀ. ਭਾਗ ਦੂਜਾ ਦੀ ਸਹਿਜਪ੍ਰੀਤ ਕੌਰ ਤੇ ਬੀ.ਏ.ਜੇ.ਐਮ.ਸੀ. ਭਾਗ ਦੂਜਾ ਦੇ ਰਮਨਦੀਪ ਸਿੰਘ ਨੇ ਕੰਸੋਲੇਸ਼ਨ ਇਨਾਮ ਪ੍ਰਾਪਤ ਕੀਤਾ।

## ਮੁੱਖ ਮੰਤਰੀ ਵੱਲੋਂ ਮੇਰੇ ਹਲਕੇ ਅਮਰਗੜ੍ਹ ਤੇ ਮਲੇਰਕੋਟਲਾ 'ਚ ਵੀ ਪਾਣੀ ਭੇਜਿਆ ਜਾਵੇ : ਮਾਨ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਪਣੀਆਂ ਪ੍ਰਾਪਤੀਆਂ ਦੀ ਗੱਲ ਕਰਦੇ ਹੋਏ ਦਾਅਵਾ ਕਰ ਰਹੇ ਹਨ ਕਿ ਮੈਂ ਪੰਜਾਬ ਦੇ ਪਿੰਡ-ਪਿੰਡ, ਸ਼ਹਿਰ-ਸ਼ਹਿਰ ਦੀ ਸਿੰਚਾਈ ਵਾਲੀ ਜ਼ਮੀਨ ਲਈ ਖਾਲਿਆਂ, ਕੱਸੀਆਂ, ਸੂਇਆਂ ਰਾਹੀ ਪਾਣੀ ਭੇਜਣ ਦੀ ਜ਼ਿੰਮੇਵਾਰੀ ਨਿਭਾਈ ਹੈ, ਪਰ ਜੋ ਮੇਰਾ ਐਮ.ਪੀ ਸੰਗਰੂਰ ਹਲਕਾ ਹੈ, ਉਸਦੇ ਮਲੇਰਕੋਟਲਾ ਤੇ ਅਮਰਗੜ੍ਹ ਵਿਧਾਨ ਸਭਾ ਹਲਕਿਆ ਵਿਚ ਆਉਣ ਵਾਲੇ ਪਿੰਡਾਂ ਤੇ ਜ਼ਮੀਨਾਂ ਨੂੰ ਇਹ ਸਰਕਾਰ ਵੱਲੋਂ ਦਿੱਤੇ ਜਾਣ ਵਾਲਾ ਪਾਣੀ ਅਜੇ ਤੱਕ ਨਹੀਂ ਪਹੁੰਚਿਆ।ਜਦੋਂਕਿ ਇਨ੍ਹਾਂ ਹਲਕਿਆਂ ਦੇ ਨਿਵਾਸੀਆਂ ਨੂੰ ਵੀ ਆਪਣੀਆਂ ਫ਼ਸਲਾਂ ਨੂੰ ਸਹੀ ਢੰਗ ਨਾਲ ਪਾਲਣ ਲਈ ਸਰਕਾਰੀ ਪਾਣੀ ਦੀ ਸਖਤ ਲੋੜ ਹੈ।ਜੇਕਰ ਪੰਜਾਬ ਦੇ ਮੁੱਖ ਮੰਤਰੀ ਆਪਣੇ ਜੱਦੀ ਪਿੰਡ ਨਾਲ ਸੰਬੰਧਤ ਸੰਗਰੂਰ ਐਮ.ਪੀ ਹਲਕੇ ਦੇ ਉਪਰੋਕਤ ਦੋਵੇ ਵਿਧਾਨ ਸਭਾ ਹਲਕਿਆਂ ਵਿਚ ਵੀ ਕੱਸੀਆਂ, ਖਾਲਿਆਂ ਤੇ ਸੂਇਆਂ ਰਾਹੀ ਪਾਣੀ ਜਾਰੀ ਕਰਨ ਦਾ ਪ੍ਰਬੰਧ ਕਰ ਦੇਣ ਤਾਂ ਇਨ੍ਹਾਂ ਦੋਵਾਂ ਵਿਧਾਨ ਸਭਾ ਹਲਕਿਆਂ ਦੇ ਕਾਸ਼ਤਕਾਰ ਤੇ ਜ਼ਿਮੀਦਾਰ ਵੀ ਆਪਣੀਆ ਫ਼ਸਲਾਂ ਨੂੰ ਸਹੀ ਢੰਗ ਨਾਲ ਪਾਲਦੇ ਹੋਏ ਮਾਲੀ ਤੌਰ 'ਤੇ ਮਜਬੂਤ ਹੋ ਸਕਣਗੇ। ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਆਪਣੇ ਐਮ.ਪੀ ਸੰਗਰੂਰ ਹਲਕੇ ਦੇ 2 ਵਿਧਾਨ ਸਭਾ ਹਲਕਿਆਂ ਵਿੱਚ ਪੰਜਾਬ ਸਰਕਾਰ ਵੱਲੋਂ ਕੱਸੀਆਂ, ਖਾਲਿਆਂ, ਸੂਇਆਂ ਰਾਹੀਂ ਪਾਣੀ ਦੀ ਸਪਲਾਈ ਨੂੰ ਜਲਦੀ ਜਾਰੀ ਕਰਨ ਦੀ ਜ਼ੋਰਦਾਰ ਗੁਜ਼ਾਰਿਸ਼ ਕਰਦੇ ਹੋਏ ਤੇ ਕਿਸਾਨੀ ਮੰਗਾਂ ਦੀ ਪੂਰਤੀ ਕਰਨ ਹਿੱਤ ਪੰਜਾਬ ਸਰਕਾਰ ਵੱਲੋਂ ਪਹਿਲ ਦੇ ਆਧਾਰ 'ਤੇ ਅਮਲ ਕਰਨ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ।

## ਬਾਜ਼ੀਗਰ ਨੇ ਸਪਰਹੇੜੀ ਤੇ ਰਾਮਪੁਰਾ 'ਚ ਬੀਬੀ ਲੂੰਬਾ ਨੇ ਰਜਿਸਟਰੀ ਪੱਤਰ ਵੰਡੇ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ) ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਹਲਕਾ ਸ਼ੁਤਰਾਣਾ ਵਿੱਚ ਰਜਿਸਟਰੀ ਪੱਤਰ ਲਾਭਪਾਤਰੀਆਂ ਨੂੰ ਵੰਡੇ ਗਏ।ਪਿੰਡ ਸਪਰਹੇੜੀ ਵਿਖੇ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਤੇ ਪਿੰਡ ਰਾਮਪੁਰਾ ਦੁਗਾਲ ਵਿਖੇ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਨੇ ਲਾਲ ਲਕੀਰ ਅੰਦਰ ਰਹਿ ਰਹੇ ਪਰਵਾਰਾਂ ਨੂੰ ਰਜਿਸਟਰੀ ਪੱਤਰ ਵੰਡੇ ਗਏ।ਜੁੜੇ ਇਕੱਠਾਂ ਦੌਰਾਨ ਲਾਭਪਾਤਰੀਆਂ ਨੂੰ ਸੰਬੋਧਨ ਕਰਦਿਆਂ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਤੇ ਸਾਬਕਾ ਵਿਧਾਇਕ ਬੀਬੀ ਵਨਿੰਦਰ ਕੌਰ ਲੂੰਬਾ ਨੇ ਕਿਹਾ ਕਿ ਹਰੇਕ ਜ਼ਰੂਰਤਮੰਦ ਪਰਵਾਰਾਂ ਦੀ ਸਹਾਇਤਾ ਲਈ ਸਰਕਾਰ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਤਾਂ ਜੁ ਸਰਕਾਰ ਦੀਆਂ ਸਕੀਮਾਂ ਨੂੰ ਲੋਕਾਂ ਤੱਕ ਬਿਨਾਂ ਕਿਸੇ ਪੱਖਪਾਤ ਤੋਂ ਪੁਚਾਇਆ ਜਾ ਸਕੇ।ਆਗੂਆਂ ਨੇ ਕਿਹਾ ਕਿ ਇਹ ਰਜਿਸਟਰੀ ਪੱਤਰ ਲੋਕਾਂ ਦੇ ਆਪਣੇ ਘਰਾਂ ਨਾਲ ਜੁੜੇ ਹੱਕਾਂ ਨੂੰ ਦਸਤਾਵੇਜ਼ੀ ਰੂਪ ਦੇਣ ਵੱਲ ਇੱਕ ਮਹੱਤਵਪੂਰਨ ਕਦਮ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਪਿਛਲੇ ਲੰਬੇ ਸਮੇਂ ਤੋਂ ਲਾਲ ਲਕੀਰ ਦੇ ਅੰਦਰ ਘਰ ਬਣਾ ਕੇ ਰਹਿ ਰਹੇ ਲੋਕਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਵੱਲੋਂ ਉਨ੍ਹਾਂ ਨੂੰ ਮਾਲਕੀ ਹੱਕ ਦੇਣ ਦਾ ਫ਼ੈਸਲਾ ਕੀਤਾ ਗਿਆ ਹੈ।

## ਬਾਹਰਲੇ ਸੂਬਿਆਂ ਤੋਂ ਝੋਨਾ ਲਿਆਉਣ ਵਾਲਿਆਂ ਖ਼ਿਲਾਫ਼ ਕੇਸ ਦਰਜ

ਫਾਜ਼ਿਲਕਾ (ਨਿਸ਼ਾ ਸ਼ਰਮਾ) ਜ਼ਿਲ੍ਹਾ ਫਾਜ਼ਿਲਕਾ ਦੀਆਂ ਮੰਡੀਆਂ ਵਿੱਚ ਪੰਜਾਬ ਤੋਂ ਬਾਹਰੋਂ ਲਿਆਂਦੇ ਝੋਨੇ ਦੀ ਵਿਕਰੀ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਦੀ ਸਿੱਧੀ ਨਿਗਰਾਨੀ ਹੇਠ ਸਬੰਧਤ ਵਿਭਾਗਾਂ ਦੀਆਂ ਟੀਮਾਂ ਵੱਲੋਂ ਮੰਡੀਆਂ ਤੇ ਆਸ-ਪਾਸ ਦੇ ਖੇਤਰਾਂ ਵਿੱਚ ਝੋਨੇ ਦੀ ਆਮਦ 'ਤੇ ਨਜ਼ਰ ਰੱਖੀ ਜਾ ਰਹੀ ਹੈ ਇਸ ਦੇ ਨਾਲ ਹੀ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੀ ਸੈਂਟ੍ਰਲ ਵਿਜੀਲੈਂਸ ਕਮੇਟੀ ਵੱਲੋਂ ਵੀ ਨਿਗਰਾਨੀ ਰੱਖੀ ਜਾ ਰਹੀ ਹੈ। ਪਿਛਲੇ ਦਿਨੀਂ ਸੈਂਟ੍ਰਲ ਵਿਜੀਲੈਂਸ ਕਮੇਟੀ ਦੇ ਟੀਮ ਮੈਂਬਰਾਂ ਵੱਲੋਂ ਵੀ ਜਲਾਲਾਬਾਦ ਵਿਖੇ ਝੋਨੇ ਦੀ ਪੜਤਾਲ ਕੀਤੀ ਗਈ ਤਾਂ ਜੋ ਬਾਹਰਲੇ ਸੂਬਿਆਂ ਤੋਂ ਆਉਣ ਵਾਲੇ ਝੋਨੇ ਦੀ ਪੰਜਾਬ ਦੀਆਂ ਮੰਡੀਆਂ ਵਿੱਚ ਵਿਕਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਕੀਤਾ ਜਾ ਸਕੇ।ਇਸੇ ਮੁਹਿੰਮ ਤਹਿਤ ਮਾਰਕੀਟ ਕਮੇਟੀ ਜਲਾਲਾਬਾਦ ਵੱਲੋਂ ਪੰਜਾਬ ਤੋਂ ਬਾਹਰ ਦਾ ਝੋਨਾ ਲੈ ਕੇ ਆ ਰਹੀ ਇੱਕ ਟਰਾਲੀ ਕਾਬੂ ਕੀਤੀ ਗਈ ਸੀ।ਜਾਂਚ ਉਪਰੰਤ ਮਾਮਲਾ ਪੁਲਸ ਦੇ ਧਿਆਨ ਵਿੱਚ ਲਿਆਂਦਾ ਗਿਆ ਤੇ ਇਸ ਸਬੰਧੀ ਗਲਤ ਢੰਗ ਨਾਲ ਬਾਹਰਲੇ ਸੂਬੇ ਦਾ ਝੋਨਾ ਪੰਜਾਬ ਦੀ ਮੰਡੀ ਵਿੱਚ ਲਿਆਉਣ ਵਾਲੇ ਸਬੰਧਤ ਵਿਅਕਤੀਆਂ ਖ਼ਿਲਾਫ਼ ਐੱਫਆਈਆਰ ਦਰਜ ਕਰ ਲਈ ਗਈ ਹੈ।ਪ੍ਰਸ਼ਾਸਨ ਵੱਲੋਂ ਸਪੱਸ਼ਟ ਕੀਤਾ ਗਿਆ ਹੈ ਕਿ ਸਰਕਾਰੀ ਨਿਯਮਾਂ ਦੀ ਉਲੰਘਣਾ ਕਰਕੇ ਬਾਹਰੋਂ ਝੋਨਾ ਲਿਆਉਣ ਜਾਂ ਉਸ ਦੀ ਪੰਜਾਬ ਵਿੱਚ ਵਿਕਰੀ ਕਰਨ ਦੀ ਕਿਸੇ ਵੀ ਕੋਸ਼ਿਸ਼ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਪ੍ਰਸ਼ਾਸਨ ਵੱਲੋਂ ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਵੀ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਪੰਜਾਬ ਦੇ ਕਿਸਾਨਾਂ ਵੱਲੋਂ ਮੰਡੀਆਂ ਵਿੱਚ ਲਿਆਂਦਾ ਗਿਆ ਝੋਨਾ ਸੁਚਾਰੂ ਢੰਗ ਨਾਲ ਖਰੀਦਿਆ ਜਾਵੇ ਤੇ ਖਰੀਦ ਏਜੰਸੀਆਂ ਵੱਲੋਂ ਸਮੇਂ ਸਿਰ ਲਿਫਟਿੰਗ ਕੀਤੀ ਜਾਵੇ।ਇਸ ਦੇ ਨਾਲ ਹੀ ਮੰਡੀਆਂ ਵਿੱਚ ਆਉਣ ਵਾਲੇ ਝੋਨੇ ਦੀ ਗੁਣਵੱਤਾ ਤੇ ਸਰੋਤ ਦੀ ਵੀ ਨਿਗਰਾਨੀ ਕੀਤੀ ਜਾ ਰਹੀ ਹੈ।ਇਸ ਦੇ ਨਾਲ ਹੀ ਕਿਸਾਨ ਵੀਰਾਂ ਨੂੰ ਇਹ ਅਪੀਲ ਵੀ ਕੀਤੀ ਕਿ ਉਹ ਆਪਣੇ ਝੋਨੇ ਦੀ ਫਸਲ ਪੂਰੀ ਤਰ੍ਹਾਂ ਪਕਾ ਕੇ ਹੀ ਕੱਟਣ ਤੇ ਉਸ ਉਪਰੰਤ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਫ਼ਸਲ ਦੀ ਵਿਕਰੀ ਤੁਰੰਤ ਯਕੀਨੀ ਬਣਾਈ ਜਾ ਸਕੇ।

## ਨਸ਼ਾ ਵਿਰੋਧੀ ਕਮੇਟੀ ਦੇ ਪ੍ਰਧਾਨ 'ਤੇ ਜਾਨਲੇਵਾ ਹਮਲਾ ਕਰਨ ਵਾਲੇ ਕਾਬੂ

ਮਲੋਟ (ਰਜਿੰਦਰ ਜੁਨੇਜਾ)-ਪਿੰਡ ਅਬੁਲ ਖੁਰਾਨਾ ਵਿਖੇ ਨਸ਼ਾ ਵਿਰੋਧੀ ਕਮੇਟੀ ਦੇ ਪ੍ਰਧਾਨ 'ਤੇ ਹੋਏ ਹਮਲੇ ਦੇ ਮਾਮਲੇ ਵਿੱਚ ਥਾਣਾ ਸਦਰ ਮਲੋਟ ਪੁਲਸ ਨੇ ਸਖ਼ਤ ਰੁਖ਼ ਅਖਤਿਆਰ ਕਰਦਿਆਂ 6 ਵਿਅਕਤੀਆਂ ਖ਼ਿਲਾਫ਼ ਸੰਗੀਨ ਧਾਰਾਵਾਂ ਹੇਠ ਕੇਸ ਦਰਜ ਕੀਤਾ ਹੈ ਤੇ 2 ਵਿਅਕਤੀ ਗ੍ਰਿਫ਼ਤਾਰ ਕਰ ਲਏ ਹਨ।ਜ਼ਿਲ੍ਹਾ ਪੁਲਸ ਨੇ ਨਵੇਂ ਕਾਨੂੰਨ (ਬੀ ਐੱਨ ਐੱਸ) ਦੀਆਂ ਧਾਰਾਵਾਂ 109, 105(3), 190 ਤੇ 191 ਤਹਿਤ ਕਾਰਵਾਈ ਕਰਕੇ ਸਮਾਜ ਵਿਰੋਧੀ ਅਨਸਰਾਂ ਨੂੰ ਸਪੱਸ਼ਟ ਚੇਤਾਵਨੀ ਦਿੱਤੀ ਹੈ ਕਿ ਨਸ਼ਿਆਂ ਵਿਰੁੱਧ ਕੰਮ ਕਰਨ ਵਾਲਿਆਂ ਦੀ ਸੁਰੱਖਿਆ ਕੀਤੀ ਜਾਏਗੀ ਤੇ ਉਨ੍ਹਾਂ 'ਤੇ ਹਮਲਾ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਪੁਲਸ ਅਨੁਸਾਰ ਸ਼ਿਕਾਇਤਕਰਤਾ ਮੰਗਲਦੀਪ ਸਿੰਘ, ਜੋ ਕਿ ਸਰਕਾਰੀ ਸਕੂਲ ਆਫ਼ ਐਮੀਨੈਂਸ ਫ਼ਾਰ ਗਰਲਜ਼ (ਅਬੁਲ ਖੁਰਾਨਾ) ਵਿੱਚ ਅਧਿਆਪਕ ਵਜੋਂ ਸੇਵਾ ਨਿਭਾਅ ਰਹੇ ਹਨ ਤੇ ਪਿੰਡ ਵਿੱਚ ਨਸ਼ਿਆਂ ਖ਼ਿਲਾਫ਼ ਗਠਿਤ ਕਮੇਟੀ ਦੇ ਪ੍ਰਧਾਨ ਵੀ ਹਨ, ਨੇ ਦੱਸਿਆ ਕਿ 5 ਅਕਤੂਬਰ ਦੀ ਰਾਤ ਨੂੰ ਜਦੋਂ ਉਹ ਆਪਣੇ ਘਰ ਪਰਤ ਰਹੇ ਸਨ ਤਾਂ ਇਸੇ ਦੌਰਾਨ ਸਤਪਾਲ ਸਿੰਘ, ਉਸ ਦੇ ਬੇਟਿਆਂ ਤੇ ਅਣਪਛਾਤੀ ਔਰਤਾਂ ਨੇ ਜਾਨੋਂ ਮਾਰਨ ਦੀ ਨੀਅਤ ਨਾਲ ਉਸ 'ਤੇ ਹਮਲਾ ਕਰ ਦਿੱਤਾ।ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਹ ਪਿੰਡ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਸਰਗਰਮੀ ਨਾਲ ਕੰਮ ਕਰ ਰਹੇ ਹਨ, ਜਿਸ ਦੀ ਰੰਜਿਸ਼ ਰੱਖਦਿਆਂ ਸਤਪਾਲ ਸਿੰਘ, ਲਵਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਅਮਨਦੀਪ ਕੌਰ, ਇੱਕ ਅਣਪਛਾਤੀ ਔਰਤ ਤੇ ਇੱਕ ਅਣਪਛਾਤੇ ਵਿਅਕਤੀ ਨੇ ਮਿਲ ਕੇ ਉਸ 'ਤੇ ਇਹ ਹਮਲਾ ਕੀਤਾ।ਪੁਲਸ ਨੇ ਸਾਰੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਤੇ ਬਾਕੀ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ।

## 15 ਲੱਖ ਦੀ ਲੁੱਟ ਦਾ ਕੁਝ ਘੰਟਿਆਂ 'ਚ ਪਰਦਾਫਾਸ਼, 2 ਕਾਬੂ



ਖੰਨਾ (ਸੁਖਵਿੰਦਰ ਸਿੰਘ ਭਾਦਲਾ)-ਖੰਨਾ ਦੇ ਬੱਸ ਸਟੈਂਡ ਦੇ ਸਾਹਮਣੇ ਭੀੜ ਵਾਲੇ ਇਲਾਕਾ ਐੱਸ ਬੀ ਆਈ ਬੈਂਕ ਦੇ ਬਾਹਰੋਂ 15 ਲੱਖ ਰੁਪਏ ਲੁੱਟੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਖੰਨਾ ਪੁਲਸ ਨੇ ਇਸ 15 ਲੱਖ ਰੁਪਏ ਦੀ ਲੁੱਟ ਦੀ ਵਾਰਦਾਤ ਨੂੰ ਕੁਝ ਹੀ ਘੰਟਿਆਂ ਵਿੱਚ ਸੁਲਝਾਉਂਦਿਆਂ ਗਰੋਹ ਦੇ ਦੋ ਮੈਂਬਰਾਂ ਨੂੰ ਕਾਬੂ ਕੀਤਾ ਹੈ।ਮੁਲਜ਼ਮਾਂ ਕੋਲੋਂ ਲੁੱਟੀ ਗਈ ਹੁੰਡਈ ਵੈਨਿਊ ਕਾਰ, 15 ਲੱਖ ਰੁਪਏ ਤੇ ਇੱਕ ਦੇਸੀ ਕੱਟਾ ਬਰਾਮਦ ਕੀਤਾ ਗਿਆ ਹੈ।ਪੁਲਸ ਅਨੁਸਾਰ 8 ਅਕਤੂਬਰ ਨੂੰ ਕਰਨ ਬਾਂਡਾ ਵਾਸੀ ਮੰਡੀ ਗੋਬਿੰਦਗੜ੍ਹ ਆਪਣੇ ਡਰਾਈਵਰ ਨਾਲ ਖੰਨਾ ਦੇ ਐੱਸ.ਬੀ.ਆਈ. ਬੈਂਕ ਤੋਂ 15 ਲੱਖ ਰੁਪਏ ਕੱਢਵਾ ਕੇ ਕਾਰ ਰਾਹੀਂ ਵਾਪਸ ਜਾ ਰਿਹਾ ਸੀ।ਇਸ ਦੌਰਾਨ ਦੋ ਅਣਪਛਾਤੇ ਵਿਅਕਤੀਆਂ ਨੇ ਕਾਰ ਵਿੱਚ ਦਾਖ਼ਲ ਹੋ ਕੇ ਡਰਾਈਵਰ ਨੂੰ ਪਿਸਤੌਲ ਨੁਮਾ ਹਥਿਆਰ ਦਿਖਾਇਆ ਤੇ ਕਰਨ ਬਾਂਡਾ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ।ਹੱਥੋਪਾਈ ਦੌਰਾਨ ਉਹ ਕਾਰ ਵਿੱਚੋਂ ਉੱਤਰ ਗਿਆ, ਜਿਸ ਤੋਂ ਬਾਅਦ ਮੁਲਜ਼ਮ ਕਾਰ ਸਮੇਤ 15 ਲੱਖ ਰੁਪਏ ਲੈ ਕੇ ਫ਼ਰਾਰ ਹੋ ਗਏ।ਐੱਸ.ਐੱਸ.ਪੀ. ਖੰਨਾ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਪੁਲਸ ਨੇ ਤੁਰੰਤ ਵੱਖ-ਵੱਖ ਟੀਮਾਂ ਬਣਾ ਕੇ ਤਕਨੀਕੀ ਜਾਂਚ ਤੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਮਦਦ ਨਾਲ ਮਨਪ੍ਰੀਤ ਸਿੰਘ ਉਰਫ਼ ਗੋਪੀ ਵਾਸੀ ਅਮਲੋਹ ਤੇ ਜਤਿੰਦਰ ਸਿੰਘ ਉਰਫ਼ ਕਾਕਾ ਵਾਸੀ ਪਿੰਡ ਲੱਖਾ ਸਿੰਘ ਵਾਲਾ ਨੂੰ ਗ੍ਰਿਫ਼ਤਾਰ ਕਰ ਲਿਆ।ਗ੍ਰਿਫਤਾਰ ਕੀਤੇ ਵਿਅਕਤੀਆਂ ਉੱਪਰ ਪਹਿਲਾਂ ਵੀ ਕਈ ਮੁਕੱਦਮੇ ਵੱਖ ਵੱਖ ਥਾਣਿਆਂ ਵਿੱਚ ਦਰਜ ਹਨ।ਇਸ ਸਬੰਧੀ ਥਾਣਾ ਸਿਟੀ ਖੰਨਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਜਾਂਚ ਜਾਰੀ ਹੈ।

## ਏਸ਼ੀਅਨ ਖੇਡਾਂ 'ਚ ਦੋ ਤਮਗੇ ਜਿੱਤਣ ਵਾਲੀ ਧੀ ਪਰੀਨਾਜ਼ 'ਤੇ ਪੂਰੇ ਪੰਜਾਬ ਨੂੰ ਮਾਣ : ਗਿਆਨੀ ਟੇਕ ਸਿੰਘ



ਬਠਿੰਡਾ (ਪਰਵਿੰਦਰ ਜੀਤ ਸਿੰਘ)-ਏਸ਼ੀਅਨ ਖੇਡਾਂ ਵਿੱਚ ਨਿਸ਼ਾਨੇਬਾਜ਼ੀ (ਸਕੀਟ) ਮੁਕਾਬਲਿਆਂ ਦੌਰਾਨ ਬਰਨਾਲਾ ਜ਼ਿਲ੍ਹੇ ਦੇ ਇਤਿਹਾਸਕ ਪਿੰਡ ਠੀਕਰੀਵਾਲਾ ਦੀ ਧੀ ਪਰੀਨਾਜ਼ ਕੌਰ ਧਾਲੀਵਾਲ ਵੱਲੋਂ ਮਹਿਲਾ ਟੀਮ ਸਕੀਟ ਤੇ ਮਿਕਸਡ ਡਬਲਜ਼ ਸਕੀਟ ਵਿੱਚ ਦੋ ਕਾਂਸੀ ਦੇ ਮੈਡਲ ਜਿੱਤ ਕੇ ਅੰਤਰਰਾਸ਼ਟਰੀ ਪੱਧਰ 'ਤੇ ਦੇਸ਼ ਤੇ ਪੰਜਾਬ ਦਾ ਨਾਂਅ ਰੋਸ਼ਨ ਕਰਨ 'ਤੇ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜੀ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਨੇ ਵਿਸ਼ੇਸ਼ ਵਧਾਈ ਭੇਜੀ ਹੈ।ਜਿੱਤ ਪ੍ਰਾਪਤ ਕਰਨ ਉਪਰੰਤ ਪਰੀਨਾਜ਼ ਧਾਲੀਵਾਲ ਵੀਰਵਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਗੁਰੂ ਘਰ ਦਾ ਸ਼ੁਕਰਾਨਾ ਕਰਨ ਪਹੁੰਚੀ, ਜਿੱਥੇ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜੀ ਵੱਲੋਂ ਉਸ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸ੍ਰ. ਰਵੀਪ੍ਰੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜੀ ਨੇ ਆਪਣੇ ਬਿਆਨ ਵਿੱਚ ਆਖਿਆ ਕਿ ਇਹ ਸਾਡੇ ਲਈ ਬਹੁਤ ਵੱਡੇ ਮਾਣ ਤੇ ਖੁਸ਼ੀ ਦੀ ਗੱਲ ਹੈ ਕਿ ਸਾਡੇ ਖਿੱਤੇ ਦੀ ਹੋਣਹਾਰ ਧੀ ਪਰੀਨਾਜ਼ ਨੇ ਏਸ਼ੀਅਨ ਖੇਡਾਂ ਵਰਗੇ ਵੱਡੇ ਮੰਚ 'ਤੇ ਦੋ-ਦੋ ਮੈਡਲ ਜਿੱਤ ਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ ਹੈ।ਉਨ੍ਹਾ ਇਸ ਪ੍ਰਾਪਤੀ ਲਈ ਪਰੀਨਾਜ਼ ਧਾਲੀਵਾਲ, ਉਨ੍ਹਾਂ ਦੇ ਪਰਿਵਾਰ, ਕੋਚ ਸਾਹਿਬਾਨ ਤੇ ਸਮੁੱਚੇ ਇਲਾਕੇ ਨੂੰ ਵਧਾਈ ਦਿੱਤੀ।

## ਮੁਸਲਿਮ ਨੌਜਵਾਨਾਂ ਦੀ ਦੋ ਰੋਜ਼ਾ ਕੌਮੀ ਕਨਵੈਨਸ਼ਨ ਸਫ਼ਲਤਾਪੂਰਵਕ ਸੰਪੰਨ

### ਨਫ਼ਰਤ ਦਾ ਜਵਾਬ ਸਿੱਖਿਆ, ਹੁਨਰ ਤੇ ਕਿਰਦਾਰ ਨਾਲ ਦੇਣ ਦਾ ਸੱਦਾ



ਮਾਲੇਰਕੋਟਲਾ (ਅਸਗਰ ਪਰਿਹਾਰ) ਸੀ.ਐੱਮ.ਸੀ.ਆਰ.ਐੱਮ. ਸੰਸਥਾ ਵੱਲੋਂ ਦਿੱਲੀ ਦੇ ਇਤਿਹਾਸਕ ਗ਼ਾਲਿਬ ਇੰਸਟੀਚਿਊਟ ਵਿਖੇ ਕਰਵਾਈ ਗਈ ਦੋ ਰੋਜ਼ਾ ਕੌਮੀ ਕਨਵੈਨਸ਼ਨ ਸਫ਼ਲਤਾਪੂਰਵਕ ਸੰਪੰਨ ਹੋ ਗਈ।ਇਸ ਦੇਸ਼ ਪੱਧਰੀ ਕਨਵੈਨਸ਼ਨ ਵਿੱਚ ਪੂਰੇ ਦੇਸ਼ ਦੇ ਵੱਖ-ਵੱਖ ਸੂਬਿਆਂ ਤੋਂ ਵੱਡੀ ਗਿਣਤੀ ਵਿੱਚ ਮੁਸਲਿਮ ਨੌਜਵਾਨਾਂ ਨੇ ਹਿੱਸਾ ਲਿਆ।ਇਸ ਸਮਾਗਮ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਸਮਾਜ ਵਿੱਚ ਉਨ੍ਹਾਂ ਦੇ ਅਹਿਮ ਰੋਲ ਤੇ ਜ਼ਿੰਮੇਵਾਰੀਆਂ ਦਾ ਅਹਿਸਾਸ ਕਰਵਾਉਣਾ ਸੀ।ਇਹ ਕਨਵੈਨਸ਼ਨ ਇੱਕ ਵਿਸ਼ੇਸ਼ ਵਰਕਸ਼ਾਪ ਦੇ ਰੂਪ ਵਿੱਚ ਰਹੀ, ਜਿੱਥੇ ਨੌਜਵਾਨਾਂ ਨੂੰ ਦੇਸ਼ ਦੇ ਵਿਕਾਸ ਵਿੱਚ ਸਾਰਥਕ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ।ਕਨਵੈਨਸ਼ਨ ਦੌਰਾਨ ਬੁਲਾਰਿਆਂ ਨੇ ਇਸ ਗੱਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਕਿ ਦੇਸ਼ ਵਿੱਚ ਮੌਜੂਦਾ ਸਮੇਂ ਚੱਲ ਰਹੇ ਫਿਰਕੂਵਾਦ ਤੇ ਨਫ਼ਰਤ ਦੇ ਮਾਹੌਲ ਦਾ ਜਵਾਬ ਨਫ਼ਰਤ ਨਾਲ ਨਹੀਂ, ਬਲਕਿ ਉੱਚੀ ਤਾਲੀਮ, ਹੁਨਰ, ਰੁਜ਼ਗਾਰ, ਚੰਗੇ ਅਖ਼ਲਾਕ ਤੇ ਉੱਚੇ ਕਿਰਦਾਰ ਰਾਹੀਂ ਦਿੱਤਾ ਜਾਣਾ ਚਾਹੀਦਾ ਹੈ।

ਸਮਾਗਮ ਵਿੱਚ ਇਕੱਤਰ ਹੋਈਆਂ ਦੇਸ਼ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਨੌਜਵਾਨਾਂ ਨੂੰ ਕਾਨੂੰਨ ਤੇ ਸੰਵਿਧਾਨ ਦੇ ਦਾਇਰੇ ਵਿੱਚ ਰਹਿ ਕੇ ਸ਼ਾਂਤੀਪੂਰਨ ਤਰੀਕੇ ਨਾਲ ਅੱਗੇ ਵਧਣ ਤੇ ਆਪਣੀਆਂ ਸਮਾਜਿਕ ਜ਼ਿੰਮੇਵਾਰੀਆਂ ਨੂੰ ਸਮਝਣ ਦੀ ਅਪੀਲ ਕੀਤੀ।ਇਸ ਮੌਕੇ ਦੇਸ਼ ਦੀਆਂ ਕਈ ਪ੍ਰਮੁੱਖ ਸਿਆਸੀ, ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਉਬੈਦੁੱਲਾ ਖ਼ਾਨ ਆਜ਼ਮੀ (ਸਾਬਕਾ ਐੱਮ.ਪੀ. ਤੇ ਵਾਈਸ ਪ੍ਰਧਾਨ ਮੁਸਲਿਮ ਪਰਸਨਲ ਲਾਅ ਬੋਰਡ), ਅਮਰਜੀਤ ਸਿੰਘ ਦੁਲਤ (ਸਾਬਕਾ ਰਾਅ ਤੇ ਆਈ.ਬੀ. ਚੀਫ਼), ਗਿਆਨੀ ਹਰਪ੍ਰੀਤ ਸਿੰਘ (ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ), ਵਜਾਹਤ ਹਬੀਬੁੱਲਾ (ਸਾਬਕਾ ਚੀਫ ਸੂਚਨਾ ਕਮਿਸ਼ਨਰ), ਅਸਲਮ ਸ਼ੇਰ ਖ਼ਾਨ (ਸਾਬਕਾ ਕੈਬਨਿਟ ਮੰਤਰੀ), ਮੀਰਵਾਈਜ਼ ਨੌਰਥ ਕਸ਼ਮੀਰ ਹਸਨ ਫਿਰਦੋਸੀ, ਪਰਮਪਾਲ ਸਿੰਘ ਸਭਰਾਹ, ਜਸਟਿਸ ਰੰਜੀਤ ਸਿੰਘ, ਅਮਰਜੀਤ ਸਿੰਘ ਦੁੱਗਲ, ਐਡਵੋਕੇਟ ਐੱਚ.ਆਰ.ਏ. ਚੌਧਰੀ, ਸੈਯਦ ਫਾਰੂਕ, ਹਰਜੀਤ ਸਿੰਘ ਵਿਰਕ, ਗੁਰਤੇਜ ਸਿੰਘ (ਸਾਬਕਾ ਆਈ.ਏ.ਐੱਸ), ਗਗਨਦੀਪ ਸਿੰਘ, ਡਾਕਟਰ ਤਾਜੂਦੀਨ ਅਨਸਾਰੀ ਤੇ ਨਦੀਮ ਅਨਵਾਰ ਖ਼ਾਨ (ਮੈਂਬਰ ਮਾਇਨੋਰਿਟੀ ਕਮੀਸ਼ਨ, ਪੰਜਾਬ) ਸ਼ਾਮਲ ਸਨ।ਸਮਾਗਮ ਨੂੰ ਸੰਬੋਧਨ ਕਰਦਿਆਂ ਸਾਰੇ ਬੁਲਾਰਿਆਂ ਨੇ ਇੱਕਸੁਰ ਵਿੱਚ ਕਿਹਾ ਕਿ ਅੱਜ ਦੇ ਸਮੇਂ ਵਿੱਚ ਘੱਟ ਗਿਣਤੀਆਂ ਨੂੰ ਇੱਕ ਪਲੇਟਫਾਰਮ 'ਤੇ ਇਕੱਠੇ ਹੋਣ ਦੀ ਲੋੜ ਹੈ।

ਮੁਸ਼ਕਲ ਵਕਤ ਵਿੱਚ ਇੱਕ-ਦੂਜੇ ਦਾ ਸਾਥ ਦੇ ਕੇ ਹੀ ਦੇਸ਼ ਵਿੱਚ ਅਮਨ, ਆਪਸੀ ਭਾਈਚਾਰਕ ਸਾਂਝ ਤੇ ਏਕਤਾ ਨੂੰ ਕਾਇਮ ਰੱਖਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਦੀ ਅਮੀਰ ਵਿਰਾਸਤ, ਗੰਗਾ-ਜਮੁਨੀ ਤਹਿਜ਼ੀਬ ਤੇ ਸਿੱਖ-ਮੁਸਲਿਮ ਭਾਈਚਾਰਕ ਸਾਂਝ ਦਾ ਪੈਗਾਮ ਅੱਜ ਸਾਰੀ ਦੁਨੀਆ ਵਿੱਚ ਫੈਲਾਉਣ ਦੀ ਲੋੜ ਹੈ।ਇਸ ਰਾਸ਼ਟਰੀ ਕਨਵੈਨਸ਼ਨ ਨੂੰ ਸਫ਼ਲ ਬਣਾਉਣ ਵਿੱਚ ਕਨਵੀਨਰ ਐਡਵੋਕੇਟ ਸ਼ਰਫ਼ੁੱਦੀਨ ਅਹਿਮਦ ਨੇ ਅਹਿਮ ਭੂਮਿਕਾ ਨਿਭਾਈ, ਜਿਨ੍ਹਾਂ ਨੇ ਪੂਰੇ ਦੇਸ਼ ਵਿੱਚੋਂ ਨੌਜਵਾਨਾਂ ਨੂੰ ਇੱਕ ਮੰਚ 'ਤੇ ਇਕੱਠਾ ਕੀਤਾ।ਉਨ੍ਹਾਂ ਨਾਲ ਜਾਇੰਟ ਕਨਵੀਨਰ ਮਨੋਜ ਸਿੰਘ ਦੁਹਾਨ, ਕੋਆਰਡੀਨੇਟਰ ਹਾਸ਼ਿਮ ਮਲਿਕ ਤੇ ਅਬਦੁਲ ਰਸ਼ੀਦ ਕਾਸਮੀ ਨੇ ਵੀ ਪ੍ਰੋਗਰਾਮ ਦੀ ਸਫ਼ਲਤਾ ਲਈ ਦਿਨ-ਰਾਤ ਯੋਗਦਾਨ ਪਾਇਆ।

## ਸ਼ਹੀਦ ਪ੍ਰਿਥੀਪਾਲ ਸਿੰਘ ਚੱਕ ਅਲੀਸ਼ੇਰ ਦੀ ਬਰਸੀ ਸੰਬੰਧੀ ਝੰਡਾ ਮਾਰਚ



ਬੋਹਾ (ਨਿਰੰਜਣ ਬੋਹਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਜ਼ਮੀਨ ਬਚਾਓ ਅੰਦੋਲਨ ਦੇ ਅਮਰ ਸ਼ਹੀਦ ਪ੍ਰਿਥੀਪਾਲ ਸਿੰਘ ਚੱਕ ਅਲੀਸ਼ੇਰ ਦੀ 11 ਅਕਤੂਬਰ ਨੂੰ ਮਨਾਈ ਜਾ ਰਹੀ 16ਵੀਂ ਬਰਸੀ ਦੀ ਲਾਮਬੰਦੀ ਤਹਿਤ ਬੁਢਲਾਡਾ ਬਲਾਕ ਦੇ ਤਿੰਨ ਦਰਜਨ ਤੋਂ ਵੱਧ ਪਿੰਡਾਂ ਵਿੱਚ ਪ੍ਰਭਾਵਸ਼ਾਲੀ ਝੰਡਾ ਮਾਰਚ ਕੱਢਿਆ ਗਿਆ।ਮੋਟਰਸਾਈਕਲਾਂ, ਕਾਰਾਂ ਤੇ ਜੀਪਾਂ 'ਤੇ ਸਵਾਰ ਸੈਂਕੜੇ ਕਿਸਾਨਾਂ ਤੇ ਨੌਜਵਾਨਾਂ ਨੇ ਹੱਥਾਂ ਵਿੱਚ ਜਥੇਬੰਦੀ ਦੇ ਝੰਡੇ ਲੈ ਕੇ ਅਕਾਸ਼ ਗੁੰਜਾਊ ਨਾਅਰਿਆਂ ਨਾਲ ਇਲਾਕੇ ਦੇ ਪਿੰਡਾਂ ਨੂੰ ਗੂੰਜਣ ਲਾ ਦਿੱਤਾ। ?ਵੱਖ-ਵੱਖ ਪਿੰਡਾਂ ਵਿੱਚ ਇਕੱਠਾਂ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਸ਼ਹੀਦ ਪ੍ਰਿਥੀਪਾਲ ਸਿੰਘ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕੀਤਾ।ਆਗੂਆਂ ਨੇ ਦੱਸਿਆ ਕਿ ਅੱਜ ਤੋਂ 16 ਸਾਲ ਪਹਿਲਾਂ ਪਿੰਡ ਬੀਰੋਕੇ ਖੁਰਦ ਵਿਖੇ ਕਰਜ਼ੇ ਦੇ ਬਹਾਨੇ ਇੱਕ ਗਰੀਬ ਕਿਸਾਨ ਦੀ ਜ਼ਮੀਨ ਜਬਰੀ ਨਿਲਾਮ ਕਰਵਾਈ ਜਾ ਰਹੀ ਸੀ।ਉਸ ਸਮੇਂ ਸਰਕਾਰੀ ਸ਼ਹਿ ਪ੍ਰਾਪਤ ਤੰਤਰ ਤੇ ਧਨਾਢਾਂ ਵੱਲੋਂ ਕਿਸਾਨਾਂ ਦੀਆਂ ਜ਼ਮੀਨਾਂ ਧੜਾ-ਧੜ ਖੋਹੀਆਂ ਜਾ ਰਹੀਆਂ ਸਨ।ਸ਼ਹੀਦ ਪ੍ਰਿਥੀਪਾਲ ਸਿੰਘ ਨੇ ਇਸ ਧੱਕੇਸ਼ਾਹੀ ਖ਼ਿਲਾਫ਼ ਹਿੱਕ ਡਾਹ ਕੇ ਲੜਦਿਆਂ ਗੋਲੀਆਂ ਦਾ ਸਾਹਮਣਾ ਕੀਤਾ ਤੇ ਸ਼ਹਾਦਤ ਦਾ ਜਾਮ ਪੀਤਾ। ਆਗੂਆਂ ਨੇ ਸਮੂਹ ਕਿਰਤੀਆਂ, ਮਜ਼ਦੂਰਾਂ, ਕਿਸਾਨਾਂ ਤੇ ਨੌਜਵਾਨਾਂ ਨੂੰ 11 ਅਕਤੂਬਰ ਦੇ ਸ਼ਰਧਾਂਜਲੀ ਸਮਾਗਮ ਵਿੱਚ ਵਧ-ਚੜ੍ਹ ਕੇ ਪੁੱਜਣ ਦਾ ਸੱਦਾ ਦਿੱਤਾ। ?ਇਕੱਠਾਂ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਜਥੇਬੰਦੀ ਦੇ ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ, ਜ਼ਿਲ੍ਹਾ ਜਨਰਲ ਸਕੱਤਰ ਤਾਰਾ ਚੰਦ ਬਰੇਟਾ, ਜ਼ਿਲ੍ਹਾ ਮੀਤ ਪ੍ਰਧਾਨ ਤਰਸੇਮ ਸਿੰਘ ਚੱਕ ਅਲੀਸ਼ੇਰ ਤੇ ਦਰਸ਼ਨ ਸਿੰਘ ਗੁਰਨੇ ਕਲਾਂ ਪ੍ਰਮੁੱਖ ਸਨ।

# ਕਿਸਾਨਾਂ ਨੇ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ



ਮਜੀਠਾ (ਸੋਹਿਮ ਆਨੰਦ) - ਸ਼ੁੱਕਰਵਾਰ ਨੂੰ ਮਜੀਠਾ ਵਿਖੇ ਕਿਸਾਨ ਜਥੇਬੰਦੀਆਂ ਵੱਲੋਂ ਐਸ ਕੇ ਐਮ ਦੇ ਸੱਦੇ 'ਤੇ ਕੇਂਦਰ ਸਰਕਾਰ ਅਤੇ ਭਾਰਤੀ ਚੋਣ ਕਮਿਸ਼ਨ ਦੇ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਕਿਸਾਨਾਂ ਨੇ ਕਸਬੇ ਵਿੱਚ ਰੋਸ ਮਾਰਚ ਕੱਢਦਿਆਂ ਨਾਅਰੇਬਾਜ਼ੀ ਕੀਤੀ ਅਤੇ ਬਾਅਦ ਵਿੱਚ ਪੁਰਾਣੇ ਬੱਸ ਸਟੈਂਡ ਚੌਕ ਵਿਖੇ ਭਾਰਤੀ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕ ਕੇ ਰੋਸ ਦਾ ਪ੍ਰਗਟਾਵਾ ਕੀਤਾ। ਇਸ ਤੋਂ ਪਹਿਲਾਂ ਗੁਰਦੁਆਰਾ ਭਗਤ ਰਵਿਦਾਸ ਵਿਖੇ ਹੋਈ ਇਕੱਤਰਤਾ ਦੀ ਅਗਵਾਈ ਰਤਨ ਸਿੰਘ ਰੰਧਾਵਾ, ਬਲਕਾਰ ਸਿੰਘ ਦੁੱਧਾਲਾ, ਅਮਰੀਕ ਸਿੰਘ ਚੇਤਨਪੁਰਾ ਅਤੇ ਰਣਬੀਰ ਸਿੰਘ ਮਜੀਠਾ ਨੇ ਸਾਂਝੇ ਤੌਰ 'ਤੇ ਕੀਤੀ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਦੋਸ਼ ਲਾਇਆ ਕਿ ਚੋਣ ਕਮਿਸ਼ਨ ਵਰਗੀ ਸੰਵਿਧਾਨਕ ਸੰਸਥਾ ਦੀ ਕਾਰਗੁਜ਼ਾਰੀ ਸਬੰਧੀ ਕਿਸਾਨਾਂ ਅਤੇ ਆਮ ਲੋਕਾਂ ਵਿੱਚ ਗੰਭੀਰ ਚਿੰਤਾਵਾਂ ਪੈਦਾ ਹੋਈਆਂ ਹਨ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਵੋਟ ਦਾ ਅਧਿਕਾਰ ਬਹੁਤ ਮਹੱਤਵਪੂਰਨ ਹੈ ਅਤੇ ਇਸ ਦੀ ਰੱਖਿਆ ਲਈ ਜਥੇਬੰਦੀਆਂ ਵੱਲੋਂ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਹਰਭਜਨ ਸਿੰਘ, ਰਣਬੀਰ ਸਿੰਘ ਅਤੇ ਸੁੱਚਾ ਸਿੰਘ ਨੇ ਵੀ ਸੰਬੋਧਨ ਕਰਦਿਆਂ ਕਿਸਾਨੀ ਮਸਲਿਆਂ ਅਤੇ ਲੋਕਤੰਤਰਿਕ ਅਧਿਕਾਰਾਂ ਨਾਲ ਜੁੜੇ ਮੁੱਦਿਆਂ 'ਤੇ ਆਪਣੇ ਵਿਚਾਰ ਰੱਖੇ। ਇਕੱਤਰਤਾ ਉਪਰੰਤ ਕਿਸਾਨਾਂ ਨੇ ਗੁਰਦੁਆਰਾ ਸਾਹਿਬ ਤੋਂ ਰੋਸ ਮਾਰਚ ਸ਼ੁਰੂ ਕੀਤਾ, ਜੋ ਕਸਬੇ ਦੇ ਵੱਖ-ਵੱਖ ਰਸਤਿਆਂ ਤੋਂ ਹੁੰਦਾ ਹੋਇਆ ਪੁਰਾਣੇ ਬੱਸ ਸਟੈਂਡ ਚੌਕ ਪਹੁੰਚਿਆ। ਇਸ ਮੌਕੇ ਸੁਖਦੇਵ ਸਿੰਘ ਸੋਹੀਆਂ, ਸੁਖਵਿੰਦਰ ਸਿੰਘ ਚਵਿੰਡਾ ਦੇਵੀ, ਜਗਦੀਪ ਸਿੰਘ, ਹਰਦੀਪ ਸਿੰਘ ਹਦਾਇਤਪੁਰਾ, ਹਰਵਿੰਦਰ ਸਿੰਘ ਲਹਿਰਕਾ, ਸਤਪਾਲ ਸਿੰਘ, ਮੁਖਤਾਰ ਸਿੰਘ, ਹਰਪਾਲ ਸਿੰਘ, ਜਗਦੀਸ਼ ਸਿੰਘ, ਨਵਤੇਜ ਸਿੰਘ, ਸ਼ਮਸ਼ੇਰ ਸਿੰਘ, ਤੇਜਪਾਲ ਸਿੰਘ, ਬਲਜੀਤ ਸਿੰਘ, ਪਲਵਿੰਦਰ ਸਿੰਘ ਵਡਾਲਾ ਵੀਰਮ, ਕਰਮ ਸਿੰਘ ਝੰਡੇ ਅਤੇ ਵਜ਼ੀਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਡੀ ਸੀ ਵੱਲੋਂ ਪਰਾਲੀ ਨੂੰ ਅੱਗ ਲਗਾਉਣ ਵਾਲਿਆਂ ਨਾਲ ਸਖ਼ਤੀ ਨਾਲ ਨਿਪਟਣ ਦੇ ਹੁਕਮ

ਗੁਰਦਾਸਪੁਰ (ਜਨਕ ਮਹਾਜਨ)- ਜ਼ਿਲ੍ਹਾ ਗੁਰਦਾਸਪੁਰ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਖੇਤੀਬਾੜੀ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਕੀਤੇ ਜਾ ਰਹੇ ਉਪਰਾਲਿਆਂ ਦੇ ਬਾਵਜੂਦ ਖੇਤਾਂ ਵਿਚ ਅੱਗ ਲਗਾਉਣ ਵਾਲੇ ਕਿਸਾਨਾਂ ਖ਼ਿਲਾਫ਼ ਹੁਣ ਪ੍ਰਸ਼ਾਸਨ ਨੇ ਸਖ਼ਤ ਰੁਖ ਅਖ਼ਤਿਆਰ ਕਰ ਲਿਆ ਹੈ। ਕਿਸਾਨਾਂ ਨੂੰ ਲਗਾਤਾਰ ਜਾਗਰੂਕ ਕਰਨ, ਸਿਖਲਾਈ ਦੇਣ ਅਤੇ ਪਰਾਲੀ ਦੇ ਪ੍ਰਬੰਧਨ ਲਈ ਸਬਸਿਡੀ 'ਤੇ ਆਧੁਨਿਕ ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਦੇ ਬਾਵਜੂਦ ਜੇਕਰ ਕੋਈ ਕਿਸਾਨ ਖੇਤਾਂ ਵਿਚ ਅੱਗ ਲਗਾਉਂਦਾ ਹੈ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਅਤੇ ਨਿਯਮਾਂ ਤਹਿਤ ਐੱਫ.ਆਈ.ਆਰ ਦਰਜ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਡਾ. ਆਦਿੱਤਿਆ ਉੱਪਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿਛਲੇ ਕਰੀਬ ਦੋ ਮਹੀਨਿਆਂ ਤੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਟੀਮਾਂ ਦਾ ਗਠਨ ਕਰਕੇ ਉਨ੍ਹਾਂ ਨੂੰ ਫੀਲਡ ਵਿਚ ਕਿਸਾਨਾਂ ਨਾਲ ਸੰਪਰਕ ਕਰਨ ਅਤੇ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਸਿਖਲਾਈ ਦਿੱਤੀ ਗਈ ਹੈ। ਇਸ ਦੇ ਨਾਲ ਹੀ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਕੈਂਪ ਲਗਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਇਸ ਦੇ ਸੁਚੱਜੇ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ। ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਸਰਕਾਰ ਵੱਲੋਂ ਸਬਸਿਡੀ 'ਤੇ ਆਧੁਨਿਕ ਖੇਤੀ ਮਸ਼ੀਨਰੀ ਵੀ ਮੁਹੱਈਆ ਕਰਵਾਈ ਗਈ ਹੈ। ਇਨ੍ਹਾਂ ਮਸ਼ੀਨਾਂ ਦੀ ਮਦਦ ਨਾਲ ਕਿਸਾਨ ਪਰਾਲੀ ਨੂੰ ਖੇਤਾਂ ਵਿੱਚ ਹੀ ਸੰਭਾਲ ਕੇ ਜ਼ਮੀਨ ਦੀ ਉਪਜਾਊ ਸ਼ਕਤੀ ਵਧਾ ਸਕਦੇ ਹਨ। ਪ੍ਰਸ਼ਾਸਨ ਵੱਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਰੋਕਣ ਲਈ ਜ਼ਿਲ੍ਹੇ ਦੇ ਲਗਭਗ ਹਰੇਕ ਪਿੰਡ ਵਿੱਚ ਨੋਡਲ ਅਧਿਕਾਰੀ ਵੀ ਤਾਇਨਾਤ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਸੂਰਤ ਵਿੱਚ ਖੇਤਾਂ ਵਿਚ ਪਰਾਲੀ ਜਾਂ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ। ਉਨ੍ਹਾਂ ਸਪੱਸ਼ਟ ਕੀਤਾ ਕਿ ਖੇਤਾਂ ਵਿੱਚ ਅੱਗ ਲਗਾਉਣ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਪਰਚਾ ਦਰਜ ਕੀਤਾ ਜਾਵੇਗਾ।

# ਭਾਰਤੀ ਕਮਿਊਨਿਸਟ ਪਾਰਟੀ ਨੇ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕਿਆ



ਖੜ੍ਹਰ ਸਾਹਿਬ - ਵੋਟਰ ਸੂਚੀਆਂ ਦੀ ਸੁਧਾਈ ਕਰਨ ਸਮੇਂ ਐਸ ਆਈ ਆਰ ਦੀ ਆੜ ਹੇਠ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਲੋਂ ਦੇਸ਼ ਦੇ ਲੱਖਾਂ ਲੋਕਾਂ ਦੇ ਨਾਮ ਵੋਟਰ ਸੂਚੀਆਂ ਵਿੱਚੋਂ ਗਾਇਬ ਕਰਨ ਦੇ ਖ਼ਿਲਾਫ਼ ਸ਼ੁੱਕਰਵਾਰ ਨੂੰ ਭਾਰਤੀ ਕਮਿਊਨਿਸਟ ਪਾਰਟੀ ਦੇ ਖੜ੍ਹਰ ਸਾਹਿਬ ਬਲਾਕ ਨਾਲ ਸਬੰਧਤ ਵਰਕਰਾਂ ਨੇ ਖੜ੍ਹਰ ਸਾਹਿਬ ਦੇ ਬਜ਼ਾਰ ਵਿੱਚ ਰੋਸ ਮੁਜ਼ਾਹਰਾ ਕਰਕੇ ਸੂਬਾ ਕੌਂਸਲ ਮੈਂਬਰ ਕਾ.ਗੁਰਦਿਆਲ ਸਿੰਘ ਅਤੇ ਬਲਾਕ ਸਕੱਤਰ ਕਾ. ਬਲਜੀਤ ਸਿੰਘ ਫਤਿਆਬਾਦ ਦੀ ਅਗਵਾਈ ਹੇਠ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕ ਕੇ ਚੋਣ ਕਮਿਸ਼ਨ ਦੀ ਤਾਨਾਸ਼ਾਹੀ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾ.ਦਵਿੰਦਰ ਸੋਹਲ ਅਤੇ ਜ਼ਿਲ੍ਹਾ ਖਜ਼ਾਨਚੀ ਕਾ. ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਤਰ੍ਹਾਂ ਹਥਿਆਉਣ ਲਈ ਵੋਟਰ ਸੂਚੀਆਂ ਵਿੱਚੋਂ ਖ਼ਾਸ ਫਿਰਕੇ ਦੇ ਵੋਟਰਾਂ ਦੇ ਨਾਮ ਗਾਇਬ ਕਰ ਰਹੀ ਹੈ। ਇਸ ਫਾਸ਼ੀਵਾਦੀ ਨੀਤੀ ਨੂੰ ਕਮਿਊਨਿਸਟ ਪਾਰਟੀਆਂ ਅਤੇ ਦੇਸ਼ ਦੀਆਂ ਹੋਰ ਸੈਕੂਲਰ ਧਿਰਾਂ ਕਦਾਚਿਤ ਬਰਦਾਸ਼ਤ ਨਹੀਂ ਕਰਨਗੀਆਂ। ਕਮਿਊਨਿਸਟ ਆਗੂਆਂ ਨੇ ਮੁੱਖ ਚੋਣ ਕਮਿਸ਼ਨਰ ਨੂੰ ਅਹੁਦੇ ਤੋਂ ਤੁਰੰਤ ਫਾਰਗ ਕਰਕੇ ਗਿਰਫ਼ਤਾਰ ਕਰਨ ਦੀ ਮੰਗ ਕੀਤੀ। ਇਸ ਮੌਕੇ ਕਮਿਊਨਿਸਟ ਆਗੂਆਂ ਨੇ ਲਗਾਤਾਰ ਵੱਧ ਰਹੀ ਮਹਿੰਗਾਈ 'ਤੇ ਚਿੰਤਾ ਜ਼ਾਹਰ ਕਰਦਿਆਂ ਦਿਨੋਂ-ਦਿਨ ਵੱਧ ਰਹੀਆਂ ਕੀਮਤਾਂ 'ਤੇ ਕੰਟਰੋਲ ਕਰਨ ਦੀ ਮੰਗ ਕੀਤੀ। ਇਸ ਮੌਕੇ ਕਾ. ਦਰਸ਼ਨ ਸਿੰਘ ਬਿਹਾਰੀਪੁਰ, ਜਗਤਾਰ ਸਿੰਘ ਖੜ੍ਹਰ ਸਾਹਿਬ, ਦਲਜੀਤ ਸਿੰਘ ਕੋਟ, ਸੁਖਦੇਵ ਸਿੰਘ ਝਲਾਈਪੁਰ, ਗੁਰਚਰਨ ਸਿੰਘ ਕੰਡਾ, ਧੁੰਨ ਸਿੰਘ ਵੇਈਂਪੂਈ, ਭਗਵੰਤ ਸਿੰਘ ਵੇਈਂਪੂਈ, ਮੇਜਰ ਸਿੰਘ ਦਾਰਾਪੁਰ, ਸੁਖਵਿੰਦਰ ਸਿੰਘ ਮੁਗਲਾਣੀ, ਜਤਿੰਦਰ ਕੁਮਾਰ ਮੁਗਲਾਣੀ, ਆਦਿ ਆਗੂਆਂ ਨੇ ਪਾਰਟੀ ਦੇ ਝੰਡੇ ਲੈ ਕੇ ਰੋਸ ਮੁਜ਼ਾਹਰੇ ਵਿੱਚ ਹਿੱਸਾ ਲਿਆ।

# ਖੇਡਾਂ ਵਤਨ ਪੰਜਾਬ ਦੀਆਂ ਤਹਿਤ ਰਾਜ ਪੱਧਰੀ ਖੇਡਾਂ ਬਟਾਲਾ ਵਿਖੇ ਅੱਜ ਤੋਂ

ਬਟਾਲਾ ( ਤਰਲੋਕ ਬੱਗਾ )-ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ, ਖੇਡ ਵਿਭਾਗ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ-2026, ਪੰਜਾਬ ਦੇ ਵੱਧ ਤੋਂ ਵੱਧ ਵਸਨੀਕਾਂ/ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਕਾਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਖੇਡਾਂ ਦੇ ਪੱਧਰ ਨੂੰ ਉੱਚਾ ਚੁੱਕਣ, ਪ੍ਰਤਿਭਾ ਅਤੇ ਹੁਨਰ ਦੀ ਭਾਲ ਕਰਨ, ਭਾਈਚਾਰਾ ਤੇ ਸਦਭਾਵਨਾ ਪੈਦਾ ਕਰਨਾ, ਵੱਧ ਤੋਂ ਵੱਧ ਬੱਚਿਆਂ ਨੂੰ ਖੇਡਾਂ ਨਾਲ ਜੋੜ ਕੇ ਸਿਹਤਮੰਦ ਅਤੇ ਰੰਗਲੇ ਪੰਜਾਬ ਦੀ ਸਿਰਜਣਾ ਕਰਨ ਲਈ ਭਰਪੂਰ ਯਤਨ ਕਰ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ, ਖੇਡ ਵਿਭਾਗ ਵੱਲੋਂ ਰਾਜ ਪੱਧਰੀ ਖੇਡਾਂ 10 ਅਕਤੂਬਰ ਤੋਂ 23 ਨਵੰਬਰ ਤੱਕ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕਰਵਾਈਆਂ ਜਾ ਰਹੀਆਂ ਹਨ, ਜਿਸ ਅਨੁਸਾਰ ਜ਼ਿਲ੍ਹਾ ਗੁਰਦਾਸਪੁਰ ਵਿੱਚ ਰਾਜ ਪੱਧਰੀ ਖੇਡਾਂ 10 ਅਕਤੂਬਰ ਤੋਂ 15 ਅਕਤੂਬਰ ਤੱਕ ਆਰ.ਡੀ.ਖੋਸਲਾ ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਇੰਡੋਰ ਹਾਲ ਵਿਖੇ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਅੱਗੇ ਦੱਸਿਆ ਕਿ ਰਾਜ ਪੱਧਰੀ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੇ ਖਿਡਾਰੀ ਬੇਰਿੰਗ ਕਾਲਜ, ਬਟਾਲਾ, ਡਾ. ਬੀ.ਆਰ.ਬੀ. ਡੀ.ਏ.ਵੀ ਸੈਂਟੇਨਰੀ ਪਬਲਿਕ ਸਕੂਲ, ਨੇੜੇ ਹਥਨੀ ਪੁੱਲ, ਬੈਂਕ ਕਲੋਨੀ, ਬਟਾਲਾ ਅਤੇ ਗੁਰਦੁਆਰਾ ਸ੍ਰੀ ਅੱਚਲ ਸਾਹਿਬ, ਬਟਾਲਾ ਵਿਖੇ ਠਹਿਰਨਗੇ।

# ਰਾਮਲੀਲ੍ਹਾ ਮੌਕੇ ਸ਼ਾਕੀ ਕੱਢੀ ਜਾਵੇਗੀ : ਹਰੀਸ਼ ਅਰੋੜਾ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਸ੍ਰੀ ਰਾਧਾ ਕ੍ਰਿਸ਼ਨਾ ਡਰਾਮਾਟਿਕ ਕਲੱਬ (ਰਜਿ.), ਮੰਦਿਰ ਗਾਗਰਾਂ ਵਾਲਾ ਵੱਲੋਂ 11 ਅਕਤੂਬਰ ਤੋਂ ਪ੍ਰਾਚੀਨ ਤੇ ਇਤਿਹਾਸਕ ਸ੍ਰੀ ਰਾਮਲੀਲਾ ਦਾ ਸ਼ਾਨਦਾਰ ਮੰਚਨ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਸੰਸਥਾਪਕ ਹਰੀਸ਼ ਅਰੋੜਾ, ਪ੍ਰਧਾਨ ਕਵਲਜੀਤ ਸਿੰਘ, ਜਨਰਲ ਸਕੱਤਰ ਰਮੇਸ਼ ਸੋਨੀ ਅਤੇ ਡਾਇਰੈਕਟਰ ਗੌਰਵ ਅਰੋੜਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਸ਼ਾਰਦੀ ਨਰਾਤਿਆਂ ਦੇ ਪਵਿੱਤਰ ਮੌਕੇ 'ਤੇ 11 ਅਕਤੂਬਰ ਤੋਂ 19 ਅਕਤੂਬਰ ਤੱਕ ਹਰ ਰੋਜ਼ ਰਾਤ 8 ਵਜੇ ਤੋਂ ਪ੍ਰਭੂ ਸ੍ਰੀ ਰਾਮ ਦੇ ਜੀਵਨ 'ਤੇ ਆਧਾਰਿਤ ਵੱਖ-ਵੱਖ ਪ੍ਰਸੰਗਾਂ ਦਾ ਮੰਚਨ ਕੀਤਾ ਜਾਵੇਗਾ। ਰਾਮਲੀਲਾ ਦੇ ਸ਼ੁਭ ਆਰੰਭ ਤੋਂ ਪਹਿਲਾਂ 10 ਅਕਤੂਬਰ ਨੂੰ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿੱਚ ਸ਼ਾਨਦਾਰ ਸ਼ਾਕੀ ਕੱਢੀ ਜਾਵੇਗੀ।

# ਪੁੱਤਰ ਦੇ ਅਕਾਲ ਚਲਾਣੇ 'ਤੇ ਦੁੱਖ ਸਾਂਝਾ ਕਰਨ ਵਾਲਿਆਂ ਦਾ ਧੰਨਵਾਦ



ਮਜੀਠਾ ( ਸੋਹਿਮ ਆਨੰਦ) - ਮਜੀਠਾ ਹਲਕਾ ਦੇ ਆਮ ਆਦਮੀ ਪਾਰਟੀ ਦੇ ਸਾਬਕਾ ਇੰਚਾਰਜ, ਮਜੀਠਾ, ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ ਦੇ ਨੌਜਵਾਨ ਸਪੁੱਤਰ ਅਕਾਸ਼ਦੀਪ ਸਿੰਘ ਮਜੀਠਾ ਦੇ ਪਿਛਲੇ ਦਿਨੀਂ ਹੋਏ ਅਕਾਲ ਚਲਾਣੇ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਪਹੁੰਚੀਆਂ ਵੱਖ-ਵੱਖ ਧਾਰਮਿਕ, ਰਾਜਨੀਤਿਕ ਅਤੇ ਸਮਾਜ ਸੇਵੀ ਸ਼ਖ਼ਸੀਅਤਾਂ, ਇਲਾਕਾ ਨਿਵਾਸੀਆਂ, ਸੱਜਣਾਂ-ਮਿੱਤਰਾਂ ਅਤੇ ਪੱਤਰਕਾਰ ਭਾਈਚਾਰੇ ਦਾ ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ ਵੱਲੋਂ ਧੰਨਵਾਦ ਕੀਤਾ ਗਿਆ ਹੈ।

ਇਸ ਸਬੰਧੀ ਉਨ੍ਹਾਂ ਕਿਹਾ ਕਿ ਪੁੱਤਰ ਦੇ ਵਿਛੋੜੇ ਦਾ ਦੁੱਖ ਪਰਿਵਾਰ ਲਈ ਬੇਹੱਦ ਅਸਹਿਣਯੋਗ ਹੈ। ਇਸ ਦੁੱਖ ਦੀ ਘੜੀ ਵਿੱਚ ਜਿਨ੍ਹਾਂ ਵੀ ਸੱਜਣਾਂ ਨੇ ਉਨ੍ਹਾਂ ਦੇ ਪਰਿਵਾਰ ਕੋਲ ਪਹੁੰਚ ਕੇ ਹੌਸਲਾ ਦਿੱਤਾ ਅਤੇ ਦੁੱਖ ਸਾਂਝਾ ਕੀਤਾ, ਉਹ ਉਨ੍ਹਾਂ ਦੇ ਹਮੇਸ਼ਾ ਰਿਣੀ ਰਹਿਣਗੇ। ਉਨ੍ਹਾਂ ਕਿਹਾ ਕਿ ਦੁੱਖ ਦੇ ਸਮੇਂ ਆਪਣੇਪਣ ਅਤੇ ਹਮਦਰਦੀ ਦੇ ਦੋ ਸ਼ਬਦ ਵੀ ਪੀੜਤ ਪਰਿਵਾਰ ਨੂੰ ਵੱਡਾ ਸਹਾਰਾ ਦਿੰਦੇ ਹਨ।

# ਆਲਮਗੀਰ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ 'ਤੇ ਕਬਜ਼ਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ : ਗੜਗੱਜ

ਸ੍ਰੀ ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਲੁਧਿਆਣਾ ਜ਼ਿਲ੍ਹੇ ਵਿੱਚ ਸਥਿਤ ਇਤਿਹਾਸਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਦਸਵੀਂ, ਆਲਮਗੀਰ ਦੇ ਲੰਗਰ ਹਾਲ ਵਿਚ ਕੁਝ ਸ਼ਰਾਰਤੀ ਬਿਰਤੀ ਵਾਲੇ ਲੋਕਾਂ ਵੱਲੋਂ ਇੱਟਾਂ-ਰੋੜਿਆਂ ਨਾਲ ਕੀਤੇ ਗਏ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਗੱਲ ਆਖੀ ਹੈ। ਉਨ੍ਹਾਂ ਕਿਹਾ ਕਿ ਪ੍ਰਾਪਤ ਜਾਣਕਾਰੀ ਅਨੁਸਾਰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਦਸਵੀਂ, ਆਲਮਗੀਰ ਦੇ ਪ੍ਰਬੰਧਕ, ਸਥਾਨਕ ਸ਼੍ਰੋਮਣੀ ਕਮੇਟੀ ਮੈਂਬਰਾਂ ਤੇ ਸਿੱਖ ਆਗੂਆਂ ਨੇ ਸ਼ਿਕਾਇਤ ਕੀਤੀ ਹੈ ਕਿ ਇਸ ਮਾਮਲੇ ਵਿੱਚ ਦੋਸ਼ੀਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਵਾਉਣ ਦੀ ਬਜਾਏ ਉਨ੍ਹਾਂ ਨੂੰ ਜਲ੍ਹ ਭਿਜਵਾ ਦਿੱਤਾ ਹੈ ਅਤੇ ਕਥਿਤ ਦੋਸ਼ੀਆਂ ਦੇ ਹੱਕ ਵਿਚ ਭੁਗਤਣ ਵਾਲੇ ਸਰਕਾਰੀ ਪ੍ਰਸ਼ਾਸਨ ਵੱਲੋਂ ਵੀ ਢਿੱਲ ਵਰਤੀ ਜਾ ਰਹੀ ਹੈ। ਇਸ ਘਟਨਾ ਪਿੱਛੇ ਕੰਮ ਕਰਦੀ ਮਾਨਸਿਕਤਾ ਪੰਜਾਬ ਦੀ ਅਮਨ ਸ਼ਾਂਤੀ ਤੇ ਭਾਈਚਾਰਕ ਸਾਂਝ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੂੰ ਇਸ ਮਸਲੇ ਤੋਂ ਤੁਰੰਤ ਹੀ ਸੇਧ ਲੈਂਦਿਆਂ ਪੰਜਾਬ ਅੰਦਰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਗੁਰੂਆਂ ਦੀ ਇਸ ਪਾਵਨ ਧਰਤੀ ਉੱਤੇ ਕੋਈ ਵੀ ਬਾਹਰੀ ਵਿਅਕਤੀ ਗ਼ੈਰ-ਕਾਨੂੰਨ ਕਬਜ਼ੇ ਨਾ ਕਰੇ। ਗੜਗੱਜ ਨੇ ਕਿਹਾ ਕਿ ਇਹ ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਦੀ ਵੱਡੀ ਅਣਗਹਿਲੀ ਹੈ ਕਿ ਜਿਹੜੇ ਆਏ ਲੋਕ ਬਿਨਾਂ ਕਾਨੂੰਨ ਦੇ ਡਰ ਭੈਅ ਤੋਂ ਕੀਮਤੀ ਥਾਵਾਂ ਉੱਤੇ ਕਬਜ਼ਾ ਕਰ ਰਹੇ ਹਨ, ਜਦਕਿ ਪ੍ਰਸ਼ਾਸਨ ਦੀ ਇਹ ਪਹਿਲੀ ਜ਼ਿੰਮੇਵਾਰੀ ਹੈ ਕਿ ਅਜਿਹਾ ਨਾ ਹੋਵੇ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸੋਂ ਇਸ ਮਾਮਲੇ ਦੀ ਸਮੁੱਚੀ ਰਿਪੋਰਟ ਮੰਗੀ ਗਈ ਹੈ ਅਤੇ ਆਦੇਸ਼ ਕੀਤੇ ਗਏ ਹਨ ਕਿ ਲੁਧਿਆਣਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਤੇ ਪੁਲਸ ਕਮਿਸ਼ਨਰ ਨੂੰ ਪੱਤਰ ਲਿਖ ਕੇ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਇਹ ਆਦੇਸ਼ ਵੀ ਕੀਤਾ ਗਿਆ ਹੈ ਕਿ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਨਾਲ ਲਿਖਾਪੜ੍ਹੀ ਕਰਕੇ ਇਹ ਯਕੀਨੀ ਬਣਾਇਆ ਜਾਵੇ ਕਿ ਪੰਜਾਬ ਅੰਦਰ ਕਿਸੇ ਵੀ ਗੁਰਦੁਆਰਾ ਸਾਹਿਬ ਖਾਸਕਰ ਇਤਿਹਾਸਕ ਗੁਰੂ ਘਰਾਂ ਦੇ ਨੇੜੇ ਕੋਈ ਵੀ ਗ਼ੈਰ-ਕਾਨੂੰਨੀ ਢੰਗ ਨਾਲ ਸਾਡੀਆਂ ਇਤਿਹਾਸਕ ਜ਼ਮੀਨਾਂ ਉੱਤੇ ਕਬਜ਼ਾ ਕਰਕੇ ਆਪਣੇ ਟਿਕਾਣੇ ਨਾ ਬਣਾਉਣ। ਉਨ੍ਹਾਂ ਕਿਹਾ ਕਿ ਕੁਝ ਲੋਕਾਂ ਵੱਲੋਂ ਇਸ ਘਟਨਾ ਨਾਲ ਜੋੜਦਿਆਂ ਏ-ਆਈ ਨਾਲ ਤਸਵੀਰਾਂ ਬਣਾ ਕੇ ਸੋਸ਼ਲ ਮੀਡੀਆ ਉੱਤੇ ਵਾਇਰਲ ਕੀਤੀਆਂ ਜਾ ਰਹੀਆਂ ਹਨ ਜੋ ਕਿ ਠੀਕ ਵਰਤਾਰਾ ਨਹੀਂ। ਉਨ੍ਹਾਂ ਕਿਹਾ ਇਹ ਸੰਜੀਦਾ ਮਾਮਲਾ ਹੈ ਜਿਸ ਨਾਲ ਕਿਸੇ ਤਰ੍ਹਾਂ ਦੀ ਗਲਤ ਜਾਣਕਾਰੀ ਪੰਜਾਬ ਅੰਦਰ ਮਾਹੌਲ ਨੂੰ ਖਰਾਬ ਕਰ ਸਕਦੀ ਹੈ।

# ਸਰਕਾਰੀ ਮਿਡਲ ਸਕੂਲ ਸਹਿਜ਼ਾਦਾ ਵਿਖੇ ਮਾਪੇ-ਅਧਿਆਪਕ ਮਿਲਣੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) - ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਕੂਲ ਸਿੱਖਿਆ ਵਿਭਾਗ ਵਲੋਂ ਸਕੂਲ ਸਿੱਖਿਆ ਵਿੱਚ ਗੁਣਾਤਮਿਕ ਸੁਧਾਰ ਅਤੇ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਲਈ ਅਨੇਕਾਂ ਉਪਰਾਲੇ ਕੀਤੇ ਜਾ ਰਹੇ ਹਨ। ਇਨ੍ਹਾਂ ਉਪਰਾਲਿਆਂ ਤਹਿਤ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਗੁਰਦਾਸਪੁਰ ਦੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਰਾਜੇਸ਼ ਸ਼ਰਮਾ ਦੇ ਆਦੇਸ਼ਾਂ 'ਤੇ ਸਰਕਾਰੀ ਮਿਡਲ ਸਕੂਲ ਸਹਿਜ਼ਾਦਾ ਵਿਖੇ ਇੰਚਾਰਜ ਗੁਰਮਿੰਦਰ ਸਿੰਘ ਦੀ ਅਗਵਾਈ ਹੇਠ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ।

ਇਸ ਮੌਕੇ ਸਕੂਲ ਦੇ ਸਟਾਫ ਵੱਲੋਂ ਟਰਮ-1 ਸਤੰਬਰ ਦੀਆਂ ਪ੍ਰੀਖਿਆਵਾਂ ਵਿੱਚ ਵਿਦਿਆਰਥੀਆਂ ਵੱਲੋਂ ਕੀਤੀ ਗਈ ਕਾਰਗੁਜ਼ਾਰੀ ਅਤੇ ਹੋਰ ਉਪਲੱਬਧੀਆਂ ਬਾਰੇ ਮਾਪਿਆਂ ਨੂੰ ਜਾਣਕਾਰੀ ਦਿੱਤੀ ਗਈ ਅਤੇ ਸਕੂਲ ਸਿੱਖਿਆ ਦੇ ਪ੍ਰਬੰਧਾਂ ਨੂੰ ਬਿਹਤਰ ਬਣਾਉਣ ਵਾਸਤੇ ਵਿਚਾਰ ਵਟਾਂਦਰਾ ਕੀਤਾ ਗਿਆ।

ਇਸ ਮੌਕ ਪਿੰਡ ਦੇ ਸਰਪੰਚ, ਮੋਹਤਬਰਾਂ ਅਤੇ ਐਸ ਐਮ ਸੀ ਦੇ ਮੈਂਬਰ, ਇੰਚਾਰਜ ਗੁਰਮਿੰਦਰ ਸਿੰਘ,ਮੈਡਮ ਸੁਖਜਿੰਦਰ ਕੌਰ, ਮੈਡਮ ਅਨੀਤਾ ਰਾਣੀ, ਮਾਸਟਰ ਰਜਿੰਦਰ ਕੁਮਾਰ, ਸੇਵਾਦਾਰ ਵਾਰਿਸ ਮਸੀਹ ਆਦਿ ਅਧਿਆਪਕ ਹਾਜ਼ਰ ਸਨ।

# ਜੋੜ ਮੇਲੇ ਮੌਕੇ ਦੁੱਧ ਪਕੌੜਿਆਂ ਦੇ ਲੰਗਰ ਲਗਾਏ

ਝਬਾਲ (ਹਰਜਿੰਦਰ ਸਿੰਘ ਸੋਨੀ)-ਬ੍ਰਹਮ ਗਿਆਨੀ, ਧੰਨ ਧੰਨ ਬਾਬਾ ਬੁੱਢਾ ਸਾਹਿਬ ਦੇ ਪਵਿੱਤਰ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਮਨਾਏ ਜਾ ਰਹੇ ਸਲਾਨਾ ਜੋੜ ਮੇਲੇ ਮੌਕੇ ਨਤਮਸਤਕ ਹੋਣ ਲਈ ਆਉਣ ਵਾਲੇ ਸ਼ਰਧਾਲੂਆਂ ਲਈ ਦੁੱਧ ਅਤੇ ਪਕੌੜਿਆਂ ਦੇ ਲੰਗਰ ਲਗਾਏ ਗਏ। ਭਾਈ ਮਨਜਿੰਦਰ ਸਿੰਘ ਭੁੱਚ ਵੱਲੋਂ ਸੰਗਤਾਂ ਨੂੰ ਰੋਕ ਰੋਕ ਕੇ ਬੜੀ ਨਿਮਰਤਾ ਸਹਿਤ ਛਕਾਇਆ ਗਿਆ। ਇਸ ਮੌਕੇ ਹੀਰਾ ਟੇਲਰਜ਼, ਬਲਬੀਰ ਸਿੰਘ ਸੰਧੀ ਸਵੀਟ ਸ਼ਾਪ ਵਾਲੇ, ਡਾ. ਗੁਲਸ਼ਨ ਕੁਮਾਰ, ਦੀਪ ਸਿੰਘ ਝਬਾਲ, ਲਾਲੀ ਦਿਲਜੀਤ ਫੋਟੋ ਸਟੂਡੀਓ, ਲਵ ਝਬਾਲ, ਪ੍ਰਿੰਸ, ਗੋਰਾ ਆਰੇ ਵਾਲਾ, ਪੰਚਾਇਤ ਮੈਂਬਰ ਸਾਗਰ ਸ਼ਰਮਾ, ਪੱਤਰਕਾਰ ਜਤਿੰਦਰ ਸ਼ਰਮਾ ਮਦਨ ਫੋਟੋ ਸਟੂਡੀਓ ਅਤੇ ਹੋਰ ਨਗਰ ਦੀਆਂ ਸੰਗਤਾਂ ਵੀ ਹਾਜ਼ਰ ਸਨ।



# ਅੱਜ ਦੀ ਰੈਲੀ ਸਰਕਾਰ ਦੀਆਂ ਜੜ੍ਹਾਂ ਹਿਲਾ ਦੇਵੇਗੀ : ਆਗੂ



ਧਾਰੀਵਾਲ (ਮਨਦੀਪ ਵਿੱਕੀ)- ਬਿਜਲੀ ਮੁਲਾਜ਼ਮਾਂ ਵੱਲੋਂ ਮੁਲਾਜ਼ਮ ਅਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ ਅਨੁਸਾਰ 10 ਅਕਤੂਬਰ ਦੀ ਸੰਗਰੂਰ ਰੈਲੀ ਦੀ ਤਿਆਰੀ ਸਬੰਧੀ ਜ਼ਿਲ੍ਹਾ ਕੋ ਕਨਵੀਨਰ ਜੁਗਲ ਕਿਸ਼ੋਰ ਬੱਲ ਦੀ ਅਗਵਾਈ ਵਿੱਚ ਇੱਕ ਮੀਟਿੰਗ ਹੋਈ ਜਿਸ ਵਿੱਚ ਕਿਹਾ ਗਿਆ ਕਿ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੀ ਸੂਬਾ ਮੀਟਿੰਗ ਵਿੱਚ ਲਏ ਫੈਸਲੇ ਅਨੁਸਾਰ 10 ਅਕਤੂਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਮਹਾਂਰੈਲੀ ਵਿੱਚ ਵੱਡੀ ਗਿਣਤੀ ਵਿੱਚ ਪੰਜਾਬ ਦੇ ਐਨ ਪੀ ਐਸ ਮੁਲਾਜ਼ਮਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਕਮੇਟੀ ਨੇ ਪੰਜਾਬ ਸਰਕਾਰ ਦੀ ਮੁਲਾਜ਼ਮ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਅਪਣਾਈ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰ ਰਹੀ ਹੈ। ਪੁਰਾਣੀ ਪੈਨਸ਼ਨ ਦੇ ਮੁੱਦੇ ਤੇ ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ ਐਨ ਪੀ ਐਸ ਮੁਲਾਜ਼ਮਾਂ ਨਾਲ ਵਾਅਦਾ ਖਿਲਾਫੀ ਕੀਤੀ ਹੈ ਤੇ ਸੱਤਾ ਦਾ ਚਾਰ ਸਾਲ ਬੀਤ ਜਾਣ ਬਾਅਦ ਵੀ ਪੰਜਾਬ ਦੇ ਦੋ ਲੱਖ ਮੁਲਾਜ਼ਮਾਂ ਨਾਲ ਪੁਰਾਣੀ ਪੈਨਸ਼ਨ ਬਹਾਲੀ ਦਾ ਕੀਤਾ ਵਾਅਦਾ ਨਹੀਂ ਨਿਭਾਇਆ । ਇਸ ਸਮੇਂ ਸੁਖਬੀਰ ਸਿੰਘ ਕਲੇਰ, ਜਵਾਹਰ ਸਿੰਘ ਕਲੇਰ ਰਕੇਸ਼ ਕੁਮਾਰ ,ਅਨਿਲ ਕੁਮਾਰ ਕੁਲਦੀਪ ਸਿੰਘ, ਵਿਜੇ ਕੁਮਾਰ ਗਗਨਦੀਪ ਸਿੰਘ ਆਦਿ ਜ਼ਿਲ੍ਹਾ ਕਮੇਟੀ ਮੈਂਬਰ ਹਾਜ਼ਰ ਸਨ।

# ਮਹਾਰਾਜਾ ਗੈਸ ਸਰਵਿਸ ਵੱਲੋਂ ਨਵੇਂ ਗੈਸ ਕੁਨੈਕਸ਼ਨ 'ਤੇ ਭਾਰੀ ਛੋਟ

ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲੀ)-ਸਥਾਨਕ ਮਹਾਰਾਜਾ ਗੈਸ ਸਰਵਿਸ ਵੱਲੋਂ ਪੱਤਰਕਾਰਾਂ ਨਾਲ ਪ੍ਰੈਸ ਮਿਲਣੀ ਕਰਦੇ ਹੋਏ ਏਜੰਸੀ ਦੀ ਮਾਲਕ ਸ੍ਰੀਮਤੀ ਸਿਮਰਜੀਤ ਕੌਰ ਸੱਗੂ ਅਤੇ ਐਮ ਡੀ ਅਮਰਿੰਦਰ ਸਿੰਘ ਸੰਨੀ ਨੇ ਦੱਸਿਆ ਕਿ ਇੰਡੀਅਨ ਆਇਲ ਕਾਰਪੋਰੇਸ਼ਨ ਵੱਲੋਂ 5 ਅਤੇ 10 ਕਿਲੋ ਦੇ ਨਵੇਂ ਗੈਸ ਕਨੈਕਸ਼ਨ ਉਪਲਬਧ ਹਨ , ਜਿਨਾਂ ਤੇ 250 ਰੁਪਏ ਦੀ ਛੋਟ ਮਿਲੇਗੀ ਅਤੇ ਰੀਫਿਲ ਕਰਵਾਉਣ 'ਤੇ ਵੀ 200 ਰੁਪਏ ਤੱਕ ਦੀ ਛੋਟ ਮਿਲੇਗੀ ਇਸ ਸਬੰਧੀ ਉਹਨਾਂ ਨੇ ਇੰਡੀਅਨ ਆਇਲ ਕਾਰਪੋਰੇਸ਼ਨ ਵੱਲੋਂ ਪ੍ਰਮਾਣਿਤ ਇਸ਼ਤਿਹਾਰ ਵੀ ਜਾਰੀ ਕੀਤਾ ਹੈ।

# ਜਤਿੰਦਰ ਸਿੰਘ ਸ਼ੰਟੀ 11 ਨੂੰ ਦੀਨਾਨਗਰ ਤੇ ਬਟਾਲਾ ਪਹੁੰਚਣਗੇ

ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ )-ਪੰਜਾਬ ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ 11 ਅਕਤੂਬਰ ਨੂੰ ਜ਼ਿਲ੍ਹਾ ਗੁਰਦਾਸਪੁਰ ਪਹੁੰਚਣਗੇ ਅਤੇ ਦੀਨਾਨਗਰ ਅਤੇ ਬਟਾਲਾ ਵਿਖੇ ਵਿਖੇ ਖੁੱਲ੍ਹੀ ਸੁਣਵਾਈ ਕੈਂਪ ਵਿੱਚ ਲੋਕਾਂ ਦੀਆਂ ਮੁਸ਼ਕਲਾਂ ਸੁਣਨਗੇ। ਉਨ੍ਹਾਂ ਵਲੋਂ 11 ਅਕਤੂਬਰ ਨੂੰ ਪਹਿਲਾਂ ਐੱਸ.ਐੱਸ.ਐੱਮ ਕਾਲਜ ਦੀਨਾਨਗਰ ਵਿਖੇ ਸਵੇਰੇ 11 ਵਜੇ ਖੁੱਲ੍ਹੀ ਸੁਣਵਾਈ ਕੈਂਪ ਵਿੱਚ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਜਾਣਗੀਆਂ। ਉਪਰੰਤ ਦੁਪਹਿਰ 2.30 ਵਜੇ ਕਾਮਧੇਨੂ ਗਊਸ਼ਾਲਾ ਸਮਾਧ ਰੋਡ, ਬਟਾਲਾ ਵਿਖੇ ਖੁੱਲ੍ਹੀ ਸੁਣਵਾਈ ਕੈਂਪ ਵਿੱਚ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਜਾਣਗੀਆਂ।

# ਵਿਧਾਇਕ ਰੰਧਾਵਾ ਨੇ 86 ਪੰਚਾਇਤਾਂ ਨੂੰ ਪਿੰਡਾਂ ਦੇ ਵਿਕਾਸ ਕਾਰਜਾਂ ਲਈ 5 ਕਰੋੜ ਦੇ ਚੈੱਕ ਤਕਸੀਮ ਕੀਤੇ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਆਮ ਆਦਮੀ ਪਾਰਟੀ ਦੇ ਡੇਰਾ ਬਾਬਾ ਨਾਨਕ ਤੋਂ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸ਼ੁੱਕਰਵਾਰ ਫੇਸ 3 ਰੰਗਲਾ ਪੰਜਾਬ ਸਕੀਮ ਤਹਿਤ ਬਲਾਕ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ ਦੀਆਂ 86 ਪੰਚਾਇਤਾਂ ਨੂੰ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਕਰੀਬ 5 ਕਰੋੜ ਦੀ ਰਾਸ਼ੀ ਦੇ ਚੈੱਕ ਵੰਡੇ । ਇਸ ਮੌਕੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਡੇਰਾ ਬਾਬਾ ਨਾਨਕ ਦੇ ਦਫਤਰ ਵਿਖੇ ਕਰਵਾਏ ਗਏ ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਹਲਕਾ ਵਿਧਾਇਕ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਬਲਾਕ ਡੇਰਾ ਬਾਬਾ ਨਾਨਕ ਦੇ ਸਮੂਹ ਸਰਪੰਚਾਂ ਤੇ ਪੰਚਾਇਤ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਲਕਾ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ 86 ਪੰਚਾਇਤਾਂ ਨੂੰ 5 ਕਰੋੜ ਦੀ ਰਾਸ਼ੀ ਜਾਰੀ ਕੀਤੀ ਗਈ ਹੈ, ਸੋ ਅੱਜ ਉਸ ਰਾਸ਼ੀ ਦੇ ਚੈੱਕ ਵੰਡੇ ਜਾ ਰਹੇ ਹਨ। ਉਹਨਾਂ ਸਰਪੰਚਾਂ ਨੂੰ ਅਪੀਲ ਕੀਤੀ ਕਿ ਉਹ ਇਸ ਗ੍ਰਾਂਟ ਦਾ ਸਹੀ ਇਸਤੇਮਾਲ ਕਰਨ। ਉਨ੍ਹਾਂ ਇਹ ਗ੍ਰਾਂਟ ਜਾਰੀ ਕਰਨ ਲਈ ਪੰਜਾਬ ਸਰਕਾਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ।ਇਸ ਮੌਕੇ ਡੇਰਾ ਬਾਬਾ ਨਾਨਕ ਤੇ ਕਲਾਨੌਰ ਦੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਸੁਰਜੀਤ ਸਿੰਘ ਬਰਾੜ ਨੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦਾ ਧੰਨਵਾਦ ਕਰਦਿਆਂ ਸਰਪੰਚਾਂ ਨੂੰ ਅਪੀਲ ਕੀਤੀ ਕਿ ਉਹ ਇਸ ਗ੍ਰਾਂਟ ਦਾ ਸਹੀ ਇਸਤੇਮਾਲ ਕਰਕੇ ਆਪਣੇ ਪਿੰਡਾਂ ਦੀ ਨੁਹਾਰ ਬਦਲਣ।

ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਆਪ ਆਗੂ ਚੰਨਣ ਸਿੰਘ ਖਾਲਸਾ, ਪੀ ਓ ਨਰਿੰਦਰ ਸਿੰਘ, ਸਕੱਤਰ ਜਗਤਾਰ ਸਿੰਘ, ਸਰਪੰਚ ਗੁਰਮੇਜ ਸਿੰਘ ਸ਼ਾਮਪੁਰਾ, ਵਿਜੇ ਕੁਮਾਰ ਸ਼ਰਮਾ, ਸਕੱਤਰ ਜਸਵਿੰਦਰ ਸਿੰਘ, ਸਕੱਤਰ ਹਰਿੰਦਰ ਸਿੰਘ, ਸਕੱਤਰ ਮਲੂਕ ਸਿੰਘ, ਸੁਖਜਿੰਦਰ ਸਿੰਘ ਸਰਪੰਚ ਜੌੜੀਆਂ ਕਲਾਂ, ਸਾਹਿਬ ਗਿੱਲ ਸੈਕਟਰੀ, ਬਿਕਰਮਜੀਤ ਸਿੰਘ ਸੈਕਟਰੀ, ਰਮਨ ਕੁਮਾਰ ਸੈਕਟਰੀ, ਐਡਵੋਕੇਟ ਪਰਿਵਰਤਨ ਸਿੰਘ ਸਰਪੰਚ ਸੰਗਤੂਵਾਲ, ਰਜਿੰਦਰ ਸਿੰਘ ਘੁੰਮਣ, ਨਿਰਮਲ ਸਿੰਘ ਸਰਪੰਚ ਮੋਹਲੋਵਾਲੀ, ਹਰਦੇਵ ਸਿੰਘ ਹਰੂਵਾਲ ਆਦਿ ਹਾਜ਼ਰ ਸਨ ।

# ਪੰਜਾਬ ਸਰਕਾਰ ਕਰ ਰਹੀ ਹੈ ਏਜੰਸੀਆਂ ਦੀ ਦੁਰਵਰਤੋਂ : ਸੁਖਵਿੰਦਰ ਸਿੰਘ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):- ਕਾਂਗਰਸ ਦੇ ਸੀਨੀਅਰ ਆਗੂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਅਤੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. 'ਤੇ ਵਿਰੋਧੀ ਆਗੂਆਂ ਅਤੇ ਵਰਕਰਾਂ ਨੂੰ ਦਬਾਉਣ ਲਈ ਸਰਕਾਰੀ ਜਾਂਚ ਏਜੰਸੀਆਂ ਦੀ ਦੁਰਵਰਤੋਂ ਕਰਨ ਦੇ ਦੋਸ਼ ਲਗਾਏ ਹਨ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਕੁਝ ਸਮਾਂ ਪਹਿਲਾਂ ਪਿੰਡ ਸਰਜਾ ਦੇ ਸਰਪੰਚ ਮਲਕੀਤ ਸਿੰਘ ਨੂੰ ਵਿਜੀਲੈਂਸ ਵੱਲੋਂ ਪੁੱਛਗਿੱਛ ਲਈ ਬੁਲਾਇਆ ਜਾਣਾ ਕਈ ਸਵਾਲ ਖੜ੍ਹੇ ਕਰਦਾ ਹੈ। ਡੈਨੀ ਬੰਡਾਲਾ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਕੇਂਦਰੀ ਜਾਂਚ ਏਜੰਸੀਆਂ ਦੀ ਦੁਰਵਰਤੋਂ 'ਤੇ ਸਵਾਲ ਚੁੱਕੇ ਜਾਂਦੇ ਹਨ ਤਾਂ ਪੰਜਾਬ ਸਰਕਾਰ ਨੂੰ ਵੀ ਦੱਸਣਾ ਚਾਹੀਦਾ ਹੈ ਕਿ ਚੋਣਾਂ ਤੋਂ ਠੀਕ ਪਹਿਲਾਂ ਵਿਜੀਲੈਂਸ ਦੀ ਕਾਰਵਾਈ ਕਿਉਂ ਯਾਦ ਆਈ। ਉਨ੍ਹਾਂ ਕਿਹਾ ਕਿ ਪੌਣੇ ਪੰਜ ਸਾਲਾਂ ਦੇ ਕਾਰਜਕਾਲ ਦੌਰਾਨ ਜੇਕਰ ਕੋਈ ਮਾਮਲਾ ਸੀ ਤਾਂ ਇਸ 'ਤੇ ਪਹਿਲਾਂ ਕਾਰਵਾਈ ਕਿਉਂ ਨਹੀਂ ਕੀਤੀ ਗਈ। ਉਨ੍ਹਾਂ ਦੋਸ਼ ਲਗਾਇਆ ਕਿ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਪਿੰਡ ਸਰਜਾ ਦੇ ਚੁਣੇ ਹੋਏ ਨੁਮਾਇੰਦਿਆਂ ਨਾਲ ਧੱਕੇਸ਼ਾਹੀ ਕੀਤੀ ਗਈ। ਇਸ ਮੌਕੇ ਮਲਕੀਤ ਸਿੰਘ ਸਰਜਾ ਸਾਬਕਾ ਸਰਪੰਚ, ਮਨਜਿੰਦਰ ਸਿੰਘ ਸਰਜਾ , ਰਣਜੀਤ ਸਿੰਘ, ਰਾਣਾ ਜੰਡ, ਪਰਮਿੰਦਰ ਸਿੰਘ ਰਿੰਪਣ, ਰਾਜਪਾਲ ਸਿੰਘ ਗੁਰਪਾਲ ਸਿੰਘ ਅਤੇ ਹੋਰ ਮੌਜੂਦ ਸਨ।

# 'ਆਪ' ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਪੁਰਾਣਾ ਸ਼ਾਲਾ ਦਾਣਾ ਮੰਡੀ ਦਾ ਦੌਰਾ

ਗੁਰਦਾਸਪੁਰ, (ਜਨਕ ਮਹਾਜਨ)- ਝੋਨੇ ਦੇ ਚੱਲ ਰਹੇ ਸਰਕਾਰੀ ਖਰੀਦ ਸੀਜ਼ਨ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਪੁਰਾਣਾ ਸ਼ਾਲਾ ਦੀ ਦਾਣਾ ਮੰਡੀ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨੇ ਮੰਡੀ ਵਿਚ ਝੋਨੇ ਦੀ ਆਮਦ, ਸਰਕਾਰੀ ਖਰੀਦ ਦੀ ਰਫ਼ਤਾਰ



ਅਤੇ ਕਿਸਾਨਾਂ ਲਈ ਕੀਤੇ ਗਏ ਵੱਖ-ਵੱਖ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਜਸਬੀਰ ਸਿੰਘ ਕਠਿਆਲੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ, ਜਿਨ੍ਹਾਂ ਨੇ ਮੰਡੀ ਵਿੱਚ ਚੱਲ ਰਹੀਆਂ ਗਤੀਵਿਧੀਆਂ ਬਾਰੇ ਹਲਕਾ ਇੰਚਾਰਜ ਨੂੰ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਸ਼ਮਸ਼ੇਰ ਸਿੰਘ ਨੇ ਮੰਡੀ ਵਿੱਚ ਮੌਜੂਦ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ। ਉਨ੍ਹਾਂ ਨੇ ਮੌਕੇ 'ਤੇ ਹਾਜ਼ਰ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਫ਼ਸਲ ਦੀ ਤੁਲਾਈ, ਬਾਰਦਾਨੇ ਦੀ ਉਪਲਬਧਤਾ ਅਤੇ ਚੁਕਾਈ ਦੇ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਮੰਡੀਆਂ ਵਿੱਚ ਰਾਤਾਂ ਨਾ ਕੱਟਣੀਆਂ ਪੈਣ ਅਤੇ ਉਨ੍ਹਾਂ ਦੀ ਫ਼ਸਲ ਦੀ ਤੁਰੰਤ ਖਰੀਦ ਯਕੀਨੀ ਬਣਾਈ ਜਾਵੇ।

ਇਸ ਮੌਕੇ ਬਲਾਕ ਪ੍ਰਧਾਨ ਬਲਬੀਰ ਸਿੰਘ ਗੁੰਝੀਆਂ, ਬਲਾਕ ਪ੍ਰਧਾਨ ਬਲਜੀਤ ਸਿੰਘ ਫੌਜੀ, ਨਿਸ਼ਾਨ ਸਿੰਘ ਗੁੰਝੀਆਂ, ਸਰਪੰਚ ਰਕੇਸ਼ ਠਾਕੁਰ, ਸਰਪੰਚ ਵਰਿੰਦਰ ਸਿੰਘ ਮੁੰਨਾ, ਸਰਪੰਚ ਜੋਗਿੰਦਰ ਪਾਲ ਕਾਲਾ, ਸਰਪੰਚ ਬਲਵਿੰਦਰ ਪਾਲ ਦਾਊਵਾਲ, ਰਾਜਨ ਮੀਲਵਾਂ ਅਤੇ ਹਰਮਿੰਦਰ ਸਿੰਘ ਗੁੰਝੀਆਂ ਦੇ ਇਲਾਵਾ ਇਲਾਕੇ ਦੇ ਕਈ ਪਤਵੰਤੇ ਸੱਜਣ ਅਤੇ ਆਪ ਆਗੂ ਵੀ ਮੌਜੂਦ ਸਨ।

# ਗੁਰਦੁਆਰਾ ਭਾਈ ਬਹਿਲੋ ਜੀ ਦੇ ਮਾਮਲੇ 'ਚ ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਹਿਣ ਸੰਗਤਾਂ : ਕਾਹਲਵਾਂ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਗੁਰਦੁਆਰਾ ਭਾਈ ਬਹਿਲੋ ਜੀ, ਫਫੜੇ ਭਾਈ ਕੇ ਦਾ ਸ਼੍ਰੋਮਣੀ ਕਮੇਟੀ ਵੱਲੋਂ ਜਬਰੀ ਪ੍ਰਬੰਧ ਲੈਣ ਬਾਰੇ ਕੀਤੇ ਜਾ ਰਹੇ ਗੁੰਮਰਾਹਕੁੰਨ ਪ੍ਰਚਾਰ ਨੂੰ ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਰੱਦ ਕਰਦਿਆਂ ਸੰਗਤਾਂ ਨੂੰ ਅਜਿਹੇ ਤੱਥਾਂ ਤੋਂ ਰਹਿਤ ਪ੍ਰਚਾਰ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ। ਕਾਹਲਵਾਂ ਨੇ ਕਿਹਾ ਕਿ ਗੁਰਦੁਆਰਾ ਭਾਈ ਬਹਿਲੋ ਜੀ ਦਾ ਪ੍ਰਬੰਧ ਸੈਕਸ਼ਨ 87 ਹੇਠ ਆਉਂਦਾ ਹੈ।

ਉਨ੍ਹਾਂ ਕਿਹਾ ਕਿ ਚੁਣੀ ਹੋਈ ਲੋਕਲ ਕਮੇਟੀ ਦੇ ਪ੍ਰਧਾਨ ਦੇ ਅਕਾਲ ਚਲਾਣਾ ਕਰ ਜਾਣ 'ਤੇ ਪ੍ਰਬੰਧ ਨੂੰ ਮੁੱਖ ਰੱਖਦਿਆਂ ਸਿੱਖ ਗੁਰਦੁਆਰਾ ਜੁਡੀਸ਼ਲ ਕਮਿਸ਼ਨ ਵੱਲੋਂ ਇਸ ਦਾ ਪ੍ਰਬੰਧ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨਾਲ ਅਟੈਚ ਕਰਨ ਦੇ ਆਦੇਸ਼ ਹੋਏ ਹਨ। ਅਦਾਲਤ ਨੇ ਇਨ੍ਹਾਂ ਆਦੇਸ਼ਾਂ ਦੀ ਪਾਲਣਾ ਕਰਦਿਆਂ ਪ੍ਰਬੰਧ ਸਬੰਧੀ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਬਿਜੈ ਸਿੰਘ ਦੀ ਡਿਊਟੀ ਲਗਾਈ ਗਈ ਸੀ, ਜਿਨ੍ਹਾਂ ਨੇ ਸੰਗਤਾਂ ਦੀ ਹਾਜ਼ਰੀ ਵਿਚ ਬਣਦੀ ਕਾਰਵਾਈ ਕੀਤੀ ਹੈ। ਉਨ੍ਹਾਂ ਕਿਹਾ ਕਿ ਸਥਾਨਕ ਕੁਝ ਲੋਕਾਂ ਵੱਲੋਂ ਜਾਣਬੁੱਝ ਕੇ ਸ਼੍ਰੋਮਣੀ ਕਮੇਟੀ ਖਿਲਾਫ਼ ਝੂਠਾ ਪ੍ਰਚਾਰ ਕਰਕੇ ਸੰਗਤਾਂ ਨੂੰ ਗੁੰਮਰਾਹ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ। ਕਾਹਲਵਾਂ ਨੇ ਸਪੱਸ਼ਟ ਕੀਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਨੂੰ ਮਨਮਰਜ਼ੀ ਜਾਂ ਕਿਸੇ ਧਿਰ ਨੂੰ ਨਿਸ਼ਾਨਾ ਬਣਾਉਣ ਦੀ ਭਾਵਨਾ ਨਾਲ ਆਪਣੇ ਹੱਥ ਵਿਚ ਲੈਣ ਦੀ ਕਾਰਵਾਈ ਨਹੀਂ ਕੀਤੀ ਜਾ ਰਹੀ, ਸਗੋਂ ਸਿੱਖ ਗੁਰਦੁਆਰਾ ਜੁਡੀਸ਼ਲ ਕਮਿਸ਼ਨ ਦੇ ਆਦੇਸ਼ਾਂ ਅਤੇ ਗੁਰਦੁਆਰਾ ਪ੍ਰਬੰਧ ਨਾਲ ਸਬੰਧਤ ਕਾਨੂੰਨੀ ਪ੍ਰਕਿਰਿਆ ਦੇ ਅਨੁਸਾਰ ਹੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਪਿੰਡ ਦੀ ਸੰਗਤ, ਪੰਚਾਇਤ ਅਤੇ ਪੁਲਸ ਪ੍ਰਸ਼ਾਸਨ ਨਾਲ ਗੱਲਬਾਤ ਰਾਹੀਂ ਇਹ ਮਾਮਲਾ ਬੜੇ ਸੁਹਿਰਦ ਢੰਗ ਨਾਲ ਹੱਲ ਹੋ ਚੁੱਕਾ ਹੈ ਅਤੇ ਗੁਰਦੁਆਰਾ ਸਾਹਿਬ ਦੀਆਂ ਗੋਲਕਾਂ ਦੀ ਗਿਣਤੀ ਵੀ ਪਿੰਡ ਦੇ ਮੋਹਤਬਰ ਮੈਂਬਰਾਂ ਦੀ ਹਾਜ਼ਰੀ ਵਿਚ ਅਗਲੇ ਦਿਨਾਂ ਵਿਚ ਕਰ ਲਈ ਜਾਵੇਗੀ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਇਕਪਾਸੜ ਜਾਂ ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਹਿਣ।

# ਬਾਬਾ ਬੁੱਢਾ ਜੀ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਤ ਗੁਰਦੁਆਰਾ ਬਾਬਾ ਅਲਖ ਰਾਮ ਜੀ ਵਿਖੇ ਧਾਰਮਿਕ ਮੁਕਾਬਲੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੋਸਾਇਟੀ (ਰਜਿ.) ਪੰਜਾਬ ਵੱਲੋਂ ਬਾਬਾ ਬੁੱਢਾ ਸਾਹਿਬ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਤ ਗੁਰਦੁਆਰਾ ਬਾਬਾ ਅਲਖ ਰਾਮ ਜੀ ਪਿੰਡ ਡੱਲ ਵਿਖੇ ਬੱਚਿਆਂ ਦੇ ਦਸਤਾਰ ਅਤੇ ਦੁਮਾਲਾ ਸਜਾਉਣ ਦੇ ਨਾਲ-ਨਾਲ ਸੁੰਦਰ ਲਿਖਾਈ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਪਿੰਡ ਦੇ ਲਗਪਗ 100 ਬੱਚਿਆਂ ਨੇ ਭਾਗ ਲਿਆ।ਮੁਕਾਬਲਿਆਂ ਲਈ ਦੂਜੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਬੱਚਿਆਂ ਦੇ ਚਾਰ ਗਰੁੱਪ ਬਣਾਏ ਗਏ। ਹਰੇਕ ਗਰੁੱਪ ਵਿੱਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ ਗਿਆ, ਜਦਕਿ ਬਾਕੀ ਸਾਰੇ ਹੀ ਬੱਚਿਆਂ ਨੂੰ ਮੈਡਲ ਦੇ ਕੇ ਉਤਸ਼ਾਹਤ ਕੀਤਾ ਗਿਆ। ਇਸ ਮੌਕੇ ਸੋਸਾਇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਈ ਜਗਜੀਤ ਸਿੰਘ ਅਹਿਮਦਪੁਰ, ਸਕੱਤਰ ਭਾਈ ਨਿਰਮਲ ਸਿੰਘ ਸੁਰਸਿੰਘ, ਗੁਰਪ੍ਰੀਤ ਸਿੰਘ ਸ਼ੈਡੀ ਅਤੇ ਮੁੱਖ ਬੁਲਾਰੇ ਭਾਈ ਸੁਖਵਿੰਦਰ ਸਿੰਘ ਖਾਲੜਾ ਨੇ ਬੱਚਿਆਂ ਨਾਲ ਵਿਚਾਰ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਬਾਬਾ ਬੁੱਢਾ ਜੀ ਨੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਛੋਟੀ ਉਮਰ ਵਿੱਚ ਹੀ ਮਹਾਨ ਬਖ਼ਸ਼ਿਸ਼ਾਂ ਪ੍ਰਾਪਤ ਕੀਤੀਆਂ। ਇਸ ਮੌਕੇ ਸੋਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਮੀਤ ਪ੍ਰਧਾਨ ਹੀਰਾ ਸਿੰਘ ਸੋਹਲ, ਮੀਤ ਸਕੱਤਰ ਹਰਚਰਨ ਸਿੰਘ ਉਬੋਕੇ, ਖ਼ਜ਼ਾਨਚੀ ਗੁਰਜੰਟ ਸਿੰਘ ਭਿੱਖੀਵਿੰਡ, ਕੋਆਰਡੀਨੇਟਰ ਹਰਪ੍ਰੀਤ ਸਿੰਘ ਅਤੇ ਹਰਜੀਤ ਸਿੰਘ ਲਹਿਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿੰਡ ਡੱਲ ਵਿੱਚ ਕਾਫ਼ੀ ਸਮਾਂ ਪਹਿਲਾਂ ਵੀ ਬੱਚਿਆਂ ਲਈ ਗੁਰਮਤਿ ਕਲਾਸਾਂ ਲਗਾਈਆਂ ਜਾਂਦੀਆਂ ਸਨ। ਇਨ੍ਹਾਂ ਹੀ ਕਲਾਸਾਂ ਵਿੱਚੋਂ ਗੁਰਮਤਿ ਸਿੱਖਿਆ ਗ੍ਰਹਿਣ ਕਰ ਕੇ ਅਨੇਕਾਂ ਬੱਚੇ ਸਿੱਖ ਪ੍ਰਚਾਰਕ ਬਣੇ ਹਨ। ਦਸਤਾਰ ਅਤੇ ਦੁਮਾਲਾ ਸਜਾਉਣ ਮੁਕਾਬਲਿਆਂ ਵਿੱਚ ਜੱਜ ਦੀ ਭੂਮਿਕਾ ਹਰਮਨਦੀਪ ਸਿੰਘ, ਹੁਸਨਦੀਪ ਸਿੰਘ, ਸੁਖਮਨਦੀਪ ਸਿੰਘ ਅਤੇ ਗਗਨਦੀਪ ਸਿੰਘ ਨੇ ਨਿਭਾਈ।ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਸਹਿਯੋਗ ਦੇਣ ਲਈ ਸੋਸਾਇਟੀ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੱਤਰਕਾਰ ਜਗਜੀਤ ਸਿੰਘ ਡੱਲ ਨੂੰ ਸਿਰੋਪਾਓ ਅਤੇ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਭਾਈ ਰਛਪਾਲ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਸਕੱਤਰ ਸਿੰਘ, ਭਾਈ ਰੂਪ ਸਿੰਘ, ਭਾਈ ਚਾਨਣ ਸਿੰਘ ਅਤੇ ਭਾਈ ਰਣਜੀਤ ਸਿੰਘ ਦੇ ਨਾਲ ਗ੍ਰੰਥੀ ਭਾਈ ਸਲਵਿੰਦਰ ਸਿੰਘ ਨੂੰ ਵੀ ਗੁਰੂ ਦੀ ਬਖ਼ਸ਼ਿਸ਼ ਵਜੋਂ ਸਿਰੋਪਾਓ ਦੇ ਕੇ ਸੋਸਾਇਟੀ ਵਿੱਚ ਸ਼ਾਮਲ ਕੀਤਾ ਗਿਆ। ਨਵੇਂ ਮੈਂਬਰਾਂ ਨੇ ਸੋਸਾਇਟੀ ਵੱਲੋਂ ਸੌਂਪੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਭਾਈ ਦਿਲਬਾਗ ਸਿੰਘ ਡੱਲ, ਆਕਾਸ਼ਦੀਪ ਸਿੰਘ, ਵਜ਼ੀਰ ਸਿੰਘ ਆਸਲ, ਰਣਬੀਰ ਸਿੰਘ ਵੀਰਮ, ਨਿੰਦਰਪਾਲ ਸਿੰਘ ਮਖੂ, ਅਮਨਦੀਪ ਸਿੰਘ ਸਭਰਾ, ਮਨਪ੍ਰੀਤ ਸਿੰਘ ਚੀਮਾ, ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੁਖਦੇਵ ਸਿੰਘ ਫੌਜੀ ਅਤੇ ਅਜੀਤ ਸਿੰਘ ਡੱਲ ਤੋਂ ਇਲਾਵਾ ਪ੍ਰੈੱਸ ਸਕੱਤਰ ਅਜੀਤ ਸਿੰਘ ਘਰਿਆਲਾ ਆਦਿ ਹਾਜ਼ਰ ਸਨ।

# ਸਰਕਾਰੀ ਸਕੂਲਾਂ 'ਚ ਪੜ੍ਹਾਈ ਦਾ ਸੁਖਾਵਾਂ ਮਾਹੌਲ ਬਣਾਇਆ : ਰਮਨ ਬਹਿਲ



ਗੁਰਦਾਸਪੁਰ, (ਦਿਨੇਸ਼ ਕੁਮਾਰ)- ਸਕੂਲ ਸਿੱਖਿਆ ਵਿਭਾਗ ਪੰਜਾਬ ਵਲੋਂ ਮਾਪੇ - ਅਧਿਆਪਕ ਰਿਸ਼ਤੇ ਨੂੰ ਹੋਰ ਗੂੜ੍ਹਾ ਕਰਨ ਲਈ ਅਤੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਹਾਸਲ ਕਰ ਰਹੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਿਦਿਆਰਥੀਆਂ ਦੀ ਵਿਦਿਅਕ ਕਾਰਗੁਜ਼ਾਰੀ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਉਣ ਦੇ ਨਾਲ ਜ਼ਿਲਾ ਗੁਰਦਾਸਪੁਰ ਵਿੱਚ ਮੈਗਾ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ। ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਗੁਰਦਾਸਪੁਰ, ਪ੍ਰਾਇਮਰੀ ਸਕੂਲ ਕਚਹਿਰੀ ਰੋਡ ਅਤੇ ਬਹਿਰਾਮਪੁਰ ਰੋਡ ਅਤੇ ਮਿਡਲ ਸਕੂਲ ਸਾਧੂਚੱਕ ਵਿਖੇ ਮੈਗਾ ਮਾਪੇ ਅਧਿਆਪਕ ਮਿਲਣੀ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ ਅਤੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮਿਲਕੇ ਗੱਲਬਾਤ ਕੀਤੀ। ਇਸ ਮੌਕੇ ਪਿੰਸੀਪਲ ਬਲਜਿੰਦਰ ਕੌਰ ਸ.ਕੰ.ਸ.ਸ.ਸ ਗੁਰਦਾਸਪੁਰ, ਬੀ.ਪੀ.ਈ.ਓ ਰਾਕੇਸ਼ ਸ਼ਰਮਾ ਗੁਰਦਾਸਪੁਰ-2, ਹੈੱਡ ਟੀਚਰ ਸੁਖਬੀਰ ਕੌਰ ਬਹਿਰਾਮਪੁਰ ਰੋਡ ਗੁਰਦਾਸਪੁਰ, ਹੈੱਡ ਟੀਚਰ ਕੰਵਲਜੀਤ ਕੌਰ ਕਚਿਹਰੀ ਰੋਡ ਗੁਰਦਾਸਪੁਰ, ਹੈੱਡ ਮਾਸਟਰ ਦਵਿੰਦਰ ਸ਼ਰਮਾ ਸ.ਹ.ਸ ਸਾਧੂਚੱਕ, ਸੇਵਾ ਮੁਕਤ ਪ੍ਰਿੰਸੀਪਲ ਬਲਬੀਰ ਸਿੰਘ, ਹਲਕਾ ਕੋਆਰਡੀਨੇਟਰ ਐਜੂਕੇਸ਼ਨ ਗੁਰਦਾਸਪੁਰ, ਅਸ਼ਵਨੀ ਕੁਮਾਰ, ਸੰਜੀਵ ਸਰਪਾਲ, ਐਜੂਕੇਸ਼ਨਿਸਟ, ਸਰਪੰਚ ਰਜਤ ਗੰਜੂ, ਮੈਂਬਰ ਰਜਿੰਦਰ ਕੁਮਾਰ, ਚੇਅਰਮੈਨ ਸਕੂਲ ਮਨੇਜਮੈਂਟ ਕਮੇਟੀ ਨਿੰਮਾ ਅਤੇ ਬੱਚਿਆਂ ਦੇ ਮਾਪੇ ਵੱਡੀ ਗਿਣਤੀ ਵਿੱਚ ਹਾਜ਼ਿਰ ਸਨ । ਇਸ ਮੌਕੇ ਰਮਨ ਬਹਿਲ ਨੇ ਬੱਚਿਆਂ ਨੂੰ ਪੜ੍ਹਾਈ ਲਈ ਦਿੱਤੇ ਸੁਖਾਵੇਂ ਮਾਹੌਲ ਅਤੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਦਿੱਲੀ ਦੇ ਸਾਬਕਾ ਸਿੱਖਿਆ ਮੰਤਰੀ ਮਨੀਸ਼ ਸਿਸੋਦੀਆ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ । ਰਮਨ ਬਹਿਲ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਵਲੋਂ ਪੰਜ ਸਾਲ ਪਹਿਲਾਂ ਲੋਕਾਂ ਨਾਲ ਨਾਲ ਇੱਕ ਵਾਅਦਾ ਕੀਤਾ ਸੀ। ਇਹ ਵਾਅਦਾ ਸੀ ਕਿ ਭਾਵੇਂ ਉਹ ਬੱਚਾ ਕਿਸੇ ਮਜ਼ਦੂਰ, ਡਰਾਈਵਰ ਜਾਂ ਕਿਸਾਨ ਦਾ ਹੋਵੇ ਉਹ ਉਸੇ ਪੱਧਰ ਦੀ ਸਿੱਖਿਆ ਹਾਸਲ ਕਰੇਗਾ, ਜੋ ਕਿਸੇ ਅਮੀਰ ਘਰ ਦੇ ਬੱਚੇ ਨੂੰ ਮਿਲਦੀ ਹੈ ।ਅੱਜ ਅਸੀਂ ਮਾਣ ਨਾਲ ਕਹਿ ਸਕਦੇ ਹਾਂ ਕਿ ਅਸੀਂ ਆਪਣਾ ਇਹ ਵਾਅਦਾ ਨਿਭਾਇਆ ਹੈ।

# ਅਣਪਛਾਤੇ ਲੁਟੇਰੇ ਔਰਤ ਦੀਆਂ ਸੋਨੇ ਦੀਆਂ ਵਾਲੀਆਂ ਖੋਹ ਕੇ ਫ਼ਰਾਰ



ਧਾਰੀਵਾਲ (ਮਨਦੀਪ ਵਿੱਕੀ)- ਸ਼ਹਿਰ ਧਾਰੀਵਾਲ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਵਿੱਚ ਲੁੱਟਾਂ-ਖੋਹਾਂ ਅਤੇ ਚੋਰੀ ਦੀਆਂ ਵਾਰਦਾਤਾਂ ਰੁਕਣ ਦਾ ਨਾਂਅ ਨਹੀਂ ਲੈ ਰਹੀਆਂ, ਜਿਸ ਕਾਰਨ ਸਥਾਨਕ ਨਿਵਾਸੀਆਂ ਵਿੱਚ ਅੰਦਰ ਡਰ ਅਤੇ ਰੋਸ ਦਾ ਮਾਹੌਲ ਹੈ। ਤਾਜ਼ਾ ਮਾਮਲੇ ਵਿੱਚ ਬੇਖੌਫ਼ ਅਣਪਛਾਤੇ ਲੁਟੇਰਿਆਂ ਵੱਲੋਂ ਇੱਕ ਔਰਤ ਨੂੰ ਨਿਸ਼ਾਨਾ ਬਣਾਉਂਦੇ ਹੋਏ ਉਸ ਦੇ ਕੰਨਾਂ ਦੀਆਂ ਸੋਨੇ ਦੀਆਂ ਵਾਲੀਆਂ ਖੋਹ ਕੇ ਫ਼ਰਾਰ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਪੀੜਤ ਰਾਜ ਰਾਣੀ ਪਤਨੀ ਲੇਟ ਰਾਮਦਾਸ ਵਾਸੀ ਕ੍ਰਿਸ਼ਨਾ ਗਲੀ ਨੰਬਰ 1 ਨੇ ਦੱਸਿਆ ਕਿ ਉਹ ਆਪਣੇ ਘਰ ਤੋਂ ਨਜ਼ਦੀਕ ਹੀ ਪੰਡਿਤ ਰਾਮ ਸ਼ਰਨ ਦਾਸ ਪਾਰਕ ਦੇ ਨਜ਼ਦੀਕ ਦਵਾਈ ਤੇ ਕੁਝ ਘਰੇਲੂ ਸਮਾਨ ਲੈ ਕੇ ਘਰ ਨੂੰ ਵਾਪਸ ਆ ਰਹੀ ਸੀ ਤਾਂ ਪਹਿਲਾਂ ਹੀ ਪਾਰਕ ਦੇ ਇਰਦ ਗਿਰਦ ਘੁੰਮ ਰਹੇ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਵਿਚੋਂ ਇੱਕ ਨੌਜਵਾਨ ਨੇ ਪਿੱਛੋਂ ਦੀ ਆ ਕੇ ਗਲੀ 'ਚ ਵੜਦੇ ਸਾਰ ਹੀ ਉਸ ਦੀਆਂ ਵਾਲੀਆਂ ਖੋਹ ਲਈਆਂ ਤੇ ਕੁਝ ਹੀ ਦੂਰੀ ਤੇ ਖੜ੍ਹੇ ਦੂਸਰੇ ਮੋਟਰਸਾਈਕਲ ਸਵਾਰ ਦੇ ਨਾਲ ਬੈਠ ਕੇ ਦੋਨੋਂ ਲੁਟੇਰੇ ਬਿਜਲੀ ਘਰ ਵਾਲੀ ਗਲੀ ਰਾਹੀਂ ਫਰਾਰ ਹੋ ਗਏ। ਪੀੜਤ ਔਰਤ ਨੇ ਇਸ ਘਟਨਾ ਸੰਬੰਧੀ ਥਾਣਾ ਧਾਰੀਵਾਲ ਦੀ ਪੁਲਸ ਨੂੰ ਸੂਚਨਾ ਦੇ ਦਿੱਤੀ ਹੈ। ਸ਼ਹਿਰ ਵਾਸੀਆਂ ਨੇ ਰੋਸ ਪ੍ਰਗਟਾਉਂਦਿਆਂ ਕਿਹਾ ਕਿ ਧਾਰੀਵਾਲ ਵਿੱਚ ਦਿਨ-ਦਿਹਾੜੇ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਪੁਲਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਵੱਡੇ ਸਵਾਲੀਆ ਨਿਸ਼ਾਨ ਖੜ੍ਹੇ ਕਰਦਾ ਹੈ। ਹੁਣ ਔਰਤਾਂ ਦਾ ਘਰਾਂ ਤੋਂ ਬਾਹਰ ਨਿਕਲਣਾ ਵੀ ਅਸੁਰੱਖਿਅਤ ਹੋ ਗਿਆ ਹੈ।ਇਲਾਕਾ ਨਿਵਾਸੀਆਂ ਨੇ ਪੁਲਸ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਸ਼ਹਿਰ ਵਿੱਚ ਗਸ਼ਤ ਵਧਾਈ ਜਾਵੇ।

# ਡਾ. ਰਜਿੰਦਰ ਰਿਖੀ ਰਈਆ 'ਚ ਸਵੱਛਤਾ ਮੁਹਿੰਮ ਦੇ ਬ੍ਰਾਂਡ ਅੰਬੈਸਡਰ ਨਿਯੁਕਤ



ਰਈਆ ( ਡੀ ਕੇ ਰੈਡੀ )-ਨਗਰ ਪੰਚਾਇਤ ਰਈਆ ਵਿਖੇ ਪ੍ਰਧਾਨ ਸੰਜੀਵ ਭੰਡਾਰੀ ਦੀ ਅਗਵਾਈ ਹੇਠ ਇੱਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਕੌਂਸਲਰ ਡਾ. ਰਜਿੰਦਰ ਰਿਖੀ ਨੂੰ ਰਈਆ ਵਿੱਚ ਸਵੱਛਤਾ ਮੁਹਿੰਮ ਦਾ ਬ੍ਰਾਂਡ ਅੰਬੈਸਡਰ ਨਿਯੁਕਤ ਕੀਤਾ ਗਿਆ। ਡਾ. ਰਜਿੰਦਰ ਰਿਖੀ ਪਹਿਲਾਂ ਵੀ ਰਈਆ ਵਿੱਚ ਸਵੱਛਤਾ ਮੁਹਿੰਮ ਦੇ ਬ੍ਰਾਂਡ ਅੰਬੈਸਡਰ ਰਹਿ ਚੁੱਕੇ ਹਨ ।ਇਸ ਮੌਕੇ ਵਿਧਾਇਕ ਦਲਬੀਰ ਸਿੰਘ ਟੌਂਗ, ਨਗਰ ਪੰਚਾਇਤ ਰਈਆ ਦੇ ਪ੍ਰਧਾਨ ਸੰਜੀਵ ਭੰਡਾਰੀ, ਮੀਤ ਪ੍ਰਧਾਨ ਨਗਰ ਪੰਚਾਇਤ ਰਈਆ ਸੂਬੇਦਾਰ ਸਰਬਜੀਤ ਸਿੰਘ ਵੱਲੋਂ ਉਨ੍ਹਾਂ ਨੂੰ ਨਿਯੁਕਤੀ ਪੱਤਰ ਦਿੱਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਡਾ. ਰਜਿੰਦਰ ਰਿਖੀ ਨੇ ਕਿਹਾ ਕਿ ਇੱਕ ਵਾਰ ਫਿਰ ਨਗਰ ਪੰਚਾਇਤ ਰਈਆ ਦੇ ਸਵੱਛਤਾ ਅੰਬੈਸਡਰ ਬਣਾ ਕੇ ਜੋ ਵਿਸ਼ਵਾਸ ਮੇਰੇ 'ਤੇ ਪ੍ਰਗਟਾਇਆ ਗਿਆ ਹੈ, ਮੈਂ ਰਈਆ ਵਿੱਚ ਸਵੱਛਤਾ ਮੁਹਿੰਮ ਨੂੰ ਅੱਗੇ ਵਧਾਉਣ ਅਤੇ ਆਪਣੇ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਵਚਨਬੱਧ ਰਹਾਂਗਾ। ਡਾ. ਰਿਖੀ ਨੇ ਕਿਹਾ ਕਿ ਮੈਂ ਵਿਧਾਇਕ ਦਲਬੀਰ ਸਿੰਘ ਟੌਂਗ, ਪ੍ਰਧਾਨ ਨਗਰ ਪੰਚਾਇਤ ਰਈਆ ਸੰਜੀਵ ਭੰਡਾਰੀ, ਮੀਤ ਪ੍ਰਧਾਨ ਨਗਰ ਪੰਚਾਇਤ ਰਈਆ ਸੂਬੇਦਾਰ ਸਰਬਜੀਤ ਸਿੰਘ ਅਤੇ ਨਗਰ ਪੰਚਾਇਤ ਰਈਆ ਦੇ ਸਵੱਛਤਾ ਮੁਹਿੰਮ ਦੇ ਸਟਾਫ਼ ਦਾ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਮੇਰੇ 'ਤੇ ਇੱਕ ਵਾਰ ਫਿਰ ਭਰੋਸਾ ਜਤਾਇਆ ਹੈ। ਇਸ ਮੌਕੇ ਕੌਂਸਲਰ ਸਰਬਜੀਤ ਸਿੰਘ ਮਾਨ, ਕੌਂਸਲਰ ਅਮਰਵੀਰ ਸਿੰਘ ਅਜਾਦ, ਨੀਲਮ ਰਾਣੀ, ਜੋਤੀ ਬਾਲਾ, ਸੁਖਦੇਵ ਪੱਡਾ, ਰਿੰਪੀ ਭੰਡਾਰੀ, ਸਰਬਜੀਤ ਕੌਰ, ਬੱਚਿਤਰ ਸਿੰਘ, ਕੁਲਵਿੰਦਰ ਕੌਰ, ਮਨਦੀਪ ਸਿੰਘ, ਜਤਿੰਦਰ ਸਿੰਘ, ਬਲਰਾਜ ਸਿੰਘ ਅਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਸਪੀਕਰ ਸੰਧਵਾਂ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਵਿਖੇ ਹੋਏ ਨਤਮਸਤਕ



ਝਬਾਲ (ਹਰਜਿੰਦਰ ਸਿੰਘ ਸੋਨੀ)-ਬੀਤੇ ਦਿਨ ਲੰਘੇ ਬੀੜ ਬਾਬਾ ਬੁੱਢਾ ਜੀ ਦੇ ਮੇਲੇ ਨੂੰ ਸਮਰਪਤ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਸ਼ੁੱਕਰਵਾਰ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਵਿਖੇ ਨਤਮਸਤਕ ਹੋਏ ਜਿੱਥੇ ਉਨਾਂ ਸਰਬੱਤ ਦੇ ਭਲੇ ਦੀ ਅਰਦਾਸ ਕਰਵਾਈ, ਕੜਾਹ ਪ੍ਰਸ਼ਾਦ ਦੀ ਦੇਗ ਕਰਵਾਈ ਅਤੇ ਸ਼ਬਦ ਕੀਰਤਨ ਦਾ ਅਨੰਦ ਮਾਣਿਆ।ਇਸ ਮੌਕੇ ਉਹਨਾਂ ਕਿਹਾ ਕਿ ਮੈਂ ਬਹੁਤ ਹੀ ਵਡਭਾਗੀ ਹਾਂ ਜਿਸ ਨੂੰ ਮਾਝੇ ਦੇ ਇਸ ਪਵਿੱਤਰ ਅਸਥਾਨ 'ਤੇ ਮੱਥਾ ਟੇਕਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਸਾਨੂੰ ਸਾਡੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਸਾਨੂੰ ਸਿੱਖੀ ਸਰੂਪ ਵਿੱਚ ਆ ਕੇ ਗੁਰਬਾਣੀ ਨਾਲ ਜੁੜਨਾ ਚਾਹੀਦਾ ਹੈ। ਇਸ ਮੌਕੇ ਉਹਨਾਂ ਨਾਲ ਚੇਅਰਮੈਨ ਗੁਰਦੇਵ ਸਿੰਘ ਲਾਖਣਾ ਅਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਨਾਲ ਹਾਜ਼ਰ ਸਨ।

# ਬਾਬਾ ਬੁੱਢਾ ਜੀ ਬੀੜ ਸਾਹਿਬ ਦਾ ਸਾਲਾਨਾ ਜੋੜ ਮੇਲਾ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਸੰਪੰਨ



ਝਬਾਲ (ਹਰਜਿੰਦਰ ਸਿੰਘ ਸੋਨੀ)- ਬਾਬਾ ਬੁੱਢਾ ਸਾਹਿਬ ਜੀ ਦੇ ਤਪ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਵਿਖੇ ਪੰਜਵੇਂ ਪਾਤਿਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਮਹਿਲ ਸਤਿਕਾਰਯੋਗ ਮਾਤਾ ਗੰਗਾ ਜੀ ਨੂੰ ਪੁੱਤਰ ਪ੍ਰਾਪਤੀ ਲਈ ਵਰ ਦੇਣ ਦੀ ਖੁਸ਼ੀ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਪ੍ਰਬੰਧਕਾਂ ਵਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਮਨਾਏ ਜਾ ਰਹੇ ਤਿੰਨ ਦਿਨਾ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਸੰਪੰਨ ਹੋ ਗਿਆ। ਪਹਿਲੇ ਦਿਨ ਨਗਰ ਕੀਰਤਨ ਸਜਾਏ ਗਏ ਜਦ ਕਿ ਦੂਜੇ ਦਿਨ ਵਿਸ਼ਾਲ ਨਗਰ ਕੀਰਤਨ ਦੇ ਰੂਪ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਪਵਿੱਤਰ ਸਰੋਵਰ ਦੀ ਪਰਿਕਰਮਾ ਕਰਦੇ ਹੋਏ ਦੀਵਾਨ ਹਾਲ ਵਿਖੇ ਸੁੰਦਰ ਫੁੱਲਾਂ ਨਾਲ ਸ਼ਿੰਗਾਰੇ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕੀਤਾ ਗਿਆ।ਇਸ ਮੌਕੇ ਸਜਾਏ ਗਏ ਧਾਰਮਿਕ ਦੀਵਾਨ ਦੀ ਅਰੰਭਤਾ ਦੀ ਅਰਦਾਸ ਹੈੱਡ ਗ੍ਰੰਥੀ ਸਹਿਬਾਨ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਨੇ ਕੀਤੀ ਅਤੇ ਸੰਗਤਾਂ ਨੂੰ ਮੁੱਖਵਾਕ ਸੁਣਾਇਆ ਗਿਆ।ਜਦ ਕਿ ਧਾਰਮਿਕ ਦੀਵਾਨ ਵਿਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰੀ ਜਥਿਆਂ ਨੇ ਗੁਰੂ ਜੱਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਉੱਥੇ ਹੀ ਪੰਥ ਦੇ ਵਿਦਵਾਨ, ਕਥਾ ਵਾਚਕਾਂ ਵੱਲੋਂ ਬਾਬਾ ਬੁੱਢਾ ਸਾਹਿਬ ਜੀ ਦੇ ਜੀਵਨ ਸਬੰਧੀ ਚਾਨਣਾ ਪਾਇਆ ਗਿਆ।ਜਦ ਕਿ ਸਲਾਨਾ ਜੋੜ ਮੇਲੇ ਮੌਕੇ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਬਾਬਾ ਕਸ਼ਮੀਰ ਸਿੰਘ ਕਾਰ ਸੇਵਾ ਭੂਰੀ ਵਾਲੇ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਬਾਬਾ ਸੋਹਣ ਸਿੰਘ ਕਾਰ ਸੇਵਾ ਭੂਰੀ ਵਾਲੇ, ਬਾਬਾ ਸੁਬੇਗ ਸਿੰਘ ਕਾਰ ਸੇਵਾ ਡੇਰਾ ਚਰਨ ਬਾਗ਼ ਗੋਇੰਦਵਾਲ ਸਾਹਿਬ, ਬਾਬਾ ਹੀਰਾ ਸਿੰਘ ਠੱਠੀਖਾਰਾ ਝੂਲਣੇ ਮਹਿਲ, ਸਤਨਾਮ ਸਿੰਘ ਫਿਰੋਜ਼ਪੁਰ, ਬਾਬਾ ਸੁੱਖਾ ਸਿੰਘ ਸਰਹਾਲੀ ਸਾਹਿਬ ਵਾਲੇ, ਬਾਬਾ ਬਲਦੇਵ ਸਿੰਘ, ਬਾਬਾ ਸ਼ਬਦਲ ਸਿੰਘ, ਬਾਬਾ ਭਗਵਾਨ ਸਿੰਘ ਗੰਡੀਵਿੰਡ, ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਸਾਬਕਾ ਮੰਤਰੀ, ਚੇਅਰਮੈਨ ਗੁਰਸੇਵਕ ਸਿੰਘ ਸੇਖ ਲੋਕ ਸਭਾ ਹਲਕਾ ਇੰਚਾਰਜ ਖਡੂਰ ਸਾਹਿਬ, ਹਲਕਾ ਇੰਚਾਰਜ ਤਰਨਤਾਰਨ ਸ਼੍ਰੋਮਣੀ ਅਕਾਲੀ ਦਲ ਬੀਬੀ ਕੰਚਨਪ੍ਰੀਤ ਕੌਰ, ਉਨ੍ਹਾਂ ਦੇ ਮਾਤਾ ਬੀਬੀ ਸੁਖਵਿੰਦਰ ਕੌਰ ਰੰਧਾਵਾ, ਸਰਪੰਚ ਸਤਨਾਮ ਸਿੰਘ ਮੀਆਂਪੁਰ, ਸਰਪੰਚ ਮਨਜੀਤ ਕੌਰ ਬਾਠ ਮੀਆਂਪੁਰ, ਸਕੱਤਰ ਸ਼੍ਰੋਮਣੀ ਕਮੇਟੀ ਗੁਰਨਾਮ ਸਿੰਘ ਚੀਫ ਗੁਰਦੁਆਰਾ ਇੰਸਪੈਕਟਰ ਜਗਦੀਸ਼ ਸਿੰਘ, ਗੁਰਦੁਆਰਾ ਇੰਸ ਹਰਪ੍ਰੀਤ ਸਿੰਘ, ਗੁਰਦੁਆਰਾ ਇੰਸ: ਦਿਲਬਾਗ ਸਿੰਘ, ਗੁਰਬਲਿਹਾਰ ਸਿੰਘ, ਸਾਬਕਾ ਮੀਤ ਸਕੱਤਰ ਹਰਜੀਤ ਸਿੰਘ ਲਾਲੂਘੁੰਮਣ, ਭੁਪਿੰਦਰ ਸਿੰਘ ਭਿੰਦਾ ਸਵਰਗਾਪੁਰੀ, ਚੇਅਰਮੈਨ ਕਸ਼ਮੀਰ ਸਿੰਘ ਮੰਨਣ, ਮੈਨੇਜਰ ਸਤਨਾਮ ਸਿੰਘ ਝਬਾਲ, ਹਰਜਿੰਦਰ ਸਿੰਘ ਕਾਰ ਸੇਵਾ ਵਾਲੇ, ਬਾਬਾ ਹੀਰਾ ਸਿੰਘ ਠੱਠੀਖਾਰਾ, ਸਾਬਕਾ ਸਰਪੰਚ ਜਰਨੈਲ ਸਿੰਘ ਪੰਡੋਰੀ, ਰਵੇਲ ਸਿੰਘ ਜੌਹਲ, ਸਾਬਕਾ ਮੈਨੇਜਰ ਜਗਜੀਤ ਸਿੰਘ ਸਾਂਘਣਾ, ਬਲਦੇਵ ਸਿੰਘ ਫੌਜੀ, ਪ੍ਰਿੰਸੀਪਲ ਜਗਰੂਪ ਕੌਰ, ਪ੍ਰਿੰਸੀਪਲ ਸਰਬਜੀਤ ਕੌਰ ਜਫਰਵਾਲ, ਮੈਨੇਜਰ ਨਵਤੇਜ ਸਿੰਘ ਠੱਠਾ, ਸਾਬਕਾ ਸਰਪੰਚ ਮਨਜਿੰਦਰ ਸਿੰਘ ਐਮਾਂ, ਸੁਖਦੇਵ ਸਿੰਘ ਖਾਲਸਾ, ਵਰਿੰਦਰ ਸਿੰਘ ਸੇਠ, ਜਥੇਦਾਰ ਨਿਸ਼ਾਨ ਸਿੰਘ ਦੋਦੇ, ਸਾਬਕਾ ਚੇਅਰਮੈਨ ਗੁਰਬੀਰ ਸਿੰਘ ਝਬਾਲ, ਜਥੇ: ਤੇਗਾ ਸਿੰਘ ਸੋਹਲ, ਸੁਰਿੰਦਰ ਸਿੰਘ ਚੂਸਲੇਵੜ, ਬਿਕਰਮ ਸਿੰਘ ਸੁਰਸਿੰਘ, ਗੁਰਜੀਤ ਸਿੰਘ ਪੰਜਵੜ, ਪ੍ਰਚਾਰਕ ਭਾਈ ਗੁਰਲਾਲ ਸਿੰਘ, ਭਾਈ ਗੁਰਬਚਨ ਸਿੰਘ, ਭਾਈ ਰਾਜਬੀਰ ਸਿੰਘ, ਭਾਈ ਲਖਬੀਰ ਸਿੰਘ ਸਮੇਤ ਪੁੱਜੀਆਂ ਧਾਰਮਿਕ ਤੇ ਰਾਜਸੀ ਸ਼ਖ਼ਸੀਅਤਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਭੂਰਾ ਕੋਹਨਾ, ਮਗਵਿੰਦਰ ਸਿੰਘ ਖਾਪੜਖੇੜੀ ਅੰਤ੍ਰਿੰਗ ਕਮੇਟੀ ਮੈਂਬਰ, ਮੈਨੇਜਰ ਭਾਈ ਧਰਵਿੰਦਰ ਸਿੰਘ ਮਾਨੋਚਾਹਲ, ਹੈੱਡ ਗ੍ਰੰਥੀ ਸਹਿਬਾਨ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਆਦਿ ਵੱਲੋਂ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਤੇ ਬਾਬਾ ਬੁੱਢਾ ਸਾਹਿਬ ਦੀ ਯਾਦਗਾਰੀ ਤਸਵੀਰ ਦੇ ਸਨਮਾਨਤ ਕੀਤਾ ਗਿਆ।ਜਦ ਕਿ ਗੁਰਦੁਆਰਾ ਬੀੜ ਸਾਹਿਬ ਸਟਾਫ ਵਿੱਚ ਮੀਤ ਮੈਨੇਜਰ ਦਿਲਬਾਗ ਸਿੰਘ ਝਬਾਲ, ਮੀਤ ਮੈਨੇਜਰ ਗੁਰਜੀਤ ਸਿੰਘ ਠੱਠਾ, ਹਰਜੀਤ ਸਿੰਘ ਸੁਪਰਵਾਈਜ਼ਰ, ਅਮਰਬੀਰ ਸਿੰਘ ਅਕਾਊਂਟੈਂਟ, ਬਿਕਰਮਜੀਤ ਸਿੰਘ ਸੁਰਸਿੰਘ ਰਿਕਾਰਡ ਕੀਪਰ, ਗੁਰਜੀਤ ਸਿੰਘ ਪੰਜਵੜ, ਤੋਂ ਇਲਾਵਾ ਪ੍ਰਤਾਪ ਸਿੰਘ ਚੀਮਾ, ਬਲਜੀਤ ਸਿੰਘ ਝਬਾਲ, ਬਿਕਰਮ ਸਿੰਘ, ਅਮਰਜੀਤ ਸਿੰਘ ਝਬਾਲ ਆਦਿ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## 3,722 ਕਰੋੜ ਰੁ. ਮਹਿਲਾਵਾਂ ਦੇ ਖਾਤਿਆਂ ਵਿੱਚ ਸਿੱਧੇ ਟਰਾਂਸਫਰ ਹੋਏ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਮਹਿਲਾ ਸਸ਼ਕਤੀਕਰਨ ਦੇ ਖੇਤਰ ਵਿੱਚ ਇੱਕ ਨਵਾਂ ਇਤਿਹਾਸ ਸਿਰਜ ਰਹੀ ਹੈ। ਉਨ੍ਹਾਂ ਦੱਸਿਆ ਕਿ ਯੋਜਨਾ ਤਹਿਤ ਹੁਣ ਤੱਕ ਕਰੀਬ 3,722 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਸਿੱਧੇ ਲਾਭਪਾਤਰੀ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪਹਿਲੇ ਪੜਾਅ ਤਹਿਤ ਜੁਲਾਈ, ਅਗਸਤ ਅਤੇ ਸਤੰਬਰ ਮਹੀਨਿਆਂ ਲਈ 75.16 ਲੱਖ ਤੋਂ ਵੱਧ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ 2602.46 ਕਰੋੜ ਰੁਪਏ ਦੀ ਰਾਸ਼ੀ ਸਿੱਧੀ ਜਮ੍ਹਾਂ ਕਰਵਾਈ ਗਈ। ਇਸ ਤੋਂ ਇਲਾਵਾ, ਦੂਜੇ ਪੜਾਅ ਦੀ ਪਹਿਲੀ ਕਿਸ਼ਤ ਤਹਿਤ 32 ਲੱਖ ਤੋਂ ਵੱਧ ਮਹਿਲਾਵਾਂ ਨੂੰ 1,118.93 ਕਰੋੜ ਰੁਪਏ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਰਕਮ ਮਹਿਲਾਵਾਂ ਦੇ ਆਰਥਿਕ ਸਸ਼ਕਤੀਕਰਨ ਅਤੇ ਸਮਾਜਿਕ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਯੋਜਨਾ ਤਹਿਤ ਹੁਣ ਤੱਕ 79 ਲੱਖ ਤੋਂ ਵੱਧ ਮਹਿਲਾਵਾਂ ਰਜਿਸਟਰ ਹੋ ਚੁੱਕੀਆਂ ਹਨ, ਜਦਕਿ ਵਿੱਤ ਕਰੋੜ ਤੋਂ ਵੱਧ ਮਹਿਲਾਵਾਂ ਨੂੰ ਇਸ ਦਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣ ਦੇ ਨਾਲ-ਨਾਲ ਉਨ੍ਹਾਂ ਦੇ ਸਨਮਾਨ, ਸੁਰੱਖਿਆ ਅਤੇ ਸਮਾਜਿਕ ਭਾਗੀਦਾਰੀ ਨੂੰ ਨਵੀਂ ਮਜ਼ਬੂਤੀ ਦੇ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਲਈ ਪੰਜਾਬ ਸਰਕਾਰ ਵੱਲੋਂ ਹਰ ਸਾਲ ਕਰੀਬ 12,000 ਕਰੋੜ ਰੁਪਏ ਖਰਚ ਕੀਤੇ ਜਾਣਗੇ।

## ਦੁਸਹਿਰਾ ਕਮੇਟੀ ਸ਼ਾਹਕੋਟ ਵੱਲੋਂ ਝੰਡੀ ਦੀ ਰਸਮ ਅਦਾ

### 13 ਨੂੰ ਕੱਢੀ ਜਾਵੇਗੀ ਵਿਸ਼ਾਲ ਸ਼ੋਭਾ ਯਾਤਰਾ



**ਸ਼ਾਹਕੋਟ (ਅਸ਼ਵਨੀ ਸੇਤਪੁਰੀ)**- ਦੁਸਹਿਰਾ ਕਮੇਟੀ ਰਜਿ. ਸ਼ਾਹਕੋਟ ਵੱਲੋਂ ਪ੍ਰਧਾਨ ਰਜੇਸ਼ ਪ੍ਰਾਸ਼ਰ ਦੀ ਅਗਵਾਈ ਵਿੱਚ ਦੁਸਹਿਰੇ ਦੇ ਤਿਉਹਾਰ ਦੀ ਸ਼ੁਰੂਆਤ ਝੰਡੀ ਦੀ ਰਸਮ ਤੋਂ ਕੀਤੀ ਗਈ। ਇਸ ਮੌਕੇ ਸ੍ਰੀ ਹਨੂੰਮਾਨ ਮੰਦਰ ਸ਼ਾਹਕੋਟ ਤੋਂ ਸ੍ਰੀ ਹਨੂੰਮਾਨ ਜੀ ਦੇ ਸਰੂਪ ਵੱਲੋਂ ਝੰਡਾ ਚੁੱਕ ਕੇ ਢੋਲ ਧਮੱਕੇ ਨਾਲ ਸ਼੍ਰੀ ਹਨੂੰਮਾਨ ਜੀ ਦੇ ਰੂਪ ਵਿੱਚ ਦੁਸਹਿਰਾ ਗਰਾਊਂਡ ਸ਼ਾਹਕੋਟ ਤੱਕ ਲਿਜਾਇਆ ਗਿਆ ਅਤੇ ਉੱਥੇ ਪੰਡਿਤ ਭਾਗੀਰਥ ਜੀ ਦੁਆਰਾ ਵਿਧੀ ਪੂਰਵਕ ਪੂਜਨ ਕਰਕੇ ਝੰਡੀ ਦੀ ਰਸਮ ਅਦਾ ਕੀਤੀ ਗਈ।ਇਸ ਮੌਕੇ ਸ਼ਹਿਰ ਦੀ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦੇ ਇਲਾਵਾ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਦੁਸਹਿਰਾ ਕਮੇਟੀ ਦੇ ਪ੍ਰਧਾਨ ਰਜੇਸ਼ ਪਰਾਸ਼ਰ, ਚੇਅਰਮੈਨ ਬੌਬੀ ਗਰੇਵਰ ਅਤੇ ਸਰਪ੍ਰਸਤ ਕਮਲ ਨਾਹਰ ਨੇ ਦੱਸਿਆ ਕਿ ਤੀਜੇ ਨਰਾਤੇ 13 ਅਕਤੂਬਰ ਨੂੰ ਭਗਵਾਨ ਰਾਮ ਦੇ ਵਿਆਹ ਉਤਸਵ ਮੌਕੇ ਬੈਂਡ ਬਾਜੇ ਅਤੇ ਝਾਕੀਆਂ ਦੇ ਨਾਲ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾਵੇਗੀ। ਜਿਸ ਵਿੱਚ ਸ਼ਹਿਰ ਦੇ ਸਾਰੇ ਮੋਹਤਬਰ ਲੀਡਰ ਅਤੇ ਪਤਵੰਤੇ ਸੱਜਣ ਅਤੇ ਵੱਖ ਵੱਖ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਦੇ ਆਗੂ ਪਹੁੰਚਣਗੇ। ਇਸ ਉਪਰੰਤ ਦੁਸਹਿਰੇ ਦੇ ਪ੍ਰੋਗਰਾਮ ਸ਼ੁਰੂ ਹੋ ਜਾਣਗੇ ਅਤੇ 19 ਅਤੇ 20 ਅਕਤੂਬਰ ਨੂੰ ਦੁਸਹਿਰਾ ਗਰਾਊਂਡ ਵਿੱਚ ਦੁਸਹਿਰੇ ਦਾ ਤਿਉਹਾਰ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਰਜੇਸ਼ ਪਰਾਸ਼ਰ, ਚੇਅਰਮੈਨ ਬੌਬੀ ਗਰੇਵਰ, ਸਰਪ੍ਰਸਤ ਕਮਲ ਨਾਹਰ, ਚਰਨਜੀਤ ਸ਼ਰਮਾ, ਡਾਕਟਰ ਨਰੇਸ਼ ਸੱਗੂ, ਪੰਡਿਤ ਵਿਵੇਕ ਸ਼ਰਮਾ, ਸ਼ਿਵ ਨਰਾਇਣ ਗੁਪਤਾ, ਮਾਸਟਰ ਕਮਲ ਗੁਪਤਾ, ਦੀਪਕ ਸ਼ਰਮਾ ਆਰ ਦੇ, ਧਰਮਵੀਰ ਅਰੋੜਾ, ਸੰਜੀਵ ਸੇਠੀ, ਅਸ਼ਵਨੀ ਮਿੱਤਲ, ਡਾਕਟਰ ਦੀਪਕ ਸ਼ਰਮਾ, ਰਾਜਾ ਅਰੋੜਾ, ਵਾਈਸ ਪ੍ਰਧਾਨ ਰਵਿੰਦਰ ਨਾਹਰ, ਨੀਰਜ ਨਾਹਰ, ਰਕੇਸ਼ ਬੰਸਲ, ਸਮਾਜ ਸੇਵਕ ਅਮਨ ਮਲਹੋਤਰਾ, ਸੋਨੀ ਮਹਿਰਾ, ਬਲਵਿੰਦਰ ਸਿੰਘ ਬਿੰਦਾ, ਬਲਜਿੰਦਰ ਖਿੰਡਾ, ਰੋਸ਼ਮ ਐਮਸੀ, ਪ੍ਰਦੀਪ ਡੌਂਝ, ਗੌਤਮ ਧਵਨ, ਵੰਸ਼ ਸੱਚਦੇਵਾ, ਜੋਨਾ ਮਲਸੀਆਂ, ਸਰਹਜੀਤ ਸਾਬ ਥਿੰਦ, ਮਨਜੀਤ ਸਿੰਘ ਦੇਚਪੁਰ, ਨਰਿੰਦਰ ਕੁਮਾਰ ਮੰਨੂ, ਮਨਦੀਪ ਗੋਇਲ, ਰਿਸ਼ੂ ਸੇਠੀ, ਸਚਿਨ ਵਰਮਾ, ਰੋਹਿਤ ਮੋਗਨ, ਆਰਕਾਂਦੀਪ ਸਿੰਘ, ਰਾਮ ਗੋਇਲ, ਐਡਵੋਕੇਟ ਪ੍ਰਿੰਸ, ਸੁਰਿੰਦਰ ਕੁਮਾਰ ਤੇਜੀ, ਡਾਕਟਰ ਭੂਟਾ ਸਿੰਘ, ਮਾਸਟਰ ਰਜੇਸ਼ ਅਰੋੜਾ, ਪ੍ਰਿਤਪਾਲ ਸਿੰਘ, ਮਾਸਟਰ ਰਕੇਸ਼ ਕੁਮਾਰ ਖਹਿਰਾ, ਮਾਸਟਰ ਮਨਪ੍ਰੀਤ ਸਿੰਘ, ਦੀਪਕ ਅਰੋੜਾ, ਮਨਜੀਤ ਸਿੰਘ, ਮਨਪ੍ਰੀਤ ਸਿੰਘ, ਸੁੰਦਰ ਸਿੰਘ, ਪਾਰਸ ਕੁਮਾਰ ਆਦਿ ਹਾਜ਼ਰ ਸਨ।

## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ 'ਚ ਲਗਾਇਆ ਖੂਨਦਾਨ ਕੈਂਪ



**ਜਲੰਧਰ, (ਨ ਜ਼ ਸ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਵਿਖੇ ਐੱਨ ਐੱਸ ਐੱਸ ਯੂਨਿਟ ਵੱਲੋਂ ਸਿਵਲ ਹਸਪਤਾਲ ਜਲੰਧਰ ਦੇ ਸਹਿਯੋਗ ਨਾਲ ਖੂਨਦਾਨ ਕੈਂਪ ਲਗਾਇਆ ਗਿਆ। ਸਵੈ-ਇੱਛਾ ਨਾਲ ਖੂਨਦਾਨ ਕਰਨ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਅਤੇ ਇਸ ਦੀ ਜੀਵਨ ਬਚਾਉਣ ਵਿੱਚ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਲਗਾਏ ਗਏ ਇਸ ਕੈਂਪ ਦੌਰਾਨ 50 ਤੋਂ ਵੱਧ ਵਿਦਿਆਰਥੀਆਂ ਨੇ ਖੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ... ਨੇ ਖੂਨਦਾਨੀਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਉਨ੍ਹਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਖੂਨਦਾਨ ਮਹਾਨ ਦਾਨ ਹੈ ਅਤੇ ਹਰ ਤੰਦਰੁਸਤ ਵਿਅਕਤੀ ਨੂੰ ਸਮੇਂ-ਸਮੇਂ 'ਤੇ ਖੂਨਦਾਨ ਕਰਨਾ ਚਾਹੀਦਾ ਹੈ। ਇਸ ਮੌਕੇ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ, ਸਿਵਲ ਹਸਪਤਾਲ ਦੀ ਟੀਮ, ਕਾਲਜ ਦੇ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਹਾਲੀ ਤੋਂ ਦੋ ਬੱਸਾਂ ਅੰਮ੍ਰਿਤਸਰ ਲਈ ਰਵਾਨਾ



**ਮੁਹਾਲੀ (ਗੁਰਜੀਤ ਬਿੱਲਾ)**- ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਦੋ ਬੱਸਾਂ ਸੀਨੀਅਰ ਨਾਗਰਿਕ ਸ਼ਰਧਾਲੂਆਂ ਨੂੰ ਲੈ ਕੇ ਅੰਮ੍ਰਿਤਸਰ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੀਨੀਅਰ ਨਾਗਰਿਕ ਸ਼ਰਧਾਲੂਆਂ ਨੂੰ ਵੱਖ-ਵੱਖ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਣਾ ਮੰਦਰ,ਭਗਵਾਨ ਵਾਲਮੀਕੀ ਮੰਦਰ ਰਾਮਤੀਰਥ, ਵਾਹਗਾ ਬਾਰਡਰ ਅਤੇ ਜਲ੍ਹਿਆਂਵਾਲਾ ਬਾਗ ਦੇ ਦਰਸ਼ਨ ਕਰਨਗੇ।ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਦੇ ਨਾਲ ਮਾਹਿਰ ਗਾਈਡ ਵੀ ਮੌਜੂਦ ਰਹਿਣਗੇ, ਜੋ ਇਨ੍ਹਾਂ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕਰਨਗੇ। ਉਨ੍ਹਾਂ ਕਿਹਾ ਕਿ ਮੋਹਾਲੀ ਹਲਕੇ ਵਿੱਚ ਇਸ ਯਾਤਰਾ ਨੂੰ ਲੈ ਕੇ ਲੋਕਾਂ ਵਿੱਚ ਉਤਸ਼ਾਹ ਹੈ ਅਤੇ ਚਾਹਵਾਨ ਸੀਨੀਅਰ ਨਾਗਰਿਕਾਂ ਦੀ ਯਾਤਰਾ ਲਈ ਲਗਾਤਾਰ ਰਜਿਸਟ੍ਰੇਸ਼ਨ ਕਰਵਾਈ ਜਾ ਰਹੀ ਹੈ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਸਮਾਣਾ, ਆਰ.ਪੀ. ਸ਼ਰਮਾ, ਸੀਨੀਅਰ ਡਿਪਟੀ ਮੇਅਰ, ਹਰਜੀਤ ਸਿੰਘ ਭੋਲੂ, ਹਰਪ੍ਰੀਤ ਸਿੰਘ ਸਰਪੰਚ ਚੱਡਾਲਾ, ਜਸਵਿੰਦਰ ਕੌਰ ਸਰਪੰਚ ਬਲੌਂਗੀ, ਮੁੱਖਤ ਸਿੰਘ, ਰਾਮ ਕੁਮਾਰ, ਗੋਟਾ, ਕਰਮਜੀਤ ਕੌਰ, ਰਵਿੰਦਰ ਸਿੰਘ ਸਰਪੰਚ, ਅਮਰਜੀਤ ਸਿੰਘ ਸਿੱਧੂ, ਰਾਮ ਲਾਲ, ਲਾਲ ਬਹਾਦਰ, ਕਮਲਜੀਤ ਸਿੰਘ ਮਹੰਤ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਅਨਾਜ ਮੰਡੀ ਵਿੱਚ ਝੋਨੇ ਦੀ ਬੇਕਦਰੀ, ਕਿਸਾਨ ਹੋ ਰਹੇ ਖੱਜਲ ਖੁਆਰ : ਸ਼ਰਮਾ



**ਜ਼ੀਰਕਪੁਰ (ਜਤਿੰਦਰ ਕੁਮਾਰ)**- ਡੇਰਾਬੱਸੀ ਦੀ ਧਨੌਨੀ ਮੰਡੀ ਵਿੱਚ ਝੋਨੇ ਦੀ ਬੇਕਦਰੀ ਕੀਤੀ ਜਾ ਰਹੀ ਹੈ। ਮੰਡੀ ਵਿੱਚ ਜਿੱਥੇ ਇੱਕ ਪਾਸੇ ਕਣਕ ਦੇ ਢੇਰ ਲੱਗੇ ਹੋਏ ਹਨ, ਉੱਥੇ ਹੀ ਕਿਸਾਨ ਦੋ-ਦੋ ਦਿਨਾਂ ਤੋਂ ਝੋਨੇ ਨਾਲ ਭਰੀਆਂ ਟਰਾਲੀਆਂ ਲੈ ਕੇ ਬਾਹਰ ਖੜ੍ਹੇ ਹਨ। ਡੇਰਾਬੱਸੀ ਦੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਨੇ ਮੰਡੀ ਦਾ ਦੌਰਾ ਕਰਕੇ ਕਿਸਾਨਾਂ ਦੀਆਂ ਸਮੱਸਿਆਵਾਂ ਸੁਣੀਆਂ। ਐਨ.ਕੇ. ਸ਼ਰਮਾ ਨੂੰ ਪਿੰਡ ਪ੍ਰਨਸ਼ਰ ਤੋਂ ਆਏ ਇੱਕ ਕਿਸਾਨ ਨੇ ਦੱਸਿਆ ਕਿ ਉਹ ਐਤਵਾਰ ਨੂੰ ਝੋਨਾ ਲੈ ਕੇ ਆਇਆ ਸੀ, ਪਰ ਅਜੇ ਤੱਕ ਕੋਈ ਏਜੰਸੀ ਇੱਥੇ ਨਹੀਂ ਆਈ ਹੈ। ਕਿਸਾਨਾਂ ਨੇ ਦੱਸਿਆ ਕਿ ਝੋਨਾ ਸਾਰੀ ਮੰਡੀ ਵਿੱਚ ਖਿਲਰਿਆ ਹੋਇਆ ਹੈ। ਟਰਾਲੀਆਂ ਵਿਚਲੇ ਉਨ੍ਹਾਂ ਲੱਖ ਰੁਪਈਆਂ ਬਸ ਸਨ, ਜਿਸ ਨਾਲ ਖੇਤ ਟੁੱਟ ਰਿਹਾ ਹੈ। ਸਬੰਧਤ ਅਧਿਕਾਰੀਆਂ ਕੋਲ ਕੋਈ ਜਵਾਬ ਨਹੀਂ ਸੀ। ਐਨ ਕੇ ਸ਼ਰਮਾ ਨੇ ਕਿਹਾ ਕਿ ਕਈ ਕਿਸਾਨ ਪਿਛਲੇ ਦੋ ਦਿਨਾਂ ਤੋਂ ਝੋਨੇ ਦੀਆਂ ਟਰਾਲੀਆਂ ਲੈ ਕੇ ਮੰਡੀ ਦੇ ਬਾਹਰ ਖੜ੍ਹੇ ਹਨ। ਝੋਨਾ ਸੁੱਟਣ ਲਈ ਅੰਦਰ ਕੋਈ ਜਗ੍ਹਾ ਨਹੀਂ ਹੈ। ਸ਼ਰਮਾ ਨੇ ਕਿਹਾ ਕਿ ਪਹਿਲਾਂ ਇੱਥੋਂ ਦੇ ਕਿਸਾਨ ਆਪਣਾ ਝੋਨਾ ਹਰਿਆਣਾ ਵਿੱਚ ਵੇਚਦੇ ਸਨ ਪਰ ਹੁਣ ਹਰਿਆਣਾ ਸਰਕਾਰ ਬਾਹਰੋਂ ਝੋਨਾ ਨਹੀਂ ਖਰੀਦ ਰਹੀ ਹੈ।ਪਹਿਲਾਂ ਕਿਸਾਨਾਂ ਨੂੰ ਸਮੇਂ ਸਿਰ ਯੂਰੀਆ ਨਹੀਂ ਮਿਲਿਆ। ਇਸ ਤੋਂ ਬਾਅਦ ਉਨ੍ਹਾਂ ਨੂੰ ਬਿਜਲੀ ਸੰਕਟ ਦਾ ਸਾਹਮਣਾ ਕਰਨਾ ਪਿਆ। ਕਿਸਾਨਾਂ ਨੇ ਕਿਸੇ ਤਰ੍ਹਾਂ ਆਪਣੀ ਮਿਹਨਤ ਨਾਲ ਝੋਨਾ ਪੈਦਾ ਕੀਤਾ ਅਤੇ ਹੁਣ ਉਨ੍ਹਾਂ ਦੀ ਫ਼ਸਲ ਮੰਡੀਆਂ ਵਿੱਚ ਰੁਲ ਰਹੀ ਹੈ। ਇਸ ਮੌਕੇ ਅਕਾਲੀ ਆਗੂ ਰਜਿੰਦਰ ਸਿੰਘ ਈਸਾਪੁਰ, ਦਿਲਬਾਗ ਸਿੰਘ ਚਡਿਆਲਾ, ਹਨੀ ਸੈਣੀ, ਹਰਵਿੰਦਰ ਪਿੰਕਾ, ਅਮੀਰ ਖਾਨ, ਕਰਮ ਸਿੰਘ ਰਾਜੂ, ਵਿਕਰਮਜੀਤ ਸਿੰਘ ਸਮੇਤ ਕਈ ਅਕਾਲੀ ਨੇਤਾਵਾਂ ਨੇ ਕਿਸਾਨਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਨੂੰ ਸਮਰਥਨ ਦਾ ਭਰੋਸਾ ਦਿੱਤਾ।

## ਕੌਮੀ ਵੁਸ਼ੂ ਮੁਕਾਬਲਿਆਂ ਲਈ ਚੁਣੇ ਗਏ ਖਿਡਾਰੀ ਸਨਮਾਨਤ



**ਅੱਡਾ ਸਰਾਂ (ਜਸਵੀਰ ਕਾਜਲ)**- ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਮੇਨਮੈਂਟ ਦੇ ਅਧੀਨ ਖੇਡ ਅਤੇ ਖਿਡਾਰੀਆਂ ਨੂੰ ਪ੍ਰਫੁੱਲਿਤ ਕਰਨ ਲਈ ਚਲਾਏ ਜਾ ਰਹੇ ਵੱਖ ਵੱਖ ਕਰਾਸਫਿੱਟ ਮਾਰਸ਼ਲ ਆਰਟ ਕਲੱਬ ਨਾਲ ਜੁੜੇ ਖਿਡਾਰੀ ਜੰਮੂ ਕਸ਼ਮੀਰ ਅਤੇ ਤਾਮਿਲਨਾਡੂ ਵਿਚ ਹੋਣ ਵਾਲੇ ਕੌਮੀ ਵੁਸ਼ੂ ਮੁਕਾਬਲਿਆਂ ਵਿਚ ਭਾਗ ਲੈਣ ਜਾ ਰਹੇ ਹਨ। ਪ੍ਰੈਜ਼ੀਡੈਂਟ ਗਗਨ ਵੈਦ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਵਾਈਸ ਚੇਅਰਪਰਸਨ ਨੇਹਾ ਵੈਦ ਨੇ ਪੰਜਾਬ ਦੀ ਨੁਮਾਇੰਦਗੀ ਕਰਨ ਵਾਲੇ ਕਲੱਬ ਦੇ ਹੋਣਹਾਰ ਖਿਡਾਰੀਆਂ ਦਾ ਸਨਮਾਨ ਕਰਦੇ ਹੋਏ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਕੋਚ ਰਵਿੰਦਰ ਕੁਮਾਰ ਨੇ ਦੱਸਿਆ ਕਿ ਕਲੱਬ ਦੇ ਖਿਡਾਰੀ 15 ਅਕਤੂਬਰ ਤੋਂ 20 ਅਕਤੂਬਰ ਤੱਕ ਸ੍ਰੀਨਗਰ ਵਿਚ ਹੋਣ ਵਾਲੀ 70ਵੀਆਂ ਐੱਸ ਜੀ ਐੱਫ ਆਈ ਨੈਸ਼ਨਲ ਵੁਸ਼ੂ ਅੰਡਰ 17 ਚੈਂਪੀਅਨਸ਼ਿਪ ਵਿਚ ਭਾਗ ਲੈਣ ਲਈ ਜਾ ਰਹੇ ਹਨ ਜਿਨ੍ਹਾਂ ਵਿਚ ਪ੍ਰਭਜੋਤ ਕੌਰ, ਜਸਮੀਤ ਕੌਰ ਸਿੱਧੂ ਤੇ ਵਿਵੇਕ ਸਿੰਘ ਸ਼ਾਮਲ ਹਨ। ਇਸੇ ਤਰ੍ਹਾਂ 25 ਵੀਂ ਜੂਨੀਅਰ ਵੁਸ਼ੂ ਨੈਸ਼ਨਲ ਚੈਂਪੀਅਨਸ਼ਿਪ ਜੋ ਤਾਮਿਲਨਾਡੂ ਵਿਚ 28 ਅਕਤੂਬਰ ਤੋਂ ਸ਼ੁਰੂ ਹੋ ਰਹੀ ਹੈ ।ਉਸ ਵਿਚ ਵੀ ਕਲੱਬ ਦੇ ਖਿਡਾਰੀ ਪ੍ਰਭਜੋਤ ਕੌਰ, ਜਸਮੀਤ ਕੌਰ ਸਿੱਧੂ, ਜਸਨੂਰ ਕੌਰ, ਕਰਨਵੀਰ ਸਿੰਘ, ਮਿਲਨਦੀਪ ਸਿੰਘ ਤੇ ਵਿਵੇਕ ਸਿੰਘ ਭਾਗ ਲੈਣਗੇ। ਇਸ ਤਰ੍ਹਾਂ ਖੇਡਾਂ ਵਤਨ ਪੰਜਾਬ ਦੀਆਂ ਦੇ ਸੂਬਾਈ ਮੁਕਾਬਲਿਆਂ ਵਿਚ ਅਰਪਨਦੀਪ ਸਿੰਘ, ਜਸਨੂਰ ਕੌਰ, ਜਸਮੀਤ ਕੌਰ ਸਿੱਧੂ, ਹਰਸਿਕਾ, ਪ੍ਰਾਚੀ, ਜਸਨੂਰ ਕੌਰ, ਗੁਰਸਨਸਤ ਕੌਰ, ਨੇਣਾ ਕੁਮਾਰੀ, ਮਨਪ੍ਰੀਤ, ਦੀਕਸ਼ਾ, ਆਦਰਸ਼, ਪ੍ਰਭ ਪ੍ਰੀਤ ਸਿੰਘ, ਸ਼ਿਵਾਸ ਗਿੱਲ, ਪਾਰਸ, ਅਦਿਤ ਕੁਮਾਰ, ਕਰਨਵੀਰ ਸਿੰਘ, ਮੁਕਲ ਸ਼ਰਮਾ, ਸਚਿਨ ਸ਼ਰਮਾ, ਜਸਮੀਤ ਭਾਟੀਆ, ਮਿਲਣ ਦੀਪ ਅਤੇ ਲਵਪ੍ਰੀਤ ਆਪਣੀ ਖੇਡ ਦਾ ਪ੍ਰਦਰਸ਼ਨ ਕਰਨਗੇ।

## ਕਿਸਾਨ ਜਾਗਰੂਕਤਾ ਕੈਂਪ ਲਗਾ ਕੇ ਪਰਾਲੀ ਨਾ ਸਾੜਨ ਦਾ ਦਿੱਤਾ ਸੁਨੇਹਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਫਗਵਾੜਾ ਦੇ ਹੋਟਲ ਉੱਚਾਪਿੰਡ ਵਿਖੇ ਵਿਸ਼ੇਸ਼ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਐਸ.ਡੀ.ਐਮ. ਫਗਵਾੜਾ ਡਾ. ਨਵਜੋਤ ਸ਼ਰਮਾ ਅਤੇ ਡੀ ਐੱਸ ਪੀ ਫਗਵਾੜਾ ਪਰਮਿੰਦਰ ਸਿੰਘ ਦੀ ਹਾਜ਼ਰੀ ਵਿੱਚ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਇਸ ਨੂੰ ਖੇਤ ਵਿੱਚ ਹੀ ਮਿਲਾ ਕੇ ਮਿੱਟੀ ਦੀ ਉਪਜਾਊ ਸ਼ਕਤੀ ਵਧਾਉਣ ਲਈ ਪ੍ਰੇਰਿਤ ਕੀਤਾ ਗਿਆ। ਐੱਸ ਡੀ ਐੱਮ ਫਗਵਾੜਾ ਡਾ. ਨਵਜੋਤ ਸ਼ਰਮਾ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ, ਪਰਾਲੀ ਨੂੰ ਖੇਤਾਂ ਵਿੱਚ ਹੀ ਮਿਲਾਉਣ ਅਤੇ ਖੇਤਾਂ ਦੀ ਉਪਜਾਊ ਸ਼ਕਤੀ ਵਧਾਓ। ਉਨ੍ਹਾਂ ਕਿਹਾ ਕਿ ਜੇਕਰ ਪਰਾਲੀ ਨੂੰ ਅੱਗ ਲਗਾਉਣ ਦਾ ਰੁਝਾਨ ਜਾਰੀ ਰਿਹਾ ਤਾਂ ਇਸ ਨਾਲ ਸਾਡੀ ਆਣ ਵਾਲੀ ਧਰਤੀ ਦੀ ਉਪਜਾਊ ਸ਼ਕਤੀ ਨੂੰ ਭਾਰੀ ਨੁਕਸਾਨ ਪਹੁੰਚ ਸਕਦਾ ਹੈ। ਉਨ੍ਹਾਂ ਕਿਸਾਨਾਂ ਨੂੰ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਦੇ ਸਿਹਤਮੰਦ ਭਵਿੱਖ ਅਤੇ ਵਾਤਾਵਰਨ ਦੀ ਸੁਰੱਖਿਆ ਲਈ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਹਰ ਸੰਭਵ ਸਹਿਯੋਗ ਮੁਹੱਈਆ ਕਰਵਾਇਆ ਜਾ ਰਿਹਾ ਹੈ। ਡੀ.ਐਸ.ਪੀ. ਫਗਵਾੜਾ ਸ. ਪਰਮਿੰਦਰ ਸਿੰਘ ਨੇ ਕਿਸਾਨਾਂ ਨੂੰ ਪਰਾਲੀ ਸਾੜਨ 'ਤੇ ਹੋਣ ਵਾਲੀ ਕਾਨੂੰਨੀ ਕਾਰਵਾਈ ਅਤੇ ਜੁਰਮਾਨੇ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਜੇਕਰ ਪਰਾਲੀ ਨੂੰ ਖੇਤ ਵਿੱਚ ਹੀ ਮਿਲਾ ਦਿੱਤਾ ਜਾਵੇ ਤਾਂ ਇਸ ਨਾਲ ਮਿੱਟੀ ਵਿੱਚ ਜੈਵਿਕ ਮਾਦੇ ਅਤੇ ਮੱਲ੍ਹਣ ਦੀ ਮਾਤਰਾ ਵਿੱਚ ਵਾਧਾ ਹੁੰਦਾ ਹੈ, ਜਿਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਧਦੀ ਹੈ।

## ਡਾ. ਅਵਤਾਰ ਸਿੰਘ ਪਤੰਗ ਦੀ ਕਹਾਣੀ 'ਮਾਨਵ ਹਾਜ਼ਰ ਹੋ' 'ਤੇ ਸੰਵਾਦ ਰਚਾਇਆ



**ਚੰਡੀਗੜ੍ਹ (ਸੁਰਜੀਤ ਸੁਮਨ)**- ਕਹਾਣੀ ਮੰਚ, ਚੰਡੀਗੜ੍ਹ ਦੀ ਇਕੱਤਰਤਾ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਰਾਣੀ ਲਕਸ਼ਮੀ ਬਾਈ ਭਵਨ, ਸੈਕਟਰ 38 ਸੀ ਵਿਖੇ ਉੱਘੇ ਚਿੰਤਕ ਤੇ ਲੇਖਕ ਡਾ. ਲਾਭ ਸਿੰਘ ਖੀਵਾ ਦੀ ਪ੍ਰਧਾਨਗੀ ਹੇਠ ਹੋਈ। ਇਸ ਇਕੱਤਰਤਾ ਵਿੱਚ ਡਾ. ਅਵਤਾਰ ਸਿੰਘ ਪਤੰਗ ਨੇ ਆਪਣੀ ਅਣ-ਛਪੀ ਕਹਾਣੀ 'ਮਾਨਵ ਹਾਜ਼ਰ ਹੋ' ਦਾ ਪਾਠ ਕੀਤਾ। ਚਰਚਾ ਵਿੱਚ ਭਾਗ ਲੈਂਦਿਆਂ ਲੇਖਕ ਸੁਰਜੀਤ ਸੁਮਨ ਨੇ ਕਿਹਾ ਕਿ ਕਹਾਣੀ ਦੀ ਕਥਾ ਬੇਸ਼ੱਕ ਰੌਚਕ ਹੈ, ਪਰ ਕਹਾਣੀ ਦਾ ਸਭ ਦੀ ਘਾਟ ਰੜਕਦੀ ਹੈ। ਪ੍ਰਿੰ. ਸਤਨਾਮ ਸਿੰਘ ਸ਼ੋਕਰ ਨੇ ਕਿਹਾ ਕਿ ਇਸ ਕਹਾਣੀ ਵਿੱਚ ਰੱਬ ਤੇ ਮਾਨਵ ਦਾ ਟਕਰਾਅ ਹੈ। ਕਹਾਣੀਕਾਰ ਹਰਪ੍ਰੀਤ ਸਿੰਘ ਚੰਨੂ ਨੇ ਕਿਹਾ ਕਿ ਇਸ ਵਿੱਚ ਮਾਨਵ ਤੇ ਮਹਾਂ-ਮਾਨਵ ਦਾ ਦਵੰਦ ਹੈ। ਕਹਾਣੀਕਾਰ ਪਰਮਜੀਤ ਮਾਨ ਨੇ ਕਿਹਾ ਕਿ ਕਹਾਣੀ ਵਿੱਚ ਅਸਾਧਾਰਨ ਰਚਨਾਤਮਕ ਸੂਝ ਹੈ। ਉਨ੍ਹਾਂ ਕਿਹਾ ਕਿ ਇਸ ਵਿਚ ਵਿਅੰਗ ਵੀ ਹੈ ਤੇ ਸਮਾਜਿਕ ਸਮੱਸਿਆ ਵੀ। ਕਹਾਣੀ ਵਿਚ ਸੋਧ ਕਰਨ ਦੀ ਜ਼ਰੂਰਤ ਹੈ। ਹਾਸ- ਵਿਅੰਗ ਲੇਖਕ ਤੇ ਦੂਰਦਰਸ਼ਨ ਦੇ ਸਾਬਕਾ ਡਾਇਰੈਕਟਰ ਹਰਬੰਸ ਸੋਢੀ ਨੇ ਕਿਹਾ ਕਿ ਕਹਾਣੀ ਵਧੀਆ ਤੇ ਰੌਚਕ ਹੈ, ਪਰ ਇਸ ਨੂੰ ਹੋਰ ਤਰਾਸ਼ਣ ਦੀ ਜ਼ਰੂਰਤ ਹੈ। ਕਹਾਣੀਕਾਰ ਸਰੂਪ ਸਿਆਲਵੀ ਨੇ ਕਿਹਾ ਕਿ ਕਹਾਣੀ ਪ੍ਰਤੀਕਮਈ ਹੈ, ਪਰੰਤੂ ਇਸ ਵਿੱਚ ਘਟਨਾਵਾਂ ਦਾ ਖਿਲਾਰ ਹੈ, ਜੋ ਸਾਂਭਣ ਦੀ ਲੋੜ ਹੈ। ਅੰਤ ਵਿੱਚ ਪ੍ਰਧਾਨਗੀ ਮੰਡਲ ਵੱਲੋਂ ਡਾ. ਲਾਭ ਸਿੰਘ ਖੀਵਾ ਨੇ ਕਿਹਾ ਕਿ ਕਹਾਣੀ ਵਿੱਚ ਨਿਸ਼ਾਨਾ ਵੀ ਘਾਟ ਹੈ।

## ਵੋਟਰ ਸੂਚੀਆਂ ਅੰਤਿਮ ਪ੍ਰਕਾਸ਼ਨ ਦੀਆਂ ਤਿਆਰੀਆਂ ਦਾ ਰੋਲ ਆਬਜ਼ਰਵਰ ਵੱਲੋਂ ਜਾਇਜ਼ਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਐੱਸ ਆਈ ਆਰ ਤਹਿਤ ਵੋਟਰ ਸੂਚੀਆਂ ਦੇ ਅੰਤਿਮ ਪ੍ਰਕਾਸ਼ਨ ਸਬੰਧੀ ਤਿਆਰੀਆਂ ਦਾ ਅੱਜ ਰੋਲ ਆਬਜ਼ਰਵਰ ਅਤੇ ਸੀਨੀਅਰ ਆਈ ਏ ਐਸ ਅਧਿਕਾਰੀ ਡੀ ਐੱਸ ਮਾਂਗਟ ਨੇ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਵਿਧਾਨ ਸਭਾ ਹਲਕਾ 42-ਸ਼ਾਮ ਚੁਰਾਸੀ ਅਤੇ ਵਿਧਾਨ ਸਭਾ ਹਲਕਾ 44-ਚੱਬੇਵਾਲ ਦੇ ਸਬੰਧਤ ਅਧਿਕਾਰੀਆਂ ਨਾਲ



ਮੀਟਿੰਗ ਕਰਕੇ ਐਸ ਆਈ ਆਰ ਦੇ ਕੰਮ ਦੀ ਪ੍ਰਗਤੀ ਦੀ ਸਮੀਖਿਆ ਕੀਤੀ। ਰੋਲ ਆਬਜ਼ਰਵਰ ਨੇ ਜ਼ਿਲ੍ਹਾ ਪੱਧਰ 'ਤੇ ਪ੍ਰਾਪਤ ਸ਼ਿਕਾਇਤਾਂ ਦੀ ਵੀ ਸਮੀਖਿਆ ਕੀਤੀ ਅਤੇ ਉਨ੍ਹਾਂ ਦੇ ਸਮਾਂਬੱਧ ਨਿਪਟਾਰੇ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਤੋਂ ਇਲਾਵਾ ਉਨ੍ਹਾਂ ਨੇ ਵੋਟਰ ਪਛਾਣ ਪੱਤਰਾਂ (ਵੋਟਰ ਕਾਰਡਾਂ) ਦੀ ਡਿਲੀਵਰੀ ਸਬੰਧੀ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਵੋਟਰਾਂ ਨੂੰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਉਨ੍ਹਾਂ ਦੇ ਵੋਟਰ ਕਾਰਡ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮਥੁਰਾ-ਵ੍ਰਿੰਦਾਵਨ ਲਈ ਬੱਸ ਰਵਾਨਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਅਤੇ ਭਲਾਈ ਲਈ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਕੋਟਫਤੂਹੀ ਤੋਂ ਸ਼ਰਧਾਲੂਆਂ ਨੂੰ ਮਥੁਰਾ-ਵ੍ਰਿੰਦਾਵਨ ਦੇ ਪਵਿੱਤਰ ਧਾਮਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ ਕੀਤੀ ਗਈ। ਇਸ ਮੌਕੇ ਤਰੁਣ ਅਰੋੜਾ, ਡਾਇਰੈਕਟਰ ਪੰਜਾਬ ਸਰਕਾਰ, ਸਟੇਟ ਸੈਕ੍ਰੇਟਰੀ ਆਮ ਆਦਮੀ ਪਾਰਟੀ ਪੰਜਾਬ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਨਮਾਨ ਕਰਦਿਆਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਤਰੁਣ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਸਿਰਫ਼ ਵਿਕਾਸ ਕਰਨਾ ਹੀ ਨਹੀਂ, ਸਗੋਂ ਹਰ ਵਰਗ ਨੂੰ ਸਨਮਾਨ, ਸਹੂਲਤ ਅਤੇ ਬਿਹਤਰ ਜੀਵਨ ਦੇ ਮੌਕੇ ਪ੍ਰਦਾਨ ਕਰਨਾ ਹੈ। ਇਸ ਮੌਕੇ ਅੱਡਾ ਕੋਟਫਤੂਹੀ ਦੇ ਵਾਈਸ ਪ੍ਰਧਾਨ ਰਾਜੇਸ਼ ਕੁਮਾਰ ਅਰੋੜਾ ਜਾਗਰਣ ਕਮੇਟੀ ਕੋਟਫਤੂਹੀ ਦੇ ਪ੍ਰਧਾਨ ਪ੍ਰੇਮ ਵਧਵਾ ਪਵਨ ਕੁਮਾਰ, ਰਾਜ ਕੁਮਾਰ, ਸਿੰਪਲ ਮਦਾਨ, ਜੀਵਨ ਕੁਮਾਰ ਲਾਡੀ, ਸੰਦੀਪ ਕੁਮਾਰ, ਰਾਜ ਕੁਮਾਰ ਬੌਬੀ, ਅਗਰਵਾਲ ਵੈਲਫੇਅਰ ਬੋਰਡ ਦੇ ਚੇਅਰਮੈਨ ਬਿੱਪਨ ਕੁਮਾਰ ਅਗਰਵਾਲ, ਅਵਤਾਰ ਸਿੰਘ ਅਟਵਾਲ ਸਮੇਤ ਹੋਰ ਪਤਵੰਤੇ, ਤੀਰਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂ, ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

## ਅਣਪਛਾਤੇ ਚੋਰਾਂ ਵੱਲੋਂ ਸਕੂਲ ਦਾ ਸਮਾਨ ਚੋਰੀ

**ਮਾਹਿਲਪੁਰ (ਸਫਰੀ)**- ਬਲਾਕ ਮਾਹਿਲਪੁਰ ਦੇ ਪਿੰਡ ਰਾਮਪੁਰ ਝੰਜੋਵਾਲ ਦੇ ਐਲੀਮੈਂਟਰੀ ਸਕੂਲ 'ਚ ਬੀਤੀ ਰਾਤ ਚੋਰਾਂ ਵਲੋਂ ਹਜ਼ਾਰਾਂ ਦਾ ਸਮਾਨ ਚੋਰੀ ਹੋਇਆ। ਥਾਣਾ ਮਾਹਿਲਪੁਰ ਦੀ ਪੁਲਿਸ ਨੇ ਮੌਕੇ ਤੇ ਪਹੁੰਚ ਕੇ ਗੰਭੀਰਤਾ ਨਾਲ ਪੜਤਾਲ ਸ਼ੁਰੂ ਕਰ ਦਿੱਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਕੂਲ ਦੇ ਇੰਚਾਰਜ ਰਨਵੀਰ ਕੌਰ ਨੇ ਦੱਸਿਆ ਕਿ ਉਨਾਂ ਦੀ ਕੁੱਕ ਨੇ ਸਵੇਰੇ ਕੋਈ ਸਾਢੇ ਕੁਝ ਚਾਰ ਵਜੇ ਫੋਨ ਤੇ ਮੈਨੂੰ ਦੱਸਿਆ ਕਿ ਝੰਜੋਵਾਲ ਦੀਆਂ ਕੁਝ ਔਰਤਾਂ ਗਰਾਊਡ 'ਚ ਸੈਰ ਕਰਨ ਆਈਆਂ ਨੇ ਸਾਡੇ ਸਕੂਲ ਦੀ ਕੁੱਕ ਨੂੰ ਫੋਨ ਤੇ ਦਸਿਆ ਕਿ ਸਕੂਲ ਦੀ ਗਰਾਊਂਡ ਵੱਲ ਦਾ ਦਰਵਾਜਾ ਖੁੱਲਾ ਹੈ ਅਤੇ ਇਨਵਰਟਰ ਦਾ ਬੈਟਰਾ ਗਰਾਊਂਡ 'ਚ ਪਿਆ ਹੈ ਤੇ ਸਕੂਲ ਦੇ ਸਾਰੇ ਤਾਲੇ ਟੁੱਟੇ ਹੋਏ



ਹਨ। ਉਹਨਾਂ ਦੱਸਿਆ ਕਿ ਅਸੀਂ ਤੁਰੰਤ ਸਰਪੰਚ ਨੂੰ ਨਾਲ ਲੈ ਕੇ ਸਕੂਲ ਪਹੁੰਚੇ ਤਾਂ ਦੇਖਿਆ ਕਿ ਅਲਮਾਰੀਆਂ ਦੀ ਭੰਨ ਤੋੜ ਕਰਕੇ ਸਾਰੇ ਸਮਾਨ ਦੀ ਫਰੋਲਾ ਫਰਾਲੀ ਕੀਤੀ ਹੋਈ ਹੈ। ਉਨਾਂ ਦੱਸਿਆ ਕਿ ਚੋਰ ਮਿਡ ਡੇ ਮੀਲ ਅਤੇ ਰਸੋਈ ਦਾ ਸਾਰਾ ਸਮਾਨ ਵੀ ਲੈ ਗਏ ਅਤੇ ਕੈਮਰਿਆ ਦਾ ਡੀ ਵੀ ਆਰ ਵੀ ਚੋਰੀ ਕਰਕੇ ਨਾਲ ਲੈ ਗਏ। ਚੋਰ ਇਨਵਰਟਰ ਸਮੇਤ ਬੈਟਰਾ ਵੀ ਚੋਰੀ ਕਰ ਕੇ ਲੈਣ ਗਏ। ਸੈਰ ਕਰਨ ਆਈਆ ਔਰਤਾਂ ਨੂੰ ਦੇਖ ਕੇ ਚੋਰ ਅਨਵਾਰਟਰ ਦਾ ਬੈਟਰਾ ਛੱਡ ਭੱਜ ਗਏ ।ਜ਼ਿਕਰਯੋਗ ਹੈ ਕਿ ਇਹ ਸਕੂਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਬਿਲਕੁਲ ਨਾਲ ਲੱਗਦਾ ਹੈ, ਜਿਥੇ ਰਾਤ ਸਮੇਂ ਚੌਂਕੀ ਦਾਰ ਵੀ ਪਹਿਰਾ ਦਿੰਦਾ ਹੈ,ਇਸ ਦੇ ਬਾਵਜੂਦ ਚੋਰਾਂ ਨੇ ਬੇਖੌਫ ਹੋ ਕੇ ਚੋਰੀ ਨੂੰ ਅੰਜਾਮ ਦਿੱਤਾ।ਥਾਣਾ ਮਾਹਿਲਪੁਰ ਦੀ ਪੁਲਿਸ ਨੂੰ ਲਿਖ਼ਤੀ ਸ਼ਿਕਾਇਤ ਕਰ ਦਿੱਤੀ ਗਈ ਹੈ। ਥਾਣਾ ਮਾਹਿਲਪੁਰ ਦੀ ਪੁਲਸ ਨੇ ਮੌਕੇ ਤੇ ਪਹੁੰਚ ਕੇ ਅਗਲੇਰੀ ਕਾਰਵਾਈ ਆਰੰਭ ਕਰ ਦਿਤੀ ਹੈ।

## ਬੁੰਗਾ ਸਾਹਿਬ ਨੇੜੇ ਮੀਟ-ਮੱਛੀ ਦੇ ਅਹਾਤੇ ਬੰਦ ਕਰਵਾਉਣ ਦੀ ਮੰਗ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇਲਾਕੇ ਦੇ ਪ੍ਰਸਿੱਧ ਲੇਖਕ ਸ਼ਮਸ਼ੇਰ ਸਿੰਘ ਡੂਮੇਵਾਲ ਵੱਲੋਂ ਸਿੱਖ ਪੰਥ ਨਾਲ ਸਬੰਧਤ ਅਹਿਮ ਮਸਲਾ ਉਠਾਉਂਦਿਆਂ ਬੁੰਗਾ ਸਾਹਿਬ ਨੇੜੇ ਚੱਲ ਰਹੀਆਂ ਮੀਟ-ਮੱਛੀ ਦੀਆਂ ਦੁਕਾਨਾਂ ਅਤੇ ਅਹਾਤਿਆਂ ਨੂੰ ਤੁਰੰਤ ਬੰਦ ਕਰਵਾਉਣ ਦੀ ਮੰਗ ਕੀਤੀ ਗਈ ਹੈ। ਇਸ ਸਬੰਧੀ ਉਨ੍ਹਾਂ ਵੱਲੋਂ ਗਿਆਨੀ ਕੁਲਦੀਪ ਸਿੰਘ ਗੜਗੱਜ, ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਮੰਗ ਪੱਤਰ ਸੌਂਪਿਆ ਗਿਆ।ਸ਼ਮਸ਼ੇਰ ਸਿੰਘ ਡੂਮੇਵਾਲ ਨੇ ਮੰਗ ਪੱਤਰ ਵਿੱਚ ਕਿਹਾ ਕਿ ਬੁੰਗਾ



ਸਾਹਿਬ ਸਮੇਤ ਇਹ ਸਮੁੱਚਾ ਇਲਾਕਾ ਸਿੱਖ ਇਤਿਹਾਸ ਦੀਆਂ ਮਹਾਨ ਸ਼ਹਾਦਤਾਂ ਨਾਲ ਜੁੜਿਆ ਹੋਇਆ ਹੈ। ਗੁਰੂ ਸਾਹਿਬ ਵੱਲੋਂ ਕਿਲ੍ਹਾ ਅਨੰਦਗੜ੍ਹ ਸਾਹਿਬ ਛੱਡਣ ਤੋਂ ਬਾਅਦ ਬਾਈਧਾਰ ਦੇ ਪਹਾੜੀ ਰਾਜਿਆਂ ਵੱਲੋਂ ਗੁਰੂ ਕੇ ਵਹੀਰ 'ਤੇ ਹਮਲਾ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਇਹ ਇਲਾਕਾ ਨਿਰਮੋਹਗੜ੍ਹ ਦੀ ਜੰਗ ਦਾ ਵੀ ਗਵਾਹ ਰਿਹਾ ਹੈ।

ਉਨ੍ਹਾਂ ਕਿਹਾ ਕਿ ਜਿਸ ਧਰਤੀ 'ਤੇ ਸਿੱਖ ਇਤਿਹਾਸ ਦੇ ਅਹਿਮ ਸਾਕੇ ਵਾਪਰੇ, ਉੱਥੇ ਬੁੰਗਾ ਸਾਹਿਬ ਨੇੜੇ ਲਗਭਗ ਚਾਰ ਕਿਲੋਮੀਟਰ ਦੇ ਖੇਤਰ ਵਿੱਚ ਮੀਟ-ਮੱਛੀ ਦੇ ਅਹਾਤੇ ਖੁੱਲ੍ਹੇ ਹੋਏ ਹਨ। ਉਨ੍ਹਾਂ ਅਨੁਸਾਰ ਇੱਥੇ ਸ਼ਾਮ ਸਮੇਂ ਵੱਡੀ ਗਿਣਤੀ ਵਿੱਚ ਲੋਕ ਸ਼ਰਾਬ ਦਾ ਸੇਵਨ ਕਰਦੇ ਹਨ, ਜਿਸ ਨਾਲ ਇਸ ਪਵਿੱਤਰ ਇਤਿਹਾਸਕ ਖੇਤਰ ਦੀ ਮਰਿਆਦਾ ਨੂੰ ਠੇਸ ਪਹੁੰਚ ਰਹੀ ਹੈ।ਉਨ੍ਹਾਂ ਜਥੇਦਾਰ ਸਾਹਿਬਾਨ ਨੂੰ ਅਪੀਲ ਕੀਤੀ ਕਿ ਉਹ ਪਹਿਲਕਦਮੀ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਰੂਪਨਗਰ ਨੂੰ ਇਨ੍ਹਾਂ ਖੋਖਿਆਂ ਅਤੇ ਅਹਾਤਿਆਂ ਨੂੰ ਤੁਰੰਤ ਹਟਾਉਣ ਲਈ ਹਦਾਇਤ ਕਰਨ। ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਮੰਗ ਪੱਤਰ 'ਤੇ ਜਲਦ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਪ੍ਰਿੰਸੀਪਲ ਭਾਈ ਚਰਨਜੀਤ ਸਿੰਘ, ਭਾਈ ਹਰਦੇਵ ਸਿੰਘ ਸਮੇਤ ਹੋਰ ਆਗੂ ਹਾਜ਼ਰ ਸਨ।

## ਸ਼ਾਰਟ ਟਰਮ ਕੰਪਿਊਟਰ ਕੋਰਸਾਂ ਲਈ ਦਾਖਲਾ ਸ਼ੁਰੂ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਰਿਟਾ. ਲੈਫ: ਕਰਨਲ ਰੋਹਿਤ ਸ਼ਰਮਾ ਨੇ ਦੱਸਿਆ ਕਿ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਵੱਲੋਂ ਚਲਾਏ ਜਾ ਰਹੇ ਸੈਨਿਕ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਕਪੂਰਥਲਾ ਵਿਖੇ ਕੰਪਿਊਟਰ ਦੇ ਸ਼ਾਰਟ ਟਰਮ ਦੇ ਬੇਸਿਕ ਕੰਪਿਊਟਰ ਕੋਰਸ , ਟਾਈਪਿੰਗ ਅੰਗ੍ਰੇਜ਼ੀ ਤੇ ਪੰਜਾਬੀ ਕੋਰਸ ਦੇ 3-3 ਮਹੀਨਿਆਂ ਦੀਆਂ ਕਲਾਸਾਂ ਸ਼ੁਰੂ ਹੋ ਚੁੱਕਿਆ ਹੈ, ਇਨ੍ਹਾਂ ਕੰਪਿਊਟਰ ਕੋਰਸਾਂ ਨੂੰ ਪੂਰਾ ਕਰਨ 'ਤੇ ਪੰਜਾਬ ਸਰਕਾਰ ਵੱਲੋਂ ਮਾਨਤਾ ਪ੍ਰਾਪਤ ਸਰਟੀਫਿਕੇਟ ਦਿੱਤੇ ਜਾਂਦੇ ਹਨ। ਉਨ੍ਹਾਂ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਜੇਕਰ ਉਹ ਕੰਪਿਊਟਰ ਦੇ ਕੋਰਸਾਂ ਵਿੱਚ ਦਾਖਲਾ ਲੈਣਾ ਚਾਹੁੰਦੇ ਹਨ ਤਾਂ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ, ਕਪੂਰਥਲਾ ਨੇੜੇ ਫੁਆਰਾ ਚੌਕ ਵਿਖੇ ਪਹੁੰਚ ਕੇ ਜਾਂ ਫੋਨ ਨੰ: 78073-90447 ਅਤੇ 79731-37146 'ਤੇ ਸੰਪਰਕ ਕਰਕੇ ਦਾਖਲੇ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਹਾਸਲ ਕਰ ਸਕਦੇ ਹਨ।

## ਅਨੁਸੂਚਿਤ ਜਾਤੀਆਂ ਦੇ 71 ਲਾਭਪਾਤਰੀਆਂ ਨੂੰ 1.52 ਕਰੋੜ ਦੇ ਕਰਜ਼ੇ ਦਿੱਤੇ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ ਦੇ ਆਰਥਿਕ ਸਸ਼ਕਤੀਕਰਨ ਅਤੇ ਸਵੈ-ਨਿਰਭਰਤਾ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੀਆਂ ਵੱਖ-ਵੱਖ ਸਕੀਮਾਂ ਅਧੀਨ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ 71 ਲਾਭਪਾਤਰੀਆਂ ਨੂੰ 1.52 ਕਰੋੜ ਰੁਪਏ ਦੇ ਕਰਜ਼ੇ ਸਬਸਿਡੀ ਸਮੇਤ ਵੰਡੇ ਗਏ ਹਨ। ਇਹ ਪ੍ਰਗਟਾਵਾ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਮਾਜ ਦੇ ਵਾਂਝੇ ਵਰਗਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਅਤੇ ਉਨ੍ਹਾਂ ਨੂੰ ਤਰੱਕੀ ਦੇ ਬਰਾਬਰ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਕੀਮਾਂ ਦਾ ਉਦੇਸ਼ ਯੋਗ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਮੁਹੱਈਆ ਕਰਵਾ ਕੇ ਉਨ੍ਹਾਂ ਨੂੰ ਸਵੈ-ਰੁਜ਼ਗਾਰ ਦੇ ਮੌਕਿਆਂ ਨਾਲ ਜੋੜਨਾ ਅਤੇ ਆਤਮ-ਨਿਰਭਰ ਬਣਨ ਲਈ ਉਤਸ਼ਾਹਿਤ ਕਰਨਾ ਹੈ। ਡਾ. ਬਲਜੀਤ ਕੌਰ ਨੇ ਕਿਹਾ ਕਿ ਵਿੱਤੀ ਸਹਾਇਤਾ ਕਿਸੇ ਵੀ ਪਰਿਵਾਰ ਲਈ ਆਪਣੇ ਪੈਰਾਂ 'ਤੇ ਖੜ੍ਹੇ ਹੋਣ, ਆਮਦਨ ਦੇ ਸਾਧਨ ਵਿਕਸਿਤ ਕਰਨ ਅਤੇ ਬਿਹਤਰ ਜੀਵਨ ਵੱਲ ਕਦਮ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ਼ ਵਿੱਤੀ ਮਦਦ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਲਾਭਪਾਤਰੀਆਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਆਪਣੇ ਤੇ ਆਪਣੇ ਪਰਿਵਾਰ ਦੇ ਭਵਿੱਖ ਨੂੰ ਬਿਹਤਰ ਬਣਾਉਣ ਦੇ ਯੋਗ ਬਣਾਉਣਾ ਵੀ ਹੈ।


### ਜਨਮ ਦਿਨ ਮੁਬਾਰਕ



ਵਰਿਆਮਵੀਰ ਸਿੰਘ ਸੁਨਾਮ



ਦੇਵਾਂਸ਼ੀ ਸ਼ਰਮਾ ਪਿੰਡ ਬੁੱਢਾ ਥੇਹ

### ਵਰ੍ਹੇਗੰਢ ਮੁਬਾਰਕ



ਅਰਵਿੰਦਰ ਸਿੰਘ ਅਤੇ ਅਵਨੀਤ ਕੌਰ ਨੇ ਆਪਣੇ ਵਿਆਹ ਦੀ 16ਵੀਂ ਵਰ੍ਹੇਗੰਢ ਮਨਾਈ।



ਵਿਜੈਪਾਲ ਅਤੇ ਰੀਨਾ ਦੇਵੀ ਵਾਸੀ ਹੁਸ਼ਿਆਰਪੁਰ ਨੇ ਆਪਣੇ ਵਿਆਹ ਦੀ ਵਰ੍ਹੇਗੰਢ ਮਨਾਈ।



ਪਲਵਿੰਦਰ ਸਿੰਘ ਅਤੇ ਪ੍ਰਭਜੀਤ ਕੌਰ ਨੇ ਆਪਣੇ ਵਿਆਹ ਦੀ 25ਵੀਂ ਵਰ੍ਹੇਗੰਢ ਮਨਾਈ।


## ਗੈਰ ਵਿੱਦਿਆਕ ਕੰਮਾਂ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਦਾ ਹੋ ਰਿਹਾ ਨੁਕਸਾਨ



**ਆਦਮਪੁਰ (ਪਰਮਜੀਤ ਸਿੰਘ)**- ਬਲਾਕ ਆਦਮਪੁਰ ਜਿਲ੍ਹਾ ਜਲੰਧਰ ਦੇ ਸਾਰੇ ਕਾਡਰਾਂ ਦੇ ਅਧਿਆਪਕਾਂ ਦੀ ਸਾਂਝੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਹਰਬੰਸ ਲਾਲ ਤੇ ਪ੍ਰਿੰਸੀਪਲ ਅਸ਼ੋਕ ਬਸਰਾ (ਸਟੇਟ ਅਵਾਰਡੀ ) ਦੀ ਅਗਵਾਈ ਵਿੱਚ ਕੀਤੀ ਗਈ । ਬਲਾਕ ਪ੍ਰਧਾਨ ਦੀਪਕ ਕੁਮਾਰ ਵਲੋਂ ਅਧਿਆਪਕਾਂ ਤੇ ਥੋਪੇ ਜਾ ਰਹੇ ਗੈਰ ਵਿੱਦਿਅਕ ਕੰਮਾਂ ਬਾਰੇ ਸਖ਼ਤ ਵਿਰੋਧ ਕੀਤਾ ਗਿਆ । ਇਹਨਾਂ ਗ਼ੈਰ ਵਿੱਦਿਅਕ ਕੰਮਾਂ ਕਾਰਨ ਜਿੱਥੇ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਹੋ ਰਿਹਾ ਹੈ ਨਾਲ ਹੀ ਸਮਾਜ ਅਤੇ ਅਧਿਆਪਕ ਵਰਗ ਵਿੱਚ ਸਿੱਖਿਆ ਮਾਰੂ ਨੀਤੀਆਂ ਕਾਰਨ ਰੋਸ ਵੱਧ ਰਿਹਾ ਹੈ । ਲੈਕਚਰਾਰ ਪ੍ਰੇਮ ਸਿੰਘ ਨੇ ਵਿਭਾਗੀ ਤਰੱਕੀਆਂ ਵਿੱਚ ਰਿਜਰਵੇਸ਼ਨ ਪਾਲਿਸੀ ਅਤੇ ਰੋਸਟਰ ਨੁਕਤਿਆਂ ਨੂੰ ਲਾਗੂ ਨਾ ਕਰਨ ਦੇ ਮੁੱਦੇ ਤੇ ਆਪਣੇ ਵਿਚਾਰ ਪੇਸ਼ ਕੀਤੇ। ਪ੍ਰੈੱਸ ਸਕੱਤਰ ਤਰਨਦੀਪ ਸਿੰਘ ਵਲੋ ਤਰੱਕੀਆਂ ਵਿੱਚ ਰਿਜ਼ਰਵ ਕੈਟੇਗਰੀ ਦੇ ਬਣਦੇ ਬੈਕਲਾਗ ਬਾਰੇ ਗੱਲ ਕੀਤੀ ਗਈ । ਸੀਨੀਅਰ ਮੀਤ ਪ੍ਰਧਾਨ ਬਲਬੀਰ ਸਿੰਘ ਵਲੋਂ ਆਪਣੇ ਸਮਾਜ ਅਤੇ ਆਪਣੇ ਸਮਾਜ ਦੇ ਬੱਚਿਆਂ ਲਈ ਇਕੱਠੇ ਹੋ ਕੇ ਕੰਮ ਕਰਨ ਲਈ ਕਿਹਾ ਗਿਆ।ਜ਼ਿਲ੍ਹਾ ਪ੍ਰਧਾਨ ਹਰਬੰਸ ਲਾਲ ਨੇ ਕਿਹਾ ਕਿ ਈ ਟੀ ਟੀ ਤੋਂ ਮਾਸਟਰ ਕਾਡਰ, ਮਾਸਟਰ ਕਾਡਰ ਤੋਂ ਲੈਕਚਰਾਰ ਅਤੇ ਲੈਕਚਰਾਰ ਤੋਂ ਪ੍ਰਿੰਸੀਪਲ ਦੀਆਂ ਤਰੱਕੀਆਂ ਵਿਭਾਗ ਵਲੋਂ ਹੋਣ ਜਾ ਰਹੀਆਂ ਜਿਸ ਤੇ ਸਾਡੀ ਯੂਨੀਅਨ ਦੀ ਪੈਨੀ ਨਜ਼ਰ ਰਹੇਗੀ ਕਿ ਵਿਭਾਗ ਰਿਜਰਵੇਸ਼ਨ ਪਾਲਿਸੀ ਅਨੁਸਾਰ ਹੀ ਚੱਲ ਰਿਹਾ ਹੈ । ਉਹਨਾਂ ਕਿਹਾ ਕਿ ਇਸ ਸਬੰਧੀ ਸਮਾਜ ਭਲਾਈ ਮੰਤਰੀ , ਪੰਜਾਬ ਨਾਲ ਮੀਟਿੰਗਾਂ ਹੋ ਚੁੱਕੀਆਂ ਹਨ ਤੇ ਇਸ ਸਬੰਧੀ ਸਬੰਧੀ ਹੇਠਲੇ ਪੱਧਰ ਤੇ ਹਦਾਇਤਾਂ ਵੀ ਜਾਰੀ ਹੋ ਚੁੱਕੀਆਂ ਹਨ । ਇਸ ਮੌਕੇ ਤੇ ਬਲਾਕ ਪ੍ਰਧਾਨ ਦੀਪਕ ਕੁਮਾਰ, ਜਨਰਲ ਸਕੱਤਰ ਲੈਕਚਰਾਰ ਪ੍ਰੇਮ ਸਿੰਘ, ਵਿੱਤ ਸਕੱਤਰ ਲੈਕਚਰਾਰ ਸੁਖਚਰਨ ਸਿੰਘ, ਸੀਨੀਅਰ ਮੀਤ ਪ੍ਰਧਾਨ ਲੈਕਚਰਾਰ ਮਲਕੀਤ ਸਿੰਘ, ਪ੍ਰੈੱਸ ਸਕੱਤਰ ਤਰਨਦੀਪ ਸਿੰਘ, ਹੈੱਡ ਟੀਚਰ ਪਰਮਜੀਤ ਸਿੰਘ, ਹੈੱਡ ਟੀਚਰ ਗੁਰਦਿਆਲ ਸਿੰਘ, ਜਸਵਿੰਦਰ ਸਿੰਘ ਜੱਸ, ਪਰਮਿੰਦਰ ਸਿੰਘ, ਸੁਖਵਿੰਦਰ ਸਿੰਘ, ਸਕੱਤਰ ਅਰਸ਼ਦੀਪ ਸਿੰਘ, ਸੀਨੀਅਰ ਮੀਤ ਪ੍ਰਧਾਨ ਬਲਬੀਰ ਸਿੰਘ, ਲਖਵੀਰ ਸਿੰਘ, ਲੈਕਚਰਾਰ ਦਸਵਿੰਦਰ ਸਿੰਘ, ਲਖਵੀਰ ਸਿੰਘ, ਸੋਹਣ ਲਾਲ ਭਾਟੀਆ,ਕੁਲਵੀਰ ਸਿੰਘ ਆਦਿ ਹਾਜ਼ਰ ਸਨ ।

## ਐੱਚ ਐੱਮ ਵੀ ਨੇ ਮਨਾਇਆ ਓਜ਼ੋਨ ਹ.ਫਤਾ

**ਜਲੰਧਰ (ਸ਼ੈਲੀ ਐਲਬਰਟ)**- ਹੰਸਰਾਜ ਮਹਿਲਾ ਮਹਾਵਿਦਿਆਲਾ ਦੇ ਪੋਸਟ ਗ੍ਰੈਜੂਏਟ ਬੌਟਨੀ ਵਿਭਾਗ ਦੀ ਡੀ ਡੀ ਪੰਤ ਬੋਟੈਨੀਕਲ ਸੋਸਾਇਟੀ ਵੱਲੋਂ ਡੀ ਐੱਸ ਟੀ-ਕਿਊਰੀ ਗ੍ਰਾਂਟ ਤਹਿਤ ਓਜ਼ੋਨ ਹਫ਼ਤਾ ਮਨਾਇਆ ਗਿਆ। ਹਫ਼ਤਾ ਭਰ



ਚੱਲੇ ਇਸ ਸਮਾਗਮ ਦੌਰਾਨ ਓਜ਼ੋਨ ਪਰਤ ਦੇ ਮਹੱਤਵ ਅਤੇ ਟਿਕਾਊ ਭਵਿੱਖ ਲਈ ਸੰਤੁਲਿਤ ਜੀਵਨ ਜਿਊਣ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਅਤੇ ਮੁਕਾਬਲੇ ਕਰਵਾਏ ਗਏ। ?ਨੂੰਕੁਦਰਤ ਅਤੇ ਜੈਵ ਵਿਭਿੰਨਤਾ' 'ਤੇ ਫੋਟੋਗ੍ਰਾਫੀ ਮੁਕਾਬਲਾ ਕਰਵਾਇਆ ਗਿਆ। ਸੇਜਲ ਬੀ ਐੱਸ ਸੀ ਮੈਡੀਕਲ ਸਮੈਸਟਰ 3, ਸੰਦੀਪ ਬੀ ਐੱਸ ਸੀ ਮੈਡੀਕਲ ਸਮੈਸਟਰ 5 ਅਤੇ ਅਰਚਨਾ ਬੀ.ਵੋਕ. ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਸਮੈਸਟਰ 5 ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ, ਜਦੋਂ ਕਿ ਮਹਿਕ ਬੀ.ਵੋਕ. ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਸਮੈਸਟਰ 5 ਅਤੇ ਕਿਰਨ ਐਮ.ਐਸ.ਸੀ. ਬੋਟਨੀ ਸਮੈਸਟਰ 3 ਨੇ ਹੌਂਸਲਾ-ਅਫ਼ਜ਼ਾਈ ਇਨਾਮ ਪ੍ਰਾਪਤ ਕੀਤਾ। ਕੈਂਪਸ ਵਿੱਚ ਜੈਵ ਵਿਭਿੰਨਤਾ 'ਤੇ ਕੇਂਦਰਿਤ ਰੀਲ ਮੇਕਿੰਗ ਮੁਕਾਬਲਾ ਵੀ ਕਰਵਾਇਆ ਗਿਆ। ਫਰੀਨਾ ਬੀ ਐੱਸ ਸੀ ਮੈਡੀਕਲ ਸਮੈਸਟਰ 1 ਅਤੇ ਹਰਸ਼ਿਤਾ ਬੀ ਵੋਕ ਜਨਰਲਇਜ਼ਮ ਐਂਡ ਮਾਸ ਕਮਿਊਨੀਕੇਸ਼ਨ ਸਮੈਸਟਰ 5 ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਇਨਾਮ ਪ੍ਰਾਪਤ ਕੀਤਾ। ਇਸ ਮੌਕੇ 'ਸਿਹਤਮੰਦ ਭੋਜਨ, ਸਿਹਤਮੰਦ ਜੀਵਨ' ਥੀਮ 'ਤੇ ਪੋਸ਼ਣ ਹਫ਼ਤਾ ਮਨਾਉਣ ਲਈ ਨਿਊਟਰਾਸੂਟੀਕਲ ਫੂਡ ਸ਼ੋਅ ਵੀ ਆਯੋਜਿਤ ਕੀਤਾ ਗਿਆ। ਇਸ ਮੁਕਾਬਲੇ ਵਿੱਚ 16 ਟੀਮਾਂ ਨੇ ਭਾਰੀ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਬਿਨਾਂ ਬਾਲਣ ਦੀ ਵਰਤੋਂ ਕੀਤੇ ਸਿਹਤਮੰਦ ਭੋਜਨ ਤਿਆਰ ਕੀਤਾ। ?ਇਸ ਮੌਕੇ ਪ੍ਰਿੰਸੀਪਲ ਡਾ. ਸ਼੍ਰੀਮਤੀ ਏਕਤਾ ਖੋਸਲਾ ਨੇ ਜੇਤੂਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਨ੍ਹਾਂ ਨੂੰ ਧਰਤੀ ਨੂੰ ਬਚਾਉਣ ਅਤੇ ਆਉਣ ਵਾਲੀ ਪੀੜ੍ਹੀ ਨੂੰ ਟਿਕਾਊ ਭਵਿੱਖ ਪ੍ਰਦਾਨ ਕਰਨ ਲਈ ਮਾਰਗਦਰਸ਼ਕ ਬਣਨ ਲਈ ਕਿਹਾ। ਬੌਟਨੀ ਵਿਭਾਗ ਦੇ ਮੁਖੀ ਡਾ. ਅੰਜਨਾ ਭਾਟੀਆ ਨੇ ਵੀ ਵਿਦਿਆਰਥੀਆਂ ਨੂੰ ਜੈਵ ਵਿਭਿੰਨਤਾ ਸੰਭਾਲ ਦੇ ਮਹੱਤਵ ਬਾਰੇ ਦੱਸਿਆ। ਡਾ. ਮਮਤਾ, ਦੀਪਸ਼ਿਖਾ, ਪੂਰਨਿਮਾ ਅਤੇ ਡਾ. ਸ਼ਲਿੰਦਰ ਵੱਖ-ਵੱਖ ਸਮਾਗਮਾਂ ਦੇ ਜੱਜ ਸਨ। ਡਾ. ਰਮਨਦੀਪ ਕੌਰ, ਮਿਸ ਹਰਪ੍ਰੀਤ ਕੌਰ ਅਤੇ ਡਾ. ਸ਼ੁਚੀ ਵੀ ਹਾਜ਼ਰ ਸਨ। ਸੋਸਾਇਟੀ ਦੇ ਇੰਚਾਰਜ ਡਾ. ਸ਼ਵੇਤਾ ਚੌਹਾਨ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।

## ਸ਼ਿਵਾਲਿਕ ਮੈਗਜ਼ੀਨ ਦਾ ਗਿਆਰ੍ਹਵਾਂ ਅੰਕ ਰਿਲੀਜ਼



**ਚੰਡੀਗੜ੍ਹ (ਸੁਰਜੀਤ ਸੁਮਨ)**- ਚੰਡੀਗੜ੍ਹ ਸਾਹਿਤ ਅਕਾਦਮੀ, ਰਾਣੀ ਲਕਸ਼ਮੀ ਬਾਈ ਭਵਨ, ਸੈਕਟਰ-38 ਚੰਡੀਗੜ੍ਹ, ਵਿਖੇ ਜੇ ਐੱਸ ਮਹਿਰਾ ਦੀ ਮੁੱਖ ਸੰਪਾਦਨਾ ਹੇਠ ਛਪ ਰਹੇ ਮੈਗਜ਼ੀਨ 'ਸ਼ਿਵਾਲਿਕ' ਦਾ ਗਿਆਰਵਾਂ ਅੰਕ ਰਿਲੀਜ਼ ਕੀਤਾ ਗਿਆ। ਸ਼ਿਵਾਲਿਕ ਮੈਗਜ਼ੀਨ ਬਾਰੇ ਮੁੱਖ ਸੰਪਾਦਕ ਨੇ ਬੋਲਦਿਆਂ ਕਿਹਾ ਕਿ ਪੰਜਾਬ ਦੇ ਹੋਰ ਖੇਤਰਾਂ ਜਿਵੇਂ ਮਾਝਾ, ਮਾਲਵਾ ਤੇ ਦੁਆਬਾ ਵਿੱਚੋਂ ਕਈ ਸਾਹਿਤਕ ਰਸਾਲੇ ਨਿਕਲਦੇ ਹਨ, ਪਰ ਸ਼ਿਵਾਲਿਕ ਪੁਆਧ ਖੇਤਰ ਵਿੱਚੋਂ ਨਿਕਲਣ ਵਾਲਾ ਪਹਿਲਾ ਸਾਹਿਤਕ ਰਸਾਲਾ ਹੈ। ਉਨ੍ਹਾਂ ਪੰਜਾਬੀ ਦੇ ਇਸ ਰਸਾਲੇ ਨਾਲ ਜੁੜਨ ਦੀ ਵੀ ਅਪੀਲ ਕੀਤੀ। ਇਸ ਮੌਕੇ ਕਈ ਨਾਮਵਰ ਲੇਖਕ ਡਾ. ਲਾਭ ਸਿੰਘ ਖੀਵਾ, ਡਾ.ਅਵਤਾਰ ਸਿੰਘ ਪਤੰਗ, ਪਰਮਜੀਤ ਮਾਨ, ਸਰੂਪ ਸਿਆਲਵੀ, ਪ੍ਰਿੰਸੀਪਲ ਸਤਨਾਮ ਸਿੰਘ ਸ਼ੋਕਰ, ਇੰਦਰਜੀਤ ਪ੍ਰੇਮੀ, ਹਰਪ੍ਰੀਤ ਸਿੰਘ ਚੰਨੂ, ਹਰਬੰਸ ਸੋਢੀ, ਸੁਰਜੀਤ ਸੁਮਨ, ਜਸਵਿੰਦਰ ਸਿੰਘ ਕਾਈਨੌਰ, ਕੇਸਰ ਸਿੰਘ ਇੰਸਪੈਕਟਰ ਅਤੇ ਜੇ ਐੱਸ ਮਹਿਰਾ ਆਦਿ ਹਾਜ਼ਰ ਸਨ।

## ਭਾਜਪਾ ਦੀ ਟਿਕਟ ਲਈ ਲੋਕਲ ਬਨਾਮ ਬਾਹਰਲੇ ਦਾ ਮੁੱਦਾ ਭਖਿਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋਣ ਦੇ ਨਾਲ ਹੀ ਸ੍ਰੀ ਅਨੰਦਪੁਰ ਸਾਹਿਬ ਵਿਧਾਨ ਸਭਾ ਹਲਕੇ ਵਿੱਚ ਵੀ ਸਿਆਸੀ ਮਾਹੌਲ ਭਖਣਾ ਸ਼ੁਰੂ ਹੋ ਗਿਆ ਹੈ। ਭਾਰਤੀ ਜਨਤਾ ਪਾਰਟੀ ਵਿੱਚ ਟਿਕਟ ਦੇ ਚਾਹਵਾਨਾਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ। ਇਸ ਦੌਰਾਨ ਸਥਾਨਕ ਅਤੇ ਬਾਹਰਲੇ



ਉਮੀਦਵਾਰ ਦਾ ਮੁੱਦਾ ਆਉਣ ਵਾਲੇ ਦਿਨਾਂ ਵਿੱਚ ਚੋਣ ਮੁਹਿੰਮ ਦਾ ਅਹਿਮ ਮਸਲਾ ਬਣਦਾ ਨਜ਼ਰ ਆ ਰਿਹਾ ਹੈ। ਇਸੇ ਮੁੱਦੇ ਨੂੰ ਲੈ ਕੇ ਭਾਜਪਾ ਆਗੂ ਕੁਲਵੰਤ ਸਿੰਘ ਬਾਠ ਅਤੇ ਸੇਵਾ-ਮੁਕਤ ਡੀ.ਆਈ.ਜੀ. ਦਲਜੀਤ ਸਿੰਘ ਰਾਣਾ ਵਿਚਕਾਰ ਮੁਲਾਕਾਤ ਹੋਈ। ਇਸ ਮੌਕੇ ਅਮਰਜੀਤ ਸਿੰਘ ਵਾਲੀਆ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਹਾਜ਼ਰ ਸਨ। ਮੀਟਿੰਗ ਦੌਰਾਨ ਆਗੂਆਂ ਨੇ ਸਪੱਸ਼ਟ ਕੀਤਾ ਕਿ ਭਾਜਪਾ ਨੂੰ ਸ੍ਰੀ ਅਨੰਦਪੁਰ ਸਾਹਿਬ ਹਲਕੇ ਤੋਂ ਸਥਾਨਕ ਉਮੀਦਵਾਰ ਨੂੰ ਹੀ ਟਿਕਟ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਥਾਨਕ ਆਗੂਆਂ ਵਿੱਚੋਂ ਪਾਰਟੀ ਜਿਸ ਨੂੰ ਵੀ ਉਮੀਦਵਾਰ ਬਣਾਏਗੀ, ਸਾਰੇ ਉਸ ਦੀ ਹਮਾਇਤ ਕਰਨਗੇ। ਆਗੂਆਂ ਨੇ ਨਾਲ ਹੀ ਚਿਤਾਵਨੀ ਦਿੱਤੀ ਕਿ ਜੇਕਰ ਭਾਜਪਾ ਵੱਲੋਂ ਕਿਸੇ ਬਾਹਰਲੇ ਉਮੀਦਵਾਰ ਨੂੰ ਟਿਕਟ ਦਿੱਤੀ ਜਾਂਦੀ ਹੈ ਤਾਂ ਇਸ ਲਈ ਪਾਰਟੀ ਖੁਦ ਜ਼ਿੰਮੇਵਾਰ ਹੋਵੇਗੀ। ਇਸ ਮੌਕੇ ਕੁਲਵੰਤ ਸਿੰਘ ਬਾਠ ਨੇ ਦਲਜੀਤ ਸਿੰਘ ਰਾਣਾ ਨੂੰ ਭਾਜਪਾ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਯਤਨ ਕੀਤੇ ਜਾਣੇ ਚਾਹੀਦੇ ਹਨ। ਇਸ ਦੌਰਾਨ ਦਲਜੀਤ ਸਿੰਘ ਰਾਣਾ ਨੇ ਸਪੱਸ਼ਟ ਕਿਹਾ ਕਿ ਉਹ ਭਾਜਪਾ ਦੀ ਟਿਕਟ 'ਤੇ ਹੀ ਚੋਣ ਲੜਨਗੇ। ਉਨ੍ਹਾਂ ਕਿਹਾ ਕਿ ਸਾਰੇ ਸਥਾਨਕ ਆਗੂ ਇਸ ਮਾਮਲੇ ਵਿੱਚ ਇੱਕਮਤ ਹਨ ਅਤੇ ਉਨ੍ਹਾਂ ਦਾ ਟੀਚਾ ਸੀਟ ਜਿੱਤ ਕੇ ਭਾਜਪਾ ਦੀ ਝੋਲੀ ਵਿੱਚ ਪਾਉਣਾ ਹੈ।

## ਖ਼ੂਨਦਾਨ ਕੈਂਪ ਲਗਾਇਆ



**ਸੁਲਤਾਨਪੁਰ ਲੋਧੀ (ਨਰਿੰਦਰ ਸੋਨੀਆ/ ਪ੍ਰਦੀਪ ਸਿੰਘ)**- ਭਾਈ ਲਾਲੋ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਭਾਈ ਘਨਈਆ ਜੀ ਮਿਸ਼ਨ ਸੇਵਾ ਸੋਸਾਇਟੀ ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ ਮਹਾਨ ਖ਼ੂਨਦਾਨ ਕੈਂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਬਲਵਿੰਦਰ ਸਿੰਘ ਨੰਬਰਦਾਰ ਦੇ ਸਹਿਯੋਗ ਨਾਲ ਗੁਰਦੁਆਰਾ ਭਾਈ ਲਾਲੋ ਜੀ ਦੇ ਸਥਾਨ ਤੇ ਡੱਲੇ ਵਿਖੇ ਲਗਾਇਆ ਗਿਆ। ਇਸ ਮੌਕੇ ਤੇ ਮਹਾਨ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਦਿਆਂ ਮੈਨੇਜਰ ਕੁਲਵਿੰਦਰ ਸਿੰਘ ਨੇ ਕਿਹਾ ਖ਼ੂਨਦਾਨ ਮਹਾ-ਦਾਨ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਖ਼ੂਨਦਾਨ ਹੈ ਕਿਉਂਕਿ ਜਦੋਂ ਕਿਸੇ ਮਰੀਜ਼ ਨੂੰ ਖ਼ੂਨ ਦੀ ਲੋੜ ਪੈਂਦੀ ਹੈ ਉਸ ਵਕਤ ਇਸ ਦੀ ਅਹਿਮੀਅਤ ਪਤਾ ਲਗਦਾ ਹੈ ਇਕ ਇਨਸਾਨ ਹੀ ਦੂਸਰੇ ਇਨਸਾਨ ਦੀ ਜ਼ਿੰਦਗੀ ਨੂੰ ਬਚਾ ਸਕਦਾ ਹੈ ਹਰ ਤੰਦਰੁਸਤ ਇੰਨਸਾਨ ਨੂੰ ਤਿੰਨ ਮਹੀਨੇ ਬਾਅਦ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ। ਇਸ ਮੌਕੇ ਤੇ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਸਿੰਘ ਨੇ ਮੈਨੇਜਰ ਕੁਲਵਿੰਦਰ ਸਿੰਘ, ਗਿਆਨੀ ਹਰਜਿੰਦਰ ਸਿੰਘ ਚੰਡੀਗੜ੍ਹ, ਨੰਬਰਦਾਰ ਸੁਰਿੰਦਰਪਾਲ ਸਿੰਘ ਸੋਢੀ, ਨੰਬਰਦਾਰ ਬਲਵਿੰਦਰ ਸਿੰਘ ਤੇ ਖ਼ੂਨਦਾਨ ਕਰਨ ਵਾਲੇ ਦਾਨੀਆਂ ਨੂੰ ਸਰਟੀਫਿਕੇਟ ਤੇ ਸਨਮਾਨ ਸਿੰਘ ਭੇਟ ਕਰਕੇ ਸਨਮਾਨਤ ਕੀਤਾ। ਇਸ ਮੌਕੇ ਤੇ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਸਿੰਘ ਨਿਮਾਣਾ ਨੇ ਭਾਈ ਘਨਈਆ ਜੀ ਮਿਸ਼ਨ ਵੱਲੋਂ ਇਕੱਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿੱਚ ਲੈ ਕੇ ਦਿੱਤਾ ਜਾਵੇਗਾ। ਇਸ ਮੌਕੇ ਤੇ ਬਲਦੇਵ ਸਿੰਘ ਭੁੱਲਰ, ਜਸਪਾਲ ਸਿੰਘ ਗਿੱਲ, ਹਰਬੰਸ ਸਿੰਘ ਫੌਜੀ ਪ੍ਰਦੀਪ ਸਿੰਘ ਅਟਵਾਲ ਆਦਿ ਹਾਜ਼ਰ ਸਨ।

## ਖੇਡਾਂ ਵਤਨ ਪੰਜਾਬ ਦੀਆਂ 'ਚ ਢਾਹਾਂ ਕਲੇਰਾਂ ਦੇ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਬੰਗਾ (ਅਵਤਾਰ ਕਲੇਰ)**- ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਸੂਬੇ ਭਰ ਵਿੱਚ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਦੱਸਿਆ ਕਿ ਇਹਨਾਂ ਮੁਕਾਬਲਿਆਂ ਵਿੱਚ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ ਕੁਸ਼ਤੀ ਅਤੇ ਐਥਲੈਟਿਕਸ ਵਿੱਚ ਕੁੱਲ 9 ਮੈਡਲ (5 ਗੋਲਡ , 2 ਸਿਲਵਰ , 2 ਕਾਂਸੀ) ਜਿੱਤ ਕੇ ਆਪਣਾ, ਆਪਣੇ ਮਾਪਿਆਂ ਦਾ, ਸਕੂਲ ਅਤੇ ਜ਼ਿਲ੍ਹੇ ਦਾ ਮਾਣ ਵਧਾਇਆ ਹੈ।ਸਕੂਲ ਦੀਆਂ ਪਹਿਲਵਾਨ ਲੜਕੀਆਂ ਨੇ ਕੁਸ਼ਤੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਿਹਨਾਂ ਵਿਚ ਸਰਗੁਣ ਕੌਰ ਪੁੱਤਰੀ ਬਲਜੀਤ ਸਿੰਘ ਪਿੰਡ ਢਾਹਾਂ ਨੇ ਅੰਡਰ 17 ਸਾਲ 54 ਕਿਲੋਗ੍ਰਾਮ ਵਜ਼ਨ ਵਰਗ ਵਿੱਚ ਸ਼ਾਨਦਾਰ ਦਾਅ-ਪੇਚ ਦਿਖਾਉਂਦਿਆਂ ਵਿਰੋਧੀਆਂ ਨੂੰ ਚਿੱਤ ਕਰਕੇ ਗੋਲਡ ਮੈਡਲ ਆਪਣੇ ਨਾਮ ਕੀਤਾ। ਜਦ ਕਿ ਨਿਧੀ ਲੀਨ ਪੁੱਤਰੀ ਰਾਕੇਸ਼ ਕੁਮਾਰ ਪਿੰਡ ਮਜਾਰੀ ਨੇ ਅੰਡਰ 17 ਸਾਲ 49 ਕਿਲੋਗ੍ਰਾਮ ਵਜ਼ਨ ਵਰਗ ਵਿੱਚ ਫਾਈਨਲ ਵਿੱਚ ਇੱਕ ਤਰਫਾ ਜਿੱਤ ਦਰਜ ਕਰਕੇ ਗੋਲਡ ਮੈਡਲ



ਜਿੱਤਿਆ । ਹਰਮਨਪ੍ਰੀਤ ਕੌਰ ਪੁੱਤਰੀ ਲਖਵਿੰਦਰ ਸਿੰਘ ਪਿੰਡ ਜੱਸੋ ਮਜਾਰਾ ਨੇ ਅੰਡਰ 14 ਸਾਲ 39 ਕਿਲੋਗ੍ਰਾਮ ਵਜ਼ਨ ਵਰਗ ਵਿੱਚ ਆਪਣੀ ਤਾਕਤ ਅਤੇ ਤਕਨੀਕ ਦਾ ਸ਼ਾਨਦਾਰ ਨਮੂਨਾ ਪੇਸ਼ ਕਰਦਿਆਂ ਗੋਲਡ ਮੈਡਲ 'ਤੇ ਕਬਜ਼ਾ ਕੀਤਾ।ਪ੍ਰੀਤਪਾਲ ਕੌਰ ਪੁੱਤਰੀ ਮੱਖਣ ਸਿੰਘ ਪਿੰਡ ਹੱਪੋਵਾਲ ਨੇ ਅੰਡਰ 14 ਸਾਲ, 54 ਕਿਲੋਗ੍ਰਾਮ ਵਜ਼ਨ ਵਰਗ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਗੋਲਡ ਮੈਡਲ ਦੀ ਸੂਚੀ ਵਿੱਚ ਆਪਣਾ ਨਾਂਅ ਦਰਜ ਕਰਵਾਇਆ।ਅੰਡਰ 14 ਸਾਲ ਵਿਚ ਸਰੂਪ ਸੈਣੀ ਪੁੱਤਰੀ ਰੁਪਿੰਦਰ ਪਾਲ ਪਿੰਡ ਕਲੇਰਾਂ 39 ਕਿਲੋਗ੍ਰਾਮ ਵਜ਼ਨ ਵਰਗ ਵਿੱਚ ਅਤੇ ਸੁਖਮਨਪ੍ਰੀਤ ਕੌਰ ਪੁੱਤਰੀ ਮੱਖਣ ਸਿੰਘ ਪਿੰਡ ਹੱਪੋਵਾਲ ਨੇ 30 ਕਿਲੋਗ੍ਰਾਮ ਵਜ਼ਨ ਵਰਗ ਵਿੱਚ ਸਖ਼ਤ ਮੁਕਾਬਲੇ ਤੋਂ ਬਾਅਦ ਸਿਲਵਰ ਮੈਡਲ ਜਿੱਤੇ । ਸਕਸ਼ ਲੀਨ ਪੁੱਤਰ ਰਾਕੇਸ਼ ਕੁਮਾਰ ਮਜਾਰੀ ਨੇ ਅੰਡਰ 14 ਸਾਲ 48 ਕਿਲੋਗ੍ਰਾਮ ਵਜ਼ਨ ਵਰਗ ਵਿੱਚ ਹੋਏ ਸਖਤ ਮੁਕਾਬਲੇ ਵਿੱਚ ਜਿੱਤ ਹਾਸਲ ਕਰਕੇ ਕਾਂਸੀ ਦਾ ਮੈਡਲ ਜਿੱਤਿਆ ।ਢਾਹਾਂ ਨੇ ਦੱਸਿਆ ਕਿ ਐਥਲੈਟਿਕਸ ਵਿੱਚ ਵੀ ਸਕੂਲ ਦੇ ਖਿਡਾਰੀਆਂ ਨੇ ਅੰਡਰ-17 ਵਰਗ ਵਿੱਚ ਇਸ਼ਮੀਤ ਸਿੰਘ ਪੁੱਤਰ ਹਰਕਰਨਵੀਰ ਸਿੰਘ ਪਿੰਡ ਕੰਗਰੋੜ ਨੇ ਹਾਈ ਜੰਪ ਵਿੱਚ ਸਾਰਿਆਂ ਨੂੰ ਪਛਾੜਦਿਆਂ ਗੋਲਡ ਮੈਡਲ ਜਿੱਤਿਆ।ਸਹਿਜਮਨ ਸਿੰਘ ਮੱਟੂ ਪੁੱਤਰ ਕਮਲਜੀਤ ਸਿੰਘ ਮੱਟੂ ਪਿੰਡ ਝੰਡੇਰ ਕਲਾਂ ਨੇ 100 ਮੀਟਰ ਦੌੜ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਮੈਡਲ ਆਪਣੇ ਨਾਂਅ ਕੀਤਾ ।